ਮੰਗਲਵਾਰ, 17 ਅਕਤੂਬਰ, 2023

1 ਕੱਤਕ { ਨਾਨਕਸ਼ਾਹੀ 555 / ਬਿਕਰਮੀ 2080

ਜਿਲਦ/VOL. : 72

ਅੰਕ/NO. : 137

# ਨਵਾਂ ਜ਼ਮਾਨਾ

DAILY NAWAN ZAMANA • TUESDAY, 17 OCTOBER, 2023

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12


# ਕਦੇ ਚੀਕਦੇ, ਕਦੇ ਰੋਂਦੇ ਭਰੂਣ ਦੀਆਂ ਧੜਕਣਾਂ ਬੰਦ ਨਹੀਂ ਕਰ ਸਕਦੇ : ਸੁਪਰੀਮ ਕੋਰਟ

## ਸਿਹਤਮੰਦ ਭਰੂਣ ਵਾਲੀ ਮਹਿਲਾ ਨੂੰ ਗਰਭਪਾਤ ਦੀ ਆਗਿਆ ਦੇਣ ਤੋਂ ਨਾਂਹ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਵਿਆਹੁਤਾ ਦੋ ਬੱਚਿਆਂ ਦੀ ਮਾਂ ਨੂੰ 26 ਹਫਤਿਆਂ ਦੇ ਗਰਭਪਾਤ ਦੀ ਇਜਾਜ਼ਤ ਦੇਣ ਤੋਂ ਸੋਮਵਾਰ ਇਨਕਾਰ ਕਰਦਿਆਂ ਕਿਹਾ ਕਿ ਏਮਜ਼ ਦੇ ਮੈਡੀਕਲ ਬੋਰਡ ਦੀ ਰਿਪੋਰਟ ਮੁਤਾਬਕ ਭਰੂਣ 'ਚ ਕੋਈ ਵਿਗਾੜ ਨਹੀਂ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਨੇ ਕਿਹਾ ਕਿ ਗਰਭ ਮੈਡੀਕਲੀ ਗਰਭਪਾਤ ਦੀ ਆਗਿਆ ਦੇਣ ਦੇ ਉਪਰਲੀ ਹੱਦ 24 ਹਫਤਿਆਂ ਤੋਂ ਟੱਪ ਚੁੱਕਾ ਹੈ, ਇਸ ਲਈ ਮੈਡੀਕਲ ਗਰਭਪਾਤ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਔਰਤ ਦੀ ਗਰਭ ਅਵਸਥਾ 26 ਹਫਤੇ ਅਤੇ ਪੰਜ ਦਿਨ ਦੀ ਹੋ ਚੁੱਕੀ ਹੈ। ਇਸ ਮਾਮਲੇ 'ਚ ਔਰਤ ਨੂੰ ਤੁਰੰਤ ਕੋਈ ਖਤਰਾ ਨਹੀਂ ਅਤੇ ਇਹ ਭਰੂਣ ਦੇ ਵਿਗਾੜ ਦਾ ਮਾਮਲਾ ਨਹੀਂ ਹੈ।



ਬੈਂਚ, ਜਿਸ ਵਿਚ ਜਸਟਿਸ ਹਿਮਾ ਕੋਹਲੀ ਤੇ ਜਸਟਿਸ ਬੀ ਵੀ ਨਾਗਰਤਨਾ ਵੀ ਸ਼ਾਮਲ ਸਨ, ਨੇ ਇਹ ਮਾਮਲਾ ਪਹਿਲਾਂ ਜੱਜਾਂ ਦੇ ਦੋ ਮੈਂਬਰੀ ਬੈਂਚ ਦੇ 9 ਅਕਤੂਬਰ ਨੂੰ ਵੰਡੇ ਜਾਣ ਤੋਂ ਬਾਅਦ ਸੁਣਿਆ। ਦੋ ਮੈਂਬਰੀ ਬੈਂਚ ਵਿੱਚੋਂ ਇਕ ਜੱਜ ਗਰਭਪਾਤ ਦੇ ਹੱਕ ਵਿਚ ਸੀ ਤੇ ਦੂਜੀ ਖਿਲਾਫ। ਜਸਟਿਸ ਹਿਮਾ ਕੋਹਲੀ ਨੇ ਕਿਹਾ ਕਿ ਅਜਿਹੀ ਕਿਹੜੀ ਅਦਾਲਤ ਹੋਵੇਗੀ, ਜੋ ਕਹੇਗੀ ਕਿ ਭਰੂਣ ਦੇ ਦਿਲ ਦੀਆਂ ਧੜਕਣਾਂ ਨੂੰ ਰੋਕਿਆ ਜਾਵੇ। ਅਸੀਂ ਗਰਭਪਾਤ ਦੀ ਆਗਿਆ ਨਹੀਂ ਦੇ ਸਕਦੇ। ਚੀਫ ਜਸਟਿਸ ਵਾਲੀ ਬੈਂਚ ਨੇ ਕਿਹਾ ਕਿ ਏਮਜ਼ ਮਹਿਲਾ ਦੀ ਡਿਲਿਵਰੀ ਕਰੇ ਅਤੇ ਸਰਕਾਰ ਉਸ ਦਾ ਖਰਚ ਉਠਾਏ। ਬੱਚੇ ਦੇ ਜਨਮ ਤੋਂ ਬਾਅਦ ਮਾਂ-ਬਾਪ ਫੈਸਲਾ ਕਰ ਲੈਣ ਕਿ ਉਸ ਨੂੰ ਪਾਲਣਾ ਹੈ ਜਾਂ ਕਿਸੇ ਨੂੰ ਦੇਣਾ ਹੈ। ਇਸ ਵਿਚ ਸਰਕਾਰ ਉਨ੍ਹਾਂ ਦੀ ਮਦਦ ਕਰੇ। ਮੈਡੀਕਲ ਰਿਪੋਰਟ ਮੁਤਾਬਕ ਬੱਚਾ ਕਦੇ ਚੀਕਦਾ ਤੇ ਕਦੇ ਰੋਂਦਾ ਹੈ। ਮਾਂ ਡਿਪਰੈਸ਼ਨ ਕਾਰਨ ਜਿਹੜੀਆਂ ਦਵਾਈਆਂ ਦੀ ਵਰਤੋਂ ਕਰ ਰਹੀ ਹੈ, ਉਸ ਨਾਲ ਬੱਚੇ ਨੂੰ ਕੋਈ ਨੁਕਸਾਨ ਨਹੀਂ ਹੋਇਆ। ਮਹਿਲਾ ਨੇ ਕਿਹਾ ਸੀ ਕਿ ਉਹ ਲੈਕਟੇਸ਼ਨਲ ਐਮੇਨੋਰੀਆ ਨਾਮੀ ਬਿਮਾਰੀ ਨਾਲ ਜੂਝ ਰਹੀ ਹੈ ਤੇ ਉਸ ਦੀ ਮਾਲੀ ਹਾਲਤ ਵੀ ਠੀਕ ਨਹੀਂ। ਉਹ ਤੀਜੇ ਬੱਚੇ ਨੂੰ ਪਾਲਣ ਦੇ ਕਾਬਲ ਨਹੀਂ, ਇਸ ਲਈ ਗਰਭਪਾਤ ਦੀ ਆਗਿਆ ਦਿੱਤੀ ਜਾਵੇ।

ਮਹਿਲਾ ਦੇ ਵਕੀਲ ਕੌਲਿਨ ਗੋਂਨਸਾਲਵਿਸ ਨੇ ਦਲੀਲ ਦਿੱਤੀ ਸੀ ਕਿ ਇਹ ਗਰਭ ਬਿਨਾਂ ਯੋਜਨਾ ਦੇ ਠਹਿਰਿਆ। ਮਹਿਲਾ ਨੂੰ ਨਹੀਂ ਲੱਗਦਾ ਕਿ ਉਹ ਅਗਲੇ ਤਿੰਨ ਮਹੀਨਿਆਂ ਤੱਕ ਇਸ ਨੂੰ ਜਾਰੀ ਰੱਖ ਸਕਦੀ ਹੈ। ਗਰਭਪਾਤ ਦੀ ਆਗਿਆ ਨਾ ਦੇਣਾ ਉਸ ਦੇ ਅਧਿਕਾਰਾਂ ਦੀ ਉਲੰਘਣਾ ਹੋਵੇਗੀ। ਉਸ ਨੇ ਜਿੰਦਲ ਗਲੋਬਲ ਲਾਅ ਸਕੂਲ ਦੀ ਇਹ ਦਲੀਲ ਦਿੱਤੀ ਕਿ ਕੌਮਾਂਤਰੀ ਕਾਨੂੰਨ ਵਿਚ ਅਣਜਨਮੇ ਬੱਚੇ ਦਾ ਕੋਈ ਅਧਿਕਾਰ ਨਹੀਂ ਹੁੰਦਾ। ਮਹਿਲਾ ਦਾ ਅਧਿਕਾਰ ਹੀ ਸਭ ਤੋਂ ਉੱਪਰ ਹੈ। ਨਿਸਚਿਤ ਮਿਆਦ ਤੋਂ ਬਾਅਦ ਗਰਭਪਾਤ ਵਿਚ ਭਰੂਣ ਦੀ ਧੜਕਣ ਰੋਕਣੀ ਪੈਂਦੀ ਹੈ। ਅਜਿਹੇ ਹਜ਼ਾਰਾਂ ਕੇਸ ਹੁੰਦੇ ਹਨ। ਭਰੂਣ ਦੀ ਧੜਕਣ ਰੋਕਣ ਦਾ ਕਾਨੂੰਨ ਭਾਰਤ ਸਰਕਾਰ ਦੀ ਨੀਤੀ ਵਿਚ ਹੈ। ਇਸ ਲਈ ਇਸ ਨੂੰ ਹੈਰਾਨ ਕਰਨ ਵਾਲੀ ਜਾਂ ਨਵੀਂ ਘਟਨਾ ਕਹਿਣਾ ਸਹੀ ਨਹੀਂ ਹੈ। ਚੀਫ ਜਸਟਿਸ ਨੇ ਕਿਹਾ—ਤੁਸੀਂ ਕੌਮਾਂਤਰੀ ਕਾਨੂੰਨ ਦੀ ਗੱਲ ਕਰਦੇ ਹੋ ਤਾਂ ਤੁਹਾਨੂੰ ਪਤਾ ਹੋਣਾ ਚਾਹੀਦਾ ਹੈ ਕਿ ਅਮਰੀਕਾ ਵਿਚ ਰੋਅ ਬਨਾਮ ਵੈਡ ਕੇਸ ਵਿਚ ਕੀ ਹੋਇਆ ਹੈ। ਭਾਰਤੀ ਕਾਨੂੰਨ ਪਛੜਿਆ ਨਹੀਂ ਹੈ। ਸਾਨੂੰ ਇਹ ਵੀ ਦੇਖਣਾ ਚਾਹੀਦਾ ਹੈ ਕਿ ਆਪਣੇ ਦੇਸ਼ ਦੀ ਬੁਰਾਈ ਕਰਨਾ ਆਸਾਨ ਹੁੰਦਾ ਹੈ। ਸਾਨੂੰ ਇਹ ਧਿਆਨ ਰੱਖਣਾ ਚਾਹੀਦਾ ਹੈ ਕਿ ਕਈ ਵੱਖ-ਵੱਖ ਅੰਗ ਹਨ। ਵਿਧਾਨ ਮੰਡਲ ਨੂੰ ਅਧਿਕਾਰ ਹੈ ਕਿ ਅਜਿਹੇ ਮਾਮਲਿਆਂ ਵਿਚ ਕਾਨੂੰਨ ਬਣਾਏ।

ਗੋਂਨਸਾਲਵਿਸ ਨੇ ਕਿਹਾ ਕਿ ਵਿਸ਼ਵ ਸਿਹਤ ਸੰਗਠਨ ਨੇ ਕਿਹਾ ਹੈ ਕਿ ਗਰਭਪਾਤ ਲਈ 24 ਹਫਤਿਆਂ ਦੀ ਦਿਸ਼ਾ-ਸੇਧ ਹੁਣ ਪੁਰਾਣੀ ਹੋ ਗਈ ਹੈ। ਚੀਫ ਜਸਟਿਸ ਨੇ ਕਿਹਾ—ਮੈਨੂੰ ਨਹੀਂ ਲੱਗਦਾ ਕਿ ਕਾਨੂੰਨ ਕਹਿੰਦਾ ਹੈ ਕਿ ਵਿਸ਼ਵ ਸਿਹਤ ਸੰਗਠਨ ਦੇ ਬਿਆਨ ਦੇ ਆਧਾਰ 'ਤੇ ਅਸੀਂ ਆਪਣੇ ਕਾਨੂੰਨ ਵਿਚ ਤਬਦੀਲੀ ਕਰ ਸਕਦੇ ਹਾਂ।

ਰੋਅ ਬਨਾਮ ਵੈਡ ਕੇਸ ਵਿਚ ਅਮਰੀਕੀ ਸੁਪਰੀਮ ਕੋਰਟ ਨੇ 1973 ਵਿਚ ਫੈਸਲਾ ਸੁਣਾਇਆ ਸੀ। ਇਸ ਵਿਚ ਨੌਰਮਾ ਮੈਕਾਰਵੀ ਨਾਂਅ ਦੀ ਮਹਿਲਾ ਨੂੰ ਆਪਣੇ ਤੀਜੇ ਗਰਭ ਨੂੰ ਖਤਮ ਕਰਨ ਦਾ ਅਧਿਕਾਰ ਦਿੱਤਾ ਗਿਆ ਸੀ। ਕਾਨੂੰਨੀ ਕਾਰਵਾਈ ਵਿਚ ਮਹਿਲਾ ਨੂੰ ਜੈਨ ਰੋਅ ਨਾਂਅ ਦਿੱਤਾ ਗਿਆ ਸੀ। ਮਹਿਲਾ ਟੈਕਸਾਸ ਦੀ ਰਹਿਣ ਵਾਲੀ ਸੀ, ਜਿਥੇ ਗਰਭਪਾਤ ਕਾਨੂੰਨੀ ਅਪਰਾਧ ਸੀ। ਮਹਿਲਾ ਨੇ ਇਸ ਕਾਨੂੰਨ ਨੂੰ ਅਸੰਵਿਧਾਨਕ ਦੱਸਦਿਆਂ ਟੈਕਸਾਸ ਦੇ ਜ਼ਿਲ੍ਹਾ ਅਟਾਰਨੀ ਹੈਨਰੀ ਵੈਡ ਖਿਲਾਫ ਕੇਸ ਦਰਜ ਕਰਾਇਆ ਸੀ। ਇਸ ਲਈ ਇਸ ਕੇਸ ਨੂੰ ਰੋਅ ਬਨਾਮ ਵੈਡ ਨਾਂਅ ਨਾਲ ਜਾਣਿਆ ਜਾਂਦਾ ਹੈ। ਸੁਪਰੀਮ ਕੋਰਟ ਦੀ ਬੈਂਚ ਨੇ 7-2 ਦੇ ਫਰਕ ਨਾਲ ਮਹਿਲਾ ਦੇ ਹੱਕ ਵਿਚ ਫੈਸਲਾ ਦਿੱਤਾ ਸੀ। ਹਾਲਾਂਕਿ ਬੈਂਚ ਨੇ ਇਹ ਵੀ ਕਿਹਾ ਸੀ ਕਿ ਗਰਭਪਾਤ ਦਾ ਅਧਿਕਾਰ ਹਰ ਸਮੇਂ ਨਹੀਂ ਦਿੱਤਾ ਜਾ ਸਕਦਾ। ਮਹਿਲਾ ਦੀ ਸਿਹਤ ਤੇ ਅਣਜਨਮੇ ਬੱਚੇ ਨੂੰ ਬਚਾਉਣ ਦੀਆਂ ਸਰਕਾਰ ਦੀਆਂ ਕੋਸ਼ਿਸ਼ਾਂ ਵਿਚਾਲੇ ਸੰਤੁਲਨ ਬਣਾਏ ਰੱਖਣਾ ਜ਼ਰੂਰੀ ਹੈ। ਇਸ ਵਿਚ ਕਿਹਾ ਗਿਆ ਕਿ ਅਮਰੀਕਾ ਵਿਚ ਗਰਭਪਾਤ ਸੰਬੰਧੀ ਨਿਯਮ ਪ੍ਰੈਗਨੈਂਸੀ ਟ੍ਰਾਈਮੈਸਟਰ ਟਾਈਮ ਟੇਬਲ ਦੇ ਆਧਾਰ 'ਤੇ ਤੈਅ ਕੀਤੇ ਜਾਣਗੇ। ਕੋਰਟ ਨੇ ਗਰਭਪਾਤ ਦੇ ਅਧਿਕਾਰ ਨੂੰ ਮੌਲਿਕ ਅਧਿਕਾਰਾਂ ਵਿਚ ਸ਼ਾਮਲ ਕੀਤਾ। ਇਸ ਵਿਚ ਆਦੇਸ਼ ਦਿੱਤਾ ਗਿਆ ਕਿ ਸਾਰੀਆਂ ਅਦਾਲਤਾਂ ਕਾਨੂੰਨਾਂ ਦਾ ਜਾਇਜ਼ਾ ਸਖਤ ਪੜਤਾਲ ਤਹਿਤ ਕਰਨਗੀਆਂ।

# ਨਿਠਾਰੀ ਕਾਂਡ ਵਾਲੇ ਪੰਧੇਰ ਤੇ ਕੋਲੀ ਬਰੀ

**ਇਲਾਹਾਬਾਦ :** ਨੋਇਡਾ ਦੇ ਬਹੁ-ਚਰਚਿਤ ਨਿਠਾਰੀ ਕਾਂਡ ਵਿਚ ਇਲਾਹਾਬਾਦ ਹਾਈ ਕੋਰਟ ਨੇ ਸੋਮਵਾਰ ਮੋਨਿੰਦਰ ਸਿੰਘ ਪੰਧੇਰ ਤੇ ਸੁਰਿੰਦਰ ਕੋਲੀ ਨੂੰ ਬਰੀ ਕਰ ਦਿੱਤਾ। ਪੰਧੇਰ ਦੀ ਵਕੀਲ ਮਨੀਸ਼ਾ ਭੰਡਾਰੀ ਨੇ ਦੱਸਿਆ— ਹੁਣ ਪੰਧੇਰ ਖਿਲਾਫ ਕੋਈ ਮੁਕੱਦਮਾ ਨਹੀਂ ਬਚਿਆ। ਛੇ ਵਿੱਚੋਂ ਇਕ ਨੂੰ ਹਾਈ ਕੋਰਟ ਨੇ 2010 ਵਿਚ ਰੱਦ ਕਰ ਦਿੱਤਾ ਸੀ। ਤਿੰਨ ਵਿਚ ਸੈਸ਼ਨ ਨੇ ਬਰੀ ਕਰ ਦਿੱਤਾ ਸੀ ਤੇ ਦੋ ਵਿਚ ਫਾਂਸੀ ਦੀ ਸਜ਼ਾ ਦਿੱਤੀ ਸੀ, ਜਿਹੜੀ ਹਾਈ ਕੋਰਟ ਨੇ ਰੱਦ ਕਰ ਦਿੱਤੀ।

ਹਾਈ ਕੋਰਟ ਦੇ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਤੇ ਜਸਟਿਸ ਸਈਅਦ ਆਫਤਾਬ ਹੁਸੈਨ ਰਿਜ਼ਵੀ ਨੇ ਪਿਛਲੇ ਮਹੀਨੇ ਫੈਸਲਾ ਰਾਖਵਾਂ ਰੱਖ ਲਿਆ ਸੀ ਤੇ ਸੋਮਵਾਰ ਸੁਣਾਇਆ। ਬੈਂਚ ਨੇ ਕਿਹਾ ਕਿ ਇਸਤਗਾਸਾ ਕਾਇਲ ਕਰਨ ਵਾਲੇ ਸਬੂਤ ਨਹੀਂ ਪੇਸ਼ ਕਰ ਸਕਿਆ। ਕੋਲੀ ਖਿਲਾਫ ਇਕ ਮਾਮਲਾ ਰਹਿ ਗਿਆ ਹੈ, ਜਿਸ ਵਿਚ ਸੁਪਰੀਮ ਕੋਰਟ ਫਾਂਸੀ ਦੀ ਸਜ਼ਾ ਨੂੰ ਬਰਕਰਾਰ ਰੱਖ ਚੁੱਕੀ ਹੈ।

2005 ਤੇ 2006 ਵਿਚ ਬੱਚੀਆਂ, ਮੁਟਿਆਰਾਂ ਤੇ ਮਹਿਲਾਵਾਂ ਨਾਲ ਬਲਾਤਕਾਰ ਦੇ ਬਾਅਦ ਹੱਤਿਆ ਦੇ 19 ਮੁਕੱਦਮੇ ਦਰਜ ਕੀਤੇ ਗਏ ਸਨ। ਤਿੰਨ ਵਿਚ ਸਬੂਤਾਂ ਦੀ ਘਾਟ ਕਾਰਨ ਪੁਲਸ ਨੇ ਬੰਦ ਕਰਾ ਦਿੱਤੇ ਸਨ। 16 ਮੁਕੱਦਮਿਆਂ ਵਿਚ ਗਾਜ਼ੀਆਬਾਦ ਦੀ ਸੀ ਬੀ ਆਈ ਕੋਰਟ ਨੇ ਫੈਸਲਾ ਸੁਣਾਇਆ ਸੀ। ਕੋਲੀ ਨੂੰ 13 ਮਾਮਲਿਆਂ ਵਿਚ ਫਾਂਸੀ ਦੀ ਸਜ਼ਾ ਦਿੱਤੀ ਤੇ 3 ਵਿਚ ਬਰੀ ਕੀਤਾ। ਪੰਧੇਰ ਨੂੰ 2 ਵਿਚ ਫਾਂਸੀ ਦੀ ਸਜ਼ਾ ਦਿੱਤੀ, ਇਕ ਵਿਚ 7 ਸਾਲ ਦੀ ਸਜ਼ਾ ਸੁਣਾਈ ਤੇ 4 ਵਿਚ ਬਰੀ ਕੀਤਾ ਗਿਆ ਸੀ। ਫਾਂਸੀ ਦੀ ਸਜ਼ਾ ਖਿਲਾਫ ਕੋਲੀ ਤੇ ਪੰਧੇਰ ਨੇ ਹਾਈ ਕੋਰਟ ਵਿਚ ਅਪੀਲ ਦਾਇਰ ਕੀਤੀ ਸੀ।



ਸੀ ਬੀ ਆਈ ਨੇ 16 ਮਾਮਲਿਆਂ ਵਿਚ ਕੋਲੀ 'ਤੇ ਹੱਤਿਆ, ਅਗਵਾ ਤੇ ਬਲਾਤਕਾਰ ਤੋਂ ਇਲਾਵਾ ਸਬੂਤ ਨਸ਼ਟ ਕਰਨ ਦੇ ਦੋਸ਼ ਲਾਏ ਸਨ। ਇਕ ਮਾਮਲੇ ਵਿਚ ਪੰਧੇਰ 'ਤੇ ਅਨੈਤਿਕ ਤਸਕਰੀ ਦਾ ਦੋਸ਼ ਲਾਇਆ ਸੀ। ਪੀੜਤ ਪਰਵਾਰਾਂ ਦੇ ਸੰਪਰਕ ਕਰਨ 'ਤੇ ਗਾਜ਼ੀਆਬਾਦ ਕੋਰਟ ਨੇ ਪੰਧੇਰ ਨੂੰ ਪੰਜ ਹੋਰ ਮਾਮਲਿਆਂ ਵਿਚ ਤਲਬ ਕੀਤਾ ਸੀ। ਸੀ ਬੀ ਆਈ ਮੁਤਾਬਕ ਕੋਲੀ ਨੇ ਕੁੜੀਆਂ ਦੇ ਟੁਕੜੇ ਕਰਕੇ ਹੱਤਿਆ ਕੀਤੀ ਸੀ ਤੇ ਇਕ ਘਰ ਦੇ ਬਾਹਰ ਨਾਲੇ ਵਿਚ ਸੁੱਟ ਦਿੱਤਾ ਸੀ। ਨੋਇਡਾ ਦੇ ਸੈਕਟਰ 31 ਵਿਚ ਨਿਠਾਰੀ ਪਿੰਡ ਹੈ। ਇੱਥੇ ਡੀ-5 ਕੋਠੀ ਵਿਚ ਮੂਲ ਰੂਪ ਵਿਚ ਪੰਜਾਬ ਦਾ ਮੋਨਿੰਦਰ ਪੰਧੇਰ ਰਹਿੰਦਾ ਸੀ। ਉਸ ਨੇ 2000 ਵਿਚ ਕੋਠੀ ਖਰੀਦੀ ਸੀ। ਉਸ ਦਾ ਪਰਵਾਰ 2003 ਵਿਚ ਪਿੰਡ ਚਲੇ ਗਿਆ ਸੀ। ਇਕੱਲੇ ਰਹਿੰਦੇ ਮੋਨਿੰਦਰ ਨੇ ਅਲਮੋੜਾ (ਉੱਤਰਾਖੰਡ) ਦੇ ਸੁਰਿੰਦਰ ਕੋਲੀ ਨੂੰ ਨੌਕਰ ਰੱਖ ਲਿਆ। ਦੋਸ਼ ਲੱਗਾ ਕਿ ਮੋਨਿੰਦਰ ਕੋਠੀ ਵਿਚ ਕਾਲ ਗਰਲ ਸੱਦਦਾ ਸੀ। ਇਕ ਵਾਰ ਕੋਲੀ ਨੇ ਉਥੇ ਆਈ ਕਾਲ ਗਰਲ ਨਾਲ ਸਰੀਰਕ ਸੰਬੰਧ ਬਣਾਉਣ ਦੀ ਇੱਛਾ ਜਤਾਈ ਤਾਂ ਕਾਲ ਗਰਲ ਨੇ ਕੁਝ ਕਹਿ ਦਿੱਤਾ। ਕੋਲੀ ਨੂੰ ਬੁਰਾ ਲੱਗਾ। ਉਸ ਨੇ ਗਲ ਘੁੱਟ ਕੇ ਕਾਲ ਗਰਲ ਨੂੰ ਮਾਰ ਦਿੱਤਾ ਤੇ ਲਾਸ਼ ਨਾਲੇ ਵਿਚ ਸੁੱਟ ਦਿੱਤੀ। ਇਹ ਡੀ-5 ਕੋਠੀ ਵਿਚ ਪਹਿਲਾ ਕਤਲ ਸੀ। ਫਿਰ ਜਿਹੜੀ ਵੀ ਕੁੜੀ ਆਈ, ਉਹ ਜਿਊਂਦੀ ਨਹੀਂ ਮੁੜੀ। ਹੌਲੀ-ਹੌਲੀ ਇਲਾਕੇ ਵਿੱਚੋਂ ਕਈ ਬੱਚੀਆਂ ਲਾਪਤਾ ਹੋਣੀਆਂ ਸ਼ੁਰੂ ਹੋ ਗਈਆਂ। ਚਸ਼ਮਦੀਦਾਂ ਨੇ ਆਖਰੀ ਵਾਰ ਉਨ੍ਹਾਂ ਨੂੰ ਕੋਠੀ ਦੇ ਬਾਹਰ ਦੇਖਿਆ, ਪਰ ਠੋਸ ਸਬੂਤ ਨਾ ਮਿਲਣ ਕਾਰਨ ਪੁਲਸ ਮੋਨਿੰਦਰ ਤੇ ਕੋਲੀ ਨੂੰ ਹੱਥ ਨਹੀਂ ਪਾ ਸਕੀ। 25 ਸਾਲਾ ਆਨੰਦਾ ਦੇਵੀ ਪੰਧੇਰ ਘਰ ਨੌਕਰ ਬਣ ਕੇ ਆਈ ਸੀ, ਪਰ 31 ਅਕਤੂਬਰ 2006 ਨੂੰ ਲਾਪਤਾ ਹੋ ਗਈ। ਇਸ ਤੋਂ ਪਹਿਲਾਂ ਊਧਮ ਸਿੰਘ ਨਗਰ (ਉੱਤਰਾਖੰਡ) ਦੀ ਦੀਪਿਕਾ ਉਰਫ ਪਾਇਲ ਨੌਕਰੀ ਦੀ ਤਲਾਸ਼ ਵਿਚ 7 ਮਈ 2006 ਵਿਚ ਪੰਧੇਰ ਕੋਲ ਆਈ ਸੀ, ਪਰ ਵਾਪਸ ਨਹੀਂ ਪਰਤੀ। 24 ਅਗਸਤ 2006 ਨੂੰ ਨੋਇਡਾ ਪੁਲਸ ਨੇ ਅਗਵਾ ਦਾ ਕੇਸ ਦਰਜ ਕਰਕੇ ਜਾਂਚ ਸ਼ੁਰੂ ਕੀਤੀ ਤਾਂ ਦੀਪਿਕਾ ਦਾ ਮੋਬਾਇਲ ਕੋਲੀ ਮਿਲਿਆ। ਪੁੱਛਗਿੱਛ ਵਿਚ ਪੰਧੇਰ ਤੇ ਕੋਲੀ ਨੇ ਦੀਪਿਕਾ ਨਾਲ ਬਲਾਤਕਾਰ ਤੋਂ ਬਾਅਦ ਉਸ ਦੀ ਹੱਤਿਆ ਕਰਕੇ ਲਾਸ਼ ਕੋਠੀ ਦੇ ਬਾਹਰ ਨਾਲੇ ਵਿਚ ਸੁੱਟਣ ਦੀ ਗੱਲ ਮੰਨੀ। 29 ਤੇ 30 ਦਸੰਬਰ 2006 ਵਿਚ ਨੋਇਡਾ ਪੁਲਸ ਨੇ ਨਾਲੇ ਵਿੱਚੋਂ ਕੁੜੀਆਂ ਦੇ ਕਈ ਕੰਕਾਲ ਬਰਾਮਦ ਕੀਤੇ।

# ਮਨਪ੍ਰੀਤ ਦੀ ਪੇਸ਼ਗੀ ਜ਼ਮਾਨਤ

**ਚੰਡੀਗੜ੍ਹ :** ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਸਾਬਕਾ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਨੂੰ ਬਠਿੰਡਾ 'ਚ ਪਲਾਟ ਦੀ ਖਰੀਦ 'ਚ ਕਥਿਤ ਬੇਨਿਯਮੀਆਂ ਦੇ ਮਾਮਲੇ 'ਚ ਸੋਮਵਾਰ ਅੰਤਰਮ ਜ਼ਮਾਨਤ ਦੇ ਦਿੱਤੀ। ਬਠਿੰਡਾ ਦੀ ਅਦਾਲਤ ਵੱਲੋਂ 4 ਅਕਤੂਬਰ ਨੂੰ ਉਸ ਦੀ ਅਗਾਊਂ ਜ਼ਮਾਨਤ ਦੀ ਅਰਜ਼ੀ ਖਾਰਜ ਕੀਤੇ ਜਾਣ ਤੋਂ ਬਾਅਦ ਮਨਪ੍ਰੀਤ ਨੇ ਹਾਈ ਕੋਰਟ ਦਾ ਰੁਖ ਕੀਤਾ ਸੀ। ਉਸ ਦੇ ਵਕੀਲ ਨੇ ਕਿਹਾ ਕਿ ਜਸਟਿਸ ਵਿਕਾਸ ਬਹਿਲ ਦੀ ਬੈਂਚ ਨੇ ਅੰਤਰਮ ਜ਼ਮਾਨਤ ਦਿੱਤੀ ਹੈ। ਪੰਜਾਬ ਵਿਜੀਲੈਂਸ ਬਿਊਰੋ ਨੇ ਇਸ ਮਾਮਲੇ ਦੇ ਸੰਬੰਧ 'ਚ ਮਨਪ੍ਰੀਤ ਅਤੇ ਪੰਜ ਹੋਰਨਾਂ ਖਿਲਾਫ ਮਾਮਲਾ ਦਰਜ ਕੀਤਾ ਸੀ। ਇਸ ਤੋਂ ਪਹਿਲਾਂ ਬਠਿੰਡਾ ਦੀ ਅਦਾਲਤ ਵੱਲੋਂ ਮਨਪ੍ਰੀਤ ਖਿਲਾਫ ਗ੍ਰਿਫਤਾਰੀ ਵਾਰੰਟ ਜਾਰੀ ਕੀਤਾ ਗਿਆ ਸੀ। ਬਿਊਰੋ ਦੀਆਂ ਕਈ ਟੀਮਾਂ ਪੰਜਾਬ, ਹਰਿਆਣਾ, ਹਿਮਾਚਲ, ਉਤਰਾਖੰਡ ਅਤੇ ਰਾਜਸਥਾਨ ਵਿਚ ਉਨ੍ਹਾ ਨੂੰ ਲੱਭਦੀਆਂ ਰਹੀਆਂ ਸਨ।



# ਖੱਟਰ ਵੱਲੋਂ ਮਾਨ ਨੂੰ ਮਿਲ-ਬੈਠਣ ਦਾ ਸੱਦਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**

ਸਤਲੁਜ-ਯਮੁਨਾ ਲਿੰਕ (ਐੱਸ ਵਾਈ ਐੱਲ) ਨਹਿਰ ਸੰਬੰਧੀ ਸੁਪਰੀਮ ਕੋਰਟ ਵਲੋਂ ਪੰਜਾਬ 'ਚ ਸਰਵੇਖਣ ਕਰਨ ਬਾਰੇ ਦਿੱਤੇ ਆਦੇਸ਼ ਤੋਂ ਬਾਅਦ ਸੋਮਵਾਰ ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੱਤਰ ਭੇਜ ਕੇ ਇਸ ਮਾਮਲੇ 'ਤੇ ਗੱਲਬਾਤ ਕਰਨ ਦੀ ਇੱਛਾ ਪ੍ਰਗਟਾਈ ਹੈ। ਖੱਟਰ ਨੇ ਪੱਤਰ ਰਾਹੀਂ ਕਿਹਾ ਕਿ ਉਹ ਐੱਸ ਵਾਈ ਐੱਲ ਨਹਿਰ ਦੀ ਉਸਾਰੀ ਦੇ ਰਾਹ 'ਚ ਆਉਣ ਵਾਲੀ ਕਿਸੇ ਵੀ ਰੁਕਾਵਟ ਦਾ ਹੱਲ ਕੱਢਣ ਲਈ ਸ੍ਰੀ ਮਾਨ ਨੂੰ ਮਿਲਣ ਲਈ ਤਿਆਰ ਹਨ। ਉਨ੍ਹਾ ਕਿਹਾ ਕਿ ਸੁਪਰੀਮ ਕੋਰਟ ਨੇ ਐੱਸ ਵਾਈ ਐੱਲ ਬਾਰੇ 4 ਅਕਤੂਬਰ ਨੂੰ ਸਿਰਫ਼ ਸਰਵੇਖਣ ਦੇ ਆਦੇਸ਼ ਦਿੱਤੇ ਸਨ। ਉਸ 'ਚ ਪਾਣੀ ਦੀ ਵੰਡ ਸੰਬੰਧੀ ਕੁਝ ਨਹੀਂ ਕਿਹਾ ਗਿਆ। ਖੱਟਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ 4 ਅਕਤੂਬਰ ਨੂੰ ਸੁਪਰੀਮ ਕੋਰਟ ਦੇ ਫੈਸਲੇ ਤੋਂ ਇਕ ਦਿਨ ਪਹਿਲਾਂ 3 ਅਕਤੂਬਰ ਨੂੰ ਉਨ੍ਹਾ ਨੂੰ ਪੱਤਰ ਲਿਖਿਆ ਸੀ, ਜਿਸ 'ਚ ਇਸ ਮੁੱਦੇ ਨੂੰ ਲੈ ਕੇ ਦੋ-ਪੱਖੀ ਮੀਟਿੰਗ ਕਰਨ ਲਈ ਸਮਾਂ ਮੰਗਿਆ ਸੀ।



ਇਸ ਤੋਂ ਪਹਿਲਾਂ ਦੋਵਾਂ ਵਿਚਕਾਰ ਆਖਰੀ ਵਾਰ 14 ਅਕਤੂਬਰ 2022 ਨੂੰ ਮੀਟਿੰਗ ਹੋਈ ਸੀ। ਫਿਰ ਕੇਂਦਰੀ ਜਲ ਸ਼ਕਤੀ ਮੰਤਰੀ ਨੇ 4 ਜਨਵਰੀ 2023 ਨੂੰ ਦੂਜੇ ਦੌਰ ਦੀ ਚਰਚਾ ਕੀਤੀ, ਜਿਸ ਵਿਚ ਦੋਵਾਂ ਸੂਬਿਆਂ ਦੇ ਮੁੱਖ ਮੰਤਰੀ ਮੌਜੂਦ ਸਨ। ਇਨ੍ਹਾਂ ਦੋਵਾਂ ਮੀਟਿੰਗਾਂ ਦਾ ਕੋਈ ਨਤੀਜਾ ਨਹੀਂ ਨਿਕਲ ਸਕਿਆ। ਖੱਟਰ ਨੇ ਉਮੀਦ ਜਤਾਈ ਕਿ ਹੁਣ ਪੰਜਾਬ ਸਰਕਾਰ ਯਕੀਨੀ ਰੂਪ ਨਾਲ ਐੱਸ ਵਾਈ ਐੱਲ ਦੇ ਮਾਮਲੇ ਨੂੰ ਹੱਲ ਕਰਨ 'ਚ ਸਹਿਯੋਗ ਕਰੇਗੀ।

## ਵਲੈਤੀਏ ਮੱਖਣ ਸਿੰਘ ਨੂੰ ਰੇਲ ਗੱਡੀ 'ਚ ਛੇੜਛਾੜ ਮਹਿੰਗੀ ਪਈ

**ਲੰਡਨ :** ਬਰਤਾਨੀਆ 'ਚ ਭਾਰਤੀ ਮੂਲ ਦੇ 39 ਸਾਲਾ ਵਿਅਕਤੀ ਨੂੰ 2021 'ਚ ਰੇਲ ਗੱਡੀ 'ਚ ਮੁਟਿਆਰ ਨਾਲ ਛੇੜਖਾਨੀ ਕਰਨ ਦਾ ਦੋਸ਼ ਕਬੂਲ ਕਰਨ ਤੋਂ ਬਾਅਦ ਅਦਾਲਤ ਨੇ 16 ਹਫਤਿਆਂ ਲਈ ਜੇਲ੍ਹ ਭੇਜ ਦਿੱਤਾ ਤੇ 7 ਸਾਲ ਲਈ ਉਸ 'ਤੇ ਨਿਗਰਾਨੀ ਰੱਖਣ ਦਾ ਹੁਕਮ ਦਿੱਤਾ। ਵੈੱਸਟ ਮਿਡਲੈਂਡਜ਼ ਕਾਊਂਟੀ ਦੇ ਸੈਂਡਵੇਲ ਤੋਂ ਮੱਖਣ ਸਿੰਘ ਨੂੰ ਵਾਰਵਿਕ ਕਰਾਊਨ ਅਦਾਲਤ ਨੇ ਪੀੜਤ ਨੂੰ 128 ਪੌਂਡ ਦਾ ਸਰਚਾਰਜ ਅਦਾ ਕਰਨ ਦਾ ਹੁਕਮ ਵੀ ਦਿੱਤਾ ਹੈ। 20 ਸਾਲਾ ਮੁਟਿਆਰ ਸਤੰਬਰ 2021 ਨੂੰ ਬਰਮਿੰਘਮ ਮੂਰ ਸਟਰੀਟ ਤੋਂ ਲੰਡਨ ਮੈਰੀਲੇਬੋਨ ਜਾ ਰਹੀ ਰੇਲ ਗੱਡੀ 'ਚ ਸੀ, ਜਦੋਂ ਮੱਖਣ ਸਿੰਘ ਨੇ ਉਸ ਨੂੰ ਦੇਖਣਾ ਸ਼ੁਰੂ ਕੀਤਾ। ਬਾਅਦ 'ਚ ਉਹ ਪੀੜਤਾ ਦੇ ਕੋਲ ਸੀਟ ਉੱਤੇ ਬੈਠ ਗਿਆ, ਉਸ ਨਾਲ ਕਥਿਤ ਛੇੜਖਾਨੀ ਸ਼ੁਰੂ ਕੀਤੀ। ਮੁਟਿਆਰ ਨੇ ਮੁਲਜ਼ਮ ਦੀਆਂ ਹਰਕਤਾਂ ਰਿਕਾਰਡ ਕਰ ਲਈਆਂ ਤੇ ਪੁਲਸ ਨੂੰ ਭੇਜ ਕੇ ਉਸ ਨੂੰ ਗ੍ਰਿਫਤਾਰ ਕਰਵਾ ਦਿੱਤਾ।

## ਕੈਨੇਡਾ 'ਚ ਪਤਨੀ ਦੀ ਹੱਤਿਆ ਦੇ ਦੋਸ਼ 'ਚ ਬਲਵੀਰ ਸਿੰਘ ਗ੍ਰਿਫਤਾਰ

**ਟੋਰਾਂਟੋ :** ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਸੂਬੇ 'ਚ ਘਰੇਲੂ ਹਿੰਸਾ ਦੇ ਦੁਖਦਾਈ ਮਾਮਲੇ 'ਚ 57 ਸਾਲਾ ਬਲਵੀਰ ਸਿੰਘ ਨੂੰ ਆਪਣੀ ਪਤਨੀ ਦੀ ਚਾਕੂ ਮਾਰ ਕੇ ਹੱਤਿਆ ਕਰਨ ਦੇ ਮਾਮਲੇ 'ਚ ਗ੍ਰਿਫਤਾਰ ਕਰ ਲਿਆ ਗਿਆ। ਨਿਊ ਵੈੱਸਟਮਿੰਸਟਰ ਦੇ ਕਸਬੇ ਦੇ ਵਸਨੀਕ ਬਲਵੀਰ ਸਿੰਘ 'ਤੇ 13 ਅਕਤੂਬਰ ਨੂੰ 46 ਸਾਲਾ ਕੁਲਵੰਤ ਕੌਰ ਦੀ ਚਾਕੂ ਮਾਰ ਕੇ ਹੱਤਿਆ ਕਰਨ ਦਾ ਦੋਸ਼ ਹੈ।

## ਚੋਣ ਬਾਂਡਾਂ ਦਾ ਮਾਮਲਾ ਪੰਜ ਮੈਂਬਰੀ ਬੈਂਚ ਹਵਾਲੇ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਪਾਰਟੀਆਂ ਦੀ ਸਿਆਸੀ ਫੰਡਿੰਗ ਨਾਲ ਸੰਬੰਧਤ ਚੋਣ ਬਾਂਡ ਸਕੀਮ ਦੀ ਵੈਧਤਾ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਨੂੰ ਸੋਮਵਾਰ ਪੰਜ ਜੱਜਾਂ ਦੀ ਬੈਂਚ ਕੋਲ ਭੇਜ ਦਿੱਤਾ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਅਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੇ ਕਿਹਾ ਕਿ ਉਨ੍ਹਾਂ ਨੂੰ ਅਰਜ਼ੀ ਮਿਲੀ ਹੈ ਕਿ ਮਾਮਲਾ ਜ਼ਰੂਰੀ ਹੈ, ਇਸ ਲਈ ਇਸ 'ਤੇ ਫੈਸਲਾ ਕਰਨ ਲਈ ਵੱਡੇ ਬੈਂਚ ਕੋਲ ਭੇਜਿਆ ਜਾਣਾ ਚਾਹੀਦਾ ਹੈ। ਬੈਂਚ ਨੇ ਕਿਹਾ ਕਿ ਇਸ ਮਾਮਲੇ 'ਤੇ ਸੁਣਵਾਈ 30 ਅਕਤੂਬਰ ਨੂੰ ਹੋਵੇਗੀ।

# ਫਲਸਤੀਨੀਆਂ 'ਤੇ ਹਮਲੇ 'ਚ ਅਮਰੀਕਾ ਦਾ ਸਿੱਧਾ ਦਖਲ : ਈਰਾਨ

**ਤਹਿਰਾਨ :** ਈਰਾਨੀ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਕਿਹਾ ਹੈ ਕਿ ਅਮਰੀਕਾ ਇਜ਼ਰਾਈਲ ਤੇ ਫਲਸਤੀਨੀਆਂ ਵਿਚਾਲੇ ਟਕਰਾਅ ਵਿਚ ਫੌਜੀ ਦਖਲ ਦੇ ਰਿਹਾ ਹੈ। ਇਜ਼ਰਾਈਲ ਦੀ ਯਹੂਦੀ ਹਕੂਮਤ ਨੇ ਅਮਰੀਕਾ ਦੀ ਹਮਾਇਤ ਨਾਲ ਜ਼ੁਲਮ ਕੀਤੇ ਹਨ ਤੇ ਇਸ ਲਈ ਅਮਰੀਕਾ ਨੂੰ ਅਵੱਸ਼ ਜਵਾਬਦੇਹ ਠਹਿਰਾਉਣਾ ਚਾਹੀਦਾ ਹੈ। ਅਮਰੀਕਾ ਦਾ ਦੁਨੀਆ ਦਾ ਸਭ ਤੋਂ ਵੱਡਾ ਜੰਗੀ ਬੇੜਾ ਭੂ-ਮੱਧ ਸਾਗਰ ਵਿਚ ਹੈ ਤੇ ਕੁਝ ਦਿਨਾਂ ਤੱਕ ਇਕ ਹੋਰ ਪੁੱਜ ਜਾਣਾ ਹੈ। ਈਰਾਨੀ ਵਿਦੇਸ਼ ਮੰਤਰੀ ਹੁਸੈਨ ਅਮੀਰ ਅਬਦੁੱਲਾਹੀਆਨ ਨੇ ਕਤਰ ਵਿਚ ਹਮਾਸ ਆਗੂ ਇਸਮਾਈਲ ਹਨੀਯੇਹ ਨਾਲ ਮੁਲਾਕਾਤ ਕਰਕੇ ਕਿਹ ਕਿ ਈਰਾਨ ਉਨ੍ਹਾ ਦੇ ਨਿਸ਼ਾਨੇ ਦੀ ਪ੍ਰਾਪਤੀ ਵਿਚ ਮਿਲਵਰਤਨ ਜਾਰੀ ਰੱਖੇਗਾ। ਉਨ੍ਹਾ ਇਹ ਵੀ ਕਿਹਾ ਕਿ ਜੇ ਇਜ਼ਰਾਈਲ ਨੇ ਹਮਲੇ ਨਾ ਰੋਕੇ ਤਾਂ ਖਿੱਤੇ ਦੀਆਂ ਹੋਰ ਧਿਰਾਂ ਕਾਰਵਾਈ ਲਈ ਤਿਆਰ ਹਨ। ਉਨ੍ਹਾਂ ਦੀਆਂ ਉਂਗਲਾਂ ਟ੍ਰਿਗਰ 'ਤੇ ਹਨ। ਖਿੱਤੇ ਵਿਚ ਲੜਾਈ ਦਾ ਨਵਾਂ ਫਰੰਟ ਖੁੱਲ੍ਹਿਆ ਤਾਂ ਇਸ ਦੀ ਜ਼ਿੰਮੇਵਾਰੀ ਸਿੱਧੇ ਤੌਰ 'ਤੇ ਅਮਰੀਕਾ ਤੇ ਯਹੂਦੀ ਹਕੂਮਤ ਦੀ ਹੋਵੇਗੀ। ਇਸੇ ਦੌਰਾਨ ਈਰਾਨੀ ਰਾਸ਼ਟਰਪਤੀ ਇਬਰਾਹੀਮ ਰਾਇਸੀ ਨੇ ਫਰਾਂਸ ਦੇ ਰਾਸ਼ਟਰਪਤੀ ਐਮੁਏਲ ਮੈਕਰੋ ਨੂੰ ਫੋਨ ਕਰਕੇ ਕਿਹਾ ਕਿ ਉਹ ਫਲਸਤੀਨੀਆਂ 'ਤੇ ਜ਼ੁਲਮ ਰੁਕਵਾਉਣ ਵਿਚ ਮਦਦ ਕਰਨ। ਜੇ ਯਹੂਦੀ ਹਕੂਮਤ ਵੱਲੋਂ ਗਾਜ਼ਾ ਦੀ ਨਾਕਾਬੰਦੀ ਤੇ ਕਤਲੇਆਮ ਨਾ ਰੁਕਿਆ ਤਾਂ ਸਥਿਤੀ ਭਿਆਨਕ ਹੋ ਜਾਵੇਗੀ। ਇਜ਼ਰਾਈਲੀ ਫੌਜ ਨੇ ਕਿਹਾ ਹੈ ਕਿ ਹਮਾਸ ਅਤੇ ਹੋਰ ਫਲਸਤੀਨੀ ਅੱਤਵਾਦੀਆਂ ਨੇ ਗਾਜ਼ਾ 'ਚ 199 ਲੋਕਾਂ ਨੂੰ ਬੰਦੀ ਬਣਾ ਕੇ ਰੱਖਿਆ ਹੋਇਆ ਹੈ ਅਤੇ ਇਹ ਗਿਣਤੀ ਪਿਛਲੇ ਅਨੁਮਾਨਾਂ ਤੋਂ ਵੱਧ ਹੈ। ਬੰਦੀਆਂ ਦੇ ਪਰਵਾਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਇਹ ਸਪੱਸ਼ਟ ਨਹੀਂ ਕੀਤਾ ਕਿ ਬੰਦੀਆਂ ਦੀ ਇਸ ਗਿਣਤੀ 'ਚ ਵਿਦੇਸ਼ੀ ਨਾਗਰਿਕ ਵੀ ਸ਼ਾਮਲ ਹਨ ਜਾਂ ਨਹੀਂ। ਇਹ ਵੀ ਨਹੀਂ ਦੱਸਿਆ ਕਿ ਇਨ੍ਹਾਂ ਬੰਦੀਆਂ ਨੂੰ ਕਿਸ ਦੀ ਕੈਦ ਵਿਚ ਰੱਖਿਆ ਗਿਆ ਹੈ। ਮੰਨਿਆ ਜਾ ਰਿਹਾ ਹੈ ਕਿ ਇਨ੍ਹਾਂ 'ਚੋਂ ਜ਼ਿਆਦਾਤਰ ਲੋਕਾਂ ਨੂੰ ਗਾਜ਼ਾ 'ਤੇ ਸ਼ਾਸਨ ਕਰਨ ਵਾਲੇ ਹਮਾਸ ਅੱਤਵਾਦੀ ਸਮੂਹ ਨੇ ਬੰਦੀ ਬਣਾਇਆ ਹੈ।




ਫਲਸਤੀਨੀਆਂ ਦੀ ਹਮਾਇਤ ਵਿਚ ਸੋਮਵਾਰ ਦਿੱਲੀ ਦੇ ਜੰਤਰ-ਮੰਤਰ 'ਚ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ 'ਤੇ ਪੁਲਸ ਨੇ ਸਖਤੀ ਕੀਤੀ ਅਤੇ ਲਗਭਗ 70 ਵਿਦਿਆਰਥੀਆਂ ਨੂੰ ਹਿਰਾਸਤ 'ਚ ਲੈ ਲਿਆ।

# ਪੀ ਜੀ ਆਈ 'ਚ ਹਫਤੇ ਬਾਅਦ ਫਿਰ ਅੱਗ ਲੱਗੀ



**ਚੰਡੀਗੜ੍ਹ :** ਇਥੇ ਪੀ ਜੀ ਆਈ ਨਹਿਰੂ ਹਸਪਤਾਲ ਦੇ 'ਸੀ' ਬਲਾਕ 'ਚ ਭਿਆਨਕ ਅੱਗ ਲੱਗਣ ਤੋਂ ਹਫਤੇ ਬਾਅਦ ਐਡਵਾਂਸਡ ਆਈ ਸੈਂਟਰ (ਅੱਖਾਂ ਦਾ ਵਿਭਾਗ) 'ਚ ਸੋਮਵਾਰ ਸਵੇਰੇ 9.30 ਵਜੇ ਅੱਗ ਲੱਗ ਗਈ।

ਯੂ ਪੀ ਐੱਸ ਬੈਟਰੀ ਰੂਮ 'ਚ ਲੱਗੀ ਅੱਗ ਤੇਜ਼ੀ ਨਾਲ ਫੈਲ ਗਈ। ਓ ਪੀ ਡੀ ਦੇ ਮਰੀਜ਼ਾਂ ਨੂੰ ਬਾਹਰ ਕੱਢਿਆ ਗਿਆ ਅਤੇ ਇਮਾਰਤ 'ਚ ਦਾਖਲ ਹੋਣ ਵਾਲਿਆਂ ਨੂੰ ਗੇਟ 'ਤੇ ਰੋਕ ਦਿੱਤਾ ਗਿਆ। ਕਿਸੇ ਦੇ ਜ਼ਖਮੀ ਹੋਣ ਦੀ ਸੂਚਨਾ ਨਹੀਂ। ਜਾਂਚ 'ਚ ਸਾਹਮਣੇ ਆਇਆ ਕਿ ਯੂ ਪੀ ਐੱਸ ਰੂਮ 'ਚ ਸ਼ਾਰਟ ਸਰਕਟ ਕਾਰਨ ਅੱਗ ਲੱਗੀ।

## ਐਕਸਾਈਜ਼ ਕੇਸ 'ਚ 'ਆਪ' ਨੂੰ ਵੀ ਮੁਲਜ਼ਮ ਬਣਾਵਾਂਗੇ : ਈ ਡੀ

**ਨਵੀਂ ਦਿੱਲੀ :** ਈ ਡੀ ਨੇ ਸੋਮਵਾਰ ਸੁਪਰੀਮ ਕੋਰਟ ਨੂੰ ਦੱਸਿਆ ਕਿ ਉਹ ਦਿੱਲੀ ਐਕਸਾਈਜ਼ ਕੇਸ ਵਿਚ ਆਮ ਆਦਮੀ ਪਾਰਟੀ ਨੂੰ ਮੁਲਜ਼ਮ ਬਣਾਉਣ ਬਾਰੇ ਸੋਚ ਰਹੀ ਹੈ। ਐਡੀਸ਼ਨਲ ਸਾਲੀਸਿਟਰ ਜਨਰਲ ਐੱਸ ਵੀ ਰਾਜੂ ਨੇ ਕਿਹਾ ਕਿ ਪ੍ਰੀਵੈਨਸ਼ਨ ਆਫ ਮਨੀ ਲਾਂਡਰਿੰਗ ਐਕਟ ਦੇ ਸੈਕਸ਼ਨ ਤਹਿਤ 'ਆਪ' ਨੂੰ ਮੁਲਜ਼ਮ ਬਣਾਇਆ ਜਾਵੇਗਾ। ਇਹ ਸੈਕਸ਼ਨ ਕੰਪਨੀਆਂ ਵੱਲੋਂ ਕੀਤੇ ਅਪਰਾਧ ਨਾਲ ਨਜਿੱਠਦਾ ਹੈ।

## ਮਹਿੰਗਾਈ ਕਿੱਥੇ ?

**ਨਵੀਂ ਦਿੱਲੀ :** ਮਹਿੰਗਾਈ ਤੋਂ ਪ੍ਰੇਸ਼ਾਨ ਦੇਸ਼ ਵਾਸੀਆਂ ਲਈ ਸਰਕਾਰ ਨੇ ਸੋਮਵਾਰ ਹੈਰਾਨਕੁੰਨ ਅੰਕੜੇ ਜਾਰੀ ਕਰਕੇ ਕਿਹਾ ਕਿ ਥੋਕ ਮੁੱਲ ਸੂਚਕ ਅੰਕ ਆਧਾਰਿਤ ਮਹਿੰਗਾਈ ਸਤੰਬਰ 'ਚ ਮਨਫੀ 0.26 ਫੀਸਦੀ ਰਹੀ। ਇਸ ਦਾ ਭਾਵ ਹੈ ਕਿ ਮਹਿੰਗਾਈ ਹੈ ਹੀ ਨਹੀਂ।

# ਕਿਸਾਨ ਲਹਿਰ 'ਚ ਏਕਤਾ ਲਈ ਸ਼ੁਰੂ ਹੋਇਆ ਅਮਲ ਸ਼ੁਭ ਸ਼ਗਨ

**ਲੁਧਿਆਣਾ (ਐੱਮ ਐੱਸ ਭਾਟੀਆ)**

**ਤਿੰਨ ਕਮੇਟੀਆਂ ਦਾ ਗਠਨ, ਭਲਕ ਦੀ ਮੀਟਿੰਗ ਮੁਲਤਵੀ ਕਰਨ ਦਾ ਐਲਾਨ**

ਸੰਯੁਕਤ ਕਿਸਾਨ ਮੋਰਚੇ ਵਿਚ ਸ਼ਾਮਲ ਪੰਜਾਬ ਦੀਆਂ 32 ਕਿਸਾਨ ਜਥੇਬੰਦੀਆਂ ਦੀ ਇੱਕ ਅਹਿਮ ਮੀਟਿੰਗ ਨਿਰਭੈ ਸਿੰਘ ਢੁੱਡੀਕੇ, ਡਾ. ਦਰਸ਼ਨ ਪਾਲ ਅਤੇ ਹਰਬੰਸ ਸਿੰਘ ਸੰਘਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਕਿਸਾਨ ਲਹਿਰ ਨੂੰ ਮਜ਼ਬੂਤ ਕਰਨ ਲਈ ਕਿਸਾਨ ਜਥੇਬੰਦੀਆਂ ਵਿਚਕਾਰ ਏਕਤਾ ਉਸਾਰਨ ਲਈ ਸ਼ੁਰੂ ਹੋਏ ਹਾਂ-ਪੱਖੀ ਅਮਲ ਉੱਪਰ ਅਤੇ ਹੜ੍ਹਾਂ ਅਤੇ ਗੜੇਮਾਰੀ ਕਾਰਨ ਫਸਲਾਂ ਦੇ ਹੋਏ ਖਰਾਬੇ ਸੰਬੰਧੀ ਮੁਆਵਜ਼ੇ ਉੱਪਰ ਭਰਪੂਰ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੀ ਸ਼ੁਰੂਆਤ ਵਿੱਚ ਕਿਰਤੀ ਕਿਸਾਨ ਮੋਰਚਾ ਦੇ ਪ੍ਰਧਾਨ ਵੀਰ ਸਿੰਘ ਬੜਵਾ ਦੇ ਨੌਜਵਾਨ ਪੁੱਤਰ ਦੀ ਹੋਈ ਬੇਵਕਤੀ ਮੌਤ ਉੱਪਰ ਸ਼ੋਕ ਮਤਾ ਪਾਸ ਕੀਤਾ ਗਿਆ। 32 ਕਿਸਾਨ ਜਥੇਬੰਦੀਆਂ ਨੇ ਕਿਸਾਨ ਲਹਿਰ ਦੀ ਏਕਤਾ ਲਈ ਸ਼ੁਰੂ ਹੋਏ ਯਤਨਾਂ ਨੂੰ ਇੱਕ ਸ਼ੁਭ ਸ਼ਗਨ ਮੰਨਦਿਆਂ ਠੋਸ, ਵਿਸ਼ਾਲ ਅਤੇ ਅਸੂਲੀ ਏਕਤਾ ਨੂੰ ਹਾਸਲ ਕਰਨ ਲਈ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕਰਦੇ ਹੋਏ ਵੱਖ-ਵੱਖ ਕਿਸਾਨ ਜਥੇਬੰਦੀਆਂ ਨਾਲ ਗੱਲਬਾਤ ਕਰਨ ਲਈ ਪੰਜ ਮੈਂਬਰਾਂ 'ਤੇ ਅਧਾਰਤ ਵੱਖ-ਵੱਖ ਤਿੰਨ ਕਮੇਟੀਆਂ ਬਣਾਉਣ ਦਾ ਐਲਾਨ ਕਰਦੇ ਹੋਏ ਇਸ ਕਾਰਜ ਲਈ ਲੋੜੀਂਦੇ ਸਮੇਂ ਨੂੰ ਮੱਦੇਨਜ਼ਰ ਰੱਖਦਿਆਂ ਆਪਣੇ ਵੱਲੋਂ 18 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਹੋਣ ਵਾਲੀ ਮੀਟਿੰਗ ਨੂੰ ਮੁਲਤਵੀ ਕਰ ਦਿੱਤਾ ਹੈ। ਮੀਟਿੰਗ 'ਚ ਪੰਜਾਬ ਸਰਕਾਰ ਵੱਲੋਂ ਹੜ੍ਹਾਂ ਨਾਲ ਹੋਏ ਨੁਕਸਾਨ ਦਾ ਮੁਆਵਜ਼ਾ ਦੇਣ ਵਿੱਚ ਵਰਤੀ ਜਾ ਰਹੀ ਢਿੱਲ-ਮੱਠ ਦਾ ਗੰਭੀਰ ਨੋਟਿਸ ਲਿਆ। ਪੰਜਾਬ ਸਰਕਾਰ ਵੱਲੋਂ ਮਿੱਥਿਆ ਮੁਆਵਜ਼ਾ ਪਹਿਲਾਂ ਹੀ ਨਾਕਾਫੀ ਸੀ, ਉਹ ਵੀ ਸਾਰੇ ਪੀੜਤ ਕਿਸਾਨਾਂ ਨੂੰ ਦੇਣ ਵਿਚ ਸਰਕਾਰ ਫੇਲ੍ਹ ਸਾਬਤ ਹੋਈ ਹੈ। ਹੁਣ ਪੰਜਾਬ ਦੇ ਕੁਝ ਖੇਤਰਾਂ ਵਿਚ ਹੋਈ ਗੜੇਮਾਰੀ ਕਾਰਨ ਕਿਸਾਨਾਂ ਨੂੰ ਹੜ੍ਹਾਂ ਮਗਰੋਂ ਦੋਹਰੀ ਮਾਰ ਪੈ ਗਈ ਹੈ। ਮੀਟਿੰਗ 'ਚ ਕਿਸਾਨਾਂ ਨੂੰ ਤੁਰੰਤ ਮੁਆਵਜ਼ਾ ਦੇਣ ਦੀ ਮੰਗ ਕੀਤੀ। ਕਿਸਾਨ ਜਥੇਬੰਦੀਆਂ ਨੇ ਮੱਧ ਪੂਰਬ 'ਚ ਇਜ਼ਰਾਇਲ ਅਤੇ ਫਲਸਤੀਨ ਵਿਚਕਾਰ ਛਿੜੀ ਜੰਗ ਨੂੰ ਤੁਰੰਤ ਜੰਗਬੰਦੀ ਕਰਕੇ ਜੰਗ ਰੋਕਣ ਅਤੇ ਫਲਸਤੀਨੀ ਕੌਮ ਦੀਆਂ ਕੌਮੀ ਭਾਵਨਾਵਾਂ ਤਹਿਤ ਇਸ ਮਸਲੇ ਦਾ ਹੱਲ ਕੱਢਣ ਦੀ ਅਪੀਲ ਕਰਦੇ ਹੋਏ ਭਾਰਤ ਸਰਕਾਰ ਵੱਲੋਂ ਫਲਸਤੀਨ ਮਾਮਲੇ ਵਿਚ ਵਿਦੇਸ਼ ਨੀਤੀ ਨੂੰ ਪੁੱਠਾ ਗੇੜਾ ਦਿੰਦਿਆਂ ਇਜ਼ਰਾਇਲ ਸਰਕਾਰ ਦੀ ਹਮਾਇਤ ਕਰਨ ਦੀ ਨਿਖੇਧੀ ਕੀਤੀ। ਮੀਟਿੰਗ ਵਿੱਚ ਹਰਿੰਦਰ ਸਿੰਘ ਲੱਖੋਵਾਲ, ਸਤਨਾਮ ਸਿੰਘ ਸਾਹਨੀ, ਰੁਲਦੂ ਸਿੰਘ ਮਾਨਸਾ, ਸਤਨਾਮ ਸਿੰਘ ਬਹਿਰੂ, ਕੁਲਵੰਤ ਸਿੰਘ ਸੰਧੂ, ਬਲਵਿੰਦਰ ਸਿੰਘ ਮੱਲ੍ਹੀ ਨੰਗਲ, ਬਲਕਰਨ ਸਿੰਘ ਬਰਾੜ, ਬੂਟਾ ਸਿੰਘ ਬੁਰਜ ਗਿੱਲ, ਬੂਟਾ ਸਿੰਘ ਸਾਦੀਪੁਰ, ਰਣਜੀਤ ਸਿੰਘ ਬਾਜਵਾ, ਹਰਦੇਵ ਸਿੰਘ ਸੰਧੂ, ਮਨਜੀਤ ਸਿੰਘ ਧਨੇਰ, ਕਿਰਪਾ ਸਿੰਘ ਨੱਥੂਵਾਲਾ, ਬਲਦੇਵ ਸਿੰਘ ਲਤਾਲਾ, ਹਰਜੀਤ ਸਿੰਘ ਰਵੀ ਅਤੇ ਜਗਮਨਦੀਪ ਸਿੰਘ ਪੜ੍ਹੀ ਹਾਜ਼ਰ ਸਨ।

## ਅੱਜ-ਨਾਮਾ

ਅਪਰਾਧੀ ਅੱਗੇ ਤੋਂ ਅੱਗੇ ਹਨ ਵਧੀ ਜਾਂਦੇ,
ਨਹੀਂਉਂ ਕਾਨੂੰਨ ਦੀ ਕਰਨ ਪ੍ਰਵਾਹ ਬੇਲੀ।
ਮਾੜੇ-ਮੋਟੇ ਨਾ ਹਿੰਮਤ ਆ ਪੁਲਸੀਆਂ ਦੀ,
ਆਉਣਾ ਰੋਕਣ ਵੀ ਉਨ੍ਹਾਂ ਦਾ ਰਾਹ ਬੇਲੀ।
ਜਿੱਡੀ ਹੁੰਦੀ ਆ ਪਹੁੰਚ ਅਪਰਾਧੀਆਂ ਦੀ,
ਹੇਠਲੀ ਫੋਰਸ ਨੂੰ ਕੱਖ ਨਹੀਂ ਥਾਹ ਬੇਲੀ।
ਤਾਂਹੀਉਂ ਹੁੰਦਾ ਕੰਟਰੋਲ ਨਹੀਂ ਕਦੀ ਪੱਕਾ,
ਆਉਂਦਾ ਕਦੀ ਨਹੀਂ ਸੁੱਖ ਦਾ ਸਾਹ ਬੇਲੀ।
ਬਦਲਦਾ ਰਾਜ ਤਾਂ ਬਦਲਦੇ ਰਾਜ-ਕਰਤੇ,
ਕਦੀ ਨਾ ਰੁਕੀ ਅਪਰਾਧਾਂ ਦੀ ਚਾਲ ਬੇਲੀ।
ਵੱਜਦਾ ਦਾਬਾ ਤਾਂ ਚੱਟੀ ਹਨ ਲੋਕ ਭਰਦੇ,
ਸਲਾਮਤ ਰੱਖਣ ਨੂੰ ਜਾਨ ਤੇ ਮਾਲ ਬੇਲੀ।

-ਤੀਸ ਮਾਰ ਖਾਂ

# ਮੁੱਖ ਮੰਤਰੀ ਨੇ ਸ਼ਹੀਦ ਅੰਮ੍ਰਿਤਪਾਲ ਤੇ ਸ਼ਹੀਦ ਪਰਵਿੰਦਰ ਦੇ ਘਰ ਜਾ ਕੇ ਦੁੱਖ ਵੰਡਾਇਆ

**ਕੋਟਲੀ ਕਲਾਂ (ਆਤਮਾ ਸਿੰਘ ਪਮਾਰ)**

ਮੁੱਖ ਮੰਤਰੀ ਭਗਵੰਤ ਮਾਨ ਨੇ ਜੰਮੂ ਕਸ਼ਮੀਰ ਵਿੱਚ ਦੇਸ਼ ਦੀ ਸੇਵਾ ਨਿਭਾਉਂਦਿਆਂ ਸ਼ਹੀਦੀ ਪ੍ਰਾਪਤ ਕਰਨ ਵਾਲੇ ਅਗਨੀਵੀਰ ਅੰਮ੍ਰਿਤਪਾਲ ਸਿੰਘ ਦੇ ਪਰਵਾਰ ਨੂੰ ਸਨਮਾਨ ਰਾਸ਼ੀ ਵਜੋਂ ਇਕ ਕਰੋੜ ਰੁਪਏ ਦਾ ਚੈੱਕ ਸੌਂਪਿਆ। ਮੁੱਖ ਮੰਤਰੀ ਨੇ ਕਿਹਾ ਕਿ ਅੰਮ੍ਰਿਤਪਾਲ ਸਿੰਘ ਦੇ ਦੇਸ਼ ਪ੍ਰਤੀ ਯੋਗਦਾਨ ਦੇ ਸਤਿਕਾਰ ਵਿੱਚ ਸੂਬਾ ਸਰਕਾਰ ਉਨ੍ਹਾਂ ਨੂੰ ਸ਼ਹੀਦ ਦਾ ਦਰਜਾ ਦੇਵੇਗੀ। ਮਾਨਸਾ ਦੇ ਪਿੰਡ ਕੋਟਲੀ ਕਲਾਂ ਵਿਖੇ ਸ਼ਹੀਦ ਦੇ ਜੱਦੀ ਘਰ ਦਾ ਦੌਰਾ ਕਰਨ ਉਪਰੰਤ ਮੁੱਖ ਮੰਤਰੀ ਨੇ ਕਿਹਾ ਕਿ ਇਸ ਬਹਾਦਰ ਸੈਨਿਕ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਦੀ ਰਾਖੀ ਲਈ ਆਪਣਾ ਫਰਜ਼ ਨਿਭਾਉਂਦੇ ਹੋਏ ਸ਼ਹਾਦਤ ਪ੍ਰਾਪਤ ਕੀਤੀ ਹੈ ਅਤੇ ਉਸ ਵੱਲੋਂ ਪਾਏ ਗਏ ਵੱਡਮੁੱਲੇ ਯੋਗਦਾਨ ਦੇ ਸਨਮਾਨ ਵਜੋਂ ਸੂਬਾ ਸਰਕਾਰ ਦਾ ਇਹ ਨਿਮਾਣਾ ਜਿਹਾ ਉਪਰਾਲਾ ਹੈ।

ਮੁੱਖ ਮੰਤਰੀ ਨੇ ਦੇਸ਼ ਦੇ ਪਹਿਲੇ ਸ਼ਹੀਦ ਅਗਨੀਵੀਰ ਅੰਮ੍ਰਿਤਪਾਲ ਸਿੰਘ ਦੇ ਮਾਪਿਆਂ ਨੂੰ ਮਿਲ ਕੇ ਸ਼ਹੀਦ ਸੈਨਿਕ ਨੂੰ ਸ਼ਰਧਾਂਜਲੀ ਭੇਟ ਕੀਤੀ ਹੈ, ਜਿਸ ਨੇ 19 ਵਰ੍ਹਿਆਂ ਦੀ ਉਮਰ ਵਿੱਚ ਦੇਸ਼ ਦੀ ਖਾਤਰ ਸ਼ਹਾਦਤ ਦਿੱਤੀ। ਉਨ੍ਹਾ ਕਿਹਾ ਕਿ ਦੁੱਖ ਦੀ ਇਸ ਘੜੀ ਵਿੱਚ ਸਰਕਾਰ ਪਰਵਾਰ ਦੇ ਨਾਲ ਖੜ੍ਹੀ ਹੈ, ਕਿਉਂਕਿ ਇਹ ਦੇਸ਼ ਅਤੇ ਖਾਸ ਕਰਕੇ ਸ਼ਹੀਦ ਦੇ ਪਰਵਾਰ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ। ਉਨ੍ਹਾ ਕਿਹਾ ਕਿ ਪਿੰਡ ਵਿੱਚ ਸ਼ਹੀਦ ਦੇ ਨਾਂਅ ਉਤੇ ਬੁੱਤ ਵੀ ਸਥਾਪਤ ਕੀਤਾ ਜਾਵੇਗਾ।





ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੋਹਾਂ ਸ਼ਹੀਦਾਂ ਦੇ ਪਰਵਾਰਾਂ ਨੂੰ ਇੱਕ-ਇੱਕ ਕਰੋੜ ਰੁਪਏ ਦੇ ਚੈੱਕ ਵੀ ਸੌਂਪੇ।

ਸ਼ਹੀਦ ਅੰਮ੍ਰਿਤਪਾਲ ਸਿੰਘ ਨੂੰ ਫੌਜ ਵੱਲੋਂ 'ਗਾਰਡ ਆਫ ਆਨਰ' ਨਾ ਦੇਣ ਉਤੇ ਸਖਤ ਇਤਰਾਜ਼ ਜ਼ਾਹਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭੇਦਭਾਵ ਵਾਲੇ ਇਸ ਮਾੜੇ ਵਰਤਾਰੇ ਨਾਲ ਫੌਜੀ ਜਵਾਨਾਂ ਦੇ ਮਨੋਬਲ ਨੂੰ ਸੱਟ ਵੱਜੇਗੀ। ਉਨ੍ਹਾ ਕਿਹਾ ਕਿ ਸ਼ਹੀਦ ਜਵਾਨ ਅਗਨੀਵੀਰ ਹੋਣ ਕਰਕੇ ਫੌਜ ਦਾ ਉਸ ਪ੍ਰਤੀ ਇਹ ਵਤੀਰਾ ਬਹੁਤ ਦੁਖਦਾਇਕ ਹੈ। ਉਨ੍ਹਾ ਕਿਹਾ ਕਿ ਅੰਮ੍ਰਿਤਪਾਲ ਦੇ ਮਾਪਿਆਂ ਨੇ ਆਪਣਾ ਬੇਟਾ ਦੇਸ਼ ਦੀ ਸੇਵਾ ਕਰਨ ਲਈ ਭੇਜਿਆ ਸੀ ਅਤੇ ਡਿਊਟੀ ਨਿਭਾਉਂਦਿਆਂ ਉਸ ਦੀ ਮੌਤ ਨੂੰ ਸ਼ਹੀਦ ਨਾ ਮੰਨਣਾ ਬਹੁਤ ਮੰਦਭਾਗੀ ਗੱਲ ਹੈ, ਜਿਸ ਨਾਲ ਗਲਤ ਮਿਸਾਲ ਪੈਦਾ ਹੋਵੇਗੀ। ਉਨ੍ਹਾ ਕਿਹਾ ਕਿ ਇਹ ਪਹਿਲੀ ਵਾਰ ਦੇਖਿਆ ਗਿਆ ਹੈ ਕਿ ਸ਼ਹੀਦ ਸੈਨਿਕ ਦੀ ਦੇਹ ਨੂੰ ਪ੍ਰਾਈਵੇਟ ਐਂਬੂਲੈਂਸ ਵਿੱਚ ਲਿਆਉਣਾ ਪਿਆ ਹੋਵੇ, ਜੋ ਸਰਾਸਰ ਸ਼ਹੀਦ ਦਾ ਅਪਮਾਨ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ ਦਾ 60 ਫੀਸਦੀ ਬੱਜਟ ਰੱਖਿਆ ਦੇ ਖੇਤਰ ਲਈ ਹੁੰਦਾ ਹੈ, ਪਰ ਫੌਜ ਵੱਲੋਂ ਸ਼ਹੀਦ ਅੰਮ੍ਰਿਤਪਾਲ ਸਿੰਘ ਦੀ ਦੇਹ ਲਿਜਾਣ ਲਈ ਐਂਬੂਲੈਂਸ ਤੱਕ ਵੀ ਮੁਹੱਈਆ ਨਹੀਂ ਕਰਵਾਈ ਗਈ। ਉਨ੍ਹਾ ਕਿਹਾ ਕਿ ਅੰਮ੍ਰਿਤਪਾਲ ਦੀ ਸ਼ਹਾਦਤ ਨੂੰ ਖੁਦਕੁਸ਼ੀ ਕਰਾਰ ਦੇਣਾ ਹੋਰ ਵੀ ਦੁੱਖ ਦੀ ਗੱਲ ਹੈ। ਉਨ੍ਹਾ ਫੌਜ ਦੇ ਬਿਆਨ ਨੂੰ ਜ਼ਖਮਾਂ ਉਤੇ ਲੂਣ ਛਿੜਕਣ ਵਾਲਾ ਦੱਸਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ ਲਈ ਮਰ-ਮਿਟਣ ਦਾ ਜਜ਼ਬਾ ਲੈ ਕੇ ਡਿਊਟੀ ਉਤੇ ਜਾਣ ਵਾਲਾ ਬਹਾਦਰ ਫੌਜੀ ਕਦੇ ਵੀ ਖੁਦਕੁਸ਼ੀ ਨਹੀਂ ਕਰ ਸਕਦਾ। ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਸ਼ਹੀਦਾਂ ਨਾਲ ਅਜਿਹਾ ਸਲੂਕ ਕੀਤਾ ਜਾਣ ਲੱਗਾ ਤਾਂ ਫਿਰ ਮਾਪੇ ਆਪਣੇ ਬੱਚਿਆਂ ਨੂੰ ਫੌਜ ਵਿੱਚ ਭੇਜਣ ਤੋਂ ਗੁਰੇਜ਼ ਕਰਨ ਲੱਗ ਪੈਣਗੇ।

ਅਗਨੀਵੀਰ ਯੋਜਨਾ ਦੀ ਸਖਤ ਮੁਖਾਲਫਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਯੋਜਨਾ ਸਰਾਸਰ ਬਹਾਦਰ ਫੌਜੀ ਜਵਾਨਾਂ ਦੇ ਯੋਗਦਾਨ ਨੂੰ ਅਪਮਾਨਿਤ ਕਰਨ ਵਾਲੀ ਹੈ ਅਤੇ ਕੇਂਦਰ ਸਰਕਾਰ ਨੂੰ ਇਸ ਯੋਜਨਾ ਉਤੇ ਮੁੜ ਵਿਚਾਰ ਕਰਨਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਅਗਨੀਵੀਰ ਯੋਜਨਾ ਹੇਠ ਭਰਤੀ ਕੀਤੇ ਫੌਜੀ ਸੈਨਿਕਾਂ ਨੂੰ ਰੈਗੂਲਰ ਫੌਜ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਦੇਸ਼ ਦੇ ਸ਼ਹੀਦਾਂ ਪ੍ਰਤੀ ਕੇਂਦਰ ਭਾਵੇਂ ਕੋਈ ਵੀ ਨੀਤੀ ਅਪਣਾਵੇ, ਪਰ ਸਾਡੀ ਸਰਕਾਰ ਪੰਜਾਬ ਦੇ ਅਜਿਹੇ ਸੂਰਬੀਰ ਪੁੱਤਰਾਂ ਦੇ ਪਰਵਾਰਾਂ ਦਾ ਸਨਮਾਨ ਕਰਨ ਲਈ ਵਚਨਬੱਧ ਹੈ।

● ਬਾਕੀ ਸਫ਼ਾ 2 'ਤੇ

## ਅਗਰਸੈਨ ਜੈਅੰਤੀ 'ਤੇ ਆਰਗੈਨਿਕ ਜੂਸ ਦਾ ਲੰਗਰ




**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਵਧਾਵਾ ਮੱਲ ਮਿਉਂਸਪਲ ਪਾਰਕ ਵਿਖੇ ਸਵੇਰੇ ਲੱਗਦੀ ਯੋਗਾ ਕਲਾਸ ਦੌਰਾਨ ਵੈਦ ਕੁਲਦੀਪ ਸਿੰਘ ਨੇ ਮਹਾਰਾਜਾ ਅਗਰਸੈਨ ਜੈਅੰਤੀ ਮੌਕੇ ਆਪਣੇ ਘਰ ਬੇਟਾ ਪੈਦਾ ਹੋਣ ਦੀ ਖ਼ੁਸ਼ੀ ਵਿੱਚ ਆਰਗੈਨਿਕ ਜੂਸ ਦਾ ਲੰਗਰ ਲਾਇਆ ਗਿਆ। ਇਸ ਮੌਕੇ ਉਨ੍ਹਾ ਕਿਹਾ ਕਿ ਇਸ ਆਰਗੈਨਿਕ ਜੂਸ ਦੇ ਸੇਵਨ ਨਾਲ ਜਿੱਥੇ ਸਰੀਰਕ ਤੰਦਰੁਸਤੀ ਰਹਿੰਦੀ ਹੈ, ਉੱਥੇ ਬਿਮਾਰੀਆਂ ਲਈ ਵੀ ਇਹ ਜੂਸ ਲਾਹੇਵੰਦ ਸਾਬਿਤ ਹੁੰਦਾ ਹੈ। ਇਸ ਮੌਕੇ ਯੋਗਾ ਗੁਰੂ ਡਾ. ਪ੍ਰਗਟ ਸਿੰਘ ਚਹਿਲ ਨੇ ਕਿਹਾ ਕਿ ਵੈਦ ਕੁਲਦੀਪ ਸਿੰਘ ਨੇ ਆਰਗੈਨਿਕ ਜੂਸ ਦਾ ਲੰਗਰ ਲਾ ਕੇ ਪਹਿਲ ਕੀਤੀ ਹੈ, ਉਹ ਸ਼ਲਾਘਾਯੋਗ ਹੈ। ਇਸ ਮੌਕੇ ਯੋਗ ਅਚਾਰੀਆ ਕਮਲ ਬਰੇਟਾ ਨੇ ਕਿਹਾ ਕਿ ਯੋਗ ਦੇ ਨਾਲ ਨਾਲ ਸਵੇਰ ਸਮੇਂ ਆਰਗੈਨਿਕ ਜੂਸ ਦੀ ਵਰਤੋਂ ਸਰੀਰ ਲਈ ਲਾਭਦਾਇਕ ਹੈ। ਇਸ ਮੌਕੇ ਸੱਤਪਾਲ ਸਾਮਰੀਆ, ਡਾ. ਗੁਰਤੇਜ ਸਿੰਘ, ਭੋਲਾ ਰਾਮ ਮੱਤੀ ਵਾਲੇ, ਇੰਦਰਜੀਤ ਮੱਕੜ, ਮਨਜੀਤ ਪੇਂਟਰ, ਬਿੱਟੂ ਰਾਮ, ਗੁਰਜੀਤ ਸਿੰਘ ਬਬਰੇ ਕਾ, ਸੁਰੇਸ਼ ਸਿੰਗਲਾ, ਨਰਿੰਦਰ ਰੱਤੀ ਤੇ ਭਰਪੂਰ ਸਿੰਘ ਮੰਨਣ ਹਾਜ਼ਰ ਸਨ।

## ਮਹਿੰਦਰ ਪਾਲ ਦਾ ਹਾਇਕ ਸੰਗ੍ਰਹਿ 'ਗੁੱਝੀਆਂ ਪੈੜਾਂ' ਲੋਕ ਅਰਪਣ



**ਬਰੇਟਾ (ਗੀਤਵਾਲ)**-ਇਥੋਂ ਦੇ ਸਾਹਿਤਕਾਰ ਤੇ ਅਧਿਆਪਕ ਮਹਿੰਦਰ ਪਾਲ ਬਰੇਟਾ ਦਾ ਹਾਇਕੁ ਸੰਗ੍ਰਹਿ 'ਗੁੱਝੀਆਂ ਪੈੜਾਂ' ਅੰਤਰਰਾਜੀ ਮਿੰਨੀ ਕਹਾਣੀ ਸਮਾਗਮ ਅੰਮ੍ਰਿਤਸਰ ਵਿਖੇ ਲੋਕ ਅਰਪਣ ਕੀਤਾ ਗਿਆ। ਲੋਕ ਅਰਪਣ ਕਰਮ ਦੀ ਰਸਮ ਖੇਤੀ ਵਿਗਿਆਨੀ ਡਾ. ਰਾਜਬੀਰ ਸਿੰਘ, ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਸੀਨੀਅਰ ਮੀਤ ਪ੍ਰਧਾਨ ਡਾ. ਸ਼ਿਆਮ ਸੁੰਦਰ ਦੀਪਤੀ, ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਦੇ ਸਕੱਤਰ ਜਗਦੀਸ਼ ਰਾਏ ਕੁਲਰੀਆਂ, ਸਾਹਿਤ ਤੇ ਕਲਾ ਮੰਚ ਬਰੇਟਾ ਦੇ ਪ੍ਰਿੰਸੀਪਲ ਦਰਸ਼ਨ ਸਿੰਘ ਬਰੇਟਾ, ਪ੍ਰਗਤੀਸ਼ੀਲ ਲੇਖਕ ਸੰਘ ਸੰਗਰੂਰ ਦੇ ਪ੍ਰਧਾਨ ਬੀਰ ਇੰਦਰ ਬਨਭੌਰੀ, ਮਿੰਨੀ ਕਹਾਣੀ ਲੇਖਕ ਮੰਚ ਦੇ ਕੁਲਵਿੰਦਰ ਕੌਸ਼ਲ, ਡਾ. ਭਵਾਨੀ ਸ਼ੰਕਰ ਗਰਗ ਤੇ ਹੋਰਨਾਂ ਨੇ ਅਦਾ ਕੀਤੀ। ਇਸ ਮੌਕੇ ਜਗਦੀਸ਼ ਰਾਏ ਕੁਲਰੀਆਂ ਨੇ ਕਿਹਾ ਕਿ ਮਹਿੰਦਰ ਪਾਲ ਨੇ ਹਾਇਕੁ ਸਮੇਂ ਦੀਆਂ ਵਿਸੰਗਤੀਆਂ ਨੂੰ ਸਾਹਮਣੇ ਲਿਆਉਂਦੇ ਹੋਏ ਮਨੁੱਖੀ ਭਾਵਾਂ ਦਾ ਪ੍ਰਗਟਾਵਾ ਕੀਤਾ ਹੈ। ਵੱਖ ਵੱਖ ਬੁਲਾਰਿਆਂ ਨੇ ਮਹਿੰਦਰ ਪਾਲ ਬਰੇਟਾ ਨੂੰ ਇਹ ਪੁਸਤਕ ਪ੍ਰਕਾਸ਼ਿਤ ਹੋਣ 'ਤੇ ਵਧਾਈ ਦਿੱਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਨਾਇਬ ਸਿੰਘ ਮੰਡੇਰ, ਡਾ. ਪ੍ਰਦੀਪ ਕੌੜਾ, ਪਰਮਜੀਤ ਕੌਰ, ਸੋਮਾ ਕਲਸੀਆਂ, ਗੁਰਪ੍ਰੀਤ ਕੌਰ, ਸੰਦੀਪ ਕੌਰ ਤੇ ਰਾਜਿੰਦਰ ਰਾਣੀ ਹਾਜ਼ਰ ਸਨ।

## ਮੱਖਣ ਸਿੰਘ ਰਸੂਲਪੁਰ ਜੰਡੀ ਨੂੰ ਬੀ ਕੇ ਯੂ ਡਕੌਂਦਾ ਦਾ ਪ੍ਰਧਾਨ ਚੁਣਿਆ



**ਜਗਰਾਉਂ (ਨਛੱਤਰ ਸੰਧੂ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ ਬਲਾਕ ਸਿੱਧਵਾਂ ਬੇਟ ਦੇ ਪਿੰਡ ਰਸੂਲਪੁਰ ਜੰਡੀ ਦੀ ਮੀਟਿੰਗ ਪ੍ਰਧਾਨ ਮੱਖਣ ਸਿੰਘ ਦੀ ਅਗਵਾਈ ਹੇਠ ਹੋਈ। ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਕਮਾਲਪੁਰਾ ਜ਼ਿਲ੍ਹਾ ਸਕੱਤਰ ਬਚਿੱਤਰ ਸਿੰਘ ਜਨੇਤਪੁਰਾ ਬਲਾਕ ਪ੍ਰਧਾਨ ਜੰਗੀਰ ਸਿੰਘ ਲੀਹਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦੀ ਝੋਨੇ ਦੀ ਫ਼ਸਲ ਦੀ ਖਰੀਦ ਨਿਰਵਿਘਨ ਕੀਤੀ ਜਾਵੇ। ਕਣਕ, ਆਲੂ, ਸਰ੍ਹੋਂ ਤੇ ਹੋਰ ਫ਼ਸਲਾਂ ਦੀ ਬਿਜਾਈ ਲਈ ਅੱਠ ਘੰਟੇ ਮੋਟਰਾਂ ਦੀ ਲਾਈਟ ਨਿਰਵਿਘਨ ਸਪਲਾਈ ਦਿੱਤੀ ਜਾਵੇ। ਸਹਿਕਾਰੀ ਸਭਾਵਾ ਨੂੰ ਖਾਦ ਯੂਰੀਆ ਖਾਦ ਦੀ ਘਾਟ ਪੂਰੀ ਕੀਤੀ ਜਾਵੇ ਤਾਂ ਜੁ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਸਮੇਂ ਕੀਤੀ ਜਾਵੇ। ਇਸ ਸਮੇਂ ਬਲਾਕ ਪ੍ਰਧਾਨ ਹਰਜੀਤ ਸਿੰਘ ਜੌਹਲ ਤੇ ਤੇਜਿੰਦਰ ਸਿੰਘ ਲੀਹਾਂ ਨੇ ਨਵੀਂ ਚੁਣੀ ਕਮੇਟੀ ਨੂੰ ਵਧਾਈ ਦਿੱਤੀ। ਸਰਬਸੰਮਤੀ ਨਾਲ ਮੱਖਣ ਸਿੰਘ ਪ੍ਰਧਾਨ ਚੁਣੇ ਗਏ। ਤਰਸੇਮ ਸਿੰਘ ਸੀਨੀਅਰ ਮੀਤ ਪ੍ਰਧਾਨ, ਜਗਦੀਪ ਸਿੰਘ ਮੀਤ ਪ੍ਰਧਾਨ, ਸੁਖਵਿੰਦਰ ਸਿੰਘ ਜਨਰਲ ਸਕੱਤਰ, ਮਨਜੀਤ ਸਿੰਘ ਸਹਾਇਕ ਸਕੱਤਰ, ਨਰਿੰਦਰਪਾਲ, ਗੁਰਚਰਨ ਸਿੰਘ ਪ੍ਰੈੱਸ ਸਕੱਤਰ, ਮਨਜਿੰਦਰ ਸਿੰਘ ਖ਼ਜ਼ਾਨਚੀ, ਜਗਤਾਰ ਸਿੰਘ ਮੀਤ ਖਜ਼ਾਨਚੀ ਚੁਣੇ ਗਏ। ਮੈਂਬਰ ਸੁਖਦੇਵ ਸਿੰਘ, ਅਵਤਾਰ ਸਿੰਘ, ਉੱਤਮ ਸਿੰਘ, ਡਾ. ਸੁਖਵਿੰਦਰ ਸਿੰਘ, ਬੇਅੰਤ ਸਿੰਘ, ਮੇਜਰ ਸਿੰਘ, ਮਨਪ੍ਰੀਤ ਸਿੰਘ, ਦਲਜੀਤ ਸਿੰਘ, ਗੁਰਲਗਨ ਸਿੰਘ, ਬਲਵੀਰ ਸਿੰਘ, ਮਨਪ੍ਰੀਤ ਸਿੰਘ, ਲਵਪ੍ਰੀਤ ਸਿੰਘ ਤੇ ਚਰਨ ਸਿੰਘ ਚੁਣੇ ਗਏ।

## ਬਾਬਾ ਫ਼ਰੀਦ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਸਮੱਗਰਾ ਸਿੱਖਿਆ ਅਭਿਆਨ ਵੱਲੋਂ ਜ਼ੋਨ ਲੈਵਲ ਦੇ ਕਲਾ ਉਤਸਵ ਮੁਕਾਬਲੇ ਸ੍ਰੀ ਮੁਕਤਸਰ ਸਾਹਿਬ ਵਿੱਚ ਕਰਾਏ ਗਏ, ਜਿਸ ਵਿੱਚ ਲਗਭਗ ਛੇ ਜ਼ਿਲ੍ਹਿਆਂ ਦੇ ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਵਿੱਚ ਬਾਬਾ ਫ਼ਰੀਦ ਸਕੂਲ ਦੇ ਦੋ ਵਿਦਿਆਰਥੀ ਗੁਰਸ਼ਾਨ ਸਿੰਘ ਬਾਰ੍ਹਵੀਂ ਨੇ ਪੇਂਟਿੰਗ ਮੁਕਾਬਲੇ ਵਿੱਚ ਪਹਿਲਾ ਸਥਾਨ ਤੇ ਸਰਮਨਦੀਪ ਸਿੰਘ ਨੌਂਵੀਂ ਜਮਾਤ ਨੇ ਕਲੇ ਮਾਡਲਿੰਗ ਵਿੱਚ ਤੀਜਾ ਸਥਾਨ ਹਾਸਲ ਕੀਤਾ। ਇਨ੍ਹਾਂ ਵਿਦਿਆਰਥੀਆਂ ਨੂੰ ਟਰਾਫ਼ੀ ਤੇ ਸਰਟੀਫਿਕੇਟ ਨਾਲ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਸ੍ਰੀਮਤੀ ਕੁਲਦੀਪ ਕੌਰ ਨੇ ਦੱਸਿਆ ਕਿ ਪਹਿਲਾਂ ਇਨ੍ਹਾਂ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਮੁਕਾਬਲੇ ਵਿੱਚ ਪਹਿਲਾ-ਪਹਿਲਾ ਸਥਾਨ ਹਾਸਲ ਕੀਤਾ ਸੀ। ਪਹਿਲੇ ਸਥਾਨ ਵਾਲੇ ਵਿਦਿਆਰਥੀ ਹੀ ਜੋਨ ਲੈਵਲ ਮੁਕਾਬਲੇ ਵਿੱਚ ਭਾਗ ਲੈ ਸਕਦੇ ਸਨ। ਉਨ੍ਹਾਂ ਨੇ ਮਾਣ ਮਹਿਸੂਸ ਕਰਦੇ ਹੋਏ ਕਿਹਾ ਕਿ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਨੇ ਆਪਣੀ ਕਲਾ ਰਾਹੀਂ ਅਦਾਰੇ ਅਤੇ ਆਪਣੇ ਮਾਪਿਆਂ ਤੇ ਅਧਿਆਪਕਾਂ ਦਾ ਨਾਂਅ ਰੌਸ਼ਨ ਕੀਤਾ ਹੈ।

## ਖ਼ੂਨਦਾਨ ਕਰਨ ਨਾਲ ਅਸੀਂ ਬਹੁਤ ਸਾਰੀਆਂ ਜ਼ਿੰਦਗੀਆਂ ਨੂੰ ਬਚਾ ਸਕਦੇ ਹਾਂ : ਸੰਧਵਾਂ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਕੋਟਕਪੂਰਾ ਵਿਖੇ ਨਿਰੋਗ ਬਾਲ ਆਸ਼ਰਮ ਵੱਲੋਂ ਆਯੋਜਤ ਖ਼ੂਨਦਾਨ ਕੈਂਪ ਵਿੱਚ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਪੀਕਰ ਸੰਧਵਾਂ ਨੇ ਕਿਹਾ ਕਿ ਖ਼ੂਨਦਾਨ ਇੱਕ ਬਹੁਤ ਹੀ ਵੱਡਾ ਦਾਨ ਹੈ, ਜਿਸ ਨਾਲ ਅਸੀਂ ਬਹੁਤ ਸਾਰੀਆਂ ਜ਼ਿੰਦਗੀਆਂ ਨੂੰ ਬਚਾ ਸਕਦੇ ਹਾਂ ਤੇ ਸਾਨੂੰ ਖ਼ੂਨਦਾਨ ਕਰਨ ਦੇ ਲਈ ਵੱਧ ਤੋਂ ਵੱਧ ਲੋਕਾਂ ਨੂੰ ਪ੍ਰੇਰਿਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਖ਼ੂਨ ਦੀ ਇੱਕ-ਇੱਕ ਬੂੰਦ ਕੀਮਤੀ ਹੈ, ਜੋ ਕਿਸੇ ਵੀ ਮਰਦੇ ਹੋਏ ਵਿਅਕਤੀ ਨੂੰ ਜੀਵਨ ਦਾਨ ਦੇ ਸਕਦੀ ਹੈ। ਉਨ੍ਹਾਂ ਕਿਹਾ ਕਿ ਸਾਡਾ ਜੀਵਨ ਮਾਨਵਤਾ ਦੀ ਸੇਵਾ ਨੂੰ ਸਮਰਪਤ ਹੋਣਾ ਚਾਹੀਦਾ ਹੈ ਤੇ ਖ਼ੂਨਦਾਨ ਕਰਕੇ ਮਾਨਵਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ ਜਾ ਸਕਦਾ ਹੈ। ਉਨ੍ਹਾਂ ਨਿਰੋਗ ਬਾਲ ਆਸ਼ਰਮ ਦੇ ਪ੍ਰਬੰਧਕਾਂ ਵੱਲੋਂ ਲਗਾਏ ਖ਼ੂਨਦਾਨ ਕੈਂਪ ਦੀ ਸ਼ਲਾਘਾ ਕਰਦੇ ਕਿਹਾ ਕਿ ਅਜਿਹੇ ਕੈਂਪ ਲਾਉਣਾ ਬਹੁਤ ਹੀ ਵਧੀਆ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਹੋਰਾਂ ਨੂੰ ਵੀ ਅਜਿਹੇ ਉਪਰਾਲੇ ਕਰਨੇ ਚਾਹੀਦੇ ਹਨ ਤਾਂ ਜੁ ਲੋੜਵੰਦਾਂ ਦੀ ਜਾਨ ਬਚਾਈ ਜਾ ਸਕੇ। ਇਸ ਮੌਕੇ ਮਨਪ੍ਰੀਤ ਸਿੰਘ ਧਾਲੀਵਾਲ ਤੋਂ ਇਲਾਵਾ ਨਿਰੋਗ ਬਾਲ ਆਸ਼ਰਮ ਦੇ ਪ੍ਰਬੰਧਕ ਹਾਜ਼ਰ ਸਨ।

## ਸੈਂਟੀਨਲ ਸਕੂਲ ਨੇ ਮਾਨਸਿਕ ਤੰਦਰੁਸਤੀ ਵਿਸ਼ੇ 'ਤੇ ਸੈਮੀਨਾਰ ਕਰਾਇਆ



ਸਮਰਾਲਾ (ਸੁਰਜੀਤ ਸਿੰਘ) ਵਿਸ਼ਵ ਮਾਨਸਿਕ ਸਿਹਤ ਦਿਵਸ ਦੇ ਮੌਕੇ ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਵੱਲੋਂ ਮਿਡਲ ਤੇ ਸੀਨੀਅਰ ਵਰਗ ਲਈ ਮਾਨਸਿਕ ਤੰਦਰੁਸਤੀ ਵਿਸ਼ੇ 'ਤੇ ਇੱਕ ਸੈਸ਼ਨ ਕਰਾਇਆ ਗਿਆ, ਜਿਸ ਵਿੱਚ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਅੱਜ-ਕੱਲ੍ਹ ਲੋਕਾਂ ਦੀਆਂ ਵਧਦੀਆਂ ਇਛਾਵਾਂ ਤਣਾਅ, ਚਿੰਤਾ, ਉਦਾਸੀ, ਟੁੱਟੇ ਰਿਸ਼ਤੇ, ਨਸ਼ੇ, ਜਨੂੰਨ, ਮਨੋਦਸ਼ਾ ਵਿਕਾਰ, ਖ਼ੁਦਕੁਸ਼ੀਆਂ, ਕੰਮਕਾਜੀ ਜੀਵਨ ਵਿੱਚ ਅਸੰਤੁਲਨ ਆਦਿ ਮਾਨਸਿਕ ਵਿਗਾੜਾਂ ਵਿੱਚ ਵਾਧਾ ਕਰ ਰਹੀਆਂ ਹਨ ਤੇ ਵਿਦਿਆਰਥੀ ਜੀਵਨ ਵਿੱਚ ਵੀ ਅਜਿਹਾ ਹੀ ਵਾਪਰ ਰਿਹਾ ਹੈ। ਸੱਚਾਈ ਇਹ ਹੈ ਕਿ ਵਿਦਿਆਰਥੀ ਜਦੋਂ ਸਕੂਲ ਆਉਂਦੇ ਹਨ ਤਾਂ ਆਪਣੀ ਮਾਨਸਿਕ ਸਿਹਤ ਨੂੰ ਮੂਹਰਲੇ ਦਰਵਾਜ਼ੇ 'ਤੇ ਨਹੀਂ ਛੱਡਦੇ। ਤੰਦਰੁਸਤੀ ਤੋਂ ਲੈ ਕੇ ਗੰਭੀਰ ਬਿਮਾਰੀ ਤੱਕ, ਇੱਕ ਵਿਦਿਆਰਥੀ ਦੀ ਮਾਨਸਿਕ ਸਿਹਤ ਸਥਿਤੀ ਇਸ ਗੱਲ ਲਈ ਅਟੁੱਟ ਹੁੰਦੀ ਹੈ ਕਿ ਉਹ ਕਿਵੇਂ ਸੋਚਦੇ, ਮਹਿਸੂਸ ਕਰਦੇ, ਗੱਲਬਾਤ ਕਰਦੇ, ਵਿਹਾਰ ਕਰਦੇ ਅਤੇ ਸਿੱਖਦੇ ਹਨ। ਕਈ ਖੋਜਾਂ ਤੇ ਸਰਵੇਖਣਾਂ ਦੇ ਅਨੁਸਾਰ ਇਹ ਵਿਸ਼ਲੇਸ਼ਣ ਕੀਤਾ ਗਿਆ ਹੈ ਕਿ ਸਕੂਲੀ ਵਿਦਿਆਰਥੀਆਂ ਵਿੱਚ ਪ੍ਰੀਖਿਆ ਦੀ ਚਿੰਤਾ, ਔਟਿਜ਼ਮ, ਡਿਸਲੈਕਸੀਆ, ਡਿਸਗ੍ਰਾਫੀਆ, ਸਾਥੀਆਂ ਦਾ ਦਬਾਅ, ਪ੍ਰਦਰਸ਼ਨ ਦਾ ਦਬਾਅ, ਧੀਰਜ ਦੀ ਕਮੀ, ਕਰੀਅਰ ਦੀਆਂ ਉਲਝਣਾਂ, ਸੋਸ਼ਲ ਮੀਡੀਆ ਦੇ ਪ੍ਰਭਾਵ, ਮੂਡ ਵਿਕਾਰ, ਵਿਹਾਰ ਵਿਕਾਰ, ਨਸ਼ੇ, ਖਾਣ-ਪੀਣ ਦੇ ਵਿਕਾਰ ਅਤੇ ਸਮਾਜਿਕ ਸਟਿਗਮਾ ਵਰਗੇ ਆਮ ਮਾਨਸਿਕ ਵਿਕਾਰ ਹਨ। ਵਿਦਿਆਰਥੀਆਂ ਦੀ ਮਾਨਸਿਕ ਸਿਹਤ ਪ੍ਰਤੀ ਸੰਵੇਦਨਸ਼ੀਲ ਹੁੰਦੇ ਹੋਏ ਸਕੂਲਾਂ ਨੂੰ ਵਿਦਿਆਰਥੀਆਂ ਦੀ ਮਾਨਸਿਕ ਸਿਹਤ 'ਤੇ ਕੰਮ ਕਰਨਾ ਚਾਹੀਦਾ ਹੈ ਤਾਂ ਜੁ 21ਵੀਂ ਸਦੀ ਦੀ ਪੀੜ੍ਹੀ ਸਥਿਰ, ਸੰਤੁਲਤ, ਆਤਮ-ਵਿਸ਼ਵਾਸੀ, ਸਵੈ-ਨਿਰਭਰ, ਸੁਚੇਤ ਤੇ ਆਪਣੇ ਜੀਵਨ ਦੇ ਉਦੇਸ਼ਾਂ ਨੂੰ ਪ੍ਰਾਪਤ ਕਰਨ ਲਈ ਜਾਗਰੂਕ ਹੋਵੇ। ਪ੍ਰਿੰਸੀਪਲ ਡਾ. ਪੂਨਮ ਸਰਮਾ ਨੇ ਸਥਿਤੀ ਦੀ ਗੰਭੀਰਤਾ ਨੂੰ ਉਜਾਗਰ ਕੀਤਾ ਤੇ ਕਿਹਾ, 'ਸਾਨੂੰ ਇਸ ਸਾਂਝੇ ਦੁਸ਼ਮਣ ਵਿਰੁੱਧ ਇਕਜੁੱਟ ਹੋਣਾ ਚਾਹੀਦਾ ਹੈ, ਜੋ ਮਾਨਸਿਕ ਸਿਹਤ ਬਾਰੇ ਵਿਆਪਕ ਅਗਿਆਨਤਾ ਹੈ। ਅੱਜ ਦੇ ਸੰਸਾਰ ਵਿੱਚ ਇਹ ਜ਼ਰੂਰੀ ਹੈ ਕਿ ਅਸੀਂ ਮਾਨਸਿਕ ਸਿਹਤ ਤੇ ਤੰਦਰੁਸਤੀ ਨੂੰ ਤਰਜੀਹ ਦੇਈਏ।

## ਤਰਕਸ਼ੀਲਾਂ ਵੱਲੋਂ ਜ਼ੋਨ ਸੰਗਰੂਰ-ਬਰਨਾਲਾ ਦਾ ਚੇਤਨਾ ਪਰਖ ਪ੍ਰੀਖਿਆ ਦਾ ਨਤੀਜਾ ਜਾਰੀ

**ਸੰਗਰੂਰ (ਪ੍ਰਵੀਨ ਸਿੰਘ)**-ਵਿਦਿਆਰਥੀਆਂ ਵਿੱਚ ਵਿਗਿਆਨਕ ਚੇਤਨਾ ਵਿਕਸਤ ਕਰਨ ਦੇ ਮਕਸਦ ਨੂੰ ਲੈ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਕਰਾਈ ਗਈ ਪੰਜਵੀਂ ਸੂਬਾਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਦੇ ਜ਼ੋਨ ਸੰਗਰੂਰ-ਬਰਨਾਲਾ ਦੇ ਨਤੀਜੇ ਦੀ ਜਾਣਕਾਰੀ ਦਿੰਦਿਆਂ ਜ਼ੋਨ ਦੇ ਆਗੂਆਂ ਮਾਸਟਰ ਪਰਮਵੇਦ, ਸੀਤਾ ਰਾਮ, ਸੋਹਣ ਸਿੰਘ ਮਾਝੀ, ਨਾਇਬ ਸਿੰਘ ਤੇ ਰਜਿੰਦਰ ਰਾਜੂ ਨੇ ਦੱਸਿਆ ਕਿ ਮਿਡਲ ਤੇ ਸੈਕੰਡਰੀ ਦੇ ਦੋ ਗਰੁੱਪਾਂ ਵਿਚ ਹੋਈ, ਇਸ ਪ੍ਰੀਖਿਆ ਵਿੱਚ ਪੂਰੇ ਜ਼ੋਨ ਵਿੱਚ 6600 ਵਿਦਿਆਰਥੀ ਰਜਿਸਟਰਡ ਹੋਏ ਸਨ। ਜ਼ੋਨ ਨਤੀਜੇ ਬਾਰੇ ਕਿਹਾ ਕਿ ਅੱਠ ਇਕਾਈਆਂ 'ਤੇ ਆਧਾਰਤ ਇਸ ਜ਼ੋਨ ਦੇ ਛੇਵੀਂ ਤੋਂ ਬਾਰ੍ਹਵੀਂ ਤੱਕ ਹਰੇਕ ਜਮਾਤ ਵਿੱਚੋਂ ਪਹਿਲੇ ਦੋ ਸਥਾਨਾਂ 'ਤੇ ਰਹੇ ਬੱਚਿਆਂ 'ਚ ਛੇਵੀਂ ਜਮਾਤ ਜਾਗ੍ਰਿਤੀ ਰਾਣੀ ਸੁਨਾਮ (82), ਗੁਰਨੂਰ ਭਦੌੜ (81), ਸੱਤਵੀਂ ਜਮਾਤ ਸੁਹਾਨਾ ਭਦੌੜ (80), ਸੁਖਜੀਤ ਕੌਰ ਸੁਨਾਮ (79), ਅੱਠਵੀਂ ਜਮਾਤ ਮੁਸਕਾਨ ਮਹਿਲਾਂ ਸੰਗਰੂਰ (89), ਗਗਨਦੀਪ ਸੰਗਰੂਰ (87), ਨੌਵੀਂ ਜਮਾਤ ਲਕਸ਼ਦੀਪ ਕੌਰ ਸੁਨਾਮ (93), ਦੀਪਕਪਾਲ ਸਿੰਘ ਦਿੜ੍ਹਬਾ (85), ਦਸਵੀਂ ਜਮਾਤ ਹਰਮਨ ਸਿੰਘ ਚੱਠਾ ਨਨਹੇੜਾ ਦਿੜ੍ਹਬਾ (94), ਮਹਿਕ ਦਿੜ੍ਹਬਾ 90, ਨਵਜੀਤ ਕੌਰ ਧੂਰੀ (90), ਗਿਆਰ੍ਹਵੀਂ ਜਮਾਤ ਚਿਰਾਗ ਸਿੰਗਲਾ ਸੰਗਰੂਰ (89), ਹੁਸਨਪ੍ਰੀਤ ਕੌਰ ਦਿੜ੍ਹਬਾ (88), ਬਾਰ੍ਹਵੀਂ ਜਮਾਤ ਸੰਦੀਪ ਕੌਰ ਗੁਜਰਾਂ ਦਿੜ੍ਹਬਾ (93) ਤੇ ਗੁਰਪ੍ਰੀਤ ਕੌਰ ਲੌਂਗੋਵਾਲ (92) ਹਾਸਲ ਕੀਤੇ। ਮਾਸਟਰ ਪਰਮਵੇਦ ਨੇ ਦੱਸਿਆ ਕਿ ਇਸ ਜ਼ੋਨ ਦੇ ਦੋ ਵਿਦਿਆਰਥੀ ਮਨਪ੍ਰੀਤ ਕੌਰ ਸੱਤਵੀਂ ਜਮਾਤ ਦਿੜ੍ਹਬਾ (90) ਤੇ ਮਾਇਆ ਕੌਰ ਗਿਆਰ੍ਹਵੀਂ ਜਮਾਤ ਸੁਨਾਮ (94) ਸੂਬੇ ਵਿੱਚੋਂ ਵੀ ਪਹਿਲੇ ਸਥਾਨ 'ਤੇ ਰਹੇ ਹਨ ਤੇ ਦੋ ਵਿਦਿਆਰਥੀ ਮਨਪ੍ਰੀਤ ਸਿੰਘ ਗਾਗਾ ਨੌਵੀਂ ਜਮਾਤ (96), ਮਨਵੀਰ ਕੌਰ ਸਰਾਂ ਭਦੌੜ ਗਿਆਰ੍ਹਵੀਂ ਜਮਾਤ (93) ਅੰਕ ਲਏ ਕੇ ਸੂਬੇ ਵਿੱਚ ਦੂਜੇ ਸਥਾਨ 'ਤੇ ਰਹੇ ਹਨ। ਤਰਕਸ਼ੀਲ ਆਗੂਆਂ ਨੇ ਦੱਸਿਆ ਕਿ ਜ਼ੋਨ ਵਿੱਚ ਹਰ ਜਮਾਤ 'ਚੋਂ ਮੈਰਿਟ ਵਿੱਚ ਪਹਿਲੇ ਦੋ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਸਨਮਾਨ ਸਮਾਗਮ ਵਿੱਚ ਤਰਕਸ਼ੀਲ ਕਿਤਾਬਾਂ, ਯਾਦਗਾਰੀ ਚਿੰਨ੍ਹ ਤੇ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਜਾਵੇਗਾ।

# ਪੰਜਾਬ ਸਰਕਾਰ ਦੇ ਨਾਂਅ ਐੱਸ ਡੀ ਐੱਮ ਨੂੰ ਮੰਗ ਪੱਤਰ ਦਿੱਤਾ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**
ਪੰਜਾਬ ਸਰਕਾਰ ਵੱਲੋਂ ਮਜ਼ਦੂਰਾਂ ਲਈ 8 ਘੰਟੇ ਨਹੀਂ 12 ਘੰਟੇ ਕੰਮ ਕਰਨ ਦੇ ਜਾਰੀ ਕੀਤੇ ਨੋਟੀਫਿਕੇਸ਼ਨ ਰੱਦ ਕਰਾਉਣ ਲਈ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ (ਪੰਜਾਬ) ਦੇ ਸੂਬਾ ਕਮੇਟੀ ਦੇ ਸੱਦੇ ਤਹਿਤ ਪੰਜਾਬ ਭਰ 'ਚ ਐਸ ਡੀ ਐਮ ਰਾਹੀਂ ਪੰਜਾਬ ਸਰਕਾਰ ਦੇ ਨਾਂਅ ਦਿੱਤੇ ਜਾ ਰਹੇ ਮੰਗ ਪੱਤਰ ਦੀ ਲੜੀ ਤਹਿਤ ਐਸ ਡੀ ਐਮ ਨੂੰ ਮੰਗ ਪੱਤਰ ਦਿੱਤਾ ਗਿਆ। ਇਕੱਠੇ ਮਜ਼ਦੂਰਾਂ ਨੂੰ ਸੰਬੋਧਨ ਕਰਦੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ (ਪੰਜਾਬ) ਦੇ ਸੂਬਾ ਸਕੱਤਰ ਲਖਵੀਰ ਸਿੰਘ ਲੌਂਗੋਵਾਲ ਤੇ ਇਲਾਕਾ ਪ੍ਰਧਾਨ ਬੂਟਾ ਸਿੰਘ ਗੁੱਜਰਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 12 ਘੰਟੇ ਵਾਲਾ ਨੋਟੀਫਿਕੇਸ਼ਨ ਮਜ਼ਦੂਰ ਵਿਰੋਧੀ ਹੈ, ਕਿਉਂਕਿ 12 ਤੋਂ 13 ਘੰਟੇ ਕੰਮ ਕਰਕੇ ਮਜ਼ਦੂਰ ਨੂੰ ਪਸ਼ੂਆਂ ਵਾਲੀ ਜ਼ਿੰਦਗੀ ਵੱਲ ਧੱਕ ਕੇ ਦੁਆਰਾ ਪੰਜਾਬ ਦੀ ਧਰਤੀ ਤੇ ਮਨੂੰ ਦੇ ਸਿਧਾਂਤ ਲਾਗੂ ਕਰਨਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰ ਤਾਂ ਪਹਿਲਾਂ ਹੀ ਅੱਤ ਦੀ ਮਹਿੰਗਾਈ ਅੰਦਰ ਜ਼ਿੰਦਗੀ ਬਤੀਤ ਕਰ ਰਿਹਾ ਹੈ।

12 ਘੰਟੇ ਵਾਲਾ ਨੋਟੀਫਿਕੇਸ਼ਨ ਜਾਰੀ ਕਰਕੇ ਪੰਜਾਬ ਸਰਕਾਰ ਮਜ਼ਦੂਰਾਂ ਦਾ ਖ਼ੂਨ ਚੂਸਣਾ ਚਾਹੁੰਦੀ ਹੈ। ਆਗੂਆਂ ਨੇ ਕਿਹਾ ਕਿ 8 ਘੰਟੇ ਕੰਮ ਕਰਨ ਲਈ ਮਜ਼ਦੂਰਾਂ ਵੱਲੋਂ ਦੁਨੀਆ ਭਰ ਵਿੱਚ ਕੁਰਬਾਨੀਆਂ ਦੇ ਕੇ ਪ੍ਰਾਪਤ ਕੀਤਾ ਸੀ, ਜਿਸ ਨੂੰ ਮਜ਼ਦੂਰ ਕਿਸੇ ਵੀ ਕੀਮਤ 'ਤੇ ਪੰਜਾਬ 'ਚ ਅਜਿਹਾ ਕਾਨੂੰਨ ਲਾਗੂ ਨਹੀਂ ਹੋਣ ਦੇਣਗੇ।

## ਹਲਕੇ ਦੇ ਅਹੁਦੇਦਾਰਾਂ ਦੀ ਸੂਚੀ ਐਲਾਨੀ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਦੇ ਸੰਗਠਨ ਸਕੱਤਰ ਰਾਜ ਸਭਾ ਮੈਂਬਰ ਸੰਦੀਪ ਪਾਠਕ ਤੇ ਪੰਜਾਬ ਪ੍ਰਧਾਨ ਪ੍ਰਿੰਸੀਪਲ ਬੁੱਧਰਾਮ ਤੇ ਯੂਥ ਵਿੰਗ ਦੇ ਸੂਬਾ ਪ੍ਰਧਾਨ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਲਾਕ ਧਰਮਕੋਟ ਦੇ ਅਹੁਦੇਦਾਰਾਂ ਦੀ ਲਿਸਟ ਐਲਾਨ ਦਿੱਤੀ ਗਈ ਹੈ, ਜਿਸ ਵਿੱਚ ਪਾਰਟੀ ਨੇ ਮਿਹਨਤੀ ਆਗੂਆਂ ਨੂੰ ਮਾਣ-ਸਨਮਾਨ ਦਿੱਤਾ ਹੈ।

ਹੁਣ ਤੱਕ ਦੀਆਂ ਪੰਜਾਬ ਦੀਆਂ ਰਾਜਨੀਤਕ ਪਾਰਟੀਆਂ ਵਿੱਚ ਆਮ ਆਦਮੀ ਪਾਰਟੀ ਨੇ ਇਹ ਪਹਿਲੀ ਨੀਤੀ ਘੜੀ ਹੈ ਕਿ ਇੱਕ ਹਲਕੇ ਵਿੱਚ ਜਨਵਾਈਜ ਜਿਨ੍ਹਾਂ ਨੂੰ ਬਲਾਕ ਦਾ ਹੀ ਨਾਂਅ ਦਿੱਤਾ ਗਿਆ ਹੈ। 23 ਵਿਅਕਤੀ ਇਸ ਅਹੁਦੇ 'ਤੇ ਆਪਣੀ ਜ਼ਿੰਮੇਵਾਰੀ ਨਿਭਾਉਣਗੇ। ਸੁਖਬੀਰ ਸਿੰਘ ਮੰਦਰ ਨੂੰ ਬਲਾਕ ਪ੍ਰਧਾਨ ਬਣਨ ਤੇ ਸੁਖਬੀਰ ਸਿੰਘ ਮੰਦਰ ਹਰਪ੍ਰੀਤ ਸਿੰਘ ਭੈਣੀ, ਨਵਦੀਪ ਸਿੰਘ, ਪਰਮਜੀਤ ਸਿੰਘ, ਮਨਜਿੰਦਰ ਸਿੰਘ ਜਗਰੂਪ ਸਿੰਘ ਕੌਡੀਵਾਲ, ਗੁਰਜੰਟ ਸਿੰਘ ਰਾਊਵਾਲ ਨੇ ਸਨਮਾਨਤ ਕੀਤਾ। ਇਸੇ ਹੀ ਤਰ੍ਹਾਂ ਪਹਿਲਾਂ ਪ੍ਰਧਾਨ ਰਹਿ ਚੁੱਕੇ ਐਡਵੋਕੇਟ ਗੁਰਪ੍ਰੀਤ ਸਿੰਘ ਕੰਬੋਜ ਨੂੰ ਮੁੜ ਪ੍ਰਧਾਨ ਬਣਾਇਆ ਗਿਆ ਹੈ, ਉਹ ਦੋ-ਦੋ ਵਾਰ ਪ੍ਰਧਾਨ ਬਲਾਕ ਅਤੇ ਸਰਕਲ ਰਹਿ ਚੁੱਕੇ ਹਨ। ਸੁਖਬੀਰ ਸਿੰਘ ਮੰਦਰ ਵੀ ਪਹਿਲਾਂ ਪ੍ਰਧਾਨ ਰਹ ਚੁੱਕੇ ਹਨ, ਮਾਰਕੀਟ ਕਮੇਟੀ ਦੇ ਚੇਅਰਮੈਨ ਅਮਨ ਪੰਡਰੀ ਵੀ ਮੁੜ ਪ੍ਰਧਾਨ ਬਣਾਏ ਗਏ ਹਨ। ਉਨ੍ਹਾਂ ਨੂੰ ਪਾਰਟੀ ਵਿੱਚ ਚੌਥੀ ਵਾਰ ਇਸ ਉੱਤੇ ਸੇਵਾ ਕਰਨ ਦਾ ਮੌਕਾ ਮਿਲਿਆ ਹੈ, ਜਿਨ੍ਹਾਂ ਨੇ ਨਿੱਕੇ ਜਿਹੇ ਪਿੰਡ ਤੋਂ ਉੱਠ ਕੇ ਆਮ ਆਦਮੀ ਪਾਰਟੀ ਦੇ ਵਿੱਚ ਉਹ ਮੁਕਾਮ ਹਾਸਲ ਕੀਤਾ ਹੈ, ਜਿਹੜਾ ਕਿਸੇ ਵਿਰਲ ਰਾਜਨੀਤੀਵਾਨਾਂ ਦੇ ਹਿੱਸੇ ਆਉਂਦਾ ਹੈ। ਉਹ ਮੌਜੂਦਾ ਸਮੇਂ ਮਾਰਕੀਟ ਕਮੇਟੀ ਦੇ ਚੇਅਰਮੈਨ ਵੀ ਹਨ। ਸਾਬਕਾ ਸਰਪੰਚ ਅਜੈਬ ਸਿੰਘ ਲਲਿਹਾਂਦੀ ਨੂੰ ਵੀ ਬਲਾਕ ਪ੍ਰਧਾਨ ਬਣਾਇਆ ਗਿਆ ਹੈ।

ਇਸ ਤੋਂ ਇਲਾਵਾ ਗੁਰਜੀਤ ਸਿੰਘ ਖੱਥੇ, ਪ੍ਰਕਾਸ਼ ਸਿੰਘ ਰਾਜਪੂਤ ਸਤਵੀਰ ਸਿੰਘ ਸੱਤੀ ਪ੍ਰਧਾਨ ਟਰੱਕ ਪਰੇਟਰ ਵੈਲਫੇਅਰ ਸੁਸਾਇਟੀ, ਅਮਰਜੀਤ ਸਿੰਘ ਬਿੱਟੂ ਬੀਜਾਪੁਰ, ਗੁਰਿੰਦਰ ਸਿੰਘ ਗੁੱਗੂ ਦਾਤਾ ਸਾਬਕਾ ਸਰਪੰਚ, ਸਤਵੰਤ ਸਿੰਘ, ਪਰਮਿੰਦਰ ਸਿੰਘ, ਪਰਮਜੀਤ ਸਿੰਘ ਲੋਹਗੜ੍ਹ, ਅਮਰਿੰਦਰ ਸਿੰਘ ਕਾਦਰਵਾਲਾ ਅੰਮ੍ਰਿਤਪਾਲ ਸਿੰਘ ਬਿੱਟੂ ਧਰਮਕੋਟ, ਬਲਦੇਵ ਸਿੰਘ ਸਿੰਘ ਬਲਖੰਡੀ ਜੋ ਪਹਿਲਾਂ ਵੀ ਪ੍ਰਧਾਨ ਹਨ। ਭੁਪੇਸ਼ ਕੁਮਾਰ ਗਰਗ ਫ਼ਤਿਹਗੜ੍ਹ, ਗੁਰਤਾਰ ਸਿੰਘ ਕਮਾਲਕ, ਗੁਰਮੀਤ ਮੁਖੀਜਾ, ਹਰਨੇਕ ਸਿੰਘ, ਇਕਬਾਲ ਸਿੰਘ, ਜਗਜੀਵਨ ਸਿੰਘ ਲੁਹਾਰਾ ਮੁਖਤਿਆਰ ਸਿੰਘ ਬੁੱਗੀਪੁਰਾ ਆਦਿ ਪ੍ਰਧਾਨ ਨਿਯੁਕਤ ਕੀਤੇ ਗਏ ਹਨ, ਜਿਨ੍ਹਾਂ ਨੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦਾ ਸਵਾਗਤ ਕੀਤਾ ਹੈ।

## 'ਪਿਕਟਸ ਅਧੀਨ ਕੰਮ ਕਰਦੇ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ 'ਚ ਮਰਜ਼ ਕੀਤਾ ਜਾਵੇ'

**ਪਸਸਫ ਤੇ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਨੇ ਪੰਜਾਬ ਸਰਕਾਰ ਤੋਂ ਕੀਤੀ ਮੰਗ**

**ਕੋਟਕਪੂਰਾ (ਰਛਪਾਲ ਭੁੱਲਰ)**-ਆਮ ਆਦਮੀ ਪਾਰਟੀ ਨੇ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਪਣੇ ਚੋਣ ਮਨੋਰਥ ਪੱਤਰ ਵਿੱਚ ਵਾਅਦਾ ਕੀਤਾ ਸੀ ਕਿ ਸਰਕਾਰੀ ਸਕੂਲਾਂ ਵਿੱਚ ਪਿਕਟਸ ਸੁਸਾਇਟੀ ਅਧੀਨ ਕੰਮ ਕਰਦੇ ਕੰਪਿਊਟਰ ਅਧਿਆਪਕਾਂ ਨੂੰ ਸਾਰੀਆਂ ਸਹੂਲਤਾਂ ਦੇ ਕੇ ਸਿੱਖਿਆ ਵਿਭਾਗ ਵਿੱਚ ਮਰਜ਼ ਕੀਤਾ ਜਾਵੇਗਾ। ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਹੇਠ ਹੁਕਮਰਾਨ ਪੰਜਾਬ ਸਰਕਾਰ ਦਾ ਲਗਭਗ ਡੇਢ ਸਾਲ ਪੂਰਾ ਹੋ ਜਾਣ ਦੇ ਬਾਵਜੂਦ ਪੰਜਾਬ ਸਰਕਾਰ ਵੱਲੋਂ ਇਹ ਚੋਣ ਵਾਅਦਾ ਪੂਰਾ ਨਾ ਕਰਕੇ ਹੁਣ ਪੰਜਾਬ ਸਰਕਾਰ ਨੂੰ ਇਹ ਚੋਣ ਵਾਅਦਾ ਯਾਦ ਕਰਵਾਉਂਦੇ ਹੋਏ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਤੇ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਸੀਨੀਅਰ ਮੀਤ ਪ੍ਰਧਾਨ ਪ੍ਰਵੀਨ ਕੁਮਾਰ ਲੁਧਿਆਣਾ, ਜਨਰਲ ਸਕੱਤਰ ਗੁਰਪ੍ਰੀਤ ਮਾੜੀਮੇਘਾ, ਵਿੱਤ ਸਕੱਤਰ ਨਵੀਨ ਕੁਮਾਰ ਸਚਦੇਵਾ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ, ਸੂਬਾਈ ਸਲਾਹਕਾਰ ਬਲਕਾਰ ਵਲਟੋਹਾ ਤੇ ਪ੍ਰੇਮ ਚਾਵਲਾ ਨੇ ਦੋਸ਼ ਲਾਇਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਆਪਣੇ 18 ਮਹੀਨੇ ਦੇ ਕਾਰਜ ਕਾਲ ਪੂਰਾ ਹੋਣ ਦੇ ਬਾਵਜੂਦ ਇਹ ਚੋਣ ਵਾਅਦਾ ਅਜੇ ਤੱਕ ਪੂਰਾ ਨਹੀਂ ਕੀਤਾ। ਅਧਿਆਪਕ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪਿਕਟਸ ਅਧੀਨ ਕੰਮ ਕਰਦੇ ਸਮੂਹ ਕੰਪਿਊਟਰ ਅਧਿਆਪਕਾਂ ਨੂੰ ਤੁਰੰਤ ਸਿੱਖਿਆ ਵਿਭਾਗ ਵਿੱਚ ਮਰਜ਼ ਕਰਨ, ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਾਰੀਆਂ ਸਿਫ਼ਾਰਸ਼ਾਂ ਲਾਗੂ ਕਰਨ ਤੇ ਸਾਰੇ ਕੰਪਿਊਟਰ ਅਧਿਆਪਕਾਂ 'ਤੇ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਤੇ ਸਾਰੇ ਨਿਯਮ ਲਾਗੂ ਕਰਕੇ ਛੁੱਟੀਆਂ ਅਤੇ ਹੋਰ ਸਹੂਲਤਾਂ ਦੇ ਸਬੰਧੀ ਤੁਰੰਤ ਲੋੜੀਂਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ ਤਾਂ ਕਿ 16-17 ਸਾਲਾਂ ਤੋਂ ਸਰਕਾਰੀ ਸਕੂਲਾਂ ਵਿੱਚ ਸੇਵਾਵਾਂ ਨਿਭਾਅ ਰਹੇ ਕੰਪਿਊਟਰ ਅਧਿਆਪਕਾਂ ਨੂੰ ਇਨਸਾਫ ਮਿਲ ਸਕੇ।

## ਅੰਗਹੀਣਾਂ ਦੇ ਹੱਕੀ ਮਸਲਿਆਂ ਦੇ ਹੱਲ ਲਈ ਸੰਘਰਸ਼ ਤੇਜ਼ ਕਰਾਂਗੇ : ਗੋਇਲ



**ਮਾਨਸਾ (ਪਮਾਰ)**-ਫਿਜੀਕਲੀ ਹੈਂਡੀਕੈਪਡ ਐਸੋਸੀਏਸ਼ਨ ਵੱਲੋਂ ਉਲੀਕੇ ਗਏ ਪਿੰਡ ਇਕਾਈਆਂ ਬਣਾਉਣ ਦੇ ਪ੍ਰੋਗਰਾਮ ਅਧੀਨ ਪਿੰਡ ਆਹਲੂਪੁਰ ਦੀ ਧਰਮਸ਼ਾਲਾ ਵਿਖੇ ਪਿੰਡ ਇਕਾਈ ਦੀ ਚੋਣ ਕਰਨ ਸਬੰਧੀ ਬਲਾਕ ਪ੍ਰਧਾਨ ਅਸੀਮ ਗੋਇਲ ਦੀ ਅਗਵਾਈ ਵਿੱਚ ਮੀਟਿੰਗ ਹੋਈ। ਇਸ ਦੌਰਾਨ ਮਨੋਜ ਚੋਪੜਾ ਪ੍ਰਧਾਨ, ਉੱਪ ਪ੍ਰਧਾਨ ਸੁਖਜਿੰਦਰ ਸਿੰਘ, ਸਤਨਾਮ ਸਿੰਘ ਸਕੱਤਰ ਤੇ ਗਗਨਦੀਪ ਸਿੰਘ ਪ੍ਰੈੱਸ ਸਕੱਤਰ ਸਰਵਸੰਮਤੀ ਨਾਲ ਚੁਣੇ ਗਏ। ਮੀਟਿੰਗ ਦੌਰਾਨ ਬਲਾਕ ਪ੍ਰਧਾਨ ਅਸੀਮ ਗੋਇਲ ਤੇ ਉਪ ਪ੍ਰਧਾਨ ਨਿੱਕਾ ਦਾਸ ਨੇ ਦੋਸ਼ ਲਾਇਆ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਪ ਸਰਕਾਰ ਉਨ੍ਹਾਂ ਨਾਲ ਕੀਤੇ ਵਾਅਦਿਆਂ 'ਤੇ ਪੂਰਾ ਨਹੀਂ ਉੱਤਰ ਰਹੀ, ਜਿਸ ਕਰਕੇ ਅੰਗਹੀਣਾਂ ਵਿੱਚ ਰੋਸ ਦੀ ਭਾਵਨਾ ਪਰਬਲ ਹੋ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵਿੱਚ ਆਉਣ ਵਾਲੇ ਹਰ ਜ਼ਿਲ੍ਹਾ ਅਧਿਕਾਰੀ ਅੰਗਹੀਣਾਂ ਨੂੰ ਸਹੂਲਤਾਂ ਦੇਣ ਲਈ ਪ੍ਰਣਾਲੀ ਨੂੰ ਆਪਣੇ ਹਿਸਾਬ ਨਾਲ ਤਿਆਰ ਕਰਵਾਉਂਦੇ ਹਨ, ਜੋ ਅੰਗਹੀਣਾਂ ਦੇ ਹੱਕ ਵਿੱਚ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਇੱਕ 50 ਫੀਸਦੀ ਅਪੰਗਤਾ ਵਾਲੇ ਵਿਅਕਤੀ ਦੇ ਆਸ਼ਰਿਤ ਤੇ ਨਿਆਸ਼ਰਿਤ ਨੂੰ ਪੈਨਸ਼ਨ ਲਗਾਈ ਜਾਂਦੀ ਸੀ, ਜੋ ਹੁਣ ਆਏ ਜ਼ਿਲ੍ਹਾ ਅਧਿਕਾਰੀ 80 ਫੀਸਦੀ ਅਪੰਗਤਾ ਵਾਲੇ ਵਿਅਕਤੀ ਨੂੰ ਵੀ ਇਸ ਸਕੀਮ ਦਾ ਲਾਭ ਨਹੀਂ ਦਿੱਤਾ ਜਾ ਰਿਹਾ।

ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਵੱਲੋਂ ਜਲਦੀ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇਸ ਸਬੰਧੀ ਮੰਗ ਪੱਤਰ ਦਿੱਤਾ ਜਾਵੇਗਾ, ਜਿਸ ਵਿੱਚ ਅੰਗਹੀਣਾਂ ਦੇ ਹੱਕ ਮਾਰਨ ਵਾਲੇ ਅਧਿਕਾਰੀਆਂ ਖਿਲਾਫ ਵੀ ਕਾਰਵਾਈ ਦੀ ਮੰਗ ਕੀਤੀ ਜਾਵੇਗੀ। ਉਨ੍ਹਾਂ ਚਿਤਾਵਨੀ ਦਿੱਤੀ ਕਿ ਅੰਗਹੀਣ ਵਰਗ ਦੇ ਭਖਦੇ ਮਸਲਿਆਂ ਨੂੰ ਹੱਲ ਕਰਵਾਉਣ ਲਈ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਗਗਨ ਸਿੰਘ, ਗੁਰਜੰਟ ਸਿੰਘ, ਗਗਨਦੀਪ, ਹਰ ਸਿੰਘ, ਮਨਜੀਤ ਕੌਰ, ਪ੍ਰਕਾਸ਼ ਕੌਰ, ਗੁਰਜੀਤ ਸਿੰਘ, ਸ਼ਿੰਦਾ ਸਿੰਘ, ਮਨਿੰਦਰ ਸਿੰਘ, ਟੇਕ ਚੰਦ ਤੇ ਸਤਿਨਾਮ ਸਿੰਘ ਮੌਜੂਦ ਸਨ।

## ਸੁਰਜੀਤ ਗਾਜੀਪੁਰ 'ਆਪ' ਦੇ ਬਲਾਕ ਪ੍ਰਧਾਨ ਨਿਯੁਕਤ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਬੀਤੇ ਦਿਨੀ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿੱਚ ਨਵੇਂ ਬਲਾਕ ਪ੍ਰਧਾਨ ਤੇ ਸਰਕਲ ਇੰਚਾਰਜਾਂ ਦੀ ਨਿਯੁਕਤੀ ਕੀਤੀ ਗਈ। ਇਸੇ ਤਹਿਤ ਆਮ ਆਦਮੀ ਪਾਰਟੀ ਦੇ ਆਗੂ ਤੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦੇ ਖਾਸਮਖਾਸ ਸੁਰਜੀਤ ਗਾਜੀਪੁਰ ਨੂੰ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ। ਹਲਕਾ ਸਮਾਣਾ ਦੇ ਨਵੇਂ ਨਿਯੁਕਤ ਬਲਾਕ ਪ੍ਰਧਾਨਾਂ ਵਿੱਚ ਸਥਾਨ ਦੇਣ 'ਤੇ ਸਰਜੀਤ ਸਿੰਘ ਗਾਜੀਪੁਰ ਨੇ ਪਾਰਟੀ ਹਾਈਕਮਾਂਡ ਤੇ ਖਾਸ ਤੌਰ 'ਤੇ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਮਿਹਨਤੀ ਤੇ ਪੁਰਾਣੇ ਵਰਕਰਾਂ ਨੂੰ ਪੂਰਾ ਮਾਣ ਸਤਿਕਾਰ ਮਿਲਦਾ ਹੈ। ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਇਹ ਜ਼ਿੰਮੇਵਾਰੀ ਮਿਲਣ ਤੇ ਉਨ੍ਹਾਂ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

## ਡੀ ਐਸ ਪੀ ਨੇ ਦੁਕਾਨਦਾਰਾਂ ਨਾਲ ਕੀਤੀ ਮੀਟਿੰਗ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਦੁਸਹਿਰਾ, ਦੀਵਾਲੀ ਆਦਿ ਤਿਉਹਾਰਾਂ ਦੇ ਮੱਦੇਨਜ਼ਰ ਡੀ ਐਸ ਪੀ ਕੰਵਲਪਾਲ ਸਿੰਘ ਬਾਜਵਾ ਨੇ ਦੁਕਾਨਦਾਰ ਭਾਈਚਾਰੇ ਨਾਲ ਮੀਟਿੰਗ ਕਰਕੇ ਸਹਿਯੋਗ ਦੀ ਮੰਗ ਕੀਤੀ। ਉਨ੍ਹਾਂ ਤਿਉਹਾਰਾਂ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਵੱਲ ਵਿਸ਼ੇਸ਼ ਧਿਆਨ ਦੇਣ ਕਿਹਾ, ਜਿਵੇਂ ਮਿਲਾਵਟ ਵਾਲੀਆਂ ਮਠਿਆਈਆਂ, ਪਨੀਰ, ਖੋਆ, ਦੁੱਧ ਨਾ ਵੇਚਣ, ਉਨ੍ਹਾਂ ਟ੍ਰੈਫਿਕ ਨਿਯਮਾਂ ਨੂੰ ਧਿਆਨ 'ਚ ਰੱਖ ਕੇ ਆਪੋ, ਆਪਣੀਆਂ ਦੁਕਾਨਾਂ ਦੇ ਅੱਗੇ ਰੱਖੇ ਸਾਮਾਨ ਨੂੰ ਚੁੱਕਣ, ਕੁੱਝ ਲੋਕਾਂ ਵੱਲੋਂ ਸੜਕ ਤੱਕ ਨਜਾਇਜ਼ ਕਬਜ਼ਾ ਕਰਕੇ ਬਣਾਈਆਂ ਥੜ੍ਹੀਆਂ ਨੂੰ ਤੁਰੰਤ ਖਤਮ ਕਰਕੇ ਸਿਰਫ਼ ਆਪਣੀ ਥਾਂ ਤੱਕ ਸੀਮਤ ਰਹਿਣ ਲਈ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਇਸ ਸਬੰਧੀ ਕਿਸੇ ਦੀ ਵੀ ਅਣਗਹਿਲੀ ਸਾਹਮਣੇ ਆਉਂਦੀ ਹੈ, ਤਾਂ ਉਸ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ।

## ...ਸਫ਼ਾ 1 ਦੇ ਬਾਕੀ

### ਮੁੱਖ ਮੰਤਰੀ ਨੇ ...

ਮੁੱਖ ਮੰਤਰੀ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਨੂੰ ਬਰਕਰਾਰ ਰੱਖਣ ਲਈ ਆਪਣੀ ਜਾਨ ਕੁਰਬਾਨ ਕਰਨ ਵਾਲੇ ਇਸ ਸ਼ਹੀਦ ਦੇ ਪਰਵਾਰ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨ ਲਈ ਕੇਂਦਰ ਸਰਕਾਰ ਦੀ ਸਖ਼ਤ ਆਲੋਚਨਾ ਕੀਤੀ। ਉਨ੍ਹਾ ਕਿਹਾ ਕਿ ਇਹ ਪੂਰੀ ਤਰ੍ਹਾਂ ਗੈਰ-ਵਾਜਬ ਹੈ ਅਤੇ ਇਸ ਪੰਜਾਬ ਦੇ ਪੁੱਤਰ ਦੀ ਸ਼ਹਾਦਤ ਦਾ ਨਿਰਾਦਰ ਕਰਨਾ ਅਤਿ ਨਿੰਦਣਯੋਗ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਜਲਦੀ ਹੀ ਇਸ ਮੁੱਦੇ ਨੂੰ ਭਾਰਤ ਸਰਕਾਰ ਕੋਲ ਉਠਾਉਣਗੇ।

**ਸੰਗਰੂਰ/ਛਾਜਲੀ (ਪ੍ਰਵੀਨ ਸਿੰਘ, ਜਸਵੀਰ ਲਾਡੀ)** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜੰਮੂ ਕਸ਼ਮੀਰ ਵਿੱਚ ਕਾਰਗਿਲ ਵਿਖੇ ਦੇਸ਼ ਦੀ ਰਾਖੀ ਕਰਦਿਆਂ ਸ਼ਹੀਦੀ ਪ੍ਰਾਪਤ ਕਰਨ ਵਾਲੇ ਬਹਾਦਰ ਜਵਾਨ ਪਰਵਿੰਦਰ ਸਿੰਘ ਦੇ ਘਰ ਜਾ ਕੇ ਵੀ ਪਰਵਾਰ ਨੂੰ ਸਨਮਾਨ ਰਾਸ਼ੀ ਵਜੋਂ ਇਕ ਕਰੋੜ ਰੁਪਏ ਦਾ ਚੈੱਕ ਸੌਂਪਿਆ। ਮੁੱਖ ਮੰਤਰੀ ਨੇ ਸ਼ਹੀਦ ਪਰਵਿੰਦਰ ਸਿੰਘ ਦੇ ਮਾਪਿਆਂ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਦੇਸ਼ ਹਮੇਸ਼ਾ ਆਪਣੇ ਸ਼ਹੀਦਾਂ ਦਾ ਰਿਣੀ ਰਹੇਗਾ, ਜੋ ਦੁਸ਼ਮਣ ਤਾਕਤਾਂ ਤੋਂ ਆਪਣੇ ਵਤਨ ਦੀ ਰਾਖੀ ਕਰਦਿਆਂ ਜਾਨ ਨਿਛਾਵਰ ਕਰ ਦਿੰਦੇ ਹਨ। ਉਨ੍ਹਾਂ ਸ਼ਹੀਦ ਪਰਵਿੰਦਰ ਸਿੰਘ ਦੀ ਯਾਦ ਵਿੱਚ ਪਿੰਡ ਵਿੱਚ ਬੁੱਤ ਲਾਉਣ ਦਾ ਵੀ ਐਲਾਨ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਪਰਵਾਰ ਵੱਲੋਂ ਸ਼ਹੀਦ ਦੀ ਪਤਨੀ ਲਈ ਨੌਕਰੀ ਦੀ ਮੰਗ ਕੀਤੀ ਗਈ ਹੈ ਅਤੇ ਸੂਬਾ ਸਰਕਾਰ ਵੱਲੋਂ ਆਪਣੀ ਨੀਤੀ ਦੇ ਤਹਿਤ ਨੌਕਰੀ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਭਾਵੇਂ ਸ਼ਹੀਦ ਦੀ ਕੁਰਬਾਨੀ ਦੀ ਕੋਈ ਕੀਮਤ ਨਹੀਂ ਦਿੱਤੀ ਜਾ ਸਕਦੀ, ਪਰ ਸਰਕਾਰ ਨੇ ਸ਼ਹੀਦ ਦੇ ਸਤਿਕਾਰ ਵਿੱਚ ਇਕ ਨਿਮਾਣਾ ਜਿਹਾ ਉਪਰਾਲਾ ਕੀਤਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪਰਵਿੰਦਰ ਸਿੰਘ ਦਾ ਪਰਵਾਰ ਦੇਸ਼ ਸੇਵਾ ਪ੍ਰਤੀ ਸਮਰਪਿਤ ਹੈ, ਕਿਉਂ ਜੋ ਉਨ੍ਹਾਂ ਦੇ ਪਿਤਾ ਜੀ ਵੀ ਫੌਜ ਵਿੱਚ ਸੇਵਾ ਨਿਭਾਅ ਚੁੱਕੇ ਹਨ ਅਤੇ ਉਨ੍ਹਾ ਦੇ ਭਰਾ ਵੀ ਇਸ ਵੇਲੇ ਫੌਜ ਵਿੱਚ ਹਨ। ਉਨ੍ਹਾ ਕਿਹਾ ਕਿ ਸ਼ਹੀਦ ਕਿਸੇ ਇਕ ਪਰਵਾਰ ਜਾਂ ਸੂਬੇ ਦੇ ਨਹੀਂ, ਸਗੋਂ ਪੂਰੇ ਦੇਸ਼ ਦੇ ਸ਼ਹੀਦ ਹੁੰਦੇ ਹਨ। ਭਗਵੰਤ ਸਿੰਘ ਮਾਨ ਨੇ ਸੰਗਰੂਰ ਦੇ ਡਿਪਟੀ ਕਮਿਸ਼ਨਰ ਨੂੰ ਇਹ ਯਕੀਨੀ ਬਣਾਉਣ ਲਈ ਆਖਿਆ ਕਿ ਭਵਿੱਖ ਵਿੱਚ ਪਰਵਾਰ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

## ਫ਼ਿਰੋਜ਼ਪੁਰ ਨੂੰ ਐਸਪੀਰੇਸ਼ਨਲ ਡਿਸਟ੍ਰਿਕਟ ਪ੍ਰੋਗਰਾਮ ਤਹਿਤ 5 ਕਰੋੜ ਮਿਲੇ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**
ਐਸਪੀਰੇਸ਼ਨਲ ਡਿਸਟ੍ਰਿਕਟ ਪ੍ਰੋਗਰਾਮ ਤਹਿਤ ਨੀਤੀ ਆਯੋਗ ਨੇ ਪੂਰੇ ਭਾਰਤ ਦੇ ਵੱਖ-ਵੱਖ ਰਾਜਾਂ ਦੇ 112 ਜ਼ਿਲ੍ਹਿਆਂ ਨੂੰ ਐਸਪੀਰੇਸ਼ਨਲ ਜ਼ਿਲ੍ਹੇ ਵਜੋਂ ਘੋਸ਼ਿਤ ਕੀਤਾ ਹੋਇਆ ਹੈ। ਪੰਜਾਬ ਵਿੱਚ ਫਿਰੋਜ਼ਪੁਰ ਅਤੇ ਮੋਗਾ ਐਸਪੀਰੇਸ਼ਨਲ ਜ਼ਿਲ੍ਹੇ ਹਨ। ਨੀਤੀ ਆਯੋਗ ਭਾਰਤ ਸਰਕਾਰ ਵੱਲੋਂ ਇਨ੍ਹਾਂ ਵੱਖ-ਵੱਖ ਰਾਜਾਂ ਦੇ 112 ਜ਼ਿਲ੍ਹਿਆਂ ਦੇ 5 ਵੱਖ-ਵੱਖ ਸੈਕਟਰ, ਜਿਵੇਂ ਕਿ ਸਿਹਤ ਅਤੇ ਪੋਸ਼ਣ, ਸਿੱਖਿਆ, ਖੇਤੀਬਾੜੀ ਤੇ ਜਲ ਸਰੋਤ, ਵਿੱਤੀ ਅਤੇ ਹੁਨਰ ਵਿਕਾਸ, ਬੁਨਿਆਦੀ ਢਾਂਚੇ ਦੇ ਵੱਖ-ਵੱਖ ਇੰਡੀਕੇਟਰਜ਼ ਦੇ ਆਧਾਰ 'ਤੇ ਮਹੀਨਾਵਾਰ ਡੈਲਟਾ ਰੈਂਕਿੰਗ ਕੀਤੀ ਜਾਂਦੀ ਹੈ, ਜਿਸ ਅਨੁਸਾਰ ਫਿਰੋਜ਼ਪੁਰ ਜ਼ਿਲ੍ਹੇ ਨੇ ਕਈ ਵਾਰ ਵਧੀਆ ਡੈਲਟਾ ਰੈਂਕਿੰਗ ਹਾਸਲ ਕੀਤੀ ਹੈ ਅਤੇ ਨੀਤੀ ਆਯੋਗ ਵੱਲੋਂ ਹੁਣ ਜ਼ਿਲ੍ਹੇ ਦੇ ਵਿਕਾਸ ਲਈ 5 ਕਰੋੜ ਰੁਪਏ ਦੀ ਰਾਸ਼ੀ ਵੀ ਦਿੱਤੀ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਆਈ ਏ ਐੱਸ ਨੇ ਦਿੱਤੀ। ਉਨ੍ਹਾ ਦੱਸਿਆ ਕਿ ਮਹੀਨਾ ਫਰਵਰੀ 2023 ਵਿੱਚ ਡੈਲਟਾ ਰੈਂਕਿੰਗ ਦੇ ਅਧਾਰ 'ਤੇ ਜ਼ਿਲ੍ਹਾ ਫ਼ਿਰੋਜ਼ਪੁਰ 94ਵੇਂ ਸਥਾਨ ਉੱਪਰ ਸੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਉਨ੍ਹਾ ਦੀ ਟੀਮ ਦੀ ਵਧੀਆ ਮਿਹਨਤ ਸਦਕਾ ਜੁਲਾਈ 2023 ਵਿੱਚ ਡੈਲਟਾ ਰੈਂਕਿੰਗ ਦੇ ਅਧਾਰ 'ਤੇ ਜ਼ਿਲ੍ਹਾ ਫਿਰੋਜ਼ਪੁਰ ਨੇ 7ਵਾਂ ਸਥਾਨ ਹਾਸਲ ਕੀਤਾ ਹੈ। ਨੀਤੀ ਆਯੋਗ ਭਾਰਤ ਸਰਕਾਰ ਵੱਲੋਂ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੀ ਮਿਹਨਤ ਸਦਕਾ ਮਹੀਨਾ ਜੂਨ 2023 ਵਿੱਚ ਖੇਤੀਬਾੜੀ ਤੇ ਜਲ ਸਰੋਤ ਦੀ ਵਧੀਆ ਪ੍ਰਗਤੀ ਕਾਰਨ 3 ਕਰੋੜ ਰੁਪਏ ਅਤੇ ਜੁਲਾਈ 2023 ਵਿੱਚ ਕੁਲ ਮਿਲਾ ਕੇ ਵਧੀਆ ਪ੍ਰਗਤੀ ਕਾਰਨ 2 ਕਰੋੜ ਰੁਪਏ ਦੀ ਰਾਸ਼ੀ ਹਾਸਲ ਕੀਤੀ ਹੈ। ਇਸ ਲਈ ਨੀਤੀ ਆਯੋਗ ਭਾਰਤ ਸਰਕਾਰ ਵੱਲੋਂ ਫਿਰੋਜ਼ਪੁਰ ਜ਼ਿਲ੍ਹੇ ਨੂੰ ਕੁੱਲ 5 ਕਰੋੜ ਰੁਪਏ ਦੀ ਰਾਸ਼ੀ ਪ੍ਰਾਪਤ ਹੋਈ ਹੈ। ਉਨ੍ਹਾ ਕਿਹਾ ਕਿ ਇਹ ਇਨਾਮੀ ਰਾਸ਼ੀ ਫ਼ਿਰੋਜ਼ਪੁਰ ਜ਼ਿਲ੍ਹੇ ਵਿੱਚ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਕਾਬਲ ਬਣਾਉਣ ਲਈ ਕਿੱਤਾ ਮੁਖੀ ਹੁਨਰ ਵਿਕਾਸ ਦੇ ਕੋਰਸਾਂ ਲਈ ਅਤੇ ਹੋਰ ਵੱਖ-ਵੱਖ ਖੇਤਰਾਂ ਵਿੱਚ ਵਿਕਾਸ ਕਾਰਜ ਕਰਵਾਉਣ ਲਈ ਖਰਚ ਕੀਤੀ ਜਾਵੇਗੀ। ਫਿਰੋਜ਼ਪੁਰ ਜ਼ਿਲ੍ਹੇ ਨੂੰ ਅਕਾਂਖੀ ਜ਼ਿਲ੍ਹੇ (ਐਸਪੀਰੇਸ਼ਨਲ ਡਿਸਟ੍ਰਿਕਟ) ਤੋਂ ਪ੍ਰੇਰਨਾਦਾਇਕ (ਇੰਸਪੀਰੇਸ਼ਨਲ) ਜ਼ਿਲ੍ਹਾ ਬਣਾਉਣ ਸੰਬੰਧੀ ਬਹੁਤ ਯਤਨ ਕੀਤੇ ਜਾ ਰਹੇ ਹਨ ਅਤੇ ਜ਼ਿਲ੍ਹਾ ਫਿਰੋਜ਼ਪੁਰ ਨੂੰ ਇਸ ਮੁਕਾਮ 'ਤੇ ਪਹੁੰਚਾਉਣਾ ਜ਼ਿਲ੍ਹੇ ਦੇ ਸਮੂਹ ਵਿਭਾਗਾਂ ਦੀ ਸੁਚਾਰੂ ਸੋਚ ਸਦਕਾ ਹੀ ਸੰਭਵ ਹੋ ਸਕਿਆ ਹੈ। ਕੈਬਨਿਟ ਮੰਤਰੀ ਅਤੇ ਜ਼ਿਲ੍ਹੇ ਦੇ ਮੰਤਰੀ ਇੰਚਾਰਜ ਹਰਭਜਨ ਸਿੰਘ ਈ ਟੀ ਓ ਨੇ ਜ਼ਿਲ੍ਹੇ ਨੂੰ ਐਸਪੀਰੇਸ਼ਨਲ ਡਿਸਟ੍ਰਿਕਟ ਪ੍ਰੋਗਰਾਮ ਤਹਿਤ ਨੀਤੀ ਆਯੋਗ ਵੱਲੋਂ 5 ਕਰੋੜ ਦੀ ਰਾਸ਼ੀ ਜਾਰੀ ਕਰਨ 'ਤੇ ਖ਼ੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਇਹ ਸਭ ਜ਼ਿਲ੍ਹੇ ਦੇ ਸਮੂਹ ਵਿਭਾਗਾਂ ਦੀ ਮਿਹਨਤ ਅਤੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੀ ਅਗਵਾਈ ਹੇਠ ਕੀਤੀ ਗਈ ਕਰੜੀ ਮਿਹਨਤ ਦਾ ਨਤੀਜਾ ਹੈ, ਜਿਸ ਤਹਿਤ ਫ਼ਿਰੋਜ਼ਪੁਰ ਡੈਲਟਾ ਰੈਂਕਿੰਗ ਦੇ ਅਧਾਰ 'ਤੇ 94ਵੇਂ ਸਥਾਨ ਤੋਂ 7ਵੇਂ ਸਥਾਨ 'ਤੇ ਪੁੱਜਾ ਹੈ।



ਐਮ ਐਲ ਏ ਜਰਨੈਲ ਸਿੰਘ ਨੇ ਸੋਮਵਾਰ ਦਿੱਲੀ ਦੇ ਟਰਾਂਸਪੋਰਟ ਮੰਤਰੀ ਕੈਲਾਸ਼ ਗਹਿਲੋਤ ਨੂੰ ਮਿਲ ਕੇ ਗੁਰਦੁਆਰਾ ਸੀਸਗੰਜ ਸਾਹਿਬ, ਚਾਂਦਨੀ ਚੌਕ ਦੇ ਦਰਸ਼ਨਾਂ ਲਈ ਆਉਣ ਵਾਲੇ ਸ਼ਰਧਾਲੂਆਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਵਿਚਾਰ-ਵਟਾਂਦਰਾ ਕੀਤਾ, ਜੋ ਕਿ ਗੁਰਦੁਆਰਾ ਸਾਹਿਬ ਦੀ ਪਾਰਕਿੰਗ ਵਾਲੀ ਥਾਂ ਨੂੰ ਜੋੜਨ ਵਾਲੀ ਮੁੱਖ ਸੜਕ 'ਤੇ ਦਿੱਲੀ ਪੁਲਸ ਵੱਲੋਂ ਚਲਾਨ ਕੱਟੇ ਜਾਣ ਕਾਰਨ ਦਿਨ ਸਮੇਂ ਨੋ ਐਂਟਰੀ ਏਰੀਆ ਵਜੋਂ ਸੂਚਿਤ ਕੀਤਾ ਗਿਆ ਹੈ। ਕੈਲਾਸ਼ ਗਹਿਲੋਤ ਨੇ ਯਕੀਨੀ ਬਣਾਇਆ ਕਿ ਢੁੱਕਵੀਂ ਕਾਰਵਾਈ ਕੀਤੀ ਜਾਵੇਗੀ ਤਾਂ ਜੋ ਸ਼ਰਧਾਲੂ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰ ਸਕਣ।

## ਐੱਸ ਸੀ/ਐੱਸ ਟੀ/ਓ ਬੀ ਸੀ ਮਹਾਂ-ਸੰਘਰਸ਼ ਕਮੇਟੀ ਵੱਲੋਂ ਜੱਜ ਬਣੀ ਗੁਰਲੀਨ ਕੌਰ ਸਨਮਾਨਤ



**ਜਲਾਲਾਬਾਦ (ਜੀਤ ਕੁਮਾਰ)**-ਐੱਸਸੀ/ਐੱਸਟੀ/ਓਬੀਸੀ ਮਹਾਂ ਸੰਘਰਸ਼ ਕਮੇਟੀ ਜਲਾਲਾਬਾਦ ਵੱਲੋਂ ਗੁਰਦੀਪ ਸਿੰਘ ਤਨੇਜਾ ਦੀ ਬੇਟੀ ਗੁਰਲੀਨ ਕੌਰ ਜੱਜ ਬਣਨ 'ਤੇ ਵਧਾਈ ਦਿੱਤੀ ਗਈ। ਇਸ ਮੌਕੇ ਸੰਘਰਸ਼ ਕਮੇਟੀ ਦੇ ਪ੍ਰਧਾਨ ਰੋਹਿਤ ਗੁਡਾਲੀਆ, ਗੁਰਮੇਜ ਸਿੰਘ, ਬਾਬਾ ਕੁਲਵੰਤ ਸਿੰਘ, ਨਿਰਭੈ ਸਿੰਘ, ਦੇਸ ਰਾਜ ਗੁਡਾਲੀਆ, ਗੁਰਚਰਨ ਸਿੰਘ ਕਮੀਰੀਆ ਨੇ ਕਿਹਾ ਕਿ ਜਲਾਲਾਬਾਦ ਦੀ ਧੀ ਗੁਰਲੀਨ ਕੌਰ ਨੂੰ ਜੱਜ ਬਣ ਕੇ ਜਲਾਲਾਬਾਦ ਸ਼ਹਿਰ ਦਾ ਨਾਮ ਰੋਸ਼ਨ ਕੀਤਾ ਗਿਆ ਹੈ। ਰੋਹਿਤ ਗੁਡਾਲੀਆ ਨੇ ਕਿਹਾ ਕਿ ਗੁਰਲੀਨ ਕੌਰ ਤੋਂ ਪ੍ਰੇਰਿਤ ਹੋ ਕੇ ਹੁਣ ਸਾਡੇ ਸਮਾਜ 'ਚ ਲੜਕੀਆਂ ਨੂੰ ਅੱਗੇ ਵਧਣ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਇਸ ਇਲਾਕੇ ਵਿੱਚੋਂ ਕਈ ਬੇਟੀਆਂ ਅਫਸਰ ਬਣੀਆਂ ਹਨ, ਇਸ ਤੋਂ ਪਤਾ ਲੱਗਦਾ ਹੈ ਕਿ ਸਾਡੇ ਸਮਾਜ ਵਿੱਚ ਜਾਗ੍ਰਿਤੀ ਆ ਰਹੀ ਹੈ ਅਤੇ ਲੜਕੀਆਂ ਨੂੰ ਬਰਾਬਰ ਦਾ ਅਧਿਕਾਰ ਮਿਲ ਰਿਹਾ ਹੈ। ਸੰਵਿਧਾਨ ਦੇ ਮੁਤਾਬਿਕ ਬਾਬਾ ਸਾਹਿਬ ਡਾ. ਅੰਬੇਡਕਰ ਜੀ ਨੇ ਜੋ ਲੇਡੀਜ਼ ਨੂੰ ਅਧਿਕਾਰ ਦਿੱਤੇ, ਉਹ ਅੱਜ ਮਿਲ ਰਹੇ ਹਨ।

## ਜੇ ਐੱਨ ਇੰਟਰਨੈਸ਼ਨਲ ਸਕੂਲ ਦੀਆਂ ਸਟੇਟ ਪੱਧਰੀ ਵੁਸ਼ੂ ਚੈਂਪੀਅਨਸ਼ਿਪ 'ਚ ਇਤਿਹਾਸਕ ਪ੍ਰਾਪਤੀਆਂ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਜੇ. ਐੱਨ. ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਦੇ ਵਿਦਿਆਰਥੀਆਂ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਸਟੇਟ ਪੱਧਰ ਉੱਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਇਹ ਖੇਡਾਂ ਵਤਨ ਸਟੇਟ ਪੱਧਰ ਉੱਪਰ ਮਾਨਸਾ ਵਿਖੇ ਪੰਜਾਬ ਸਰਕਾਰ ਦੀ ਦੇਖ ਰੇਖ ਹੇਠ ਹੋਈਆਂ ਇਨ੍ਹਾਂ ਖੇਡਾਂ ਵਿੱਚ ਜੇ ਐੱਨ ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਦੇ ਵਿਦਿਆਰਥੀਆਂ ਨੇ ਇਤਿਹਾਸਕ ਪ੍ਰਾਪਤੀਆਂ ਕੀਤੀਆਂ ਹਨ। ਇਸ ਮੌਕੇ ਜੇ. ਐੱਨ. ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਦੇ ਪ੍ਰਿੰਸੀਪਲ ਸ੍ਰੀ ਰਵਿੰਦਰ ਕੁਮਾਰ ਨੇ ਜਾਣਕਾਰੀ ਦਿੰਦੇ ਦੱਸਿਆ ਗਿਆ ਕਿ ਜੇ. ਐੱਨ. ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਵਿੱਚ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਲਈ ਯੋਗ ਕੋਚਾਂ ਦੁਆਰਾ ਸਿਖਲਾਈ ਦੇ ਕੇ ਤਿਆਰੀ ਕਰਵਾਈ ਜਾਂਦੀ ਹੈ ਅਤੇ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਜੇ. ਐੱਨ. ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਚੰਗੀ ਕਾਰਗੁਜ਼ਾਰੀ ਦੇ ਸਿਰ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਸਟੇਟ ਪੱਧਰ ਉੱਪਰ ਚੰਗੀਆਂ ਪੁਜ਼ੀਸ਼ਨਾਂ ਪ੍ਰਾਪਤ ਕੀਤੀਆਂ। ਇਸ ਖੇਡਾਂ 'ਚ ਜਸਮੀਤ ਨੌਂਵੀਂ ਜਮਾਤ ਨੇ ਸਿਲਵਰ ਮੈਡਲ ਹਾਸਲ ਕੀਤਾ ਤੇ ਪਲਕਦੀਪ ਗਿਆਰਵੀਂ ਜਮਾਤ ਨੇ ਬ੍ਰੌਂਜ਼ ਮੈਡਲ ਹਾਸਲ ਕਰਕੇ ਮਾਪਿਆਂ ਤੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ। ਇਸ ਮੌਕੇ ਸਕੂਲ ਦੇ ਚੇਅਰਮੈਨ ਜਨਕ ਰਾਜ ਮੁੰਜਾਲ, ਮੈਨੇਜਿੰਗ ਡਾਇਰੈਕਟਰ ਅਰਜੁਨ ਮੁੰਜਾਲ, ਮੈਨੇਜਮੈਂਟ ਮੈਂਬਰ ਏਕਤਾ ਮੁੰਜਾਲ, ਮੈਨੇਜਮੈਂਟ ਮੈਂਬਰ ਅੰਜਲੀ ਚਾਨਣਾ ਤੇ ਪ੍ਰਿੰਸੀਪਲ ਰਵਿੰਦਰ ਕੁਮਾਰ ਨੇ ਸਮੂਹ ਸਕੂਲ ਸਟਾਫ ਤੇ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੱਤੀਆਂ ਅਤੇ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਆ। ਇਨ੍ਹਾਂ ਜੇਤੂ ਵਿਦਿਆਰਥੀਆਂ ਦੇ ਨਾਲ ਕੋਚ ਸ੍ਰੀ ਨਿਸ਼ਾਨ ਸਿੰਘ ਦਾ ਵੀ ਸਕੂਲ ਵਿੱਚ ਸਵਾਗਤ ਕੀਤਾ ਗਿਆ।


**ਦੀ ਅੰਮ੍ਰਿਤਸਰ ਕੋਆਪ੍ਰੇਟਿਵ ਮਾਰਕੀਟਿੰਗ ਸੁਸਾਇਟੀ ਲਿਮ:ਅੰਮ੍ਰਿਤਸਰ ਦੀ ਪ੍ਰਬੰਧਕ ਕਮੇਟੀ ਦੀ ਚੋਣ ਕਰਵਾਉਣ ਲਈ ਤਿਆਰ ਕੀਤੇ ਤਜਵੀਜੀ ਜ਼ੋਨਾਂ ਸਬੰਧੀ।**

**ਚੋਣ ਨੋਟਿਸ**

ਦੀ ਅੰਮ੍ਰਿਤਸਰ ਕੋਆਪ੍ਰੇਟਿਵ ਮਾਰਕੀਟਿੰਗ ਸੁਸਾਇਟੀ ਲਿਮ:ਅੰਮ੍ਰਿਤਸਰ ਦੀ ਪ੍ਰਬੰਧਕ ਕਮੇਟੀ ਦੀ ਚੋਣ ਕਰਵਾਉਣ ਲਈ ਤਿਆਰ ਕੀਤੇ 3 ਤਜਵੀਜੀ ਜ਼ੋਨ ਪ੍ਰਵਾਨਗੀ ਹਿੱਤ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਅੰਮ੍ਰਿਤਸਰ-2 ਰਾਂਹੀ ਪ੍ਰਾਪਤ ਹੋਏ ਹਨ। ਜੇਕਰ ਇਸ ਸਭਾ ਦੇ ਕਿਸੇ ਹਿੱਸੇਦਾਰ/ਮੈਂਬਰਾਂ ਨੂੰ ਇੰਨਾਂ ਜ਼ੋਨਾਂ ਦੀ ਬਣਤਰ ਤੇ ਕੋਈ ਇਤਰਾਜ਼ ਹੋਏ ਤਾਂ ਉਹ ਨਿਮਨਹਸਤਾਖਰ ਦੇ ਦਫਤਰ ਵਿਖੇ ਮਿਤੀ 31/10/2023 ਨੂੰ ਸ਼ਾਮ 5:00 ਵਜੇ ਤੱਕ ਲਿਖਤੀ ਰੂਪ ਵਿੱਚ ਸਬੂਤ ਸਮੇਤ ਇਤਰਾਜ਼ ਦਾਖਲ ਕਰ ਸਕਦਾ ਹੈ। ਪ੍ਰਾਪਤ ਹੋਏ ਇਤਰਾਜ਼ਾਂ ਦੀ ਸੁਣਵਾਈ ਮਿਤੀ 01/11/2023 ਨੂੰ ਸਵੇਰੇ 11:00 ਵਜੇ ਨਿਮਨਹਸਤਾਖਰ ਵੱਲੋਂ ਆਪਣੇ ਦਫਤਰ (270,ਈਸਟ ਮੋਹਨ ਨਗਰ,100 ਫੁੱਟੀ ਰੋਡ, ਅੰਮ੍ਰਿਤਸਰ) ਵਿਖੇ ਕੀਤੀ ਜਾਵੇਗੀ। ਇਤਰਾਜ਼ ਕਰਤਾ ਖੁਦ ਜਾਂ ਆਪਣੇ ਵਕੀਲ ਰਾਹੀਂ ਸੁਣਵਾਈ ਸਮੇਂ ਹਾਜ਼ਰ ਆਉਣ। ਇੰਨਾਂ ਜ਼ੋਨਲ ਲਿਸਟਾਂ ਦੀ ਇੱਕ-ਇੱਕ ਪੜ੍ਹਤ ਦੀ ਅੰਮ੍ਰਿਤਸਰ ਕੋਆਪ੍ਰੇਟਿਵ ਮਾਰਕੀਟਿੰਗ ਸੁਸਾਇਟੀ ਲਿਮ:ਅੰਮ੍ਰਿਤਸਰ, ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਅੰਮ੍ਰਿਤਸਰ-2 ਅਤੇ ਨਿਮਨਹਸਤਾਖਰ ਦਫਤਰ ਵਿਖੇ ਰੱਖੀ ਗਈ ਹੈ। ਜੋ ਕਿ ਕਿਸੇ ਵੀ ਕੰਮ ਵਾਲੇ ਦਿਨ ਦਫਤਰੀ ਸਮੇਂ ਵਿੱਚ ਆ ਕੇ ਵੇਖੀ ਜਾ ਸਕਦੀ ਹੈ।

ਸੁਨੀਲ ਕਹੇਰ, ਪੀ.ਸੀ.ਐਸ-1, ਡਿਪਟੀ ਰਜਿਸਟਰਾਰ, ਸਹਿਕਾਰੀ ਸਭਾਵਾਂ ਅੰਮ੍ਰਿਤਸਰ।

**PUBLIC NOTICE**

It hereby informs to public at large that Mangal Singh has avail loan from AU SMALL FINANCE BANK LIMITED have its branch office at Jalandhar. That Bhola Devi W/o Mangal Singh is owner of Plot no.113 Measuring 6 Marla 158 Sq ft. Comprising Under Khasra Ni. 10650, 10636 Situated at New Baldev Nagar Tehsil and Distt Jalandhar vide Sale Deed No. 5397 dated 20.07.2023. This property was owned by Baldev raj S/o Badrinath i.e for more than 15 Years and Baldev raj S/o Badrinath executed a GPA in favour of Rajesh Monocha S/o Baldev Raj vide GPA No. 2039 dated 26.08.2004 and Rajesh Monocha S/o Baldev Raj as GPA of Baldev raj S/o Badrinath executed a Sale deed for area measuring 6 marla 158 Sq ft. in favour of Bhola Devi W/o Mangal singh vide Sale Deed No. 5397 dated 20.07.2023, which is duly mutated mutation No.51668. If anybody have any Objection regarding the ownership of the property mention below then may contact to undersigned and anybody having claim or claiming any prior rights or interest in any manner in this property or has raised by depositing the aforesaid document to any person/bank/corporation/financial institution may approach the undersigned and submit objection within 7 days from the date of this public notice. After the expiry of period of this no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law.

**Description of Property :-**

Plot no.113 Measuring 6 Marla 158 Sq ft. Comprising Under Khasra Ni. 10650, 10636 Situated at New Baldev Nagar Tehsil and Distt Jalandha. Boundaries- as Per Sale Deed as under:

East: Channi — West: Gali
North: Amrik@Agrej — South: Chander Prabha

**Lalit Kakkar (Advocate), Off. : Chamber No. 24, New Courts, Jalandhar. M.No. 98761-07449**

**SMFG INDIA CREDIT COMPANY LIMITED**
**(formerly Fullerton India Credit Company Limited)**
Corporate Office: 10th Floor, Office No. 101,102 & 103, 2 North Avenue, Maker Maxity, Bandra Kurla Complex, Bandra (E), Mumbai - 400051.

**ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੀਆਂ ਵਿਵਸਥਾਵਾਂ ਅਧੀਨ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਸਕਿਉਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਤਹਿਤ ਅਚੱਲ ਅਸਾਸਿਆਂ ਦੀ ਵਿਕਰੀ ਲਈ 15 ਦਿਨਾਂ ਦੀ ਨਿਲਾਮੀ ਨੋਟਿਸ।

ਆਮ ਕਰਕੇ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਨਿਤ ਅਚੱਲ ਜਾਇਦਾਦਾਂ ਸਕਿਉਰਡ ਕ੍ਰੈਡਿਟਰ ਕੋਲ ਗਿਰਵੀ/ਚਾਰਜਡ ਹਨ ਜਿਸ ਦਾ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕਕੰਪਨੀ ਲਿਮ: (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪ: ਲਿਮ:) ਸਕਿਉਰਡ ਕ੍ਰੈਡਿਟਰ ਦਾ ਭੌਤਿਕ ਕਬਜ਼ਾ ਲੈ ਲਿਆ ਹੈ ਅਤੇ ਇਹਨਾਂ ਨੂੰ 'ਜਿਵੇਂ ਹੈ ਜਿੱਥੇ ਹੈ', 'ਉੱਥੇ ਜੋ ਵੀ ਹੈ' ਅਤੇ 'ਉੱਥੇ ਜੋ ਵੀ ਹੈ' 06.11.2023 ਨੂੰ ਸਵੇਰੇ 11.00 ਵਜੇ ਤੋਂ ਦੁਪਹਿਰ 1.00 ਵਜੇ (ਹਰੇਕ ਪੰਜ ਮਿੰਟ ਦੇ ਅਸੀਮਤ ਵਾਧੇ ਨਾਲ) 69,87,109 (ਰੁਪਏ ਉਂਨਤਰ ਲੱਖ ਸਤਾਸੀ ਹਜ਼ਾਰ ਇੱਕ ਸੌ ਨੌਂ ਕੇਵਲ) 14.3.2022 ਤੱਕ ਬਕਾਇਆ ਅਤੇ ਉਸ ਤੋਂ ਪ੍ਰਾਪਤ ਹੋਣ ਦੀ ਮਿਤੀ ਤੱਕ ਹੋਰ ਵਿਆਜ ਤੇ ਹੋਰ ਖਰਚਿਆਂ ਸਮੇਤ ਫੁਲਰਟੋਨ ਇੰਡੀਆ ਕ੍ਰੈਡਿਟ ਇੰਡੀਆ ਲਿਮ:/ਸਕਿਉਰਡ ਕ੍ਰੈਡਿਟਰ ਨੂੰ ਕਰਜ਼ਦਾਰਾਂ ਅਤੇ ਗਰੰਟਰਾਂ ਅਰਥਾਤ 1) ਐੱਸ ਕੇ ਲਖਨਪਾਲ ਨਿਟਵੀਅਰਜ਼ 2) ਸੰਜੀਵ ਕੁਮਾਰ 3) ਰਜਨੀ ਲਖਨਪਾਲ 4) ਪੁਸ਼ਪਾ ਦੇਵੀ 5) ਸ਼ਿਵ ਕੁਮਾਰ ਨੂੰ ਅਦਾ ਕਰਨੇ ਹੋਣਗੇ।

ਰਾਖਵੀਂ ਕੀਮਤ ਆਈ ਐੱਨ ਆਰ 64,58,333/- (ਚੌਂਠ ਲੱਖ ਅਠਵੰਜਾ ਹਜ਼ਾਰ ਤਿੰਨ ਸੌ ਤੇਤੀ ਰੁਪਏ ਕੇਵਲ) ਅਤੇ ਰਕਮ ਬਿਆਨਾ ਜਮ੍ਹਾਂ (ਈ ਐੱਮ ਡੀ) 6,45,833/-(ਛੇ ਲੱਖ ਪੰਜਤਾਲੀ ਹਜ਼ਾਰ ਅੱਠ ਸੌ ਤੇਤੀ ਰੁਪਏ ਕੇਵਲ) ਹੋਵੇਗੀ।

ਈ ਐੱਮ ਡੀ ਜਮ੍ਹਾਂ ਕਰਨ ਦੀ ਆਖਰੀ ਮਿਤੀ 03.11.2023 ਹੈ, ਹੋਰ ਜਾਣਕਾਰੀ ਲਈ ਕਿਰਪਾ ਕਰਕੇ ਅਮੀਨ ਕੁਮਾਰ ameen.Kumar@ fullerton.com +91 8685987810 ਹਰਮਨੀ ਜੌਲੀ Harmani.jully@fullertonindia.com + 91 8655901470 'ਤੇ ਸੰਪਰਕ ਕੀਤਾ ਜਾਵੇ।

**ਅਚੱਲ ਜਾਇਦਾਦ ਦਾ ਵੇਰਵਾ** : ਮਕਾਨ ਨੰ: ਬੀ- VI-208 ਵਾਕਿਆ ਗਲੀ ਨੰ: 5, ਨੇੜੇ ਰਾਮ ਮੰਦਰ, ਪੁਰਾਣਾ ਮਾਧੋਪੁਰੀ, ਲੁਧਿਆਣਾ, ਪੰਜਾਬ -141008 ਨਾਲ ਸੰਬੰਧਤ ਸਭ ਕੁਝ। ਬੈਨਾਮੇ ਮੁਤਾਬਕ ਹੱਦਾਂ : ਪੂਰਬ : ਗੁਆਂਢੀ, ਪੱਛਮ : ਸੜਕ, ਉੱਤਰ : ਅਮਰਨਾਥ, ਦੱਖਣ : ਪ੍ਰਿਥੀਰਾਜ।

ਵਿਕਰੀ ਦੇ ਨਿਯਮ ਅਤੇ ਸ਼ਰਤਾਂ ਲਈ ਕ੍ਰਿਪਾ ਕਰਕੇ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮ:/ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ www.smfgindia.com/https//smfgindia.auctiontiger.net ਦੇ ਲਿੰਕ ਦਾ ਹਵਾਲਾ ਲਿਆ ਜਾ ਸਕਦਾ ਹੈ।

ਸਥਾਨ : ਲੁਧਿਆਣਾ, ਮਿਤੀ :17.10.2023 — ਸਹੀ/-ਅਧਿਕਾਰਤ ਅਫਸਰ
ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮ: (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪ: ਲਿਮ:)

**SMFG INDIA CREDIT COMPANY LIMITED**
**(formerly Fullerton India Credit Company Limited)**
Corporate Office: 10th Floor, Office No. 101,102 & 103, 2 North Avenue, Maker Maxity, Bandra Kurla Complex, Bandra (E), Mumbai - 400051.

**ਅਚੱਲ ਜਾਇਦਾਦਾਂ ਦੀ ਵਿਕਰੀ ਲਈ ਵਿਕਰੀ ਨੋਟਿਸ**

ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੀਆਂ ਵਿਵਸਥਾਵਾਂ ਅਧੀਨ ਰੂਲ 8 ਅਤੇ 9 ਨਾਲ ਪੜ੍ਹੇ ਜਾਂਦੇ ਸਕਿਉਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਤਹਿਤ ਅਚੱਲ ਅਸਾਸਿਆਂ ਦੀ ਵਿਕਰੀ ਲਈ 15 ਦਿਨਾਂ ਦੀ ਨਿਲਾਮੀ ਨੋਟਿਸ।

ਆਮ ਕਰਕੇ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਨਿਤ ਅਚੱਲ ਜਾਇਦਾਦਾਂ ਸਕਿਉਰਡ ਕ੍ਰੈਡਿਟਰ ਕੋਲ ਗਿਰਵੀ/ਚਾਰਜਡ ਹਨ ਜਿਸ ਦਾ ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕਕੰਪਨੀ ਲਿਮ: (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪ: ਲਿਮ:) ਸਕਿਉਰਡ ਕ੍ਰੈਡਿਟਰ ਦਾ ਭੌਤਿਕ ਕਬਜ਼ਾ ਲੈ ਲਿਆ ਹੈ ਅਤੇ ਇਹਨਾਂ ਨੂੰ 'ਜਿਵੇਂ ਹੈ ਜਿੱਥੇ ਹੈ', 'ਉੱਥੇ ਜੋ ਵੀ ਹੈ' ਅਤੇ 'ਉੱਥੇ ਜੋ ਵੀ ਹੈ' 6.11.2023 ਨੂੰ ਸਵੇਰੇ 11.00 ਵਜੇ ਤੋਂ ਦੁਪਹਿਰ 1.00 ਵਜੇ (ਹਰੇਕ ਪੰਜ ਮਿੰਟ ਦੇ ਅਸੀਮਤ ਵਾਧੇ ਨਾਲ) 56,27, 393/- (ਛਪੰਜਾ ਲੱਖ ਸਤਾਈ ਹਜ਼ਾਰ ਤਿੰਨ ਸੌ ਤਿਰਾਨਵੇਂ ਰੁਪਏ ਕੇਵਲ) 28 ਅਕਤੂਬਰ 2022 ਤੱਕ ਬਕਾਇਆ ਅਤੇ ਉਸ ਤੋਂ ਪ੍ਰਾਪਤ ਹੋਣ ਦੀ ਮਿਤੀ ਤੱਕ ਹੋਰ ਵਿਆਜ ਤੇ ਹੋਰ ਖਰਚਿਆਂ ਸਮੇਤ ਫੁਲਰਟੋਨ ਇੰਡੀਆ ਕ੍ਰੈਡਿਟ ਇੰਡੀਆ ਲਿਮ:/ਸਕਿਉਰਡ ਕ੍ਰੈਡਿਟਰ ਨੂੰ ਕਰਜ਼ਦਾਰਾਂ ਅਤੇ ਗਰੰਟਰਾਂ ਅਰਥਾਤ (1) ਅਸ਼ੋਕਾ ਨਿਟਿੰਗ ਵਰਕਸ (2) ਅਸ਼ੋਕ ਕੁਮਾਰ (3) ਮਮਤਾ ਰਾਣੀ (4) ਰਾਮ ਗੋਪਾਲ।

ਰਾਖਵੀਂ ਕੀਮਤ ਆਈ ਐੱਨ ਆਰ 27,52, 875 /- (ਸਤਾਈ ਲੱਖ ਬਵੰਜਾ ਹਜ਼ਾਰ ਅੱਠ ਸੌ ਪਚੱਤਰ ਰੁਪਏ ਕੇਵਲ) ਜਾਇਦਾਦ 1 ਅਤੇ ਆਈ ਐੱਨ ਆਰ 43,88,344/- (ਤਰਤਾਲੀ ਲੱਖ ਅਠਾਸੀ ਹਜ਼ਾਰ ਤਿੰਨ ਸੌ ਚੁਤਾਲੀ ਰੁਪਏ ਕੇਵਲ) ਜਾਇਦਾਦ 2 ਲਈ ਅਤੇ ਬਿਆਨਾ ਰਕਮ ਡਿਪਾਜ਼ਟ ਆਈ ਐੱਨ ਆਰ 2,75,287/- (ਦੋ ਲੱਖ ਪਚੱਤਰ ਹਜ਼ਾਰ ਦੋ ਸੌ ਸਤਾਸੀ ਰੁਪਏ ਕੇਵਲ) ਜਾਇਦਾਦ 1 ਲਈ (ਅਚੱਲ ਜਾਇਦਾਦ ਦੇ ਵੇਰਵੇ ਅਨੁਸਾਰ) ਅਤੇ ਆਈ ਐੱਨ ਆਰ 4,38,834/- (ਚਾਰ ਲੱਖ ਅਠੱਤੀ ਹਜ਼ਾਰ ਅੱਠ ਸੌ ਚੌਂਤੀ ਰੁਪਏ ਕੇਵਲ) ਜਾਇਦਾਦ 2 ਲਈ (ਅਚੱਲ ਜਾਇਦਾਦ ਦੇ ਵੇਰਵੇ ਅਨੁਸਾਰ)।

ਈ ਐੱਮ ਡੀ ਜਮ੍ਹਾਂ ਕਰਨ ਦੀ ਆਖਰੀ ਮਿਤੀ 03.11.2023 ਹੈ, ਹੋਰ ਜਾਣਕਾਰੀ ਲਈ ਕਿਰਪਾ ਕਰਕੇ ਅਮੀਨ ਕੁਮਾਰ ameen.Kumar@ fullerton.com +91 8685987810 ਹਰਮਨੀ ਜੌਲੀ Harmani.jully@fullertonindia.com + 91 8655901470 'ਤੇ ਸੰਪਰਕ ਕੀਤਾ ਜਾਵੇ।

ਅਚੱਲ ਜਾਇਦਾਦ ਦਾ ਵੇਰਵਾ : ਜਾਇਦਾਦ-1 ਖਸਰਾ ਨੰ. 1449, 1450, 1448, 1447, 1499/1, ਗਲੀ ਨੰ. 6, ਬਚਿੱਤਰ ਨਗਰ, ਵਾਕਿਆ ਗਿੱਲ ਨੰ. 2 ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ।

ਜਾਇਦਾਦ 2 ਖਸਰਾ ਨੰ. 1449, 1450 , 1448, 1447, ਵਾਕਿਆ ਗਿੱਲ-2, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ।

ਵਿਕਰੀ ਦੇ ਨਿਯਮ ਅਤੇ ਸ਼ਰਤਾਂ ਲਈ ਕ੍ਰਿਪਾ ਕਰਕੇ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮ:/ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ www.smfgindia.com/https//smfgindia.auctiontiger.net ਦੇ ਲਿੰਕ ਦਾ ਹਵਾਲਾ ਲਿਆ ਜਾ ਸਕਦਾ ਹੈ।

ਸਥਾਨ : ਲੁਧਿਆਣਾ, ਮਿਤੀ : 17.10.2023 — ਸਹੀ/-ਅਧਿਕਾਰਤ ਅਫਸਰ
ਐੱਸ ਐੱਮ ਐੱਫ ਜੀ ਇੰਡੀਆ ਕ੍ਰੈਡਿਟ ਕੰਪਨੀ ਲਿਮ: (ਪਹਿਲਾਂ ਫੁਲਰਟੋਨ ਇੰਡੀਆ ਕ੍ਰੈਡਿਟ ਕੰਪ: ਲਿਮ:)


ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**
ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕਟਾਰੂਚੱਕ ਨੇ ਬਟਾਲਾ ਦਾਨਾ ਮੰਡੀ 'ਚ ਝੋਨੇ ਦੀ ਖਰੀਦ ਦਾ ਲਿਆ ਜਾਇਜ਼ਾ



ਬਟਾਲਾ (ਤਰਲੋਕ ਬੱਗਾ)-ਖੁਰਾਕ, ਸਿਵਲ ਸਪਲਾਈ ਤੇ ਖ਼ਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਬਟਾਲਾ ਦਾਨਾ ਮੰਡੀ ਵਿੱਚ ਝੋਨੇ ਦੀ ਖਰੀਦ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਮੰਡੀਆਂ ਵਿਚ ਖਰੀਦੇ ਗਏ ਝੋਨੇ ਦੀ ਨਾਲੋ-ਨਾਲ ਲਿਫਟਿੰਗ ਕੀਤੀ ਜਾ ਰਹੀ ਹੈ ਅਤੇ ਕਿਸਾਨਾਂ ਨੂੰ 24 ਘੰਟੇ ਵਿੱਚ ਅਦਾਇਗੀ ਯਕੀਨੀ ਬਣਾਈ ਜਾ ਰਹੀ ਹੈ ਅਤੇ ਹੁਣ ਤਕ ਕਿਸਾਨਾਂ ਦੇ ਖਾਤਿਆਂ ਵਿੱਚ 2352 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਇਸ ਮੌਕੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਬਲਬੀਰ ਸਿੰਘ ਪਨੂੰ ਚੇਅਰਮੈਨ ਪਨਸਪ ਪੰਜਾਬ, ਐੱਸਡੀਐੱਮ ਬਟਾਲਾ ਡਾ ਸ਼ਾਇਰੀ ਭੰਡਾਰੀ, ਅਭਿਸ਼ੇਕ ਵਰਮਾ ਤਹਿਸੀਲਦਾਰ, ਐਕਸੀਅਨ ਬਲਦੇਵ ਸਿੰਘ, ਜ਼ਿਲਾ ਮੰਡੀ ਅਫਸਰ ਕੁਲਜੀਤ ਸਿੰਘ, ਡੇਜ਼ੀ ਮਹਿਤਾ ਜ਼ਿਲ੍ਹਾ ਖ਼ੁਰਾਕ ਤੇ ਸਪਲਾਈ ਕੰਟਰੋਲਰ ਤੋਂ ਇਲਾਵਾ ਖਰੀਦ ਏਜੰਸੀਆਂ ਦੇ ਅਧਿਕਾਰੀ ਅਤੇ ਆੜ੍ਹਤੀਆ ਐਸੋਸੀਏਸ਼ਨ ਦੇ ਨੁਮਾਇੰਦੇ ਮੌਜੂਦ ਸਨ। ਪੱਤਰਕਾਰਾਂ ਨਾਲ ਗੱਲ ਕਰਦਿਆਂ ਮੰਤਰੀ ਨੇ ਕਿਹਾ ਕਿ ਸੂਬੇ ਦੀਆਂ ਸਾਰੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਸਰਕਾਰ ਵੱਲੋਂ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਗਈ ਫਸਲ ਦਾ ਇੱਕ-ਇੱਕ ਦਾਨਾ ਖਰੀਦਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਖਰੀਦੀ ਗਈ ਫਸਲ ਦੀ ਹੁਣ ਤੱਕ 2352 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। 14 ਅਕਤੂਬਰ ਤੱਕ 21 ਲੱਖ ਮੀਟਰਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਸੀ, ਜਿਸ ਵਿੱਚੋਂ 20 ਲੱਖ ਮੀਟਰਕ ਟਨ ਫਸਲ ਦੀ ਖਰੀਦ ਕੀਤੀ ਜਾ ਚੁੱਕੀ ਹੈ। ਇਸ ਮੌਕੇ ਉਨ੍ਹਾਂ ਸੂਬੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਵਿੱਚ ਫਸਲ ਪੂਰੀ ਤਰ੍ਹਾਂ ਸੁਕਾ ਕੇ ਹੀ ਲਿਆਂਦੀ ਜਾਵੇ ਤੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਥਾਂ ਉਸ ਨੂੰ ਜ਼ਮੀਨ ਵਿੱਚ ਹੀ ਵਾਹੁਣ ਨੂੰ ਤਰਜੀਹ ਦਿੱਤੀ ਜਾਵੇ।

ਇਸ ਮੌਕੇ ਉਨ੍ਹਾਂ ਨੇ ਮੰਡੀ ਵਿੱਚ ਆਏ ਕਿਸਾਨਾਂ ਅਤੇ ਮਜ਼ਦੂਰਾਂ ਨਾਲ ਵੀ ਗੱਲਬਾਤ ਕੀਤੀ। ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਤੇ ਚੇਅਰਮੈਨ ਬਲਬੀਰ ਸਿੰਘ ਪਨੂੰ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਮੰਡੀਆਂ ਵਿਚ ਖਰੀਦੇ ਗਏ ਝੋਨੇ ਦੀ ਨਾਲੋ-ਨਾਲ ਲਿਫਟਿੰਗ ਕੀਤੀ ਜਾ ਰਹੀ ਹੈ ਅਤੇ ਕਿਸਾਨਾਂ ਨੂੰ 24 ਘੰਟੇ ਵਿੱਚ ਅਦਾਇਗੀ ਯਕੀਨੀ ਬਣਾਈ ਜਾ ਰਹੀ ਹੈ।

## ਧਾਲੀਵਾਲ ਨੇ ਅੱਧੀ ਰਾਤ ਕੀਤੀ ਸੜਕ ਦੇ ਕੰਮ ਦੀ ਜਾਂਚ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਅਜਨਾਲਾ ਬਾਜ਼ਾਰ ਦੀ ਸੜਕ ਰੁਝੇਵਿਆਂ ਕਾਰਨ ਰਾਤ ਨੂੰ ਹੀ ਬਣਦੀ ਹੈ। ਸੋ ਕੈਬਨਿਟ ਮੰਤਰੀ ਨੇ ਚੱਲ ਰਹੇ ਕੰਮ ਦੀ ਕੁਆਲਟੀ ਵੀ ਅੱਧੀ ਰਾਤ ਪਹੁੰਚ ਕੇ ਚੈੱਕ ਕੀਤੀ। ਉਨ੍ਹਾਂ ਕੰਮ ਉਤੇ ਤਸੱਲੀ ਪ੍ਰਗਟ ਕਰਦੇ ਦੱਸਿਆ ਕਿ ਪਿਛਲੇ 15-16 ਸਾਲਾਂ ਵਿੱਚ ਅਜਨਾਲਾ ਸ਼ਹਿਰ ਵਿੱਚ ਕਿਧਰੇ ਅੱਧਾ ਕਿਲੋ ਲੁੱਕ ਨਹੀਂ ਪਈ ਅਤੇ ਹੁਣ ਭਗਵੰਤ ਸਿੰਘ ਮਾਨ ਦੀ ਬਦੌਲਤ ਇਹ ਕੰਮ ਸ਼ੁਰੂ ਕਰਵਾ ਕੇ ਮੈਨੂੰ ਬਹੁਤ ਖ਼ੁਸ਼ੀ ਹੋਈ ਹੈ। ਉਨ੍ਹਾਂ ਕਿਹਾ ਕਿ ਇਸ ਕੰਮ ਵਿੱਚ ਠੇਕੇਦਾਰ ਨੂੰ ਪੰਜ ਸਾਲ ਦੀ ਮੁਰੰਮਤ ਵੀ ਦਿੱਤੀ ਹੈ, ਸੋ ਕੰਮ ਮਾੜਾ ਹੋਣ ਦੇ ਮੌਕੇ ਬਹੁਤ ਘੱਟ ਹਨ, ਪਰ ਫਿਰ ਵੀ ਤੁਸੀਂ ਖਿਆਲ ਰੱਖੋ। ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਸੂਬੇ ਨੂੰ ਤਰੱਕੀ ਦੀਆਂ ਲੀਹਾਂ ਉੱਪਰ ਤੋਰਨ ਲਈ ਯਤਨ ਲਗਾਤਾਰ ਜਾਰੀ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਸੂਬਾ ਵਾਸੀਆਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ। ਇਸ ਮੌਕੇ ਜਸਪਾਲ ਸਿੰਘ ਭੱਟੀ ਪ੍ਰਧਾਨ ਨਗਰ ਪੰਚਾਇਤ, ਦਵਿੰਦਰ ਸਿੰਘ ਸੋਨੂੰ, ਪਵਿੱਤਰ ਸਿੰਘ, ਅਮਿਤ ਪੁਰੀ, ਸ਼ਮਸ਼ੇਰ ਸਿੰਘ, ਗੁਰਿੰਦਰ ਸਿੰਘ, ਅਜੇ ਕੁਮਾਰ, ਗੁਰਨਾਮ ਸਿੰਘ, ਅਮਰਬੀਰ ਸਿੰਘ ਅਤੇ ਰਿੰਕੂ ਆਦਿ ਹਾਜ਼ਰ ਸਨ।



# ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਚੋਣ ਹੋਣ ਤੱਕ ਸੰਘਰਸ਼ ਜਾਰੀ ਰਹੇਗਾ : ਮਮਤਾ ਦੇਵਗਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਚੋਣ ਨੂੰ ਲੈ ਕੇ ਪੱਤਰਕਾਰ ਭਾਈਚਾਰੇ ਦੀ ਹੰਗਾਮੀ ਮੀਟਿੰਗ ਸਥਾਨਕ ਪ੍ਰੈੱਸ ਕਲੱਬ ਵਿਖੇ ਹੋਈ ਜਿਸ ਵਿੱਚ ਭਾਰੀ ਗਿਣਤੀ ਵਿੱਚ ਪੱਤਰਕਾਰਾਂ ਨੇ ਭਾਗ ਲਿਆ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਜਿੰਨਾ ਚਿਰ ਤੱਕ ਪ੍ਰੈੱਸ ਕਲੱਬ ਦੀ ਵਿਧੀ ਵਿਧਾਨ ਨਾਲ ਚੋਣ ਨਹੀਂ ਹੋ ਜਾਂਦੀ ਉਨਾ ਚਿਰ ਸੰਘਰਸ਼ ਜਾਰੀ ਰਹੇਗਾ। ਮੀਟਿੰਗ ਮੈਡਮ ਮਮਤਾ ਦੇਵਗਨ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਫੈਸਲਾ ਲਿਆ ਗਿਆ ਕਿ ਅੰਮ੍ਰਿਤਸਰ ਦੇ ਲੱਗੇ ਨਵੇਂ ਡੀ ਸੀ ਘਨਸ਼ਿਆਮ ਥੋਰੀ ਜਿਹੜੇ ਪਹਿਲਾਂ ਵੀ ਕਈ ਜ਼ਿਲ੍ਹਿਆਂ ਵਿੱਚ ਡੀ ਸੀ ਰਹਿ ਚੁੱਕੇ ਹਨ, ਨੂੰ 19 ਅਕਤੂਬਰ ਦਿਨ ਵੀਰਵਾਰ ਨੂੰ ਜਿਥੇ ਵਧਾਈ ਦਿੱਤੀ ਜਾਵੇਗੀ ਉਥੇ ਪ੍ਰੈੱਸ ਕਲੱਬ ਦੀ ਮੌਜੂਦਾ ਸਥਿਤੀ ਬਾਰੇ ਜਾਣੂ ਕਰਵਾਇਆ ਜਾਵੇਗਾ ਤੇ ਵਿਧੀ ਵਿਧਾਨ ਨਾਲ ਚੋਣ ਕਰਾਉਣ ਦੀ ਮੰਗ ਕੀਤੀ ਜਾਵੇਗੀ। ਮਮਤਾ ਦੇਵਗਨ ਨੇ ਦੱਸਿਆ ਕਿ ਚਾਰ ਸਤੰਬਰ ਨੂੰ ਬੁਲਾਈ ਗਈ ਮੀਟਿੰਗ ਸਿਰਫ ਪ੍ਰੈੱਸ ਕਲੱਬ ਦੀ ਚੋਣ ਕਰਾਉਣ ਬਾਰੇ ਵਿਚਾਰ ਚਰਚਾ ਕਰਨ ਲਈ ਬੁਲਾਈ ਗਈ ਸੀ ਪਰ ਇੱਕ ਵਿਅਕਤੀ ਆਪਣੀ ਤਾਨਾਸ਼ਾਹੀ ਨਾਲ ਹੀ ਪ੍ਰਧਾਨ ਬਣ ਬੈਠਾ। ਉਨ੍ਹਾਂ ਕਿਹਾ ਕਿ ਇਹ ਪੂਰੀ ਤਰ੍ਹਾਂ ਲੋਕਤਾਂਤਰਿਕ ਕਦਰਾਂ-ਕੀਮਤਾਂ ਦੇ ਖਿਲਾਫ ਹੈ ਤੇ ਚੋਣ ਦੀ ਵਿਧੀ ਵਿਧਾਨ ਦੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਕਲੱਬ ਕੋਲ ਕਰੀਬ 25 ਲੱਖ ਦੇ ਕਰੀਬ ਫੰਡ ਆਏ ਜਿਨ੍ਹਾਂ ਦਾ ਹਿਸਾਬ ਨਹੀਂ ਦਿੱਤਾ ਜਾ ਰਿਹਾ। ਤੱਤਕਾਲੀ ਖਜ਼ਾਨਚੀ ਵਿਸ਼ਾਲ ਕੁਮਾਰ ਨੇ ਜਦੋਂ ਹਿਸਾਬ ਮੰਗਿਆ ਤਾਂ ਉਸ ਨੂੰ ਹਿਸਾਬ ਦੇਣ ਦੀ ਕਦੇ ਵੀ ਪਹਿਲ ਕਦਮੀ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਜਿਥੇ ਕਲੱਬ ਦੀ ਪ੍ਰਧਾਨਗੀ ਨੂੰ ਜੱਫਾ ਮਾਰਨ ਦੀ ਕੋਸ਼ਿਸ਼ ਕੀਤੀ ਗਈ ਉਥੇ ਹੀ ਫੰਡਾਂ ਦੀ ਹੇਰਾਫੇਰੀ ਵੀ ਸਾਬਤ ਕਰਦੀ ਹੈ ਕਿ ਕਲੱਬ ਦੇ ਖਜ਼ਾਨੇ ਨੂੰ ਵੱਡਾ ਚੂਨਾ ਲਗਾਇਆ ਗਿਆ ਹੈ ਜਿਸ ਦੀ ਜਾਂਚ ਵਿਜੀਲੈਂਸ ਵੱਲੋਂ ਹੋਣੀ ਚਾਹੀਦੀ ਹੈ। ਵਿਸ਼ਾਲ ਕੁਮਾਰ ਨੇ ਕਿਹਾ ਕਿ ਉਹ ਬਤੌਰ ਖਜ਼ਾਨਚੀ ਕੰਮ ਕਰਦੇ ਸਨ ਤੇ ਉਨਾਂ ਨੇ ਕਈ ਵਾਰੀ ਹਿਸਾਬ ਮੰਗਿਆ ਪਰ ਉਨਾਂ ਨੂੰ ਕੋਈ ਹਿਸਾਬ ਨਹੀਂ ਦਿੱਤਾ ਗਿਆ ਜਿਸ ਕਰਕੇ ਉਹ ਹਰ ਮੀਟਿੰਗ ਵਿੱਚ ਰੌਲਾ ਪਾਉਂਦੇ ਰਹੇ। ਕਈ ਵਾਰੀ ਕੋਰੇ ਚੈੱਕਾਂ 'ਤੇ ਦਸਤਖਤ ਕਰਨ ਲਈ ਕਿਹਾ ਜਾਂਦਾ ਸੀ ਪਰ ਉਹ ਇਨਕਾਰ ਕਰ ਦਿੰਦੇ ਸਨ। ਉਨ੍ਹਾਂ ਕਿਹਾ ਕਿ ਜੇਕਰ ਵਿਜੀਲੈਂਸ ਦੀ ਜਾਂਚ ਹੋ ਜਾਂਦੀ ਹੈ ਤਾਂ ਬਹੁਤ ਕੁਝ ਘਾਲਾਮਾਲਾ ਸਾਹਮਣੇ ਆ ਜਾਵੇਗਾ। ਪੱਤਰਕਾਰ ਜਸਬੀਰ ਸਿੰਘ ਪੱਟੀ ਨੇ ਕਿਹਾ ਕਿ ਕਲੱਬ ਦੀ ਚੋਣ ਹੋਣੀ ਬਹੁਤ ਜ਼ਰੂਰੀ ਸੀ ਤੇ ਉਸ ਵੇਲੇ ਤੱਕ ਸੰਘਰਸ਼ ਜਾਰੀ ਰਹੇਗਾ ਜਦੋ ਤੱਕ ਇਨਸਾਫ ਨਹੀਂ ਮਿਲ ਜਾਂਦਾ। ਉਨ੍ਹਾਂ ਕਿਹਾ ਕਿ ਆਰਐੱਨਆਈ ਵਾਲੇ ਪੱਤਰਕਾਰਾਂ ਨੂੰ ਵੀ ਵੋਟ ਦਾ ਅਧਿਕਾਰ ਦਿਵਾਉਣ ਲਈ ਰਣਨੀਤੀ ਬਣਾਈ ਜਾ ਰਹੀ ਹੈ ਤੇ ਉਨ੍ਹਾਂ ਯੂ ਟਿਊਬ ਚੈਨਲਾਂ ਬਾਰੇ ਵੀ ਸੋਚਿਆ ਜਾ ਰਿਹਾ ਹੈ ਜਿਹੜੇ ਚੈਨਲਾਂ ਦਾ ਪ੍ਰਦਰਸ਼ਨ ਅੱਛਾ ਹੈ।

ਸੀਨੀਅਰ ਪੱਤਰਕਾਰ ਦੀਪਕ ਸ਼ਰਮਾ ਨੇ ਕਿਹਾ ਕਿ ਚੋਣ ਕਰਾਉਣ ਲਈ ਉਨ੍ਹਾਂ ਨੂੰ ਹਾਈਕੋਰਟ ਦਾ ਦਰਵਾਜ਼ਾ ਵੀ ਖੜਕਾਉਣਾ ਪਿਆ ਤਾਂ ਉਹ ਗੁਰੇਜ਼ ਨਹੀ ਕਰਨਗੇ। ਬਹੁਤ ਸਾਰੇ ਪੱਤਰਕਾਰਾਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ ਜਿਨ੍ਹਾਂ ਵਿੱਚ ਅੰਮ੍ਰਿਤਪਾਲ ਸਿੰਘ, ਹਰਪਾਲ ਸਿੰਘ ਭੰਗੂ, ਰਣਜੀਤ ਸਿੰਘ ਮਸਾਉਣ, ਨਰਿੰਦਰਜੀਤ ਸਿੰਘ, ਜੋਗਿੰਦਰ ਸਿੰਘ ਜੌੜਾ, ਪ੍ਰੀਤਮ ਸਿੰਘ ਚਵਿੰਡਾ, ਅਮਰੀਕ ਵੱਲਾ, ਸਤਨਾਮ ਸਿੰਘ ਮੂਧਲ, ਜਸਬੀਰ ਸਿੰਘ, ਹਰਦੇਵ ਪ੍ਰਿੰਸ, ਮਲਕੀਅਤ ਸਿੰਘ ਬਰਾੜ, ਦਲਬੀਰ ਸਿੰਘ, ਸਰਵਨ ਸਿੰਘ ਰੰਧਾਵਾ, ਜਤਿੰਦਰ ਸਿੰਘ ਬੇਦੀ, ਰਾਜੇਸ਼ ਕੁਮਾਰ, ਬਿਕਰਮਜੀਤ ਸਿੰਘ ਗਿੱਲ, ਕੁਲਬੀਰ ਸਿੰਘ, ਅਬਦੇਸ਼ ਕੁਮਾਰ ਗੁਪਤਾ ਆਦਿ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਪੱਤਰਕਾਰਾਂ ਨੇ ਸੰਬੋਧਨ ਕੀਤਾ।

## ਸਰੋਤਿਆਂ ਦੀ ਕਚਹਿਰੀ 'ਚ ਮਲਕੀਤ ਸਿੰਘ ਦੇ 'ਮੋਬਾਇਲ' ਦੇ ਹੋਣਗੇ ਚਰਚੇ

**ਚੰਡੀਗੜ੍ਹ** : ਗੀਤ 'ਤੂਤਕ ਤੂਤਕ ਤੂਤੀਆਂ' ਅਤੇ 'ਕਾਲੀ ਐਨਕ' ਨਾਲ ਵਿਸ਼ਵ ਭਰ ਵਿੱਚ ਨਾਮਣਾ ਖੱਟਣ ਵਾਲਾ ਗੋਲਡਨ ਸਟਾਰ ਗਾਇਕ ਹੁਣ ਆਪਣੇ ਨਵੇਂ ਗੀਤ 'ਮੋਬਾਇਲ' ਨਾਲ ਸਰੋਤਿਆਂ ਦੀ ਕਚਹਿਰੀ ਵਿੱਚ ਪੇਸ਼ ਹੋ ਰਿਹਾ ਹੈ। ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਲਕੀਤ ਸਿੰਘ ਨੇ ਕਿਹਾ ਕਿ ਕਾਲੀ ਐਨਕ ਤੋਂ ਮਿਲੀ ਪ੍ਰਸਿੱਧੀ ਤੋਂ ਬਾਅਦ ਹੁਣ ਉਸ ਨੇ ਮੁੜ ਆਪਣੇ ਹੀ ਲਿਖੇ ਗੀਤ ਮੋਬਾਇਲ ਨੂੰ ਪੇਸ਼ ਕੀਤਾ ਹੈ। ਉਨ੍ਹਾਂ ਦੱਸਿਆ ਕਿ ਮਿਊਜ਼ਿਕ ਵੇਵਜ਼ ਵੱਲੋਂ ਪੇਸ਼ ਕੀਤੇ ਇਸ ਗੀਤ ਨੇ ਮੁੱਢਲੇ ਪੜਾਅ ਵਿੱਚ ਹੀ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਗੀਤ ਦੀ ਵੀਡੀਓ ਸਟਾਲਨਵੀਰ ਨੇ ਬਣਾਈ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ ਦੇ ਅੰਤ ਤੱਕ ਉਹ ਪ੍ਰਦੇਸੀ ਜ਼ਿੰਦਗੀ ਤੇ ਅਧਾਰਿਤ ਪੰਜਾਬੀ ਫਿਲਮ 'ਸਾਡੇ ਲੇਖ' ਵੀ ਲੈ ਕੇ ਆ ਰਹੇ ਹਨ। ਇਸ ਮੌਕੇ ਮਿਊਜ਼ਿਕ ਵੇਵਜ਼ ਦੇ ਮੈਨੇਜਰ ਰਾਜੇਸ਼ ਚਲੋਤਰਾ ਨੇ ਕਿਹਾ ਕਿ ਇਸ ਗੀਤ ਨੂੰ ਮਿਲੀ ਪ੍ਰਸਿੱਧੀ ਨੇ ਉਨ੍ਹਾਂ ਦੇ ਹੌਸਲੇ ਬੁਲੰਦ ਕੀਤੇ ਹਨ।

## ਅਖੰਡ ਪ੍ਰਭਾਤ ਫੇਰੀ ਦੇ 32ਵੇਂ ਸਾਲ 'ਚ ਪ੍ਰਵੇਸ਼ ਮੌਕੇ ਸ਼ੋਭਾ ਯਾਤਰਾ ਕੱਢੀ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਸ਼੍ਰੀ ਰਮਨ ਬਿਹਾਰੀ ਸੰਕੀਰਤਨ ਮੰਡਲ ਅਤੇ ਸਨਾਤਨ ਧਰਮ ਸਭਾ ਵੱਲੋਂ ਮਹਾਮੰਡਲੇਸ਼ਵਰ ਸਵਾਮੀ ਗੁਰੁਸਰਾਨੰਦ ਜੀ ਮਹਾਰਾਜ ਪੀਠਾਧੀਸ਼ਵਰ ਰਾਮਨ ਰੇਤੀ ਧਾਮ ਦੇ ਆਸ਼ੀਰਵਾਦ ਨਾਲ ਚੱਲ ਰਹੀ ਅਖੰਡ ਪ੍ਰਭਾਤ ਫੇਰੀ ਦੇ 32ਵੇਂ ਸਾਲ ਵਿੱਚ ਪ੍ਰਵੇਸ਼ ਕਰਨ 'ਤੇ ਪ੍ਰਭਾਤ ਫੇਰੀ ਦੇ ਸੰਚਾਲਕ ਮਾਸਟਰ ਰਾਮਨਾਥ ਦੀ ਪ੍ਰੇਰਨਾ ਅਤੇ ਖੇਮਰਾਜ ਅਗਰਵਾਲ ਦੀ ਪ੍ਰਧਾਨਗੀ ਹੇਠ ਸ਼ੋਭਾ ਯਾਤਰਾ ਕੱਢੀ ਗਈ। ਸ਼੍ਰੀ ਬਾਲ ਮਾਤਾ ਮੰਦਿਰ ਵਿੱਚ ਮਾਤਾ ਦਾ ਦੀਵਾ ਜਗਾਉਣ ਉਪਰੰਤ ਇਹ ਯਾਤਰਾ ਮੁੱਖ ਬਾਜ਼ਾਰਾਂ ਅਤੇ ਗਲੀਆਂ ਵਿੱਚੋਂ ਦੀ ਹੁੰਦੀ ਹੋਈ ਬਾਲ ਮਾਤਾ ਮੰਦਿਰ ਵਿਖੇ ਸੰਪੰਨ ਹੋਈ। ਯਾਤਰਾ 'ਚ ਕਮਲ ਖਜੂਰੀਆ, ਬ੍ਰਿਜਲਾਲ, ਬੰਟੀ ਭਗਤ, ਕ੍ਰਿਸ਼ਨ ਕਾਂਤ, ਅਸ਼ੋਕ ਕੁਮਾਰ, ਅਸ਼ੋਕ ਓਹਰੀ, ਰਾਜਿੰਦਰ ਬੱਬਰ, ਦਰਸ਼ਨ ਸ਼ਰਮਾ, ਪੰਡਿਤ ਪਰਮੇਸ਼ਵਰ ਸ਼ਾਸਤਰੀ ਆਦਿ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

## ਡਾ. ਅਜੇ ਕੁਮਾਰ ਨੇ ਬੇਅੰਤ ਕਾਲਜ ਵਿਖੇ ਬਤੌਰ ਰਜਿਸਟਰਾਰ ਅਹੁਦਾ ਸੰਭਾਲਿਆ



ਗੁਰਦਾਸਪੁਰ (ਜਨਕ ਮਹਾਜਨ)- ਡਾ. ਅਜੇ ਕੁਮਾਰ ਨੇ ਬਤੌਰ ਰਜਿਸਟਰਾਰ ਸ. ਬੇਅੰਤ ਸਿੰਘ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਯੂਨੀਵਰਸਿਟੀ ਗੁਰਦਾਸਪੁਰ ਵਿਖੇ ਚਾਰਜ ਸੰਭਾਲ ਲਿਆ। ਚਾਰਜ ਸੰਭਾਲਣ ਉਪਰੰਤ ਉਨ੍ਹਾਂ ਨੇ ਦੱਸਿਆ ਕਿ ਉਹ ਆਪਣੇ ਸਟਾਫ਼ ਮੈਂਬਰਾਂ ਅਤੇ ਸਹਿਯੋਗੀਆਂ ਨਾਲ ਮਿਲ ਕੇ ਕਾਲਜ ਦੀ ਬਿਹਤਰੀ ਲਈ ਹਰ ਮੁਮਕਿਨ ਯਤਨ ਕਰਨਗੇ ਅਤੇ ਕਾਲਜ ਵਿਚ ਅਨੁਸ਼ਾਸਨ ਨੂੰ ਹਰ ਹੀਲੇ ਕਾਇਮ ਰੱਖਣਗੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਪੜ੍ਹਾਈ ਦੇ ਨਾਲ ਨਾਲ ਖੇਡਾਂ ਵੱਲ ਵੀ ਜ਼ਰੂਰ ਧਿਆਨ ਦੇਣ। ਉਨ੍ਹਾਂ ਨੇ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਜੇਕਰ ਕਿਸੇ ਨੂੰ ਕੋਈ ਵੀ ਕਾਲਜ ਪ੍ਰਤੀ ਮੁਸ਼ਕਿਲ ਪੇਸ਼ ਆਵੇ, ਉਹ ਉਨ੍ਹਾਂ ਨਾਲ ਰਾਬਤਾ ਕਾਇਮ ਕਰ ਸਕਦਾ ਹੈ।

## ਨੈਸ਼ਨਲ ਗੱਤਕਾ ਚੈਂਪੀਅਨਸ਼ਿਪ 'ਚ ਮੋਤੀ ਨਗਰ ਦੇ 8 ਬੱਚਿਆਂ ਨੇ ਮੈਡਲ ਜਿੱਤੇ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ ਵੱਲੋਂ ਤਾਲਕਟੋਰਾ ਸਟੇਡੀਅਮ ਦਿੱਲੀ ਵਿਖੇ ਬੀਤੇ ਦਿਨੀਂ ਕਰਵਾਈ ਗਈ ਗਿਆਰਵੀਂ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ 'ਚ ਮੋਤੀ ਨਗਰ ਦੇ 8 ਬੱਚੇ ਮੈਡਲ ਜਿੱਤਣ ਵਿਚ ਕਾਮਯਾਬ ਰਹੇ ਹਨ। ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਮੋਤੀ ਨਗਰ ਵੱਲੋਂ ਚਲਾਏ ਜਾਂਦੇ ਬਾਬਾ ਜ਼ੋਰਾਵਰ ਸਿੰਘ ਬਾਬਾ ਫਤਿਹ ਸਿੰਘ ਅਖਾੜੇ ਦੇ ਉਸਤਾਦ ਜਗਪ੍ਰੀਤ ਸਿੰਘ ਦੀਆਂ ਅਣਥੱਕ ਕੋਸ਼ਿਸ਼ਾਂ ਨੂੰ ਇਨ੍ਹਾਂ ਬੱਚਿਆਂ ਨੇ 1 ਚਾਂਦੀ ਅਤੇ 7 ਕਾਂਸੀ ਦੇ ਮੈਡਲ ਜਿੱਤ ਕੇ ਸਾਰਥਕ ਸਾਬਤ ਕਰ ਦਿੱਤਾ ਹੈ। ਇਸ ਵਿਚ ਵਧੀਆ ਗੱਲ ਇਹ ਹੈ ਕਿ 8 ਬੱਚਿਆਂ ਵਿਚ 3 ਕੁੜੀਆਂ ਵੀ ਸ਼ਾਮਲ ਹਨ। ਨੈਸ਼ਨਲ ਲੈਵਲ ਉਤੇ ਖੇਡਣ ਗਏ ਆਪਣੇ 9 ਬੱਚਿਆਂ ਵਿਚੋਂ 8 ਬੱਚਿਆਂ ਵੱਲੋਂ ਤਮਗੇ ਜਿੱਤਣ ਉਤੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਮੋਤੀ ਨਗਰ ਦੇ ਪ੍ਰਧਾਨ ਰਵਿੰਦਰ ਸਿੰਘ ਬਿੱਟੂ ਅਤੇ ਜਨਰਲ ਸਕੱਤਰ ਰਾਜਾ ਸਿੰਘ ਨੇ ਖੁਸ਼ੀ ਪ੍ਰਗਟਾਈ ਹੈ। ਦੋਵੇਂ ਆਗੂਆਂ ਦਾ ਕਹਿਣਾ ਹੈ ਕਿ ਇਨ੍ਹਾਂ ਬੱਚਿਆਂ ਤੋਂ ਹੋਰ ਬੱਚੇ ਵੀ ਅੱਗੇ ਪ੍ਰੇਰਨਾ ਲੈਣਗੇ ਕਿਉਂਕਿ ਦਿੱਲੀ ਲੈਵਲ ਦੀਆਂ ਟੀਮਾਂ ਵਿਚਾਲੇ ਸਖਤ ਮੁਕਾਬਲੇ ਤੋਂ ਬਾਅਦ ਮੋਤੀ ਨਗਰ ਦੇ 9 ਬੱਚੇ ਨੈਸ਼ਨਲ ਲੈਵਲ ਉਤੇ ਖੇਡਣ ਲਈ ਚੁਣੇ ਗਏ ਸਨ। ਇਨ੍ਹਾਂ ਬੱਚਿਆਂ ਦੀ ਹੁਨਰ ਤਰਾਸ਼ੀ ਕਰਨ ਵਾਲੇ ਉਸਤਾਦ ਜਗਪ੍ਰੀਤ ਸਿੰਘ ਦੀ ਲਗਨ ਅਤੇ ਮਿਹਨਤ ਸਦਕਾ ਇਹ ਬੱਚੇ ਕਾਮਯਾਬ ਹੋਏ ਹਨ।

# ਵਾਹਗਾ ਸਰਹੱਦ ਤੋਂ ਕੌਮਾਂਤਰੀ ਵਪਾਰ ਸ਼ੁਰੂ ਕਰਨ ਦੀ ਮੰਗ 'ਤੇ ਜ਼ੋਰ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸਥਾਨਕ ਯਤੀਮਖਾਨਾ ਦੇ ਸ਼ਹੀਦ ਊਧਮ ਸਿੰਘ ਹਾਲ ਵਿਖੇ ਸਾਈਂ ਮੀਆਂ ਮੀਰ ਇੰਟਰਨੈਸ਼ਨਲ ਫਾਊਂਡੇਸ਼ਨ ਵੱਲੋਂ ਕਰਵਾਏ ਸੈਮੀਨਾਰ ਵਿਚ ਵਾਹਗਾ ਸਰਹੱਦ 'ਤੇ ਹੁੰਦੀ ਪਰੇਡ ਨੂੰ ਤਣਾਅ ਮੁਕਤ ਬਣਾਉਣ ਅਤੇ ਇਸ ਰਸਤੇ ਭਾਰਤ-ਪਾਕਿਸਤਾਨ ਵਿਚਾਲੇ ਵਪਾਰ ਮੁੜ ਸ਼ੁਰੂ ਕਰਨ ਲਈ ਕੇਂਦਰ ਸਰਕਾਰ ਤੋਂ ਮੰਗ ਕੀਤੀ ਗਈ। ਬਿਨਾਂ ਕਿਸੇ ਪਾਰਟੀ ਦੇ ਕੇਂਦਰ ਵਿੱਚ ਮੰਤਰੀ ਦੇ ਅਹੁਦੇ ਦਾ ਅਨੰਦ ਮਾਨਣ ਵਾਲੇ ਸਾਬਕਾ ਮੰਤਰੀ ਬਲਵੰਤ ਸਿੰਘ ਰਾਮੂਵਾਲੀਆ ਨੇ ਇਕ ਮਤਾ ਪੇਸ਼ ਕਰ ਕੇ ਪ੍ਰਵਾਨਗੀ ਲਈ ਕਿ ਭਗਵੰਤ ਮਾਨ ਦੀ ਸਰਕਾਰ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾ ਕੇ ਇਹ ਮਤਾ ਪਾਸ ਕਰ ਕੇ ਕੇਂਦਰ ਸਰਕਾਰ ਨੂੰ ਭੇਜੇ ਕਿ ਭਾਰਤ-ਪਾਕਿਸਤਾਨ ਸਰਹੱਦ ਖੋਲ੍ਹੀ ਜਾਵੇ, ਕਿਉਂਕਿ ਪੰਜਾਬ ਦੀ ਆਰਥਿਕਤਾ ਤੇ ਬਹੁਤ ਮਾੜਾ ਪ੍ਰਭਾਵ ਪੈ ਰਿਹਾ ਹੈ। ਪੰਜਾਬ ਸਰਕਾਰ ਇਕ ਮਤਾ ਪਾਸ ਕਰ ਕੇ ਠੱਗੀਆਂ ਮਾਰਨ ਵਾਲੇ ਟਰੈਵਲ ਏਜੰਟਾਂ ਖ਼ਿਲਾਫ਼ ਸਖ਼ਤ ਕਾਰਵਾਈ ਦਾ ਆਦੇਸ਼ ਦੇਵੇ ਤੇ ਦੋਸ਼ੀਆਂ ਦੇ ਖਿਲਾਫ ਸਖਤ ਤੋਂ ਸਖਤ ਕਾਰਵਾਈ ਕਰੇ। ਪੰਜਾਬ ਵਿੱਚ ਵੱਧ ਰਹੇ ਨਸ਼ੇ ਦੀ ਪ੍ਰਵਿਰਤੀ ਤੇ ਚਿੰਤਾ ਦਾ ਪ੍ਰਗਟਾਵਾ ਕਰਦਿਆ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਾ ਤਸਕਰਾਂ ਨੂੰ ਘੱਟੋ-ਘੱਟ ਸਜ਼ਾ 20 ਸਾਲ ਯਕੀਨੀ ਬਣਾਵੇ ਤਾਂ ਕਿ ਨਸ਼ਾ ਤਸਕਰਾਂ ਵਿੱਚ ਡਰ ਪੈਦਾ ਹੋ ਸਕੇ। ਕੌਮੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਪ੍ਰੋ. ਬਾਵਾ ਸਿੰਘ ਨੇ ਕਿਹਾ ਕਿ ਪਾਕਿਸਤਾਨ ਨਾਲ ਵਾਹਗਾ ਸਰਹੱਦ ਰਾਹੀ ਜੰਗੀ ਪੱਧਰ ਤੇ ਵਪਾਰ ਸ਼ੁਰੂ ਕਰਨ ਨਾਲ ਦੋਹਾਂ ਦੇਸ਼ਾਂ ਨੂੰ ਅਰਬਾਂ ਖਰਬਾਂ ਦਾ ਫਾਇਦਾ ਹੋ ਸਕਦਾਹੈ। ਉਨ੍ਹਾਂ ਕਿਹਾ ਜਿਹੜਾ ਮਾਲ ਵਾਹਗਾ ਸਰਹੱਦ ਰਾਹੀਂ ਦੋ ਘੰਟਿਆਂ ਵਿੱਚ ਪਾਕਿਸਤਾਨ ਪੁੱਜ ਸਕਦਾ ਹੈ, ਦੁਬਈ ਰਾਹੀਂ ਦੋ ਮਹੀਨਿਆਂ ਵਿੱਚ ਪੁੱਜਦਾ ਹੈ। ਉਨ੍ਹਾਂ ਕਿਹਾ ਕਿ ਵਾਹਗਾ ਸਰਹੱਦ ਤੇ ਹੋ ਰਹੀ ਰੀਟਰੀਟ ਸਮੇਂ ਪਰੇਡ ਦੋਹਾਂ ਮੁਲਕਾਂ ਵਿੱਚ ਸੁਖਾਵੇਂ ਮਾਹੌਲ ਦਾ ਪ੍ਰਤੀਕ ਹੋਣੀ ਚਾਹੀਦੀ ਹੈ ਨਾ ਕਿ ਸਬੰਧ ਤਨਾਅਪੂਰਨ ਬਣਾਉਣ ਵਾਲੀ ਹੋਣੀ ਚਾਹੀਦੀ ਹੈ। ਪ੍ਰੋ. ਸੁਰਿੰਦਰ ਮੰਡ ਨੇ ਕਿਹਾ ਕਿ ਪਰੇਡ ਚੰਗੇ ਤੇ ਸੁਖਾਵੇਂ ਮਾਹੌਲ ਵਿਚ ਹੋਵੇ ਤਾਂ ਕਿ ਦੋਵੇਂ ਪਾਸੇ ਦੇ ਦਰਸ਼ਕ ਚੰਗੀ ਸੋਚ ਲੈ ਕੇ ਪਰਤਣ। ਇਸ ਮੌਕੇ ਗੁਰਦਰਸ਼ਨ ਸਿੰਘ ਬਾਹੀਆ, ਪ੍ਰੋ. ਕੁਲਦੀਪ ਸਿੰਘ ਨੇ ਕਿਹਾ ਕਿ ਜੇ ਸਰਕਾਰ ਦੋਵਾਂ ਦੇਸ਼ਾਂ ਵਿਚਾਲੇ ਵਪਾਰ ਸ਼ੁਰੂ ਨਹੀਂ ਕਰਦੀ ਤਾਂ ਇਹ ਆਵਾਜ਼ ਉਠਾਈ ਜਾਵੇ ਕਿ ਇਸ ਦਾ ਜਵਾਬ ਵੋਟਾਂ ਸਮੇਂ ਲਿਆ ਜਾਵੇਗਾ। ਰਾਮੂਵਾਲੀਆ ਨੇ ਕਿਹਾ ਕਿ ਅਗਲੇ ਦਿਨਾਂ ਵਿਚ ਅਜਿਹੇ ਦੋ ਸੈਮੀਨਾਰ ਹੋਰ ਵੱਡੀ ਪੱਧਰ 'ਤੇ ਕਰਵਾਏ ਜਾਣਗੇ। ਇਸ ਮੌਕੇ ਬਲਵਿੰਦਰ ਸਿੰਘ ਪੱਖੋਕੇ, ਨਾਜ਼ਰ ਸਿੰਘ ਮਾਨਸ਼ਾਹੀਆ ਨੇ ਵੀ ਸੰਬੋਧਨ ਕੀਤਾ। ਫਾਊਂਡੇਸ਼ਨ ਦੇ ਪ੍ਰਧਾਨ ਹਰਭਜਨ ਸਿੰਘ ਬਰਾੜ ਨੇ ਕਿਹਾ ਕਿ ਇਸ ਮੁੱਦੇ 'ਤੇ ਰਾਜਸੀ ਪਾਰਟੀਆਂ ਨਾਲ ਸੰਪਰਕ ਕੀਤਾ ਜਾਵੇਗਾ। ਸੈਮੀਨਾਰ ਦਾ ਸੰਚਾਲਨ ਦੀਪ ਦੇਵਿੰਦਰ ਸਿੰਘ ਨੇ ਕੀਤਾ। ਸਾਈਂ ਮੀਆਂਮੀਰ ਇੰਟਰਨੈਸ਼ਨਲ ਫਾਊਂਡੇਸ਼ਨ ਦੇ ਪ੍ਰਧਾਨ ਹਰਭਜਨ ਸਿੰਘ ਬਰਾੜ ਨੇ ਜਿਥੇ ਆਏ ਮਹਿਮਾਨਾਂ ਦਾ ਸੁਆਗਤ ਕੀਤਾ ਉਥੇ ਕਿਹਾ ਕਿ ਉਹ ਇਸ ਤੋਂ ਪਹਿਲਾਂ ਹੀ ਸਰਹੱਦ ਤੇ ਹੁੰਦੀ ਪਰੇਡ ਬਾਰੇ ਆਵਾਜ਼ ਬੁਲੰਦ ਕਰਨਾ ਚਾਹੁੰਦੇ ਸੀ ਪਰ ਲੇਟ ਜ਼ਰੂਰ ਹੋਏ ਹਨ ਪਰ ਉਨ੍ਹਾਂ ਨੂੰ ਇਸ ਗੱਲ ਦੀ ਤਸੱਲੀ ਹੈ ਕਿ ਜਿਹੜੇ ਬੁਲਾਰੇ ਆਏ ਹਨ ਉਨ੍ਹਾਂ ਦੀ ਆਵਾਜ਼ ਦੇਸ਼ ਦੇ ਗ੍ਰਹਿ ਤੇ ਵਿਦੇਸ਼ ਮੰਤਰੀ ਦੀ ਹਿੱਕ ਵਿੱਚ ਵੱਜਦੀ ਹੈ। ਉਨ੍ਹਾਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਅਜਿਹੇ ਸੁਧਾਰਵਾਦੀ ਸੈਮੀਨਾਰ ਕਰਵਾਉਂਦੇ ਰਹਿਣਗੇ।

# ਕੁਇਜ਼ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਸ੍ਰੀ ਗੁਰੂ ਰਾਮਦਾਸ ਦੇ 489ਵੇਂ ਪ੍ਰਕਾਸ਼ ਪੁਰਬ ਅਤੇ ਗੁਰੂ ਨਗਰੀ ਦੇ 446ਵੇਂ ਸਥਾਪਨਾ ਦਿਵਸ ਦੇ ਸਬੰਧ 'ਚ ਅਵਤਾਰ ਪੁਰਬ ਕਮੇਟੀ ਵੱਲੋਂ ਸਮਾਗਮ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਵੱਖ-ਵੱਖ ਤਰ੍ਹਾਂ ਦੇ ਮੁਕਾਬਲੇ ਕਰਵਾਏ ਜਿਸ ਵਿਦਿਆਰਥਣਾਂ ਨੇ ਹਿੱਸਾ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕਰਕੇ ਤੀਜਾ ਸਥਾਨ ਹਾਸਲ ਕੀਤਾ। ਇਸ ਸਬੰਧੀ ਪ੍ਰਿੰ. ਪੁਨੀਤ ਕੌਰ ਨਾਗਪਾਲ ਨੇ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਦੱਸਿਆ ਕਿ ਉਕਤ ਸਮਾਗਮ ਮੌਕੇ ਕਰਵਾਏ ਵੱਖ-ਵੱਖ ਮੁਕਾਬਲਿਆਂ 'ਚ ਕਰੀਬ 18 ਟੀਮਾਂ ਨੇ ਹਿੱਸਾ ਲਿਆ ਜਿਸ 'ਚ ਸਕੂਲ ਦੀਆਂ 2 ਵਿਦਿਆਰਥਣਾਂ ਕੰਠਪ੍ਰੀਤ ਕੌਰ ਅਤੇ ਹੇਮਾ ਨੇ ਕਾਵਿ ਉਚਾਰਨ ਮੁਕਾਬਲੇ 'ਚ ਹਿੱਸਾ ਲੈਂਦਿਆਂ ਤੀਜਾ ਸਥਾਨ ਪ੍ਰਾਪਤ ਕੀਤਾ। ਸਮਾਗਮ ਮੌਕੇ ਕੁਇਜ਼ ਮੁਕਾਬਲੇ 'ਚ 3 ਵਿਦਿਆਰਥਣਾਂ ਸਿਮਰਦੀਪ ਕੌਰ, ਮੁਸਕਾਨ ਕੌਰ ਅਤੇ ਪੰਥਪ੍ਰੀਤ ਕੌਰ ਨੇ ਭਾਗ ਲੈ ਕੇ ਹੌਸਲਾ ਅਫ਼ਜ਼ਾਈ ਐਵਾਰਡ ਹਾਸਲ ਕੀਤਾ। ਇਸ ਮੌਕੇ ਪ੍ਰਿੰ ਨਾਗਪਾਲ ਨੇ ਵਿਦਿਆਰਥਣਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕਰਦਿਆਂ ਬੁਲੰਦੀਆਂ ਨੂੰ ਛੂਹਣ ਲਈ ਉਤਸ਼ਾਹਿਤ ਕੀਤਾ।

# ਕੇ ਵੀ ਕੇ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਦੀ ਸਾਂਭ-ਸੰਭਾਲ ਸਬੰਧੀ ਕਿਸਾਨ ਮੇਲਾ ਆਯੋਜਿਤ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬੂਹ ਤਰਨਤਾਰਨ ਵੱਲੋਂ ਸ਼ਾਮਾ ਰਿਜ਼ੋਰਟ, ਹਰੀਕੇ ਵਿਖੇ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਖੇਤੀਬਾੜੀ ਮਸ਼ੀਨੀਕਰਨ ਅਤੇ ਮਸ਼ੀਨਰੀ ਨੂੰ ਉਤਸਾਹਿਤ ਕਰਨ ਤਹਿਤ ਕਿਸਾਨ ਮੇਲਾ ਲਗਾਇਆ ਗਿਆ। 1000 ਦੇ ਕਰੀਬ ਕਿਸਾਨਾਂ ਨੇ ਸ਼ਿਰਕਤ ਕੀਤੀ। ਇਸ ਮੇਲੇ ਵਿੱਚ ਡਾਕਟਰ ਪ੍ਰਕਾਸ਼ ਸਿੰਘ ਬਰਾੜ ਡਾਇਰੈਕਟਰ ਪ੍ਰਸਾਰ ਸਿੱਖਿਆ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਯੂਨੀਵਰਸਿਟੀ ਲੁਧਿਆਣਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਕੇਵੀਕੇ ਦੇ ਡਿਪਟੀ ਡਾਇਰੈਕਟਰ ਡਾ. ਪੁਨੀਤ ਮਲਹੋਤਰਾ ਨੇ ਸਾਰੇ ਪਤਵੰਤਿਆਂ ਅਤੇ ਭਾਗੀਦਾਰਾਂ ਦਾ ਸਵਾਗਤ ਕੀਤਾ ਅਤੇ ਦੱਸਿਆ ਕਿ ਕੇਵੀਕੇ ਤਰਨਤਾਰਨ ਕਿਸਾਨਾਂ ਨੂੰ ਫਸਲੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਲਈ ਵੱਖ-ਵੱਖ ਤਰੀਕਿਆਂ ਨਾਲ ਜਾਗਰੂਕ ਕਰਨ ਲਈ ਅਗਵਾਈ ਕਰ ਰਿਹਾ ਹੈ। ਇਸ ਮੌਕੇ ਡਾ. ਪ੍ਰਕਾਸ਼ ਸਿੰਘ ਬਰਾੜ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਾਉਣ ਦੀ ਬਜਾਏ ਇਸ ਦੀ ਸਮੇਂ-ਸਮੇਂ 'ਤੇ ਵਰਤੋਂ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਡਾ. ਆਰ. ਕੇ. ਸ਼ਰਮਾ, ਡਾਇਰੈਕਟਰ ਆਰ. ਆਰ. ਟੀ. ਸੀ., ਤਲਵਾੜਾ ਨੇ ਪਸ਼ੂਆਂ ਦੇ ਪ੍ਰਬੰਧਨ ਲਈ ਦੇਸੀ ਉਪਚਾਰਾਂ ਬਾਰੇ ਲੈਕਚਰ ਦਿੱਤਾ। ਡਾ. ਪਰਮਿੰਦਰ ਸਿੰਘ ਪਸ਼ੂ ਅਹਾਰ ਵਿਭਾਗ, ਗਡਵਾਸੂ, ਲੁਧਿਆਣਾ, ਮੁੱਖ ਖੇਤੀਬਾੜੀ ਅਫਸਰ, ਤਰਨਤਾਰਨ, ਡਾ. ਹਰਪਾਲ ਸਿੰਘ ਪੰਨੂ, ਖੇਤੀਬਾੜੀ ਅਫਸਰ ਬਲਾਕ ਪੱਟੀ ਭੁਪਿੰਦਰ ਸਿੰਘ ਵੀ ਆਪਣੀ ਟੀਮ ਸਮੇਤ ਹਾਜ਼ਰ ਹੋਏ। ਕਿਸਾਨ ਸਲਾਹਕਾਰ ਕੇਂਦਰ, ਪੀਏਯੂ, ਲੁਧਿਆਣਾ ਤੋਂ ਆਏ ਹੋਏ ਡਾ. ਤਰਸੇਮ ਸਿੰਘ ਮੁਖੀ ਸਬਜੀ ਵਿਗਿਆਨ ਡਾ. ਪਰਵਿੰਦਰ ਸਿੰਘ ਨੇ ਸਾਉਣੀ ਦੀ ਫਸਲ ਵਿੱਚ ਸਬਜ਼ੀਆਂ ਅਤੇ ਕੀੜੇ- ਮਕੌੜਿਆਂ ਦੇ ਪ੍ਰਬੰਧਨ ਬਾਰੇ ਲੈਕਚਰ ਦਿੱਤਾ। ਡਾ. ਰਾਜਨ ਭੱਟ ਨੇ ਮਿੱਟੀ ਅਤੇ ਪਾਣੀ ਦੀ ਪਰਖ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਪਤਵੰਤਿਆਂ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ, ਏਕੀਕ੍ਰਿਤ ਖੇਤੀ ਪ੍ਰਣਾਲੀ ਅਤੇ ਬਾਜਰੇ ਬਾਰੇ ਸਾਹਿਤ ਰਿਲੀਜ਼ ਵੀ ਕੀਤਾ ਗਿਆ। ਇਸ ਮੌਕੇ ਦਿਲਬਾਗ ਸਿੰਘ ਚੇਅਰਮੈਨ ਮਾਰਕਿਟ ਕਮੇਟੀ ਹਰੀਕੇ ਨੇ ਵੀ ਕਿਸਾਨਾਂ ਨੂੰ ਸੰਬੋਧਨ ਕੀਤਾ। ਡਾਇਰੈਕਟਰ ਬਾਗਬਾਨੀ ਡਾ. ਤੇਜਿੰਦਰ ਸਿੰਘ ਸ਼ੇਰ ਸਿੰਘ, ਗੁਰਬਚਨ ਸਿੰਘ ਅਤੇ ਹੋਰ ਪੰਚ ਅਤੇ ਸਰਪੰਚ ਵੀ ਹਾਜ਼ਰ ਸਨ।

# ਸੁੱਚਾ ਸਿੰਘ ਚੇਅਰਮੈਨ ਤੇ ਇੰਦਰਜੀਤ ਪ੍ਰਧਾਨ ਨਿਯੁਕਤ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸ਼ਹੀਦ ਭਗਤ ਸਿੰਘ ਪ੍ਰੈੱਸ ਐਸੋਸੀਏਸ਼ਨ ਪੰਜਾਬ ਦੀ ਅਹਿਮ ਮੀਟਿੰਗ ਸੂਬਾ ਮੀਤ ਪ੍ਰਧਾਨ ਦੀਪਕ ਸੈਣੀ ਦੀ ਅਗਵਾਈ ਹੇਠ ਗੁਰਦਾਸਪੁਰ ਦੇ ਇੱਕ ਨਿੱਜੀ ਹੋਟਲ ਵਿੱਚ ਹੋਈ। ਮੀਟਿੰਗ ਦੌਰਾਨ ਉਚੇਚੇ ਤੌਰ ਤੇ ਪਹੁੰਚੇ ਸ਼ਹੀਦ ਭਗਤ ਸਿੰਘ ਪ੍ਰੈੱਸ ਐਸੋਸੀਏਸ਼ਨ ਦੇ ਰਾਸ਼ਟਰੀ ਚੇਅਰਮੈਨ ਅਮਰਿੰਦਰ ਸਿੰਘ ਸਮੇਤ ਪਹੁੰਚੀਆਂ ਸ਼ਖ਼ਸ਼ੀਅਤਾਂ ਅਤੇ ਪੱਤਰਕਾਰ ਭਾਈਚਾਰੇ ਨੇ ਸ਼ਹੀਦ ਭਗਤ ਸਿੰਘ ਦੀ ਤਸਵੀਰ ਤੇ ਫੁੱਲ ਅਰਪਣ ਕਰਨ ਉਪਰੰਤ ਮੀਟਿੰਗ ਦੀ ਆਰੰਭਤਾ ਕੀਤੀ। ਮੀਟਿੰਗ ਦੌਰਾਨ ਪੱਤਰਕਾਰ ਭਾਈਚਾਰੇ ਨੂੰ ਫੀਲਡ ਵਿੱਚ ਨਿਊਜ਼ ਕਵਰੇਜ ਕਰਨ ਸਮੇਂ ਆਉਂਦੀਆਂ ਦਰਪੇਸ਼ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਚੇਅਰਮੈਨ ਅਮਰਿੰਦਰ ਸਿੰਘ ਅਤੇ ਪੰਜਾਬ ਮੀਤ ਪ੍ਰਧਾਨ ਦੀਪਕ ਸੈਣੀ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਪੱਤਰਕਾਰ ਲੋਕਤੰਤਰ ਦਾ ਚੌਥਾ ਥੰਮ੍ਹ ਮੰਨਿਆ ਜਾਂਦਾ ਹੈ ਅਤੇ ਪੱਤਰਕਾਰ ਨੂੰ ਸੱਚੀ ਅਤੇ ਠੋਸ ਨਿਰਪੱਖਤਾ ਨਾਲ ਖਬਰ ਪੇਸ਼ ਕਰਨੀ ਚਾਹੀਦੀ ਹੈ ਅਤੇ ਤੱਥਾਂ ਤੋਂ ਹੀਣ ਖਬਰ ਪ੍ਰਕਾਸ਼ਿਤ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ। ਇਸ ਮੌਕੇ ਸ਼ਹੀਦ ਭਗਤ ਸਿੰਘ ਪ੍ਰੈੱਸ ਐਸੋਸੀਏਸ਼ਨ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ-ਵੱਖ ਕਸਬਿਆਂ ਵਿੱਚ ਆਪਣੇ ਯੂਨਿਟ ਸਥਾਪਿਤ ਕੀਤੇ ਗਏ ਜਦਕਿ ਐਸੋਸੀਏਸ਼ਨ ਦੀ ਧਾਰੀਵਾਲ ਇਕਾਈ ਦੇ ਚੁਣੇ ਅਹੁਦੇਦਾਰਾਂ ਵਿੱਚ ਇੰਦਰ ਜੀਤ ਨੂੰ ਪ੍ਰਧਾਨ, ਸੁੱਚਾ ਸਿੰਘ ਪਸਨਾਵਾਲ ਨੂੰ ਚੇਅਰਮੈਨ, ਪ੍ਰੇਮ ਸਿੰਘ ਨੂੰ ਸਕੱਤਰ ਅਤੇ ਰਵੀ ਭਗਤ ਨੂੰ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਇੰਦਰ ਜੀਤ ਨੇ ਐਸੋਸੀਏਸ਼ਨ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੌਂਪੀ ਜ਼ੁੰਮੇਵਾਰੀ ਨੂੰ ਆਪਣੇ ਸਾਰੇ ਪੱਤਰਕਾਰ ਸਾਥੀਆਂ ਦੇ ਸਹਿਯੋਗ ਨਾਲ ਬਾਖੂਬੀ ਨਿਭਾਉਣ ਦਾ ਯਤਨ ਕਰਾਂਗਾ। ਇਸ ਮੌਕੇ ਜ਼ਿਲ੍ਹਾ ਗੁਰਦਾਸਪੁਰ ਦਾ ਪੱਤਰਕਾਰ ਭਾਈਚਾਰਾ ਵੱਡੀ ਗਿਣਤੀ 'ਚ ਹਾਜ਼ਰ ਸਨ ।

# ਦਰਿਆ ਬਿਆਸ ਕੰਢੇ ਲੱਗੇ ਖੋਰੇ ਨੂੰ ਰੋਕਣ ਤੇ ਲੋੜੀਂਦੇ ਸਟੱਡ ਤੇ ਸਪਰ ਤੁਰੰਤ ਤਿਆਰ ਕੀਤੇ ਜਾਣ ਦੀ ਮੰਗ



ਗੁਰਦਾਸਪੁਰ, (ਜਨਕ ਮਹਾਜਨ)-ਪਿਛਲੇ ਦਿਨੀਂ ਪਹਾੜਾਂ ਵਿਚ ਤੇਜ਼ ਮੀਂਹ ਪੈਣ ਕਾਰਨ ਅਤੇ ਡੈਮਾਂ ਵਿਚੋਂ ਪਾਣੀ ਛੱਡਣ ਕਾਰਨ ਦਰਿਆ ਬਿਆਸ ਵਿਚ ਪਾਣੀ ਦਾ ਲੈਵਲ ਵਧਣ 'ਤੇ ਦਰਿਆ ਬਿਆਸ ਕੰਢੇ ਵੱਸਦੇ ਪਿੰਡ ਹੜ੍ਹਾਂ ਦੀ ਲਪੇਟ ਵਿਚ ਆ ਗਏ ਸਨ ਜਿਸ ਨਾਲ ਲੋਕਾਂ ਦਾ ਕਾਫ਼ੀ ਮਾਲੀ ਨੁਕਸਾਨ ਹੋਇਆ ਸੀ। ਦਰਿਆ ਬਿਆਸ ਕੰਢੇ ਵਸਦੇ ਪਿੰਡ ਦਲੇਲਪੁਰ ਖੇੜਾ ਦੇ ਕਿਸਾਨ ਤਰਸੇਮ ਮਹਾਜਨ, ਸਰਪੰਚ ਅਜੀਤ ਸਿੰਘ, ਚੰਨਣ ਸਿੰਘ, ਸਾਧੂ ਰਾਮ, ਮੁਲਖ ਰਾਜ, ਛੁੰਮਣ ਸਿੰਘ, ਮਨਜੀਤ ਪਾਲ ਸਿੰਘ, ਕਰਨਜੀਤ ਸਿੰਘ ਆਦਿ ਨੇ ਦੱਸਿਆ ਕਿ ਉਨ੍ਹਾਂ ਦੀ ਸੈਂਕੜੇ ਏਕੜ ਗੰਨੇ ਦੀ ਫ਼ਸਲ ਹੜ੍ਹਾਂ ਦੀ ਮਾਰ ਹੇਠ ਆਉਣ ਕਾਰਨ ਬਰਬਾਦ ਹੋ ਗਈ ਹੈ ਜਿਸ ਨਾਲ ਬਹੁਤੇ ਕਿਸਾਨਾਂ ਦਾ ਇਕ ਲੱਖ ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਨੁਕਸਾਨ ਹੋ ਗਿਆ ਹੈ। ਉਨ੍ਹਾਂ ਦੱਸਿਆ ਇਸ ਖੇਤਰ ਵਿਚ ਜ਼ਿਆਦਾਤਰ ਗੰਨੇ ਦੀ ਖੇਤੀ ਕੀਤੀ ਹੋਈ ਹੈ ਜਿਸ ਨਾਲ ਕਰੋੜਾਂ ਰੁਪਏ ਦੀ ਫ਼ਸਲ ਬਰਬਾਦ ਹੋ ਗਈ ਹੈ। ਕਿਸਾਨ ਤਰਸੇਮ ਮਹਾਜਨ ਨੇ ਦੱਸਿਆ ਕਿ ਉਸ ਦੀ 60 ਏਕੜ ਦੇ ਕਰੀਬ ਜ਼ਮੀਨ ਦਰਿਆ ਕੰਢੇ ਮੰਡ ਖੇਤਰ ਵਿਚ ਪੈਂਦੀ ਹੈ ਜਿਸ ਵਿਚ 26 ਏਕੜ ਦੇ ਕਰੀਬ ਗੰਨੇ ਦੀ ਖੇਤੀ ਕੀਤੀ ਹੋਈ ਸੀ ਅਤੇ ਬਾਕੀ ਜ਼ਮੀਨ ਵਿਚ ਪਾਪੂਲਰ ਦੇ ਬੂਟੇ ਲਗਾਏ ਹੋਏ ਹਨ। ਉਨ੍ਹਾਂ ਦੱਸਿਆ ਕਿ ਗੰਨੇ ਵਾਲੀ ਖੇਤੀ ਲਗਭਗ ਸਾਰੀ ਬਰਬਾਦ ਹੋ ਚੁੱਕੀ ਹੈ ਜਿਸ ਕਾਰਨ ਉਨ੍ਹਾਂ ਨੂੰ 26 ਲੱਖ ਅਤੇ ਇਕ ਏਕੜ ਦੇ ਕਰੀਬ ਜ਼ਮੀਨ ਦਰਿਆ ਬੁਰਦ ਹੋਣ ਕਾਰਨ ਉਸ ਨੂੰ 50 ਲੱਖ ਰੁਪਏ ਦੇ ਕਰੀਬ ਨੁਕਸਾਨ ਹੋ ਗਿਆ ਹੈ। ਅਜੇ ਤੱਕ ਕੋਈ ਵੀ ਮੁਆਵਜ਼ਾ ਨਹੀਂ ਮਿਲਿਆ। ਇਲਾਕਾ ਵਾਸੀਆਂ ਨੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਹੈ ਕਿ ਜਲਦ ਤੋਂ ਜਲਦ ਮੁਆਵਜ਼ਾ ਰਾਸ਼ੀ ਜਾਰੀ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਰਾਹਤ ਮਿਲ ਸਕੇ। ਪਿੰਡ ਦਲੇਲਪੁਰ ਖੇੜਾ ਦੇ ਲੋਕਾਂ ਨੇ ਦੱਸਿਆ ਕਿ ਬੁਰਜੀ ਨੰਬਰ 21, 22 ਅਤੇ 23 ਸਾਹਮਣੇ ਦਰਿਆ ਬਿਆਸ ਕੰਢੇ ਬਣੇ ਸਟੱਡ ਅਤੇ ਸਪਰ ਦਰਿਆ ਵਿਚ ਹੜ੍ਹ ਆਉਣ ਕਾਰਨ ਰੁੜ੍ਹ ਚੁੱਕੇ ਹਨ ਅਤੇ ਉਨ੍ਹਾਂ ਦੀਆਂ ਜ਼ਮੀਨਾਂ ਨੂੰ ਵੀ ਪਾਣੀ ਦਾ ਖੋਰਾ ਲੱਗ ਗਿਆ ਹੈ। ਲੋਕਾਂ ਨੇ ਪੰਜਾਬ ਸਰਕਾਰ ਅਤੇ ਡਰੇਨੇਜ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਹੈ ਕਿ ਦਰਿਆ ਕੰਢੇ ਜ਼ਮੀਨ ਨੂੰ ਲੱਗੀ ਖੋਰੇ ਦੀ ਮੁਰੰਮਤ ਕੀਤੀ ਜਾਵੇ। ਜਦ ਇਸ ਸਬੰਧੀ ਡਰੇਨੇਜ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਦਿਲਪ੍ਰੀਤ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਦਰਿਆ ਬਿਆਸ ਵਿਚ ਹੜ੍ਹ ਆਉਣ ਕਾਰਨ ਧੁੱਸੀ ਕਈ ਜਗ੍ਹਾ ਤੋਂ ਟੁੱਟ ਭੱਜ ਗਈ ਸੀ ਜਿਸ ਨਾਲ ਲੋਕਾਂ ਦੀ ਆਵਾਜਾਈ ਬੰਦ ਹੋ ਗਈ ਸੀ ਅਤੇ ਨੇੜਲੇ ਪਿੰਡਾਂ ਵਿਚ ਦਰਿਆ ਦਾ ਪਾਣੀ ਜਾਣਾ ਸ਼ੁਰੂ ਹੋ ਗਿਆ ਸੀ। ਇਸ ਲਈ ਸਾਡੀ ਪਹਿਲ ਇਸ ਟੁੱਟੀ ਹੋਈ ਧੁੱਸੀ ਨੂੰ ਮੁਰੰਮਤ ਕਰਵਾ ਕੇ ਲੋਕਾਂ ਦੀ ਆਵਾਜਾਈ ਬਹਾਲ ਕਰਨਾ ਸੀ ਅਤੇ ਇਹ ਕੰਮ ਉਨ੍ਹਾਂ ਦੇ ਵਿਭਾਗ ਵਲੋਂ ਲਗਭਗ ਮੁਕੰਮਲ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਹੁਣ ਦਰਿਆ ਕੰਢੇ ਰੁੜ੍ਹੇ ਸਟੱਡ, ਸਪਰ ਤੇ ਕਟਾਓ ਸਬੰਧੀ ਮੁਰੰਮਤ ਨੂੰ ਲੈ ਕੇ ਪੰਜਾਬ ਸਰਕਾਰ ਪਾਸ ਰਿਪੋਰਟ ਤੇ ਐਸਟੀਮੇਟ ਭੇਜ ਦਿੱਤਾ ਹੈ। ਫੰਡ ਮਿਲਣ 'ਤੇ ਜਲਦੀ ਹੀ ਉਕਤ ਕੰਮਾਂ ਦੀ ਵੀ ਮੁਰੰਮਤ ਕਰਵਾ ਦਿੱਤੀ ਜਾਵੇਗੀ।

## ਚੋਰੀ ਦੀ ਕਾਰ ਸਮੇਤ ਵਿਅਕਤੀ ਕਾਬੂ, ਮੁਕੱਦਮਾ ਦਰਜ

ਮਜੀਠਾ (ਸੋਇਮ ਆਨੰਦ)-ਥਾਣਾ ਮਜੀਠਾ ਦੀ ਪੁਲਸ ਵਲੋਂ ਚੋਰੀ ਦੀ ਕਾਰ ਸਮੇਤ ਇੱਕ ਵਿਅਕਤੀ ਨੂੰ ਕਾਬੂ ਕਰਨ ਦਾ ਸਮਾਚਾਰ ਹੈ। ਜਾਣਕਾਰੀ ਅਨੁਸਾਰ ਏਐੱਸਆਈ ਕੁਲਵੰਤ ਸਿੰਘ ਸਮੇਤ ਸਿਪਾਹੀ ਗੁਰਸੇਵਕ ਸਿੰਘ, ਸਿਪਾਹੀ ਪਲਵਿੰਦਰ ਸਿੰਘ, ਸਿਪਾਹੀ ਮਨਜਿੰਦਰ ਸਿੰਘ ਪਿੰਡ ਵਡਾਲਾ ਤੇ ਭੋਮਾ ਵਿਖੇ ਸੜਕੀ ਗਸ਼ਤ ਕਰ ਰਹੇ ਸਨ ਕਿ ਖਾਸ ਮੁੱਖਬਰ ਨੇ ਇਤਲਾਹ ਦਿੱਤੀ ਕਿ ਪਿੰਡ ਭੰਗਵਾਂ ਦਾ ਵਸਨੀਕ ਕਰਨਦੀਪ ਸਿੰਘ ਉਰਫ ਕਰਨ ਪੁੱਤਰ ਦਿਲਬਾਗ ਸਿੰਘ ਜੋ ਮੋਟਾ ਮੁਨਾਫਾ ਕਮਾਉਣ ਲਈ ਵਾਹਨ ਚੋਰੀ ਕਰਕੇ ਉਸ ਤੇ ਜਾਅਲੀ ਨੰਬਰ ਲਗਾ ਕੇ ਵੇਚਣ ਦਾ ਧੰਦਾ ਕਰਦਾ ਹੈ, ਚੋਰੀ ਦੀ ਕਾਰ ਤੇ


**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ** (ਅਚੱਲ ਜਾਇਦਾਦ ਲਈ)

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈਸਟ (ਐਕਟ, 2002 (54 ਆਫ 2002) ਅਤੇ ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਸੈਕਸ਼ਨ 13 (12) ਨਾਲ ਪੜ੍ਹੇ ਜਾਂਦੇ ਨਿਯਮ 9 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਸ੍ਰੀ ਨਰੇਸ਼ ਕੁਮਾਰ ਪੁੱਤਰ ਦਰਬਾਰੀ ਲਾਲ ਵਾਸੀ ਵਾਰਡ ਨੰ. 1, ਬੇਗੋਵਾਲ, ਸਰੂਪਵਾਲ, ਭੁਲੱਥ, ਕਪੂਰਥਲਾ-144621 (2) ਸ੍ਰੀ ਹਰਵਿੰਦਰ ਕੁਮਾਰ ਪੁੱਤਰ ਦਰਬਾਰੀ ਲਾਲ ਵਾਸੀ ਵਾਰਡ ਨੰ. 1, ਬੇਗੋਵਾਲ, ਸਰੂਪਵਾਲ, ਭੁਲੱਥ, ਕਪੂਰਥਲਾ-144621 (3) ਸ੍ਰੀਮਤੀ ਕਮਲਜੀਤ ਕੌਰ ਪਤਨੀ ਨਰੇਸ਼ ਕੁਮਾਰ ਵਾਸੀ ਵਾਰਡ ਨੰ. 1, ਬੇਗੋਵਾਲ, ਸਰੂਪਵਾਲ, ਭੁਲੱਥ, ਕਪੂਰਥਲਾ-144621 (ਇਸ ਤੋਂ ਬਾਅਦ 'ਕਰਜ਼ਦਾਰ' ਵਜੋਂ ਹਵਾਲਾ) ਅਤੇ ਗਰੰਟਰ (4) ਸ੍ਰੀ ਤਰਸੇਮ ਸਿੰਘ ਪੁੱਤਰ ਬਚਨ ਲਾਲ ਵਾਸੀ ਮਕਾਨ ਨੰ. 124, ਨਡਾਲੀ, ਤਹਿਸੀਲ, ਭੁਲੱਥ, ਜ਼ਿਲ੍ਹਾ ਕਪੂਰਥਲਾ-144621 (ਇਸ ਤੋਂ ਬਾਅਦ 'ਗਰੰਟਰ' ਵਜੋਂ ਹਵਾਲਾ) ਨੂੰ ਜਾਇਦਾਦ ਵਿਰੁੱਧ ਡਿਮਾਂਡ ਨੋਟਿਸ ਦੀ ਮਿਤੀ 'ਤੇ ਖੜ੍ਹੀ ਬਕਾਇਆ ਰਕਮ ਰੁ. 13,71,907.24 ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਾਉਣ ਲਈ 05.06.2023 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਿਹਾ ਹੈ, ਇਸ ਲਈ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਸੈਕਸ਼ਨ 13 (4) ਨਾਲ ਪੜ੍ਹੇ ਜਾਂਦੇ ਨਿਯਮ 9 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਜਾਇਦਾਦ ਵਿਰੁੱਧ ਖੜ੍ਹੀ ਬਕਾਇਆ ਰਕਮ ਰੁ. 13,71,907.24 ਰੁਪਏ ਮਿਤੀ 01.06.2023 ਤੋਂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਪ੍ਰਾਇਮਰੀ ਸਕਿਊਰਿਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਵਸੀਕਾ ਨੰ. 442 ਮਿਤੀ 19-05-2010 ਰਾਹੀਂ ਬਕਾਇਦਾ ਸਬ-ਰਜਿਸਟਰਾਰ ਭੁਲੱਥ ਦੇ ਦਫਤਰ 'ਚ ਰਜਿਸਟਰਡ ਸ੍ਰੀ ਨਰੇਸ਼ ਕੁਮਾਰ ਪੁੱਤਰ ਦਰਬਾਰੀ ਲਾਲ ਅਤੇ ਸ੍ਰੀ ਹਰਵਿੰਦਰ ਕੁਮਾਰ ਪੁੱਤਰ ਦਰਬਾਰੀ ਲਾਲ ਦੀ ਮਲਕੀਅਤ ਜਾਇਦਾਦ ਰਕਬਾ 5.5 ਮਰਲੇ, ਵਾਕਿਆ ਰਕਬਾ ਬੇਗੋਵਾਲ ਨਾਲ ਸੰਬੰਧਤ ਸਭ ਕੁਝ।

ਮਿਤੀ : 11.10.2023 | ਸਥਾਨ : ਜਲੰਧਰ | (ਅਧਿਕਾਰਤ ਅਫਸਰ)


# ਗਾਂਧੀ ਗਰਾਊਂਡ 'ਚ ਕ੍ਰਿਕਟ ਲੀਗ ਦਾ ਪਲੇਠਾ ਮੈਚ ਭਲਕੇ

ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)-ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਦੇ ਮਕਸਦ ਨਾਲ ਕ੍ਰਿਕਟ ਲੀਗ ਕਰਵਾਈ ਜਾ ਰਹੀ ਹੈ ਜਿਸ ਦੇ ਤਹਿਤ ਅੰਮ੍ਰਿਤਸਰ ਦੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ 18 ਅਕਤੂਬਰ ਨੂੰ ਸ੍ਰੀ ਦਰਬਾਰ ਸਾਹਿਬ ਪਹੁੰਚ ਕੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਜਾਵੇਗੀ। ਇਸ ਤੋਂ ਬਾਅਦ ਕ੍ਰਿਕਟ ਲੀਗ ਦੀ ਰਸਮੀ ਸ਼ੁਰੂਆਤ ਕਰਦੇ ਹੋਏ ਪਹਿਲਾ ਮੈਚ ਗਾਂਧੀ ਗਰਾਊਡ ਕ੍ਰਿਕਟ ਸਟੇਡੀਅਮ ਵਿਖੇ ਖੇਡਿਆ ਜਾਵੇਗਾ। ਪਹਿਲਾਂ ਇਹ ਮੈਚ 15 ਨੂੰ ਹੋਣਾ ਸੀ ਪਰ ਹੁਣ ਇਸ ਮੈਚ ਦੀ ਤਾਰੀਖ ਨੂੰ ਬਦਲ ਕੇ 18 ਅਕਤੂਬਰ ਕਰ ਦਿੱਤਾ ਹੈ। ਮੈਚ ਦੇ ਪ੍ਰਬੰਧਾਂ ਦਾ ਜਾਇਜ਼ਾ ਸਨੋਨਿਹਾਲ ਸਿੰਘ ਆਈਪੀਐੱਸ ਕਮਿਸ਼ਨਰ ਪੁਲਿਸ, ਅੰਮ੍ਰਿਤਸਰ ਸਮੇਤ ਆਪਣੀ ਟੀਮ ਨਾਲ ਗਾਂਧੀ ਗਰਾਊਂਡ ਸਟੇਡੀਅਮ ਵਿਖੇ ਜਾ ਕੇ ਲਿਆ ਗਿਆ। ਕਮਿਸ਼ਨਰੇਟ ਪੁਲਸ, ਅੰਮ੍ਰਿਤਸਰ ਵੱਲੋਂ ਪਬਲਿਕ ਨੂੰ ਸੁਨੇਹਾ ਦਿੱਤਾ ਜਾਂਦਾ ਹੈ ਕਿ ਉਹ ਨਸ਼ੇ ਖਿਲਾਫ ਛੇੜੀ ਜੰਗ ਵਿੱਚ ਵੱਧ ਤੋਂ ਵੱਧ ਹਿੱਸਾ ਲੈ ਕੇ ਇਸ ਬੁਰਾਈ ਨੂੰ ਸਮਾਜ ਵਿੱਚੋ ਖਤਮ ਕਰਨ ਵਿੱਚ ਸਹਿਯੋਗ ਦੇਣ।

# ਗੁਰਦੁਆਰਾ ਭੱਠ ਸਾਹਿਬ ਪੱਟੀ ਵਿਖੇ ਸਾਲਾਨਾ ਜੋੜ ਮੇਲਾ ਮਨਾਇਆ



ਝਬਾਲ (ਹਰਜਿੰਦਰ ਸਿੰਘ ਸੋਨੀ)-ਧੰਨ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਦਰੋਂ-ਘਰੋਂ ਵਰੋਸਾਇ ਬਾਬਾ ਬਿਧੀ ਚੰਦ ਨੇ ਬਲਦੇ ਭੱਠ ਵਿੱਚ ਬੈਠਣ ਸਮੇਂ ਗੁਰੂ ਜੀ ਵੱਲੋਂ ਰੱਖਿਆ ਕਰਨ ਦੇ ਸਬੰਧ 'ਚ ਸਾਲਾਨਾ ਜੋੜ ਮੇਲਾ ਸੰਪਰਦਾਇ ਦਲ ਬਾਬਾ ਬਿਧੀ ਚੰਦ ਜੀ ਦੇ 12ਵੇਂ ਮੁੱਖੀ ਜਥੇਦਾਰ ਬਾਬਾ ਅਵਤਾਰ ਸਿੰਘ ਦੀ ਰਹਿਨੁਮਾਈ ਹੇਠ ਸਮੂਹ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। 13 ਅਕਤੂਬਰ ਨੂੰ ਅਖੰਡ ਪਾਠ ਸਾਹਿਬ ਆਰੰਭ ਕੀਤੇ ਅਤੇ 14 ਨੂੰ ਰੈਣ ਸਬਾਈ ਕੀਰਤਨ ਦਰਬਾਰ ਹੋਇਆ। 15 ਨੂੰ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਦੀਵਾਨ ਸਜਾਏ ਗਏ ਜਿਸ ਵਿੱਚ ਸੰਤਾਂ ਮਹਾਪੁਰਖਾਂ ਨੇ ਹਾਜ਼ਰੀ ਭਰੀ। ਸਿੱਖ ਕੌਮ ਦੇ ਮਹਾਨ ਢਾਡੀ ਕਵੀਸ਼ਰਾਂ ਤੇ ਮਹਾਨ ਨਾਮਵਰ ਢਾਡੀ ਤਰਸੇਮ ਸਿੰਘ ਮੋਰਾਂ ਵਾਲੀ ਵਾਲਿਆਂ ਨੇ ਬਾਬਾ ਬਿਧੀ ਚੰਦ ਜੀ ਦਾ ਜੀਵਨ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਸ਼ਾਮ ਵੇਲੇ ਪੰਜਾਬ ਦੀਆਂ ਨਾਮਵਰ ਟੀਮਾਂ ਦੇ ਕਬੱਡੀ ਮੈਚ ਕਰਵਾਏ ਗਏ। ਨਿਹੰਗ ਸਿੰਘਾਂ ਵੱਲੋਂ ਮਹੱਲਾ ਖੇਡਿਆ ਗਿਆ। ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ। ਇਸ ਮੌਕੇ ਬਾਬਾ ਅਵਤਾਰ ਸਿੰਘ ਤੋਂ ਇਲਾਵਾ ਬਾਬਾ ਪ੍ਰੇਮ ਸਿੰਘ, ਬਾਬਾ ਚਰਨਜੀਤ ਸਿੰਘ ਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।

# ਨਾਰੀ ਹੀ ਜੀਵਨ ਦਾਤੀ ਹੈ : ਸਾਧਵੀ ਲਖਵਿੰਦਰ ਭਾਰਤੀ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੁਆਰਾ ਤਰਨ ਤਾਰਨ ਆਸ਼ਰਮ ਅੰਦਰ ਸਪਤਾਹਿਕ ਸਤਿਸੰਗ ਦਾ ਆਯੋਜਨ ਕੀਤਾ ਗਿਆ ਜਿਥੇ ਆਸ਼ੂਤੋਸ਼ ਮਹਾਰਾਜ ਦੀ ਸ਼ਿਸ਼ ਸਾਧਵੀ ਲਖਵਿੰਦਰ ਭਾਰਤੀ ਨੇ ਆਈ ਹੋਈ ਸੰਗਤ ਨੂੰ ਨਵਰਾਤਰਿਆਂ ਦੀ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਭਾਰਤੀ ਸੰਸਕ੍ਰਿਤੀ ਅੰਦਰ ਨਾਰੀ ਨੂੰ ਵਿਸ਼ੇਸ਼ ਸਥਾਨ ਪ੍ਰਾਪਤ ਹੈ। ਨਾਰੀ ਹੀ ਜੀਵਨ ਦਾਤੀ ਹੈ, ਇਸ ਲਈ ਨਵਰਾਤਰਿਆਂ ਦੇ ਦਿਨਾਂ ਅੰਦਰ ਨਾਰੀ ਦੇ ਕੰਨਿਆ ਰੂਪ ਦੀ ਪੂਜਾ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸੰਸਕਾਰ ਇਨਸਾਨ ਦੇ ਉਹ ਗੁਣ ਹਨ, ਜੋ ਉਸਦੇ ਅੰਦਰ ਹਮੇਸ਼ਾ ਹੀ ਰਹਿੰਦੇ ਹਨ। ਇਨ੍ਹਾਂ ਦਾ ਸੰਬੰਧ ਸਿਰਫ ਇਸ ਜਨਮ ਨਾਲ ਹੀ ਨਹੀਂ ਸਗੋਂ ਪਿਛਲੇ ਜਨਮਾਂ ਨਾਲ ਵੀ ਹੁੰਦਾ ਹੈ। ਇਸ ਲਈ ਜੇਕਰ ਅਸੀਂ ਬਚਪਨ ਤੋਂ ਹੀ ਸ਼ੁਭ ਸੰਸਕਾਰਾਂ ਦੇ ਧਾਰਨੀ ਬਣ ਜਾਈਏ ਤਾਂ ਸਾਰੀ ਉਮਰ ਇਨ੍ਹਾਂ ਦਾ ਪ੍ਰਭਾਵ ਇੱਕ ਇਨਸਾਨ ਦੇ ਵਿਅਕਤੀਤਵ 'ਚੋਂ ਝਲਕਦਾ ਰਹਿੰਦਾ ਹੈ। ਇਸ ਕਰਕੇ ਬਚਪਨ ਤੋਂ ਹੀ ਬੱਚਿਆਂ ਨੂੰ ਪ੍ਰੇਮ ਭਾਈਚਾਰਾ, ਨਿਮਰਤਾ, ਇਮਾਨਦਾਰੀ, ਸਮਰਪਣ ਅਤੇ ਅਨੁਸ਼ਾਸਨ ਵਰਗੇ ਗੁਣਾਂ ਦੀ ਮਹਾਨਤਾ ਤੋਂ ਜਾਣੂ ਕਰਵਾਉਣਾ ਚਾਹੀਦਾ ਹੈ। ਬੱਚੇ ਭਰਿਸ਼ਟਾਚਾਰ, ਚਰਿੱਤਰਹੀਣਤਾ, ਅਨੈਤਿਕਤਾ ਵਰਗੇ ਅਵਗੁਣਾਂ ਤੋਂ ਪੂਰੀ ਤਰ੍ਹਾਂ ਰਹਿਤ ਹੋਣ। ਇਸ ਤਰ੍ਹਾਂ ਬੱਚਿਆਂ ਅੰਦਰ ਵੱਡਿਆਂ ਲਈ ਸਨਮਾਨ ਦਾ ਭਾਵ ਪੈਦਾ ਹੋਵੇਗਾ। ਚੰਗੇ ਸੰਸਕਾਰ ਲੈਣਾ ਅਤੇ ਦੇਣਾ ਸਾਡਾ ਫਰਜ਼ ਹੈ। ਵੱਡਿਆਂ ਤੋਂ ਅੱਛੇ ਸੰਸਕਾਰਾਂ ਨੂੰ ਗ੍ਰਹਿਣ ਕਰੀਏ ਅਤੇ ਛੋਟਿਆਂ ਨੂੰ ਵੰਡੀਏ। ਇਸ ਦੇ ਨਾਲ ਹੀ ਸਾਧਵੀ ਪੁਸ਼ਪਮਾਲਾ ਭਾਰਤੀ ਅਤੇ ਸਾਧਵੀ ਰਮਨਦੀਪ ਭਾਰਤੀ ਨੇ ਸੁੰਦਰ ਸ਼ਬਦ, ਕੀਰਤਨ ਅਤੇ ਭਜਨਾਂ ਦਾ ਗਾਇਨ ਕੀਤਾ।


**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ** (ਅਚੱਲ ਜਾਇਦਾਦ ਲਈ)

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈਸਟ (ਐਕਟ, 2002 (54 ਆਫ 2002) ਅਤੇ ਸਕਿਊਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਸੈਕਸ਼ਨ 13 (12) ਨਾਲ ਪੜ੍ਹੇ ਜਾਂਦੇ ਨਿਯਮ 9 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ (1) ਸ੍ਰੀਮਤੀ ਪ੍ਰਮਜੀਤ ਕੌਰ ਪਤਨੀ ਸ਼ਮਸ਼ੇਰ ਸਿੰਘ ਵਾਸੀ ਪਿੰਡ ਚੀਮਾ ਖੁਰਦ, ਨੂਰਮਹਿਲ, ਜਲੰਧਰ, ਪੰਜਾਬ-144039 (2) ਸ਼ਮਸ਼ੇਰ ਸਿੰਘ ਪੁੱਤਰ ਸੁਰਿੰਦਰ ਸਿੰਘ ਵਾਸੀ ਪਿੰਡ ਚੀਮਾ ਖੁਰਦ, ਨੂਰਮਹਿਲ, ਜਲੰਧਰ, ਪੰਜਾਬ-144039 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ (3) ਸ੍ਰੀ ਇਕਬਾਲ ਸਿੰਘ ਪੁੱਤਰ ਗੁਰਮੀਤ ਸਿੰਘ ਵਾਸੀ ਪਿੰਡ ਚੀਮਾ ਖੁਰਦ, ਨੂਰਮਹਿਲ, ਜਲੰਧਰ, ਪੰਜਾਬ- 144039 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ 'ਤੇ ਹਾਊਸਿੰਗ ਲੋਨ/055611000005 'ਚ ਬਕਾਇਆ ਰਕਮ ਰੁਪਏ 20,52,377.20/-ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਾਉਣ ਲਈ 11.05.2023 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਿਹਾ ਹੈ, ਇਸ ਲਈ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਸੈਕਸ਼ਨ 13 (4) ਨਾਲ ਪੜ੍ਹੇ ਜਾਂਦੇ ਨਿਯਮ 9 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐਸੇਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਹਾਊਸਿੰਗ ਲੋਨ/05561100000512 'ਚ ਬਕਾਇਆ ਰਕਮ ਰੁਪਏ 20,52,372.20 ਰੁਪਏ ਮਿਤੀ 01.05.2023 ਤੋਂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਬੈਨਾਮਾ ਦਸਤਾਵੇਜ਼ ਨੰ. 2020-21/179/1/938 ਮਿਤੀ 04-03-2021 ਅਨੁਸਾਰ ਪਰਮਜੀਤ ਕੌਰ ਪਤਨੀ ਸੁਰਿੰਦਰ ਸਿੰਘ ਦੀ ਮਲਕੀਅਤ ਬਕਾਇਦਾ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ ਨੂਰਮਹਿਲ ਦੇ ਦਫਤਰ 'ਚ ਰਜਿਸਟਰਡ ਰਿਹਾਇਸ਼ੀ ਜਾਇਦਾਦ ਰਕਬਾ 3 ਮਰਲੇ, 2 ਸਰਸਾਈ, ਵਾਕਿਆ ਨੂਰਮਹਿਲ, ਹੱਦਬਸਤ ਨੰ. 64, ਤਹਿਸੀਲ ਫਿਲੌਰ (ਨੂਰਮਹਿਲ) ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ।

ਮਿਤੀ : 11.10.2023 | ਸਥਾਨ : ਜਲੰਧਰ | (ਅਧਿਕਾਰਤ ਅਫਸਰ)

17-oct-PAGE-4-2.qxd 10/16/2023 10:29 PM Page 1

ਨਵਾਂ ਜ਼ਮਾਨਾ

ਮੰਗਲਵਾਰ, 17 ਅਕਤੂਬਰ 2023

# ਸਮੱਸਿਆਵਾਂ ਨੂੰ ਨਕਾਰਨਾ ਹੱਲ ਨਹੀਂ

*ਪਿਛਲੇ ਦਿਨੀਂ ਸੰਸਾਰ ਭੁੱਖਮਰੀ ਸੂਚਕ ਅੰਕ ਜਾਰੀ ਕੀਤਾ ਗਿਆ ਸੀ। ਇਸ ਵਿੱਚ ਭਾਰਤ ਦੀ ਰੈਂਕਿੰਗ ਪਿਛਲੇ ਸਾਲ ਦੇ 107 ਤੋਂ 4 ਡੰਡੇ ਹੇਠਾਂ ਖਿਸਕ ਕੇ 111 'ਤੇ ਪਹੁੰਚ ਗਈ ਹੈ। ਸਾਡੇ ਗੁਆਂਢੀ ਦੇਸ਼ਾਂ, ਜਿਨ੍ਹਾਂ ਨੂੰ ਅਸੀਂ ਗਰੀਬ ਸਮਝਦੇ ਹਾਂ, ਉਨ੍ਹਾਂ ਦੀ ਹਾਲਤ ਸਾਡੇ ਤੋਂ ਵਧੀਆ ਹੈ। ਇਨ੍ਹਾਂ ਦੇਸ਼ਾਂ ਵਿੱਚ ਪਾਕਿਸਤਾਨ ਦੀ 102, ਬੰਗਲਾਦੇਸ਼ ਦੀ 81, ਨੇਪਾਲ ਦੀ 69 ਤੇ ਸ੍ਰੀਲੰਕਾ ਦੀ ਰੈਂਕਿੰਗ 60 ਹੈ। ਇਸ ਰਿਪੋਰਟ ਵਿੱਚ ਭਾਰਤ ਦਾ ਸਕੋਰ 28.7 ਫ਼ੀਸਦੀ ਹੈ, ਜਿਸ ਮੁਤਾਬਕ ਅਸੀਂ ਭਿਆਨਕ ਭੁੱਖਮਰੀ ਦੀ ਹਾਲਤ ਵਿੱਚੋਂ ਗੁਜ਼ਰ ਰਹੇ ਹਾਂ।*

*ਮੋਦੀ ਸਰਕਾਰ ਨੇ ਹਮੇਸ਼ਾ ਵਾਂਗ ਹੀ ਇਸ ਰਿਪੋਰਟ ਨੂੰ ਖਾਰਜ ਕੀਤਾ ਹੈ ਤੇ ਇਸ ਨੂੰ ਭਾਰਤ ਦੀ ਬਦਨਾਮੀ ਕਰਨ ਦੀ ਸਾਜ਼ਿਸ਼ ਕਿਹਾ ਹੈ। ਇਹੋ ਗੱਲ ਅਸੀਂ ਪਿਛਲੇ ਤਿੰਨ ਸਾਲਾਂ ਤੋਂ ਸਭ ਗਲੋਬਲ ਅੰਕੜਿਆਂ ਬਾਰੇ ਕਰਦੇ ਆ ਰਹੇ ਹਾਂ। ਸਵਾਲ ਹੈ ਕਿ ਭਾਰਤ ਦੀ ਛਵੀ ਵਿਗਾੜਨ ਦੀ ਇਹ ਸਾਜ਼ਿਸ਼ ਕੌਣ ਕਰ ਰਿਹਾ ਹੈ। ਇਹ ਰਿਪੋਰਟ ਨਾ ਚੀਨ ਦੀ ਕਿਸੇ ਸੰਸਥਾ ਵੱਲੋਂ ਬਣਾਈ ਗਈ ਹੈ ਤੇ ਨਾ ਪਾਕਿਸਤਾਨ ਦੀ ਵੱਲੋਂ। ਭੁੱਖਮਰੀ ਸੂਚਕ ਅੰਕ ਜਾਰੀ ਕਰਨ ਵਾਲੀ ਸੰਸਥਾ ਦੀ ਸਥਾਪਨਾ 1962 ਵਿੱਚ ਸੰਯੁਕਤ ਰਾਸ਼ਟਰ ਖਾਧ ਤੇ ਖੇਤੀ ਸੰਗਠਨ ਦੇ ਵੇਲੇ ਦੇ ਡਾਇਰੈਕਟਰ ਬਿਨੇ ਰੰਜਨ ਸੇਨ ਵੱਲੋਂ ਕੀਤੀ ਗਈ ਸੀ। ਇਹ ਸੰਸਥਾ ਜਰਮਨੀ ਵਿੱਚ ਸਥਿਤ ਇੱਕ ਗੈਰ-ਸਰਕਾਰੀ ਸੰਸਥਾ ਹੈ। ਇਸ ਦਾ ਮਨੋਰਥ ਹੈ ਭੁੱਖਮਰੀ ਤੋਂ ਅਜ਼ਾਦੀ। ਇਹ ਸੰਸਥਾ ਹਰ ਸਾਲ ਅੰਕੜੇ ਜਾਰੀ ਕਰਦੀ ਹੈ। ਪਿਛਲੀਆਂ ਸਰਕਾਰਾਂ ਨੇ ਕਦੇ ਵੀ ਇਹ ਬਹਾਨਾ ਨਹੀਂ ਬਣਾਇਆ ਕਿ ਇਹ ਅੰਕੜੇ ਸਾਡੇ ਦੇਸ਼ ਦੀ ਛਵੀ ਵਿਗਾੜਨ ਵਾਲੇ ਹਨ, ਸਗੋਂ ਭੁੱਖਮਰੀ ਘੱਟ ਕਰਨ ਲਈ ਇਸ ਤੋਂ ਸੇਧ ਲੈ ਕੇ ਪ੍ਰੋਗਰਾਮ ਬਣਾਉਂਦੀਆਂ ਰਹੀਆਂ ਹਨ। ਇਸੇ ਕਾਰਨ ਸੰਨ 2000 ਤੋਂ 2015 ਦਰਮਿਆਨ ਅਸੀਂ ਹਰ ਸਾਲ ਭੁੱਖਮਰੀ ਦੇ ਖ਼ਿਲਾਫ਼ ਲੜਦੇ ਹੋਏ ਅੱਗੇ ਵਧਦੇ ਰਹੇ, ਪਰ ਮੋਦੀ ਸਰਕਾਰ ਆਉਣ ਤੋਂ ਬਾਅਦ ਇਸ ਪਾਸੇ ਹਾਲਤ ਵਿਗੜਨੇ ਸ਼ੁਰੂ ਹੋ ਗਏ ਸਨ, ਜਿਸ ਕਾਰਨ ਹਰ ਸਾਲ ਅਸੀਂ ਹੇਠਾਂ ਖਿਸਕਦੇ ਜਾ ਰਹੇ ਹਾਂ। ਇਸ ਤੋਂ ਪਹਿਲਾਂ 1975 ਵਿੱਚ ਬਾਲ ਵਿਕਾਸ ਯੋਜਨਾ, 1993 ਵਿੱਚ ਰਾਸ਼ਟਰੀ ਪੋਸ਼ਣ ਨੀਤੀ, 1995 ਵਿੱਚ ਸਕੂਲੀ ਬੱਚਿਆਂ ਲਈ ਭੋਜਨ ਯੋਜਨਾ ਤੇ 2013 ਵਿੱਚ ਕੌਮੀ ਖਾਧ ਸੁਰੱਖਿਆ ਯੋਜਨਾ ਰਾਹੀਂ ਭਾਰਤ ਨੇ ਭੁੱਖਮਰੀ ਵਿਰੁੱਧ ਆਪਣੀ ਲੜਾਈ ਵਿੱਚ ਮਹੱਤਵਪੂਰਨ ਸਫ਼ਲਤਾ ਹਾਸਲ ਕੀਤੀ ਸੀ।*

*ਕੁਪੋਸ਼ਣ ਤੇ ਭੁੱਖਮਰੀ ਭਾਰਤ ਵਰਗੇ ਵੱਡੇ ਦੇਸ਼ ਦੀ ਇੱਕ ਤਲਖ ਹਕੀਕਤ ਹੈ। ਇਸ ਦਾ ਹੱਲ ਨਾ ਤਾਂ ਗੌਰੀ ਕੁੰਡ ਸਾਹਮਣੇ ਸੰਖ ਵਜਾ ਕੇ ਹੋ ਸਕਦਾ ਹੈ ਤੇ ਨਾ ਅੰਤਰਰਾਸ਼ਟਰੀ ਸੰਮੇਲਨਾਂ ਸਮੇਂ ਝੁੱਗੀਆਂ ਨੂੰ ਪਰਦਿਆਂ ਓਹਲੇ ਢਕ ਕੇ। ਕੇਂਦਰ ਸਰਕਾਰ ਨੂੰ ਅੰਕੜਿਆਂ ਤੋਂ ਮੂੰਹ ਮੋੜਨ ਦੀ ਥਾਂ ਹਾਲਤ ਦਾ ਸਾਹਮਣਾ ਕਰਨਾ ਚਾਹੀਦਾ ਹੈ।*

*ਮੋਦੀ ਸਰਕਾਰ ਕੰਮ ਕਰਨ ਦੀ ਥਾਂ ਲਗਾਤਾਰ ਇਹੋ ਪ੍ਰਚਾਰ ਕਰ ਰਹੀ ਹੈ ਕਿ 75 ਸਾਲਾਂ ਦੌਰਾਨ ਪਿਛਲੀਆਂ ਸਰਕਾਰਾਂ ਨੇ ਕੁਝ ਨਹੀਂ ਕੀਤਾ। ਕੁਝ ਭਗਤ ਤਾਂ ਇਹ ਵੀ ਕਹਿ ਰਹੇ ਹਨ ਕਿ ਭਾਰਤ ਨੂੰ ਅਜ਼ਾਦੀ ਹੀ 2014 ਵਿੱਚ ਉਦੋਂ ਮਿਲੀ, ਜਦੋਂ ਮੋਦੀ ਸੱਤਾ ਵਿੱਚ ਆਏ ਸਨ।*

*ਸਰਕਾਰ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਮੁੱਠੀ ਭਰ ਕਣਕ, ਚਾਵਲ ਤੇ ਦਾਲਾਂ ਨਾਲ ਭਾਰਤ ਦਾ ਭਵਿੱਖ ਬੱਚੇ ਸਿਹਤਮੰਦ ਨਹੀਂ ਬਣਾਏ ਜਾ ਸਕਦੇ। ਭਾਰਤ ਵਿੱਚ 80-90 ਕਰੋੜ ਲੋਕ ਸਰਕਾਰੀ ਰਾਸ਼ਨ 'ਤੇ ਨਿਰਭਰ ਹਨ। ਇਹ ਰਾਸ਼ਨ ਭੁੱਖ ਤਾਂ ਮਿਟਾ ਸਕਦਾ ਹੈ, ਪਰ ਪੌਸ਼ਟਿਕਤਾ ਨਹੀਂ ਦੇ ਸਕਦਾ। ਉਸ ਦੇ ਲਈ ਫਲ, ਸਬਜ਼ੀਆਂ, ਘਿਓ, ਦੁੱਧ ਤੇ ਪਨੀਰ ਚਾਹੀਦਾ ਹੈ। ਜੀ-20 ਦਾ ਸਫ਼ਲ ਅਯੋਜਨ ਤੇ ਦੇਸ਼ ਦੀ ਸਿਹਤ ਦੋ ਵੱਖੋ-ਵੱਖ ਚੀਜ਼ਾਂ ਹਨ। ਕਿਸੇ ਦੇਸ਼ ਦਾ ਕੱਦ ਉਸ ਦੀ ਆਪਣੀ ਧਰਤੀ ਤੇ ਆਪਣੇ ਲੋਕਾਂ ਵਿੱਚ ਵਧਦਾ ਹੈ। ਉਧਾਰ ਦੀ ਤਰੀਫ਼ ਤੇ ਪ੍ਰਚਾਰ, ਪ੍ਰਸਾਰ ਨਾਲ ਕੋਈ ਦੇਸ਼ ਵਿਸ਼ਵ ਗੁਰੂ ਨਹੀਂ ਬਣ ਸਕਦਾ। ਇਸ ਲਈ ਸਮੱਸਿਆਵਾਂ ਨੂੰ ਨਕਾਰਨ ਦੀ ਥਾਂ ਸਵੀਕਾਰ ਕੇ ਉਨ੍ਹਾਂ ਦਾ ਹੱਲ ਲੱਭਣਾ ਪਵੇਗਾ।*

# ਪਰਾਲੀ ਨੂੰ ਅੱਗ ਮਤਲਬ ਜਾਨ ਦਾ ਖੌਅ

ਕੇਂਦਰ ਸਰਕਾਰ, ਰਾਜ ਸਰਕਾਰ ਅਤੇ ਅਦਾਲਤਾਂ ਵੱਲੋਂ ਕਿਸਾਨਾਂ ਨੂੰ ਕਣਕ ਦਾ ਨਾੜ ਅਤੇ ਝੋਨੇ ਦੀ ਪਰਾਲੀ ਨੂੰ ਨਾ ਸਾੜਨ ਸੰਬੰਧੀ ਦਿੱਤੇ ਦਿਸ਼ਾ-ਨਿਰਦੇਸ਼ਾਂ ਦੇ ਬਾਵਜੂਦ ਕਿਸਾਨਾਂ ਵੱਲੋਂ ਉਕਤ ਦੋਵਾਂ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਏ ਜਾਣ ਦੀ ਕੁਰੀਤੀ ਬਾਦਸਤੂਰ ਜਾਰੀ ਹੈ। ਕੋਈ ਦੱਸੇ ਤਾਂ ਸਹੀ ਆਖ਼ਰ ਇਹ ਵਰਤਾਰਾ ਕਿਸ ਦੇ ਲਈ ਫ਼ਾਇਦੇਮੰਦ ਹੈ ?

ਪੰਜਾਬ ਸਰਕਾਰ ਵੱਲੋਂ ਅਤੇ ਸਮੂਹ ਜ਼ਿਲ੍ਹਿਆਂ ਦੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਖ਼ਤ ਪਾਬੰਦੀਆਂ ਆਇਦ ਕਰਨ ਅਤੇ ਵਾਰ-ਵਾਰ ਅਪੀਲ ਕੀਤੇ ਜਾਣ ਦੇ ਬਾਵਜੂਦ ਪਰਾਲੀ ਨੂੰ ਅੱਗ ਲਗਾਉਣ ਦੇ ਰੁਝਾਨ ਵਿਚ ਕੋਈ ਕਮੀ ਨਹੀਂ ਆਈ। ਸਾਡੇ ਕਿਸਾਨ ਵੀਰ ਇਹ ਭੁੱਲ ਜਾਂਦੇ ਹਨ ਇਸ ਭੈੜੀ ਅੱਗ ਕਰਕੇ ਸੜਕ ਹਾਦਸੇ ਵਾਪਰਦੇ ਹਨ ਤੇ ਉਨ੍ਹਾਂ ਹਾਦਸਿਆਂ ਵਿੱਚ ਮਨੁੱਖੀ ਜਾਨਾਂ ਅਤੇ ਵਾਹਨਾਂ ਦਾ ਭਾਰੀ ਨੁਕਸਾਨ ਹੁੰਦਾ ਹੈ। ਸਕੂਲੀ ਬੱਚਿਆਂ ਦੀ ਬੱਸ ਦਾ ਅੱਗ ਵਿੱਚ ਝੁਲਸ ਜਾਣਾ ਜਾਂ ਕਿਸੇ ਪਤੀ-ਪਤਨੀ ਦਾ ਪਰਾਲੀ ਜਾਂ ਨਾੜ ਦੀ ਅੱਗ ਦੇ ਧੂੰਏਂ ਕਾਰਨ ਅੱਗੇ ਨਾ ਵੇਖ ਪਾਉਣਾ ਤੇ ਕਿਸੇ ਟਰੱਕ ਨਾਲ ਟਕਰਾਅ ਕੇ ਮੌਤ ਦੇ ਮੂੰਹ 'ਚ ਜਾ ਪੈਣਾ ਬੇਹੱਦ ਦੁਖਦਾਇਕ ਹੈ। ਇਸ ਤਰ੍ਹਾਂ ਦੀਆਂ ਘਟਨਾਵਾਂ ਨਿੱਤ ਦਿਨ ਵਾਪਰ ਰਹੀਆਂ ਹਨ, ਜੋ ਕਿ ਬਹੁਤ ਮੰਦਭਾਗਾ ਹੈ। ਪਰਾਲੀ ਦੀ ਇਸ ਚੰਦਰੀ ਅੱਗ ਕਰਕੇ ਸੜਕਾਂ ਅਤੇ ਖੇਤਾਂ ਦੇ ਕੰਢੇ ਲੱਗੇ ਹਰੇ-ਭਰੇ ਰੁੱਖ ਅੱਗ ਦੀ ਭੇਟ ਚੜ੍ਹ ਰਹੇ ਹਨ। ਇਨ੍ਹਾਂ ਰੁੱਖਾਂ 'ਤੇ ਆਲ੍ਹਣੇ ਪਾ ਕੇ ਰਹਿੰਦੇ ਪੰਛੀ ਅਤੇ ਉਨ੍ਹਾਂ ਦੇ ਅਣਭੋਲ ਬੱਚੇ ਇਸ ਅੱਗ ਦੇ ਸੇਕ ਵਿਚ ਝੁਲਸ ਕੇ ਮੌਤ ਦੇ ਮੂੰਹ ਵਿਚ ਪੈ ਰਹੇ ਹਨ।

ਖੇਤੀ ਵਿਗਿਆਨੀਆਂ ਅਨੁਸਾਰ ਕਿਸਾਨ ਵੀਰਾਂ ਵੱਲੋਂ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਲਗਾਈ ਗਈ ਇਹ ਅੱਗ ਜਿੱਥੇ ਮਿੱਟੀ ਵਿੱਚ ਪਾਏ ਜਾਂਦੇ ਮਿੱਤਰ ਕੀੜਿਆਂ ਨੂੰ ਖ਼ਤਮ ਕਰ ਦਿੰਦੀ ਹੈ, ਉੱਥੇ ਧਰਤੀ ਦੇ ਪੋਸ਼ਕ ਤੱਤਾਂ ਦਾ ਵੀ ਘਾਣ ਕਰ ਦਿੰਦੀ ਹੈ। ਖੇਤੀ ਮਾਹਰਾਂ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਕਣਕ ਦਾ 77 ਫ਼ੀਸਦੀ ਨਾੜ ਤੂੜੀ ਵਜੋਂ ਵਰਤਿਆ ਜਾਂਦਾ ਹੈ, 9 ਫ਼ੀਸਦੀ ਨਾੜ ਜ਼ਮੀਨ 'ਚ ਦਬਾਅ ਦਿੱਤਾ ਜਾਂਦਾ ਹੈ ਤੇ 11 ਫ਼ੀਸਦੀ ਨਾੜ ਨੂੰ ਅੱਗ ਨਾਲ ਸਾੜ ਦਿੱਤਾ ਜਾਂਦਾ ਹੈ, ਜਦੋਂ ਕਿ ਝੋਨੇ ਦੀ 85 ਫ਼ੀਸਦੀ ਪਰਾਲੀ ਸਾੜ ਦਿੱਤੀ ਜਾਂਦੀ ਹੈ।

ਮੁੱਕਦੀ ਗੱਲ ਇਹ ਹੈ ਕਿ ਕਣਕ ਜਾਂ ਝੋਨੇ ਦੀ ਰਹਿੰਦ-ਖੂੰਹਦ ਸਾੜਨ ਨਾਲ ਕਿਸੇ ਦਾ ਵੀ ਭਲਾ ਨਹੀਂ ਹੁੰਦਾ ਹੈ, ਪਰ ਅੰਨਦਾਤਾ ਕਹਾਉਣ ਵਾਲਾ ਕਿਸਾਨ ਸਿਰ 'ਤੇ ਇਲਜ਼ਾਮਾਂ ਦੀ ਪੰਡ ਲੈ ਕੇ ਜ਼ਰੂਰ ਜਨਤਾ ਦੇ ਕਟਹਿਰੇ 'ਚ ਆਣ ਖੜ੍ਹਾ ਹੁੰਦਾ ਹੈ। ਕਿਸਾਨ ਨੂੰ ਆਪਣੇ ਮੱਥੇ 'ਤੇ ਲੱਗ ਰਹੇ ਇਸ ਕਲੰਕ ਨੂੰ ਧੋਣ ਲਈ ਅੱਗੇ ਆਉਣਾ ਚਾਹੀਦਾ ਹੈ ਤੇ ਫ਼ਸਲਾਂ ਦੀ ਇਸ ਰਹਿੰਦ-ਖੂੰਹਦ ਨੂੰ ਸਾੜਨ ਦੀ ਥਾਂ ਬਦਲਵੇਂ ਪ੍ਰਬੰਧ ਕਰਕੇ ਆਪਣਾ, ਹੋਰਨਾਂ ਦਾ ਅਤੇ ਆਪਣੀ ਧਰਤੀ ਮਾਂ ਦਾ ਜੀਵਨ ਖ਼ਤਰੇ 'ਚ ਪਾਉਣ ਤੋਂ ਬਚਣਾ ਚਾਹੀਦਾ ਹੈ । ਇਹ ਗੱਲ ਘੁੱਟ ਕੇ ਪੱਲੇ ਬੰਨ੍ਹ ਲੈਣੀ ਚਾਹੀਦੀ ਹੈ ਕਿ ਜੇ ਹੁਣ ਵੀ ਨਾ ਜਾਗੇ ਤਾਂ ਸੱਚਮੁੱਚ ਹੀ ਬੜੀ ਦੇਰ ਹੋ ਜਾਵੇਗੀ।

**-ਪ੍ਰੋ.ਪਰਮਜੀਤ ਸਿੰਘ ਨਿੱਕੇ ਘੁੰਮਣ**, 97816-46008

# ਫ਼ਾਸ਼ੀ ਹਮਲਿਆਂ ਦੀ ਮਾਰ ਹੇਠ ਪੱਤਰਕਾਰਤਾ

**ਨਰਾਇਣ ਦੱਤ**

'ਵਾਸ਼ਿੰਗਟਨ ਪੋਸਟ' ਵਿੱਚ ਛਪੀ ਜਾਂ ਛਪਵਾਈ ਗਈ ਇੱਕ ਕਥਿਤ ਰਿਪੋਰਟ ਨੂੰ ਆਧਾਰ ਬਣਾ ਕੇ ਮੋਦੀ ਹਕੂਮਤ ਨੇ ਬੁੱਧੀਮਾਨ ਲੇਖਕਾ ਤੀਸਤਾ ਸੀਤਲਵਾੜ ਸਮੇਤ 'ਨਿਊਜ਼ ਕਲਿਕ' ਦੀ ਟੀਮ ਦੇ ਉੱਘੇ ਵਿਦਵਾਨ ਕਾਮਿਆਂ ਅਭਿਸ਼ਾਰ ਸ਼ਰਮਾ, ਪ੍ਰਮੁੱਖ ਅਤੇ ਸੀਨੀਅਰ ਪੱਤਰਕਾਰ ਭਾਸ਼ਾ ਸਿੰਘ, ਨਾਮਵਰ ਪੱਤਰਕਾਰ ਉਰਮਿਲੇਸ਼, ਪ੍ਰਬੀਰ ਪੁਰਕਿਆਸਥ, ਲੇਖਕ ਗਿੱਥਾ ਹਰੀਹਰਨ, ਰਾਜਨੀਤਕ ਤੇ ਅਰਥ ਸ਼ਾਸਤਰ ਦੇ ਉੱਘੇ ਵਿਦਵਾਨ ਅਮਿਤਾ ਚੱਕਰਵਰਤੀ, ਇਤਿਹਾਸਕਾਰ ਤੇ ਸਮਾਜਕ ਕਾਰਕੁਨ ਸੋਹੇਲ ਹਾਸ਼ਮੀ ਅਤੇ ਸੰਜੇ ਰਜ਼ੌਰਾ ਦੀ ਰਿਹਾਇਸ਼ਗਾਹ 'ਤੇ ਛਾਪੇਮਾਰੀ ਕੀਤੀ ਹੈ। ਇਨ੍ਹਾਂ ਨਾਮਵਰ ਪੱਤਰਕਾਰਾਂ, ਲੇਖਕਾਂ ਅਤੇ ਬੁੱਧੀਮਾਨਾਂ ਨੂੰ ਦਿੱਲੀ ਪੁਲਸ ਵੱਲੋਂ ਹੈੱਡਕੁਆਰਟਰ 'ਤੇ ਬੁਲਾ ਕੇ ਸੁਆਲਾਂ-ਜਵਾਬਾਂ ਦੀ ਵਾਛੜ ਕਰਕੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਅਤੇ ਜ਼ਲੀਲ ਕਰਨ, ਪ੍ਰਬੀਰ ਪੁਰਕਿਆਸਥ ਅਤੇ ਅਮਿਤਾ ਚੱਕਰਵਰਤੀ ਨੂੰ ਯੂ ਏ ਪੀ ਏ (ਗੈਰ-ਕਾਨੂੰਨੀ ਸਰਗਰਮੀਆਂ ਰੋਕੂ ਕਾਨੂੰਨ) ਅਤੇ ਭਾਈਚਾਰਿਆਂ ਵਿੱਚ ਭੜਕਾਹਟ ਪੈਦਾ ਕਰਨ, 153-ਏ ਤਹਿਤ ਗ੍ਰਿਫਤਾਰ ਕਰਕੇ ਸੱਤ ਦਿਨਾਂ ਲਈ ਪੁਲਸ ਹਿਰਾਸਤ ਵਿੱਚ ਭੇਜ ਦਿੱਤਾ ਹੈ। ਇਹਨਾਂ ਬੁੱਧੀਮਾਨਾਂ ਦੇ ਲੈਪਟਾਪ, ਮੋਬਾਇਲ ਫੋਨ ਅਤੇ ਹੋਰ ਇਲੈਕਟਰੋਨਿਕ ਸਾਜ਼ੋ-ਸਾਮਾਨ ਜਬਰੀ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ। ਸਿਤਮ ਇਹ ਹੈ ਕਿ ਪੁਲਸ ਨੇ ਛਾਪੇਮਾਰੀ ਕਰਕੇ ਅਜਿਹਾ ਸਾਰਾ ਕੁਝ ਕਰ ਲਿਆ, ਪਰ ਇਨ੍ਹਾਂ ਵਿਦਵਾਨ ਪੱਤਰਕਾਰਾਂ ਨੂੰ ਪੁਲਸ ਵੱਲੋਂ ਐੱਫ ਆਈ ਆਰ ਦੀ ਕਾਪੀ ਤੱਕ ਵੀ ਮੁਹੱਈਆ ਨਹੀਂ ਕਰਵਾਈ ਗਈ।

ਦਿੱਲੀ ਪੁਲਸ ਨੇ ਕੇਂਦਰੀ ਹਕੂਮਤ ਦੇ ਇਸ਼ਾਰਿਆਂ 'ਤੇ ਹੋਰ ਵੱਡਾ ਹਮਲਾ ਕਰਦਿਆਂ 'ਨਿਊਜ਼ ਕਲਿੱਕ' ਦਾ ਦਫਤਰ ਵੀ ਸੀਲ ਕਰ ਦਿੱਤਾ ਹੈ। ਪੱਤਰਕਾਰਾਂ ਨੂੰ ਐੱਫ.ਆਈ.ਆਰ. ਦੀ ਕਾਪੀ ਹਾਸਲ ਕਰਨ ਲਈ ਅਦਾਲਤ ਦਾ ਦਰਵਾਜ਼ਾ ਖੜਕਾਉਣ ਲਈ ਮਜਬੂਰ ਹੋਣਾ ਪਿਆ ਹੈ। ਹਾਲਾਂਕਿ ਜਿਹੜੇ ਦੋਸ਼ ਇਨ੍ਹਾਂ ਵਿਦਵਾਨ ਪੱਤਰਕਾਰਾਂ ਖਿਲਾਫ ਪੁਲਸ ਨੇ ਲਗਾਏ ਹਨ, ਉਹ ਪ੍ਰੈੱਸ ਵਿੱਚ ਆ ਗਏ ਹਨ ਕਿ 'ਨਿਊਜ਼ ਕਲਿੱਕ' ਚੀਨੀ ਕੰਪਨੀ ਦੀ ਸ਼ਹਿ 'ਤੇ ਖ਼ਬਰਾਂ ਅਤੇ ਜਾਣਕਾਰੀ ਪ੍ਰਕਾਸ਼ਤ ਕਰਦਾ ਹੈ ਅਤੇ ਨੇਵਿਲੇ ਰੋਇ ਸਿੰਘਮ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕੰਮ ਕਰਦਾ ਹੈ।

ਭਾਰਤ ਅੰਦਰ ਪ੍ਰੈੱਸ ਦੀ ਅਜ਼ਾਦੀ ਦਾ ਗ੍ਰਾਫ਼ ਲਗਾਤਾਰ ਡਿੱਗਦਾ ਜਾ ਰਿਹਾ ਹੈ। ਦੁਨੀਆ ਦੇ 180 ਦੇਸ਼ਾਂ ਵਿੱਚੋਂ ਭਾਰਤ ਅੰਦਰ ਪ੍ਰੈੱਸ ਦੀ ਆਜ਼ਾਦੀ ਦਾ ਇੰਡੈਕਸ, ਜੋ 2002 ਵਿੱਚ 80 ਸੀ, 2023 ਵਿੱਚ 161 ਨੰਬਰ ਤੱਕ ਹੇਠਾਂ ਆ ਗਿਆ ਹੈ। ਉਹ ਅਦਾਰੇ ਅਤੇ ਜਰਨਲਿਸਟ, ਜਿਹੜੇ ਰਾਜਸੱਤਾ ਅੱਗੇ ਝੁਕਣ ਤੋਂ ਇਨਕਾਰ ਕਰਦੇ ਹਨ ਅਤੇ ਸੱਚ ਨੂੰ ਜਨਤਕ ਹਿੱਤ ਵਿੱਚ ਸਾਹਮਣੇ ਲਿਆਉਣ ਲਈ ਦ੍ਰਿੜ੍ਹ ਹਨ, ਨੂੰ ਰਾਜ ਵੱਲੋਂ ਨੰਗੇ ਚਿੱਟੇ ਰੂਪ ਵਿੱਚ ਨਿਸ਼ਾਨਾ ਬਣਾਉਣ ਦਾ ਰੁਝਾਨ ਬੇਹੱਦ ਤਿੱਖੇ ਰੂਪ 'ਚ ਸਾਹਮਣੇ ਆ ਰਿਹਾ ਹੈ। ਇਹ ਧਮਕੀਆਂ ਜਾਂ ਤਾਂ ਸਥਾਪਤੀ ਵੱਲੋਂ ਸਿੱਧੇ ਰੂਪ ਵਿੱਚ ਦਿੱਤੀਆਂ ਜਾਂਦੀਆਂ ਹਨ ਜਾਂ ਫਿਰ ਇਹਦੀਆਂ ਏਜੰਸੀਆਂ ਜਾਂ ਉਨ੍ਹਾਂ ਸ਼ਕਤੀਆਂ ਵੱਲੋਂ ਦਿੱਤੀਆਂ ਜਾਂਦੀਆਂ ਹਨ, ਜਿਹੜੀਆਂ ਮਿਆਰੀ ਅਤੇ ਬੇਖ਼ੌਫ਼ ਜਰਨਲਿਜ਼ਮ ਨੂੰ ਖਤਮ ਕਰਨ ਲਈ ਸਰਕਾਰ ਵੱਲੋਂ ਅਸਿੱਧੇ ਢੰਗ ਨਾਲ ਪਾਲੀਆਂ-ਪੋਸੀਆਂ ਜਾਂਦੀਆਂ ਹਨ।

ਦਿੱਲੀ ਦੇ ਇਤਿਹਾਸਕ ਕਿਸਾਨ ਘੋਲ ਦੌਰਾਨ ਵਾਤਾਵਰਣ ਕਾਰਕੁਨ ਦਿਸ਼ਾ ਰਵੀ, ਵਕੀਲ ਨਿਕਿਤਾ ਜੈਕਬ ਅਤੇ ਇੰਜੀਨੀਅਰ ਸ਼ਾਂਤਨੂੰ ਮਲਕ ਵੱਲੋਂ ਕਿਸਾਨ ਅੰਦੋਲਨ ਦੇ ਵੇਰਵੇ ਸਮੇਤ 26 ਜਨਵਰੀ ਨੂੰ ਇਸ ਦੇ ਹੱਕ ਵਿੱਚ ਹਾਅ ਦਾ ਨਾਹਰਾ ਮਾਰਨ ਲਈ ਇੱਕ ਸਾਫਟਵੇਅਰ ਤਿਆਰ ਕੀਤਾ, ਜਿਸ ਨੂੰ ਸਵੀਡਨ ਦੀ ਵਾਤਾਵਰਨ ਕਾਰਕੁਨ ਗਰੇਟਾਥ ਨਬਰਗ ਨੇ ਟਵੀਟ ਕਰਕੇ ਦੇਸ਼-ਵਿਦੇਸ਼ ਵਿੱਚ ਪਹੁੰਚਦਾ ਕੀਤਾ। ਦਿੱਲੀ ਪੁਲਸ ਨੇ ਤਿੰਨਾਂ ਭਾਰਤੀ ਨਾਗਰਿਕਾਂ ਉਪਰ ਦੇਸ਼ ਧ੍ਰੋਹ ਅਤੇ ਭਾਈਚਾਰਿਆਂ ਅੰਦਰ ਨਫਰਤ ਫੈਲਾਉਣ ਦਾ ਕੇਸ ਦਰਜ ਕਰਕੇ ਦਿਸ਼ਾ ਰਵੀ ਨੂੰ ਗ੍ਰਿਫਤਾਰ ਕਰ ਲਿਆ। ਬਾਅਦ ਵਿੱਚ ਜ਼ਿਲ੍ਹਾ ਸੈਸ਼ਨ ਜੱਜ ਨੇ ਇਹ ਨੋਟ ਕਰਕੇ ਕਿ ਇਸ ਤਰ੍ਹਾਂ ਕਰਨ ਨਾਲ ਦੇਸ਼ ਧ੍ਰੋਹ ਦਾ ਕੋਈ ਮਾਮਲਾ ਬਣਦਾ ਹੀ ਨਹੀਂ, ਦਿਸ਼ਾ ਰਵੀ ਨੂੰ ਜ਼ਮਾਨਤ ਦੇ ਦਿੱਤੀ।

ਐੱਨ ਏ ਪੀ ਐੱਮ ਦੀ ਰਿਪੋਰਟ ਅਨੁਸਾਰ ਪਿਛਲੇ ਦਹਾਕੇ ਦੌਰਾਨ ਭਾਰਤ ਅੰਦਰ 150 ਤੋਂ ਵੱਧ ਪੱਤਰਕਾਰ ਗ੍ਰਿਫਤਾਰ ਕੀਤੇ ਗਏ, ਉਹਨਾਂ ਖਿਲਾਫ਼ ਕੇਸ ਦਰਜ ਕੀਤੇ ਗਏ, ਉਹਨਾਂ ਨੂੰ ਜੇਲ੍ਹ ਭੇਜਿਆ ਗਿਆ ਅਤੇ ਪੁੱਛ-ਪੜਤਾਲ ਬਹਾਨੇ ਪ੍ਰੇਸ਼ਾਨ ਅਤੇ ਜ਼ਲੀਲ ਕੀਤਾ ਗਿਆ। ਉਹਨਾਂ ਉਪਰ ਦਹਿਸ਼ਤਗਰਦੀ, ਦੇਸ਼ ਧ੍ਰੋਹ ਜਾਂ ਗੈਰ-ਕਾਨੂੰਨੀ ਗਤੀਵਿਧੀਆਂ ਨਾਲ ਸਬੰਧਤ ਕਾਨੂੰਨਾਂ ਹੇਠ ਅਤੇ ਕੋਰੋਨਾ ਮਹਾਂਮਾਰੀ ਦੇ ਸ਼ੁਰੂ ਹੋਣ ਬਾਅਦ ਡਿਜ਼ਾਸਟਰ ਮੈਨੇਜਮੈਂਟ ਅਤੇ ਮਹਾਂਮਾਰੀ ਰੋਗ ਐਕਟ ਹੇਠ ਮਾਮਲੇ ਦਰਜ ਕੀਤੇ ਗਏ। ਇਕੱਲੇ ਸਾਲ 2020 ਦੌਰਾਨ ਇਹਨਾਂ ਮੁਕੱਦਮਿਆਂ ਵਿੱਚ 20 ਪ੍ਰਤੀਸ਼ਤ ਵਾਧਾ ਹੋਇਆ। ਇਹਨਾਂ ਮੁਕੱਦਮਿਆਂ ਵਿੱਚੋਂ ਬਹੁ-ਗਿਣਤੀ ਭਾਜਪਾ ਸ਼ਾਸਤ ਰਾਜਾਂ ਵਿੱਚ ਦਰਜ ਕੀਤੇ ਗਏ ਹਨ। ਉਸ ਵਕਤ ਜਦੋਂ ਬਹੁਤ ਪੱਤਰਕਾਰ ਨੌਕਰੀਆਂ ਦੀ ਛਾਂਟੀ ਅਤੇ ਆਪਣੀ ਰੋਟੀ ਦੀ ਸੁਰੱਖਿਆ ਨਾਲ ਜੂਝ ਰਹੇ ਹਨ ਤਾਂ ਰਾਜ ਅੰਦਰ ਖ਼ਬਰਾਂ ਦੀ ਰਿਪੋਰਟਿੰਗ ਨੂੰ ਲੈ ਕੇ ਧਮਕੀਆਂ ਦਾ ਮਾਹੌਲ ਇਹਨਾਂ ਮੁਸ਼ਕਲਾਂ ਵਿੱਚ ਗੰਭੀਰ ਵਾਧੇ ਦਾ ਕਾਰਨ ਬਣਦਾ ਹੈ। ਹੁਣ ਇਹ ਸਪੱਸ਼ਟ ਹੋ ਚੁੱਕਾ ਹੈ ਕਿ ਮੁੱਖ ਧਾਰਾ ਦੇ ਮੀਡੀਏ ਦਾ ਵੱਡਾ ਹਿੱਸਾ, ਅਹਿਸਤਾ-ਅਹਿਸਤਾ ਆਰ ਐੱਸ ਐੱਸ ਅਤੇ ਸਰਕਾਰ ਦਾ ਜ਼ਹਿਰੀਲਾ ਪ੍ਰਚਾਰ ਕਰਨ ਦਾ ਸੰਦ ਬਣ ਚੁੱਕਾ ਹੈ, ਜਿਸ ਅੰਦਰ ਵਾਹੋਦਾਹੀ ਝੂਠ, ਨਫ਼ਰਤ ਅਤੇ ਗਲਤ ਜਾਣਕਾਰੀਆਂ ਫੈਲਾ ਰਹੀ ਕੇਵਲ ਕੇਂਦਰ ਸਰਕਾਰ ਦੀ ਸੁਰ ਨੂੰ ਹੀ ਘੁਮਾਇਆ ਜਾ ਰਿਹਾ ਹੈ। ਐਨ ਉਸੇ ਵਕਤ ਜਿਹੜੇ ਪੱਤਰਕਾਰ ਆਪਣੇ ਕਿੱਤੇ ਦੀਆਂ ਮਾਨਤਾਵਾਂ ਉਪਰ ਪਹਿਰਾ ਦਿੰਦੇ ਹਨ, ਉਹ ਧਮਕੀਆਂ ਅਤੇ ਐਥੋਂ ਤੱਕ ਕਿ ਹਿੰਸਾ ਵੀ ਹੰਢਾਉਣ ਲਈ ਮਜਬੂਰ ਹਨ। 2014 ਤੋਂ 2019 ਤੱਕ ਉਹਨਾਂ ਉਪਰ ਸਰੀਰਕ ਹਮਲੇ ਹੋਏ ਅਤੇ ਅਨੇਕਾਂ ਮੌਤਾਂ ਵੀ ਹੋਈਆਂ ਹਨ।

ਸਭ ਤੋਂ ਨੰਗੀ ਚਿੱਟੀ ਉਦਾਹਰਣ ਅਜ਼ਾਦ ਆਨਲਾਈਨ ਖਬਰਾਂ ਦੇ ਕੇਂਦਰ 'ਨਿਊਜ਼ ਕਲਿੱਕ' ਦੇ ਦਫ਼ਤਰ ਉਪਰ ਇਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਮਾਰਿਆ ਤਾਜ਼ਾ ਛਾਪਾ ਹੈ। 9 ਫਰਵਰੀ 2023 ਤੋਂ ਸ਼ੁਰੂ ਕਰਕੇ ਨਿਊਜ਼ ਕਲਿਕ ਦੇ ਦਫ਼ਤਰ, ਇਸ ਦੇ ਕੁਝ ਜਰਨਲਿਸਟਾਂ ਅਤੇ ਪ੍ਰਮੁੱਖ ਪ੍ਰਬੰਧਕਾਂ ਦੇ ਘਰਾਂ ਸਮੇਤ 8 ਥਾਵਾਂ ਉਪਰ ਛਾਪੇ ਮਾਰੇ ਗਏ। ਇੱਕ ਲੰਮੇ ਛਾਪੇ ਤਹਿਤ ਈਡੀ ਦੇ ਅਧਿਕਾਰੀ, ਇਸ ਸੰਸਥਾ ਦੇ ਐਡੀਟਰ ਇਨ ਚੀਫ ਪ੍ਰਬੀਰ ਪੁਰਕਿਆਸਥ ਅਤੇ ਲੇਖਕ ਗੀਥਾ ਹਰੀਹਰਨ ਦੇ ਘਰੇ ਲਗਾਤਾਰ 113 ਘੰਟੇ ਬੈਠੇ ਰਹੇ। ਜਿਸ ਦਾ ਅਰਥ ਹੈ ਕਿ ਉਹਨਾਂ ਨੂੰ ਲਗਾਤਾਰ 5 ਦਿਨ ਨਜ਼ਰਬੰਦ ਰੱਖਿਆ ਗਿਆ। ਨਿਊਜ਼ ਕਲਿਕ ਕਿਸਾਨ ਸੰਘਰਸ਼ ਅਤੇ ਲੋਕਾਂ ਦੀਆਂ ਲਹਿਰਾਂ ਦੇ ਵੱਡੇ ਹਿੱਸੇ ਅਤੇ ਮੁੱਖ ਧਾਰਾ ਮੀਡੀਏ ਵੱਲੋਂ ਨਜ਼ਰ-ਅੰਦਾਜ਼ ਕੀਤੇ ਮੁੱਦਿਆਂ ਨੂੰ ਲਗਾਤਾਰ ਰਿਪੋਰਟ ਕਰਦਾ ਆ ਰਿਹਾ ਹੈ। ਨਿਊਜ਼ ਕਲਿੱਕ ਨੂੰ 2021 ਤੋਂ ਕੇਂਦਰੀ ਏਜੰਸੀਆਂ ਇਨਫੋਰਸਮੈਂਟ ਡਾਇਰੈਕਟੋਰੇਟ, ਦਿੱਲੀ ਪੁਲਸ ਦੀ ਅਪਰਾਧ ਸ਼ਾਖਾ ਅਤੇ ਆਮਦਨ ਕਰ ਵਿਭਾਗ ਵੱਲੋਂ ਘਰਾਂ ਅਤੇ ਦਫਤਰ ਨੂੰ ਨਿਸ਼ਾਨਾ ਬਣਾਇਆ ਹੋਇਆ ਹੈ। ਨਿਊਜ਼ ਕਲਿੱਕ ਨੇ ਦਾਅਵਾ ਕੀਤਾ ਹੈ ਕਿ ਕਈ ਸਾਲਾਂ ਤੋਂ ਉਨ੍ਹਾਂ ਦੀ ਵੈੱਬਸਾਈਟ ਦੇ ਬੈਂਕ ਖਾਤੇ, ਖਰਚੇ ਅਤੇ ਫੰਡਾਂ ਆਦਿ ਦੀ ਪੁਣਛਾਣ ਕੀਤੀ ਹੈ, ਪਰ ਕਿਸੇ ਵੀ ਏਜੰਸੀ ਨੂੰ ਸ਼ਿਕਾਇਤ ਦਰਜ ਕਰਨ ਯੋਗ ਕੁਝ ਵੀ ਨਹੀਂ ਮਿਲਿਆ।

30 ਜਨਵਰੀ 2021 ਨੂੰ ਇੱਕ ਅਜ਼ਾਦ ਪੱਤਰਕਾਰ, ਜਿਹੜਾ ਮੁੱਖ ਤੌਰ 'ਤੇ 'ਕਾਰਵਾਂ' ਮੈਗਜ਼ੀਨ ਅਤੇ ਜਨਪਥ ਨੂੰ ਰਿਪੋਰਟਾਂ ਦਿੰਦਾ ਹੈ, ਸਿੰਘੂ ਬਾਰਡਰ ਦੇ ਪੁਲਸ ਬੈਰੀਕੇਡਾਂ ਉਪਰ ਦੀ ਘੜੀਸਿਆ ਗਿਆ। ਉਹ ਪੱਤਰਕਾਰ, ਕਿਸਾਨ ਸੰਘਰਸ਼ ਦੀ ਮੁੱਢ ਤੋਂ ਹੀ ਰਿਪੋਰਟਿੰਗ ਕਰ ਰਿਹਾ ਸੀ। ਉਸ ਦੀ ਗ੍ਰਿਫਤਾਰੀ ਉਹਨਾਂ ਪੱਤਰਕਾਰਾਂ ਦੇ ਖਿਲਾਫ਼ ਰਾਜਕੀ ਦਾਬੇ ਦਾ ਸਭ ਤੋਂ ਖੌਫਨਾਕ ਮਾਮਲਾ ਹੈ, ਜਿਹੜੇ ਪੱਤਰਕਾਰ ਹਾਕਮ ਦੇ ਮੂੰਹ ਉਪਰ ਸੱਚ ਬੋਲਣ ਦੀ ਜੁਰਅਤ ਕਰਦੇ ਹਨ। ਦਿੱਲੀ ਦੇ ਅਲੀਪੁਰ ਪੁਲਸ ਥਾਣੇ ਅੰਦਰ ਰਾਤ ਨੂੰ 1.21 ਵਜੇ ਦਰਜ ਕੇਸ ਵਿੱਚ ਉਸ ਉਪਰ ਦੋਸ਼ ਲਾਇਆ ਕਿ ਉਸ ਨੇ ਲੰਘੀ ਸ਼ਾਮ 6.30 ਵਜੇ ਪੁਲਸ ਅਧਿਕਾਰੀਆਂ ਉਪਰ ਹਮਲਾ ਕੀਤਾ ਹੈ। ਉਸ ਨੂੰ ਪੁਲਸ ਵੱਲੋਂ ਬਾਰਡਰ 'ਤੇ ਘੜੀਸੇ ਜਾਣ ਦੀ ਵੀਡੀਓ ਵਾਇਰਲ ਹੋ ਗਈ। ਅਜਿਹੇ ਦੌਰ ਵਿੱਚ ਇਸ ਗ੍ਰਿਫਤਾਰ ਕੀਤੇ ਪੱਤਰਕਾਰ ਨੂੰ ਜ਼ਮਾਨਤ ਮਿਲਣ ਦੀ ਵਿਰਲੀ-ਟਾਂਵੀਂ ਘਟਨਾ ਵਾਪਰੀ, ਜਿਸ ਵਿੱਚ ਮੈਜਿਸਟਰੇਟ ਨੇ ਸਪੱਸ਼ਟ ਰੂਪ 'ਚ ਇੱਕ ਆਮ ਟਿੱਪਣੀ ਕੀਤੀ ਕਿ ਜ਼ਮਾਨਤ ਲਾਜ਼ਮੀ ਦੇਵੋ ਅਤੇ ਅਣਸਰਦੇ ਨੂੰ ਜੇਲ੍ਹ ਭੇਜੋ।

ਪ੍ਰਮੁੱਖ ਪੱਤਰਕਾਰ ਰਾਜਦੀਪ ਸਰਦੇਸਾਈ, ਮਰਿਨਾਲ ਪਾਂਡੇ, ਜ਼ਫਰ ਆਗਾ, ਕਾਰਵਾਂ ਮੈਗਜ਼ੀਨ ਦੇ ਐਡੀਟਰ ਅਤੇ ਸੰਸਥਾਪਕ ਪਾਰੇਸ਼ ਨਾਥ, ਐਡੀਟਰ ਅਨੰਤ ਨਾਥ ਅਤੇ ਐਗਜ਼ਕਟਿਵ ਐਡੀਟਰ ਵਿਨੋਦ ਕੇ ਜੋਸ਼ ਉੱਪਰ 5 ਐੱਫ ਆਈ ਆਰਜ਼ ਦਰਜ ਕੀਤੀਆਂ ਗਈਆਂ, ਜਿਹਨਾਂ ਵਿੱਚ ਵੱਖ ਵੱਖ ਭਾਈਚਾਰਿਆਂ ਵਿੱਚ ਵੈਰਭਾਵ ਪੈਦਾ ਕਰਨ, ਸ਼ਾਂਤੀ ਨੂੰ ਭੰਗ ਕਰਨ ਦੇ ਮਕਸਦ ਨਾਲ ਬੇਇੱਜ਼ਤੀ ਕਰਨੀ ਅਤੇ ਮੁਜਰਮਾਨਾ ਸਾਜ਼ਿਸ਼ ਦੇ ਦੋਸ਼ ਸ਼ਾਮਲ ਹਨ। ਇਹ ਐੱਫ ਆਈ ਆਰਜ਼ ਉਹਨਾਂ ਟਵੀਟਾਂ ਅਤੇ ਰਿਪੋਰਟਾਂ ਨਾਲ ਸੰਬੰਧਤ ਹਨ, ਜਿਹਨਾਂ ਵਿੱਚ 26 ਜਨਵਰੀ ਦੀ ਕਿਸਾਨ ਰਿਪਬਲਿਕ ਦਿਵਸ ਪਰੇਡ ਦੌਰਾਨ ਇੱਕ ਕਿਸਾਨ ਨੂੰ ਗੋਲੀ ਮਾਰੇ ਜਾਣ ਸੰਬੰਧੀ ਹੈ। 30 ਜਨਵਰੀ ਨੂੰ ਉੱਤਰ ਪ੍ਰਦੇਸ਼ ਦੀ ਪੁਲਸ ਨੇ 'ਦ ਵਾਇਰ' ਦੇ ਫਾਊਂਡਰ ਐਡੀਟਰ ਸਿਧਾਰਥ ਵਰਧਰਾਜਨ ਵਿਰੁੱਧ ਉਸ ਰਿਪੋਰਟ ਦੇ ਅਧਾਰ 'ਤੇ ਇੱਕ ਮਾਮਲਾ ਦਰਜ ਕੀਤਾ, ਜਿਸ ਵਿੱਚ ਮ੍ਰਿਤਕ ਕਿਸਾਨ ਦੇ ਪਰਵਾਰ ਵੱਲੋਂ ਦੋਸ਼ ਲਾਏ ਗਏ ਸਨ।

25 ਜਨਵਰੀ 2021 ਨੂੰ ਕਾਨਪੁਰ ਦੇ ਟੀ ਵੀ ਨਾਲ ਸੰਬੰਧਤ ਤਿੰਨ ਜਰਨਲਿਸਟਾਂ ਮਹਿਤ ਕਸ਼ਿਅਪ, ਅਮਿਤ ਸਿੰਘ ਅਤੇ ਯਾਸੀਨ ਅਲੀ ਉਪਰ ਇੱਕ ਸਟੋਰੀ ਕਰਨ ਦੇ ਦੋਸ਼ ਦੇ ਅਧਾਰ 'ਤੇ ਮੁਕੱਦਮਾ ਮੜ੍ਹ ਦਿੱਤਾ ਗਿਆ। ਸਟੋਰੀ ਵਿੱਚ ਉਹਨਾਂ ਨੇ ਖੁੱਲ੍ਹੇ ਮੈਦਾਨ ਵਿੱਚ ਯੋਗਾ ਕਰਨ ਸਮੇਂ ਠੰਢ ਨਾਲ ਕੰਬਦੇ ਬੱਚੇ ਦਿਖਾਏ ਸਨ। ਇਹ ਘਟਨਾ ਉਸ ਪ੍ਰੋਗਰਾਮ ਵਿੱਚ ਘਟੀ, ਜਿਸ ਵਿੱਚ ਉੱਤਰ ਪ੍ਰਦੇਸ਼ ਸਰਕਾਰ ਦਾ ਤਕਨੀਕ ਮੰਤਰੀ ਅਜੀਤ ਸਿੰਘ ਪਾਲ ਖੁਦ ਹਾਜ਼ਰ ਸੀ। 20 ਜਨਵਰੀ 2021 ਨੂੰ ਗੁਜਰਾਤ ਦੀ ਹੇਠਲੀ ਅਦਾਲਤ ਨੇ ਸੀਨੀਅਰ ਪੱਤਰਕਾਰ ਪਰੰਜੋ ਗੁਹਾ ਠਾਕੁਰਤਾ ਖਿਲਾਫ 'ਦੀ ਵਾਇਰ' ਉਪਰ 2017 ਵਿੱਚ ਅਡਾਨੀ ਖਿਲਾਫ ਛਪੀਆਂ ਸਟੋਰੀਆਂ ਦੇ ਖਿਲਾਫ਼ ਮਾਣਹਾਨੀ ਦੇ ਮੁਕੱਦਮੇ ਵਿੱਚ ਗੈਰ-ਜ਼ਮਾਨਤੀ ਗ੍ਰਿਫ਼ਤਾਰੀ ਦੇ ਵਰੰਟ ਜਾਰੀ ਕਰ ਦਿੱਤੇ। ਗੁਜਰਾਤ ਹਾਈ ਕੋਰਟ ਨੇ ਬਾਅਦ ਵਿੱਚ ਇਹਨਾਂ ਵਰੰਟਾਂ ਨੂੰ ਮੁਅੱਤਲ ਕਰਦੇ ਹੋਏ ਪੱਤਰਕਾਰ ਨੂੰ ਇਸ ਮਾਮਲੇ ਵਿੱਚ ਹੇਠਲੀ ਅਦਾਲਤ ਅੱਗੇ ਪੇਸ਼ ਹੋਣ ਦੇ ਹੁਕਮ ਜਾਰੀ ਕਰ ਦਿੱਤੇ।

ਜਨਵਰੀ 2021 ਵਿੱਚ 'ਫਰੰਟੀਅਰ ਮਨੀਪੁਰ' ਵਿੱਚ ਇੱਕ ਰਿਪੋਰਟ ਕਾਰਨ ਮਨੀਪੁਰ ਦੇ ਧੀਰੇਨ ਸਾਡੋਕਪਾਮ, ਬਾਓਜਲ ਚਾਓਬਾ ਅਤੇ ਐੱਮ ਜੁਆਏ ਲੁਵਾਂਗ ਨੂੰ ਗ੍ਰਿਫਤਾਰ ਕਰ ਲਿਆ ਗਿਆ। ਉਹਨਾਂ ਉਪਰ ਬਗਾਵਤ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਰੋਕੂ ਜਾਬਰ ਕਾਨੂੰਨ ਮੜ੍ਹੇ ਗਏ, ਜਿਹੜੇ ਦੇਸ਼ ਅੰਦਰ ਸਮਾਜਕ ਕਾਰਕੁਨਾਂ ਅਤੇ ਪੱਤਰਕਾਰਾਂ ਵਿਰੁੱਧ ਪਿਛਲੇ ਕੁਝ ਸਾਲਾਂ ਤੋਂ ਅੰਨ੍ਹੇਵਾਹ ਵਰਤੇ ਜਾ ਰਹੇ ਹਨ।

ਸਿਦੀਕੀ ਕੱਪਨ ਅਤੇ ਤਿੰਨ ਹੋਰਨਾਂ ਨੂੰ ਜਦੋਂ ਗੈਰ-ਕਾਨੂੰਨੀ ਗਤੀਵਿਧੀਆਂ ਦੇ ਜਾਬਰ ਕਾਨੂੰਨ ਤਹਿਤ ਗ੍ਰਿਫਤਾਰ ਕੀਤਾ ਗਿਆ ਤਾਂ ਉਹ ਉੱਤਰ ਪ੍ਰਦੇਸ਼ ਵਿੱਚ ਹਾਥਰਸ ਬਲਾਤਕਾਰ ਘਟਨਾ ਦੀ ਰਿਪੋਰਟ ਲੈਣ ਜਾ ਰਿਹਾ ਸੀ। ਉਹ ਬਿਨਾਂ ਜ਼ਮਾਨਤ ਅਤੇ ਮੁਕੱਦਮੇ ਦੇ ਲੱਗਭੱਗ ਦੋ ਸਾਲ ਜੇਲ੍ਹ ਵਿੱਚ ਰਿਹਾ।

22 ਨਵੰਬਰ 2020 ਨੂੰ ਪੌਂਗੀ ਨਗਾਨਾਂ ਵਜੋਂ ਜਾਣੇ ਜਾਂਦੇ ਟੀ ਵੀ ਜਰਨਲਿਸਟ ਨੂੰ ਮਾਓਵਾਦੀਆਂ ਦੇ ਕੋਰੀਅਰ ਹੋਣ ਦੇ ਦੋਸ਼ ਵਿੱਚ ਵਿਸ਼ਾਖਾਪਟਨਮ ਤੋਂ ਗ੍ਰਿਫਤਾਰ ਕੀਤਾ ਗਿਆ ਸੀ। ਇਸ ਗ੍ਰਿਫਤਾਰੀ ਤੋਂ ਬਾਅਦ ਕਈ ਹੋਰਨਾਂ ਕਾਰਕੁਨਾਂ ਨੂੰ ਵੀ ਗੈਰ-ਕਾਨੂੰਨੀ ਗਤੀਵਿਧੀਆਂ ਰੋਕੂ ਕਾਨੂੰਨ ਹੇਠ ਹਿਰਾਸਤ ਵਿੱਚ ਲਿਆ ਗਿਆ। ਇਹਨਾਂ ਤੋਂ ਬਿਨਾਂ ਪੱਤਰਕਾਰਾਂ ਨੂੰ ਗ੍ਰਿਫਤਾਰ ਕਰਨ ਦੀਆਂ ਜਿਹੜੀਆਂ ਹੋਰ ਪ੍ਰਮੁੱਖ ਘਟਨਾਵਾਂ ਹੋਈਆਂ, ਉਹਨਾਂ ਵਿੱਚ ਸ਼ਾਮਲ ਹੈ ਪ੍ਰਸ਼ਾਂਤ ਕਨੌਜੀਆ। ਉਸ ਦੀਆਂ ਪੋਸਟਾਂ, ਜਿਹੜੀਆਂ ਉੱਤਰ ਪ੍ਰਦੇਸ਼ ਸਰਕਾਰ ਨੂੰ ਬੇਪਰਦ ਕਰਦੀਆਂ ਹਨ, ਜਿਹਨਾਂ ਕਰਕੇ ਉਹਨੂੰ ਵਾਰ-ਵਾਰ ਗ੍ਰਿਫਤਾਰ ਕੀਤਾ ਗਿਆ ਅਤੇ ਮਹੀਨਿਆਂਬੱਧੀ ਕੈਦ ਵੀ ਰੱਖਿਆ ਗਿਆ।

ਪਿਛਲਝਾਤ ਮਾਰਦਿਆਂ ਸਪੱਸ਼ਟ ਹੋ ਜਾਂਦਾ ਹੈ ਕਿ ਇਹ ਕੋਈ ਨਵਾਂ ਰੁਝਾਨ ਨਹੀਂ। ਨਵੰਬਰ 2020 ਵਿੱਚ 'ਸ਼ਿਲੌਂਗ ਟਾਈਮਜ਼' ਦੇ ਸੰਪਾਦਕ ਪੈਟਰੀਕਾ ਮੁਖਿਮ ਵਿਰੁੱਧ ਅਪਰਾਧਕ ਸੁਣਵਾਈ ਰੱਦ ਕਰਨ ਤੋਂ ਮੇਘਾਲਿਆ ਹਾਈ ਕੋਰਟ ਨੇ ਇਨਕਾਰ ਕਰ ਦਿੱਤਾ ਸੀ। ਇਹ ਮੁਕੱਦਮਾ ਉਸ ਦੀ ਫੇਸਬੁਕ ਪੋਸਟ ਨੂੰ ਭਾਈਚਾਰਿਆਂ ਅੰਦਰ ਕੁੜੱਤਣ ਨੂੰ ਉਤਸ਼ਾਹਤ ਕਰਨ ਵਾਲੀ ਗਰਦਾਨ ਕੇ ਦਰਜ ਕੀਤਾ ਗਿਆ ਸੀ। ਨਵੰਬਰ 2019 ਦੇ ਸ਼ੁਰੂ ਵਿੱਚ ਤੇਲਗੂ ਦੇ ਅਗਾਂਹਵਧੂ ਮੈਗਜ਼ੀਨ 'ਵੀਕਸਨਮ' ਦੇ ਸੰਪਾਦਕ ਐਲ ਵੀਕਸ਼ਾਨਮ ਉਪਰ ਯੂ ਏ ਪੀ ਏ ਅਤੇ ਤਿਲੰਗਾਨਾ ਪਬਲਿਕ ਸੇਫਟੀ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਸੀ।

26 ਨਵੰਬਰ 2020 ਨੂੰ 'ਭੂਮਕਾਲ' ਮੈਗਜ਼ੀਨ ਦੇ ਸੰਪਾਦਕ ਤੇ ਪੱਤਰਕਾਰ ਅਤੇ ਸੁਰੱਕਸ਼ਾ ਕਾਨੂੰਨ ਸੰਯੁਕਤ ਸੰਘਰਸ਼ ਸਮਿਤੀ ਦੇ ਮੁਖੀ ਸੀਨੀਅਰ ਪੱਤਰਕਾਰ ਕਮਲ ਸ਼ੁਕਲਾ ਉੱਪਰ ਛਤੀਸਗੜ੍ਹ ਦੇ ਉੱਤਰੀ ਬਸਤਰ ਦੇ ਕੇਂਕਰ ਜ਼ਿਲ੍ਹੇ ਵਿੱਚ ਹਮਲਾ ਕੀਤਾ ਗਿਆ ਸੀ। ਸਥਾਨਕ ਪੱਤਰਕਾਰਾਂ ਮੁਤਾਬਕ ਇਹ ਘਟਨਾ ਬਾਅਦ ਦੁਪਹਿਰ ਵਾਪਰੀ। ਜਦੋਂ ਸਤੀਸ਼ ਯਾਦਵ ਪੱਤਰਕਾਰ ਉਪਰ ਕਾਂਗਰਸ ਪਾਰਟੀ ਨਾਲ ਸੰਬੰਧਤ ਕਾਰਪੋਰੇਟਰਾਂ ਵੱਲੋਂ ਕੀਤੇ ਹਮਲੇ ਦਾ ਪਤਾ ਕਮਲ ਸ਼ੁਕਲਾ ਨੂੰ ਲੱਗਿਆ ਤਾਂ ਉਹ ਇਸ ਸੰਬੰਧੀ ਸਥਾਨਕ ਪੁਲਸ ਥਾਣੇ ਗਿਆ ਸੀ। ਸਤੰਬਰ 2020 ਵਿੱਚ ਹੀ ਮਨੀਪੁਰ ਪੁਲਸ ਨੇ ਪੱਤਰਕਾਰ ਕਿਸ਼ੋਰਚੰਦਰਾ ਵਾਂਗਖੇਮ ਨੂੰ ਦੇਸ਼ਧ੍ਰੋਹ ਦੇ ਦੋਸ਼ਾਂ ਹੇਠ ਗ੍ਰਿਫਤਾਰ ਕਰ ਲਿਆ, ਉਸ ਦੀ ਜ਼ਮਾਨਤ ਕਿਤੇ ਦਸੰਬਰ ਵਿੱਚ ਜਾ ਕੇ ਹੋਈ।

ਕਸ਼ਮੀਰੀ ਪੱਤਰਕਾਰ ਆਸਿਫ ਸੁਲਤਾਨ ਪਿਛਲੇ ਦੋ ਸਾਲ ਤੋਂ ਜੇਲ੍ਹ ਵਿੱਚ ਹੈ। ਉਸ ਦੀ ਗ੍ਰਿਫਤਾਰੀ ਯੂ ਏ ਪੀ ਏ ਤਹਿਤ ਹੋਈ ਹੈ। ਯੂ ਏ ਪੀ ਏ ਮੜ੍ਹਨ ਦਾ ਆਧਾਰ ਉਸ ਦੀ ਪੱਤਰਕਾਰੀ ਨਹੀਂ ਬਣਾਈ ਗਈ। ਇਹ ਉਹਨਾਂ ਬਹੁਤ ਸਾਰੀਆਂ ਹੋਰ ਉਦਾਹਰਣਾਂ ਵਿੱਚੋਂ ਇੱਕ ਹੈ ਕਿ ਕਿਵੇਂ ਕਸ਼ਮੀਰ ਅੰਦਰ, ਵਿਸ਼ੇਸ਼ ਕਰਕੇ ਧਾਰਾ 370 ਦੇ ਖਾਤਮੇ ਬਾਅਦ ਸਰਵੇਅਲੈਂਸ ਅਤੇ ਹਿੰਸਾ ਦੀਆਂ ਬੇਦਰਦ ਹਾਲਤਾਂ ਅੰਦਰ ਪੱਤਰਕਾਰ ਕੰਮ ਕਰ ਰਹੇ ਹਨ। ਇਹ ਸਾਡੀ 'ਜਮਹੂਰੀਅਤ' ਦਾ ਅਤਿ ਨਿਰਾਸ਼ਾਜਨਕ ਪਹਿਲੂ ਹੈ ਕਿ ਮਨੁੱਖੀ ਅਧਿਕਾਰਾਂ ਨਾਲ ਸੰਬੰਧਤ ਅਹਿਮ ਸੰਵਿਧਾਨਕ ਮਸਲੇ, ਜਿਵੇਂ ਕਸ਼ਮੀਰ ਅੰਦਰ ਮੀਡੀਆ ਉਪਰ ਅੰਨ੍ਹੀਆਂ ਬੰਦਿਸ਼ਾਂ ਅਤੇ ਇਟਰਨੈੱਟ ਬੰਦ ਕਰਨ ਦੇ ਮਸਲਿਆਂ ਨੂੰ ਉਚਤਮ ਅਦਾਲਤ ਵੱਲੋਂ ਬਣਦੀ ਤਵੱਜੋ ਨਹੀਂ ਦਿੱਤੀ ਗਈ।

ਪੱਤਰਕਾਰਾਂ ਨੂੰ ਦਬਾਉਣ ਲਈ ਜਿਹੜੇ ਢੰਗ-ਤਰੀਕੇ ਹਕੂਮਤ ਵਰਤਦੀ ਹੈ, ਉਹਨਾਂ ਵਿੱਚ ਔਰਤ ਪੱਤਰਕਾਰਾਂ ਉਪਰ ਵਿਸ਼ੇਸ਼ ਤੌਰ 'ਤੇ ਹਮਲੇ ਸੇਧੇ ਅਤੇ ਉਤਸ਼ਾਹਤ ਕੀਤੇ ਜਾਂਦੇ ਹਨ। ਪੱਤਰਕਾਰ ਨੇਹਾ ਦੀਕਸ਼ਿਤ, ਜਿਹੜੀ ਸਰਕਾਰੀ ਜ਼ਿਆਦਤੀਆਂ ਦੀਆਂ ਬਹੁਤ ਹੀ ਨਾ ਝੱਲਣਯੋਗ ਸਚਾਈਆਂ ਨੂੰ ਨੰਗਿਆਂ ਕਰ ਰਹੀ ਸੀ, ਨੇ ਹਾਲ ਵਿੱਚ ਹੀ ਰਿਪੋਰਟ ਕੀਤਾ ਹੈ ਕਿ ਕੋਈ ਉਸ ਦਾ ਲਗਾਤਾਰ ਪਿੱਛਾ ਕਰਦਾ ਰਿਹਾ ਹੈ ਅਤੇ ਅੰਤ ਉਸ ਦੇ ਘਰ ਅੰਦਰ ਘੁਸ ਆਇਆ, ਉਸ ਨੂੰ ਮਾਰਨ ਤੇ ਬਲਾਤਕਾਰ ਦੀਆਂ ਧਮਕੀਆਂ ਦਿੱਤੀਆਂ ਗਈਆਂ। ਪਹਿਲਾਂ ਪੁਲਸ ਦੋਸ਼ੀ ਖਿਲਾਫ਼ ਮਾਮਲਾ ਦਰਜ ਕਰਨ ਤੋਂ ਇਨਕਾਰ ਕਰਦੀ ਰਹੀ। ਕਾਫੀ ਜੱਦੋਜਹਿਦ ਬਾਅਦ ਐੱਫ ਆਈ ਆਰ ਦਰਜ ਕਰ ਲਈ ਗਈ, ਪਰ ਅੱਗੇ ਕੋਈ ਕਾਰਵਾਈ ਨਹੀਂ ਕੀਤੀ ਗਈ। ਪੱਤਰਕਾਰ ਸਿੱਦੀਕੀ ਕੱਪਨ ਨੂੰ 2 ਸਾਲ ਦਾ ਲੰਮਾ ਸਮਾਂ ਜੇਲ੍ਹ ਵਿੱਚ ਰੱਖਣ ਅਤੇ ਮਲਿਆਲਮ ਚੈਨਲ 'ਮੀਡੀਆ ਵਨ' ਉੱਪਰ ਪਾਬੰਦੀ ਲਾਉਣ ਦਾ ਮਾਮਲਾ ਚਰਚਾ ਵਿੱਚ ਰਿਹਾ ਹੈ। ਦੋਵੇਂ ਹੀ ਮਾਮਲਿਆਂ ਵਿੱਚ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਉਣ ਲਈ ਮਜਬੂਰ ਹੋਣਾ ਪਿਆ ਹੈ।

ਇੱਕ ਪ੍ਰਸਿੱਧ ਆਜ਼ਾਦ ਪੱਤਰਕਾਰ ਵੱਲੋਂ ਲਾਕਡਾਊਨ ਵਕਤ ਸਰਕਾਰੀ ਦਖਲ-ਅੰਦਾਜ਼ੀ ਉਪਰ ਸਵਾਲ ਕਰਨ ਅਤੇ ਕਿਸਾਨ ਸੰਘਰਸ਼ ਦੀ ਰਿਪੋਰਟਿੰਗ ਕਰਨ ਉਪਰ ਇੱਕ ਯੂਟਿਊਬਰ ਨੇ ਉਸ ਨੂੰ ਫਾਹੇ ਲਾਉਣ ਦੀ ਮੰਗ ਕੀਤੀ। ਕਪਿਲ ਮਿਸ਼ਰਾ, ਤਜਿੰਦਰ ਬੱਗਾ ਅਤੇ ਸੀ ਜੀ ਸੂਰੀਆ ਸਮੇਤ ਭਾਜਪਾ ਲੀਡਰਾਂ, ਸਾਬਕਾ ਸਿਵ ਸੈਨਾ ਮੈਂਬਰ ਰਾਮੇਸ਼ ਸੋਲਾਂਕੀ (ਆਰ ਐੱਸ ਐੱਸ ਵਲੰਟੀਅਰ) ਜਿਸ ਨੇ 2014 ਵਿੱਚ ਭਾਜਪਾ ਦੀ ਮੀਡੀਆ ਮੁਹਿੰਮ ਦੀ ਅਗਵਾਈ ਕੀਤੀ ਸੀ, ਵਿਕਾਸ ਪਾਂਡੇ ਅਤੇ ਹੋਰਨਾਂ ਨੇ ਬੇਸ਼ਰਮੀ ਨਾਲ ਇਸ ਵਿਅਕਤੀ ਦੀ ਸਰਾਹਨਾ ਕੀਤੀ। ਉਹ ਇਹ ਵੀ ਭੁੱਲ ਗਏ ਕਿ ਅਜਿਹੇ ਤਾਹਨੇ-ਮਿਹਣੇ ਅਤੇ ਹਿੰਸਾ ਦੇ ਸੱਦੇ ਕਿੰਨੇ ਖਤਰਨਾਕ ਹਨ। ਠੀਕ ਇਸੇ ਮੌਕੇ ਭਾਜਪਾ ਸਰਕਾਰ ਨੇ ਸੋਸ਼ਲ ਮੀਡੀਆ ਉਪਰ ਸਰਕਾਰ ਅਨੁਸਾਰ ਭੜਕਾਊ ਸਮਝੀ ਜਾਂਦੀ ਸਮਗਰੀ ਅਤੇ ਗਲਤ ਜਾਣਕਾਰੀ ਦੇਣ ਵਿਰੁੱਧ ਤਾੜਨਾ ਕੀਤੀ।

ਜਦ ਇੱਕ ਮਈ 2023 ਤੋਂ ਮਨੀਪੁਰ ਭਾਜਪਾ ਦੀ ਸਾਜ਼ਿਸ਼ ਤਹਿਤ ਅੱਗ ਦੀਆਂ ਲਪਟਾਂ ਵਿੱਚ ਸੜ ਰਿਹਾ ਹੈ, ਔਰਤਾਂ ਨੂੰ ਨੰਗਿਆਂ ਕਰਕੇ ਘੁਮਾਉਣ ਦੀਆਂ ਸ਼ਰਮਨਾਕ ਘਟਨਾਵਾਂ ਸਾਹਮਣੇ ਆ ਰਹੀਆਂ ਹਨ, ਮੋਦੀ ਹਕੂਮਤ ਨੇ ਸਾਜ਼ਿਸ਼ੀ ਚੁੱਪ ਧਾਰੀ ਹੋਈ ਹੈ, ਮੁੱਖ ਮੰਤਰੀ ਬੀਰੇਨ ਸਿੰਘ ਦੀ ਹਦਾਇਤ 'ਤੇ ਮਨੀਪੁਰ ਪੁਲਸ ਨੇ ਉਲਟਾ 'ਐਡੀਟਰਜ਼ ਗਿਲਡ' ਦੇ ਪ੍ਰਧਾਨ ਸੀਮਾ ਮੁਸਤਫਾ, ਸੀਮਾ ਗੁਹਾ, ਭਾਰਤ ਭੂਸ਼ਨ ਅਤੇ ਸੰਜੇ ਸ਼ੇਖਰ ਖਿਲਾਫ ਸਖਤ ਧਾਰਾਵਾਂ ਹੇਠ ਪਰਚਾ ਕਰ ਲਿਆ ਹੈ।

ਸੰਵਿਧਾਨ ਦਾ ਆਰਟੀਕਲ 19 ਲਿਖਣ, ਪ੍ਰਿੰਟਿੰਗ, ਤਸਵੀਰਾਂ, ਬਿਜਲਈ ਬਰਾਡਕਾਸਟ ਅਤੇ ਮੀਡੀਆ ਰਾਹੀਂ ਬੋਲਣ ਅਤੇ ਵਿਚਾਰ ਪ੍ਰਗਟ ਕਰਨ ਦੀ ਗਰੰਟੀ ਦਿੰਦਾ ਹੈ। ਕੇਂਦਰ ਅਤੇ ਰਾਜ ਸਰਕਾਰਾਂ ਦੁਆਰਾ ਜਾਬਰ ਢੰਗ-ਤਰੀਕਿਆਂ ਰਾਹੀਂ ਜਾਣਕਾਰੀ ਅਤੇ ਖਬਰਾਂ ਉਪਰ ਕੰਟਰੋਲ ਫਾਸ਼ੀਵਾਦੀ ਅਮਲ ਤੋਂ ਵੱਧ ਹੋਰ ਕੁਝ ਨਹੀਂ ਅਤੇ ਇਹ ਭਾਰਤੀ ਸੰਵਿਧਾਨ ਅੰਦਰ ਦਰਜ 'ਜਮਹੂਰੀ' ਚੌਖਟੇ ਦੇ ਉਲਟ ਹੈ, ਜਦੋਂ ਕਿ ਪੱਤਰਕਾਰਾਂ ਦੀ ਸੁਰੱਖਿਆ ਲਈ ਕਾਨੂੰਨੀ ਚੌਖਟੇ ਦੀ ਜ਼ਰੂਰਤ ਹੈ, ਪ੍ਰੰਤੂ ਕੁਝ ਸੂਬਿਆਂ ਜਿਵੇਂ ਕਿ ਮਹਾਰਾਸ਼ਟਰਾ ਮੀਡੀਆ ਪਰਸਨ ਤੇ ਮੀਡੀਆ ਇੰਸਟੀਚਿਊਸ਼ਨਲ ਬਿਲ 2017 ਅਤੇ ਵਿਚਾਰ ਅਧੀਨ ਛਤੀਸਗੜ੍ਹ ਪਰੋਟੈਕਸ਼ਨ ਆਫ ਮੀਡੀਆ ਪਰਸਨਜ਼ ਐਕਟ 2020 ਪੱਤਰਕਾਰਾਂ ਦੀ ਸੁਰੱਖਿਆ ਲਈ ਨਾਕਾਫੀ ਹਨ, ਵਿਸ਼ੇਸ਼ ਕਰਕੇ ਅਜਿਹੇ ਮੌਕਿਆਂ ਉੱਤੇ, ਜਦੋਂ ਰਿਪੋਰਟਿੰਗ ਉਹਨਾਂ ਸਰਕਾਰੀ ਅਧਿਕਾਰੀਆਂ ਦੇ ਖਿਲਾਫ ਹੀ ਹੁੰਦੀ ਹੈ, ਜਿਹੜੇ ਪੱਤਰਕਾਰਾਂ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੁੰਦੇ ਹਨ।

ਸੁਪਰੀਮ ਕੋਰਟ ਦੀਆਂ ਇੱਕ ਤੋਂ ਵੱਧ ਵਾਰ ਟਿੱਪਣੀਆਂ ਦੇ ਬਾਵਜੂਦ ਕਿ ਭੜਕਾਊ ਸਮਗਰੀ ਉੱਪਰ ਚੈਕ ਲਾਇਆ ਜਾਵੇ, ਪਰ ਸਰਕਾਰ ਵੱਲੋਂ ਕਾਰਪੋਰੇਟੀ ਅਤੇ ਬਹੁ-ਗਿਣਤੀਵਾਦ ਦੀ ਤਰਫਦਾਰੀ, ਮੀਡੀਆ ਸੰਸਥਾਵਾਂ ਦੀ ਸਰਕਾਰੀ ਸਰਪ੍ਰਸਤੀ ਹਰ ਕਿਸਮ ਦੇ ਵਿਰੋਧ ਨੂੰ ਝੁਕਾ ਲੈਣ ਅਤੇ ਦਬਾਅ ਦੇਣ ਦੇ ਸੰਦਾਂ ਵਿੱਚ ਤਬਦੀਲ ਕਰ ਦਿੰਦੀ ਹੈ। ਉੱਪਰ ਬਿਆਨ ਕੀਤੀਆਂ ਘਟਨਾਵਾਂ ਪਿਛਲੇ ਦਹਾਕੇ ਵਿੱਚ ਦੇਸ਼ ਅੰਦਰ ਪੱਤਰਕਾਰਾਂ ਉਪਰ ਹੋਏ ਹਮਲਿਆਂ ਦਾ ਪੂਰਾ ਵਰਨਣ ਨਹੀਂ ਹੈ। ਟਕਰਾਅ ਦੇ ਖਿੱਤਿਆਂ ਅਤੇ ਗੈਰ-ਸ਼ਹਿਰੀ ਇਲਾਕਿਆਂ ਅੰਦਰ ਕੰਮ ਕਰਦੇ ਪੱਤਰਕਾਰ, ਜਿਹੜੀਆਂ ਚੁਣੌਤੀਆਂ ਅਤੇ ਜਬਰ ਦੀਆਂ ਉਹਨਾਂ ਵੰਨਗੀਆਂ ਦਾ ਵੀ ਸਾਹਮਣਾ ਕਰਦੇ ਹਨ, ਜਿਹਨਾਂ ਦੀਆਂ ਖ਼ਬਰਾਂ ਵੀ ਪ੍ਰਕਾਸ਼ਤ ਨਹੀਂ ਹੁੰਦੀਆਂ। ਇਸ ਲਈ ਸਾਨੂੰ ਜਿਹੜੇ ਔਖੀਆਂ ਹਾਲਤਾਂ ਵਿੱਚ ਰਿਪੋਰਟਿੰਗ ਕਰ ਰਹੇ ਹਨ, ਦੇ ਹਿੱਤਾਂ ਦੀ ਸੁਰੱਖਿਅਤਾ ਲਈ ਲਗਾਤਾਰ ਚੌਕਸ ਰਹਿਣ ਦੀ ਲੋੜ ਹੈ।

**ਅਜਿਹੀਆਂ ਘਟਨਾਵਾਂ ਵਾਪਰਨ ਦਾ ਅਸਲ ਕਾਰਨ**

ਮੀਡੀਆ ਭਾਵੇਂ ਪਹਿਲਾਂ ਵੀ ਅਜ਼ਾਦ ਨਹੀਂ ਸੀ, ਪਰ 2014 ਵਿੱਚ ਫਾਸ਼ੀਵਾਦੀ ਮੋਦੀ ਹਕੂਮਤ ਵੱਲੋਂ ਸੱਤਾ ਸੰਭਾਲਣ ਤੋਂ ਬਾਅਦ ਮੀਡੀਆ ਅਦਾਰਿਆਂ ਨੂੰ ਹਰ ਹੀਲਾ ਵਰਤ ਕੇ ਆਪਣੇ ਲੰਗੋਟੀਏ ਕਾਰਪੋਰੇਟ ਘਰਾਨਿਆਂ ਦੇ ਕਬਜ਼ੇ ਹੇਠ ਕਰਵਾ ਦਿੱਤਾ ਹੈ। ਹੁਣ ਭਾਰਤ ਦੇ ਇਹ ਮੀਡੀਆ ਅਦਾਰੇ 140 ਭਾਰਤੀ ਲੋਕਾਂ ਦੀ ਆਵਾਜ਼ ਨਾ ਹੋ ਕੇ ਮੋਦੀ ਹਕੂਮਤ ਅਤੇ ਇਸ ਦੇ ਲੰਗੋਟੀਏ ਕਾਰਪੋਰੇਟ ਘਰਾਨਿਆਂ ਦਾ ਹੀ ਬਣ ਕੇ ਰਹਿ ਗਿਆ ਹੈ। ਇਸੇ ਕਰਕੇ ਇਸ ਮੀਡੀਆ ਦੇ ਸੀਨ ਤੋਂ ਵਿਸ਼ਾਲ ਲੋਕਾਈ ਦੇ ਮੁੱਦੇ (ਗਰੀਬੀ, ਮਹਿੰਗਾਈ, ਬੇਰੁਜ਼ਗਾਰੀ, ਸਿਹਤ, ਸਿੱਖਿਆ, ਕਿਸਾਨਾਂ-ਮਜ਼ਦੂਰਾਂ ਦਾ ਸੰਕਟ, ਔਰਤਾਂ, ਘੱਟ ਗਿਣਤੀਆਂ, ਦਲਿਤਾਂ ਉੱਤੇ ਵਧ ਰਿਹਾ ਜਬਰ ਆਦਿ) ਗਾਇਬ ਹਨ। ਅਜਿਹਾ ਕਰਕੇ ਮੁੱਖ ਧਾਰਾਈ ਮੀਡੀਆ ਲੋਕਾਂ ਵਿੱਚੋਂ ਵੱਡੀ ਪੱਧਰ 'ਤੇ ਆਪਣੀ ਪੜਤ ਗੁਆ ਚੁੱਕਾ ਹੈ। ਇਨ੍ਹਾਂ ਅਦਾਰਿਆਂ ਦੀ ਰਾਖੀ ਲਈ ਮੀਡੀਆ ਕਰਮੀਆਂ, ਬੁੱਧੀਜੀਵੀਆਂ, ਲੇਖਕਾਂ, ਸਾਹਿਤਕਾਰਾਂ, ਸਮਾਜਿਕ ਕਾਰਕੁਨਾਂ ਦੇ ਨਾਲ-ਨਾਲ ਇਨਕਲਾਬੀ ਜਮਹੂਰੀ ਜਨਤਕ ਜਥੇਬੰਦੀਆਂ ਨੂੰ ਮੋਦੀ ਹਕੂਮਤ ਦੇ ਇਸ ਵਹਿਸ਼ੀ ਫਿਰਕੂ ਫਾਸ਼ੀ ਹੱਲੇ ਖਿਲਾਫ ਜ਼ੋਰਦਾਰ ਆਵਾਜ਼ ਬੁਲੰਦ ਕਰਨ ਦੀ ਲੋੜ ਹੈ।

**# ਸੰਪਰਕ** : 84275-11770

# ਹਾਸ਼ੀਆਗਤ ਐੱਨ ਆਰ ਆਈ ਸਭਾ ਮੁੜ ਸੁਰਜੀਤ ਹੋਵੇ



ਗੁਰਮੀਤ ਸਿੰਘ ਪਲਾਹੀ

ਕਿਸੇ ਵੇਲੇ ਅਤਿ ਚਰਚਾ ਵਿੱਚ ਰਹੀ ਪ੍ਰਵਾਸੀ ਪੰਜਾਬੀਆਂ ਦੇ ਭਲੇ ਹਿੱਤ ਬਣਾਈ ਐੱਨ.ਆਰ.ਆਈ. ਸਭਾ (ਰਜਿ:) ਜਲੰਧਰ ਦੇ ਪ੍ਰਧਾਨ ਦੀ ਚੋਣ 5 ਜਨਵਰੀ 2024 ਨੂੰ ਹੋਵੇਗੀ। ਪ੍ਰਧਾਨਗੀ ਚੋਣ ਦਾ ਅਮਲ 11 ਦਸੰਬਰ 2023 ਤੋਂ ਸ਼ੁਰੂ ਹੋਵੇਗਾ। ਐੱਨ.ਆਰ.ਆਈ. 27 ਅਕਤੂਬਰ 2023 ਤੱਕ 10,000 ਰੁਪਏ ਦੇ ਕੇ ਲਾਈਫ ਮੈਂਬਰਸ਼ਿਪ ਲੈ ਸਕਦੇ ਹਨ। ਇਹ ਸਭਾ 1998 ਵਿੱਚ, ਸੁਸਾਇਟੀ ਰਜਿਸਟ੍ਰੇਸ਼ਨ ਐਕਟ 1860 ਦੇ ਅਧੀਨ ਰਜਿਸਟਰਡ ਕਰਵਾਈ ਗਈ।

ਇਸ ਸਭਾ ਦੇ ਦੁਨੀਆ ਭਰ ਵਿੱਚ 25,000 ਤੋਂ ਵੱਧ ਐੱਨ.ਆਰ.ਆਈ. ਮੈਂਬਰ ਹਨ। ਇਸ ਸਭਾ ਦੇ ਮੁੱਖ ਮੰਤਰੀ ਪੰਜਾਬ ਚੀਫ ਪੈਟਰਨ, ਜਲੰਧਰ ਡਵੀਜ਼ਨ ਦੇ ਕਮਿਸ਼ਨਰ ਚੇਅਰਮੈਨ ਅਤੇ ਪੰਜਾਬ ਦੇ 12 ਜ਼ਿਲ੍ਹਿਆਂ ਜਲੰਧਰ, ਹੁਸ਼ਿਆਰਪੁਰ, ਕਪੂਰਥਲਾ, ਨਵਾਂ ਸ਼ਹਿਰ, ਅੰਮ੍ਰਿਤਸਰ, ਗੁਰਦਾਸਪੁਰ, ਤਰਨ ਤਾਰਨ, ਲੁਧਿਆਣਾ, ਮੋਗਾ, ਮੁਹਾਲੀ, ਪਟਿਆਲਾ ਅਤੇ ਰੋਪੜ ਦੇ ਡਿਪਟੀ ਕਮਿਸ਼ਨਰ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਬਣਾਏ ਸਭਾ ਦੇ ਯੂਨਿਟਾਂ ਦੇ ਚੇਅਰਮੈਨ ਹਨ। ਇਨ੍ਹਾਂ ਜ਼ਿਲ੍ਹਿਆਂ ਵਿੱਚ ਹੀ ਐੱਨ.ਆਰ.ਆਈ. ਪੁਲਸ ਸਟੇਸ਼ਨ ਅਤੇ ਐੱਨ.ਆਰ.ਆਈ. ਅਦਾਲਤਾਂ ਸਰਕਾਰ ਵੱਲੋਂ ਸਥਾਪਤ ਹਨ।

ਕਈ ਦਹਾਕੇ ਪਹਿਲਾਂ ਪੰਜਾਬ ਸਰਕਾਰ ਵੱਲੋਂ ਐੱਨ.ਆਰ.ਆਈ. ਸਭਾ ਜਲੰਧਰ ਦਾ ਗਠਨ ਕੀਤਾ ਗਿਆ ਸੀ। ਜਿਸ ਕੋਲ ਕੋਈ ਵੀ ਕਾਨੂੰਨੀ ਅਧਿਕਾਰ ਨਹੀਂ ਹੈ, ਪਰ ਇਹ ਸਭਾ ਸਰਕਾਰ ਦੇ ਵੱਖੋ-ਵੱਖਰੇ ਮਹਿਕਮਿਆਂ ਨਾਲ ਸੰਪਰਕ ਕਰਕੇ ਐੱਨ.ਆਰ.ਆਈ. ਦੇ ਹਿੱਤਾਂ ਲਈ ਕੰਮ ਕਰਨ ਵਜੋਂ ਜਾਣੀ ਜਾਂਦੀ ਹੈ, ਪਰ ਬਹੁਤੇ ਸਰਕਾਰੀ ਦਖ਼ਲ ਕਾਰਨ ਇਹ ਸਭਾ ਸਿਆਸਤ ਦਾ ਅਖਾੜਾ ਬਣ ਗਈ। ਪਿਛਲੀ ਵਾਰ ਚੋਣ ਹੋਣ ਦੇ ਬਾਵਜੂਦ ਇਸ ਦੀ ਹੋਂਦ ਵਿਖਾਈ ਹੀ ਨਹੀਂ ਦਿੰਦੀ। ਪਿਛਲੀ ਵਾਰ ਕਿਪਾਲ ਸਿੰਘ ਸਹੋਤਾ ਅਮਰੀਕਾ ਪ੍ਰਧਾਨ ਚੁਣੇ ਗਏ, ਪਰ ਉਹਨਾ ਨੇ ਚੋਣ ਤੋਂ ਬਾਅਦ ਸਭਾ ਦੀਆਂ ਸਰਗਰਮੀਆਂ 'ਚ ਕੋਈ ਦਿਲਚਸਪੀ ਹੀ ਨਾ ਵਿਖਾਈ। ਇਹ ਚੋਣ 2020 ਵਿੱਚ ਹੋਈ ਸੀ।

ਇਸ ਸੰਸਥਾ ਨੇ ਹਜ਼ਾਰਾਂ ਪ੍ਰਵਾਸੀ ਪੰਜਾਬੀਆਂ ਤੋਂ ਮੈਂਬਰਸ਼ਿਪ ਦੇ ਨਾਂਅ 'ਤੇ ਚੰਦੇ ਉਗਰਾਹੇ, ਕਰੋੜਾਂ ਦੀ ਲਾਗਤ ਨਾਲ ਜਲੰਧਰ 'ਚ ਦਫ਼ਤਰ ਬਣਾਇਆ, ਪਰ ਹੁਣ ਇਸ ਦੀ ਹਾਲਤ ਚਾਰਾ ਖਾਣ ਵਾਲੇ ਹਾਥੀ ਦੀ ਹੈ, ਜੋ ਕਿਸੇ ਦਾ ਕੁਝ ਵੀ ਨਹੀਂ ਸੁਆਰਦਾ, ਭਾਵੇਂ ਕਿ ਇਹ ਸੁਸਾਇਟੀ ਸੁਤੰਤਰ ਹੈ, ਪਰ ਹੁਣ ਸਰਕਾਰ ਦੇ ਗਲਬੇ ਹੇਠ ਹੈ, ਇੱਥੋਂ ਤੱਕ ਕਿ ਇਸ ਦਾ ਇਨਫਰਾਸਟ੍ਰਕਚਰ ਵੀ ਸੁਸਾਇਟੀ ਦੀ ਸੁਤੰਤਰ ਮਾਲਕੀ ਵਾਲਾ ਨਹੀਂ ਰਿਹਾ। ਸਟੇਟ ਐੱਨ.ਆਰ.ਆਈ. ਕਮਿਸ਼ਨਰ, ਜਲੰਧਰ ਡਵੀਜ਼ਨ ਇਸ ਸਭਾ ਦੇ ਕਮਿਸ਼ਨਰ ਹਨ।

ਅਕਾਲੀ-ਭਾਜਪਾ ਸਰਕਾਰ ਵੱਲੋਂ ਪ੍ਰਵਾਸੀ ਪੰਜਾਬੀਆਂ ਦੀਆਂ ਇਸ ਕਿਸਮ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੇ ਕਥਿਤ ਉਦੇਸ਼ ਅਧੀਨ ਹਰ ਵਰ੍ਹੇ ਪੰਜਾਬੀ ਪ੍ਰਵਾਸੀ ਕਾਨਫਰੰਸਾਂ ਲੱਗਭੱਗ ਬਾਰਾਂ ਵਰ੍ਹੇ ਕਰਵਾਈਆਂ ਜਾਂਦੀਆਂ ਰਹੀਆਂ। ਕੈਨੇਡਾ, ਅਮਰੀਕਾ, ਬਰਤਾਨੀਆ ਅਤੇ ਹੋਰ ਮੁਲਕਾਂ ਤੋਂ ਕੁਝ ਚੋਣਵੇਂ ਪ੍ਰਮੁੱਖ ਪੰਜਾਬੀ ਪ੍ਰਵਾਸੀ ਇਨ੍ਹਾਂ ਕਾਨਫਰੰਸਾਂ 'ਚ ਹਿੱਸਾ ਲੈਂਦੇ ਰਹੇ। ਹਰ ਵਰ੍ਹੇ ਲੱਖਾਂ ਰੁਪਏ ਖਰਚਣ ਤੋਂ ਬਾਅਦ ਵੀ ਪ੍ਰਵਾਸੀ ਪੰਜਾਬੀਆਂ ਦੇ ਪੱਲੇ ਇਸ ਕਰਕੇ ਇਹਨਾ ਕਾਨਫਰੰਸਾਂ ਤੋਂ ਕੁਝ ਨਾ ਪਿਆ ਕਿ ਗੱਲਾਂ-ਬਾਤਾਂ ਤੋਂ ਬਾਅਦ ਅਮਲੀ ਰੂਪ ਵਿੱਚ ਸਰਕਾਰ ਵੱਲੋਂ ਕੁਝ ਨਾ ਕੀਤਾ ਗਿਆ। ਐੱਨ.ਆਰ.ਆਈ. ਥਾਣਿਆਂ ਅਤੇ ਐੱਨ.ਆਰ.ਆਈ. ਅਦਾਲਤਾਂ ਦੀ ਕਾਰਗੁਜ਼ਾਰੀ ਕਦੇ ਵੀ ਸੰਤੋਖਜਨਕ ਨਹੀਂ ਰਹੀਂ, ਕਿਉਂਕਿ ਇਸ ਸਰਕਾਰ ਦਾ ਮੰਤਵ ਤਾਂ ਅੰਦਰੋਂ ਪ੍ਰਵਾਸੀ ਪੰਜਾਬੀਆਂ ਦੇ ਉਹਨਾ ਦੇ ਪ੍ਰਭਾਵ ਵਾਲੀਆਂ ਵੋਟਾਂ ਪ੍ਰਾਪਤ ਕਰਨ ਦਾ ਪੱਤਾ ਖੇਡਣਾ ਸੀ।

ਪਰ ਜਦੋਂ ਪ੍ਰਵਾਸੀ ਪੰਜਾਬੀਆਂ ਦਾ ਵੱਡਾ ਹਿੱਸਾ ਪਹਿਲਾਂ ਮਨਪ੍ਰੀਤ ਸਿੰਘ ਬਾਦਲ ਵੱਲੋਂ 2012 'ਚ ਬਣਾਈ ਪੀਪਲਜ਼ ਪਾਰਟੀ ਆਫ ਪੰਜਾਬ ਦੇ ਹੱਕ ਵਿੱਚ ਨਿੱਤਰ ਪਿਆ ਅਤੇ ਬਾਅਦ ਵਿੱਚ ਆਮ ਆਦਮੀ ਪਾਰਟੀ ਨਾਲ ਲੋਕ ਸਭਾ ਚੋਣਾਂ ਵੇਲੇ ਖੜਾ ਦਿਸਿਆ ਤਾਂ ਅਕਾਲੀ-ਭਾਜਪਾ ਦੀ ਸਰਕਾਰ ਨੇ ਪੰਜਾਬੀ ਪ੍ਰਵਾਸੀਆਂ ਦਾ ਖਹਿੜਾ ਛੱਡ ਉਹਨਾ ਨੂੰ ਆਪਣੇ ਰਹਿਮੋ-ਕਰਮ ਉਤੇ ਰਹਿਣ ਦੇਣ ਦਾ ਜਿਵੇਂ ਫੈਸਲਾ ਹੀ ਕਰ ਲਿਆ। ਪ੍ਰਵਾਸੀ ਪੰਜਾਬੀਆਂ ਦੀ ਡੇਢ ਦਹਾਕਾ ਪਹਿਲਾਂ ਤੋਂ ਚਲਦੀ ਸੰਸਥਾ ਐੱਨ ਆਰ ਆਈ ਸਭਾ ਦੀਆਂ ਸਰਗਰਮੀਆਂ ਠੱਪ ਕਰ ਦਿੱਤੀਆਂ, ਉਸ ਦੀ ਵਾਗਡੋਰ ਅਫ਼ਸਰਾਂ ਹੱਥ ਫੜਾ ਦਿੱਤੀ, ਕਿਉਂਕਿ ਉਹ ਸਿਆਸੀ ਲੋਕਾਂ ਦਾ ਅਖਾੜਾ ਬਣਦੀ ਨਜ਼ਰ ਆਉਣ ਲੱਗ ਪਈ ਸੀ।

ਉਂਜ ਸਭਾ ਦਾ ਉਦੇਸ਼ ਐੱਨ.ਆਰ.ਆਈ. ਵੀਰਾਂ ਦੇ ਹੱਕਾਂ ਦੀ ਰਾਖੀ ਕਰਨਾ ਸੀ। ਉਹਨਾ ਨੂੰ ਕੋਈ ਮੁਸ਼ਕਲ ਪੇਸ਼ ਨਾ ਹੋਵੇ ਅਤੇ ਉਹਨਾ ਦੀ ਜਾਇਦਾਦ ਨੂੰ ਕੋਈ ਸੰਨ੍ਹ ਨਾ ਲਾਵੇ, ਇਹ ਵੇਖਣਾ ਵੀ ਉਹਨਾ ਦਾ ਮੰਤਵ ਨੀਅਤ ਸੀ। ਲੋੜ ਅਨੁਸਾਰ ਐੱਨ.ਆਰ.ਆਈਜ਼, ਦੀ ਮਦਦ ਕਰਨਾ ਵੀ ਮਿੱਥਿਆ ਗਿਆ ਸੀ।

ਪਿਛਲੇ ਪੰਜਾਹ ਵਰ੍ਹਿਆਂ ਦੌਰਾਨ ਹਜ਼ਾਰਾਂ ਪੰਜਾਬੀਆਂ ਨੇ ਚੰਗੇਰੇ ਭਵਿੱਖ ਲਈ ਆਪਣਾ ਘਰ-ਬਾਰ ਛੱਡਿਆ ਹੈ। ਭਾਵੇਂ ਕਿ ਪੰਜਾਬੀਆਂ ਦੇ ਪ੍ਰਵਾਸ ਦੀ ਕਹਾਣੀ ਵੀਹਵੀਂ ਸਦੀ ਦੇ ਪਹਿਲੇ ਦਹਾਕੇ ਤੋਂ ਸ਼ੁਰੂ ਹੁੰਦੀ ਹੈ, ਪਰ ਅਸਲ ਵਿੱਚ 1960 ਤੋਂ ਬਾਅਦ ਜ਼ਿਆਦਾ ਪੰਜਾਬੀਆਂ ਨੇ ਪੰਜਾਬੋਂ ਤੋਰੇ ਪਾਏ, ਆਪਣੇ ਪਿੱਛੇ ਰਹੇ ਪਰਵਾਰਾਂ ਦੀਆਂ ਤੰਗੀਆਂ-ਤੁਰਸ਼ੀਆਂ ਦੂਰ ਕਰਨ ਲਈ ਸਿਰਤੋੜ ਯਤਨ ਕੀਤੇ। ਪੰਜਾਬ 'ਚ ਜ਼ਮੀਨਾਂ-ਜਾਇਦਾਦਾਂ ਦੀ ਸਾਂਭ-ਸੰਭਾਲ ਉਹਨਾ ਦੇ ਜੀਅ ਦਾ ਜੰਜ਼ਾਲ ਬਣ ਗਈ।

ਪਿੱਛੇ ਰਹੇ ਕੁਝ ਰਿਸ਼ਤੇਦਾਰਾਂ, ਕੁਝ ਦੋਸਤਾਂ-ਮਿੱਤਰਾਂ, ਸੰਗੀਆਂ-ਸਾਥੀਆਂ ਉਹਨਾ ਨਾਲ ਠੱਗੀਆਂ-ਠੋਰੀਆਂ ਕੀਤੀਆਂ। ਜਾਲ੍ਹੀ ਮੁਖਤਾਰਨਾਮੇ ਤਿਆਰ ਕਰਕੇ, ਜਾਲ੍ਹੀ ਬੰਦੇ ਖੜੇ ਕਰਕੇ ਉਹਨਾ ਦੀਆਂ ਜ਼ਮੀਨਾਂ-ਜਾਇਦਾਦਾਂ ਹਥਿਆ ਲਈਆਂ ਜਾਂ ਹਥਿਆਉਣ ਦਾ ਯਤਨ ਕੀਤਾ। ਇਹਨਾ ਮਸਲਿਆਂ ਸੰਬੰਧੀ ਸੈਂਕੜੇ ਨਹੀਂ, ਹਜ਼ਾਰਾਂ ਕੇਸ ਪੁਲਸ, ਅਦਾਲਤਾਂ ਕੋਲ ਇਨਸਾਫ ਦੀ ਉਡੀਕ ਵਿੱਚ ਵਰ੍ਹਿਆਂ ਤੋਂ ਪਏ ਹਨ। ਕਈ ਵੇਰ ਜਦੋਂ ਪ੍ਰਵਾਸੀ ਆਪਣੀਆਂ ਜਾਇਦਾਦਾਂ ਦੀ ਦੇਖ-ਭਾਲ, ਸੰਭਾਲ ਜਾਂ ਕੇਸਾਂ ਸੰਬੰਧੀ ਜਾਣਕਾਰੀ ਲਈ ਦੇਸ਼ ਪਰਤਦੇ ਹਨ ਤਾਂ ਭੂ-ਮਾਫੀਏ ਨਾਲ ਜੁੜੇ ਲੋਕ ਉਹਨਾ ਨੂੰ ਡਰਾ ਕੇ, ਧਮਕਾ ਕੇ, ਉਹਨਾ ਨਾਲ ਜ਼ਮੀਨੀ ਸੌਦੇ ਕਰਦੇ ਹਨ।

ਕਾਨੂੰਨ ਤੋਂ ਉਲਟ ਜਾ ਕੇ, ਪ੍ਰਵਾਸੀਆਂ ਨੂੰ ਬਿਨਾਂ ਦੱਸੇ ਉਹਨਾ ਤੋਂ ਅਸ਼ਟਾਮਾਂ ਜਾਂ ਹੋਰ ਕਾਗਜ਼ਾਂ ਉਤੇ ਦਸਤਖ਼ਤ ਕਰਵਾ ਕੇ ਸਰਕਾਰੀ ਮਿਲੀਭੁਗਤ ਨਾਲ ਉਹਨਾ ਦੀ ਕਰੋੜਾਂ ਦੀ ਜਾਇਦਾਦ ਕੌਡੀਆਂ ਦੇ ਭਾਅ ਲੁੱਟ ਲੈਂਦੇ ਹਨ ਅਤੇ ਵਿਰੋਧ ਕਰਨ 'ਤੇ ਉਹਨਾ ਖਿਲਾਫ਼ ਕਿਧਰੇ ਫੌਜਦਾਰੀ, ਕਿਧਰੇ ਅਪਰਾਧਿਕ ਮਾਮਲਿਆਂ ਦਾ ਅਤੇ ਕਿਧਰੇ ਗੈਰ-ਕਾਨੂੰਨੀ ਢੰਗ ਨਾਲ ਜਾਇਦਾਦ ਦੀ ਵੇਚ-ਵੱਟਤ ਦਾ ਕੇਸ ਦਰਜ ਕਰਵਾ ਦਿੰਦੇ ਹਨ ਤਾਂ ਕਿ ਉਹ ਪੰਜਾਬ ਪਰਤਣ ਜੋਗੇ ਹੀ ਨਾ ਰਹਿਣ। ਇੱਕ ਨਹੀਂ, ਅਨੇਕਾਂ ਉਦਾਹਰਣਾਂ ਇਸ ਕਿਸਮ ਦੇ ਮਾਮਲਿਆਂ ਦੀਆਂ ਸਮੇਂ-ਸਮੇਂ ਅਖ਼ਬਾਰਾਂ ਦੀਆਂ ਸੁਰਖੀਆਂ ਬਣਦੀਆਂ ਰਹਿੰਦੀਆਂ ਹਨ।

ਇਸ ਵੇਲੇ ਦੇਸ਼ ਦੇ ਬਾਕੀ ਹਿੱਸਿਆਂ ਨਾਲੋਂ ਵੱਧ ਪੰਜਾਬ ਦੇ ਲੋਕ ਪ੍ਰਵਾਸ ਦੇ ਰਾਹ ਪਏ ਹੋਏ ਹਨ। ਪੰਜਾਬੀ ਵਿਦਿਆਰਥੀ ਧੜਾਧੜ ਪੜ੍ਹਾਈ ਕਰਨ ਅਤੇ ਉਥੇ ਪੱਕੀ ਰਿਹਾਇਸ਼ ਕਰਨ ਲਈ ਤਤਪਰ ਹਨ ਅਤੇ ਨਿੱਤ ਪੰਜਾਬ ਛੱਡ ਰਹੇ ਹਨ। ਵਿਦੇਸ਼ ਰਹਿੰਦੇ ਪੁੱਤਰ ਧੀਆਂ, ਆਪਣੇ ਮਾਪਿਆਂ, ਰਿਸ਼ਤੇਦਾਰਾਂ ਨੂੰ ਪੰਜਾਬ ਵਿੱਚੋਂ ਬਾਹਰ ਲੈ ਜਾਣ ਲਈ ਤਰਲੋ-ਮੱਛੀ ਹੋਏ ਪਏ ਹਨ, ਕਿਉਂਕਿ ਉਹਨਾ ਨੂੰ ਪੰਜਾਬ ਆਪਣਿਆਂ ਲਈ ਸੁਰੱਖਿਅਤ ਨਹੀਂ ਦਿਸਦਾ।

ਪਰ ਇਸ ਸਭ ਕੁਝ ਦੇ ਬਾਵਜੂਦ ਉਹ ਆਪਣੀ ਜਨਮ ਭੂਮੀ, ਪੰਜਾਬ ਦੀ ਨਸ਼ਿਆਂ, ਬੇਰੁਜ਼ਗਾਰੀ, ਹਫੜਾ-ਤਫੜੀ ਨਾਲ ਮਾਰੀ, ਨਸ਼ਾ-ਭੂ ਮਾਫੀਆ, ਅਫ਼ਸਰਸ਼ਾਹੀ ਅਤੇ ਸਿਆਸੀ ਲੋਕਾਂ ਦੀ ਤਿਕੜੀ ਦੀ ਜਕੜ 'ਚ ਆਈ ਪੰਜਾਬ ਦੀ ਧਰਤੀ ਉਤੇ ਪੈਰ ਰੱਖਣੋਂ ਆਕੀ ਹਨ।

ਦੇਸ਼ ਦੀ ਕੇਂਦਰੀ ਸਰਕਾਰ ਕਹਿਣ ਨੂੰ ਤਾਂ ਉਹਨਾ ਲਈ ਅੰਮ੍ਰਿਤਸਰ, ਚੰਡੀਗੜ੍ਹ 'ਚ ਅੰਤਰਰਾਸ਼ਟਰੀ ਹਵਾਈ ਅੱਡੇ ਬਣਾਉਣ ਦਾ ਦਮ ਭਰਦੀ ਹੈ, ਪਰ ਇਨ੍ਹਾਂ ਹਵਾਈ ਅੱਡਿਆਂ ਉਤੋਂ ਅੰਤਰਰਾਸ਼ਟਰੀ ਉਡਾਣਾਂ ਭਰਨ ਦੀ ਆਗਿਆ ਨਹੀਂ ਦਿੰਦੀ ਅਤੇ ਉਹਨਾ ਨੂੰ ਆਪਣੇ ਪਿੰਡ, ਆਪਣੇ ਸ਼ਹਿਰ ਪੁੱਜਣ ਲਈ 24 ਘੰਟੇ ਤੋਂ 36 ਤੱਕ ਬੇ-ਘਰੇ ਹੋ ਕੇ, ਪਹਿਲਾਂ ਹਵਾ 'ਚ, ਫਿਰ ਦਿੱਲੀ ਤੋਂ ਘਰ ਵਾਲੀਆਂ ਆਉਂਦੀਆਂ ਘਟੀਆ ਸੜਕਾਂ 'ਤੇ ਹੀ ਨਹੀਂ ਲਟਕਣਾ ਪੈਂਦਾ, ਸਗੋਂ ਦਿੱਲੀ ਹਵਾਈ ਅੱਡੇ ਉਤੇ ਕੁਰੱਖਤ ਬੋਲਾਂ, ਸ਼ੱਕੀ ਨਜ਼ਰਾਂ ਦਾ ਸਾਹਮਣਾ ਵੀ ਕਰਨਾ ਪੈਂਦਾ ਹੈ। ਪ੍ਰਵਾਸੀ ਪੰਜਾਬੀਆਂ ਦੇ ਆਰਥਿਕ, ਸਮਾਜਿਕ, ਸੱਭਿਆਚਾਰਕ ਅਤੇ ਜਜ਼ਬਾਤੀ ਮਸਲਿਆਂ ਨੂੰ ਸਮਝਣ ਅਤੇ ਉਹਨਾ ਦੀਆਂ ਸਮੱਸਿਆਵਾਂ ਦਾ ਤੋੜ ਹਾਲੀ ਤੱਕ ਨਾ ਤਾਂ ਕਿਸੇ ਸਰਕਾਰ ਨੂੰ ਮਿਲ ਸਕਿਆ ਹੈ ਅਤੇ ਨਾ ਹੀ ਕਿਸੇ ਸਿਆਸੀ ਪਾਰਟੀ ਜਾਂ ਧਿਰ ਨੇ ਉਹਨਾ ਦੇ ਅੰਦਰੂਨੀ ਭਾਵਾਂ ਨੂੰ ਸਮਝਣ ਦਾ ਯਤਨ ਕੀਤਾ ਹੈ। ਬਾਹਰ ਬੈਠੇ ਪ੍ਰਵਾਸੀ ਪੰਜਾਬੀਆਂ ਦੇ ਮਨਾਂ 'ਚ ਪੰਜਾਬ ਬਾਰੇ ਨਿਰਾਸ਼ਤਾ ਹੈ। ਉਹ ਟੁੱਟ ਰਹੇ ਪੰਜਾਬ ਨੂੰ ਉਵੇਂ ਵੇਖ ਰਹੇ ਹਨ, ਜਿਵੇਂ ਉਹਨਾ ਦਾ ਆਪਣਾ ਜੱਦੀ ਘਰ ਢਹਿ-ਢੇਰੀ ਹੋ ਰਿਹਾ ਹੋਵੇ। ਉਹਨਾ ਦੇ ਮਨਾਂ 'ਚ ਇਸ ਦੀ ਮੁੜ ਉਸਾਰੀ ਦੀ ਤਾਂਘ ਹੈ। ਜੇਕਰ ਮੌਜੂਦਾ ਪੰਜਾਬ ਦੀ 'ਆਪ' ਸਰਕਾਰ ਕੁਝ ਇਹੋ ਜਿਹੇ ਉਪਰਾਲੇ ਕਰੇ, ਜਿਸ ਨਾਲ ਉਹਨਾ ਦੇ ਉਚੜੇ ਜ਼ਖਮਾਂ ਉਤੇ ਮੱਲ੍ਹਮ ਲੱਗ ਸਕੇ ਤਾਂ ਪ੍ਰਵਾਸੀ ਪੰਜਾਬੀ ਕੁਝ ਰਾਹਤ ਮਹਿਸੂਸ ਕਰ ਸਕਦੇ ਹਨ।

ਪ੍ਰਵਾਸੀ ਪੰਜਾਬੀਆਂ ਦੀ ਜ਼ਮੀਨ-ਜਾਇਦਾਦ ਦੀ ਸੰਭਾਲ ਅਤੇ ਰਾਖੀ ਲਈ ਸਖ਼ਤ ਕਾਨੂੰਨ ਬਨਣਾ ਚਾਹੀਦਾ ਹੈ, ਜਿਸ ਬਾਰੇ ਮੌਜੂਦਾ ਸਰਕਾਰ ਨੇ ਐਲਾਨ ਵੀ ਕੀਤਾ ਹੋਇਆ ਹੈ। ਉਹਨਾ ਸਾਰੇ ਕੇਸਾਂ, ਜਿਹਨਾਂ ਵਿੱਚ ਪ੍ਰਵਾਸੀ ਪੰਜਾਬੀਆਂ ਦੀਆਂ ਜਾਲ੍ਹੀ ਵਸੀਅਤਾਂ, ਮੁਖਤਾਰਨਾਮਿਆਂ ਕਾਰਨ ਉਹਨਾ ਨਾਲ ਜਾਅਲਸਾਜ਼ੀ ਕੀਤੀ ਗਈ ਹੈ, ਸਬੰਧੀ ਜਸਟਿਸ ਮਹਿਤਾਬ ਸਿੰਘ ਗਿੱਲ ਕਮਿਸ਼ਨ ਵਰਗਾ ਇੱਕ ਕਮਿਸ਼ਨ ਬਨਣਾ ਚਾਹੀਦਾ ਹੈ, ਜੋ ਇਹਨਾ ਕੇਸਾਂ ਦੀ ਘੋਖ-ਪੜਤਾਲ ਕਰੇ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਸੁਣਾਵੇ। ਇਸੇ ਤਰ੍ਹਾਂ ਕਮਿਸ਼ਨ ਵੱਲੋਂ ਉਹਨਾ ਸਾਰੇ ਐੱਨ.ਆਰ.ਆਈ. ਕੇਸਾਂ ਦੀ ਜਾਂਚ ਸੌਂਪੀ ਜਾਣੀ ਚਾਹੀਦੀ ਹੈ, ਜਿਹਨਾ 'ਚ ਐੱਨ.ਆਰ.ਆਈ. ਉਤੇ ਕਥਿਤ ਤੌਰ 'ਤੇ ਅਪਰਾਧਿਕ ਜਾਂ ਜ਼ਮੀਨਾਂ ਨਾਲ ਸੰਬੰਧਤ ਝੂਠੇ ਪਰਚੇ ਦਰਜ ਕੀਤੇ ਗਏ ਹਨ।

ਇਸ ਦੇ ਨਾਲ-ਨਾਲ ਪ੍ਰਵਾਸੀ ਪੰਜਾਬੀਆਂ ਅਤੇ ਉਹਨਾ ਦੀ ਔਲਾਦ ਨੂੰ ਪੰਜਾਬ ਨਾਲ ਜੋੜੀ ਰੱਖਣਾ ਪੰਜਾਬ ਦੇ ਹਿੱਤ ਵਿੱਚ ਹੈ। ਜਿੱਥੇ ਪ੍ਰਵਾਸੀਆਂ ਦੀਆਂ ਸਮੱਸਿਆਵਾਂ ਹੱਲ ਕਰਨਾ ਸਮੇਂ ਦੀ ਲੋੜ ਹੈ, ਉਥੇ ਸਧਾਰਨ ਪ੍ਰਵਾਸੀ ਪੰਜਾਬੀਆਂ ਅਤੇ ਉਹਨਾ ਦੇ ਬੱਚਿਆਂ ਨੂੰ ਪੰਜਾਬ ਨਾਲ ਜੋੜੀ ਰੱਖਣ ਲਈ ਵੀ ਉਪਰਾਲੇ ਜ਼ਰੂਰੀ ਹਨ।

ਚਾਹੀਦਾ ਤਾਂ ਇਹ ਹੈ ਕਿ ਪ੍ਰਵਾਸੀ ਪੰਜਾਬੀਆਂ ਦੇ ਚਿਰਾਂ ਤੋਂ ਵਿਦੇਸ਼ਾਂ 'ਚ ਰਹਿ ਰਹੇ ਬੱਚਿਆਂ ਦੇ ਪੰਜਾਬ ਆਉਣ-ਜਾਣ ਦਾ ਸਰਕਾਰੀ ਤੌਰ 'ਤੇ ਪ੍ਰਬੰਧ ਹੋਵੇ। ਪੰਜਾਬ ਅਤੇ ਉਹਨਾ ਦੇਸ਼ਾਂ 'ਚ ਜਿੱਥੇ ਪੰਜਾਬੀਆਂ ਦੀ ਜ਼ਿਆਦਾ ਵੱਸੋਂ ਹੈ, ਉਥੇ ਉਹਨਾ ਦੇ ਮਸਲਿਆਂ, ਮੁਸ਼ਕਲਾਂ ਨੂੰ ਸਮਝਣ ਵਾਲੇ ਸਟੱਡੀ ਸੈਂਟਰਾਂ ਦੀ ਸਥਾਪਨਾ ਹੋਵੇ ਅਤੇ ਉਹਨਾ ਵਿੱਚ ਪੰਜਾਬ ਦੇ ਇਤਿਹਾਸਕ ਪਿਛੋਕੜ ਅਤੇ ਪ੍ਰਾਪਤੀਆਂ ਸਬੰਧੀ ਭਰਪੂਰ ਜਾਣਕਾਰੀ ਵੀ ਉਪਲੱਬਧ ਕੀਤੀ ਜਾਵੇ।

ਕਿੰਨਾ ਚੰਗਾ ਹੋਵੇ ਜੇਕਰ ਪ੍ਰਵਾਸੀਆਂ ਲਈ ਹਵਾਈ ਅੱਡਿਆਂ ਉਤੇ ਸਰਕਾਰ ਸਵਾਗਤੀ ਕੇਂਦਰ ਸਥਾਪਤ ਕਰੇ ਤਾਂ ਕਿ ਪ੍ਰਵਾਸੀ ਘਰ ਪਰਤਣ 'ਤੇ ਅਪਣੱਤ ਅਤੇ ਮਾਣ ਮਹਿਸੂਸ ਕਰ ਸਕਣ।

ਇਹ ਕੰਮ ਐੱਨ.ਆਰ.ਆਈ. ਸਭਾ ਨੂੰ ਸਰਗਰਮ ਕਰਕੇ ਕੀਤਾ ਜਾ ਸਕਦਾ ਹੈ। ਲੋੜ ਇਸ ਗੱਲ ਦੀ ਹੈ ਕਿ ਕੋਈ ਇਹੋ ਜਿਹਾ ਐੱਨ.ਆਰ.ਆਈ. ਹੀ ਐੱਨ.ਆਰ.ਆਈ. ਸਭਾ ਦਾ ਪ੍ਰਧਾਨ ਬਣਾਇਆ ਜਾਵੇ, ਜੋ ਆਪ ਐੱਨ.ਆਰ.ਆਈ. ਦੀਆਂ ਸਮੱਸਿਆਵਾਂ ਪ੍ਰਤੀ ਜਾਣੂ ਹੋਵੇ। ਉਹ ਉਹਨਾ ਵਿੱਚ ਚੰਗਾ ਰਸੂਖ ਰੱਖਦਾ ਹੋਵੇ। ਸਿਆਸੀ ਤੌਰ 'ਤੇ ਇਸ ਸਭਾ ਦਾ ਕਿਸੇ ਵੱਡੇ ਨੂੰ ਪ੍ਰਧਾਨ ਥਾਪਣਾ ਗਲਤ ਹੋਵੇਗਾ।

ਸਭਾ ਦੀ ਪ੍ਰਧਾਨਗੀ ਲਈ ਅੰਤਰਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਨਰਪਾਲ ਸਿੰਘ ਸ਼ੇਰਗਿੱਲ, ਮੋਤਾ ਸਿੰਘ ਸਰਾਏ ਯੂ.ਕੇ., ਸੁੱਖੀ ਬਾਠ ਪੰਜਾਬ ਭਵਨ ਸਰੀ (ਕੈਨੇਡਾ) ਦੇ ਨਾਂਅ ਸੁਝਾਏ ਜਾ ਸਕਦੇ ਹਨ, ਜਿਹਨਾ ਨੇ ਐੱਨ.ਆਰ.ਆਈਜ਼. ਲਈ ਜ਼ਮੀਨੀ ਪੱਧਰ 'ਤੇ ਵੱਡਾ ਕੰਮ ਕੀਤਾ ਹੈ।

**# ਸੰਪਰਕ** : 98158-02070

# ਸ਼ੈਲਰ ਮਾਲਕਾਂ ਦੀ ਹੜਤਾਲ ਕਾਰਨ ਮੰਡੀਆਂ 'ਚ ਝੋਨੇ ਦੀਆਂ ਬੋਰੀਆਂ ਦੇ ਲੱਗੇ ਅੰਬਾਰ



**ਸਮਰਾਲਾ (ਸੁਰਜੀਤ ਸਿੰਘ)**-ਝੋਨੇ ਦੀ ਕਟਾਈ ਦਾ ਸੀਜ਼ਨ ਸ਼ੁਰੂ ਹੁੰਦਿਆਂ ਹੀ ਜਦੋਂ ਧਾਨ ਮੰਡੀ ਵਿੱਚ ਆਉਣਾ ਸ਼ੁਰੂ ਹੋਇਆ ਤਾਂ ਮੰਡੀਆਂ ਨਾਲ ਸਬੰਧਤ ਲੋਕਾਂ ਨੇ ਪੰਜਾਬ ਪੱਧਰ 'ਤੇ ਆਪਣੀਆਂ ਮੰਗਾਂ ਨੂੰ ਲੈ ਕੇ ਹੜਤਾਲਾਂ ਸ਼ੁਰੂ ਕਰ ਦਿੱਤੀਆਂ, ਜਿਸ ਦਾ ਖਾਮਿਆਜ਼ਾ ਸਿੱਧੇ ਤੌਰ 'ਤੇ ਖੱਜਲ-ਖੁਆਰੀ ਦੇ ਰੂਪ ਵਿੱਚ ਪੰਜਾਬ ਦੇ ਕਿਸਾਨਾਂ ਨੂੰ ਭੁਗਤਣਾ ਪੈ ਰਿਹਾ ਹੈ। ਪਹਿਲਾਂ ਮੰਡੀ ਵਿੱਚ ਕੰਮ ਕਰਦੀ ਪੱਲੇਦਾਰ ਲੇਬਰ, ਫੇਰ ਆੜ੍ਹਤੀਆਂ ਨੇ ਹੜਤਾਲ ਕੀਤੀ ਸੀ ਅਤੇ ਹੁਣ ਰਾਈਸ ਸੈਲਰ ਮਾਲਕਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਹੜਤਾਲ ਕੀਤੀ ਹੋਈ ਹੈ। ਅੱਜ ਹੜਤਾਲ ਦਾ ਚੌਥਾ ਦਿਨ ਹੈ। ਨਤੀਜੇ ਦੇ ਤੌਰ 'ਤੇ ਵਿਕੇ ਹੋਏ ਮਾਲ ਦੀ ਲਿਫਟਿੰਗ ਨਾ ਹੋਣ ਕਾਰਨ ਮੰਡੀਆਂ ਵਿੱਚ ਧਾਨ ਦੀਆਂ ਬੋਰੀਆਂ ਦੇ ਵੱਡੇ ਵੱਡੇ ਅੰਬਾਰ ਲੱਗੇ ਹੋਏ ਹਨ। ਮੰਡੀਆਂ ਵਿੱਚ ਧਾਨ ਦੀ ਆਮਦ ਲਗਾਰਤਾਰ ਜਾਰੀ ਹੈ, ਜਦਕਿ ਚੁਕਾਈ ਨਾ ਹੋਣ ਕਾਰਣ ਮੰਡੀਆਂ ਵਿਚ ਹੋਰ ਧਾਨ ਰੱਖਣ ਲਈ ਥਾਂ ਨਹੀਂ ਰਹੀ। ਉੱਧਰ ਬੀਤੇ ਦੋ ਦਿਨਾਂ ਤੋਂ ਪੰਜਾਬ ਵਿਚ ਬੱਦਲਵਾਈ ਤੇ ਬਰਸਾਤ ਹੋਣ ਕਾਰਨ ਧਾਨ ਰੜੇ ਮੈਦਾਨ ਵਿੱਚ ਕੁਦਰਤ ਦੇ ਰਹਿਮੋਕਰਮ 'ਤੇ ਪਿਆ ਹੈ। ਬੇਸ਼ੱਕ ਧਾਨ ਦੀਆਂ ਬੋਰੀਆਂ ਨੂੰ ਤਿਰਪਾਲਾਂ ਨਾਲ ਢੱਕਿਆ ਹੋਇਆ ਹੈ, ਪਰ ਇਸ ਆਰਜ਼ੀ ਪ੍ਰਬੰਧ ਕਾਰਨ ਫੇਰ ਵੀ ਧਾਨ ਦੀਆਂ ਬੋਰੀਆਂ ਵਿੱਚ ਬਰਸਾਤ ਦਾ ਪਾਣੀ ਆ ਗਿਆ ਹੈ। ਸਮਰਾਲਾ, ਮਾਛੀਵਾੜਾ ਤੇ ਮਹਿਦੂਦਾਂ ਦੀਆਂ ਮੰਡੀਆਂ ਤੋਂ ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਸਮਰਾਲਾ ਮੰਡੀ ਵਿੱਚ ਹੁਣ ਤੱਕ 2.65 ਲੱਖ ਕੁਇੰਟਲ ਧਾਨ ਆਇਆ, ਜਿਸ ਵਿੱਚੋਂ 2.52 ਲੱਖ ਕੁਇੰਟਲ ਵਿਕਿਆ ਤੇ 1.43 ਲੱਖ ਕੁਇੰਟਲ ਅਜੇ ਮੰਡੀ ਵਿੱਚ ਚੁਕਾਈ ਦੀ ਇੰਤਜ਼ਾਰ ਵਿੱਚ ਖੁੱਲ੍ਹੇ ਅਸਮਾਨ ਥੱਲੇ ਪਿਆ ਹੈ। ਮਾਛੀਵਾੜਾ ਮੰਡੀ ਵਿੱਚ ਹੁਣ ਤੱਕ 3.77 ਲੱਖ ਕੁਇੰਟਲ ਧਾਨ ਆਇਆ ਤੇ 2.40 ਲੱਖ ਕੁਇੰਟਲ ਧਾਨ ਚੁਕਾਈ ਦੀ ਇੰਤਜ਼ਾਰ ਵਿੱਚ ਪਿਆ ਦੱਸਿਆ ਗਿਆ ਹੈ। ਇਸੇ ਤਰ੍ਹਾਂ ਮਹਿਦੂਦਾਂ ਦੀ ਮੰਡੀ ਵਿੱਚ ਵੀ 1.68 ਲੱਖ ਕੁਇੰਟਲ ਧਾਨ ਰਾਈਸ ਮਿੱਲ ਮਾਲਕਾਂ ਦੀ ਹੜਤਾਲ ਕਾਰਨ ਚੁਕਾਈ ਦੀ ਇੰਤਜ਼ਾਰ ਵਿੱਚ ਕੁਦਰਤ ਦੇ ਰਹਿਮੋਕਰਮ 'ਤੇ ਖੁੱਲ੍ਹੇ ਆਸਮਾਨ ਹੇਠ ਪਿਆ ਹੈ।

ਸਮਰਾਲਾ ਦੇ ਰਾਈਸ ਮਿੱਲ ਐਸੋਸੀਏਸ਼ਨ ਦੇ ਪ੍ਰਧਾਨ ਤੇਜਿੰਦਰ ਸਿੰਘ ਰਾਜੇਵਾਲ ਨੇ ਕਿਹਾ ਹੈ ਕਿ ਕੇਂਦਰ ਤੇ ਸੂਬਾ ਸਰਕਾਰਾਂ ਕਿਸਾਨਾਂ ਅਤੇ ਰਾਈਸ ਮਿੱਲ ਮਾਲਕਾਂ ਦੀਆਂ ਮੰਗਾਂ ਵੱਲ ਤਵੱਜੋਂ ਨਹੀਂ ਦੇ ਰਹੀਆਂ, ਜਿਸ ਕਾਰਨ ਉਨ੍ਹਾਂ ਨੂੰ ਮਜਬੂਰੀਵਸ ਹੜਤਾਲ ਕਰਨੀ ਪੈ ਰਹੀ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀਆਂ ਮੰਗਾਂ ਵਿੱਚ ਮੁੱਖ ਤੌਰ 'ਤੇ 1 ਫੀਸਦੀ ਐੱਫ ਆਰ ਕੇ, ਝੋਨੇ ਵਿੱਚ ਨਮੀ ਦੀ ਮਾਤਰਾ ਤੇ ਬਾਰਦਾਨੇ ਦੀ ਸਮੱਸਿਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਰਾਈਸ ਮਿੱਲ ਮਾਲਕਾਂ ਨੂੰ ਪਿਛਲੇ 6 ਸਾਲਾਂ ਦੀ ਜੀ ਐੱਸ ਟੀ ਦੇ ਬਕਾਏ ਦੇ ਨੋਟਿਸ ਜਾਰੀ ਕਰਨ ਦਾ ਫਰਮਾਨ ਜਾਰੀ ਕਰ ਦਿੱਤਾ ਹੈ, ਜੋ ਕਿ ਰਾਈਸ ਮਿੱਲ ਮਾਲਕਾਂ 'ਤੇ ਲਾਗੂ ਹੀ ਨਹੀਂ ਹੁੰਦਾ। ਫਿਲਹਾਲ ਇੱਕ ਸਾਲ ਦੇ ਨੋਟਿਸ ਕੱਢੇ ਗਏ ਹਨ। ਛੋਟੀ ਤੋਂ ਛੋਟੀ ਰਾਈਸ ਮਿੱਲ ਨੂੰ 15-20 ਲੱਖ ਤੇ ਵੱਡੀ ਮਿੱਲਾਂ ਨੂੰ 70-75 ਲੱਖ ਰੁਪਏ ਦੇ ਹਾਲ ਦੀ ਘੜੀ ਇੱਕ ਸਾਲ ਦੇ ਬਕਾਏ ਜਮ੍ਹਾਂ ਕਰਾਉਣ ਦੇ ਨੋਟਿਸ ਭੇਜੇ ਗਏ ਹਨ। ਇਸੇ ਤਰ੍ਹਾਂ ਜੇਕਰ 6 ਸਾਲਾਂ ਦੇ ਬਕਾਏ ਦੇ ਨੋਟਿਸ ਜਾਰੀ ਹੋਏ ਤਾਂ ਉਹ ਕਰੋੜਾਂ ਦੀ ਰਕਮ ਵਿੱਚ ਹੋਣਗੇ, ਜੋ ਕਿ ਕਿਸੇ ਵੀ ਮਿੱਲ ਮਾਲਕ ਦੀ ਸਮਰੱਥਾ ਤੋਂ ਬਾਹਰ ਹੋਣਗੇ। ਇਸ ਤਰ੍ਹਾਂ ਜੇ ਸਰਕਾਰ 6 ਸਾਲਾਂ ਦੀ ਜੀ ਐੱਸ ਟੀ ਜਮ੍ਹਾਂ ਕਰਾਉਣ ਦੇ ਹੁਕਮ ਜਾਰੀ ਕਰੇਗੀ ਤਾਂ ਰਾਈਸ ਮਿੱਲ ਮਾਲਕਾਂ ਦੇ ਕਾਰੋਬਾਰ ਤਬਾਹ ਹੋ ਜਾਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਹਾਲਤਾਂ ਤੋਂ ਜਾਪਦਾ ਹੈ ਕਿ ਕੇਂਦਰ ਸਰਕਾਰ ਖੇਤੀ ਵਿਰੋਧੀ ਕਿਸਾਨੀ ਅੰਦੋਲਨ, ਜੋ ਕਿ ਪੰਜਾਬੀਆਂ ਨੇ ਬਾਖੂਬੀ ਜਿੱਤਿਆ ਸੀ, ਉਸ ਤੋਂ ਜਾਪਦਾ ਹੈ ਕਿ ਕੇਂਦਰ ਸਰਕਾਰ ਕਿਸੇ ਨਾ ਕਿਸੇ ਬਹਾਨੇ ਕਿਸਾਨਾਂ ਨੂੰ ਕੁਚਲਣ ਤੇ ਮੰਡੀਕਰਨ ਪ੍ਰਬੰਧ ਨੂੰ ਤੋੜਨ ਲਈ ਕਦੇ ਤਾਂ ਆੜ੍ਹਤੀਆਂ ਨੂੰ ਪ੍ਰੇਸ਼ਾਨ ਕਰਦੀ ਹੈ ਅਤੇ ਕਦੇ ਕਿਸਾਨਾਂ ਲਈ ਬਾਇਓ ਮੀਟ੍ਰਿਕ ਸਿਸਟਮ ਲਾਗੂ ਕੀਤਾ ਜਾਂਦਾ ਹੈ। ਇਸ ਦੀ ਕੜੀ ਵਜੋਂ ਹੁਣ ਰਾਈਸ ਸੈਲਰ ਉਦਯੋਗ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਇਸ ਦੌਰਾਨ ਆੜ੍ਹਤੀ ਹਰਪਾਲ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਫਰਜ਼ ਬਣਦਾ ਹੈ ਕਿ ਉਹ ਰਾਈਸ ਮਿੱਲ ਮਾਲਕਾਂ ਦੀਆਂ ਮੰਗਾਂ ਸਬੰਧੀ ਕੇਂਦਰ ਸਰਕਾਰ ਕੋਲ ਪੈਰਵੀ ਕਰਕੇ ਉਨ੍ਹਾਂ ਦਾ ਸਮਾਧਾਨ ਕਰਵਾਏ। ਉਨ੍ਹਾਂ ਦੋਸ਼ ਲਾਇਆ ਕਿ ਸੂਬਾ ਤੇ ਕੇਂਦਰ ਸਰਕਾਰਾਂ ਆੜ੍ਹਤੀਆਂ ਤੇ ਰਾਈਸ ਮਿੱਲ ਮਾਲਕਾਂ ਦੀਆਂ ਮੰਗਾਂ ਪ੍ਰਤੀ ਸੰਜੀਦਾ ਨਹੀਂ ਹਨ।

# ਖਹਿਰਾ ਅਦਾਲਤ 'ਚ ਪੇਸ਼, 27 ਤੱਕ ਨਿਆਂਇਕ ਹਿਰਾਸਤ 'ਚ ਭੇਜਿਆ



**ਜਲਾਲਾਬਾਦ (ਜੀਤ ਕੁਮਾਰ)**
8 ਸਾਲ ਪੁਰਾਣੇ ਨਸ਼ਾ ਤਸਕਰੀ ਦੇ ਥਾਣਾ ਸਦਰ ਜਲਾਲਾਬਾਦ ਵਿਖੇ ਦਰਜ ਮੁਕੱਦਮੇ ਵਿੱਚ ਕਾਂਗਰਸ ਪਾਰਟੀ ਦੇ ਹਲਕਾ ਭੁਲੱਥ ਤੋਂ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੂੰ ਪੁਲਸ ਵੱਲੋਂ ਰਿਮਾਂਡ ਸਮਾਪਤ ਹੋਣ 'ਤੇ ਸੋਮਵਾਰ ਨੂੰ ਜਲਾਲਾਬਾਦ ਦੀ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਅਤੇ ਦੋਵਾਂ ਧਿਰਾਂ ਦੇ ਵਕੀਲਾਂ ਦੀਆਂ ਦਲੀਲਾਂ ਸੁਣਨ ਉਪਰੰਤ ਮਾਨਯੋਗ ਅਦਾਲਤ ਵੱਲੋਂ ਸੁਖਪਾਲ ਸਿੰਘ ਖਹਿਰਾ ਨੂੰ 27 ਅਕਤੂਬਰ 2023 ਤੱਕ ਨਿਆਂਇਕ ਹਿਰਾਸਤ ਨਾਭਾ ਜੇਲ੍ਹ ਵਿੱਚ ਭੇਜ ਦਿੱਤਾ ਗਿਆ ਹੈ।

ਜ਼ਿਕਰਯੋਗ ਹੈ ਕਿ ਥਾਣਾ ਸਦਰ ਜਲਾਲਾਬਾਦ ਵਿਖੇ ਸਾਲ 2015 ਵਿੱਚ ਐਨ.ਡੀ.ਪੀ.ਐਸ. ਐਕਟ ਤਹਿਤ 35 ਨੰਬਰ ਮੁਕੱਦਮਾ ਦਰਜ ਹੋਇਆ ਸੀ ਤੇ ਜਲਾਲਾਬਾਦ ਪੁਲਸ ਵੱਲੋਂ 28 ਸਤੰਬਰ 2023 ਨੂੰ ਹਲਕਾ ਭੁਲੱਥ ਤੋਂ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੂੰ ਚੰਡੀਗੜ੍ਹ ਵਿਖੇ ਉਨ੍ਹਾਂ ਦੀ ਰਿਹਾਇਸ਼ ਤੋਂ ਗ੍ਰਿਫਤਾਰ ਕੀਤਾ ਗਿਆ ਸੀ, ਜਿਸ ਦੇ ਬਾਅਦ ਉਸ ਵੇਲੇ ਮਾਨਯੋਗ ਅਦਾਲਤ ਵੱਲੋਂ 2 ਦਿਨ ਦਾ ਪੁਲਸ ਰਿਮਾਂਡ ਦਿੱਤਾ ਗਿਆ ਸੀ। ਇਸ ਦੇ ਬਾਅਦ 30 ਸਤੰਬਰ ਨੂੰ ਪੁਲਸ ਰਿਮਾਂਡ ਸਮਾਪਤ ਹੋਣ 'ਤੇ ਪੁਲਸ ਵੱਲੋਂ ਅਦਾਲਤ ਵਿੱਚ ਪੇਸ਼ ਕਰਨ ਸਮੇਂ ਇਸ ਮੁਕੱਦਮੇ ਸਬੰਧੀ ਪੁੱਛਗਿੱਛ ਕਰਨ ਲਈ ਰਿਮਾਂਡ ਦੀ ਮੰਗ ਕੀਤੀ ਗਈ ਸੀ, ਪਰ ਮਾਨਯੋਗ ਅਦਾਲਤ ਵੱਲੋਂ ਸੁਖਪਾਲ ਸਿੰਘ ਖਹਿਰਾ ਨੂੰ 14 ਦਿਨ ਦੇ ਨਿਆਂਇਕ ਹਿਰਾਸਤ 'ਚ ਨਾਭਾ ਜੇਲ੍ਹ ਵਿੱਚ ਭੇਜ ਦਿੱਤਾ ਗਿਆ ਸੀ।

ਇਸ ਉਪਰੰਤ ਪੁਲਸ ਵੱਲੋਂ ਇਸ ਕੇਸ ਵਿੱਚ ਦੁਬਾਰਾ ਜਾਂਚ ਕਰਨ ਲਈ ਫਾਜ਼ਿਲਕਾ ਦੀ ਮਾਨਯੋਗ ਸੈਸ਼ਨ ਅਦਾਲਤ ਵਿੱਚ ਰੀਵਿਊ ਅਰਜ਼ੀ ਦਾਇਰ ਕੀਤੀ ਗਈ ਸੀ, ਜਿਸ ਦੇ ਬਾਅਦ ਉਪਰੋਕਤ ਕੇਸ ਦੇ ਸਬੰਧ ਵਿੱਚ ਸੁਖਪਾਲ ਸਿੰਘ ਖਹਿਰਾ ਨੂੰ ਦੁਬਾਰਾ ਪੁੱਛਗਿੱਛ ਕਰਨ ਤੇ ਸਬੂਤ ਇਕੱਠੇ ਕਰਨ ਲਈ ਪੁਲਸ ਵੱਲੋਂ ਮਾਨਯੋਗ ਅਦਾਲਤ ਵਿੱਚ 10 ਅਕਤੂਬਰ 2023 ਨੂੰ ਜਲਾਲਾਬਾਦ ਵਿਖੇ ਪੇਸ਼ ਕੀਤਾ ਗਿਆ ਸੀ ਅਤੇ ਇਸ ਦੇ ਬਾਅਦ ਹੁਣ ਤੱਕ ਅਦਾਲਤ ਵੱਲੋਂ 3 ਵਾਰ ਪੁਲਸ ਰਿਮਾਂਡ 'ਤੇ ਭੇਜਿਆ ਗਿਆ ਸੀ।

ਅੱਜ ਸੋਮਵਾਰ ਨੂੰ ਪੁਲਸ ਰਿਮਾਂਡ ਸਮਾਪਤ ਹੋਣ 'ਤੇ ਪੁਲਸ ਵੱਲੋਂ ਸੁਖਪਾਲ ਖਹਿਰਾ ਨੂੰ ਦੁਬਾਰਾ ਸਖਤ ਸੁਰੱਖਿਆ ਪ੍ਰਬੰਧਾਂ ਵਿੱਚ ਸਥਾਨਕ ਮਾਨਯੋਗ ਜੱਜ ਸ੍ਰੀ ਰਾਮ ਪਾਲ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਇਸ ਕੇਸ ਵਿੱਚ ਮਾਨਯੋਗ ਅਦਾਲਤ ਵੱਲੋਂ ਸਰਕਾਰੀ ਵਕੀਲਾਂ ਤੇ ਸੁਖਪਾਲ ਖਹਿਰਾ ਦੇ ਵਕੀਲਾਂ ਦੀਆਂ ਦਲੀਲਾਂ ਸੁਣਨ ਉਪਰੰਤ 27 ਅਕਤੂਬਰ ਤੱਕ ਨਿਆਂਇਕ ਹਿਰਾਸਤ ਵਿੱਚ ਨਾਭਾ ਜੇਲ੍ਹ ਵਿੱਚ ਭੇਜ ਦਿੱਤਾ ਗਿਆ ਹੈ।

# ਸਹਿਕਾਰ ਭਾਰਤੀ ਪੰਜਾਬ ਨੇ ਡੀ ਸੀ ਨੂੰ ਮੰਗ ਪੱਤਰ ਸੌਂਪਿਆ



ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨੂੰ ਮੰਗ ਪੱਤਰ ਦਿੰਦੇ ਹੋਏ ਸਹਿਕਾਰ ਭਾਰਤੀ ਦੇ ਅਹੁਦੇਦਾਰ।

**ਮਖੂ (ਰਛਪਾਲ ਸਿੰਘ ਸੰਧੂ)**
ਪੰਜਾਬ ਸਰਕਾਰ ਵੱਲੋਂ ਸਹਿਕਾਰੀ ਸਭਾਵਾਂ ਦੀ ਰਜਿਸਟ੍ਰੇਸ਼ਨ ਕਰਨ ਦੀ ਲਾਈ ਸਰਕਾਰੀ ਰਜਿਸਟ੍ਰੇਸ਼ਨ ਫ਼ੀਸ ਨੂੰ ਖਤਮ ਕਰਨ ਲਈ ਸਹਿਕਾਰ ਭਾਰਤੀ ਪੰਜਾਬ ਦੇ ਸੂਬਾ ਪ੍ਰਧਾਨ ਬਲਰਾਮ ਦਾਸ ਬਾਵਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਹਿਕਾਰ ਭਾਰਤੀ ਪੰਜਾਬ ਦੇ ਵਫ਼ਦ ਵੱਲੋਂ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਲੋਕੇਸ਼ ਗਰੋਵਰ ਦੀ ਅਗਵਾਈ ਹੇਠ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਾਂਅ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਨੂੰ ਸੌਂਪੇ ਮੰਗ ਪੱਤਰ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਲੋਕੇਸ਼ ਗਰੋਵਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਵਾਲਾ ਅਧੀਨ ਪੱਤਰ/ਨੋਟੀਫਿਕੇਸ਼ਨ ਰਾਹੀਂ ਸਹਿਕਾਰੀ ਸਭਾਵਾਂ ਦੀ ਰਜਿਸਟ੍ਰੇਸ਼ਨ ਕਰਨ ਲਈ ਬਹੁਤ ਭਾਰੀ ਫ਼ੀਸਾਂ ਜੋ ਕਿ ਇੱਕ ਲੱਖ ਤੋਂ ਲੈ ਕੇ ਵੀਹ ਲੱਖ ਰੁਪਏ ਤੱਕ ਲਗਾ ਦਿੱਤੀਆਂ। ਇਹ ਫੀਸਾਂ ਲਾਉਣ ਨਾਲ ਸਹਿਕਾਰੀ ਸਭਾਵਾਂ ਆਮ ਗਰੀਬ ਮਿਹਨਤਕਸ਼ ਲੋਕਾਂ ਦੀ ਪਹੁੰਚ ਤੋਂ ਬਾਹਰ ਹੋ ਗਈਆਂ ਹਨ। ਇਸ ਨਾਲ ਆਮ ਗ਼ਰੀਬ ਲੋਕਾਂ ਵਿਚ ਬੇਰੁਜ਼ਗਾਰੀ ਅਤੇ ਨਿਰਾਸ਼ਾ ਦੀ ਭਾਵਨਾ ਵਧੇਗੀ। ਨੌਜਵਾਨ ਤਬਕਾ ਸਹਿਕਾਰੀ ਸਭਾਵਾਂ ਦਾ ਗਠਨ ਕਰਕੇ ਆਪਣਾ ਰੁਜ਼ਗਾਰ ਸ਼ੁਰੂ ਕਰਨ ਬਾਰੇ ਸੋਚ ਰਿਹਾ ਹੈ, ਉਹ ਬੇਰੁਜ਼ਗਾਰ ਹੋ ਜਾਵੇਗਾ ਅਤੇ ਬੇਰੁਜ਼ਗਾਰੀ ਦੇ ਆਲਮ ਦੀ ਹਾਲਤ ਵਿੱਚ ਉਸ ਦਾ ਰੁਝਾਨ ਨਸ਼ਿਆਂ ਅਤੇ ਹੋਰ ਸਮਾਜਿਕ ਕੰਮਾਂ ਵੱਲ ਪਰਿਵਰਤਤ ਹੋਵੇਗਾ। ਸਹਿਕਾਰੀ ਸਭਾਵਾਂ ਲਈ ਸਰਕਾਰ ਵੱਲੋਂ ਰਜਿਸਟ੍ਰੇਸ਼ਨ ਫ਼ੀਸ ਲਾਉਣਾ ਸਹਿਕਾਰਤਾ ਭਾਵਨਾ ਤੇ ਸਹਿਕਾਰਤਾ ਦੇ ਸਿਧਾਤਾਂ ਦੇ ਵੀ ਵਿਰੁੱਧ ਹੈ। ਸਹਿਕਾਰ ਭਾਰਤੀ ਪੰਜਾਬ ਜ਼ਿਲ੍ਹਾ ਫ਼ਿਰੋਜ਼ਪੁਰ ਪੰਜਾਬ ਸਰਕਾਰ ਨੂੰ ਬੇਨਤੀ ਕਰਦੀ ਹੈ ਕਿ ਹਵਾਲਾ ਅਧੀਨ ਜਾਰੀ ਕੀਤੇ ਪੱਤਰ 'ਤੇ ਪੂਰਨ ਵਿਚਾਰ ਕਰਦੇ ਹੋਏ ਨੋਟੀਫਿਕੇਸ਼ਨ ਨੂੰ ਵਾਪਸ ਲਿਆ ਜਾਵੇ ਤਾਂ ਜੁ ਆਰਥਿਕ ਪੱਖੋਂ ਕਮਜ਼ੋਰ ਲੋਕ ਪਹਿਲਾਂ ਦੀ ਤਰ੍ਹਾਂ ਸਹਿਕਾਰੀ ਸਭਾਵਾਂ ਦਾ ਗਠਨ ਕਰਕੇ ਆਪਣਾ ਕਾਰੋਬਾਰ ਚਲਾ ਸਕਣ ਅਤੇ ਆਪਣੀਆਂ ਆਰਥਿਕ ਅਤੇ ਸਮਾਜਿਕ ਲੋੜਾਂ ਪੂਰੀਆਂ ਕਰ ਸਕਣ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਲੋਕੇਸ਼ ਗਰੋਵਰ, ਰਜਿੰਦਰ ਸਿੰਘ, ਸਰਬਜੀਤ ਸਿੰਘ, ਸਿਤਾਰਾ ਸਿੰਘ, ਨਰੇਸ਼ ਠਾਕੁਰ, ਪਵਨ ਕੁਮਾਰ ਸ਼ਰਮਾ, ਜਸਵੀਰ ਸਿੰਘ, ਜਸਵਿੰਦਰ ਸਿੰਘ ਤੇ ਗੁਰਵਿੰਦਰ ਸਿੰਘ ਆਦਿ ਹਾਜ਼ਰ ਸਨ।

## ਕਾਤਰਾਂ

### ਦਰਿਆ ਕਿਨਾਰੇ ਹੋਏ ਹਾਦਸੇ 'ਚ ਬਾਈਕਰ ਦੀ ਮੌਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਤਲੁਜ ਦਰਿਆ ਦੇ ਧੁੱਸੀ ਬੰਨ੍ਹ 'ਤੇ ਐਤਵਾਰ ਬਾਅਦ ਦੁਪਹਿਰ ਵਾਪਰੇ ਇੱਕ ਹਾਦਸੇ ਵਿੱਚ ਲੁਧਿਆਣਾ ਦੇ ਬਾਈਕਰ ਪੰਕਜ ਬਾਦਵਾ (52) ਵਾਸੀ ਕੰਟਰੀ ਸਿਟੀ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਪੰਕਜ ਬਾਦਵਾ ਆਪਣੇ 5 ਦੋਸਤਾਂ ਨਾਲ ਵੱਖ-ਵੱਖ ਮੋਟਰਸਾਈਕਲਾਂ ਰਾਹੀਂ ਲੁਧਿਆਣਾ ਤੋਂ ਸਤਲੁਜ ਦਰਿਆ ਕਿਨਾਰੇ ਧੁੱਸੀ ਬੰਨ੍ਹ 'ਤੇ ਰਾਈਡਿੰਗ ਕਰ ਰਹੇ ਸਨ ਕਿ ਪਿੰਡ ਚਕਲੀ ਕਾਸਬ ਨੇੜੇ ਉਸ ਦਾ ਮੋਟਰਸਾਈਕਲ ਸੰਤੁਲਨ ਗਵਾ ਬੈਠਾ ਤੇ ਦਰੱਖਤ ਨਾਲ ਟਕਰਾ ਗਿਆ। ਇਸ ਹਾਦਸੇ ਵਿੱਚ ਬਾਈਕਰ ਪੰਕਜ ਬਾਦਵਾ ਦੀ ਮੌਕੇ 'ਤੇ ਹੀ ਮੌਤ ਹੋ ਗਈ। ਘਟਨਾ ਸਥਾਨ 'ਤੇ ਪੁੱਜੇ ਸਹਾਇਕ ਥਾਣੇਦਾਰ ਜਸਵੰਤ ਸਿੰਘ ਵੱਲੋਂ ਮ੍ਰਿਤਕ ਪੰਕਜ ਬਾਦਵਾ ਦੀ ਲਾਸ਼ ਨੂੰ ਪੋਸਟ ਮਾਰਟਮ ਲਈ ਸਮਰਾਲਾ ਹਸਪਤਾਲ ਵਿਖੇ ਰਖਵਾ ਦਿੱਤਾ ਗਿਆ ਤੇ ਸੂਚਨਾ ਮਿਲਦੇ ਹੀ ਪਰਿਵਾਰਕ ਮੈਂਬਰ ਵੀ ਪਹੁੰਚ ਗਏ ਸਨ।

### ਚੰਨਣ ਸਿੰਘ ਨਮਿੱਤ ਅੰਤਮ ਅਰਦਾਸ ਅੱਜ



**ਸੰਗਰੂਰ (ਪ੍ਰਵੀਨ ਸਿੰਘ)**-ਚੰਨਣ ਸਿੰਘ ਮੇਟ ਬੀਤੀ 8 ਅਕਤੂਬਰ 2023 ਨੂੰ ਇਸ ਦੁਨੀਆ ਨੂੰ ਅਲਵਿਦਾ ਆਖ ਗਏ। ਉਨ੍ਹਾ ਦੀ ਆਤਿਮਕ ਸ਼ਾਂਤੀ ਲਈ ਪਿੰਡ ਦੁੱਗਾ ਵਿਖੇ 17 ਅਕਤੂਬਰ ਨੂੰ ਭੋਗ ਦੀ ਅੰਤਿਮ ਅਰਦਾਸ ਹੋਵੇਗੀ।

### ਹੈਰੋਇਨ ਸਣੇ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਨੇ 5 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਐੱਸ. ਆਈ. ਹਰਮੀਤ ਲਾਲ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਸਮੇਤ ਸਾਥੀ ਕਰਮਚਾਰੀਆਂਨਾਲ ਇਲਾਕੇ 'ਚ ਗਸ਼ਤ ਦੌਰਾਨ ਵੈਰੋਕੇ ਏਰੀਏ ਵਿੱਚ ਮੌਜੂਦ ਸੀ ਤਾਂ ਦਾਨਾ ਮੰਡੀ ਵੈਰੋਕੇ ਦੇ ਨਜ਼ਦੀਕ ਇੱਕ ਵਿਅਕਤੀ ਪੁਲਸ ਪਾਰਟੀ ਨੂੰ ਵੇਖ ਕੇ ਪਿੱਛੇ ਮੁੜਨ ਲੱਗਾ, ਜਿਸ ਨੂੰ ਪੁਲਸ ਪਾਰਟੀ ਨੇ ਸ਼ੱਕ ਦੇ ਅਧਾਰ 'ਤੇ ਕਾਬੂ ਕਰਕੇ ਤਫਤੀਸ਼ ਲਈ ਥਾਣਾ ਵੈਰੋਕੇ ਨੂੰ ਇਤਲਾਹ ਦਿੱਤੀ ਗਈ, ਜਿਸ 'ਤੇ ਐੱਸ.ਆਈ. ਹਰਮੀਤ ਲਾਲ ਨੇ ਮੌਕੇ 'ਤੇ ਇਸ ਵਿਅਕਤੀ ਦੀ ਤਲਾਸ਼ੀ ਲੈਣ 'ਤੇ ਉਸ ਪਾਸੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਵੈਰੋਕੇ ਦੀ ਪੁਲਸ ਨੇ ਚੰਨ ਸਿੰਘ ਉਰਫ ਚੰਨਾ ਪੁੱਤਰ ਭਾਗ ਸਿੰਘ ਵਾਸੀ ਚੱਕ ਬਲੋਚਾ ਉਰਫ ਮਹਾਲਮ ਖਿਲਾਫ ਕੇਸ ਦਰਜ ਕੀਤਾ ਹੈ।

### ਡਾ. ਅਨੂਪ ਵਿਰਕ ਦੀ ਮੌਤ 'ਤੇ ਅਫਸੋਸ ਪ੍ਰਗਟ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਉੱਘੇ ਲੇਖਕ ਤੇ ਸ਼੍ਰੋਮਣੀ ਕਵੀ ਪ੍ਰੋਫੈਸਰ ਡਾ. ਅਨੂਪ ਵਿਰਕ ਦੇ ਦੇਹਾਂਤ 'ਤੇ ਕੇਂਦਰੀ ਲੇਖਕ ਸਭਾ ਦੇ ਸਕੱਤਰ ਭੁਪਿੰਦਰ ਕੌਰ ਪ੍ਰੀਤ, ਸਾਹਿਤਕ ਸੱਥ ਦੇ ਪ੍ਰਧਾਨ ਡਾ. ਪਰਮਜੀਤ ਸਿੰਘ ਢੀਂਗਰਾ, ਗੁਰਸੇਵਕ ਸਿੰਘ ਪ੍ਰੀਤ, ਹਰਜਿੰਦਰ ਸੂਰੇਵਾਲੀਆ, ਰਣਜੀਤ ਸਿੰਘ ਥਾਂਦੇਵਾਲਾ, ਗੁਰਜੀਤ ਐਮੀ, ਪ੍ਰੋ. ਗੁਰਪ੍ਰੀਤ ਸਿੰਘ ਸੰਗਰਾਣਾ ਹੋਰਾਂ ਨੇ ਅਫਸੋਸ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਡਾ. ਵਿਰਕ ਨੂੰ ਭਾਸ਼ਾ ਵਿਭਾਗ ਪੰਜਾਬ, ਗਿਆਨੀ ਹੀਰਾ ਸਿੰਘ ਦਰਦ ਯਾਦਗਾਰੀ ਐਵਾਰਡ ਸਣੇ ਕਈ ਸਨਮਾਨ ਦਿੱਤੇ ਗਏ ਸਨ। ਉਨ੍ਹਾਂ ਕਰੀਬ ਅੱਧੀ ਦਰਜਨ ਪੁਸਤਕਾਂ ਪੰਜਾਬੀ ਸਾਹਿਤ ਦੀ ਝੋਲੀ ਪਾਈਆਂ। ਉਨ੍ਹਾਂ ਦੇ ਜਾਣ ਨਾਲ ਪੰਜਾਬੀ ਸਾਹਿਤ ਨੂੰ ਵੱਡਾ ਘਾਟਾ ਪਿਆ ਹੈ।

# ਆਪ ਨੇ ਬਲਾਕ ਪ੍ਰਧਾਨਾਂ ਦੀਆਂ ਸੌਂਪੀਆਂ ਜ਼ਿੰਮੇਵਾਰੀਆਂ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**-ਆਮ ਆਦਮੀ ਪਾਰਟੀ ਵੱਲੋਂ ਬਲਾਕ ਪ੍ਰਧਾਨਾਂ ਦੀ ਜਾਰੀ ਕੀਤੀ ਗਈ ਸੂਚੀ ਵਿੱਚ ਮੰਡੀ ਗੋਬਿੰਦਗੜ੍ਹ 'ਚ ਚਾਰ ਬਲਾਕ ਪ੍ਰਧਾਨ ਲਗਾਏ, ਜਿਨ੍ਹਾਂ ਵਿੱਚ ਬਲਵਿੰਦਰ ਸਿੰਘ ਖਟੜਾ, ਸ਼ਾਮ ਸੁੰਦਰ, ਹਰਬੰਸ ਕੌਰ (ਨੇਹਾ), ਦਲਜੀਤ ਵਿਰਕ ਸ਼ਾਮਲ ਹਨ ਅਤੇ ਹੋਰ ਕਈ ਆਗੂਆਂ ਨੂੰ ਵੀ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਨਵ ਨਿਯੁਕਤ ਬਲਾਕ ਪ੍ਰਧਾਨਾਂ ਨੇ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਇਆ ਜਾਵੇਗਾ, ਉਥੇ ਹੀ ਪਾਰਟੀ ਦੀਆਂ ਨੀਤੀਆਂ ਨੂੰ ਵੀ ਹਰ ਘਰ ਪੁਚਾਇਆ ਜਾਵੇਗਾ। ਇਸ ਮੌਕੇ ਨਵਨਿਯੁਕਤ ਪ੍ਰਧਾਨਾਂ ਨੇ ਪਾਰਟੀ ਹਾਈਕਮਾਨ, ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ, ਜ਼ਿਲ੍ਹਾ ਪ੍ਰਧਾਨ ਅਜੇ ਸਿੰਘ ਲਿਬੜਾ ਦਾ ਵਿਸ਼ੇਸ਼ ਧੰਨਵਾਦ ਵੀ ਕੀਤਾ ਗਿਆ। ਇਸ ਮੌਕੇ ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਅਤੇ ਲੀਡਰਸ਼ਿਪ ਵੱਲੋਂ ਨਵੇ ਬਲਾਕ ਪ੍ਰਧਾਨਾਂ ਦੀ ਨਿਯੁਕਤੀ ਦਾ ਸਵਾਗਤ ਕੀਤਾ ਗਿਆ ਤੇ ਵਧਾਈ ਦਿੱਤੀ ਗਈ।

## ਆਪ ਨੂੰ ਲੋਕਾਂ ਤੋਂ ਮਿਲ ਰਿਹਾ ਭਾਰੀ ਸਮਰਥਨ : ਪ੍ਰੋ. ਗੁਰਸੇਵਕ ਸਿੰਘ



**ਜੈਤੋ (ਸਤੀਸ਼ ਕੁਮਾਰ ਭੀਰੀ)**-ਹਲਕਾ ਫ਼ਰੀਦਕੋਟ ਤੋਂ ਆਮ ਆਦਮੀ ਪਾਰਟੀ ਦੇ ਸੰਭਾਵੀ ਲੋਕ ਸਭਾ ਉਮੀਦਵਾਰ ਪ੍ਰੋ. ਗੁਰਸੇਵਕ ਸਿੰਘ ਵੱਲੋਂ ਪਿੰਡਾਂ ਦਾ ਤੂਫਾਨੀ ਦੌਰਾ ਕੀਤਾ ਜਾ ਰਿਹਾ ਹੈ, ਜਿਸ ਵਿੱਚ ਉਨ੍ਹਾਂ ਦਾ ਲੋਕਾਂ ਵੱਲੋਂ ਪੂਰੇ ਜੋਸ਼ੋ-ਖਰੋਸ਼ ਅਤੇ ਉਤਸ਼ਾਹ ਨਾਲ ਅੱਗੇ ਵਧ ਕੇ ਸਵਾਗਤ ਕੀਤਾ ਜਾ ਰਿਹਾ ਹੈ। ਲੋਕ ਮਿਲਣੀ ਦੌਰਾਨ ਪ੍ਰੋ. ਗੁਰਸੇਵਕ ਸਿੰਘ ਨੇ ਕਿਹਾ ਕਿ ਸੱਤਾ ਵਿੱਚ ਆਉਣ ਲਈ ਲੋਕ ਲੁਭਾਵਣ ਤੇ ਝੂਠੇ ਨਾਅਰਿਆਂ ਤੋਂ ਉਨ੍ਹਾਂ ਦੀ ਪਾਰਟੀ ਨੂੰ ਸਖਤ ਨਫ਼ਰਤ ਹੈ, ਝੂਠੇ ਵਾਅਦੇ ਕਰਨ ਵਾਲਿਆਂ ਲਈ ਭਾਰਤ ਵਿੱਚ ਖਾਸ ਕਰਕੇ ਪੰਜਾਬ ਦੇ ਲੋਕਾਂ ਦੇ ਦਿਲਾਂ ਵਿੱਚ ਕੋਈ ਸਥਾਨ ਨਹੀਂ ਹੈ। ਪ੍ਰੋ. ਗੁਰਸੇਵਕ ਵੱਲੋਂ ਕਿਹਾ ਗਿਆ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੀਆਂ ਸਾਰੀਆਂ ਸੀਟਾਂ 'ਤੇ ਵੱਡੇ ਬਹੁਮਤ ਨਾਲ ਜਿੱਤ ਪ੍ਰਾਪਤ ਕਰੇਗੀ।

# 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਰਾਜ ਪੱਧਰੀ ਖੇਡਾਂ ਸ਼ਾਨੋ-ਸ਼ੌਕਤ ਨਾਲ ਹੋਈਆਂ ਸਮਾਪਤ




**ਸ੍ਰੀ ਮੁਕਤਸਰ ਸਾਹਿਬ, ਮਲੋਟ (ਸ਼ਮਿੰਦਰਪਾਲ, ਪੂਜਾ, ਗੁਰਮੀਤ ਸਿੰਘ ਮੱਕੜ)**-ਪੰਜਾਬ ਸਰਕਾਰ, ਖੇਡ ਵਿਭਾਗ ਪੰਜਾਬ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ 2023 ਸੀਜ਼ਨ-2 ਤਹਿਤ ਰਾਜ ਪੱਧਰੀ ਖੇਡ ਮੁਕਾਬਲੇ (ਗੇਮ ਸ਼ੂਟਿੰਗ) ਸ਼ੂਟਿੰਗ ਰੇਂਜ, ਦਸਮੇਸ਼ ਗਰਲਜ਼ ਕਾਲਜ ਬਾਦਲ ਵਿਖੇ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋ ਗਏ ਹਨ। ਇਨ੍ਹਾਂ ਖੇਡਾਂ ਮੌਕੇ ਸ੍ਰੀ ਕੰਵਰਜੀਤ ਸਿੰਘ, ਐਸ.ਡੀ.ਐਮ ਮਲੋਟ- ਸ੍ਰੀ ਮੁਕਤਸਰ ਸਾਹਿਬ ਵਿਸ਼ੇਸ਼ ਤੌਰ 'ਤੇ ਸਮੂਲੀਅਤ ਕੀਤੀ। ਸ਼੍ਰੀਮਤੀ ਅਨਿੰਦਰਵੀਰ ਕੌਰ ਬਰਾੜ, ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਇਨ੍ਹਾਂ ਖੇਡਾਂ ਵਿੱਚ ਸ਼ੂਟਿੰਗ ਗੇਮ ਦੇ ਖਿਡਾਰੀਆਂ ਦੇ ਨਤੀਜੇ ਬਹੁਤ ਹੀ ਸ਼ਾਨਦਾਰ ਰਹੇ, ਜੋ ਇਸ ਪ੍ਰਕਾਰ ਹਨ: ਅੰ-14 ਏਅਰ ਪਿਸਟਲ ਐਨ.ਆਰ ਲੜਕਿਆਂ ਵਿੱਚ ਨਵਨੀਰ ਸਿੰਘ ਬਠਿੰਡਾ ਨੇ ਪਹਿਲਾ ਸਥਾਨ, ਜਗਤਵੀਰ ਸਿੰਘ ਸੰਗਰੂਰ ਨੇ ਦੂਜਾ ਸਥਾਨ, ਕੁੰਜ ਜ਼ਿਲ੍ਹਾ ਪਟਿਆਲਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰ-14 ਏਅਰ ਪਿਸਟਲ ਐਨ.ਆਰ ਲੜਕੀਆਂ ਵਿੱਚ ਇਸ਼ਮੀਤ ਕੌਰ ਪਟਿਆਲਾ ਨੇ ਪਹਿਲਾ ਸਥਾਨ, ਵਿਸ਼ਪ੍ਰੀਤ ਰਾਣਾ ਜ਼ਿਲ੍ਹਾ ਪਟਿਆਲਾ ਨੇ ਦੂਜਾ ਸਥਾਨ ਅਤੇ ਅਰਸ਼ਨੂਰ ਕੌਰ ਪਟਿਆਲਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰ-14 ਏਅਰ ਰਾਈਫਲ ਐਨ.ਆਰ ਲੜਕਿਆਂ ਵਿੱਚ ਪਰਤੇਸ਼ਬੀਰ ਸਿੰਘ ਫ਼ਾਜ਼ਿਲਕਾ ਨੇ ਪਹਿਲਾ ਸਥਾਨ, ਜਸਨੂਰ ਸਿੰਘ ਫ਼ਤਿਹਗੜ੍ਹ ਸਾਹਿਬ ਨੇ ਦੂਜਾ ਸਥਾਨ ਤੇ ਜਸਕਰਨ ਸਿੰਘ ਸੰਗਰੂਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰ-14 ਏਅਰ ਰਾਈਫਲ ਐਨ.ਆਰ ਲੜਕੀਆਂ ਵਿੱਚ ਕੁਦਰਤ ਜ਼ਿਲ੍ਹਾ ਪਟਿਆਲਾ ਨੇ ਪਹਿਲਾ ਸਥਾਨ, ਉਸਨੀਕ ਕੌਰ, ਐਸ.ਏ.ਐਸ ਨਗਰ ਨੇ ਦੂਜਾ ਸਥਾਨ, ਪਰਿਧੀ ਜ਼ਿਲ੍ਹਾ ਸੰਗਰੂਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰ-17 ਏਅਰ ਪਿਸਟਲ ਐਨ.ਆਰ ਲੜਕਿਆਂ ਵਿੱਚ ਗੁਰਪ੍ਰਤਾਪ ਸਿੰਘ ਬਠਿੰਡਾ ਨੇ ਪਹਿਲਾ ਸਥਾਨ, ਰਾਮਪ੍ਰਭਜੋਤ ਪਟਿਆਲਾ ਨੇ ਦੂਜਾ ਸਥਾਨ, ਦਿਸ਼ਾਂਤ ਠਾਕੁਰ ਜ਼ਿਲ੍ਹਾ ਹੁਸ਼ਿਆਰਪੁਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰ-17 ਏਅਰ ਪਿਸਟਲ ਐਨ.ਆਰ ਲੜਕੀਆਂ ਵਿੱਚ ਤਨਵੀਰ ਕੌਰ ਬਠਿੰਡਾ ਨੇ ਪਹਿਲਾ ਸਥਾਨ, ਕੁਨਿਸ਼ਕਾ ਜ਼ਿਲ੍ਹਾ ਰੂਪਨਗਰ ਨੇ ਦੂਜਾ ਸਥਾਨ ਤੇ ਤਵਲੀਨ ਕੌਰ ਜਲੰਧਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰ-17 ਏਅਰ ਰਾਈਫਲ ਐਨ.ਆਰ ਲੜਕਿਆਂ ਵਿੱਚ ਅੰਸ਼ੁਲ ਬਤਰਾ ਫਾਜਿਲਕਾ ਨੇ ਪਹਿਲਾ ਸਥਾਨ, ਫਤਿਹਵੀਰ ਸਿੰਘ ਸੰਗਰੂਰ ਨੇ ਦੂਜਾ ਸਥਾਨ, ਅਵਨੀਤ ਸਿੰਘ ਫ਼ਾਜ਼ਿਲਕਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਖੇਡਾਂ ਵਿੱਚ ਜੇਤੂ ਖਿਡਾਰੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਵੰਡ ਕੇ ਸਨਮਾਨਤ ਕੀਤਾ ਗਿਆ। ਖੇਡ ਵਿਭਾਗ ਵੱਲੋਂ ਇਨ੍ਹਾਂ ਖੇਡਾਂ ਦੌਰਾਨ ਖਿਡਾਰੀਆਂ ਨੂੰ ਸਵੇਰੇ, ਦੁਪਿਹਰ ਤੇ ਰਾਤ ਅਤੇ ਸਮੇਂ ਰਿਫਰੈਸ਼ਮੈਂਟ ਤੇ ਡਾਈਟ ਮੁਹੱਈਆ ਕਰਾਈ ਗਈ। ਪ੍ਰੋਗਰਾਮ ਵਿੱਚ ਖੇਡ ਵਿਭਾਗ ਦੇ ਸਮੂਹ ਸ਼ੂਟਿੰਗ ਕੋਚ, ਗੇਮ ਇੰਚਾਰਜ ਤੇ ਖੇਡ ਪ੍ਰੇਮੀਆਂ ਨੇ ਭਾਗ ਲਿਆ।

# ਬੋਹਾ ਰਜਵਾਹੇ 'ਚ ਪਾੜ ਪੈਣ ਕਾਰਨ 100 ਏਕੜ ਝੋਨੇ ਦੀ ਫ਼ਸਲ 'ਚ ਭਰਿਆ ਪਾਣੀ



**ਬਰੇਟਾ (ਰੀਤਵਾਲ)**-ਪਿੰਡ ਧਰਮਪੁਰਾ ਵਿਖੇ ਬੋਹਾ ਰਜਵਾਹੇ ਵਿੱਚ 25 ਫੁੱਟ ਦਾ ਪਾੜ ਪੈ ਜਾਣ ਨਾਲ ਕਿਸਾਨਾਂ ਦੀ ਕਰੀਬ 100 ਏਕੜ ਝੋਨੇ ਦੀ ਫ਼ਸਲ 'ਚ ਪਾਣੀ ਭਰ ਗਿਆ। ਕਿਸਾਨ ਆਗੂ ਵਸਾਵਾ ਸਿੰਘ ਵਾਸੀ ਧਰਮਪੁਰਾ ਨੇ ਦੱਸਿਆ ਕਿ ਰਜਵਾਹੇ ਦੀ ਹਾਲਤ ਬਿਲਕੁਲ ਖਸਤਾ ਹੋ ਚੁੱਕੀ ਹੈ, ਜਿਸ ਥਾਂ 'ਤੇ ਇਹ ਪਾੜ ਪਿਆ ਹੈ, ਉਸ ਜਗ੍ਹਾ 'ਤੇ ਕੁੱਝ ਸਾਲ ਪਹਿਲਾਂ ਵੀ ਪਾੜ ਪੈ ਗਿਆ ਸੀ ਤੇ ਉਸ ਪਾੜ ਨੂੰ ਬੋਰੀਆਂ ਨਾਲ ਆਰਜ਼ੀ ਤੌਰ 'ਤੇ ਬੰਦ ਕਰ ਦਿੱਤਾ ਗਿਆ ਸੀ। ਜਿਸ ਦੇ ਚੱਲਦਿਆਂ ਪਿੰਡ ਵਾਸੀਆਂ ਨੂੰ ਵੱਡੇ ਨੁਕਸਾਨ ਦਾ ਸਾਹਮਣਾ ਕਰਨਾ ਪਿਆ ਹੈ। ਪਿੰਡ ਵਾਸੀਆਂ ਵੱਲੋਂ ਪਾੜ ਨੂੰ ਪੂਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ ਤਾਂ ਜੋ ਹੋਰ ਵੱਡੇ ਨੁਕਸਾਨ ਨੂੰ ਰੋਕਿਆ ਜਾ ਸਕੇ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਬਖਸ਼ੀਵਾਲਾ ਤੋਂ ਇੱਥੇ ਤੱਕ ਅਨੇਕਾਂ ਪਿਛਲਿਆਂ ਸਮਿਆਂ ਵਿੱਚ ਪਏ ਪਾੜਾਂ ਨੂੰ ਸਿਰ ਬੋਰੀਆਂ ਰਾਹੀਆਂ ਆਰਜ਼ੀ ਤੌਰ 'ਤੇ ਹੀ ਬੰਦ ਕੀਤਾ ਹੋਇਆ ਹੈ, ਜੋ ਕਦੇ ਵੀ ਵੱਡੇ ਨੁਕਸਾਨ ਕਰ ਸਕਦੇ ਹਨ।

## ਅੱਖਾਂ ਦਾ ਮੁਫਤ ਜਾਂਚ ਤੇ ਅਪ੍ਰੇਸ਼ਨ ਕੈਂਪ 25 ਨੂੰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਮਾਜ ਸੇਵੀ ਸੰਸਥਾ ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ:) ਵੱਲੋਂ ਜ਼ਿਲ੍ਹਾ ਸਿਹਤ ਵਿਭਾਗ ਦੀ ਮਨਜ਼ੂਰੀ ਉਪਰੰਤ "ਰਬਾਬ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ:)ਦੇ ਸਹਿਯੋਗ ਨਾਲ ਅੱਖਾਂ ਦਾ ਮੁਫਤ ਜਾਂਚ ਤੇ ਚਿੱਟੇ ਮੋਤੀਏ ਦਾ ਆਪ੍ਰੇਸ਼ਨ ਕੈਂਪ 25 ਅਕਤੂਬਰ ਨੂੰ ਲਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਸੰਸਥਾ ਦੇ ਸੰਸਥਾਪਕ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਇਹ ਕੈਂਪ ਧਾਲੀਵਾਲ ਬੱਚਿਆਂ ਦੇ ਹਸਪਤਾਲ ਵਿਖੇ ਲਾਇਆ ਜਾ ਰਿਹਾ ਹੈ। ਉਨ੍ਹਾ ਦੱਸਿਆ ਕਿ ਇਸ ਮੌਕੇ ਅੱਖਾਂ ਦੇ ਰੋਗਾਂ ਦੇ ਮਾਹਰ ਡਾਕਟਰ ਬਲਜੀਤ ਕੌਰ (ਕੈਬਨਿਟ ਮੰਤਰੀ ਪੰਜਾਬ) ਖੁਦ ਮਰੀਜ਼ਾਂ ਦੀ ਜਾਂਚ ਕਰਨਗੇ ਤੇ ਕੈਂਪ ਦੌਰਾਨ ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੇ ਚਿੱਟੇ ਮੋਤੀਏ ਦੇ ਆਪ੍ਰੇਸ਼ਨ ਹੋਣਗੇ।

# ਮਾਸਟਰ ਯਸ਼ਪਾਲ ਸਿੰਘ ਦੀ ਯਾਦ 'ਚ ਵਿਸ਼ਾਲ ਸਮਾਗਮ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**
ਕਿਸਾਨ ਸੰਘਰਸ਼ ਦੇ ਪਹਿਲੇ ਸ਼ਹੀਦ ਮਾਸਟਰ ਯਸ਼ਪਾਲ ਸਿੰਘ ਦੀ ਯਾਦ ਨੂੰ ਸਮਰਪਤ ਵਿਸ਼ਾਲ ਕਾਨਫਰੰਸ ਸ਼ਹੀਦ ਬਾਬਾ ਜੰਗ ਸਿੰਘ ਪਾਰਕ ਵਿਖੇ ਹੋਈ। ਇਸ ਮੌਕੇ ਵਿਛੜੇ ਸਾਥੀ ਨੂੰ ਵੱਖ-ਵੱਖ ਆਗੂਆਂ, ਜਨਤਕ ਜਥੇਬੰਦੀਆਂ ਨੇ ਸ਼ਰਧਾਂਜਲੀ ਅਰਪਿਤ ਕੀਤੀ। ਆਰ ਐਮ ਪੀ ਆਈ ਦੇ ਕੌਮੀ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਸਾਥੀ ਯਸ਼ਪਾਲ ਵੱਲੋਂ ਲੋਕ ਪੱਖੀ ਲਹਿਰਾਂ, ਕਿਸਾਨ ਸੰਘਰਸ਼ ਪ੍ਰਤੀ ਨਿਭਾਈਆਂ ਅਣਥੱਕ ਸੇਵਾਵਾਂ ਦੀ ਚਰਚਾ ਕਰਦਿਆਂ ਉਨ੍ਹਾਂ ਦੇ ਅਧੂਰੇ ਮਿਸ਼ਨ ਦੀ ਪੂਰਤੀ ਲਈ ਜਥੇਬੰਦਕ ਤੌਰ 'ਤੇ ਹੋਰ ਮਜਬੂਤ ਹੋ ਕੇ ਸੰਘਰਸ਼ਾਂ 'ਚ ਕੁੱਦਣ ਦਾ ਸੱਦਾ ਦਿੱਤਾ। ਸਾਥੀ ਪਾਸਲਾ ਨੇ ਨਰਿੰਦਰ ਮੋਦੀ ਦੀਆਂ ਨੀਤੀਆਂ ਦੀ ਕਰੜੀ ਅਲੋਚਨਾ ਕਰਦਿਆ ਕਿਹਾ ਕਿ ਨਰਿੰਦਰ ਮੋਦੀ ਧਰਮ ਦੇ ਨਾਂਅ 'ਤੇ ਪਾੜ ਕੇ ਮੰਨੂਵਾਦੀ ਰਾਜ ਬਣਾਉਣਾ ਚਾਹੁੰਦਾ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਨਰਿੰਦਰ ਮੋਦੀ ਫਿਰ ਸੱਤਾ ਵਿੱਚ ਆ ਗਿਆ ਤਾਂ ਦੇਸ਼ 'ਚ ਫਿਰ ਕਦੇ ਵੀ ਵੋਟਾਂ ਨਹੀਂ ਪੈਣਗੀਆਂ, ਮੋਦੀ ਹਿਟਲਰ ਵਾਂਗ ਰਾਜ ਚਲਾਉਣਾ ਚਾਹੁੰਦਾ ਹੈ। ਕਾਮਰੇਡ ਪਾਸਲਾ ਨੇ ਅਗਾਮੀ ਲੋਕ ਸਭਾ ਚੋਣਾਂ 'ਚ ਭਾਜਪਾ ਨੂੰ ਛੱਡ ਬੇਦਾਗ ਸਾਫ ਸੁਥਰੇ ਅਕਸ ਵਾਲੇ ਲੋਕਾਂ ਨੂੰ ਅੱਗੇ ਲਿਆਉਣ ਦੀ ਅਪੀਲ ਕੀਤੀ। ਭਾਕਿਯੂ ਡਕੌਂਦਾ ਦੇ ਕਾਰਜਕਾਰੀ ਪ੍ਰਧਾਨ ਮਨਜੀਤ ਸਿੰਘ ਧਨੇਰ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਗੁਰਨਾਮ ਸਿੰਘ ਦਾਊਦ, ਤਰਕਸ਼ੀਲ ਆਗੂ ਜੁਝਾਰ ਸਿੰਘ, ਕਾਮਰੇਡ ਪਰਮਜੀਤ ਕੌਰ ਗੁੰਮਟੀ, ਮੁਲਾਜ਼ਮ ਆਗੂ ਕਰਮਜੀਤ ਬੀਹਲਾ, ਡਾ. ਅਮਰਜੀਤ ਕੁੱਕੂ, ਮਲਕੀਤ ਸਿੰਘ ਵਜੀਦਕੇ ਆਦਿ ਆਗੂਆਂ ਨੇ ਕਿਹਾ ਕਿ ਮਾਸਟਰ ਯਸ਼ਪਾਲ ਦੀ ਵਿਚਾਰਧਾਰਾ ਨੂੰ ਅੱਗੇ ਲੈ ਕੇ ਜਾਣਾ ਹੀ ਉਨ੍ਹਾਂ ਨੂੰ ਸ਼ਰਧਾਂਜਲੀ ਹੋਵੇਗੀ। ਇਸ ਮੌਕੇ ਲੋਕ ਗਾਇਕ ਰਾਮ ਸਿੰਘ ਹਠੂਰ, ਅਜਮੇਰ ਅਕਲੀਆਂ, ਜੋਰਾ ਸਿੰਘ ਖਿਆਲੀ ਨੇ ਲੋਕ ਪੱਖੀ ਗੀਤ ਪੇਸ਼ ਕੀਤੇ। ਉੱਘੇ ਰੰਗਕਰਮੀ ਹਰਵਿੰਦਰ ਦੀਵਾਨਾ ਦੀ ਨਿਰਦੇਸ਼ਕਾਂ ਹੇਠ ਇਨਕਲਾਬੀ ਨਾਟਕਾਂ ਨੇ ਅਮਿੱਟ ਛਾਪ ਛੱਡੀ। ਇਸ ਸਮੇਂ ਕਵੀ ਸੁਰਜੀਤ ਸਿੰਘ ਦਿਹੜ, ਭੋਲਾ ਸਿੰਘ ਕਲਾਲ ਮਾਜਰਾ, ਸਰਪੰਚ ਰਾਜਵਿੰਦਰ ਕੌਰ ਧਾਲੀਵਾਲ, ਰਾਜ ਰਾਣੀ, ਗੁਰਦੀਪ ਸਿੰਘ ਸੋਢਾ, ਸਰਬਜੀਤ ਸਿੰਘ ਸੰਭੂ, ਮਲਕੀਤ ਸਿੰਘ ਮੀਤਾ, ਖੁਸ਼ੀਆ ਸਿੰਘ, ਅਮਰਜੀਤ ਸਿੰਘ ਮਹਿਲ ਖੁਰਦ, ਡਾ. ਬਲਵਿੰਦਰ ਸਿੰਘ ਚੱਕ ਭਾਈਕਾ, ਡਾ. ਨਿਰਮਲ ਸਿੰਘ ਸਹੌਰ, ਦਰਸ਼ਨ ਸਿੰਘ ਪੰਡੋਰੀ, ਬਲਦੇਵ ਸਿੰਘ ਧਨੇਰ, ਗੁਰਦੇਵ ਸਿੰਘ ਮਾਂਗੇਵਾਲ, ਪਰਮਜੀਤ ਸਿੰਘ ਛੀਨੀਵਾਲ, ਦਰਸ਼ਨ ਸਿੰਘ ਬਾਹਮਣੀਆਂ, ਗੁਰਦੇਵ ਸਿੰਘ ਮਹਿਲ ਖੁਰਦ, ਬਲਦੇਵ ਸਿੰਘ ਔਜਲਾ, ਅਨਿਲ ਕੁਮਾਰ ਤੇ ਦਰਸ਼ਨ ਸਿੰਘ ਚੀਮਾ ਆਦਿ ਹਾਜ਼ਰ ਸਨ।

# ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ



**ਜਗਰਾਓਂ (ਅਮਿਤ ਖੰਨਾ)**-ਐੱਮ ਐੱਲ. ਡੀ. ਸੀਨੀ. ਸੈਕੰ. ਸਕੂਲ ਤਲਵੰਡੀ ਕਲਾਂ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਜੀ ਦਾ 353ਵਾਂ ਜਨਮ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ 61 ਵਿਦਿਆਰਥੀਆਂ ਨੇ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ। ਉਪਰੰਤ ਦੇਗ ਵਰਤਾਈ ਗਈ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਵਾਰ ਸੁਣਾ ਕੇ ਉਨ੍ਹਾਂ ਦੀ ਦਲੇਰੀ, ਨਿੱਡਰਤਾ ਤੇ ਬਹਾਦਰੀ ਨੂੰ ਸਿਜਦਾ ਕੀਤਾ। ਸਕੂਲ ਵਿੱਚ ਵੱਖ-ਵੱਖ ਵਿਦਿਆਰਥੀਆਂ ਨੇ ਆਪਣੀ-ਆਪਣੀ ਕਲਾਸ ਵਿੱਚ ਬਾਬਾ ਜੀ ਦੀ ਜੀਵਨੀ, ਇਤਿਹਾਸ, ਸਿੱਖ ਇਤਿਹਾਸ ਨੂੰ ਦੇਣ, ਜਬਰ ਤੇ ਜ਼ੁਲਮ ਦਾ ਮੁਕਾਬਲਾ ਆਦਿ ਵੱਖ-ਵੱਖ ਵਿਸ਼ਿਆਂ 'ਤੇ ਆਪੋ-ਆਪਣੇ ਵਿਚਾਰਾਂ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਬੋਲਦਿਆਂ ਮੈਡਮ ਬਲਵਿੰਦਰ ਕੌਰ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਕਿਸਾਨਾਂ ਨੂੰ ਮੁਜ਼ਾਰਿਆਂ ਤੋਂ ਜ਼ਮੀਨਾਂ ਦੇ ਮਾਲਕ ਬਣਾ ਕੇ ਸਮਾਜਿਕ ਬਰਾਬਰੀ ਦਾ ਇਤਿਹਾਸ ਸਿਰਜਿਆ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਾ ਬਦਲਾ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਕੇ ਲਿਆ। ਪ੍ਰਿੰਸੀਪਲ ਬਲਦੇਵ ਦਾਸ ਬਾਵਾ ਨੇ ਬਾਬਾ ਜੀ ਦੇ ਜਨਮ ਉਤਸਵ ਦੀ ਵਧਾਈ ਦਿੰਦਿਆਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਦਾ ਜੀਵਨ ਫਲਸਫਾ, ਸਮਾਜਿਕ ਬਰਾਬਰੀ, ਅਡੋਲ ਜੀਵਨ, ਜਬਰ-ਜ਼ੁਲਮ ਨਾਲ ਟਾਕਰਾ, ਕੁਰਬਾਨੀ, ਅਣਗੌਲੇ ਤੇ ਪਿੱਛੜੇ ਵਰਗਾਂ ਨੂੰ ਸਨਮਾਨ ਬਖ਼ਸ਼ ਕੇ ਰਾਜ ਭਾਗ ਦੇ ਭਾਗੀਦਾਰ ਬਣਾਉਣ ਤੇ ਸਮਾਜਿਕ ਨਿਆਂ ਦਾ ਫਲਸਫਾ ਹੈ। ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਕੇਵਲ 8 ਸਾਲ ਵਿੱਚ ਸੈਂਕੜੇ ਸਾਲਾਂ ਦੀ ਗੁਲਾਮੀ ਤੋਂ ਮੁਕਤੀ ਦਿਵਾਈ ਤੇ ਬਾਬਾ ਜੀ ਦੀ ਫੌਜ ਵਿੱਚ ਸ਼ਾਮਲ ਹਰ ਧਰਮ ਦੇ ਵਿਅਕਤੀ ਨੂੰ ਆਪਣੇ ਧਰਮ ਦੀਆਂ ਰਹੁ-ਰੀਤਾਂ ਤੇ ਧਾਰਮਿਕ ਵਿਚਾਰਾਂ ਦੀ ਪੂਰੀ ਅਜ਼ਾਦੀ ਸੀ। ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਕਿ ਆਮ ਲੋਕਾਂ ਦੀ ਅਣਟ੍ਰੇਂਡ ਫੌਜ ਨੇ ਮੁਗਲਾਂ ਦੀ ਟ੍ਰੇਂਡ ਤੇ ਗੋਲਾ ਬਰੂਦ ਅਤੇ ਹਥਿਆਰਾਂ ਨਾਲ ਲੈਸ ਫੌਜ ਦਾ ਮੁਕਾਬਲਾ ਪੂਰੇ ਮਨੋਬਲ ਨਾਲ ਕਰ ਕੇ ਜਿੱਤਾਂ ਪ੍ਰਾਪਤ ਕੀਤੀਆਂ ਅਤੇ ਵਿਲੱਖਣ ਇਤਿਹਾਸ ਸਿਰਜਿਆ। ਉਨ੍ਹਾਂ ਕਿਹਾ ਕਿ ਰਹਿੰਦੀ ਦੁਨੀਆ ਤੱਕ ਬਾਬਾ ਬੰਦਾ ਸਿੰਘ ਬਹਾਦਰ ਜੀ ਨੂੰ ਜਬਰ ਤੇ ਜ਼ੁਲਮ ਦੇ ਖਿਲਾਫ ਸ਼ਾਂਤੀ ਸਥਾਪਤ ਕਰਨ ਲਈ ਕੁਰਬਾਨੀ ਦੇ ਪੁੰਜ ਵਜੋਂ ਜਾਣਿਆ ਜਾਵੇਗਾ।

# 'ਵਰਸਿਟੀ ਕਾਲਜ ਵਿਖੇ ਪੀ ਐੱਸ ਯੂ ਸ਼ਹੀਦ ਰੰਧਾਵਾ ਇਕਾਈ ਦੀ ਚੋਣ

**ਮੂਨਕ (ਰਾਜਪਾਲ ਸਿੰਗਲਾ)**-ਪੰਜਾਬ ਸਟੂਡੈਂਟਸ ਯੂਨੀਅਨ (ਸ਼ਹੀਦ ਰੰਧਾਵਾ) ਵੱਲੋਂ ਯੂਨੀਵਰਸਿਟੀ ਕਾਲਜ ਮੂਨਕ 'ਚ ਇਕਾਈ ਦੀ ਚੋਣ ਕੀਤੀ ਗਈ, ਜਿਸ ਵਿੱਚ ਸਾਬਕਾ ਕਾਲਜ ਕਮੇਟੀ ਪ੍ਰਧਾਨ ਹੈਪੀ ਸਾਧਨਵਾਸ ਤੇ ਸਾਬਕਾ ਪ੍ਰੈੱਸ ਸਕੱਤਰ ਨੇ ਕਾਲਜ ਦੇ ਸਮੂਹ ਵਿਦਿਆਰਥੀਆਂ ਨੂੰ ਨਾਲ ਤੁਜਰਬਾ ਸਾਂਝਾ ਕੀਤਾ ਤੇ ਜਥੇਬੰਦੀ ਦੇ ਅਸੂਲਾਂ ਨਿਯਮਾਂ ਬਾਰੇ ਚਾਨਣਾ ਪਾਇਆ। ਪੀ ਐੱਸ ਯੂ (ਸ਼ਹੀਦ ਰੰਧਾਵਾ) ਦੇ ਸੂਬਾ ਜਥੇਬੰਦਕ ਸਕੱਤਰ ਹੁਸ਼ਿਆਰ ਸਿੰਘ ਸਲੇਮਗੜ੍ਹ ਨੇ ਮੌਜੂਦਾ ਸਮੇਂ ਸਿੱਖਿਆ ਦੇ ਹਾਲਾਤ ਤੇ ਸਰਕਾਰਾਂ ਦੇ ਰੋਲ ਬਾਰੇ ਗੱਲ ਕੀਤੀ ਤੇ ਕਮੇਟੀ ਦੀ ਚੋਣ ਲਈ ਪੈਨਲ ਪੇਸ਼ ਕੀਤਾ। ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਇਨਕਲਾਬੀ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਇਸ ਤੋਂ ਬਾਅਦ ਅਹੁਦਿਆਂ ਦੀ ਚੋਣ ਕੀਤੀ, ਜਿਸ ਵਿੱਚ ਲਛਮਣ ਬਖਸ਼ੀਵਾਲਾ ਨੂੰ ਯੂਨੀਵਰਸਿਟੀ ਕਾਲਜ ਮੂਨਕ ਇਕਾਈ ਦਾ ਪ੍ਰਧਾਨ, ਜਸਪ੍ਰੀਤ ਮੂਨਕ ਨੂੰ ਜਨਰਲ ਸਕੱਤਰ, ਸਿਮਰਨ ਪੁੰਡਰਕ ਨੂੰ ਪ੍ਰੈੱਸ ਸਕੱਤਰ, ਪ੍ਰਵੀਨ ਕੱਲਰਭੈਣੀ ਨੂੰ ਸਹਾਇਕ ਸਕੱਤਰ, ਡਿੰਪਲ ਮੁੰਦਲੀਆਂ ਨੂੰ ਖਜ਼ਾਨਚੀ, ਸੁਰਵੀਰ ਘਮੂਰਘਾਟ ਤੇ ਲਵੀ ਸ਼ਾਹਪੁਰ ਥੇੜੀ ਨੂੰ ਪ੍ਰਚਾਰ ਸਕੱਤਰ ਚੁਣਿਆ ਗਿਆ। ਜੀਵਨ ਸਧਾਣੀ, ਮੁਸਕਾਨ ਹੋਤੀਪੁਰ, ਮੁਸਕਾਨ ਸ਼ੁਤਰਾਣਾ, ਕੋਮਲ ਸ਼ੁਤਰਾਣਾ, ਗੁਰੀ ਬੱਲਰਾਂ, ਅਰਸ਼ ਮਿਓਂਦ ਕਲਾਂ, ਹੈਪੀ ਮਿਓਂਦ ਕਲਾਂ, ਨਵਨੀਤ ਮਿਓਂਦ ਕਲਾਂ, ਜੱਗੀ ਭੁਟਾਲ ਕਲਾਂ, ਸਿਮਰਨਜੀਤ ਬੱਲਰਾਂ, ਲਵਪ੍ਰੀਤ ਝੂਡੀਆਂ, ਸਿਮਰਨਜੀਤ ਮੂਨਕ, ਹਰਮਨ ਡਸਕਾ, ਆਸ਼ੂ ਸਧਾਣੀ, ਖੁਸ਼ੀ ਅਲੀਸ਼ੇਰ, ਅਮਨ ਮੂਨਕ ਨੂੰ ਕਮੇਟੀ ਮੈਂਬਰ ਚੁਣਿਆ ਗਿਆ। ਇਸ ਦੌਰਾਨ ਇਕਾਈ ਦੇ ਪ੍ਰਧਾਨ ਲਛਮਣ ਸਿੰਘ ਬਖਸ਼ੀਵਾਲਾ ਨੇ ਇਕੱਤਰਤਾ 'ਚ ਸ਼ਾਮਲ ਕਾਲਜ ਦੇ ਸਾਰੇ ਵਿਦਿਆਰਥੀਆਂ ਦਾ ਧੰਨਵਾਦ ਕਰਕੇ ਪ੍ਰੋਗਰਾਮ ਦੀ ਸਮਾਪਤੀ ਕੀਤੀ।



# ਜੋ ਪੁਰਖਿਆਂ ਨੂੰ ਭੁੱਲ ਜਾਂਦੇ ਨੇ, ਉਹ ਜ਼ਿਆਦਾ ਸਮਾਂ ਜ਼ਿੰਦਾ ਨਹੀਂ ਰਹਿੰਦੇ : ਅਮਨ ਅਰੋੜਾ



**ਬਠਿੰਡਾ/ਸੰਗਤ ਮੰਡੀ (ਰਾਜਦੀਪ ਜੋਸ਼ੀ)**-ਜੋ ਕੌਮਾਂ ਤੇ ਸਮਾਜ ਆਪਣੇ ਪੁਰਖਿਆਂ ਨੂੰ ਭੁੱਲ ਜਾਂਦੇ ਹੈ, ਇਤਿਹਾਸ ਦੇ ਪੰਨਿਆਂ 'ਚ ਉਹ ਜ਼ਿਆਦਾ ਸਮਾਂ ਜਿੰਦਾ ਨਹੀਂ ਰਹਿ ਸਕਦਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਮਹਾਰਾਜਾ ਅਗਰਸੈਨ ਪਾਰਕ ਵਿਖੇ ਮਹਾਰਾਜਾ ਅਗਰਸੈਨ ਦੀ ਵਿਸ਼ਾਲ ਕਾਂਸੇ ਦੀ ਮੂਰਤੀ ਨੂੰ ਲੋਕ ਸਮਰਪਤ ਕਰਨ ਉਪਰੰਤ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, 'ਆਪ' ਦੇ ਸੂਬਾ ਪ੍ਰਧਾਨ ਤੇ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ, ਵਿਧਾਇਕ ਬਠਿੰਡਾ (ਸ਼ਹਿਰੀ) ਜਗਰੂਪ ਸਿੰਘ ਗਿੱਲ, ਵਿਧਾਇਕ ਭੁੱਚੋ ਮੰਡੀ ਮਾਸਟਰ ਜਗਸੀਰ ਸਿੰਘ, ਵਿਧਾਇਕ ਲਹਿਰਾਗਾਗਾ ਸ਼੍ਰੀ ਵਰਿੰਦਰ ਗੋਇਲ ਆਦਿ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਬਿਰਾਜਮਾਨ ਰਹੀਆਂ ਤੇ ਇਨ੍ਹਾਂ ਵੱਲੋਂ ਮਹਾਰਾਜਾ ਅਗਰਸੈਨ ਦੀ ਵਿਸ਼ਾਲ ਮੂਰਤੀ ਤੇ ਸ਼ਰਧਾ ਦੇ ਫੁੱਲ ਵੀ ਭੇਟ ਕੀਤੇ ਗਏ। ਇਸ ਮੌਕੇ ਮਹਾਰਾਜਾ ਅਗਰਸੈਨ ਨੂੰ ਜਨਮ ਦਿਨ ਦੀ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਮਹਾਰਾਜਾ ਅਗਰਸੈਨ ਵੱਲੋਂ ਸਮਾਜ ਸੁਧਾਰ ਲਈ ਕੀਤੇ ਗਏ ਕਾਰਜਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਸਭ ਨੂੰ ਉਨ੍ਹਾਂ ਵੱਲੋਂ ਪਾਏ ਗਏ ਪੂਰਨਿਆਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਮਹਾਰਾਜਾ ਅਗਰਸੈਨ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਸਮਾਜ ਵਿੱਚ ਚੰਗੇ ਕੰਮ ਕਰਨ ਦੀ ਪਿਰਤ ਪਾਈ ਗਈ ਸੀ ਤਾਂ ਜੁ ਸਮਾਜ ਇਕਜੁੱਟ ਰਹਿੰਦਿਆਂ ਹੋਰਨਾਂ ਲੋਕਾਂ ਦੀ ਸੇਵਾ ਭਾਵਨਾ ਵਧੀਆ ਤਰੀਕੇ ਨਾਲ ਕਰ ਸਕੇ। ਉਨ੍ਹਾਂ ਬਰਾਬਰਤਾ ਦਾ ਸੁਨੇਹਾ ਦਿੰਦਿਆਂ ਆਪਸੀ ਮਤਭੇਦ ਭੁਲਾ ਕੇ ਇਕੱਠੇ ਹੋ ਕੇ ਚੱਲਣ ਲਈ ਵੀ ਸੱਦਾ ਦਿੱਤਾ। ਇਸ ਤੋਂ ਪਹਿਲਾਂ 'ਆਪ' ਦੇ ਸੂਬਾ ਪ੍ਰਧਾਨ ਤੇ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਨੇ ਮਹਾਰਾਜਾ ਅਗਰਸੈਨ ਨੂੰ ਯਾਦ ਕਰਦਿਆਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਮਹਾਰਾਜਾ ਅਗਰਸੈਨ ਤੇ ਹੋਰ ਮਹਾਨ ਸ਼ਖ਼ਸੀਅਤਾਂ ਦੀ ਯਾਦ ਵਿੱਚ ਵਡਮੁੱਲੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਬੁਢਲਾਡਾ ਹਲਕੇ ਵਿੱਚ ਮਹਾਰਾਜਾ ਅਗਰਸੈਨ ਦੀ ਯਾਦ ਵਿੱਚ ਇੱਕ ਯਾਦਗਾਰੀ ਗੇਟ ਬਣਾਇਆ ਗਿਆ ਹੈ, ਜਿਸ ਨੂੰ ਜਲਦ ਹੀ ਲੋਕ ਸਮਰਪਤ ਕੀਤਾ ਜਾਵੇਗਾ। ਸਮਾਗਮ ਮੌਕੇ ਵਿਧਾਇਕ ਲਹਿਰਾਗਾਗਾ ਸ਼੍ਰੀ ਵਰਿੰਦਰ ਗੋਇਲ ਨੇ ਸੰਬੋਧਨ ਕਰਦਿਆਂ ਮਹਾਰਾਜਾ ਅਗਰਸੈਨ ਬਾਰੇ ਵਡਮੁੱਲੀ ਜਾਣਕਾਰੀ ਸਾਂਝੀ ਕੀਤੀ। ਇਸ ਦੌਰਾਨ ਸ਼੍ਰੀ ਅੰਕਿਤ ਬਾਂਸਲ ਵੱਲੋਂ ਪੁੱਜੀਆਂ ਸ਼ਖ਼ਸੀਅਤਾਂ ਨੂੰ ਜੀ ਆਇਆਂ ਤੇ ਵਿਧਾਇਕ ਬਠਿੰਡਾ (ਸ਼ਹਿਰੀ) ਜਗਰੂਪ ਸਿੰਘ ਗਿੱਲ ਵੱਲੋਂ ਧੰਨਵਾਦ ਕਰਦਿਆਂ ਮਹਾਰਾਜਾ ਅਗਰਸੈਨ ਸਬੰਧੀ ਆਪਣੇ ਵਡਮੁੱਲੇ ਵਿਚਾਰ ਸਾਂਝੇ ਕੀਤੇ ਗਏ। ਸਮਾਗਮ ਮੌਕੇ ਪਹੁੰਚੀਆਂ ਸਖ਼ਸ਼ੀਅਤਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਗਿਆ।

# ਸੂਚਨਾ ਕਮਿਸ਼ਨ ਵੱਲੋਂ ਕੀਤਾ ਜੁਰਮਾਨਾ ਭਰਨ ਤੋਂ ਨਗਰ ਕੌਂਸਲ ਨੇ ਵੱਟਿਆ ਪਾਸਾ

**ਰਿਕਾਰਡ ਖੁਰਦ-ਬੁਰਦ ਕਰਨ ਤੋਂ ਬਾਅਦ ਰਿਕਾਰਡ 'ਚ ਹੇਰ-ਫੇਰ ਕਰਨ ਦੀ ਤਿਆਰੀ**

**ਜੈਤੋ (ਸਤੀਸ਼ ਕੁਮਾਰ ਭੀਰੀ)**-ਨਗਰ ਕੌਂਸਲ, ਜੋ ਰਿਕਾਰਡ ਨੂੰ ਖੁਰਦ-ਬੁਰਦ ਕਰਨ, ਕਾਨੂੰਨ ਦੀਆਂ ਧੱਜੀਆਂ ਉਡਾਉਣ ਸਮੇਤ ਅਨੇਕਾਂ ਹੋਰ ਨਲਾਇਕੀਆਂ ਕਾਰਨ ਬਦਨਾਮੀ ਦੇ ਰਾਹ ਪੈ ਚੁੱਕੀ ਹੈ। ਨਗਰ ਕੌਂਸਲ ਵੱਲੋਂ ਆਪਣੀਆਂ ਕਾਨੂੰਨ ਨੂੰ ਨਹੀਂ ਮੰਨਣ ਦੀਆਂ ਕੋਝੀਆਂ ਹਰਕਤਾਂ ਤੋਂ ਬਾਜ ਨਹੀਂ ਆ ਰਹੀ। ਇਨ੍ਹਾਂ ਗੱਲਾਂ ਦੇ ਮੱਦੇਨਜ਼ਰ ਸੂਚਨਾ ਕਮਿਸ਼ਨ ਪੰਜਾਬ ਨੇ ਦਸੰਬਰ 2022 ਵਿੱਚ ਈ ਓ ਚੰਦਰ ਮੋਹਨ ਭਾਟੀਆ ਨੂੰ ਆਰ ਟੀ ਆਈ ਐਕਟ ਤਹਿਤ ਜਾਣਕਾਰੀ ਨਹੀਂ ਦੇਣ ਤੇ 10 ਹਜ਼ਾਰ ਰੁਪਏ ਜੁਰਮਾਨਾ ਕੀਤਾ ਗਿਆ ਸੀ। ਹਨੇਰ ਸਾਈਂ ਦਾ ਇਹ ਕਿ ਇਸ ਜੁਰਮਾਨੇ ਪ੍ਰਤੀ ਚੰਦਰ ਮੋਹਨ ਭਾਟੀਆ ਦੀ ਸਰਵਿਸ ਬੁੱਕ ਵਿੱਚ ਦਰਜ ਕਰਨਾ ਤਾਂ ਬਹੁਤ ਦੂਰ ਦੀ ਗੱਲ ਹੈ, ਸਗੋਂ ਸੂਚਨਾ ਕਮਿਸ਼ਨ ਵਿੱਚ 10 ਮਹੀਨੇ ਦੇ ਲਗਭਗ ਬੀਤ ਜਾਣ 'ਤੇ ਵੀ ਜੁਰਮਾਨਾ ਭਰਨਾ ਮੁਨਾਸਿਬ ਨਹੀਂ ਸਮਝਿਆ ਗਿਆ ਅਤੇ ਨਾ ਹੀ ਅੱਜ ਤੱਕ ਆਰ ਟੀ ਆਈ ਕਾਰਕੁੰਨ ਵੱਲੋਂ ਆਰ ਟੀ ਆਈ ਐਕਟ ਤਹਿਤ ਮੰਗੀ ਗਈ ਸੂਚਨਾ ਦੇਣਾ ਜ਼ਰੂਰੀ ਸਮਝਿਆ ਗਿਆ। ਉਸ ਕੇਸ ਦੀ ਸੁਣਵਾਈ ਦੌਰਾਨ ਸੂਚਨਾ ਕਮਿਸ਼ਨ ਵੱਲੋਂ ਸਖਤ ਰੁਖ ਅਖਤਿਆਰ ਕਰਦੇ ਹੋਏ ਨਗਰ ਕੌਂਸਲ ਜੈਤੋ ਦੇ ਪੀ ਆਈ ਓ ਕਮ ਕਾਰਜ ਸਾਧਕ ਅਫ਼ਸਰ ਨੂੰ ਦਸ ਹਜ਼ਾਰ ਪਹਿਲਾਂ ਕੀਤਾ ਗਿਆ ਜੁਰਮਾਨਾ ਤੇ 15 ਹਜ਼ਾਰ ਹੋਰ ਜੁਰਮਾਨਾ ਕਰਦੇ ਹੋਏ ਕੁੱਲ 25 ਹਜ਼ਾਰ ਰੁਪਏ ਜੁਰਮਾਨਾ ਭਰਨ ਤੇ ਇਸਦੇ ਨਾਲ ਹੀ ਅਪੀਲ ਕਰਤਾ ਨੂੰ 20 ਦਿਨਾਂ ਅੰਦਰ ਬਣਦੀ ਸੂਚਨਾ ਦੇਣ ਲਈ ਹੁਕਮ ਜਾਰੀ ਕੀਤਾ ਗਿਆ। ਇਸ ਦੇ ਨਾਲ ਹੀ ਇੱਕ ਹੋਰ ਆਰ ਟੀ ਆਈ ਕਾਰਕੁੰਨ ਨੂੰ ਸੂਚਨਾ ਨਹੀਂ ਦੇਣ ਕਰਕੇ 25 ਹਜ਼ਾਰ ਰੁਪਏ ਦਾ ਨਗਰ ਕੌਂਸਲ ਜੈਤੋ ਨੂੰ ਜੁਰਮਾਨਾ ਕੀਤਾ ਗਿਆ ਹੈ। ਵਰਨਣਯੋਗ ਹੈ ਕਿ ਨਗਰ ਕੌਂਸਲ ਵੱਲੋਂ ਨਾ ਕੇਵਲ ਆਪਣੀ ਨਲਾਇਕੀ ਕਾਰਨ ਸਾਰੇ ਪੰਜਾਬ ਵਿੱਚ ਕਿਰਕਿਰੀ ਕਰਾਈ ਜਾ ਰਹੀ ਹੈ, ਸਗੋਂ ਆਪਣੀ ਭ੍ਰਿਸ਼ਟ ਸੋਚ ਕਰਕੇ ਵੱਡੇ ਪੱਧਰ 'ਤੇ ਵਿੱਤੀ ਨੁਕਸਾਨ ਵੀ ਕਰਾਇਆ ਜਾ ਰਿਹਾ ਹੈ। ਨਗਰ ਕੌਂਸਲ ਦੇ ਅੰਦਰਲੇ ਸੂਤਰਾਂ ਅਨੁਸਾਰ ਦੱਸਣਾ ਬਣਦਾ ਹੈ ਕਿ ਨਗਰ ਕੌਂਸਲ ਵੱਲੋਂ ਸੂਚਨਾ ਨਾ ਦੇਣ ਦਾ ਸਭ ਤੋਂ ਵੱਡਾ ਕਾਰਨ ਇਹ ਹੈ ਕਿ ਇਸ ਦੇ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੇ ਕੀਤੇ ਭ੍ਰਿਸ਼ਟਾਚਾਰ ਨੂੰ ਉਜਾਗਰ ਹੋਣ ਤੋਂ ਰੋਕਣ ਲਈ ਵੱਡੀ ਪੱਧਰ 'ਤੇ ਨਾ ਕੇਵਲ ਰਿਕਾਰਡ ਨੂੰ ਖੁਰਦ-ਬੁਰਦ ਕਰ ਦਿੱਤਾ ਹੈ, ਸਗੋਂ ਆਪਣੇ ਮਹੱਤਵਪੂਰਨ ਰਜਿਸਟਰਾਂ ਦੇ ਸੀਰੀਅਲ ਨੰਬਰਾਂ ਵਿਚਕਾਰ ਅਨੇਕਾਂ ਗੈਪ ਰੱਖ ਕੇ ਇੱਕ ਹੋਰ ਵੱਡੇ ਮਹਾਂ ਘੁਟਾਲੇ ਨੂੰ ਅੰਜਾਮ ਦੇਣ ਦੀ ਤਿਆਰੀ ਕੀਤੀ ਜਾ ਰਹੀ ਹੈ, ਜਿਸ ਸਬੰਧੀ ਉੱਚ ਅਧਿਕਾਰੀਆਂ ਨੂੰ ਜਾਣਕਾਰੀ ਹੋਣ ਦੇ ਬਾਵਜੂਦ ਅੱਖੋਂ-ਪਰੋਖੇ ਕਰਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

ਅੰਤ ਵਿੱਚ ਦੱਸਣਾ ਬਣਦਾ ਹੈ ਕਿ ਨਗਰ ਕੌਂਸਲ ਵੱਲੋਂ ਵੱਖ ਵੱਖ ਕਿਰਾਏਦਾਰਾਂ ਨੂੰ ਦਿੱਤੀਆਂ ਗਈਆਂ ਪ੍ਰਾਪਰਟੀਆਂ ਵੱਲ ਕਰੋੜਾਂ ਰੁਪਏ ਦੇ ਬਕਾਏ ਦੀ ਲੈਣਦਾਰੀ ਨੂੰ ਵਸੂਲ ਕਰਨ ਦੀ ਥਾਂ 'ਤੇ ਲਿਹਾਜ਼ ਪੁਗਾਉਣ ਲਈ ਪਹਿਲ ਦਿੱਤੀ ਜਾ ਰਹੀ ਹੈ।

# ਬਿਜਲੀ ਦੇ ਨਿੱਜੀਕਰਨ ਨਾਲ ਪੈਣ ਵਾਲੇ ਮਾੜੇ ਪ੍ਰਭਾਵਾਂ ਵਿਰੁੱਧ ਕੀਤੀ ਜਾਵੇਗੀ ਲਾਮਬੰਦੀ : ਕੂੰਮ ਕਲਾਂ



**ਸਮਰਾਲਾ (ਸੁਰਜੀਤ ਸਿੰਘ)**-ਸੈਂਟਰ ਆਫ਼ ਇੰਡੀਅਨ ਟਰੇਡ ਯੂਨੀਅਨਜ ਦੀ ਪੰਜਾਬ ਰਾਜ ਕਮੇਟੀ (ਸੀਟੂ) ਦੀ ਸੂਬਾਈ ਵਰਕਿੰਗ ਕਮੇਟੀ ਦੀ ਮੀਟਿੰਗ ਸੂਬਾਈ ਪ੍ਰਧਾਨ ਸਾਥੀ ਮਹਾਂ ਸਿੰਘ ਰੌੜੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਆਲ ਇੰਡੀਆ ਸੀਟੂ ਦੇ ਪ੍ਰਧਾਨ ਡਾਕਟਰ ਹੇਮ ਲਤਾ ਤੇ ਜਨਰਲ ਸਕੱਤਰ ਸਾਬਕਾ ਪਾਰਲੀਮੈਂਟ ਮੈਂਬਰ ਸਾਥੀ ਤਪਨਸੇਨ ਜੀ ਤੇ ਕੁਲ ਹਿੰਦ ਸਕੱਤਰ ਭੈਣ ਊਸ਼ਾ ਰਾਣੀ ਪੰਜਾਬ ਸੀਟੂ ਨੂੰ ਬਦਲੀਆਂ ਹਾਲਤਾਂ ਤੇ ਮਜ਼ਦੂਰ ਜਮਾਤ ਸਾਹਮਣੇ ਨਵੀਂਆਂ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਦਿਸ਼ਾ ਤੇ ਦਸ਼ਾ ਦੇਣ ਪੁੱਜੇ। ਸੀਟੂ ਦੇ ਸੂਬਾਈ ਜਨਰਲ ਸਕੱਤਰ ਸਾਥੀ ਚੰਦਰ ਸ਼ੇਖਰ ਤੇ ਸੂਬਾ ਸਕੱਤਰ ਸਾਥੀ ਅਮਰਨਾਥ ਕੂੰਮਕਲਾਂ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਬਿਜਲੀ ਦੇ ਨਿੱਜੀਕਰਨ ਵਿਰੁੱਧ ਪੰਜਾਬ ਦੇ ਸਾਰੇ ਬਿਜਲੀ ਦਫ਼ਤਰਾਂ ਦੇ ਸਾਹਮਣੇ ਵਿਸ਼ਾਲ ਧਰਨੇ ਲਾਉਣ ਦਾ ਆਯੋਜਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਬਿਜਲੀ ਪ੍ਰਾਈਵੇਟ ਹੱਥਾਂ ਵਿੱਚ ਦੇਣ ਨਾਲ ਕਿਸਾਨਾਂ ਨੂੰ ਮੋਟਰਾਂ ਤੇ ਮਿਲਣ ਵਾਲੀ ਫਰੀ ਬਿਜਲੀ ਦੀ ਸਹੂਲਤ ਖਤਮ ਕਰ ਦਿੱਤੀ ਜਾਵੇਗੀ, ਘਰਾਂ ਵਿੱਚ ਪ੍ਰੀਪੇਡ ਮੀਟਰ ਲਾ ਕੇ ਮੋਬਾਇਲ ਦੀ ਤਰ੍ਹਾਂ ਪਹਿਲਾਂ ਰੀਚਾਰਜ ਕਰੋਗੇ ਤਾਂ ਬਿਜਲੀ ਆਵੇਗੀ। ਇਸ ਨਾਲ 300 ਯੂਨਿਟ ਦੀ ਸਬਸਿਡੀ ਵੀ ਖਤਮ ਕਰ ਦਿੱਤੀ ਜਾਵੇਗੀ, ਬਿਜਲੀ ਦਾ ਰੇਟ 50/-ਰੁਪਏ ਪ੍ਰਤੀ ਯੂਨਿਟ ਕਰ ਦਿੱਤਾ ਜਾਵੇਗਾ, ਜਿਸ ਨਾਲ ਮਜ਼ਦੂਰ, ਕਿਸਾਨ, ਦੁਕਾਨਦਾਰ, ਵਪਾਰੀ ਆਮ ਲੋਕਾਂ ਲਈ ਬਿਜਲੀ ਸੁਪਨਾ ਬਣ ਕੇ ਰਹਿ ਜਾਵੇਗੀ। ਸੀਟੂ ਆਗੂਆਂ ਨੇ ਕਿਹਾ ਕਿ ਉਹ ਲੋਕਾਂ ਦੇ ਸਹਿਯੋਗ ਨਾਲ ਸਰਕਾਰ ਦੇ ਇਸ ਲੋਕ ਮਾਰੂ ਫੈਸਲੇ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ ਤੇ ਸੀਟੂ ਪ੍ਰੀਪੇਡ ਮੀਟਰ ਨਹੀਂ ਲੱਗਣ ਦੇਵੇਗੀ। ਭਾਵੇਂ ਉਨ੍ਹਾਂ ਨੂੰ ਫਿਜ਼ੀਕਲੀ ਲੜਾਈ ਵੀ ਲੜਨੀ ਪਵੇ। ਸੀਟੂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 20 ਸਤੰਬਰ ਨੂੰ ਮਜ਼ਦੂਰ, ਮੁਲਾਜ਼ਮ ਵਿਰੋਧੀ ਨੋਟੀਫਿਕੇਸ਼ਨ ਜਾਰੀ ਕਰਕੇ 8 ਘੰਟੇ ਤੋਂ ਕੰਮ ਕਰਨ ਦਾ ਸਮਾਂ ਵਧਾ ਕੇ 12 ਘੰਟੇ ਕਰਨ ਵਿਰੁੱਧ ਤੇ ਮਿਨੀਮਮ ਵੇਜ ਘੱਟੋ-ਘੱਟ 26000/- ਰੁਪਏ ਸਾਰੇ ਵਰਕਰਾਂ ਲਈ ਕਰਾਉਣ ਵਾਸਤੇ ਦੀਵਾਲੀ ਤੋਂ ਫੌਰੀ ਬਾਅਦ ਮੋਹਾਲੀ ਵਿਖੇ ਲੇਬਰ ਕਮਿਸ਼ਨਰ ਦੇ ਦਫ਼ਤਰ ਸਾਹਮਣੇ ਹਜ਼ਾਰਾਂ ਦੀ ਗਿਣਤੀ ਵਿੱਚ ਇਕੱਠੇ ਹੋ ਕੇ ਹੱਕ ਸੱਚ ਇਨਸਾਫ਼ ਲਈ ਅਵਾਜ਼ ਬੁਲੰਦ ਕੀਤੀ ਜਾਵੇਗੀ। ਸੰਯੁਕਤ ਕਿਸਾਨ ਮੋਰਚੇ ਵੱਲੋਂ ਤੇ ਮਜ਼ਦੂਰਾਂ ਦੇ ਦੇਸ਼ਵਿਆਪੀ 11 ਟਰੇਡ ਯੂਨੀਅਨਾਂ ਦੇ ਸਾਂਝੇ ਮੋਰਚੇ ਵੱਲੋਂ ਸਾਰੀਆਂ ਫ਼ਸਲਾਂ ਤੇ ਐਮ.ਐਸ.ਪੀ ਲਾਗੂ ਕਰਾਉਣ ਲਈ, ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਲਾਗੂ ਕਰਾਉਣ ਲਈ, ਕਿਸਾਨਾਂ ਉਪਰ ਬਣਾਏ ਝੂਠੇ ਕੇਸ ਵਾਪਸ ਕਰਾਉਣ ਲਈ, ਕੇਂਦਰ ਦੀ ਮੋਦੀ ਸਰਕਾਰ ਵਲੋਂ ਮਜ਼ਦੂਰ ਪੱਖੀ 29 ਕਾਨੂੰਨ ਤੋੜ ਕੇ ਪੂੰਜੀਪਤੀਆਂ ਦੇ ਹੱਕ ਵਿੱਚ ਬਣਾਏ 4 ਲੇਬਰ ਕੋਡ ਵਾਪਸ ਕਰਾਉਣ ਲਈ 26-27-28 ਨਵੰਬਰ ਨੂੰ ਮਹਾਂ ਪੜਾਅ ਵਿੱਚ ਸੀਟੂ ਵਰਕਰ ਤਿੰਨੇ ਦਿਨ ਲਗਾਤਾਰ ਲਾਏ ਜਾਣ ਵਾਲੇ ਮੋਰਚੇ ਵਿੱਚ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ।

17-OCT-PAGE-7.qxd 10/16/2023 10:25 PM Page 1



# ਹਸਤਾ ਕਲਾਂ 'ਚ ਗੁੰਡਾਗਰਦੀ, ਪਹਿਲਾਂ ਰਸਤੇ 'ਚ ਘੇਰਿਆ ਤੇ ਫਿਰ ਘਰ 'ਤੇ ਕੀਤਾ ਹਮਲਾ


ਜਾਣਕਾਰੀ ਦਿੰਦਾ ਪੀੜਤ ਪਰਵਾਰ।

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**
ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਹਸਤਾ ਕਲਾਂ 'ਚ ਕੁਝ ਲੋਕਾਂ ਵੱਲੋਂ ਗੁੰਡਾਗਰਦੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਮਾਮਲਾ ਕੁਝ ਅਜਿਹਾ ਹੈ ਕਿ ਪਿੰਡ ਹਸਤਾ ਕਲਾਂ ਦੇ ਰਹਿਣ ਵਾਲੇ ਇੱਕ ਵਿਆਹੁਤਾ ਨੌਜਵਾਨ ਦੇ ਉਸੇ ਪਿੰਡ ਦੀ ਹੀ ਇੱਕ ਔਰਤ ਨਾਲ ਸਬੰਧ ਸਨ। ਉਸ ਨਾਲ ਵਿਆਹ ਕਰਨ ਦੀ ਇੱਛਾ ਕਾਰਨ ਨੌਜਵਾਨ ਨੇ ਉਸ ਔਰਤ ਨਾਲ ਸਬੰਧ ਤੋੜ ਲਏ, ਜਿਸ ਤੋਂ ਬਾਅਦ ਔਰਤ ਤੇ ਉਸ ਦੇ ਵਿਚਕਾਰ ਦੁਸ਼ਮਣੀ ਪੈਦਾ ਹੋ ਗਈ। ਨੌਜਵਾਨ ਅਨੁਸਾਰ ਇਸੇ ਗੱਲ ਨੂੰ ਲੈ ਕੇ ਕੁਝ ਵਿਅਕਤੀਆਂ ਨੇ ਉਸ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ, ਜਿਸ ਵਿੱਚ ਉਹ ਵਾਲ-ਵਾਲ ਬਚ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੰਗਾ ਸਿੰਘ ਵਾਸੀ ਪਿੰਡ ਹਸਤਾ ਕਲਾਂ ਤੇ ਉਸ ਦੇ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਸ ਕੋਲ ਇੱਕ ਛੋਟਾ ਹਾਥੀ ਹੈ, ਜਿਸ ਨੂੰ ਉਹ ਸ਼ਨੀਵਾਰ ਮੱਸਿਆ ਵਾਲੇ ਦਿਨ ਆਪਣੇ ਪਰਿਵਾਰਕ ਮੈਂਬਰਾਂ ਤੇ ਕੁਝ ਪਿੰਡ ਵਾਸੀਆਂ ਨਾਲ ਅਰਨੀਵਾਲਾ ਲੈ ਕੇ ਗਿਆ ਸੀ। ਜਦੋਂ ਉਹ ਉਥੋਂ ਵਾਪਸ ਆ ਰਿਹਾ ਸੀ ਤਾਂ ਤੇਜ਼ਧਾਰ ਹਥਿਆਰਾਂ ਨਾਲ ਲੈਸ 50-60 ਵਿਅਕਤੀਆਂ ਨੇ ਉਸ ਨੂੰ ਘੇਰ ਲਿਆ ਤੇ ਹਮਲਾ ਕਰ ਦਿੱਤਾ। ਇਸ ਤੋਂ ਬਾਅਦ ਉਸ ਨੇ ਆਪਣੇ ਛੋਟੇ ਹਾਥੀ ਨੂੰ ਉਥੋਂ ਭਜਾ ਲਿਆ ਤੇ ਉਹ ਆਪਣੇ ਛੋਟੇ ਹਾਥੀ ਦੇ ਨਾਲ ਪਿੰਡ ਦੇ ਇੱਕ ਘਰ ਵਿੱਚ ਦਾਖਲ ਹੋ ਗਿਆ। ਇਸ ਤੋਂ ਬਾਅਦ ਪਿੱਛਾ ਕਰ ਰਹੇ ਲੋਕ ਉਥੋਂ ਚਲੇ ਗਏ। ਇਸ ਤੋਂ ਬਾਅਦ ਜਦੋਂ ਉਹ ਆਪਣੇ ਘਰ ਪਹੁੰਚਿਆ ਤਾਂ ਕਰੀਬ 20 ਵਿਅਕਤੀਆਂ ਨੇ ਉਨ੍ਹਾਂ ਦੇ ਘਰ 'ਤੇ ਹਮਲਾ ਕਰ ਦਿੱਤਾ। ਇਸ ਦੌਰਾਨ ਉਨ੍ਹਾਂ ਦੇ ਘਰ ਦੇ ਬਾਹਰ ਖੜੇ ਛੋਟੇ ਹਾਥੀ ਦਾ ਸ਼ੀਸ਼ਾ ਤੋੜ ਦਿੱਤਾ ਤੇ ਘਰ 'ਚ ਇੱਟਾਂ ਚਲਾਈਆਂ ਤੇ ਉਸ ਨੇ ਗੁਆਂਢੀਆਂ ਦੇ ਘਰ ਜਾ ਕੇ ਆਪਣੀ ਜਾਨ ਬਚਾਈ। ਮੰਗਾ ਸਿੰਘ ਨੇ ਦੱਸਿਆ ਕਿ ਇਸ ਲੜਾਈ ਦਾ ਕਾਰਨ ਇਹ ਸੀ ਕਿ ਉਸ ਦੇ ਇਸੇ ਪਿੰਡ ਦੀ ਹੀ ਇੱਕ ਔਰਤ ਨਾਲ ਸਬੰਧ ਸਨ। ਕਰੀਬ ਇਕ ਸਾਲ ਪਹਿਲਾਂ ਉਸ ਨੇ ਉਸ ਔਰਤ ਨਾਲ ਵਿਆਹ ਕਰਵਾਉਣ ਦੇ ਵਿਚਾਰ 'ਤੇ ਉਸ ਨਾਲ ਸਬੰਧ ਤੋੜ ਲਏ। ਹੁਣ ਔਰਤ ਅਰਨੀਵਾਲਾ ਦੇ ਇੱਕ ਵਿਅਕਤੀ ਨਾਲ ਸਬੰਧਾਂ ਵਿੱਚ ਰਹਿ ਰਹੀ ਹੈ। ਉਸ ਨੇ ਦੋਸ਼ ਲਾਇਆ ਹੈ ਕਿ ਇਹ ਉਹੀ ਵਿਅਕਤੀ ਹੀ ਸੀ, ਜਿਸ ਨੇ ਉਕਤ ਔਰਤ ਦੇ ਕਹਿਣ 'ਤੇ ਉਸ 'ਤੇ ਹਮਲਾ ਕੀਤਾ। ਉਨ੍ਹਾ ਮੰਗ ਕੀਤੀ ਕਿ ਦੋਸ਼ੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਨੂੰ ਇਨਸਾਫ ਦਿਵਾਇਆ ਜਾਵੇ।

# ਨਜਾਇਜ਼ ਸ਼ਰਾਬ ਤਸਕਰਾਂ ਦੀ ਗੱਡੀ ਦੁਰਘਟਨਾਗ੍ਰਸਤ

## 27 ਪੇਟੀਆਂ ਸ਼ਰਾਬ ਸਮੇਤ ਤਿੰਨ ਗ੍ਰਿਫ਼ਤਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ 27 ਪੇਟੀਆਂ ਨਜਾਇਜ਼ ਸ਼ਰਾਬ ਸਮੇਤ ਜਸਕਰਨ ਸਿੰਘ ਢਾਂਗਾ, ਫੁਰਮਾਨ ਸ਼ਾਹ ਤੇ ਅਹਿਸਾਨ ਵਾਸੀ ਕੁੰਮਕਲਾਂ ਨੂੰ ਗ੍ਰਿਫਤਾਰ ਕੀਤਾ ਹੈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਸੰਤੋਖ ਸਿੰਘ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਕੁਲਦੀਪ ਸਿੰਘ ਵੱਲੋਂ ਪੁਲਸ ਪਾਰਟੀ ਸਮੇਤ ਗਸ਼ਤ ਕੀਤੀ ਜਾ ਰਹੀ ਸੀ ਤਾਂ ਕਿਸੇ ਮੁਖ਼ਬਰ ਨੇ ਸੂਚਨਾ ਦਿੱਤੀ ਕਿ ਜਸਕਰਨ ਸਿੰਘ, ਫੁਰਮਾਨ ਸ਼ਾਹ ਤੇ ਅਹਿਸਾਨ, ਜੋ ਕਿ ਸ਼ਰਾਬ ਵੇਚਣ ਦੇ ਆਦੀ ਹਨ ਤੇ ਅੱਜ ਵੀ ਕਾਰ ਰਾਹੀਂ ਚੰਡੀਗੜ੍ਹ ਤੋਂ ਸਸਤੇ ਭਾਅ ਸ਼ਰਾਬ ਲਿਆ ਕੇ ਮਾਛੀਵਾੜਾ ਵਿਖੇ ਵੇਚਣ ਲਈ ਆ ਰਹੇ ਸਨ। ਇਨ੍ਹਾਂ ਦੀ ਕਾਰ ਪਿੰਡ ਉਰਨਾ ਮੋੜ ਨੇੜੇ ਦੁਰਘਟਨਾ ਦਾ ਸ਼ਿਕਾਰ ਹੋ ਗਈ, ਜਿਸ ਵਿੱਚ ਇਹ ਤਿੰਨੋਂ ਜ਼ਖ਼ਮੀ ਵੀ ਹੋ ਗਏ। ਪੁਲਸ ਵੱਲੋਂ ਮੌਕੇ 'ਤੇ ਜਾ ਕੇ ਇਨ੍ਹਾਂ ਨੂੰ ਕਾਬੂ ਕਰ ਲਿਆ ਗਿਆ ਤੇ ਕਾਰ ਦੀ ਤਲਾਸ਼ੀ ਦੌਰਾਨ ਉਸ 'ਚੋਂ 27 ਪੇਟੀਆਂ ਨਜਾਇਜ਼ ਸ਼ਰਾਬ ਬਰਾਮਦ ਹੋਈਆਂ।

ਜਾਣਕਾਰੀ ਅਨੁਸਾਰ ਨਜਾਇਜ਼ ਸ਼ਰਾਬ ਲੈ ਕੇ ਆ ਰਹੇ ਤਸਕਰਾਂ ਨੂੰ ਲੱਗਿਆ ਕਿ ਕੋਈ ਉਨ੍ਹਾਂ ਦਾ ਪਿੱਛਾ ਕਰ ਰਿਹਾ ਹੈ ਤੇ ਉਨ੍ਹਾਂ ਨੇ ਆਪਣੀ ਕਾਰ ਤੇਜ਼ੀ ਨਾਲ ਭਜਾਉਣੀ ਸ਼ੁਰੂ ਕਰ ਦਿੱਤੀ, ਜੋ ਬੇਕਾਬੂ ਹੋ ਕੈਂਟਰ ਨਾਲ ਜਾ ਟਕਰਾਈ। ਥਾਣਾ ਮੁਖੀ ਸੰਤੋਖ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਇਨ੍ਹਾਂ ਕਥਿਤ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਨ ਤੋਂ ਬਾਅਦ ਰਿਮਾਂਡ 'ਤੇ ਲਿਆਂਦਾ ਜਾਵੇਗਾ ਤੇ ਹੋਰ ਪੁੱਛਗਿੱਛ ਕੀਤੀ ਜਾਵੇਗੀ।

# ਸਕੂਲ ਆਫ ਐਮੀਨੈਂਸ ਦੇ ਨਾਂਅ ਹੇਠ ਸੈਂਕੜੇ ਸਕੂਲਾਂ ਦਾ ਉਜਾੜਾ ਨਹੀਂ ਹੋਣ ਦਿੱਤਾ ਜਾਵੇਗਾ : ਜੰਬਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਕ) ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਪ੍ਰਧਾਨ ਪਰਗਟ ਸਿੰਘ ਜੰਬਰ, ਜਰਨਲ ਸਕੱਤਰ ਗੁਰਪ੍ਰੀਤ ਸਿੰਘ ਸੰਧੂ, ਸੰਜੇ ਕੁਮਾਰ, ਗਗਨਦੀਪ ਸਿੰਘ ਬਰਾੜ, ਅਜੀਤਪਾਲ ਸਿੰਘ, ਸੁਮੇਸ਼ ਕੁਮਾਰ ਤੇ ਵਿਨੋਦ ਸ਼ਰਮਾ ਨੇ ਸੂਬਾ ਸਰਕਾਰ 'ਤੇ ਦੋਸ਼ ਲਾਇਆ ਕਿ ਉਹ ਆਪਣੇ ਰਾਜਨੀਤਕ ਸੁਪਨਿਆਂ ਦੀ ਪੂਰਤੀ ਲਈ ਪੰਜਾਬ ਦੇ ਬਹੁ-ਗਿਣਤੀ ਸਕੂਲਾਂ ਦਾ ਉਜਾੜਾ ਕਰ ਰਹੀ ਹੈ। ਪਿਛਲੀਆਂ ਸਰਕਾਰਾਂ ਦੇ ਨਕਸ਼ੇ ਕਦਮ ਅਤੇ ਨਵੀਂ ਸਿੱਖਿਆ ਨੀਤੀ ਦੇ ਮਾਡਲ ਦੀ ਪੂਰਤੀ ਲਈ ਮਿਡਲ ਸਕੂਲਾਂ ਨੂੰ ਤਬਾਹ ਕਰਨ ਵੱਲ ਤੁਰ ਪਈ ਹੈ, ਜਿਸ ਨੂੰ ਗੌਰਮਿੰਟ ਟੀਚਰ ਯੂਨੀਅਨ ਵਿਗਿਆਨਕ ਪੰਜਾਬ ਬਰਦਾਸ਼ਤ ਨਹੀਂ ਕਰੇਗੀ। ਨਵਦੀਪ ਸਿੰਘ ਸੁੱਖੀ, ਭੁਪਿੰਦਰ ਸਿੰਘ, ਬਲਜਿੰਦਰ ਸਿੰਘ ਨੇ ਕਿਹਾ ਕਿ ਸਕੂਲ ਆਫ ਐਮੀਨੈਂਸ ਦੇ ਪ੍ਰੋਜੈਕਟ ਦੇ ਨਾਂਅ 'ਤੇ ਪੰਜਾਬ ਦੇ ਮਿਡਲ ਸਕੂਲ ਦਾ ਸਿੱਖਿਆ ਢਾਂਚਾ ਖਤਮ ਕੀਤਾ ਜਾ ਰਿਹਾ ਹੈ। ਇਹ ਵਿਤਕਰੇ ਭਰਪੂਰ ਸਿੱਖਿਆ ਮਾਡਲ ਦੇ ਨਾਂਅ ਹੇਠ ਨਵੀਂ ਸਿੱਖਿਆ ਨੀਤੀ ਨੂੰ ਪੰਜਾਬ ਦੇ ਸਕੂਲਾਂ ਵਿੱਚ ਥੋਪਿਆ ਜਾ ਰਿਹਾ ਹੈ, ਜਿਸ ਤਹਿਤ 117 ਸਕੂਲਾਂ ਨੂੰ ਦਿੱਲੀ ਮਾਡਲ ਬਣਾਉਣ ਦੇ ਅਧੀਨ 19117 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕਰਕੇ ਉਨ੍ਹਾਂ ਤੋਂ ਸਿੱਖਿਆ ਸਹੂਲਤਾਂ ਨੂੰ ਖੋਹਿਆ ਜਾ ਰਿਹਾ ਹੈ। ਸਕੂਲ ਆਫ ਐਮੀਨੈਂਸ ਦੇ ਨਾਂਅ ਹੇਠ ਸਕੂਲੀ ਬੱਚਿਆਂ ਨਾਲ ਪਹਿਲਾਂ ਸਕੂਲ ਵਰਦੀ 'ਚ ਵੀ ਵਿਤਕਰਾ ਕਰਕੇ ਸਰਕਾਰੀ ਸਕੂਲ ਦੇ ਬੱਚਿਆਂ ਨੂੰ ਪ੍ਰਤੀ ਬੱਚਾ 600 ਰੁਪਏ ਤੇ ਸਕੂਲ ਆਫ ਐਮੀਨੈਂਸ ਦੇ ਵਿਦਿਆਰਥੀ ਨੂੰ 4000 ਰੁਪਏ ਪ੍ਰਤੀ ਵਿਦਿਆਰਥੀ ਵਰਦੀ ਲਈ ਦਿੱਤਾ ਗਿਆ। ਹੁਣ ਉਨ੍ਹਾਂ ਸਕੂਲਾਂ ਦੀ ਸਿੱਖਿਆ ਪੂਰਤੀ ਲਈ ਹੋਰ ਸਕੂਲਾਂ ਦੇ ਅਧਿਆਪਕਾਂ ਦੀ ਜਬਰੀ ਬਦਲੀ ਕਰ ਦਿੱਤੀ ਗਈ ਹੈ। ਮਿਡਲ ਸਕੂਲਾਂ ਵਿੱਚੋਂ ਆਰਟ ਐਂਡ ਕਰਾਫਟ ਅਧਿਆਪਕ ਚੁੱਕ ਦਿੱਤੇ ਗਏ ਹਨ। ਜਥੇਬੰਦਕ ਸਕੱਤਰ ਸੁਮੇਸ਼ ਕੁਮਾਰ, ਗੁਰਵਿੰਦਰ ਸਿੰਘ, ਪਰਵਿੰਦਰ ਸਿੰਘ, ਜਸਵਿੰਦਰ ਸਿੰਘ, ਸਤਨਾਮ ਸਿੰਘ, ਨਵਦੀਪ ਅਹੂਜਾ, ਭੋਲਾ ਸਿੰਘ, ਅਰੁਨਦੀਪ ਸਿੰਘ, ਨੇਮਪਾਲ ਗਿੱਲ ਨੇ ਕਿਹਾ ਕਿ ਅਧਿਆਪਕਾਂ ਦੀ ਕਮੀ ਨਾਲ ਜੂਝ ਰਹੇ ਸਰਕਾਰੀ ਸਕੂਲਾਂ ਵਿੱਚ ਨਵੀਂ ਭਰਤੀ ਕਰਨ ਦੀ ਬਜਾਏ ਸਕੂਲ ਆਫ ਐਮੀਨੈਂਸ ਵਿੱਚ ਅਧਿਆਪਕਾਂ ਨੂੰ ਇੱਧਰ ਉੱਧਰੋਂ ਸ਼ਿਫਟ ਕਰਕੇ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਦੇ ਇਸ਼ਤਿਹਾਰ ਛਾਪੇ ਜਾ ਰਹੇ ਹਨ। ਜਥੇਬੰਦੀ ਮੰਗ ਕਰਦੀ ਹੈ ਕਿ ਸਰਕਾਰ ਭੇਦ-ਭਾਵ ਦੀ ਨੀਤੀ ਛੱਡ ਕੇ ਪੰਜਾਬ ਭਰ ਵਿੱਚ ਖਾਲੀ ਪਈਆਂ ਪੋਸਟਾਂ ਨੂੰ ਭਰ ਦੀ ਪ੍ਰਕਿਰਿਆ ਤੁਰੰਤ ਸ਼ੁਰੂ ਕਰੇ ਤੇ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਬਰਾਬਰ ਸਿੱਖਿਆ ਦੇਣ ਦੇ ਅਧਿਕਾਰ ਬਾਬਤ ਇਹ ਬਦਲੀਆਂ ਤੁਰੰਤ ਰੱਦ ਕਰੇ।

## ਕਾਤਰਾਂ

### ਸਲਾਈਟ ਮੁਲਾਜ਼ਮ ਆਗੂ ਜਗਦੀਸ਼ ਚੰਦ ਨੂੰ ਸਦਮਾ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸਲਾਈਟ ਇੰਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਜਗਦੀਸ਼ ਚੰਦ ਤੇ ਅਧਿਆਪਕਾ ਨੀਨਾ ਸ਼ਰਮਾ ਨੂੰ ਉਸ ਵੇਲੇ ਦੋਹਰਾ ਸਦਮਾ ਲੱਗਿਆ, ਜਦੋਂ ਉਨ੍ਹਾਂ ਦੇ ਪਿਤਾ ਕਾਂਸ਼ੀ ਰਾਮ ਵੀ ਪਰਿਵਾਰ ਨੂੰ ਵਿਛੋੜਾ ਦੇ ਗਏ। ਅਜੇ ਦੋ ਦਿਨ ਪਹਿਲਾਂ ਹੀ ਉਨ੍ਹਾਂ ਦੇ ਮਾਤਾ ਦਾ ਦਿਹਾਂਤ ਹੋਇਆ ਹੈ। ਪਰਵਾਰ 'ਤੇ ਪਈ ਦੂਹਰੀ ਮਾਰ 'ਤੇ ਦੁੱਖ ਪਗਟ ਕਰਦਿਆਂ ਜਥੇਬੰਦੀ ਦੇ ਪਧਾਨ ਜੁਝਾਰ ਲੌਂਗੋਵਾਲ, ਨਵਦੀਪ ਗਰਗ, ਸਤਪਾਲ ਸਿੰਘ, ਰਾਮ ਕਰਨ ਆਦਿ ਆਗੂਆਂ ਨੇ ਕਿਹਾ ਇੱਕ ਹਫਤੇ ਵਿੱਚ ਹੀ ਦੋ ਮੁੱਖ ਮੈਂਬਰਾਂ ਦਾ ਫੌਤ ਹੋ ਜਾਣਾ ਬੇਹੱਦ ਦੁੱਖਦਾਇਕ ਹੈ। ਇਕੱਠਿਆਂ ਪ੍ਰਾਣ ਤਿਆਗਣਾ ਪ੍ਰਪੱਕ ਸਨੇਹ ਦਾ ਪ੍ਰਮਾਣ ਵੀ ਹੈ, ਜੋ ਸਮਰਪਣ ਦੀ ਭਾਵਨਾ ਨੂੰ ਦਰਸਾਉਂਦਾ ਹੈ। ਇਸ ਮੌਕੇ ਗੁਰਜੀਤ ਸਿੰਘ, ਸੁਲੱਖਣ ਸਿੰਘ, ਲਕਸ਼ਮੀ ਨਾਰਾਇਣ ਸਿੰਘ, ਵਿਪਨ ਕੁਮਾਰ ਤੇ ਤਿਲਕ ਰਾਜ ਗੁਲੇਰੀਆ ਮੌਜੂਦ ਸਨ।

### ਵਿਦੇਸ਼ ਭੇਜਣ ਦੇ ਨਾਂਅ 'ਤੇ 4.40 ਲੱਖ ਰੁਪਏ ਹੜੱਪਣ ਦੇ ਦੋਸ਼ 'ਚ ਦੋ ਖਿਲਾਫ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਦੇਸ਼ ਭੇਜਣ ਦਾ ਲਾਰਾ ਲਗਾ ਕੇ 4 ਲੱਖ 40 ਹਜ਼ਾਰ ਰੁਪਏ ਦੀ ਰਕਮ ਹੜੱਪ ਲੈਣ ਦੇ ਦੋਸ਼ ਹੇਠ ਥਾਣਾ ਸਰਹਿੰਦ ਦੀ ਪੁਲਸ ਵੱਲੋਂ ਦੋ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਗਈ ਸ਼ਿਕਾਇਤ 'ਚ ਸੁਰਿੰਦਰ ਸਿੰਘ ਵਾਸੀ ਪਿੰਡ ਮਲਕਪੁਰ ਨੇ ਦੱਸਿਆ ਕਿ ਵਰਪਾਲ ਸਿੰਘ ਤੇ ਕੁਲਬੀਰ ਸਿੰਘ ਨਾਮਕ ਵਿਅਕਤੀਆਂ ਨੇ ਉਸ ਨੂੰ ਵਿਸ਼ਵਾਸ ਦਵਾਇਆ ਕਿ ਉਹ ਉਸ ਨੂੰ ਵਿਦੇਸ਼ ਭੇਜ ਸਕਦੇ ਹਨ, ਜਿਨ੍ਹਾਂ ਦੀਆਂ ਗੱਲਾਂ 'ਤੇ ਵਿਸ਼ਵਾਸ ਕਰਕੇ ਉਸ ਨੇ ਉਨ੍ਹਾਂ ਨੂੰ 4 ਲੱਖ 90 ਹਜ਼ਾਰ ਰੁਪਏ ਦੇ ਦਿੱਤੇ, ਜਿਸ ਤੋਂ ਬਾਅਦ ਜਦੋਂ ਉਕਤ ਵਿਅਕਤੀਆਂ ਵੱਲੋਂ ਉਸ ਨੂੰ ਵਿਦੇਸ਼ ਨਾ ਭੇਜਿਆ ਗਿਆ ਤਾਂ ਉਸ ਨੇ ਆਪਣੇ ਪੈਸੇ ਵਾਪਸ ਮੰਗਣੇ ਸ਼ੁਰੂ ਕਰ ਦਿੱਤੇ, ਜਿਸ 'ਤੇ ਉਨ੍ਹਾਂ ਨੇ ਸ਼ਿਕਾਇਤਕਰਤਾ ਦੇ ਭਰਾ ਨੂੰ ਗੂਗਲ ਪੇ ਰਾਹੀਂ 50 ਹਜ਼ਾਰ ਰੁਪਏ ਭੇਜ ਦਿੱਤੇ, ਪਰ ਬਾਕੀ ਰਹਿੰਦੇ 4 ਲੱਖ 40 ਹਜ਼ਾਰ ਰੁਪਏ ਹੜੱਪ ਕਰ ਲਏ ਗਏ। ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਵਰਪਾਲ ਸਿੰਘ ਵਾਸੀ ਖੰਨਾ ਤੇ ਕੁਲਵੀਰ ਸਿੰਘ ਵਾਸੀ ਪਿੰਡ ਚਨਾਰਥਲ ਕਲਾਂ ਵਿਰੁੱਧ ਥਾਣਾ ਸਰਹਿੰਦ ਵਿਖੇ ਅ/ਧ 406,420,120ਬੀ ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਸਹਾਇਕ ਥਾਣੇਦਾਰ ਸੁਰਜੀਤ ਚੰਦ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਹੈਰੋਇਨ ਸਮੇਤ 2 ਗ੍ਰਿਫ਼ਤਾਰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ 2 ਵਿਅਕਤੀਆਂ ਜੀਵਨ ਕਾਲੀਆ ਤੇ ਪ੍ਰਦੀਪ ਕੁਮਾਰ ਵਾਸੀ ਮਾਛੀਵਾੜਾ ਨੂੰ 6 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਸਬ-ਇੰਸਪੈਕਟਰ ਸੰਤੋਖ ਸਿੰਘ ਨੇ ਦੱਸਿਆ ਕਿ ਬਹਿਲੋਲਪੁਰ ਪੁਲ ਨੇੜੇ ਸਹਾਇਕ ਥਾਣੇਦਾਰ ਪ੍ਰਮੋਦ ਕੁਮਾਰ ਵੱਲੋਂ ਨਾਕਾਬੰਦੀ ਕੀਤੀ ਹੋਈ ਸੀ ਤਾਂ ਇੱਕ ਮੋਟਰਸਾਈਕਲ ਸਵਾਰ 2 ਨੌਜਵਾਨਾਂ ਨੂੰ ਜਾਂਚ ਲਈ ਰੋਕਿਆ। ਇਨ੍ਹਾਂ ਨੌਜਵਾਨਾਂ ਨੇ ਮੋਟਰਸਾਈਕਲ ਭਜਾਉਣ ਦੀ ਕੋਸ਼ਿਸ਼ ਕੀਤੀ, ਜਿਨ੍ਹਾਂ ਨੂੰ ਪੁਲਸ ਨੇ ਕਾਬੂ ਕਰ ਲਿਆ। ਤਲਾਸ਼ੀ ਦੌਰਾਨ ਇਨ੍ਹਾਂ ਕੋਲੋਂ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਵੱਲੋਂ ਇਨ੍ਹਾਂ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ ਤੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।

### ਭਗੌੜੇ ਨੂੰ ਕੀਤਾ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੀ. ਓ. ਸਟਾਫ ਫ਼ਤਹਿਗੜ੍ਹ ਸਾਹਿਬ ਵੱਲੋਂ ਨਸ਼ਾ ਤਸਕਰੀ ਦੇ ਇੱਕ ਮਾਮਲੇ 'ਚ ਭਗੌੜਾ ਚੱਲੇ ਆ ਰਹੇ ਨੌਜਵਾਨ ਨੂੰ ਗ੍ਰਿਫਤਾਰ ਕਰਕੇ ਸਰਹਿੰਦ ਪੁਲਸ ਹਵਾਲੇ ਕਰਨ ਦਾ ਸਮਾਚਾਰ ਹੈ। ਪੀ.ਓ. ਸਟਾਫ ਦੇ ਇੰਚਾਰਜ ਕੁਲਵੰਤ ਸਿੰਘ ਤੇ ਥਾਣਾ ਸਰਹਿੰਦ ਦੇ ਸਹਾਇਕ ਥਾਣੇਦਾਰ ਸਮਸ਼ੇਰ ਸਿੰਘ ਨੇ ਦੱਸਿਆ ਕਿ ਥਾਣਾ ਸਰਹਿੰਦ ਦੀ ਪੁਲਸ ਵੱਲੋਂ ਮਿਤੀ 16/4/19 ਨੂੰ ਗੁਰਪਾਲ ਸਿੰਘ ਵਾਸੀ ਅਮਲੋਹ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਸੀ, ਜਿਸ ਨੂੰ ਅਦਾਲਤ ਵੱਲੋਂ ਭਗੌੜਾ ਕਰਾਰ ਦੇ ਦਿੱਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਸਹਾਇਕ ਥਾਣੇਦਾਰ ਗੁਰਬਚਨ ਸਿੰਘ ਤੇ ਹਰਨੇਕ ਸਿੰਘ ਨੇ ਸਮੇਤ ਪੁਲਸ ਪਾਰਟੀ ਕਾਰਵਾਈ ਕਰਦੇ ਹੋਏ ਗੁਰਪਾਲ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ।

# ਪਿੱਲਰਾਂ 'ਤੇ ਸੜਕ ਬਣਵਾਉਣ ਲਈ ਕਿਸਾਨਾਂ ਦੇ ਹੌਸਲੇ ਬੁਲੰਦ

## ਅਣਮਿੱਥੇ ਸਮੇਂ ਦਾ ਧਰਨਾ ਲਗਾਤਾਰ ਜਾਰੀ


ਅਣਮਿੱਥੇ ਸਮੇਂ 'ਤੇ ਚੱਲ ਰਹੇ ਧਰਨੇ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਸਾਨ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਨੈਸ਼ਨਲ ਹਾਈਵੇ ਅਥਾਰਟੀ ਵੱਲੋਂ ਭਾਰਤ ਮਾਲਾ ਪਰਿਯੋਜਨਾ ਤਹਿਤ ਦਿੱਲੀ-ਕੱਟੜਾ ਐਕਸਪ੍ਰੈੱਸ ਵੇਅ ਦਾ ਨਿਰਮਾਣ ਕਾਰਜ ਕੀਤਾ ਜਾ ਰਿਹਾ ਹੈ, ਜਿਸ ਦਾ ਕੁਝ ਹਿੱਸਾ ਹਲਕਾ ਸ਼ੁਤਰਾਣਾ ਦੇ ਘੱਗਰ ਦਰਿਆ ਦੀ ਮਾਰ ਵਾਲੇ ਇਲਾਕੇ 'ਚੋਂ ਲੰਘਦਾ ਹੈ ਤੇ ਇਸ ਵਾਰ ਆਏ ਜ਼ਬਰਦਸਤ ਹੜ੍ਹਾਂ ਦੌਰਾਨ ਉਸਾਰੀ ਅਧੀਨ ਦਿੱਲੀ-ਕੱਟੜਾ ਸੜਕ ਵੱਲੋਂ ਲਾਈ ਡਾਫ ਕਾਰਨ ਦਰਜਨਾਂ ਪਿੰਡਾਂ ਵਿੱਚ ਜਾਨੀ, ਫਸਲੀ ਤੇ ਮਾਲੀ ਨੁਕਸਾਨ ਹੋਇਆ ਹੈ। ਹੜ੍ਹ ਲੰਘਣ ਦੇ ਤਰੁੰਤ ਬਾਅਦ ਇਲਾਕੇ ਦੇ ਲੋਕਾਂ ਵੱਲੋਂ ਘੱਗਰ ਦਰਿਆ ਦੇ ਹੜ੍ਹਾਂ ਤੋਂ ਪ੍ਰਭਾਵਿਤ ਇਲਾਕਿਆਂ ਵਿੱਚ ਸੜਕ ਦਾ ਨਿਰਮਾਣ ਕਾਰਜ ਬੰਦ ਕਰਵਾ ਕੇ ਸੜਕ ਨੂੰ ਪਿੱਲਰਾਂ 'ਤੇ ਬਣਵਾਉਣ ਲਈ ਧਰਨਾ ਲਾਇਆ ਹੋਇਆ ਹੈ, ਜਿਹੜਾ ਪਿਛਲੇ ਢਾਈ ਮਹੀਨੇ ਤੋਂ ਲਗਾਤਾਰ ਜਾਰੀ ਹੈ। ਧਰਨੇ 'ਤੇ ਬੈਠੇ ਕਿਸਾਨਾਂ ਸਤਨਾਮ ਸਿੰਘ ਵੜੈਚ ਤੇ ਹਰਪਾਲ ਸਿੰਘ ਵੜੈਚ ਨੇ ਦੱਸਿਆ ਕਿ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸਹਿਯੋਗ ਨਾਲ ਧਰਨਾ ਪਿਛਲੇ ਢਾਈ ਮਹੀਨੇ ਤੋਂ ਲਗਾਤਾਰ ਜਾਰੀ ਹੈ। ਕਈ ਵਾਰ ਸੜਕ ਬਣਾਉਣ ਵਾਲੀ ਕੰਪਨੀ ਤੇ ਹੋਰ ਅਧਿਕਾਰੀਆਂ ਨੇ ਲਾਲੀਪੋਪ ਦੇਣ ਦਾ ਵਾਅਦਾ ਕੀਤਾ ਕਿ ਉਹ ਧਰਨਾ ਸਮਾਪਤ ਕਰ ਦੇਣ ਤੇ ਸੜਕ ਹੇਠਾਂ ਹੋਰ ਪੁਲੀਆਂ ਵਗੈਰਾ ਵੱਧ ਰੱਖ ਦਿੱਤੀਆਂ ਜਾਣਗੀਆਂ, ਪਰ ਉਨ੍ਹਾਂ ਦੀ ਮੰਗ ਪੰਜ ਕਿਲੋਮੀਟਰ ਦੀ ਸੜਕ ਨੂੰ ਪਿੱਲਰਾਂ 'ਤੇ ਬਣਵਾਉਣ ਦੀ ਹੈ, ਜਿਹੜੀ ਕਿਸੇ ਵੀ ਕੀਮਤ 'ਤੇ ਘੱਟ ਨਹੀਂ ਕੀਤੀ ਜਾਵੇਗੀ, ਜੇਕਰ ਇਹ ਸੜਕ ਇੱਕ ਵਾਰ ਬਣ ਜਾਂਦੀ ਹੈ ਤਾਂ ਇਹ ਸਾਡੀਆਂ ਅਗਲੀਆਂ ਨਸਲਾਂ ਲਈ ਘਾਤਕ ਹੀ ਨਹੀਂ ਸਗੋਂ ਜਾਨਲੇਵਾ ਸਾਬਿਤ ਹੋਵੇਗੀ, ਕਿਉਂਕਿ ਹੜ੍ਹ ਕਿਸੇ ਵੀ ਅਧਿਕਾਰੀ ਜਾਂ ਵਿਆਕਤੀ ਦੇ ਹੱਥ ਵਿੱਚ ਨਹੀਂ ਹਨ ਕਿ ਕਿਸ ਸਾਲ ਕਿੰਨੇ ਮੀਂਹ ਪੈਣੇ ਹਨ ਤੇ ਕਿੰਨਾ ਪਾਣੀ ਉਪਰੋਂ ਹਿਮਾਚਲ ਪ੍ਰਦੇਸ ਵਿੱਚੋਂ ਆ ਕੇ ਘੱਗਰ ਦਰਿਆ ਵਿੱਚ ਦੀ ਗੁਜ਼ਰਨਾ ਹੈ। ਇਸ ਲਈ ਜਿੰਨੀ ਦੇਰ ਤੱਕ ਸੜਕ ਨੂੰ ਪੰਜ ਕਿਲੋਮੀਟਰ ਤੱਕ ਪਿੱਲਰਾਂ 'ਤੇ ਨਹੀਂ ਬਣਾਇਆ ਜਾਂਦਾ, ਇਹ ਧਰਨਾ ਉਨੀ ਦੇਰ ਤੱਕ ਜਾਰੀ ਰਹੇਗਾ। ਉਨ੍ਹਾਂ ਦਾਅਵਾ ਕੀਤਾ ਕਿ ਕਿਸਾਨਾਂ ਦੇ ਹੌਸਲੇ ਬੁਲੰਦ ਹਨ, ਜਿਨ੍ਹਾਂ ਨੂੰ ਕੋਈ ਆਗੂ ਜਾਂ ਅਧਿਕਾਰੀ ਤੋੜ ਨਹੀਂ ਸਕਦਾ।

ਇਸ ਮੌਕੇ ਉਨ੍ਹਾਂ ਨਾਲ ਸੰਤੋਖ ਸਿੰਘ, ਪ੍ਰਗਟ ਸਿੰਘ, ਲਾਡੀ ਵੜੈਚ, ਚਿਮਨ ਲਾਲ ਰਸੌਲੀ, ਸੁਖਦੇਵ ਸਿੰਘ ਰਸੌਲੀ, ਸੁਖਵਿੰਦਰ ਸਿੰਘ ਸ਼ੁਤਰਾਣਾ, ਬੂਟਾ ਰਾਮ, ਯਾਦਵਿੰਦਰ ਸਿੰਘ, ਜਸ਼ਨਪਾਲ ਸਿੰਘ, ਗੁਰਪ੍ਰੀਤ ਸਿੰਘ, ਸਾਹਬ ਸਿੰਘ ਆਦਿ ਹਾਜ਼ਰ ਸਨ।

# ਪ੍ਰੀਪੇਡ ਸਮਾਰਟ ਮੀਟਰਾਂ ਦੀ ਯੋਜਨਾ ਖਿਲਾਫ ਬਠਿੰਡਾ ਧਰਨੇ 'ਚ ਸ਼ਾਮਲ ਹੋਵਾਂਗੇ : ਰਾਮਫਲ



**ਮਾਨਸਾ (ਪਮਾਰ)**-ਪੰਜਾਬ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਪ੍ਰਧਾਨ ਰਾਮਫਲ ਚੱਕ ਅਲੀਸ਼ੇਰ ਦੀ ਪ੍ਰਧਾਨਗੀ ਹੇਠ ਹੋਈ। ਉਪਰੰਤ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਕੇਂਦਰ ਸਰਕਾਰ ਦੀ ਪ੍ਰੀਪੇਡ ਸਮਾਰਟ ਮੀਟਰ ਲਗਾਉਣ ਦੀ ਯੋਜਨਾ ਦੇ ਵਿਰੋਧ ਵਿੱਚ ਕਾਰਪੋਰੇਟ ਲੁੱਟ ਖਿਲਾਫ 26 ਅਕਤੂਬਰ ਨੂੰ ਬਠਿੰਡਾ ਵਿਖੇ ਲੱਗਣ ਜਾ ਰਹੇ ਧਰਨੇ ਵਿੱਚ ਪੰਜਾਬ ਕਿਸਾਨ ਯੂਨੀਅਨ ਦੇ ਵੱਡੀ ਗਿਣਤੀ ਵਰਕਰ ਸ਼ਾਮਲ ਹੋਣਗੇ। ਸੂਬਾ ਆਗੂ ਗੁਰਜੰਟ ਸਿੰਘ ਮਾਨਸਾ, ਜ਼ਿਲ੍ਹਾ ਪ੍ਰਧਾਨ ਰਾਮਫਲ ਚੱਕ ਅਲੀਸ਼ੇਰ, ਜ਼ਿਲ੍ਹਾ ਜਨਰਲ ਸਕੱਤਰ ਪੰਜਾਬ ਸਿੰਘ ਅਕਲੀਆ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਪੂਰੇ ਭਾਰਤ ਅੰਦਰ ਅਲੱਗ ਅਲੱਗ ਪੜਾਵਾਂ ਤਹਿਤ ਜਾਰੀ "ਇਲੈਕਟਰਸਿਟੀ ਐਕਟ-2003", ਕਾਰਪੋਰੇਸ਼ਨ ਸਿਸਟਮ ਤੇ ਅਗਲੇ ਫੇਸ ਅੰਦਰ ਨਿੱਜੀਕਰਨ ਦੇ ਰਾਹ ਤੁਰੀ ਕਾਰਪੋਰੇਟ ਪੱਖੀ ਸਿਆਸੀ ਸ਼ਕਤੀ ਨੇ ਆਮ ਲੋਕਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੀ ਬਜਾਏ ਪਹਿਲਾਂ ਰੁਜ਼ਗਾਰ ਕਰ ਰਹੇ ਬਿਜਲੀ ਮੁਲਾਜ਼ਮਾਂ, ਕਰਮਚਾਰੀਆਂ ਤੋਂ ਰੁਜ਼ਗਾਰ ਖੋਹਣ ਤੇ ਐਕਟ ਧਰਾਵਾਂ ਰਾਹੀਂ ਬਿਜਲੀ ਚੋਰੀ ਰੋਕਣ ਦੇ ਨਵੇਂ ਫੁਰਮਾਨ ਜਾਰੀ ਕੀਤੇ ਹਨ, ਜਿਸ ਦੇ ਇਸ ਪੜਾਅ ਤਹਿਤ ਪੰਜਾਬ ਅੰਦਰ ਵੀ 'ਸਮਾਰਟ ਮੀਟਰ' ਲਗਾਉਣ ਦਾ ਸਿਲਸਿਲਾ ਜ਼ੋਰ ਫੜ ਰਿਹਾ ਹੈ। ਉਨ੍ਹਾਂ ਕਿਹਾ ਚੋਣਾਂ ਦੌਰਾਨ ਆਪਣੇ ਚੋਣ ਮੈਨੀਫੈਸਟੋ ਰਾਹੀਂ ਮੁਫਤ ਬਿਜਲੀ ਦੇਣ, ਬਕਾਇਆ ਬਿੱਲ ਮੁਆਫ ਕਰਨ ਦੇ ਵਾਅਦਿਆਂ ਨਾਲ ਜਨਤਾ ਨੂੰ ਭਰਮਾ ਕੇ ਸੱਤਾ ਵਿੱਚ ਆਈ ਮਾਨ ਸਰਕਾਰ ਕੀ ਹੁਣ ਪੰਜਾਬ ਦੀ ਜਨਤਾ ਦੇ ਬਿਜਲੀ ਖਰਚਿਆਂ ਦਾ ਖੁਦ ਕੋਲੋਂ ਭੁਗਤਾਨ ਕਰੇਗੀ? ਜਾਂ ਜਨਤਾ ਲਈ ਰੁਜ਼ਗਾਰ ਦੇ ਸਾਧਨ ਜੁਟਾਏਗੀ? ਇਸ ਦਾ ਜਵਾਬ ਪੰਜਾਬ ਦੇ ਮੁੱਖ ਮੰਤਰੀ ਸਾਹਿਬ ਸੂਬੇ ਦੇ ਲੋਕਾਂ ਨੂੰ ਜ਼ਰੂਰ ਦੇਣ। ਉਨ੍ਹਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਮਜ਼ੋਰ ਵਰਗਾਂ (ਸ਼ਡਿਊਲਡ ਕਾਸਟਾਂ 'ਚੋਂ ਵੀ ਛਾਂਟੀ ਤਹਿਤ ਬਿਜਲੀ ਮੁਆਫੀ ਵਾਲੇ ਪਰਿਵਾਰ), ਇੰਡਸਟਰੀਅਲ ਸੈਕਟਰ, ਟਿਊਬਵੈੱਲ ਸੈਕਟਰ ਉਤੇ ਪੰਜਾਬ ਅੰਦਰ ਮਿਲ ਰਹੀਆਂ ਸਬਸਿਡੀਆਂ ਖਤਮ ਕਰਨ ਦੇ ਇਵਜ ਵਜੋਂ ਪ੍ਰੀਪੇਡ ਸਮਾਰਟ ਮੀਟਰ ਯੋਜਨਾ ਲੈ ਕੇ ਮੈਦਾਨ ਵਿੱਚ ਉਤਰੀ ਹੈ, ਜਿਸ ਦੇ ਤਹਿਤ ਆਮ ਸਧਾਰਨ ਦਿਹਾੜੀਦਾਰ ਵਿਅਕਤੀ ਤੋਂ ਲੈ ਕੇ ਬਿਜਲੀ ਕਾਮਿਆਂ ਤੱਕ ਇਸ ਦਾ ਸੇਕ ਜਨਤਾ ਨੂੰ ਲੈ ਡੁੱਬੇਗਾ। ਇਸ ਯੋਜਨਾ ਰਾਹੀਂ ਸਾਫ ਜ਼ਾਹਰ ਹੈ ਕਿ ਇਹ ਫੰਕਸ਼ਨ ਸ਼ੁਰੂ ਕਰਦਿਆਂ ਹੀ ਫਾਇਦਾ ਸਿਰਫ ਸਰਮਾਏਦਾਰ ਜਮਾਤ ਨੂੰ ਹੀ ਪਹੁੰਚੇਗਾ।

# ਸੂਬਾ ਪੱਧਰੀ ਸ਼ਤਰੰਜ ਮੁਕਾਬਲਿਆਂ 'ਚ ਜ਼ਿਲ੍ਹੇ ਨੇ ਜਿੱਤਿਆ ਸਿਲਵਰ ਮੈਡਲ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਖੇਡਾਂ ਵਤਨ ਪੰਜਾਬ ਦੇ ਸੂਬਾ ਪੱਧਰੀ ਮੁਕਾਬਲੇ, ਜੋ ਲੁਧਿਆਣਾ ਵਿਖੇ ਕਰਵਾਏ ਗਏ, ਵਿੱਚ ਫਤਹਿਗੜ੍ਹ ਸਾਹਿਬ ਦੀ ਉਮਰ ਵਰਗ 41-55 ਸਾਲ ਲੜਕਿਆਂ ਦੀ ਸ਼ਤਰੰਜ ਟੀਮ ਨੇ ਸਿਲਵਰ ਮੈਡਲ ਜਿੱਤ ਕੇ ਜ਼ਿਲ੍ਹੇ ਦਾ ਮਾਣ ਵਧਾਇਆ ਹੈ। ਖੇਡਾਂ ਵਤਨ ਪੰਜਾਬ ਦੀਆਂ 2023 ਤਹਿਤ ਹੋਏ ਰਾਜ ਪੱਧਰੀ ਸ਼ਤਰੰਜ ਮੁਕਾਬਲਿਆਂ ਵਿੱਚ ਟੀਮ ਦੀ ਸ਼ਾਨਦਾਰ ਜਿੱਤ 'ਤੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਖੇਡ ਅਫਸਰ ਸ੍ਰੀ ਕੁਲਦੀਪ ਚੁੱਘ ਨੇ ਜੇਤੂ ਖਿਡਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ ਨਾਲ ਨੌਜਵਾਨਾਂ ਵਿੱਚ ਖੇਡ ਸੱਭਿਆਚਾਰ ਪ੍ਰਫੁੱਲਤ ਹੋਇਆ ਹੈ। ਇਸ ਮੌਕੇ ਵਤਨ ਪੰਜਾਬ ਦੀਆਂ ਖੇਡਾਂ ਦੇ ਫਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਨੋਡਲ ਅਫ਼ਸਰ ਰਾਹੁਲਦੀਪ ਸਿੰਘ ਵਿਸ਼ੇਸ਼ ਤੌਰ 'ਤੇ ਲੁਧਿਆਣਾ ਪਹੁੰਚੇ ਤੇ ਟੀਮ ਦੀ ਹੌਸਲਾ ਅਫਜ਼ਾਈ ਕੀਤੀ। ਰਾਹੁਲਦੀਪ ਸਿੰਘ ਨੇ ਦੱਸਿਆ ਕਿ ਸ਼ਤਰੰਜ ਦੇ ਲੜਕਿਆਂ ਦੇ 41-55 ਸਾਲ ਉਮਰ ਵਰਗ ਦੀ ਟੀਮ ਦੇ ਖਿਡਾਰੀਆਂ ਵਰਿੰਦਰ ਕੁਮਾਰ ਪੁਰੀ, ਅਮਿਤ ਸ਼ਰਮਾ, ਮਨਦੀਪ ਸਿੰਘ ਸੋਢੀ, ਦੀਪਕ ਵਰਮਾ ਤੇ ਲਲਿਤ ਮੋਹਨ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪੰਜਾਬ ਵਿੱਚੋਂ ਦੂਜਾ ਸਥਾਨ ਪ੍ਰਾਪਤ ਕੀਤਾ ਹੈ। ਜੇਤੂ ਟੀਮ ਨੂੰ ਵਧਾਈ ਦੇਣ ਵਾਲਿਆਂ ਵਿੱਚ ਮਨਦੀਪ ਸਿੰਘ ਸੁਨਾਮ, ਰਵਿੰਦਰ ਸਿੰਘ, ਅਰਵਿੰਦਰਪ੍ਰੀਤ ਸਿੰਘ, ਤੇਜਿੰਦਰ ਸੂਦਨ, ਪ੍ਰੋ. ਨਰਿੰਦਰ ਕੁਮਾਰ ਸੂਦ, ਰੋਹਿਤ ਧੀਮਾਨ, ਮੋਹਿਤ ਧੀਮਾਨ ਤੇ ਹੋਰ ਪਤਵੰਤੇ ਸ਼ਾਮਲ ਹਨ।

# ਦਾਜ ਲਈ ਵਿਆਹੁਤਾ ਨੂੰ ਕੁੱਟਮਾਰ ਕਰਕੇ ਘਰੋਂ ਕੱਢਣ ਦੇ ਦੋਸ਼ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਇੱਕ ਵਿਆਹੁਤਾ ਦੀ ਸ਼ਿਕਾਇਤ 'ਤੇ ਥਾਣਾ ਬਡਾਲੀ ਆਲਾ ਸਿੰਘ ਦੀ ਪੁਲਸ ਵੱਲੋਂ ਉਸ ਦੇ ਪਤੀ ਤੇ ਸੱਸ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਜ਼ਿਲ੍ਹਾ ਪੁਲਸ ਮੁਖੀ ਨੂੰ ਦਿੱਤੀ ਗਈ ਸ਼ਿਕਾਇਤ 'ਚ ਇੱਕ ਵਿਆਹੁਤਾ ਲੜਕੀ ਨੇ ਦੱਸਿਆ ਸੀ ਕਿ ਫਰਵਰੀ 2019 'ਚ ਉਸ ਦਾ ਵਿਆਹ ਅੱਛਰ ਸਿੰਘ ਵਾਸੀ ਪਿੰਡ ਘੁੰਗਰਾਲੀ ਸਿੱਖਾਂ ਨਾਲ ਹੋਇਆ ਸੀ, ਪਰ ਵਿਆਹ ਤੋਂ ਛੇ ਕੁ ਮਹੀਨੇ ਬਾਅਦ ਹੀ ਉਸ ਦਾ ਪਤੀ ਹੋਰ ਦਾਜ ਦਹੇਜ ਲੈ ਕੇ ਆਉਣ ਲਈ ਉਸ ਨੂੰ ਤੰਗ ਪ੍ਰੇਸ਼ਾਨ ਕਰਨ ਲੱਗ ਪਿਆ, ਜਿਸ ਵਿੱਚ ਉਸ ਦੀ ਮਾਂ ਵੀ ਉਸ ਦਾ ਪੂਰਾ ਸਾਥ ਦਿੰਦੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਮਿਤੀ 30/5/22 ਨੂੰ ਕੁੱਟਮਾਰ ਕਰਕੇ ਉਸ ਨੂੰ ਘਰੋਂ ਕੱਢ ਦਿੱਤਾ ਗਿਆ ਤੇ ਉਸ ਦੇ ਇਸਤਰੀ ਧਨ 'ਤੇ ਵੀ ਕਬਜ਼ਾ ਕਰ ਲਿਆ ਗਿਆ। ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਥਾਣਾ ਬਡਾਲੀ ਆਲਾ ਸਿੰਘ ਦੀ ਪੁਲਸ ਵੱਲੋਂ ਪਤੀ ਅੱਛਰ ਸਿੰਘ ਤੇ ਸੱਸ ਮਨਜੀਤ ਕੌਰ ਵਾਸੀਆਨ ਪਿੰਡ ਘੁੰਗਰਾਲੀ ਸਿੱਖਾਂ (ਲੁਧਿਆਣਾ) ਵਿਰੁੱਧ ਅ/ਧ 498ਏ,406 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

# ਵਿਦਿਆਰਥਣ ਦਿਲਪ੍ਰੀਤ ਕੌਰ ਕੁਰੜ ਦੀ ਬਰੈਂਪਟਨ 'ਚ ਮੌਤ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**
ਹਲਕਾ ਮਹਿਲ ਕਲਾਂ ਦੇ ਪਿੰਡ ਕੁਰੜ (ਬਰਨਾਲਾ) ਦੇ ਕਿਸਾਨ ਪਰਿਵਾਰ ਨਾਲ ਸਬੰਧਤ ਵਿਦਿਆਰਥਣ ਦਿਲਪ੍ਰੀਤ ਕੌਰ ਪੁੱਤਰੀ ਸਵ: ਜੋਗਿੰਦਰ ਸਿੰਘ, ਜੋ ਦੋ ਸਾਲ ਪਹਿਲਾਂ ਉੱਚ ਵਿੱਦਿਆ ਪ੍ਰਾਪਤ ਕਰਨ ਲਈ ਸਟੱਡੀ ਵੀਜ਼ੇ 'ਤੇ ਕੈਨੇਡਾ ਦੇ ਬਰੈਂਪਟਨ ਗਈ ਸੀ, ਜਿੱਥੇ ਉਸ ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋਣ ਦੀ ਖਬਰ ਮਿਲੀ ਹੈ। ਮਿਲੀ ਜਾਣਕਾਰੀ ਅਨੁਸਾਰ ਬੇਟੀ ਦਿਲਪ੍ਰੀਤ ਦਾ ਜਨਮ 2000 'ਚ ਮਾਤਾ ਅਮਰਜੀਤ ਕੌਰ ਦੀ ਕੁੱਖੋਂ ਪਿਤਾ ਜੋਗਿੰਦਰ ਸਿੰਘ ਦੇ ਘਰ ਹੋਇਆ। ਉਸ ਦੇ ਪਿਤਾ ਦਾ ਸਾਇਆ ਅੱਠ ਸਾਲ ਪਹਿਲਾਂ ਉੱਠ ਜਾਣ ਉਪਰੰਤ ਮਾਤਾ ਅਮਰਜੀਤ ਕੌਰ ਨੇ ਆਪਣੇ ਪੇਕੇ ਪਰਿਵਾਰ ਕੁਰੜ ਦੀ ਮਦਦ ਨਾਲ ਉਸ ਦਾ ਪਾਲਣ ਪੋਸ਼ਣ ਕੀਤਾ। ਆਈਲਟਸ 'ਚ ਚੰਗੇ ਅੰਕ ਲੈਣ ਕਰਕੇ ਪਰਿਵਾਰ ਨੇ ਬੱਚੀ ਦਿਲਪ੍ਰੀਤ ਕੌਰ ਦਾ ਵਿਆਹ 2020 'ਚ ਕਾਕਾ ਬਲਵੀਰ ਸਿੰਘ ਪੁੱਤਰ ਮਹਿੰਦਰ ਵਾਸੀ ਚਾਉਕੇ (ਬਠਿੰਡਾ) ਨਾਲ ਬੜੇ ਹੀ ਚਾਵਾਂ ਸੱਧਰਾਂ ਨਾਲ ਕੀਤਾ। ਉਹ ਆਪਣੇ ਸੁਨਹਿਰੇ ਭਵਿੱਖ ਲਈ 17 ਸਤੰਬਰ 2021 ਨੂੰ ਸਟੱਡੀ ਵੀਜ਼ੇ ਰਾਹੀਂ ਕੈਨੇਡਾ ਦੇ ਬਰੈਂਪਟਨ ਪਹੁੰਚੀ, ਜਿੱਥੇ ਉੱਚ ਵਿੱਦਿਆ ਪ੍ਰਾਪਤ ਕਰਦਿਆਂ ਲੰਘੇ ਸ਼ਨਿੱਚਰਵਾਰ ਨੂੰ ਉਸ ਦੀ ਬੇਵਕਤ ਹੋਈ ਦੁਖਦਾਈ ਮੌਤ ਨੇ ਸਾਰਿਆਂ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਸੁਖਵਿੰਦਰ ਦਾਸ ਬਾਵਾ ਨੇ ਇਸ ਦੁਖਦਾਈ ਘਟਨਾ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਪੀੜਤ ਪਰਿਵਾਰ ਨੂੰ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦੁਆਇਆ।

# ਬੇਮੌਸਮੀ ਬਾਰਸ਼ ਕਾਰਨ ਮੰਡੀ 'ਚ ਪਿਆ ਝੋਨਾ ਹੜ੍ਹਿਆ, ਖੇਤਾਂ 'ਚ ਖੜੀ ਫ਼ਸਲ ਵੀ ਨੁਕਸਾਨੀ



**ਮਲੋਟ (ਗੁਰਮੀਤ ਸਿੰਘ ਮੱਕੜ)**-ਜਿੱਥੇ ਬੇਮੌਸਮੀ ਬਾਰਸ਼ ਕਰਕੇ ਦਾਣਾ ਮੰਡੀ 'ਚ ਪਿਆ ਝੋਨਾ ਪਾਣੀ ਵਿੱਚ ਹੜ੍ਹ ਗਿਆ, ਉਥੇ ਖੇਤਾਂ ਵਿੱਚ ਖੜੀ ਫਸਲ ਵੀ ਨੁਕਸਾਨੀ ਗਈ ਹੈ। ਮਾੜੇ ਖ਼ਰੀਦ ਪ੍ਰਬੰਧਾਂ ਕਰਕੇ ਝੋਨੇ ਦੀ ਚੁਕਾਈ ਨਾ ਹੋਣ ਕਰਕੇ ਕਿਸਾਨ ਵੱਡੀ ਮੁਸ਼ਕਲ ਦਾ ਸ਼ਿਕਾਰ ਹੋਏ ਚੁੱਕੇ ਹਨ। ਇਸ ਮੌਕੇ ਕਿਸਾਨਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਜੇਕਰ ਲਿਫਟਿੰਗ ਨਾਲ ਦੀ ਨਾਲ ਹੁੰਦੀ ਤਾਂ ਕਿਸਾਨਾਂ ਦਾ ਝੋਨਾ ਪਾਣੀ ਵਿੱਚ ਨਾ ਹੜ੍ਹਦਾ ਤੇ ਵੱਡੀ ਗੱਲ ਇਹ ਹੈ ਕਿ ਸਾਰੇ ਦਾ ਸਾਰਾ ਝੋਨਾ ਸੀਵਰੇਜਾਂ ਵਿੱਚ ਜਾਂਦਾ ਦਿਖਾਈ ਦਿੱਤਾ। ਕਿਸਾਨਾਂ ਨੇ ਕਿਹਾ ਕਿ ਆੜ੍ਹਤੀਆਂ, ਮਜ਼ਦੂਰਾਂ ਤੇ ਸ਼ੈਲਰ ਵਾਲਿਆਂ ਦੀ ਲਗਾਤਾਰ ਹੜਤਾਲ ਰਹਿਣ ਕਰਕੇ ਲਿਫਟਿੰਗ ਨਹੀਂ ਹੋਈ, ਜੇਕਰ ਲਿਫਟਿੰਗ ਸਮੇਂ ਸਿਰ ਹੁੰਦੀ ਤਾਂ ਝੋਨੇ ਦਾ ਕਿਸੇ ਹੱਦ ਤੱਕ ਬਚਾਅ ਹੋ ਜਾਂਦਾ। ਕਿਸਾਨਾਂ ਨੇ ਕਿਹਾ ਕਿ ਪ੍ਰਸ਼ਾਸਨ ਤੇ ਸਰਕਾਰ ਦੀ ਨਲਾਇਕੀ ਦਾ ਸਾਰਾ ਖਮਿਆਜ਼ਾ ਕਿਸਾਨਾਂ ਨੂੰ ਹੀ ਭੁਗਤਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ 70 ਸਾਲਾਂ ਵਾਲੀਆਂ ਸਰਕਾਰਾਂ ਨਾਲੋਂ ਇਹ ਸਰਕਾਰ ਦਾ ਬਹੁਤ ਬੁਰਾ ਹਾਲ ਰਿਹਾ ਹੈ।

# ਐਂਟੀ ਕੁਰੱਪਸ਼ਨ ਐਸੋਸੀਏਸ਼ਨ ਨੇ ਭਾਦੜਾ 'ਚ ਸਿਲਾਈ ਸੈਂਟਰ ਖੋਲ੍ਹਿਆ



**ਬੁਢਲਾਡਾ (ਅਸ਼ੋਕ ਲਾਕੜਾ)**-ਸਮਾਜ ਸੇਵਾ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਵਾਲੀ ਸੁਤੰਤਰਤਾ ਸੰਗਰਾਮੀਆਂ ਦੀ ਵਾਰਿਸ ਹੋਣਹਾਰ ਧੀ ਐਂਟੀ-ਕੁਰੱਪਸ਼ਨ ਐਸੋਸੀਏਸ਼ਨ ਇੰਡੀਆ ਜ਼ਿਲ੍ਹਾ ਮਾਨਸਾ ਦੀ ਚੇਅਰਪਰਸਨ ਜੀਤ ਦਹੀਆ ਵੱਲੋਂ ਪਿੰਡ ਭਾਦੜਾ ਵਿਖੇ ਸਿਲਾਈ ਸੈਂਟਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਂਟੀ-ਕੁਰੱਪਸ਼ਨ ਐਸੋਸੀਏਸ਼ਨ ਇੰਡੀਆ ਜ਼ਿਲ੍ਹਾ ਮਾਨਸਾ ਦੀ ਚੇਅਰਪਰਸਨ ਜੀਤ ਦਹੀਆ ਨੇ ਕਿਹਾ ਕਿ ਲੋੜਵੰਦ ਪਰਿਵਾਰਾਂ ਦੀਆਂ 35 ਨੌਜਵਾਨ ਲੜਕੀਆਂ ਲਈ ਪਿੰਡ ਭਾਦੜਾ ਵਿਖੇ ਸਿਲਾਈ ਸੈਂਟਰ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਵਿੱਚ ਬੇਰੁਜ਼ਗਾਰ ਲੋੜਵੰਦ ਲੜਕੀਆਂ ਨੂੰ ਸਿਲਾਈ ਕਢਾਈ, 14 ਕਿਸਮਾਂ ਦੀ ਪੇਂਟਿੰਗ, ਟੈਡੀ ਬੀਅਰ ਤੇ ਫੁੱਲਕਾਰੀ ਬਿਲਕੁਲ ਮੁਫਤ ਵਿੱਚ ਸਿਖਾਈ ਜਾਵੇਗੀ। ਉਨ੍ਹਾ ਕਿਹਾ ਕਿ ਸੰਸਥਾ ਵੱਲੋਂ ਪਹਿਲਾਂ ਵੀ ਮਾਨਸਾ, ਆਦਮਕੇ, ਫਫੜੇ ਭਾਈਕੇ ਤੇ ਬੁਢਲਾਡਾ ਵਿਖੇ ਸਿਲਾਈ ਸੈਂਟਰ ਖੋਲ੍ਹੇ ਜਾ ਚੁੱਕੇ ਹਨ ਅਤੇ ਅੱਜ ਪਿੰਡ ਭਾਦੜਾ ਵਿਖੇ ਵੀ ਸਿਲਾਈ ਸੈਂਟਰ ਦਾ ਉਦਘਾਟਨ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਐਂਟੀ-ਕੁਰੱਪਸ਼ਨ ਐਸੋਸੀਏਸ਼ਨ ਇੰਡੀਆ ਦੀ ਸੰਸਥਾ ਤੇ ਜ਼ਿਲ੍ਹਾ ਮਾਨਸਾ ਦੀ ਚੇਅਰਪਰਸਨ ਜੀਤ ਦਹੀਆ ਵੱਲੋਂ ਹਮੇਸ਼ਾ ਤੋਂ ਹੀ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਮੁਹੱਈਆ ਕਰਵਾਉਣਾ, ਆਪਣੇ ਨਿੱਜੀ ਖਰਚਿਆਂ 'ਚੋਂ ਸਕੂਲ ਫੀਸਾਂ ਭਰ ਕੇ ਨੌਜਵਾਨ ਲੜਕੀਆਂ ਨੂੰ ਸਿੱਖਿਆ ਦੇ ਮੌਕੇ ਪ੍ਰਦਾਨ ਕਰਨਾ, ਲੋੜਵੰਦ ਪਰਵਾਰਾਂ ਨੂੰ ਰਹਿਣ ਲਈ ਮਕਾਨ ਬਣਾਉਣਾ ਤੇ ਲੋੜਵੰਦ ਲੜਕੀਆਂ ਦੇ ਵਿਆਹ ਕਰਵਾਉਣਾ ਆਦਿ ਦਾ ਉਪਰਾਲਾ ਕਰ ਚੁੱਕੀ ਹੈ ਅਤੇ ਅੱਗੇ ਵੀ ਜਾਰੀ ਰੱਖਣਗੇ। ਇਸ ਮੌਕੇ ਉਨ੍ਹਾ ਸਮਾਜ ਸੇਵੀ ਟਿੰਕੂ ਪੰਜਾਬ ਦਾ ਤਹਿ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਉਨ੍ਹਾਂ ਦੀ ਪਿੰਡ ਭਾਦੜਾ ਵਿਖੇ ਸਿਲਾਈ ਸੈਂਟਰ ਖੋਲ੍ਹਣ 'ਚ ਅਹਿਮ ਭੂਮਿਕਾ ਨਿਭਾਈ। ਇਸ ਮੌਕੇ ਐਂਟੀ-ਕੁਰੱਪਸ਼ਨ ਐਸੋਸੀਏਸ਼ਨ ਇੰਡੀਆ ਜ਼ਿਲ੍ਹਾ ਮਾਨਸਾ ਦੇ ਮੀਡੀਆ ਇੰਚਾਰਜ ਦਵਿੰਦਰ ਸਿੰਘ ਕੋਹਲੀ, ਬਿੱਕਰ ਸਿੰਘ ਮੰਘਾਣੀਆ, ਵੀਰਾ ਕੌਰ, ਚਰਨਜੀਤ ਕੌਰ ਪੰਚਾਇਤ ਮੈਂਬਰ ਭਾਦੜਾ, ਸੁਖਵਰਸਾ ਰਾਣੀ, ਸੋਮਾ ਰਾਣੀ, ਜਸਵੀਰ ਕੌਰ ਬਖ਼ਸ਼ੀਵਾਲਾ ਮਾਨਸਾ, ਬੀਰਬਲ ਧਾਲੀਵਾਲ ਪੱਤਰਕਾਰ ਆਦਿ ਹਾਜ਼ਰ ਸਨ।

# ਅਕਾਲ ਅਕੈਡਮੀ ਕਮਾਲਪੁਰ ਦੀ ਵਿਦਿਆਰਥਣ ਨੇ ਜਿੱਤਿਆ ਸੋਨ ਤਮਗਾ




**ਚੀਮਾ ਮੰਡੀ (ਰਵਿੰਦਰ ਚੀਮਾ)**-ਨੈਸ਼ਨਲ ਗੱਤਕਾ ਐਸੋਸੀਏਸ਼ਨ ਵੱਲੋਂ 11ਵੀਂ ਨੈਸ਼ਨਲ ਪੱਧਰੀ ਗੱਤਕਾ ਪ੍ਰਤੀਯੋਗਤਾ 11 ਤੇ 12 ਅਕਤੂਬਰ 2023 ਨੂੰ ਦਿੱਲੀ ਦੇ ਤਾਲਕਟੋਰਾ ਸਟੇਡੀਅਮ ਵਿਖੇ ਕਰਵਾਈ ਗਈ, ਜਿਸ ਵਿੱਚ 17 ਰਾਜਾਂ ਦੇ ਤਕਰੀਬਨ 1000 ਖਿਡਾਰੀਆਂ ਨੇ ਗੱਤਕੇ ਦੇ ਸਿੰਗਲ ਸੋਟੀ ਤੇ ਫਰੀ ਸੋਟੀ ਦੇ ਟੀਮ ਤੇ ਵਿਅਕਤੀਗਤ ਈਵੈਂਟਸ ਵਿੱਚ ਆਪਣੀ ਕਲਾ ਦੇ ਜੌਹਰ ਦਿਖਾਏ। ਅਕਾਲ ਅਕੈਡਮੀ ਕਮਾਲਪੁਰ ਦੀ ਵਿਦਿਆਰਥਣ ਇਸ਼ਪ੍ਰੀਤ ਕੌਰ ਨੇ ਪੰਜਾਬ ਰਾਜ ਦੀ ਪ੍ਰਤੀਨਿਧਤਾ ਕਰਦੇ ਹੋਏ ਫਰੀ ਸੋਟੀ ਟੀਮ ਇਵੈਂਟ ਵਿੱਚ ਸੋਨ ਤਮਗਾ ਹਾਸਲ ਕੀਤਾ। ਪ੍ਰਿੰਸੀਪਲ ਸ੍ਰੀਮਤੀ ਅਮਨਦੀਪ ਕੌਰ ਨੇ ਗੱਤਕਾ ਕੋਚ ਸ਼ੈਰੀ ਸਿੰਘ ਦਾ ਧੰਨਵਾਦ ਕਰਦਿਆਂ ਸਮੂਹ ਸਟਾਫ, ਮਾਪਿਆਂ ਤੇ ਵਿਦਿਆਰਥਣ ਇਸ਼ਪ੍ਰੀਤ ਕੌਰ ਨੂੰ ਵਧਾਈ ਦਿੰਦੇ ਹੋਏ ਭਵਿੱਖ ਵਿੱਚ ਵੀ ਅਕੈਡਮੀ ਤੇ ਆਪਣੇ ਮਾਪਿਆਂ ਦਾ ਨਾਂਅ ਰੋਸ਼ਨ ਕਰਨ ਲਈ ਪ੍ਰੇਰਿਤ ਕੀਤਾ।

# ਵਿਸ਼ਵ ਮਾਨਕ ਦਿਵਸ ਮੌਕੇ ਸੰਕਲਪ ਸੁਸਾਇਟੀ ਦੇ ਪ੍ਰਧਾਨ ਪੰਮਾ ਸੰਧੂ ਸਨਮਾਨਤ


ਸਮਾਗਮ ਮੌਕੇ ਸੰਕਲਪ ਸੁਸਾਇਟੀ ਦੇ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੂੰ ਸਨਮਾਨਤ ਕਰਨ ਦਾ ਦ੍ਰਿਸ਼।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-"ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ (ਰਜਿ:) ਦੇ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ ਨੂੰ "ਵਿਸ਼ਵ ਮਾਨਕ ਦਿਵਸ" ਮੌਕੇ "ਬਿਊਰੋ ਆਫ ਇੰਡੀਅਨ ਸਟੈਂਡਰਡਜ਼" ਅਧੀਨ "ਖਪਤਕਾਰ ਮਾਮਲੇ, ਖੁਰਾਕ ਤੇ ਜਨਤਕ ਵੰਡ ਮੰਤਰਾਲਾ, ਭਾਰਤ ਸਰਕਾਰ" ਦੁਆਰਾ ਬਿਹਤਰ ਸੇਵਾਵਾਂ ਬਦਲੇ ਸਨਮਾਨਤ ਕੀਤਾ ਗਿਆ। ਜਾਣਕਾਰੀ ਦਿੰਦੇ ਹੋਏ ਸੰਸਥਾ ਦੇ ਜਨਰਲ ਸਕੱਤਰ ਸਤਬਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਵਿਭਾਗ ਵੱਲੋਂ ਇਹ ਸਨਮਾਨ ਸਮਾਰੋਹ ਚੰਡੀਗੜ੍ਹ ਸੈਕਟਰ 17 ਸਥਿਤ ਹੋਟਲ ਸ਼ਿਵਾਲਿਕ ਵਿਊ ਵਿਖੇ ਕੀਤਾ ਗਿਆ, ਜਿਸ ਵਿੱਚ ਦੇਸ਼ ਦੇ ਵੱਖ ਵੱਖ ਰਾਜਾਂ ਦੇ ਅਲੱਗ ਅਲੱਗ ਕਿੱਤਿਆਂ ਨਾਲ ਜੁੜੇ ਲੋਕਾਂ ਨੇ ਭਾਗ ਲਿਆ। ਇਸ ਮੌਕੇ ਬਤੌਰ ਮੁੱਖ ਮਹਿਮਾਨ ਡਾਕਟਰ ਸੋਨੀਆ ਤਿਰਖਾ ਡਾਇਰੈਕਟਰ ਜਨਰਲ (ਸਿਹਤ ਸੇਵਾਵਾਂ) ਹਰਿਆਣਾ ਸਰਕਾਰ ਪੁੱਜੇ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਸੰਕਲਪ ਸੁਸਾਇਟੀ ਦੀਆਂ ਸਮਾਜਿਕ ਜ਼ਿੰਮੇਵਾਰੀਆਂ ਪ੍ਰਤੀ ਨਿਸ਼ਕਾਮ ਕਾਰਗੁਜ਼ਾਰੀਆਂ ਦੀ ਭਰਪੂਰ ਸ਼ਲਾਘਾ ਕੀਤੀ ਤੇ ਭਵਿੱਖ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰੱਖਣ ਦੀ ਉਮੀਦ ਜਤਾਈ। ਪ੍ਰੋਗਰਾਮ ਮੌਕੇ ਸੀਨੀਅਰ ਡਾਇਰੈਕਟਰ ਖਪਤਕਾਰ ਮਾਮਲੇ, ਖੁਰਾਕ ਤੇ ਜਨਤਕ ਵੰਡ ਮੰਤਰਾਲਾ ਦੀਪਕ ਅਗਰਵਾਲ ਨੇ ਦਿਵਸ ਦੇ ਬਾਰੇ ਚਾਨਣਾ ਪਾਇਆ ਤੇ ਬਿਹਤਰ ਗੁਣਵਤਾ ਬਣਾਈ ਰੱਖਣ ਦਾ ਸੱਦਾ ਦਿੱਤਾ।

ਬੀ.ਆਈ. ਐੱਸ ਦੇ ਐਨ.ਆਰ .ਓ ਚੰਡੀਗੜ੍ਹ ਤੋਂ ਡਿਪਟੀ ਡਾਇਰੈਕਟਰ ਜਨਰਲ ਰਾਜੀਵ ਪੀ ਨੇ ਸਾਰੇ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਇਸ ਮੌਕੇ ਡਾ. ਭਵਨੀਤ ਭਾਰਤੀ ਡਾਇਰੈਕਟਰ ਪ੍ਰਿੰਸੀਪਲ ਡਾ. ਬੀ ਆਰ ਅੰਬੇਡਕਰ ਸਟੇਟ ਇੰਸਟੀਚਿਊਟ ਆਫ ਮੈਡੀਕਲ ਸਾਇੰਸ ਮੋਹਾਲੀ, ਪ੍ਰਸਿੱਧ ਪੰਜਾਬੀ ਅਦਾਕਾਰ ਯੋਗਰਾਜ ਸਿੰਘ ਤੇ ਗੁਰਚਰਨ ਸਿੰਘ ਸੰਧੂ ਡੀ.ਟੀ.ਓ. ਤੋਂ ਇਲਾਵਾ ਸ਼ਮਸ਼ੇਰ ਰਾਣਾ ਵੀ ਪੁੱਜੇ। ਸੰਧੂ ਦੇ ਸਨਮਾਨ ਨੂੰ ਲੈ ਕੇ ਸਤਬੀਰ ਸਿੰਘ ਸੰਧੂ ਖੜੂੰਜ, ਡਾਕਟਰ ਹਿਤੇਸ਼ ਖੁਰਾਣਾ ਰੋਹਤਕ, ਜਸਵਿੰਦਰ ਸਿੰਘ ਜੌੜਾ ਬੰਬੇ ਜਵੈਲਰਜ ਕੋਟਕਪੂਰਾ, ਗੁਰਚਰਨ ਸਿੰਘ ਨਿਊ ਮਾਡਰਨ ਜਵੈਲਰਜ਼ ਕੋਟਕਪੂਰਾ, ਮਨਪ੍ਰੀਤ ਸਿੰਘ ਭਾਰੀ ਤੇ ਰਾਜਪਾਲ ਸਿੰਘ ਪਾਂਧੀ ਨੇ ਮੁਬਾਰਕਬਾਦ ਦਿੱਤੀ।

# ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ 'ਚੋਂ ਕੱਢਣ ਲਈ ਮਹਿਲਾ ਖੱਤਰੀ ਸਭਾ ਪਾਏਗੀ ਯੋਗਦਾਨ : ਸੁਮਨ ਮਲਹੋਤਰਾ



**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਵਿੱਚ ਨੌਜਵਾਨਾਂ 'ਚ ਨਸ਼ਿਆਂ ਦੀ ਆਦਤ ਦੇ ਵਧਣ 'ਤੇ ਮਹਿਲਾ ਖੱਤਰੀ ਸਭਾ ਨੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਨੌਜਵਾਨ ਵਰਗ ਨੂੰ ਨਸ਼ਿਆਂ ਦੀ ਗ੍ਰਿਫਤ ਵਿੱਚੋਂ ਬਾਹਰ ਕੱਢਣ ਲਈ ਸਰਕਾਰ ਸਮੇਤ ਸਮਾਜ ਦੇ ਸਾਰੇ ਵਰਗਾਂ ਨੂੰ ਠੋਸ ਯਤਨ ਕਰਨ ਦੀ ਲੋੜ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਹਿਲਾ ਖੱਤਰੀ ਸਭਾ ਦੀ ਵਰਕਿੰਗ ਪ੍ਰਧਾਨ ਸਾਬਕਾ ਪ੍ਰਿੰਸੀਪਲ ਸੁਮਨ ਮਲਹੋਤਰਾ ਦੀ ਅਗਵਾਈ ਵਿੱਚ ਹੋਈ ਮੀਟਿੰਗ ਵਿੱਚ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਵਰਕਿੰਗ ਪ੍ਰਧਾਨ ਸਾਬਕਾ ਪ੍ਰਿੰਸੀਪਲ ਸੁਮਨ ਮਲਹੋਤਰਾ ਨੇ ਕਿਹਾ ਕਿ ਸੂਬੇ ਦੀ ਤਰੱਕੀ ਵਿੱਚ ਸੂਬੇ ਦੀ ਨੌਜਵਾਨ ਪੀੜ੍ਹੀ ਦਾ ਅਹਿਮ ਯੋਗਦਾਨ ਹੁੰਦਾ ਹੈ, ਪ੍ਰੰਤੂ ਜੇਕਰ ਸੂਬੇ ਦਾ ਨੌਜਵਾਨ ਵਰਗ ਨਸ਼ਿਆਂ ਦੀ ਦਲਦਲ ਵਿੱਚ ਫਸ ਜਾਵੇ ਤਾਂ ਫਿਰ ਜਿੱਥੇ ਸੂਬੇ ਦਾ ਭਵਿੱਖ ਧੁੰਦਲਾ ਹੋਣ ਲਗਦਾ ਹੈ, ਉਥੇ ਹੀ ਸੂਬੇ ਵਿੱਚ ਅਨੇਕਾਂ ਸਮਾਜਕ ਬੁਰਾਈਆਂ ਜਨਮ ਲੈਂਦੀਆਂ ਹਨ।ਉਨ੍ਹਾ ਕਿਹਾ ਕਿ ਚੋਰੀ ਚਕਾਰੀ, ਛੀਨਾ ਝਪਟੀ, ਜਬਰ ਜ਼ਿਨਾਹ ਵਰਗੀਆਂ ਦਿਨੋਂ ਦਿਨ ਵਧਦੀਆਂ ਘਟਨਾਵਾਂ ਵੀ ਨਸ਼ਿਆਂ ਦੀ ਬੁੱਕਲ ਵਿੱਚੋਂ ਹੀ ਪੈਦਾ ਹੁੰਦੀਆਂ ਹਨ।ਉਨ੍ਹਾ ਸੂਬੇ ਵਿੱਚੋਂ ਨਸ਼ਿਆਂ ਦੀ ਬੁਰਾਈ ਨੂੰ ਖਤਮ ਕਰਨ ਵਾਸਤੇ ਨੌਜਵਾਨ ਵਰਗ ਨੂੰ ਜਾਗਰੂਕ ਕਰਨ ਲਈ ਸਰਕਾਰ ਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਚਲਾਏ ਜਾ ਰਹੇ ਅਭਿਆਨ 'ਚ ਮਹਿਲਾ ਖੱਤਰੀ ਸਭਾ ਵੱਲੋਂ ਯੋਗਦਾਨ ਪਾਉਣ ਦਾ ਭਰੋਸਾ ਦਿੱਤਾ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮਹਿਲਾ ਖੱਤਰੀ ਸਭਾ ਦੇ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

# ਮੁੱਖ ਮੰਤਰੀ ਨੇ ਹਲਕੇ ਦੇ ਸਕੂਲਾਂ ਲਈ 18.41 ਕਰੋੜ ਜਾਰੀ ਕੀਤੇ : ਜੌੜਾਮਾਜਰਾ

## ਧਨੌਰੀ, ਰੇਤਗੜ੍ਹ ਤੇ ਫ਼ਤਿਹਮਾਜਰੀ 'ਚ ਵਿਕਾਸ ਕਾਰਜਾਂ ਦੇ ਉਦਘਾਟਨ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਦੇਖੀ ਦੇ ਸ਼ਿਕਾਰ ਪਿੰਡਾਂ ਦੇ ਵਿਕਾਸ ਲਈ ਵਿਆਪਕ ਯੋਜਨਾ ਉਲੀਕੀ ਗਈ ਹੈ। ਜੌੜਾਮਾਜਰਾ ਪਿੰਡ ਧਨੌਰੀ, ਰੇਤਗੜ੍ਹ ਤੇ ਫ਼ਤਿਹਮਾਜਰੀ ਵਿਖੇ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਅਤੇ ਨੀਂਹ ਪੱਥਰ ਰੱਖਣ ਲਈ ਪੁੱਜੇ ਹੋਏ ਸਨ।

ਜੌੜਾਮਾਜਰਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਹਲਕਾ ਸਮਾਣਾ ਦੇ ਸਕੂਲਾਂ ਲਈ 18.41 ਕਰੋੜ ਰੁਪਏ ਦੇ ਫੰਡ ਜਾਰੀ ਕੀਤੇ ਗਏ ਹਨ। ਉਨ੍ਹਾ ਕਿਹਾ ਕਿ ਸਿਹਤ ਤੇ ਸਿੱਖਿਆ ਪੰਜਾਬ ਸਰਕਾਰ ਦੀ ਮੁਢਲੀ ਤਰਜੀਹ ਹੈ, ਇਸ ਲਈ ਪੰਜਾਬ ਸਰਕਾਰ ਅਜਿਹੇ ਕੰਮ ਕਰ ਰਹੀ ਹੈ, ਜਿਸ ਦਾ ਲਾਭ ਕਿਸੇ ਇੱਕ ਵਿਅਕਤੀ ਦੀ ਬਜਾਇ ਸਮੁੱਚੇ ਲੋਕਾਂ ਨੂੰ ਹੋਵੇ। ਕੈਬਨਿਟ ਮੰਤਰੀ ਜੌੜਾਮਾਜਰਾ ਨੇ ਇਸ ਮੌਕੇ ਰੇਤਗੜ੍ਹ ਤੇ ਧਨੌਰੀ ਵਿਖੇ ਛੱਪੜਾਂ ਦੇ ਸੀਚੇਵਾਲ ਮਾਡਲ ਨਾਲ ਕਰੀਬ 80 ਲੱਖ ਰੁਪਏ ਦੀ ਲਾਗਤ ਨਾਲ ਕੀਤੇ ਜਾਣ ਵਾਲੇ ਨਵੀਨੀਕਰਨ ਕੰਮ ਦਾ ਨੀਂਹ ਪੱਥਰ ਰੱਖਿਆ।

ਇਸ ਦੇ ਨਾਲ ਹੀ ਉਨ੍ਹਾਂ ਨੇ ਪਿੰਡ ਫ਼ਤਿਹਮਾਜਰੀ ਵਿਖੇ ਐੱਸ.ਸੀ. ਕਲੋਨੀ ਦਾਨੀਪੁਰ ਰੋਡ 'ਤੇ ਖੜਬੰਜਾ ਲਈ 8.5 ਲੱਖ ਰੁਪਏ ਨਾਲ ਉਦਘਾਟਨ ਕੀਤਾ ਤੇ 15 ਲੱਖ ਰੁਪਏ ਦੀ ਲਾਗਤ ਨਾਲ ਫ਼ਤਿਹਮਾਜਰੀ ਵਿਖੇ ਗਲੀਆਂ ਨਾਲੀਆਂ ਦਾ ਨੀਂਹ ਪੱਥਰ ਵੀ ਰੱਖਿਆ, ਜਦਕਿ ਪਿੰਡ ਧਨੌਰੀ 'ਚ 7 ਲੱਖ ਰੁਪਏ ਨਾਲ ਬਣਾਏ ਆਂਗਣਵਾੜੀ, 4 ਲੱਖ ਦੀ ਲਾਗਤ ਨਾਲ ਸਾਲਿਡ ਵੇਸਟ ਮੈਨੇਜਮੈਂਟ ਤੇ 15 ਲੱਖ ਦੀ ਲਾਗਤ ਨਾਲ ਬਣਾਏ ਕਮਿਊਨਿਟੀ ਸੈਂਟਰ ਦਾ ਉਦਘਾਟਨ ਕੀਤਾ। ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਦੇਖੀ ਦਾ ਸ਼ਿਕਾਰ ਸਮਾਣਾ ਸ਼ਹਿਰ ਤੇ ਹਲਕੇ ਦੇ ਪਿੰਡਾਂ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਹਰ ਪੱਖੋਂ ਵਿਕਸਤ ਬਣਾਇਆ ਜਾਵੇਗਾ। ਜੌੜਾਮਾਜਰਾ ਨੇ ਕਿਹਾ ਕਿ ਕਿਸੇ ਵੀ ਵਿਕਾਸ ਕਾਰਜ ਲਈ ਫੰਡਾਂ ਦੀ ਕੋਈ ਤੋਟ ਨਹੀਂ ਆਉਣ ਦਿੱਤੀ ਜਾਵੇਗੀ।

17-Oct-PAGE-8.qxd 10/16/2023 10:34 PM Page 1



# ਕਲਮ ਤੋਂ ਲੈ ਕੇ ਕੀਬੋਰਡ ਤੱਕ ਪੱਤਰਕਾਰੀ 'ਚ ਕਈ ਬਦਲਾਅ ਆਏ : ਦੁਸ਼ਯੰਤ ਚੌਟਾਲਾ

**ਪੰਚਕੂਲਾ ,ਚੰਡੀਗੜ੍ਹ, (ਕ੍ਰਿਸ਼ਨ ਗਰਗ )**- ਉਪ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਨੇ ਕਿਹਾ ਕਿ ਪੱਤਰਕਾਰੀ ਨੂੰ ਅੱਜਕੱਲ੍ਹ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਲਮ ਤੋਂ ਲੈ ਕੇ ਕੀਬੋਰਡ ਤੱਕ ਪੱਤਰਕਾਰੀ ਵਿੱਚ ਕਈ ਬਦਲਾਅ ਆਏ ਹਨ। ਇਸ ਬਦਲਾਅ 'ਚ ਪਹਿਲਾਂ ਕੌਣ, ਦੀ ਚੁਣੌਤੀ ਵੀ ਸਾਹਮਣੇ ਆ ਰਹੀ ਹੈ। ਇਸ ਤੋਂ ਇਲਾਵਾ ਉਸ ਨੇ ਕਹਾਣੀ ਨੂੰ ਢਾਲਣਾ ਸ਼ੁਰੂ ਕਰ ਦਿੱਤਾ ਹੈ। ਇਸ ਦੇ ਲਈ ਪੱਤਰਕਾਰਾਂ ਨੂੰ ਫੀਲਡ ਵਿੱਚ ਹੀ ਸਿੱਖਣ ਨੂੰ ਮਿਲਦਾ ਹੈ। ਇਸ ਲਈ ਪੱਤਰਕਾਰਾਂ ਨੂੰ ਸੰਤੁਲਨ ਬਣਾਈ ਰੱਖਦੇ ਹੋਏ ਸਾਫ-ਸੁਥਰੇ, ਪਾਰਦਰਸ਼ੀ ਢੰਗ ਨਾਲ ਪੱਤਰਕਾਰੀ ਕਰਨੀ ਚਾਹੀਦੀ ਹੈ। ਉਪ ਮੁੱਖ ਮੰਤਰੀ ਅੱਜ ਮੀਡੀਆ ਨੂੰ ਦਰਪੇਸ਼ ਚੁਣੌਤੀਆਂ ਬਾਰੇ ਚੰਡੀਗੜ੍ਹ ਅਤੇ ਹਰਿਆਣਾ ਜਰਨਲਿਸਟ ਯੂਨੀਅਨ ਵੱਲੋਂ ਕਰਵਾਏ ਗਏ ਸੂਬਾ ਪੱਧਰੀ ਸੰਮੇਲਨ, ਸਨਮਾਨ ਸਮਾਰੋਹ ਅਤੇ ਸੈਮੀਨਾਰ ਮੌਕੇ ਬੋਲ ਰਹੇ ਸਨ। ਇਸ ਸੈਮੀਨਾਰ ਦੀ ਪ੍ਰਧਾਨਗੀ ਰਾਜ ਸਭਾ ਮੈਂਬਰ ਕਾਰਤੀਕੇਯ ਸ਼ਰਮਾ ਨੇ ਕੀਤੀ। ਪ੍ਰੋਗਰਾਮ ਵਿੱਚ ਉਪ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਅਤੇ ਸੰਸਦ ਮੈਂਬਰ ਕਾਰਤਿਕੇਯ ਸ਼ਰਮਾ ਨੇ ਹਰਿਆਣਾ ਤੋਂ ਲਗਾਤਾਰ ਛਪਦੇ ਅਖਬਾਰਾਂ ਦੇ ਸੰਪਾਦਕਾਂ ਨੂੰ ਸਨਮਾਨਤ ਕੀਤਾ। ਇਨ੍ਹਾਂ ਵਿੱਚ ਨਰਿੰਦਰ ਸਿੰਘ ਭਾਟੀਆ ਸਿਟੀ ਮੀਡੀਆ ਅੰਬਾਲਾ, ਸੁਰਿੰਦਰ ਭਾਟੀਆ ਪਲਪਲ, ਦੇਵੇਂਦਰ ਉੱਪਲ ਪਾਠਕਪੱਖ, ਅਜੈ ਭਾਟੀਆ ਜਗਤ ਕ੍ਰਾਂਤੀ, ਕੈਲਾਸ਼ ਜੈਨ ਅਰਥ ਪ੍ਰਕਾਸ਼, ਸ੍ਰੀਭਗਵਾਨ ਵਸ਼ਿਸ਼ਟ ਦੈਨਿਕ ਚੇਤਨਾ, ਅਨਿਲ ਆਰੀਆ ਗੁੜਗਾਓਂ ਟੂਡੇ, ਰਾਜੇਸ਼ ਕੁਮਾਰ ਸਮਾਚਾਰ ਕਿਆਰੀ, ਸ੍ਰੀਕਾਂਤ ਆਰੀਆ ਨਯਾ ਲੋਕ, ਸ. ਬਾਂਸਲ ਗੁੜਗਾਓਂ। ਮੇਲ, ਰੁਪੇਸ਼ ਬਾਂਸਲ ਸਤਿਆਜੇ ਟਾਈਮਜ਼ ਸ਼ਾਮਲ ਹਨ। ਸੈਮੀਨਾਰ ਵਿੱਚ ਹਿੰਦੁਤਨ ਟਾਈਮਜ਼ ਦੇ ਸੰਪਾਦਕ ਰਮੇਸ਼ ਵਿਨਾਇਕ, ਦੈਨਿਕ ਟ੍ਰਿਬਿਊਨ ਦੇ ਸੰਪਾਦਕ ਨਰੇਸ਼ ਕੌਸ਼ਲ, ਅਜੀਤ ਗਰੁੱਪ ਦੇ ਕਾਰਜਕਾਰੀ ਸੰਪਾਦਕ ਸਤਨਾਮ ਸਿੰਘ ਮਾਣਕ ਨੇ ਪੱਤਰਕਾਰੀ ਦੇ ਖੇਤਰ ਵਿੱਚ ਲਗਾਤਾਰ ਆ ਰਹੀਆਂ ਤਬਦੀਲੀਆਂ ਅਤੇ ਮੀਡੀਆ ਸਾਹਮਣੇ ਆ ਰਹੀਆਂ ਚੁਣੌਤੀਆਂ ਦਾ ਭਰਪੂਰ ਜ਼ਿਕਰ ਕੀਤਾ। ਆਈ ਜੇ ਯੂ ਦੇ ਕੌਮੀ




ਪ੍ਰਧਾਨ ਕੇ ਨਿਵਾਸ ਰੈਡੀ, ਸਾਬਕਾ ਪ੍ਰਧਾਨ ਐਸ ਐਨ ਸਿਨਹਾ, ਕੌਮੀ ਜਨਰਲ ਸਕੱਤਰ ਬਲਵਿੰਦਰ ਜੰਮੂ, ਸੂਬਾ ਪ੍ਰਧਾਨ ਰਾਮ ਸਿੰਘ ਬਰਾੜ, ਸੂਬਾ ਚੇਅਰਮੈਨ ਬਲਵੰਤ ਤਕਸਕ, ਸੂਬਾ ਜਨਰਲ ਸਕੱਤਰ ਸੁਰਿੰਦਰ ਗੋਇਲ ਨੇ ਵੀ ਪੱਤਰਕਾਰੀ ਨੂੰ ਦਰਪੇਸ਼ ਚੁਣੌਤੀਆਂ ਅਤੇ ਬਦਲਦੇ ਮਾਹੌਲ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਉਪ ਮੁੱਖ ਮੰਤਰੀ ਨੇ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਯੁੱਗ ਵਿੱਚ ਭਵਿੱਖ ਬਹੁਤ ਚੁਣੌਤੀਪੂਰਨ ਹੈ। ਹਰ ਤਰ੍ਹਾਂ ਦੀਆਂ ਖਬਰਾਂ ਵਿੱਚ ਸਹੀ ਕਿਸਮ ਦੇ ਤੱਥਾਂ ਨੂੰ ਬਣਾਈ ਰੱਖਣਾ ਜ਼ਰੂਰੀ ਹੈ, ਤਾਂ ਹੀ ਸਚਾਈ ਆਮ ਨਾਗਰਿਕਾਂ ਤੱਕ ਪਹੁੰਚਾਈ ਜਾ ਸਕਦੀ ਹੈ। ਇਸ ਲਈ ਉੱਨਤ ਪਾਰਦਰਸ਼ਤਾ ਦੀ ਵੀ ਲੋੜ ਹੈ। ਉਪ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਹਾਲ ਹੀ ਵਿੱਚ ਪੱਤਰਕਾਰਾਂ ਦੀ ਪੈਨਸ਼ਨ 10 ਹਜ਼ਾਰ ਰੁਪਏ ਤੋਂ ਵਧਾ ਕੇ 15 ਹਜ਼ਾਰ ਰੁਪਏ ਕਰ ਦਿੱਤੀ ਹੈ। ਇਸ ਤੋਂ ਇਲਾਵਾ ਪੱਤਰਕਾਰਾਂ ਨੂੰ ਕਈ ਤਰ੍ਹਾਂ ਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਯੂਨੀਅਨ ਦੀ ਮੰਗ 'ਤੇ ਉਨ੍ਹਾਂ ਜਲਦੀ ਹੀ ਕੈਸ਼ਲੈਸ ਸਿਹਤ ਸਹੂਲਤ ਦਾ ਲਾਭ ਦੇਣ ਦਾ ਐਲਾਨ ਕੀਤਾ ਅਤੇ ਆਪਣੇ ਅਖਤਿਆਰੀ ਫੰਡ ਵਿੱਚੋਂ 11 ਲੱਖ ਰੁਪਏ ਅਤੇ ਰਾਜਸਭਾ ਮੈਂਬਰ ਕਾਰਤਿਕੇਯ ਸ਼ਰਮਾ ਵੱਲੋਂ 5 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਚੌਟਾਲਾ ਨੇ ਦੱਸਿਆ ਕਿ ਐਚਐਸਵੀਪੀ ਪਲਾਟਾਂ ਵਿੱਚੋਂ 20 ਪਲਾਟ ਪੱਤਰਕਾਰਾਂ, ਵਕੀਲਾਂ ਅਤੇ ਜੱਜਾਂ ਲਈ ਵੱਖਰੇ ਤੌਰ 'ਤੇ ਰੱਖੇ ਗਏ ਹਨ। ਉਨ੍ਹਾਂ ਯੂਨੀਅਨ ਦੀ ਮੰਗ 'ਤੇ ਰੇਲਵੇ ਪਾਸਾਂ ਦੇ ਮੁੱਦੇ ਅਤੇ ਟੋਲ ਟੈਕਸ ਵਿੱਚ ਛੋਟ ਦਾ ਲਾਭ ਦੇਣ ਬਾਰੇ ਗੱਲਬਾਤ ਕਰਨ ਦਾ ਭਰੋਸਾ ਦਿੱਤਾ।

# ਮੁੱਖ ਮੰਤਰੀ ਦੇ ਦਫਤਰ ਦਾ ਘਿਰਾਓ ਕਰਕੇ ਕੀਤੀ ਵਾਅਦਾ-ਖਿਲਾਫੀ ਵਿਰੁੱਧ ਨਾਅਰੇਬਾਜ਼ੀ

**ਜਲੰਧਰ ( ਰਾਜੇਸ਼ ਥਾਪਾ )**-ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਤਰਨਤਾਰਨ ਦੀ ਅਗਵਾਈ ਹੇਠ ਚਲਾਏ ਜਾ ਰਹੇ ਸੂਬਾ ਪੱਧਰੀ ਸੰਕੇਤਕ ਰੋਸ ਧਰਨੇ ਦੇ ਦੂਜੇ ਦਿਨ ਵੱਖ-ਵੱਖ ਜ਼ਿਲ੍ਹਿਆਂ ਤੋਂ ਕੰਪਿਊਟਰ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ ਅਤੇ ਜੱਥੇਬੰਦੀ ਵਲੋਂ ਉਲੀਕੀ ਗਈ ਰਣਨੀਤੀ ਤਹਿਤ ਧੂਰੀ ਵਿਖੇ ਮੁੱਖ ਮੰਤਰੀ ਪੰਜਾਬ ਦੇ ਹਲਕੇ ਵਿੱਚ ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਦੀ ਆਮ ਜਨਤਾਂ ਵਿੱਚ ਪੈਂਫਲਿਟ ਵੰਡ ਕੇ ਪੋਲ ਖੋਲ੍ਹੀ ਗਈ । ਕੰਪਿਊਟਰ ਅਧਿਆਪਕਾਂ ਨਾਲ ਕੀਤੇ ਗਏ ਵਾਅਦੇ ਨੂੰ ਯਾਦ ਕਰਵਾਉਣ ਲਈ ਧੂਰੀ ਵਿਖੇ ਹੀ ਮੁੱਖ ਮੰਤਰੀ ਪੰਜਾਬ ਦੇ ਦਫਤਰ ਦਾ ਘਿਰਾਓ ਕਰਕੇ ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ। ਜਥੇਬੰਦੀ ਦੇ ਆਗੂਆਂ ਨੇ ਪੰਜਾਬ ਸਰਕਾਰ 'ਤੇ ਦੋਸ਼ ਲਗਾਉਂਦਿਆਂ ਪੱਤਰਕਾਰਾਂ ਨੂੰ ਦੱਸਿਆ ਕਿ ਪਿਛਲੇ ਸਾਲ 15 ਸਤੰਬਰ 2022 ਵਿੱਚ ਅਨੇਕਾਂ ਵਾਰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅਖਬਾਰਾਂ, ਸੋਸ਼ਲ ਮੀਡੀਆ ਅਤੇ ਆਮ ਆਦਮੀ ਪਾਰਟੀ ਦੇ ਵੱਖ-ਵੱਖ ਮੰਚਾਂ 'ਤੇ ਕੰਪਿਊਟਰ ਅਧਿਆਪਕਾਂ ਨੂੰ ਦੀਵਾਲੀ ਦੇ ਮੌਕੇ 'ਤੇ ਬਣਦੇ ਲਾਭ ਦੇਣ ਦਾ ਐਲਾਨ ਕੀਤਾ ਸੀ ਜੋ ਇੱਕ ਸਾਲ ਬੀਤ ਜਾਣ ਉਪਰੰਤ ਵੀ ਪੂਰਾ ਨਹੀਂ ਕੀਤਾ ਗਿਆ । ਪੰਜਾਬ ਸਰਕਾਰ ਨਾਲ ਅਨੇਕਾਂ ਮੀਟਿੰਗਾਂ ਹੋ ਚੁੱਕੀਆਂ ਹਨ। ਜਿਸ ਵਿੱਚ ਲਾਰੇ ਲੱਪੇ ਤੋਂ ਇਲਾਵਾ ਕੰਪਿਊਟਰ ਅਧਿਆਪਕਾਂ ਦੇ ਮਸਲਿਆਂ ਦਾ ਕੋਈ ਵੀ ਹੱਲ ਨਹੀ ਕੀਤਾ ਜਾ ਰਿਹਾ ਹੈ। ਸੂਬਾਈ ਆਗੂਆਂ ਨੇ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਬੇਸ਼ੱਕ 2011 ਵਿੱਚ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਅਧੀਨ ਬਣੀ ਪਿਕਟਸ ਸੁਸਾਇਟੀ ਵਿੱਚ ਨਿਯੁਕਤੀ ਪੱਤਰਾਂ ਅਨੁਸਾਰ ਪੰਜਾਬ ਸਿਵਲ ਸਰਵਿਸ ਸੇਵਾਵਾਂ ਨਿਯਮਾਂ ਤਹਿਤ ਰੈਗੂਲਰ ਕਰ ਦਿੱਤਾ ਸੀ, ਪਰ ਅੱਜ ਤੱਕ ਪੰਜਾਬ ਸਿਵਲ ਸਰਵਿਸ ਸੇਵਾ ਨਿਯਮ ਪੂਰਨ ਰੂਪ ਵਿੱਚ ਕੰਪਿਊਟਰ ਅਧਿਆਪਕਾਂ 'ਤੇ ਲਾਗੂ ਨਹੀਂ ਕੀਤੇ ਗਏ, 90 ਦੇ ਕਰੀਬ ਮ੍ਰਿਤਕ ਕੰਪਿਊਟਰ ਅਧਿਆਪਕਾਂ ਦੇ ਪਰਵਾਰਾਂ ਦੀ ਵਿੱਤੀ ਸਹਾਇਤਾ ਨਹੀਂ ਕੀਤੀ ਅਤੇ ਆਸ਼ਰਿਤ ਪਰਵਾਰ ਨੂੰ ਨੌਕਰੀ ਨਹੀਂ ਦਿੱਤੀ ਗਈ। ਜੇਕਰ ਪੰਜਾਬ ਸਰਕਾਰ ਕੰਪਿਊਟਰ ਅਧਿਆਪਕਾਂ ਦੇ ਰੋਕੇ ਹੋਏ ਲਾਭ ਜਿਵੇਂ ਕਿ ਪੰਜਾਬ ਸਿਵਲ ਸਰਵਿਸ ਸੇਵਾ ਨਿਯਮ ਪੂਰਨ ਰੂਪ ਵਿਚ ਲਾਗੂ ਕਰਨਾ, 6ਵਾਂ ਪੇਅ ਕਮਿਸ਼ਨ, ਏ.ਸੀ.ਪੀ., ਨੌਕਰੀ ਦੌਰਾਨ ਮੌਤ ਹੋ ਜਾਣ ਕਰਕੇ ਆਸ਼ਰਿਤਾਂ ਨੂੰ ਸਰਕਾਰੀ ਸੇਵਾ ਵਿੱਚ ਨੌਕਰੀ, ਮੈਡੀਕਲ ਪ੍ਰਤੀਪੂਰਤੀ, ਫੈਮਿਲੀ ਪੈਨਸ਼ਨ, ਛੁੱਟੀਆਂ, ਹੋਰ ਵਿੱਤੀ ਅਤੇ ਵਿਭਾਗੀ ਲਾਭ ਤਰੰਤ ਲਾਗੂ ਨਹੀਂ ਕਰਦੀ ਤਾਂ ਆਉਣ ਵਾਲੇ ਦਿਨਾਂ ਵਿੱਚ ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਵਲੋਂ ਹਰ ਸਰਕਾਰੀ ਫੰਕਸ਼ਨ ਦਾ ਵਿਰੋਧ ਅਤੇ ਮੰਤਰੀਆਂ ਦੀ ਘੇਰਾਬੰਦੀ ਕੀਤੀ ਜਾਵੇਗੀ । ਸੰਕੇਤਕ ਰੋਸ ਧਰਨੇ ਦੌਰਨ ਸੀਨੀਅਰ ਮੀਤ ਪ੍ਰਧਾਨ ਹਰਜੀਤ ਸਿੰਘ ਸੰਧੂ, ਅਨਿਲ ਐਰੀ ਮੀਤ ਪ੍ਰਧਾਨ, ਏਕਮਓਕਾਰ ਸਿੰਘ ਮੀਤ ਪ੍ਰਧਾਨ, ਸਿਕੰਦਰ ਸਿੰਘ ਮੀਤ ਪ੍ਰਧਾਨ , ਨਰਦੀਪ ਸ਼ਰਮਾ ਮੀਤ ਪ੍ਰਧਾਨ, ਪਰਮਵੀਰ ਸਿੰਘ ਪੰਮੀ, ਪਰਮਿੰਦਰ ਸਿੰਘ ਘੁਮਾਣ ਅਤੇ ਹਰਪ੍ਰੀਤ ਸਿੰਘ ਜਨਰਲ ਸਕੱਤਰ, ਅਮਰਦੀਪ ਸਿੰਘ, ਗੁਰਪ੍ਰੀਤ ਸਿੰਘ ਟੌਹੜਾ ਪ੍ਰਮੁੱਖ ਸਲਾਹਕਾਰ, ਹਰਜੀਤ ਸਿੰਘ ਵਿੱਤ ਸਕੱਤਰ, ਪਰਮਜੀਤ ਸਿੰਘ ਵਿੱਤ ਸਕੱਤਰ, ਹਰਮਿੰਦਰ ਸਿੰਘ ਸੰਧੂ ਪ੍ਰੈਸ ਸਕੱਤਰ, ਹਰਜਿੰਦਰ ਮਹਿਸਮਪੁਰ ਪ੍ਰੈਸ ਸਕੱਤਰ,ਹਰਭਗਵਾਨ ਸਿੰਘ ਸਟੇਜ ਸਕੱਤਰ, ਹਰਜਿੰਦਰ ਸਿੰਘ ਨਵਾਂ ਸ਼ਹਿਰ, , ਰਾਜਵਿੰਦਰ ਲਾਖਾ, ਕੁਨਾਲ ਕਪੂਰ,ਜਗਤਾਰ ਸਿੰਘ, ਅਮਰਜੀਤ ਸਿੰਘ, ਅਮਨਜੋਤੀ, ਮੈਡਮ ਰਾਖੀ ਮੰਨਨ, ਜਿਲਾ ਪ੍ਰਧਾਨ ਸੱਤਪ੍ਰਤਾਪ ਸਿੰਘ ਮਾਨਸਾ, ਜਗਦੀਸ਼ ਸ਼ਰਮਾ ਸੰਗਰੂਰ, ਹਨੀ ਗਰਗ ਪਟਿਆਲਾ, ਗੁਰਪਿੰਦਰ ਗੁਰਦਾਸ ਪੁਰ, ਪ੍ਰਦੀਪ ਬੈਰੀ ਮੁਕਤਸਰ, ਅਮਨਦੀਪ ਸਿੰਘ ਪਠਾਨਕੋਟ, ਰਮਨ ਕੁਮਾਰ ਜਲੰਧਰ, ਗਗਨਦੀਪ ਸਿੰਘ ਅਮ੍ਰਿਤਸਰ, ਰਵਿੰਦਰ ਸਿੰਘ ਹੁਸ਼ਿਆਰਪੁਰ, ਈਸ਼ਰ ਸਿੰਘ ਬਠਿੰਡਾ ਆਗੂ ਸ਼ਾਮਿਲ ਰਹਿਣਗੇ।

## ਜਥੇਦਾਰ ਵੱਲੋਂ ਇਜ਼ਰਾਈਲ-ਹਮਾਸ ਜੰਗ 'ਤੇ ਫਿਕਰਮੰਦੀ ਸ਼ਲਾਘਾਯੋਗ ਸੋਚ : ਪੀਰ ਮੁਹੰਮਦ

**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਇਜ਼ਰਾਈਲ ਹਮਾਸ ਵਿਚਕਾਰ ਛਿੜੀ ਜੰਗ ਨੂੰ ਮਨੁੱਖਤਾ ਲਈ ਘੋਰ ਦੁਖਾਂਤ ਭਰਿਆ ਕਰਾਰ ਦਿੰਦਿਆਂ ਜੋ ਚਿੰਤਾ ਜਤਾਈ ਹੈ, ਉਹ ਬੇਹੱਦ ਸ਼ਲਾਘਾਯੋਗ ਸੋਚ ਦਾ ਪ੍ਰਗਟਾਵਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਜੇਕਰ ਇਸ ਜੰਗ ਨੂੰ ਤੁਰੰਤ ਰੋਕਿਆ ਨਾ ਗਿਆ ਤਾਂ ਹਾਲਾਤ ਤੀਜੀ ਵਿਸ਼ਵ ਜੰਗ ਵੱਲ ਵਧ ਸਕਦੇ ਹਨ, ਜੋ ਮਨੁੱਖੀ ਸੱਭਿਅਤਾ ਲਈ ਬੇਹੱਦ ਮਾਰੂ ਸਾਬਤ ਹੋ ਸਕਦੀ ਹੈ । ਉਨ੍ਹਾਂ ਕਿਹਾ ਕਿ ਸਿੰਘ ਸਾਹਿਬ ਨੇ ਸਿੱਖ ਗੁਰੂ ਸਾਹਿਬਾਨ ਦੇ ਵਿਸ਼ਵ ਸ਼ਾਂਤੀ ਦੇ ਫਲਸਫੇ ਨੂੰ ਸਿੱਖੀ ਸਿਧਾਂਤਾਂ ਦੇ ਪਹਿਰੇਦਾਰ ਵਜੋਂ ਅੱਗੇ ਤੋਰਦਿਆਂ ਦੁਨੀਆ ਦਾ ਧਿਆਨ ਖਿੱਚਿਆ ਹੈ । ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਹਮਾਸ ਵੱਲੋਂ ਇਜ਼ਰਾਈਲ ਉੱਪਰ ਅਤੇ ਇਜ਼ਰਾਈਲ ਵੱਲੋਂ ਗਾਜਾ ਪੱਟੀ ਉੱਪਰ ਕੀਤੇ ਗਏ ਹਮਲਿਆਂ ਦੌਰਾਨ ਮਨੁੱਖਤਾ ਦੇ ਹੋਏ ਭਾਰੀ ਘਾਣ ਦੀ ਘੋਰ ਨਿੰਦਾ ਕਰਕੇ ਮਨੁੱਖਤਾ ਦੇ ਭਲੇ ਲਈ ਆਵਾਜ਼ ਬੁਲੰਦ ਕੀਤੀ ਹੈ । ਕਰਨੈਲ ਸਿੰਘ ਪੀਰ ਮੁਹੰਮਦ ਨੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਬੇਨਤੀ ਕਰਦਿਆਂ ਕਿਹਾ ਕਿ ਉਹ ਅਮਰੀਕਾ ਤੇ ਹੋਰ ਪੱਛਮੀ ਦੇਸ਼ਾਂ, ਇਸਲਾਮਿਕ ਮੁਲਕਾਂ ਅਤੇ ਏਸ਼ੀਆ ਦੇ ਵੱਡੇ ਦੇਸ਼ਾਂ ਨੂੰ ਸੰਯੁਕਤ ਰਾਸ਼ਟਰ ਰਾਹੀਂ ਪੱਤਰ ਲਿਖ ਕੇ ਇਸ ਜੰਗ ਨੂੰ ਤੁਰੰਤ ਰੋਕਣ ਲਈ ਵੀ ਪਹਿਲਕਦਮੀ ਕਰਨ ਅਤੇ ਹਰੇਕ ਦੇਸ਼ ਦੇ ਦੂਤਾਵਾਸ ਨੂੰ ਸਿੱਖ ਵਫਦ ਵਿਸ਼ਵ ਅਮਨ ਸ਼ਾਂਤੀ ਲਈ ਮੈਮੋਰੰਡਮ ਦੇਣ ਸਬੰਧੀ ਆਦੇਸ਼ ਜਾਰੀ ਕਰਨ ।

## ਮੇਰੇ ਸ਼ਬਦ ਆਮ ਲੋਕਾਂ ਨੂੰ ਪ੍ਰੇਸ਼ਾਨ ਕਰਨ ਵਾਲਿਆਂ ਲਈ ਸਿਰਫ਼ ਇੱਕ ਚੇਤਾਵਨੀ ਸਨ : ਸਪੀਕਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ )** ਸਮਾਜ ਦੇ ਹਰ ਵਰਗ ਦੇ ਹਿੱਤਾਂ ਦੀ ਰਾਖੀ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦਿਆਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਉਨ੍ਹਾਂ ਨੇ ਸਖ਼ਤ ਸ਼ਬਦਾਂ ਦੀ ਵਰਤੋਂ ਹਰ ਕਿਸੇ ਲਈ ਨਹੀਂ ਸਗੋਂ ਲੋਕਾਂ ਨੂੰ ਪ੍ਰੇਸ਼ਾਨ ਕਰਨ ਵਾਲਿਆਂ ਲਈ ਕੀਤੀ ਹੈ। ਇੱਥੇ ਜਾਰੀ ਬਿਆਨ ਵਿੱਚ ਸਪੀਕਰ ਨੇ ਕਿਹਾ ਕਿ ਇੱਕ ਸੱਭਿਅਕ ਸਮਾਜ ਵਿੱਚ ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥ ਵਿੱਚ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਸੰਧਵਾਂ ਨੇ ਕਿਹਾ ਕਿ ਉਨ੍ਹਾਂ ਨੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਸਿਰਫ਼ ਚੇਤਾਵਨੀ ਦਿੱਤੀ ਸੀ ਕਿ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਚਿਤਾਵਨੀ ਦਾ ਆਮ ਲੋਕਾਂ ਦੇ ਹਿੱਤਾਂ ਦੀ ਰਾਖੀ ਤੋਂ ਸਿਵਾਏ ਹੋਰ ਕੋਈ ਵੀ ਉਦੇਸ਼ ਨਹੀਂ ਸੀ। ਸਪੀਕਰ ਨੇ ਕਿਹਾ ਕਿ ਕੁਝ ਸਵਾਰਥੀ ਲੋਕ ਉਹਨਾਂ ਦੇ ਬਿਆਨਾਂ ਨੂੰ ਗਲਤ ਢੰਗ ਨਾਲ ਪੇਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਚੇਤਾਵਨੀ ਸਿਰਫ਼ ਲੋਕਾਂ ਨੂੰ ਬੇਵਜ੍ਹਾ ਪ੍ਰੇਸ਼ਾਨ ਕਰਨ ਵਾਲਿਆਂ ਲਈ ਸੀ। ਉਨ੍ਹਾਂ ਕਿਹਾ ਕਿ ਉਹਨਾਂ ਨੇ ਇਹਨਾਂ ਸਖ਼ਤ ਸ਼ਬਦਾਂ ਦੀ ਵਰਤੋਂ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਕੀਤੀ ਹੈ ਅਤੇ ਜੇਕਰ ਇਸ ਨਾਲ ਕਿਸੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ ਤਾਂ ਉਹ ਇਸ ਲਈ ਮੁਆਫ਼ੀ ਚਾਹੁੰਦੇ ਹਨ।

## ਢਾਡੀ ਜੱਥਾ ਗਿਆਨੀ ਨੂਰਪੁਰੀ ਦਾ ਗੋਲਡ ਮੈਡਲ ਨਾਲ ਸਨਮਾਨ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** -ਅੰਤਰਰਾਸ਼ਟਰੀ ਢਾਡੀ ਗਿਆਨੀ ਜਤਿੰਦਰ ਸਿੰਘ ਨੂਰਪੁਰੀ ਇਸ ਵਕਤ ਯੂਰਪ ਦੇ ਟੂਰ 'ਤੇ ਹਨ ਅਤੇ ਪ੍ਰਚਾਰ ਰਾਹੀਂ ਸੰਗਤਾਂ ਨੂੰ ਗੁਰੂ ਨਾਲ ਜੋੜ ਰਹੇ ਹਨ। ਉਹਨਾਂ ਦਾ ਸਾਥ ਰੁਸਤਮ ਢਾਡੀ ਗਿਆਨੀ ਦਰਸ਼ਨ ਸਿੰਘ ਬੱਲ ਢਾਡੀ ਗੁਰਪ੍ਰੀਤ ਸਿੰਘ ਹੁੰਦਲ ਅਤੇ ਸਰੰਗੀ ਮਾਸਟਰ ਜਗਸੀਰ ਸਿੰਘ ਜਲਾਲਾਬਾਦੀ ਦੇ ਰਹੇ ਹਨ। ਇਸ ਵਕਤ ਉਹ ਯੂਰਪ ਦੇ ਖ਼ੂਬਸੂਰਤ ਦੇਸ਼ ਅਸਟਰੀਆ ਦੇ ਸ਼ਹਿਰ ਵਿਆਨਾਂ ਦੇ ਵਿੱਚ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਵਿਖੇ ਸੇਵਾਵਾਂ ਦੇ ਰਹੇ ਹਨ ਵਿੱਚ ਹਨ। ਜੱਥੇ ਵਲੋਂ ਸੰਗਤਾਂ ਨੂੰ ਸਿੱਖ ਇਤਿਹਾਸ ਤੋਂ ਜਾਣੂ ਕਰਵਾਉਣ ਵਿਚ ਪਾਏ ਵੱਡੇ ਯੋਗਦਾਨ ਲਈ ਗੁਰੂ-ਘਰ ਦੀ ਪ੍ਰਬੰਧਕ ਕਮੇਟੀ ਵਲੋਂ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਅਤੇ ਗੋਲਡ ਮੈਡਲ ਨਾਲ ਸਨਮਾਨ ਕੀਤਾ ਗਿਆ। ਗਿਆਨੀ ਨੂਰਪੁਰੀ ਦੇ ਉਸਤਾਦ ਗਿਆਨੀ ਤਰਲੋਚਨ ਸਿੰਘ ਭੁੰਮਦੀ ਨੇ ਸ਼ੁੱਭਕਾਮਨਾਵਾਂ ਭੇਜੀਆਂ।

## ਨਵਯੁਵਕ ਦੁਸਹਿਰਾ ਕਮੇਟੀ ਨੇ ਪਹਿਲੇ ਨਰਾਤੇ ਝੰਡਾ ਚੜ੍ਹਾਇਆ



**ਫਿਲੌਰ (ਨਿਰਮਲ)**- ਪਾਵਨ ਨਰਾਤਿਆਂ ਦੇ ਪਹਿਲੇ ਦਿਨ ਨਵਯੁਵਕ ਦੁਸਹਿਰਾ ਕਮੇਟੀ ਦੇ ਪ੍ਰਧਾਨ ਡਾ.ਰਾਕੇਸ਼ ਸ਼ਰਮਾ ਅਤੇ ਹੋਰਨਾਂ ਮੈਂਬਰਾਂ ਨੇ 24 ਅਕਤੂਬਰ ਨੂੰ ਮਨਾਏ ਜਾਣ ਵਾਲੇ ਦੁਸਹਿਰਾ ਉਤਸਵ ਦੇ ਸਬੰਧ ਵਿੱਚ ਗਰਾਉਂਡ ਵਿਖੇ ਸਥਿੱਤ ਸ੍ਰੀ ਰਾਮ ਦਰਬਾਰ ਵਿਖੇ ਝੰਡਾ ਚੜਾਉਣ ਦੀ ਰਸਮ ਅਦਾ ਕੀਤੀ। ਡਾ.ਸ਼ਰਮਾ ਨੇ ਦੱਸਿਆ ਕਿ ਦੁਸਹਿਰਾ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਦੀ ਗਰਾਉਂਡ ਵਿਖੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਭਗਵਾਨ ਰਾਮ ਚੰਦਰ ਜੀ ਦੀ ਜੀਵਨੀ ਨਾਲ ਸਬੰਧਤ ਝਾਕੀਆਂ ਕੱਢੀਆਂ ਜਾਣਗੀਆਂ। ਇਸ ਮੌਕੇ ਪ੍ਰਧਾਨ ਡਾ.ਰਾਕੇਸ਼ ਸ਼ਰਮਾ,ਪ੍ਰਮੋਦ ਕੁਮਾਰ ਵਸੰਦਰਾਏ,ਲਾਲਾ ਰਾਕੇਸ਼ ਗੋਇਲ, ਰਵੀਕਾਂਤ ਗੁਪਤਾ, ਤਿਲਕ ਰਾਜ ਭਾਪਾ,ਅਸ਼ਵਨੀ ਭਾਜਪਾ, ਲਾਲਾ ਸੁਦੇਸ਼ ਗੁਪਤਾ,ਵਿਕਾਸ ਕੁਮਾਰ, ਅਸ਼ੋਕ ਦੱਤਾ, ਸੁਰਿੰਦਰ ਕੈਂਥ ਕੌਂਸਲਰ, ਡਾ. ਕੇਵਲ ਕ੍ਰਿਸ਼ਨ, ਡਾ. ਪੂਰਨ ਚੰਦ ਸਰਮਾ, ਡਾ.ਵੈਭਵ ਸ਼ਰਮਾ ਕੌਂਸਲਰ, ਸੁਰਿੰਦਰ ਸ਼ਰਮਾ, ਦਿਨੇਸ਼ ਸ਼ਰਮਾ, ਦਵਿੰਦਰ ਬਿੱਟੂ,ਮੋਨੂ ਸ਼ਰਮਾ, ਇੰਦਰਜੀਤ ਲਾਂਬਾ, ਸਤਿਨਾਮ ਕਾਲਾ,ਰਿੰਕਾ ਪਾਸੀਂ, ਰਾਕੇਸ਼ ਸਲਹੋਤਰਾ,ਨਰੇਸ਼ ਭੰਡਾਰੀ,ਰਾਜੀਵ ਦੁੱਗਲ,ਸੰਜੀਵ ਸਹਿਗਲ, ਸੋਨੂੰ ਪੰਮਾ ਅਤੇ ਹੋਰ ਹਾਜਰ ਸਨ।

## 'ਸਕੂਲ ਆਫ ਐਮੀਨੈਂਸ' ਦੇ ਨਾਂਅ ਹੇਠ ਸੈਂਕੜੇ ਸਕੂਲਾਂ ਦਾ ਉਜਾੜਾ ਬਰਦਾਸ਼ਤ ਨਹੀਂ : ਨਵਪ੍ਰੀਤ ਬੱਲੀ

**ਜਲੰਧਰ (ਰਾਜੇਸ਼ ਥਾਪਾ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ ) ਦੇ ਸੂਬਾ ਪ੍ਰਧਾਨ ਨਵਪ੍ਰੀਤ ਸਿੰਘ ਬੱਲੀ, ਸੂਬਾ ਜਨਰਲ ਸਕੱਤਰ ਸੁਰਿੰਦਰ ਕੰਬੋਜ, ਸੂਬਾ ਵਿੱਤ ਸਕੱਤਰ ਸੋਮ ਸਿੰਘ, ਸੂਬਾ ਪ੍ਰੈਸ ਸਕੱਤਰ ਐਨ ਡੀ ਤਿਵਾੜੀ ਨੇ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ 'ਤੇ ਦੋਸ਼ ਲਾਇਆ ਕਿ ਉਹ ਆਪਣੇ ਰਾਜਨੀਤਿਕ ਸੁਪਨਿਆਂ ਦੀ ਪੂਰਤੀ ਲਈ ਪੰਜਾਬ ਦੇ ਬਹੁਗਿਣਤੀ ਸਕੂਲਾਂ ਦਾ ਉਜਾੜਾ ਕਰ ਰਹੀ ਹੈ। ਪਿਛਲੀਆਂ ਸਰਕਾਰਾਂ ਦੇ ਨਕਸ਼ੇ-ਕਦਮ ਅਤੇ ਨਵੀਂ ਸਿੱਖਿਆ ਨੀਤੀ 2020 ਦੇ ਮਾਡਲ ਦੀ ਪੂਰਤੀ ਲਈ ਮਿਡਲ ਸਕੂਲਾਂ ਨੂੰ ਤਬਾਹ ਕਰਨ ਵੱਲ ਤੁਰ ਪਈ ਹੈ। ਜਿਸ ਨੂੰ ਪੰਜਾਬ ਦਾ ਅਧਿਆਪਕ ਵਰਗ ਬਰਦਾਸ਼ਤ ਨਹੀ ਕਰੇਗਾ। ਸੀਨੀਅਰ ਮੀਤ ਪ੍ਰਧਾਨ ਬਿਕਰਮਜੀਤ ਸਿੰਘ ਸ਼ਾਹ, ਮੀਤ ਪ੍ਰਧਾਨ ਜਤਿੰਦਰ ਸਿੰਘ ਸੋਨੀ, ਪਰਗਟ ਸਿੰਘ ਜੰਬਰ, ਗੁਰਜੀਤ ਸਿੰਘ ਮੋਹਾਲੀ, ਜਗਦੀਪ ਸਿੰਘ ਜੌਹਲ, ਗੁਰਮੀਤ ਸਿੰਘ ਖਾਲਸਾ ਨੇ ਕਿਹਾ ਕਿ " ਸਕੂਲ ਆਫ ਐਮੀਨੈਂਸ" ਦੇ ਪ੍ਰੋਜੈਕਟ ਦੇ ਨਾਂ 'ਤੇ ਪੰਜਾਬ ਦੇ ਮਿਡਲ ਸਕੂਲ ਦਾ ਸਿੱਖਿਆ ਢਾਂਚਾ ਖਤਮ ਕੀਤਾ ਜਾ ਰਿਹਾ ਹੈ। ਇਹ ਵਿਤਕਰੇ ਭਰਪੂਰ ਸਿੱਖਿਆ ਮਾਡਲ ਦੇ ਨਾਂ ਹੇਠ ਨਵੀਂ ਸਿੱਖਿਆ ਨੀਤੀ ਨੂੰ ਪੰਜਾਬ ਦੇ ਸਕੂਲਾਂ ਵਿਚ ਥੋਪਿਆ ਜਾ ਰਿਹਾ ਹੈ। ਜਿਸ ਤਹਿਤ ਸੂਬੇ ਦੇ ਸਿਰਫ 117 ਸਕੂਲਾਂ ਨੂੰ ਮਾਡਲ ਸਕੂਲ ਬਣਾਉਣ ਲਈ ਬਾਕੀ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਤੋਂ ਸਿੱਖਿਆ ਸਹੂਲਤਾਂ ਨੂੰ ਖੋਹਿਆ ਜਾ ਰਿਹਾ ਹੈ। ਸਕੂਲ ਆਫ ਐਮੀਨੈਂਸ ਦੇ ਨਾਂ ਹੇਠ ਸਕੂਲੀ ਬੱਚਿਆਂ ਨਾਲ ਪਹਿਲਾਂ ਸਕੂਲ ਵਰਦੀ ਵਿੱਚ ਵੀ ਵਿਤਕਰਾ ਕਰਕੇ ਸਰਕਾਰੀ ਸਕੂਲ ਦੇ ਬੱਚਿਆਂ ਨੂੰ ਪ੍ਰਤੀ ਬੱਚਾ 600 ਰੁਪਏ ਤੇ ਸਕੂਲ ਆਫ ਐਮੀਨੈਂਸ ਦੇ ਵਿਦਿਆਰਥੀ ਨੂੰ 4000 ਰੁਪਏ ਪ੍ਰਤੀ ਵਿਦਿਆਰਥੀ ਵਰਦੀ ਲਈ ਦਿੱਤੇ ਗਏ ਸਨ। ਹੁਣ ਸਕੂਲ ਆਫ ਐਮੀਨੈਂਸ ਅਧਿਆਪਕਾਂ ਦੀ ਘਾਟ ਨੂੰ ਪੂਰਾ ਕਰਨ ਲਈ ਹੋਰ ਸਕੂਲਾਂ ਦੇ ਅਧਿਆਪਕਾਂ ਦੀ ਜਬਰੀ ਬਦਲੀ ਐਮੀਨੈਂਸ ਸਕੂਲਾਂ ਵਿੱਚ ਕਰ ਦਿੱਤੀ ਗਈ ਹੈ। ਮਿਡਲ ਸਕੂਲਾਂ ਵਿੱਚੋਂ ਆਰਟ ਐਂਡ ਕਰਾਫਟ ਅਧਿਆਪਕ ਚੁੱਕ ਦਿੱਤੇ ਗਏ ਹਨ। ਅਧਿਆਪਕਾਂ ਦੀ ਸਹਿਮਤੀ ਤੋਂ ਬਿਨਾਂ ਉਨ੍ਹਾਂ ਦੀਆਂ ਬਦਲੀਆਂ ਦੂਰ ਦਰਾਡੇ ਕਰ ਦਿੱਤੀਆਂ ਗਈਆਂ ਹਨ। ਜਥੇਬੰਦਕ ਸਕੱਤਰ ਕੰਵਲਜੀਤ ਸੰਗੋਵਾਲ, ਸੁੱਚਾ ਸਿੰਘ ਚਾਹਲ , ਜਗਤਾਰ ਸਿੰਘ ਖਮਾਣੋਂ ਨੇ ਕਿਹਾ ਕਿ ਅਧਿਆਪਕਾਂ ਦੀ ਕਮੀ ਨਾਲ ਜੂਝ ਰਹੇ ਸਰਕਾਰੀ ਸਕੂਲਾਂ ਵਿੱਚ ਨਵੀਂ ਭਰਤੀ ਕਰਨ ਦੀ ਬਜਾਏ ਸਕੂਲ ਆਫ ਐਮੀਨੈਂਸ ਵਿੱਚ ਅਧਿਆਪਕਾਂ ਨੂੰ ਇੱਧਰੋਂ ਉੱਧਰੋਂ ਸ਼ਿਫਟ ਕਰਕੇ ਸਰਕਾਰ ਡੰਗ ਸਾਰ ਰਹੀ ਹੈ। ਜਦੋਂ ਕਿ ਇਸ਼ਤਿਹਾਰ ਰਾਹੀਂ ਸਰਕਾਰ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਦਾ ਨਾਅਰਾ ਦੇ ਰਹੀ ਹੈ। ਸਿੱਖਿਆ ਦਾ ਪੱਧਰ ਉੱਚਾ ਚੁੱਕਣ ਦੇ ਇਸ਼ਤਿਹਾਰ ਛਾਪੇ ਜਾ ਰਹੇ ਹਨ। ਜਥੇਬੰਦੀ ਮੰਗ ਕਰਦੀ ਹੈ ਕਿ ਸਰਕਾਰ ਭੇਦ-ਭਾਵ ਦੀ ਨੀਤੀ ਛੱਡ ਕੇ ਪੰਜਾਬ ਭਰ ਵਿੱਚ ਖਾਲੀ ਪਈਆਂ ਪੋਸਟਾਂ ਨੂੰ ਭਰਨ ਦੀ ਪ੍ਰਕਿਰਿਆ ਤੁਰੰਤ ਸ਼ੁਰੂ ਕਰੇ ਅਤੇ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਨੂੰ ਬਰਾਬਰ ਸਿੱਖਿਆ ਦੇਣ ਦੇ ਅਧਿਕਾਰ ਬਾਬਤ ਇਹ ਅਧਿਆਪਕਾਂ ਦੀ ਸਹਿਮਤੀ ਤੋਂ ਬਿਨਾਂ ਕੀਤੀਆਂ ਬਦਲੀਆਂ ਤੁਰੰਤ ਰੱਦ ਕਰੇ। ਇਸ ਮੌਕੇ ਲਾਲ ਚੰਦ, ਧਰਮਿੰਦਰ ਠਾਕਰੇ, ਰੇਸ਼ਮ ਸਿੰਘ, ਕਮਲ ਕੁਮਾਰ, ਅਨੀਸ਼ ਕੁਮਾਰ, ਰਸਮਿੰਦਰ ਸੋਨੂੰ, ਬਲਵਿੰਦਰ ਸਿੰਘ ਕਾਲੜਾ, ਰਮਨ ਗੁਪਤਾ, ਅਸਵਨੀ ਕੁਮਾਰ ਹਾਜ਼ਰ ਸਨ।

## ਡਾ. ਪਾਲ ਸਿੰਘ ਬਣੇ ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ

**ਮੋਰਿੰਡਾ ( ਜੈਜੀ ਸਰਦਾਰ )**- ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਰਜਿ ਨੰ:(295) ਜ਼ਿਲ੍ਹਾ ਰੋਪੜ ਦੀ ਚੋਣ ਇਜਲਾਸ ਮੀਟਿੰਗ ਹੋਈ, ਜਿਸ ਵਿਚ ਪੁਰਾਣੀ ਜ਼ਿਲ੍ਹਾ ਬਾਡੀ ਨੂੰ ਭੰਗ ਕਰਦੇ ਹੋਏ ਨਵੀਂ ਜ਼ਿਲ੍ਹਾ ਬਾਡੀ ਦਾ ਸੰਗਠਨ ਕੀਤਾ ਗਿਆ। ਇਸ ਮੀਟਿੰਗ ਵਿੱਚ ਸਰਬਸੰਮਤੀ ਨਾਲ ਡਾ. ਪਾਲ ਸਿੰਘ (ਕਲਹੇੜੀ) ਮੋਰਿੰਡਾ ਨੂੰ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ। ਰੋਪੜ ਜ਼ਿਲ੍ਹੇ ਦੇ ਪੰਜ ਬਲਾਕਾਂ ਨੂਰਪੁਰ ਬੇਦੀ, ਸ੍ਰੀ ਚਮਕੌਰ ਸਾਹਿਬ, ਬਲਾਕ ਰੋਪੜ, ਮੋਰਿੰਡਾ ਅਤੇ ਨੰਗਲ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਵਿਚ ਸਟੇਟ ਬਾਡੀ ਦੇ ਪ੍ਰਧਾਨ ਡਾਕਟਰ ਰਮੇਸ਼ ਕੁਮਾਰ ਬਾਲੀ ਵੱਲੋਂ ਵੀ ਸ਼ਿਰਕਤ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਡਾ.ਵੈਦ ਪ੍ਰਕਾਸ਼ ਰੋਪੜ ਜ਼ਿਲ੍ਹਾ ਚੇਅਰਮੈਨ, ਡਾ.ਵਿਜੈ ਚੌਧਰੀ ਨੂਰਪੁਰ ਬੇਦੀ ਵਾਈਸ ਪ੍ਰਧਾਨ , ਡਾ. ਗੁਰਮੀਤ ਸਿੰਘ ਰੋਪੜ ਸੀਨੀਅਰ ਮੀਤ ਪ੍ਰਧਾਨ, ਡਾ. ਦਿਨੇਸ਼ ਹੱਲਣ ਨੂਰਪੁਰ ਬੇਦੀ ਜਰਨਲ ਸਕੱਤਰ, ਡਾ.ਜਸਵਿੰਦਰ ਸਿੰਘ ਨੰਗਲ ਜੁਆਇੰਟ ਸੱਕਤਰ, ਡਾ.ਸ਼ਾਮ ਸਿੰਘ ਕੁੰਡਲਸ ਸ੍ਰੀ ਚਮਕੌਰ ਸਾਹਿਬ ਖਜਾਨਚੀ, ਡਾ. ਸੋਹਣ ਸਿੰਘ ਸ੍ਰੀ ਚਮਕੌਰ ਸਾਹਿਬ ਜਾਇੰਟ ਖਜਾਨਚੀ, ਸਟੇਟ ਬਾਡੀ ਮੈਂਬਰ ਗੁਰਮੀਤ ਸਿੰਘ ਰੋਪੜ ਅਤੇ ਸੁਰਜੀਤ ਸਿੰਘ ਲੱਖੇਵਾਲ ਅਤੇ ਜ਼ਿਲ੍ਹਾ ਦਾ ਮੀਡੀਆ ਇੰਚਾਰਜ ਡਾ. ਰਾਜ ਮਸਾਲ ਮੋਰਿੰਡਾ ਨੂੰ ਚੁਣਿਆ ਗਿਆ। ਇਸ ਇਜਲਾਸ ਮੀਟਿੰਗ ਵਿੱਚ ਜ਼ਿਲ੍ਹੇ ਦੇ ਸੀਨੀਅਰ ਡਾਕਟਰ ਸੀਤਾ ਰਾਮ ਰਾਣਾ ਅਤੇ ਡਾ.ਵੈਦ ਪ੍ਰਕਾਸ਼ ਨੂੰ ਉਹਨਾਂ ਦੀ ਲੰਬੀ ਨਿਸ਼ਕਾਮ ਸੇਵਾ ਲਈ ਸਨਮਾਨਿਤ ਕੀਤਾ ਗਿਆ।

## ਜਾਖੜ ਵੱਲੋਂ ਟੈਗੋਰ ਥੀਏਟਰ ਦੀ ਤੌਹੀਨ ਕਰਨਾ ਨਿੰਦਣਯੋਗ : ਸੰਜੀਵਨ

**ਮੁਹਾਲੀ (ਗੁਰਜੀਤ ਬਿੱਲਾ)**- ਨਾਟਕਕਾਰ ਤੇ ਨਾਟ-ਨਿਰਦੇਸ਼ਕ ਸੰਜੀਵਨ ਸਿੰਘ ਨੇ ਬੀ ਜੇ ਪੀ ਤੇ ਸੂਬਾ ਪ੍ਰਧਾਨ ਸੁਨੀਲ ਜਾਖੜ ਵੱਲੋਂ ਰੰਗਕਰਮੀਆਂ ਅਤੇ ਕਲਕਾਰਾਂ ਦੇ ਪਵਿੱਤਰ ਸਥਾਨ ਟੈਗੋਰ ਥੀਏਟਰ ਦੀ ਤੌਹੀਨ ਕਰਨ ਨੂੰ ਨਿੰਦਣਯੋਗ ਅਤੇ ਅਫਸੋਸਨਾਕ ਕਹਿੰਦਿਆਂ ਕਿਹਾ ਕਿ ਜਾਖੜ ਸਹਿਬ ਨੇ ਟੈਗੋਰ ਥੀਏਟਰ ਜਾਣ ਦਾ ਸੱਦਾ ਇਸ ਕਰਕੇ ਠੁਕਰਾ ਦਿੱਤਾ ਕਿ ਥੀਏਟਰਾਂ ਵਿਚ ਸਿਰਫ ਨੌਟੰਕੀ, ਡਰਾਮੇ ਤੇ ਕਾਮੇਡੀ ਹੁੰਦੀ ਹੈ। ਸੰਜੀਵਨ ਨੇ ਕਿਹਾ ਕਿ ਟੈਗੋਰ ਥੀਏਟਰ ਵਰਗੇ ਆਡੀਟੋਰੀਅਮਾਂ ਵਿਚ ਅਵਾਮ ਨੂੰ ਸੁਚੇਤ ਅਤੇ ਜਾਗਰੂਕ ਕਰਨ ਲਈ ਨਾਟਕ ਹੁੰਦੇ ਹਨ। ਲੋਕਾਂ ਨੂੰ ਆਪਣੇ ਅਮੀਰ ਤੇ ਨਰੋਏ ਵਿਰਸੇ ਤੋਂ ਜਾਣੂੰ ਕਰਵਾਇਆ ਜਾਂਦਾ ਹੈ। ਟੈਗੋਰ ਥੀਏਟਰ ਰੰਗਕਰਮੀਆਂ ਤੇ ਕਲਾਕਾਰਾਂ ਦਾ ਪ੍ਰਵਿੱਤਰ ਸਥਾਨ ਹੈ। ਉਹ ਇਸ ਦੀ ਪੂਜਾ ਕਰਦੇ ਹਨ। ਉਨ੍ਹਾਂ ਕਿਹਾ ਕਿ ਨੌਟੰਕੀ, ਡਰਾਮੇ ਤੇ ਕਾਮੇਡੀ ਟੈਗੋਰ ਥੀਏਟਰ ਵਿਚ ਨਹੀਂ ਸਗੋਂ ਵਿਧਾਨ ਸਭਾ ਤੇ ਪਾਰਲੀਮੈਂਟ ਵਿਚ ਰਾਜਨੀਤਕ ਲੋਕ ਕਰਦੇ ਹਨ। ਉਨਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਹੋਰਾਂ ਵੱਲੋਂ ਐਸ.ਵਾਈ.ਐਲ ਦੇ ਮੁੱਦੇ 'ਤੇ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੂੰ ਖੁੱਲ੍ਹੀ ਬਹਿਸ ਲਈ ਸਮਾਗਮ ਟੈਗੋਰ ਥੀਏਟਰ ਚੰਡੀਗੜ੍ਹ ਵਿਖੇ ਕਰਵਾਉਣ ਲਈ ਚੰਡੀਗੜ੍ਹ ਪ੍ਰਸ਼ਾਸਨ ਤੋਂ ਮੰਗ ਕਰਨ 'ਤੇ ਟੈਗੋਰ ਥੀਏਟਰ ਦੇ ਮੈਨੇਜਰ ਵੱਲੋਂ ਇਹ ਕਹਿ ਕੇ ਇਨਕਾਰ ਕਰਨਾ ਕਿ ਜਦੋਂ ਤੋਂ ਟੈਗੋਰ ਥੀਏਟਰ ਬਣਿਆ ਹੈ ਕਦੇ ਵੀ ਧਾਰਮਕ ਜਾਂ ਰਾਜਨੀਤਿਕ ਸਮਾਗਮ ਨਹੀਂ ਹੋਇਆ। ਉਨਾਂ ਟੈਗੋਰ ਥੀਏਟਰ ਦੇ ਮੈਨੇਜਰ ਵੱਲੋਂ ਲਏ ਫੈਸਲਾ ਨੂੰ ਸ਼ਲਾਘਾਯੋਗ ਤੇ ਦਲੇਰਾਨਾ ਕਰਾਰ ਦਿੰਦੇ ਕਿਹਾ ਹੈ ਕਿ ਭਵਿੱਖ ਵਿਚ ਵੀ ਇਹ ਪ੍ਰਥਾ ਕਾਇਮ ਰਹਿਣ ਦੀ ਉਮੀਦ ਹੈ। ਸੰਜੀਵਨ ਨੇ ਮੁੱਖ ਮੰਤਰੀ ਸਾਹਿਬ ਨੂੰ ਕਿਹਾ ਕਿ ਐਸ.ਵਾਈ.ਐਲ ਵਰਗੇ ਗੰਭੀਰ ਤੇ ਸੰਵੇਦਨਸ਼ੀਲ ਮੁੱਦੇ 'ਤੇ ਬਹਿਸ ਵਿਧਾਨ ਸਭਾ ਵਿਚ ਕਿਉਂ ਨਹੀਂ ਹੋ ਸਕਦੀ।

# ਕਮਿਊਨਿਸਟ ਕੋਆਰਡੀਨੇਸ਼ਨ ਕਮੇਟੀ ਦੀ ਦੋ ਦਿਨਾ ਮੀਟਿੰਗ

**ਜਲੰਧਰ (ਕੇਸਰ, ਰਾਜੇਸ਼ ਥਾਪਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਅਤੇ ਮਾਰਕਸਿਸਟ ਕਮਿਊਨਿਸਟ ਪਾਰਟੀ ਆਫ ਇੰਡੀਆ-ਯੂਨਾਈਟਿਡ (ਐਮ.ਸੀ.ਪੀ.ਆਈ.-ਯੂ.) 'ਤੇ ਆਧਾਰਿਤ ਕਮਿਊਨਿਸਟ ਕੋਆਰਡੀਨੇਸ਼ਨ ਕਮੇਟੀ (ਸੀ ਸੀ ਸੀ) ਦੀ ਦੋ ਦਿਨਾਂ ਮੀਟਿੰਗ ਕਾਮਰੇਡ ਸ਼ਾਮ ਰਾਓ ਪਰੁਲੇਕਰ ਭਵਨ, ਥਾਣੇ ਪੱਛਮ, ਮਹਾਰਾਸ਼ਟਰਾ ਵਿਖੇ ਸਾਥੀ ਕੇ. ਗੰਗਾਧਰਨ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ। ਮੀਟਿੰਗ ਦੀ ਕਾਰਵਾਈ ਵਿਧੀਵਤ ਚਲਾਉਣ ਲਈ ਸੀ ਸੀ ਸੀ ਦੇ ਕਨਵੀਨਰਾਂ ਸਾਥੀ ਮੰਗਤ ਰਾਮ ਪਾਸਲਾ ਅਤੇ ਸਾਥੀ ਅਸ਼ੋਕ ਓਮਕਾਰ ਨੇ ਸੁਯੋਗ ਦਿਸ਼ਾ ਨਿਰਦੇਸ਼ ਦਿੱਤੇ। ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਸੀ ਸੀ ਸੀ ਦੇ ਮੈਂਬਰ ਸਾਥੀ ਮਹੀਪਾਲ ਨੇ ਦੱਸਿਆ ਕਿ ਮੀਟਿੰਗ ਨੇ ਅਜੋਕੀ ਰਾਜਨੀਤਕ ਅਵਸਥਾ ਦਾ ਡੂੰਘਾਈ ਨਾਲ ਵਿਸ਼ਲੇਸ਼ਣ ਕਰਦਿਆਂ ਇਹ ਗੱਲ ਚਿੰਤਾ ਨਾਲ ਨੋਟ ਕੀਤੀ ਹੈ ਕਿ ਆਰ.ਐਸ.ਐਸ. ਦੀਆਂ ਹਦਾਇਤਾਂ ਅਨੁਸਾਰ ਰਾਜ-ਭਾਗ ਚਲਾ ਰਹੀ ਮੋਦੀ-ਸ਼ਾਹ ਸਰਕਾਰ ਭਾਰਤ ਦੇ ਲੋਕ ਰਾਜੀ, ਧਰਮ ਨਿਰਪੱਖ ਅਤੇ ਸੰਘਾਤਮਕ ਢਾਂਚੇ ਨੂੰ ਤਹਿਸ-ਨਹਿਸ ਕਰਨ ਲਈ ਆਪਣੇ ਤਿੱਖੇ ਤੋਂ ਤਿਖੇਰੇ ਹਮਲਿਆਂ ਵਿੱਚ ਬੇਰੋਕ ਵਾਧਾ ਕਰਦੀ ਜਾ ਰਹੀ ਹੈ। ਮੀਟਿੰਗ ਨੇ ਮੀਡੀਆ ਦੀ ਆਜ਼ਾਦੀ ਦਾ ਘਾਣ ਕਰਨ ਲਈ 'ਨਿਊਜ਼ਕਲਿੱਕ' ਅਦਾਰੇ 'ਤੇ ਕੀਤੇ ਗਏ ਮੁਜਰਮਾਨਾ ਹਮਲੇ ਦੀ ਵੀ ਕਰੜੀ ਨਿੰਦਾ ਕੀਤੀ ਹੈ। ਮੀਟਿੰਗ ਨੇ ਨੋਟ ਕੀਤਾ ਹੈ ਕਿ 'ਨਿਊਜ਼ਕਲਿੱਕ' 'ਤੇ ਲਾਏ ਗਏ ਵਿਦੇਸ਼ਾਂ ਤੋਂ ਚੰਦਾ ਲੈਣ ਦੇ ਅਸਲੋਂ ਹੀ ਮਨਘੜਤ ਤੇ ਝੂਠੇ ਦੋਸ਼ ਆਪਣੇ ਫਿਰਕੂ-ਫਾਸ਼ੀ ਏਜੰਡੇ ਦੀ ਪਰਦਾਪੋਸ਼ੀ ਦੇ ਸਰਕਾਰ ਦੇ ਕੋਝੇ ਯਤਨਾਂ ਦਾ ਹਿੱਸਾ ਹਨ। ਮੀਟਿੰਗ ਨੇ ਇਹ ਵੀ ਨੋਟ ਕੀਤਾ ਹੈ ਕਿ ਈ.ਡੀ. ਤੇ ਸੀ ਬੀ ਆਈ ਆਦਿ ਦੇ ਵਿਰੋਧੀ ਰਾਜਸੀ ਆਗੂਆਂ 'ਤੇ ਆਏ ਦਿਨ ਵਧ ਰਹੇ ਹਮਲੇ ਉਨ੍ਹਾਂ ਨੂੰ ਬਦਨਾਮ ਕਰਨ ਜਾਂ ਥੱਲੇ ਲਾਉਣ ਦੀ ਸਰਕਾਰ ਦੀ ਬਦਨੀਤ ਦਾ ਨਤੀਜਾ ਹਨ। ਮੀਟਿੰਗ ਨੇ ਉਨ੍ਹਾਂ ਪੰਜ ਰਾਜਾਂ, ਜਿੱਥੇ ਨਵੰਬਰ ਮਹੀਨੇ ਵਿਧਾਨ ਸਭਾ ਚੋਣਾਂ ਹੋਣ ਜਾ ਰਹੀਆਂ ਹਨ, ਦੇ ਲੋਕਾਂ ਨੂੰ ਭਾਜਪਾ ਅਤੇ ਇਸ ਦੇ ਸਹਿਯੋਗੀਆਂ ਨੂੰ ਕਰਾਰੀ ਹਾਰ ਦੇਣ ਦਾ ਸੱਦਾ ਦਿੱਤਾ ਹੈ ਤਾਂ ਜੋ ਇਸ ਫਿਰਕੂ-ਫਾਸ਼ੀ ਟੋਲੇ ਦਾ ਆਉਂਦੀਆਂ ਆਮ ਚੋਣਾਂ 'ਚ ਠੀਕ ਲੀਹਾਂ 'ਤੇ ਡਟ ਕੇ ਮੁਕਾਬਲਾ ਕੀਤਾ ਜਾ ਸਕੇ। ਮੀਟਿੰਗ ਨੇ 'ਕਾਰਪੋਰੇਟ ਭਜਾਓ ਮੋਦੀ ਹਰਾਓ ਦੇਸ਼ ਬਚਾਓ' ਦੇ ਨਾਹਰੇ ਤਹਿਤ 7 ਨਵੰਬਰ ਨੂੰ 'ਅਕਤੂਬਰ ਕ੍ਰਾਂਤੀ ਦਿਵਸ' ਵਿਸ਼ਾਲ ਰੈਲੀਆਂ, ਮੁਜ਼ਾਹਰੇ, ਸੈਮੀਨਾਰ, ਕਨਵੈਨਸ਼ਨਾਂ ਆਦਿ ਕਰਕੇ ਮਨਾਉਣ ਦਾ ਨਿਰਣਾ ਲਿਆ ਹੈ। ਮੀਟਿੰਗ ਨੇ ਇਜ਼ਰਾਇਲ ਅਤੇ 'ਹਮਸ' ਦਰਮਿਆਨ ਜਾਰੀ ਜੰਗ, ਜਿਸ ਦੇ ਨਤੀਜੇ ਵਜੋਂ ਦੋਹੀਂ ਪਾਸੀਂ ਹਜ਼ਾਰਾਂ ਨਿਰਦੋਸ਼ ਲੋਕਾਂ ਦੀਆਂ ਜਾਨਾਂ ਗਈਆਂ ਹਨ ਅਤੇ ਵਸੀਹ ਪੈਮਾਨੇ 'ਤੇ ਜਾਇਦਾਦ ਦੀ ਤਬਾਹੀ ਹੋਈ ਹੈ, ਨੂੰ ਗੰਭੀਰਤਾ ਨਾਲ ਨੋਟ ਕੀਤਾ ਹੈ। ਸੀ ਸੀ ਸੀ ਨੇ ਦੋਹਾਂ ਧਿਰਾਂ ਤੋਂ ਹਥਿਆਰਬੰਦ ਹਮਲੇ ਫੌਰੀ ਰੋਕਣ ਅਤੇ ਲੰਮੇਂ ਸਮੇਂ ਤੋਂ ਚੱਲੇ ਆ ਰਹੇ ਇਸ ਝਗੜੇ ਦਾ ਯੂ ਐਨ ਓ ਦੇ ਫੈਸਲੇ ਅਨੁਸਾਰ ਫਲਸਤੀਨ ਆਜ਼ਾਦ ਰਾਜ ਦੀ ਸਥਾਪਨਾ ਕਰਦਿਆਂ ਸਥਾਈ ਹੱਲ ਲੱਭਣ ਦੀ ਜ਼ੋਰਦਾਰ ਮੰਗ ਕੀਤੀ ਹੈ। ਮੀਟਿੰਗ ਨੇ ਇਜ਼ਰਾਇਲ ਦੀ ਇਕਪਾਸੜ ਹਿਮਾਇਤ ਕਰਨ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਬੇਲੋੜੇ ਬਿਆਨ ਦੀ ਕਰੜੀ ਨਿਖੇਧੀ ਕੀਤੀ ਹੈ। ਮੀਟਿੰਗ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ ਛੇੜੇ ਜਾ ਰਹੇ ਕਿਸਾਨ ਘੋਲ ਅਤੇ ਵੱਖੋ-ਵੱਖ ਵਰਗਾਂ ਦੀਆਂ ਜਨਤਕ ਜਥੇਬੰਦੀਆਂ ਦੇ ਸੰਘਰਸ਼ਾਂ ਦੀ ਹਿਮਾਇਤ ਕਰਨ ਦਾ ਮਤਾ ਵੀ ਸਰਵਸੰਮਤੀ ਨਾਲ ਪ੍ਰਵਾਨ ਕੀਤਾ ਗਿਆ ਹੈ।



## ਨੈਸ਼ਨਲ ਗਤਕਾ ਚੈਂਪੀਅਨਸ਼ਿਪ 'ਚ ਲੜਕੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਨੈਸ਼ਨਲ ਗਤਕਾ ਐਸੋਸੀਏਸ਼ਨ ਆਫ ਇੰਡੀਆ ਵੱਲੋਂ ਦਿੱਲੀ ਦੇ ਤਾਲਕਟੋਰਾ ਸਟੇਡੀਅਮ ਵਿਖੇ 11ਵੀਂ ਨੈਸ਼ਨਲ ਗਤਕਾ ਚੈਂਪੀਅਨਸ਼ਿਪ ਕਰਵਾਈ ਗਈ, ਜਿਸ ਵਿੱਚ 14 ਰਾਜਾਂ ਦੇ ਲਗਭਗ 900 ਗਤਕਾ ਖਿਡਾਰੀਆਂ ਤੇ ਖਿਡਾਰਨਾਂ ਨੇ ਗਤਕੇ ਦੇ ਸਿੰਗਲ ਸੋਟੀ ਤੇ ਫਰੀ ਸੋਟੀ ਦੇ ਟੀਮ ਤੇ ਵਿਅਕਤੀਗਤ ਈਵੈਂਟਸ ਵਿੱਚ ਆਪਣੀ ਕਲਾ ਦੇ ਜੌਹਰ ਦਿਖਾਉਂਦੇ ਹੋਏ ਚੈਂਪੀਅਨਸ਼ਿਪ ਟ੍ਰਾਫੀ ਪੰਜਾਬ ਦੀ ਝੋਲੀ ਵਿੱਚ ਪਾਈ। ਜ਼ਿਲ੍ਹਾ ਗਤਕਾ ਐਸੋਸੀਏਸ਼ਨ ਦੀ ਪ੍ਰਧਾਨ ਬੀਬੀ ਮਨਜੀਤ ਕੌਰ ਨੇ ਦੱਸਿਆ ਕਿ ਪੰਜਾਬ ਰਾਜ ਦੀ 17 ਸਾਲਾ ਉਮਰ ਵਰਗ ਦੀ ਫਰੀ ਸੋਟੀ ਟੀਮ ਵਿਚ ਆਪਣੀ ਵਿਲੱਖਣ ਪਛਾਣ ਨੂੰ ਸਥਾਪਤ ਕਰਦੇ ਹੋਏ ਰੂਪਨਗਰ ਜ਼ਿਲ੍ਹੇ ਵੱਲੋਂ ਖੇਡਦੇ ਹੋਏ ਨਜ਼ਦੀਕੀ ਅਕਾਲ ਅਕੈਡਮੀ ਕਮਾਲਪੁਰਾ ਦੀ ਇਸ਼ਪ੍ਰੀਤ ਕੌਰ ਨੇ ਗੋਲਡ ਮੈਡਲ ਅਤੇ ਸਿੰਗਲ ਸੋਟੀ ਵਿਅਕਤੀਗਤ ਮੁਕਾਬਲੇ ਵਿੱਚ ਗੁਰੂ ਨਾਨਕ ਗਤਕਾ ਅਕੈਡਮੀ ਲੋਦੀਮਾਜਰਾ ਦੀ ਹਰਪ੍ਰੀਤ ਕੌਰ ਨੇ ਬ੍ਰੋਨਜ਼ ਮੈਡਲ ਜਿੱਤ ਕੇ ਜਿਥੇ ਆਪੋ - ਆਪਣੇ ਸਕੂਲਾਂ ਦਾ ਨਾਂਅ ਰੌਸ਼ਨ ਕੀਤਾ ਹੈ, ਉੱਥੇ ਹੀ ਨੈਸ਼ਨਲ ਪੱਧਰ ਤੇ ਗਤਕਾ ਐਸੋਸੀਏਸ਼ਨ ਜ਼ਿਲ੍ਹਾ ਰੂਪਨਗਰ ਦਾ ਨਾਂਅ ਵੀ ਚਮਕਾਇਆ ਹੈ। ਗਤਕਾ ਐਸੋਸੀਏਸ਼ਨ ਜ਼ਿਲ੍ਹਾ ਰੂਪਨਗਰ ਦੇ ਸਮੁੱਚੇ ਅਹੁਦੇਦਾਰਾਂ ਨੇ ਇਸ਼ਪ੍ਰੀਤ ਕੌਰ ਤੇ ਹਰਪ੍ਰੀਤ ਕੌਰ ਸਮੇਤ ਉਨ੍ਹਾਂ ਦੇ ਮਾਪਿਆਂ ਅਤੇ ਕੋਚ ਸਾਹਿਬਾਨਾਂ ਸ਼ੈਰੀ ਸਿੰਘ ਭਾਂਬਰੀ, ਜਸਪ੍ਰੀਤ ਸਿੰਘ ਤੇ ਗੁਰਵਿੰਦਰ ਸਿੰਘ ਘਨੌਲੀ ਵਧਾਈ ਦਿੱਤੀ , ਜਿਨ੍ਹਾਂ ਦੀ ਯੋਗ ਅਗਵਾਈ ਹੇਠ ਇਨ੍ਹਾਂ ਖਿਡਾਰਨਾਂ ਨੇ ਆਪਣੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ।

# ਨਰਸਿੰਗ ਕਾਲਜ ਟਾਂਡਾ ਵਿਖੇ ਸਟੂਡੈਂਟ ਡੇ ਮਨਾਇਆ




**ਟਾਂਡਾ ਉੜਮੁੜ ( ਉਂਕਾਰ ਸਿੰਘ, ਜਸਵਿੰਦਰ ਸੰਧੂ )**-ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸਿਮਰਨ ਸੁਸਾਇਟੀ ਟਾਂਡਾ ਵੱਲੋਂ ਚਲਾਏ ਜਾ ਰਹੇ ਜੀ.ਆਰ.ਡੀ ਇੰਸਟੀਚਿਊਟ ਆਫ ਨਰਸਿੰਗ ਕਾਲਜ ਟਾਂਡਾ ਵਿਖੇ ਅੱਜ ਵਿਦਿਆਰਥੀਆਂ ਦੇ ਜੀਵਨ ਦੀ ਮਹੱਤਤਾ ਨਾਲ ਸਬੰਧਤ ਸਟੂਡੈਂਟ ਦਿਵਸ ਮਨਾਇਆ। ਜੀ.ਆਰ.ਡੀ ਸਿੱਖਿਆ ਸੰਸਥਾਵਾਂ ਦੀ ਚੇਅਰਪਰਸਨ ਪ੍ਰਦੀਪ ਕੌਰ ਐਮ. ਡੀ ਬਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ ਦੀ ਅਗਵਾਈ ਕਰਵਾਏ ਗਏ ਸਮਾਗਮ ਵਿੱਚ ਨਰਸਿੰਗ ਕਾਲਜ ਦੀਆਂ ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਸਟੂਡੈਂਟ ਦਿਵਸ ਦੀ ਮਹੱਤਤਾ ਤੇ ਵਿਸਥਾਰਪੂਰਵਕ ਚਾਨਣਾ ਪਾਇਆ ਅਤੇ ਨਰਸਿੰਗ ਕਾਲਜ ਸਿੱਖਿਆ ਪ੍ਰਾਪਤ ਕਰ ਰਹੀਆਂ ਵਿਦਿਆਰਥਣਾਂ ਆਪਣੇ ਵਿਦਿਆਰਥੀ ਜੀਵਨ ਦੌਰਾਨ ਆਉਂਦੀਆਂ ਦਰਪੇਸ਼ ਮੁਸ਼ਕਲਾਂ ਇੱਕ ਦੂਸਰੇ ਨਾਲ ਸਾਂਝੀਆਂ ਕਰਨ ਦੀ ਪ੍ਰੇਰਨਾ ਦਿੱਤੀ। ਇਸ ਸੰਬੋਧਨ ਕਰਦਿਆਂ ਮੈਡਮ ਦਲਜਿੰਦਰ ਕੌਰ ਨੇ ਸਮੂਹ ਵਿਦਿਆਰਥਣਾਂ ਨੂੰ ਸਟੂਡੈਂਟ ਦਿਵਸ ਦੀਆਂ ਸ਼ੁੱਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਅਸੀਂ ਵਿਦਿਆਰਥੀ ਜੀਵਨ ਦੇ ਸਫਰ ਵਿੱਚ ਆਪਣੀ ਜ਼ਿੰਦਗੀ ਦੇ ਅਹਿਮ ਮੁਕਾਮ ਹਾਸਲ ਕਰਨ ਲਈ ਸਖਤ ਮਿਹਨਤ ਕਰ ਸਕਦੇ ਹਾਂ ਅਤੇ ਸਾਨੂੰ ਇਸ ਦੇ ਕਾਰਜਕਾਲ ਇੱਕ ਦੂਸਰੇ ਦਾ ਸਹਿਯੋਗ ਲੈਣਾ ਤੇ ਦੇਣਾ ਚਾਹੀਦਾ ਹੈ। ਇਸ ਮੌਕੇ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ ਨੇ ਕਾਲਜ ਮੈਨੇਜਮੈਂਟ ਦੇ ਪ੍ਰਬੰਧਕਾਂ ਨੂੰ ਸਟਾਫ ਅਤੇ ਵਿਦਿਆਰਥੀਆਂ ਦਾ ਧੰਨਵਾਦ ਕਰਨ ਦੇ ਨਾਲ-ਨਾਲ ਸਟੂਡੈਂਟ ਦਿਵਸ 'ਤੇ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਟੂਡੈਂਟ ਦਿਵਸ ਨਾਲ ਸੰਬੰਧਿਤ ਨਰਸਿੰਗ ਦੀਆਂ ਵਿਦਿਆਰਥਣਾਂ ਦੇ ਭਾਸ਼ਣ ਤੇ ਕੁਇਜ਼ ਮੁਕਾਬਲੇ ਵੀ ਕਰਵਾਏ ਤੇ ਜੇਤੂ ਰਹੀਆਂ ਵਿਦਿਆਰਥਣਾਂ ਨੂੰ ਸੰਸਥਾ ਵੱਲੋਂ ਵਿਸ਼ੇਸ਼ ਤੌਰ 'ਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਦਲਜਿੰਦਰ ਕੌਰ, ਲਵਲੀ ਸੈਣੀ, ਮਨਦੀਪ ਕੌਰ, ਮਨਪ੍ਰੀਤ ਕੌਰ, ਰਮਨ ਸੈਣੀ, ਜਸਲੀਨ ਕੌਰ, ਹਰਲੀਨ ਕੌਰ, ਗਗਨਦੀਪ ਕੌਰ, ਗੀਨਾ ਰਾਣੀ, ਮੈਡਮ ਕਿਰਨ ਤੋਂ ਇਲਾਵਾ ਕਾਲਜ ਦਾ ਹੋਰ ਸਟਾਫ ਵੀ ਮੌਜੂਦ ਸੀ

## ਬਲਾਕ ਪੱਧਰੀ ਖੇਡਾਂ 'ਚ ਸਰਕਾਰੀ ਪ੍ਰਾਇਮਰੀ ਸਕੂਲ ਬਲ੍ਹੇਰਖਾਨਪੁਰ ਦੇ ਖਿਡਾਰੀਆਂ ਨੇ ਖੇਡਾਂ 'ਚ ਮਾਰੀਆਂ ਮੱਲਾਂ



**ਕਾਲਾ ਸੰਘਿਆਂ (ਮਨਜੀਤ ਮਾਨ)**-ਬਲਾਕ ਕਪੂਰਥਲਾ-1 ਦੇ ਸੈਂਟਰ ਭਾਣੋ ਲੰਗਾ ਵਿਖੇ ਹੋਈਆਂ 44 ਵੀਆਂ ਮਿੰਨੀ ਪ੍ਰਾਇਮਰੀ ਸਕੂਲ ਖੇਡਾਂ ਵਿੱਚ ਸੈਂਟਰ ਬਲ੍ਹੇਰਖਾਨਪੁਰ ਦੇ ਵਿਦਿਆਰਥੀਆਂ ਨੇ ਵੱਖ ਵੱਖ ਮੁਕਾਬਲਿਆਂ ਵਿੱਚ ਮੱਲਾਂ ਮਾਰੀਆਂ। ਵਿਦਿਆਰਥੀਆਂ ਨੇ 24 ਮੈਡਲ ਅਤੇ ਇੱਕ ਟਰਾਫੀ ਜਿੱਤ ਆਪਣੇ ਸਕੂਲ ਅਤੇ ਸੈਂਟਰ ਦਾ ਮਾਣ ਵਧਾਇਆ। ਕੁਸ਼ਤੀ 25 ਕਿਲੋ ਵਿੱਚ ਸਮੀਰ ਖਾਨੋਵਾਲ ਪਹਿਲਾ ਸਥਾਨ, ਕੁਸ਼ਤੀ 28 ਕਿਲੋ ਮੁਹੰਮਦ ਸਾਹਿਲ ਖਾਨੋਵਾਲ ਦੂਸਰਾ ਸਥਾਨ, ਕੁਸ਼ਤੀ 30 ਕਿਲੋ ਮੁਨੀਰ ਅਹਿਮਦ ਖਾਨੋਵਾਲ ਪਹਿਲਾ ਸਥਾਨ, ਕੁਸ਼ਤੀ 32 ਕਿਲੋ ਗਗਨਦੀਪ ਬਲ੍ਹੇਰਖਾਨਪੁਰ ਦੂਸਰਾ ਸਥਾਨ। ਦੌੜ 100 ਮੀਟਰ ਹਰਸਿਮਰਤ ਕੌਰ ਭੇਟ ਦੂਸਰਾ ਸਥਾਨ, ਦੌੜ 600 ਮੀਟਰ ਹਰਸਿਮਰਤ ਕੌਰ ਭੇਟ ਦੂਸਰਾ ਸਥਾਨ। ਰਿਲੇਅ ਦੌੜ ਵਿੱਚ ਸਲਆਮੁਦੀਨ ਸਿੱਧਪੁਰ, ਜਸਨਪ੍ਰੀਤ ਸਿੰਘ ਸਿੱਧਪੁਰ, ਨਵਦੀਪ ਸਿੰਘ ਖਾਨੋਵਾਲ, ਸ਼ਿਵਮ ਬਲ੍ਹੇਰਖਾਨਪੁਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਰੱਸਾਕਸ਼ੀ ਮੁਕਾਬਲੇ ਵਿਚ ਸੈਂਟਰ ਬਲ੍ਹੇਰਖਾਨਪੁਰ ਦੀ ਟੀਮ ਚੈਂਪੀਅਨ ਰਹੀ। ਜੇਤੂ ਵਿਦਿਆਰਥੀਆਂ ਨੂੰ ਸਮੁੱਚੀ ਭਾਣੋ ਲੰਗਾ ਦੀ ਖੇਡ ਇੰਚਾਰਜ ਟੀਮ ਅਤੇ ਮੌਜੂਦ ਪਤਵੰਤੇ ਸੱਜਣਾਂ ਵੱਲੋਂ ਇਨ੍ਹਾਂ ਵਿਦਿਆਰਥੀਆਂ ਅਤੇ ਸਮੁਚੇ ਸਟਾਫ ਨੂੰ ਇਸ ਸ਼ਾਨਦਾਰ ਜਿੱਤ ਲਈ ਵਧਾਈ ਦਿੱਤੀ ਗਈ। ਜੇਤੂ ਵਿਦਿਆਰਥੀਆਂ ਨੂੰ ਮੈਡਲ ਅਤੇ ਹਾਜ਼ਰ ਸਟਾਫ ਮੈਂਬਰਾਂ ਨੀਰੂ ਬਾਲਾ ਸੈਂਟਰ ਹੈਡ ਟੀਚਰ, ਜਗਤਾਰ ਸਿੰਘ ਹੈਡ ਟੀਚਰ, ਸੰਦੀਪ ਕੌਰ ਹੈਡ ਟੀਚਰ, ਦੀਪਕ ਕੁਮਾਰ ਹੈਡ ਟੀਚਰ, ਹਰਜਿੰਦਰ ਸਿੰਘ ਨਾਗਲੂ, ਮਨਪ੍ਰੀਤ ਕੌਰ, ਅਨੀਤਾ ਰਾਣੀ, ਅੰਜੂ ਬਾਲਾ ਅਤੇ ਕੋਚ ਅਵਤਾਰ ਸਿੰਘ ਖਾਨੋਵਾਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਸੰਘਾ ਨੂੰ ਦੁਬਾਰਾ ਆਮ ਆਦਮੀ ਪਾਰਟੀ ਦਾ ਬਲਾਕ ਪ੍ਰਧਾਨ ਬਣਨ 'ਤੇ ਖੁਸ਼ੀ ਦੀ ਲਹਿਰ



**ਕਾਲਾ ਸੰਘਿਆਂ (ਮਨਜੀਤ ਮਾਨ)**-ਆਮ ਆਦਮੀ ਪਾਰਟੀ ਵਲੋਂ ਅੱਜ ਸਾਰੇ ਪੰਜਾਬ ਵਿੱਚ ਸੰਗਠਨ ਦਾ ਢਾਂਚਾ ਭੰਗ ਕਰਨ ਤੋਂ ਬਾਅਦ ਦੁਬਾਰਾ ਬਲਾਕ ਪ੍ਰਧਾਨ ਬਣਾਏ ਗਏ ਜਿਸ ਵਿੱਚ ਕਾਲਾ ਸੰਘਿਆਂ ਤੋਂ ਦੁਬਾਰਾ ਸਤਨਾਮ ਸਿੰਘ ਸੰਘਾ ਨੂੰ ਬਲਾਕ ਪ੍ਰਧਾਨ ਬਣਨ 'ਤੇ ਸਾਰੇ ਬਲਾਕ ਵਿੱਚ ਖੁਸ਼ੀ ਦੀ ਲਹਿਰ ਹੈ।

ਇਸ ਮੌਕੇ ਬਿੱਲੂ ਸ਼ਹਿਰੀਆ, ਮੇਹਰਬਾਨ ਸੰਘਾ, ਬਲਜੀਤ ਸੰਘਾ, ਬਲਕਾਰ ਸਿੰਘ ਲਾਲਕਾ, ਸੰਜੀਵ ਕੌਂਡਲ, ਨਰਿੰਦਰ ਸਿੰਘ, ਗੁਰਦਾਵਰ ਸਿੰਘ, ਵਿਜੇ ਕੁਮਾਰ, ਦਲਵੀਰ ਸਿੰਘ ਰਾਣਾ, ਪਰਮਜੀਤ ਸਿੰਘ ਖਾਲਸਾ ਆਦਿ ਨੇ ਸਤਨਾਮ ਸਿੰਘ ਸੰਘਾ ਨੂੰ ਦੁਬਾਰਾ ਬਲਾਕ ਪ੍ਰਧਾਨ ਬਣਨ 'ਤੇ ਵਧਾਈਆਂ ਦਿੱਤੀਆਂ।

ਇਸ ਮੌਕੇ ਸਤਨਾਮ ਸਿੰਘ ਸੰਘਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਅਤੇ ਪਾਰਟੀ ਨੂੰ ਵਿਸ਼ਵਾਸ ਦਿਵਾਇਆ ਅਤੇ ਵਾਅਦਾ ਕੀਤਾ ਕਿ ਪਹਿਲਾਂ ਨਾਲੋਂ ਵੀ ਜ਼ਿਆਦਾ ਮਿਹਨਤ ਕਰਕੇ ਪਾਰਟੀ ਦੇ ਪਰਵਾਰ ਨੂੰ ਹੋਰ ਵੱਡਾ ਕੀਤਾ ਜਾਵੇਗਾ।

# 9 ਸਾਲਾਂ 'ਚ ਤਹਿਸੀਲ, ਬਲਾਕ ਤੇ ਜ਼ਿਲ੍ਹਾ ਪੱਧਰ 'ਤੇ ਹੋਏ ਭਰਪੂਰ ਵਿਕਾਸ ਕੰਮ : ਖੱਟਰ

**ਪੰਚਕੂਲਾ ,ਚੰਡੀਗੜ੍ਹ (ਕ੍ਰਿਸ਼ਨ ਗਰਗ )**- ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਪਿੰਡ ਬਰਵਾਲਾ ਨਿਵਾਸੀਆਂ ਦੀ ਸਾਲਾਂ ਪੁਰਾਣੀ ਮੰਗ ਨੂੰ ਪੂਰਾ ਕਰਦੇ ਹੋਏ ਪਿੰਡ ਵਿਚ ਜਲਦੀ ਹੀ ਸੀਵਰੇਜ ਦੀ ਸਹੂਲਤ ਉਪਲਬਧ ਕਰਵਾਉਣ ਦਾ ਐਲਾਨ ਕੀਤਾ।

ਇਸ ਨਾਲ ਪਿੰਡ ਨੇ ਜਲਭਰਾਵ ਦੀ ਸਮੱਸਿਆ ਦਾ ਨਿਦਾਨ ਹੋਵੇਗਾ ਅਤੇ ਪਾਣੀ ਦੀ ਸਮੁੱਚੀ ਨਿਕਾਸੀ ਯਕੀਨੀ ਹੋਵੇਗੀ। ਇਸ ਤੋਂ ਇਲਾਵਾ ਸ੍ਰੀ ਮਨੋਹਰ ਲਾਲ ਨੇ ਕਮਿਊਨਿਟੀ ਸੈਂਟਰ ਬਰਵਾਲਾ ਦਾ ਨਾਂਅ ਸ਼ਹੀਦ ਰਾਜਪਾਲ ਰਾਣਾ ਦੇ ਨਾਂਅ ਨਾਲ ਕਰਨ ਦਾ ਐਲਾਨ ਕੀਤਾ। ਮਨੋਹਰ ਲਾਲ ਅੱਜ ਕਮਿਊਨਿਟੀ ਸੈਂਟਰ ਬਰਵਾਲਾ ਵਿਚ ਪ੍ਰਬੰਧਿਤ ਜਨ ਸੰਵਾਦ ਪ੍ਰੋਗ੍ਰਾਮ ਵਿਚ ਲੋਕਾਂ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਵਿਧਾਨ ਸਭਾ ਸਪੀਕਰ ਗਿਆਨਚੰਦ ਗੁਪਤਾ ਅਤੇ ਨਗਰ ਨਿਗਮ ਮੇਅਰ ਕੁਲਭੂਸ਼ਨ ਗੋਇਲ ਵੀ ਮੌਜੂਦ ਸਨ। ਇਸ ਤੋਂ ਪਹਿਲਾਂ ਉਨ੍ਹਾਂ ਨੇ ਬਰਵਾਲਾ ਵਿਚ ਮਹਾਰਾਣਾ ਪ੍ਰਤਾਪ ਦੀ ਪ੍ਰਤਿਮਾ 'ਤੇ ਪੁਸ਼ਪਾਂਜਲੀ ਅਰਪਿਤ ਕਰ ਨਮਨ ਕੀਤਾ। ਮੁੱਖ ਮੰਤਰੀ ਨੇ ਲੋਕਾਂ ਨਾਲ ਸਿੱਧਾ ਸੰਵਾਦ ਸਥਾਪਤ ਕਰਦੇ ਹੋਏ ਕਿਹਾ ਕਿ 26 ਅਕਤੂਬਰ ਨੂੰ ਮੌਜੂਦਾ ਰਾਜ ਸਰਕਾਰ ਦੇ 9 ਸਾਲ ਪੂਰੇ ਹੋਣ ਜਾ ਰਹੇ ਹਨ ਅਤੇ ਇਸ ਦੌਰਾਨ ਤਹਿਸੀਲ, ਬਲਾਕ ਅਤੇ ਜਿਲ੍ਹਾ ਪੱਧਰ 'ਤੇ ਭਰਪੂਰ ਵਿਕਾਸ ਕੰਮ ਹੋਏ ਹਨ। ਉਨ੍ਹਾਂ ਨੇ ਕਿਹਾ ਕਿ ਹਰੇਕ ਵਿਧਾਨ ਸਭਾ ਵਿਚ ਸੜਕਾਂ ਦੇ ਨਿਰਮਾਣ ਦੇ ਲਈ 25-25 ਕਰੋੜ ਰੁਪਏ ਦੀ ਰਕਮ ਮਨਜ਼ੂਰ ਕੀਤੀ ਗਈ ਹੈ । ਇਸ ਤੋਂ ਇਲਾਵਾ ਇਸ ਵਾਰ ਹੋਈ ਭਾਰੀ ਬਰਸਾਤ ਦੇ ਕਾਰਨ ਨੁਕਸਾਨ ਹੋਏ ਪੁਲ ਅਤੇ ਸੜਕਾਂ ਦੇ ਸਰਵੇ ਦਾ ਕੰਮ ਵੀ ਪੂਰਾ ਹੋ ਚੁੱਕਾ ਹੈ ਅਤੇ ਇਨ੍ਹਾਂ ਦੀ ਮੁਰੰਮਤ ਦਾ ਕੰਮ ਵੀ ਸ਼ੁਰੂ ਕਰ ਦਿੱਤਾ ਗਿਆ ਹੈ। ਅਵੈਧ ਖਨਨ ਦੀ ਸਮੱਸਿਆ 'ਤੇ ਮੁੱਖ ਮੰਤਰੀ ਨੇ ਸਪਸ਼ਟ ਨਿਰਦੇਸ਼ ਦਿੱਤੇ ਕਿ ਤੈਅ ਸੀਮਾ ਤੋਂ ਵੱਧ ਡੂੰਘਾਈ ਤਕ ਖਨਨ ਕਿਸੇ ਵੀ ਹਾਲਤ ਵਿਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਨੇ ਪੁਲਸ ਵਿਭਾਗ ਨੂੰ ਓਵਰ ਲੋਡਿੰਗ ਟਿੱਪਰਾਂ 'ਤੇ ਸਖਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

# ਨੀਤੀ ਤਲਵਾਰ ਦੀ ਪ੍ਰਧਾਨਗੀ 'ਚ ਲਗਾਈ ਸਵਦੇਸੀ ਸਮਾਨ ਦੀ ਪ੍ਰਦਰਸ਼ਨੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਸਾਰੇ ਭਾਰਤ ਵਿੱਚ ਇਸ ਸਮੇਂ ਤਿਉਹਾਰਾਂ ਦੀ ਗੂੰਜ ਹੈ ਅਤੇ ਇਨ੍ਹਾਂ ਤਿਉਹਾਰਾਂ ਸਮੇਂ ਭਾਰਤੀ ਆਪਣੇ ਧਾਰਮਿਕ ਰੀਤੀ ਰਿਵਾਜਾਂ ਅਨੁਸਾਰ ਲੱਖਾਂ ਰੁਪਏ ਦਾ ਸਮਾਨ ਖਰੀਦਦੇ ਹਨ। ਉਪਰੋਕਤ ਸ਼ਬਦ ਦਿਵਿਆਂਗ ਕੁਲਦੀਪ ਕੌਰ ਨੇ ਨੀਤੀ ਤਲਵਾਰ ਦੀ ਪ੍ਰਧਾਨਗੀ ਵਿੱਚ ਸ੍ਰੀ ਜੀ ਨਿਕੁੰਜ ਸੈਲਫ ਹੈਲਪ ਗਰੁੱਪ ਵੱਲੋਂ ਦਿਵਾਲੀ ਦੇ ਸਬੰਧ ਵਿੱਚ ਸਵਦੇਸੀ ਸਮਾਨ ਦੀ ਪ੍ਰਦਰਸ਼ਨੀ ਦੇ ਮਹੂਰਤ ਸਮੇਂ ਕਹੇ। ਉਨ੍ਹਾਂ ਕਿਹਾ ਕਿ ਭਾਰਤੀਆਂ ਦੀ ਇਸ ਗੱਲ ਨੂੰ ਦੇਖਦੇ ਹੋਏ ਕਿ ਵਿਦੇਸ਼ੀ ਕੰਪਨੀਆਂ ਨੇ ਭਾਰਤੀ ਬਾਜ਼ਾਰਾਂ ਵਿੱਚ ਆਪਣਾ ਕਬਜ਼ਾ ਜਮਾਵੜਾ ਫੈਲਾਅ ਲਿਆ ਹੈ। ਇਸ ਮੌਕੇ ਨੀਤੀ ਤਲਵਾਰ ਨੇ ਦੱਸਿਆ ਕਿ ਸ੍ਰੀ ਜੀ ਨਕੁੰਜ ਸੈਲਫ ਹੈਲਪ ਗਰੁੱਪ ਅਜਿਹੀਆਂ ਭੈਣਾਂ ਦਾ ਸਹਿਯੋਗੀ ਹੈ ਜਿਨਾਂ ਵਿੱਚ ਹੁਨਰ ਤਾਂ ਪਰਮਾਤਮਾ ਨੇ ਦਿੱਤਾ ਹੈ ਪਰ ਉਸ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਲਈ ਸਮੇਂ ਅਤੇ ਸਾਧਨ ਨਹੀਂ ਦਿੱਤੇ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਬਹੁਤ ਸਾਰੇ ਸੈਲਫ ਹੈਲਪ ਗਰੁੱਪ ਹਨ ਜੋ ਘਰੇਲੂ ਵਸਤੂਆਂ ਬਣਾ ਕੇ ਆਪਣਾ ਜੀਵਨ ਵਧੀਆ ਢੰਗ ਨਾਲ ਜੀ ਰਹੇ ਹਨ। ਉਨ੍ਹਾਂ ਕਿਹਾ ਕਿ ਇਨਾਂ ਗਰੁੱਪਾਂ ਦਾ ਮਾਰਗ ਦਰਸਨ ਕਰਕੇ ਉਨਾਂ ਨੂੰ ਮਾਰਕੀਟ ਦੀ ਡਿਮਾਂਡ ਦੇ ਮੁਤਾਬਕ ਸਮਾਨ ਬਣਾਉਣ ਦੇ ਲਈ ਪ੍ਰੇਰਿਤ ਕੀਤਾ ਗਿਆ, ਜਿਸ ਦੇ ਫਲਸਰੂਪ ਭੈਣਾਂ ਨੇ ਦਿਵਾਲੀ ਨੂੰ ਦੇਖਦੇ ਹੋਏ ਸਜਾਵਟ ਦਾ ਸਮਾਨ ਬਣਾਇਆ ਹੈ। ਨੀਤੀ ਤਲਵਾਰ ਨੇ ਦੱਸਿਆ ਕਿ ਇਹ ਸਮਾਨ ਬਹੁਤ ਹੀ ਉੱਚ ਕੁਆਲਿਟੀ ਅਤੇ ਸਸਤੇ ਭਾਅ ਦਾ ਹੈ ਅਤੇ ਇਸ ਸਮਾਨ ਨੂੰ ਵੇਚ ਕੇ ਜੋ ਵੀ ਲਾਭ ਪ੍ਰਾਪਤ ਹੋਵੇਗਾ ਉਹ ਸਾਰੇ ਦਾ ਸਾਰਾ ਸਮਾਨ ਬਣਾਉਣ ਵਾਲੀਆਂ ਔਰਤਾਂ ਨੂੰ ਹੀ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸ੍ਰੀ ਜੀ ਨਿਕੁੰਜ ਸੈਲਫ ਹੈਲਪ ਗਰੁੱਪ ਨਵੀਆਂ ਔਰਤਾਂ ਨੂੰ ਸਮਾਨ ਬਣਾਉਣ ਦੇ ਲਈ ਵਿੱਤੀ ਸਹਾਇਤਾ ਵੀ ਦੇਵੇਗਾ। ਇਸ ਮੌਕੇ ਸਮਾਜ ਸੇਵਕ ਸੰਜੀਵ ਤਲਵਾਰ ਨੇ ਕਿਹਾ ਕਿ ਜੇਕਰ ਅਸੀਂ ਇਸ ਦਿਵਾਲੀ ਤੇ ਸੰਕਲਪ ਕਰੀਏ ਕਿ ਅਸੀਂ ਕੇਵਲ ਸਵਦੇਸੀ ਸਮਾਨ ਦੇ ਉਪਹਾਰਾਂ ਦਾ ਹੀ ਅਦਾਨ ਪ੍ਰਦਾਨ ਕਰਾਂਗੇ ਤਾਂ ਭਾਰਤੀ ਬਾਜ਼ਾਰ ਤਾਂ ਸਮਰੱਥ ਹੋਵੇਗਾ ਹੀ ਉਸ ਦੇ ਨਾਲ ਆਪਣੇ ਘਰ ਵਿੱਚ ਬੈਠ ਕੇ ਇਹ ਸਮਾਨ ਬਣਾਉਣ ਵਾਲੇ ਕਾਰੀਗਰ ਅਤੇ ਉਨ੍ਹਾਂ ਦੇ ਪਰਵਾਰ ਵੀ ਖੁਸ਼ੀ ਖੁਸ਼ੀ ਦੀਵਾਲੀ ਮਨਾ ਸਕਣਗੇ। ਇਸ ਮੌਕੇ ਗਰੁੱਪ ਦੇ ਮੈਂਬਰ ਪ੍ਰੀਆ ਸੈਣੀ, ਮੁਸਕਾਨ ਪ੍ਰੈਸਰ, ਕ੍ਰਿਸ਼ਨ ਥਾਪਰ ਨੇ ਦੱਸਿਆ ਕਿ ਪ੍ਰਦਰਸ਼ਨੀ ਰੋਜ਼ਾਨਾ 11 ਵਜੇ ਤੋਂ 2 ਵਜੇ ਤੱਕ ਸ੍ਰੀ ਹਰੀ ਓਮ ਮੰਦਰ ਨਰਾਇਣ ਨਗਰ ਵਿੱਚ ਦਿਵਾਲੀ ਤੱਕ ਲੱਗੇਗੀ। ਇਸ ਮੌਕੇ ਸਮਾਜ ਸੇਵੀ ਰਜੀਵ ਮਹਾਜਨ, ਸਰਬਜੀਤ ਕੌਰ, ਮਨੀਸ਼ ਕੁਮਾਰ, ਰਾਕੇਸ਼ ਸਹਾਰਾ, ਵਰਨ ਸੈਣੀ, ਉਪਿੰਦਰ ਸਿੰਘ, ਰਜੀਵ ਥਾਪਰ, ਯੁੱਧਵੀਰ ਸਿੰਘ, ਮੰਗਤ ਰਾਮ ਅਤੇ ਬਹੁਤ ਸਾਰੀਆਂ ਔਰਤਾਂ ਨੇ ਇਸ ਕੰਮ ਦੀ ਪ੍ਰਸੰਸਾ ਕੀਤੀ ਅਤੇ ਸਹਿਯੋਗ ਦੇਣ ਦਾ ਵਾਅਦਾ ਕੀਤਾ।

# ਡਿਪਟੀ ਕਮਿਸ਼ਨਰ ਵੱਲੋਂ ਪਿੰਡਾਂ 'ਚ ਸਾਲਿਡ ਵੇਸਟ ਮੈਨੇਜਮੈਂਟ ਪ੍ਰਾਜੈਕਟਾਂ ਦੀ ਸਮੀਖਿਆ

**ਜਲੰਧਰ (ਸ਼ੈਲੀ ਐਲਬਰਟ)**-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਜ਼ਿਲ੍ਹੇ ਵਿੱਚ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਫੇਜ਼-2 ਤਹਿਤ ਚੱਲ ਰਹੇ ਸਾਲਿਡ ਵੇਸਟ ਮੈਨੇਜਮੈਂਟ ਪ੍ਰਾਜੈਕਟਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਪਿੰਡਾਂ ਨੂੰ ਠੋਸ ਰਹਿੰਦ-ਖੂੰਹਦ ਦੀ ਸਮੱਸਿਆ ਤੋਂ ਨਿਜਾਤ ਦਿਵਾਈ ਜਾ ਸਕੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਵੱਛ ਭਾਰਤ ਮਿਸ਼ਨ ਗ੍ਰਾਮੀਣ-2 ਤਹਿਤ ਜ਼ਿਲ੍ਹੇ ਵਿੱਚ ਸਾਲਿਡ ਵੇਸਟ ਮੈਨੇਜਮੈਂਟ ਲਈ 439 ਲੱਖ ਰੁਪਏ ਦੇ ਫੰਡ ਪ੍ਰਾਪਤ ਹੋਏ ਹਨ ਅਤੇ 122 ਪ੍ਰਾਜੈਕਟ ਪ੍ਰਵਾਨ ਹੋਏ ਹਨ। ਉਨ੍ਹਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਪਿੰਡਾਂ ਵਿੱਚ ਚੱਲ ਰਹੇ ਸਾਲਿਡ ਵੇਸਟ ਮੈਨੇਜਮੈਂਟ ਪ੍ਰਾਜੈਕਟਾਂ ਦੀ ਨਿਗਰਾਨੀ ਯਕੀਨੀ ਬਣਾਉਣ ਲਈ ਕਿਹਾ ਤਾਂ ਜੋ ਇਨ੍ਹਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਮੁਕੰਮਲ ਕੀਤਾ ਜਾ ਸਕੇ। ਸਾਰੰਗਲ ਨੇ ਕਿਹਾ ਕਿ ਉਨ੍ਹਾਂ ਵੱਲੋਂ ਵਿਅਕਤੀਗਤ ਤੌਰ 'ਤੇ ਪ੍ਰਾਜੈਕਟਾਂ ਦੀ ਹਫਤਾਵਾਰੀ ਸਮੀਖਿਆ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਜਿਹੜੇ ਪਿੰਡਾਂ ਵਿੱਚ ਇਹ ਪ੍ਰਾਜੈਕਟ ਸ਼ੁਰੂ ਨਹੀਂ ਹੋਏ, ਉਥੇ ਇਸ ਸਬੰਧੀ ਲੋੜੀਂਦੀ ਪ੍ਰਕਿਰਿਆ ਤੁਰੰਤ ਮੁਕੰਮਲ ਕਰਕੇ ਪ੍ਰਾਜੈਕਟਾਂ ਨੂੰ ਜਲਦ ਆਰੰਭ ਕੀਤਾ ਜਾਵੇ ਤਾਂ ਜੋ ਪਿੰਡਾਂ ਵਿੱਚ ਠੋਸ ਰਹਿੰਦ-ਖੂੰਹਦ ਦੇ ਯੋਗ ਨਿਪਟਾਰੇ ਨੂੰ ਯਕੀਨੀ ਬਣਾਇਆ ਜਾ ਸਕੇ। ਪਿੰਡਾਂ ਦੇ ਛੱਪੜਾਂ ਦੇ ਪਾਣੀ ਨੂੰ ਰੀਚਾਰਜ ਕਰਨ ਸਬੰਧੀ ਬਣਾਏ ਜਾ ਰਹੇ ਡੀ-ਸਿਲਟਿੰਗ ਚੈਂਬਰਾਂ ਦੇ ਕੰਮ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਇਸ ਕਾਰਜ ਨੂੰ ਤਰਜੀਹ ਦੇ ਆਧਾਰ 'ਤੇ ਮੁਕੰਮਲ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਡੀ-ਸਿਲਟਿੰਗ ਚੈਂਬਰਾਂ ਸਦਕਾ ਛੱਪੜਾਂ ਦਾ ਪਾਣੀ ਰੀਚਾਰਜ ਹੋਣ ਨਾਲ ਧਰਤੀ ਹੇਠਲੇ ਪਾਣੀ ਦੀ ਸੰਭਾਲ ਵਿੱਚ ਮਦਦ ਮਿਲੇਗੀ। ਕੂੜੇ ਦੇ ਯੋਗ ਨਿਪਟਾਰੇ ਲਈ ਲੋਕਾਂ ਨੂੰ ਪ੍ਰੇਰਿਤ ਕਰਨ ਦੀਆਂ ਹਦਾਇਤਾਂ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਸਬੰਧੀ ਸਿੱਖਿਆ, ਪੇਂਡੂ ਵਿਕਾਸ ਤੇ ਪੰਚਾਇਤਾਂ ਸਮੇਤ ਹੋਰ ਸਬੰਧਤ ਵਿਭਾਗਾਂ ਨੂੰ ਸ਼ਾਮਲ ਕਰਕੇ ਜਾਗਰੂਕਤਾ ਮੁਹਿੰਮ ਵਿੱਢੀ ਜਾਵੇ ਤਾਂ ਜੋ ਲੋਕਾਂ ਦੇ ਸਹਿਯੋਗ ਨਾਲ ਪਿੰਡਾਂ ਵਿੱਚ ਕੂੜੇ ਦੇ ਨਿਪਟਾਰੇ ਦੀ ਸਮੱਸਿਆ ਨੂੰ ਖਤਮ ਕੀਤਾ ਜਾ ਸਕੇ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਮਗਨਰੇਗਾ ਸਕੀਮ ਦੀ ਸਮੀਖਿਆ ਕਰਦਿਆਂ ਵੱਧ ਤੋਂ ਵੱਧ ਜਾਬ ਕਾਰਡ ਧਾਰਕਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਦੀਆਂ ਹਦਾਇਤਾਂ ਦਿੱਤੀਆਂ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਵਰਿੰਦਰਪਾਲ ਸਿੰਘ ਬਾਜਵਾ, ਐਕਸੀਅਨ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਅਤੇ ਸਮੂਹ ਬੀ.ਡੀ.ਪੀ.ਓਜ਼ ਵੀ ਮੌਜੂਦ ਸਨ।

17-Oct-PAGE-9.qxd 10/16/2023 10:34 PM Page 1



# ਬੱਸ ਤੇ ਕਾਰ ਦੀ ਆਹਮੋ-ਸਾਹਮਣੀ ਟੱਕਰ 'ਚ 2 ਗੰਭੀਰ ਜ਼ਖ਼ਮੀ

**ਫਿਲੌਰ (ਨਿਰਮਲ)**- ਹੁਸ਼ਿਆਰਪੁਰ ਤੋਂ ਲੁਧਿਆਣਾ ਜਾ ਰਹੀ ਪੀ.ਆਰ.ਟੀ.ਸੀ ਦੀ ਬੱਸ ਅਤੇ ਫਿਲੌਰ ਤੋਂ ਗੁਰਾਇਆ ਵੱਲ ਆ ਰਹੀ ਇੱਕ ਕਾਰ ਵਿਚਕਾਰ ਆਹਮੋ-ਸਾਹਮਣੇ ਟੱਕਰ ਹੋਣ ਕਾਰਨ ਕਾਰ ਦੇ ਪਰਖੱਚੇ ਉੱਡ ਗਏ ਅਤੇ ਇਸ 'ਚ ਸਵਾਰ ਵਿਅਕਤੀ ਅਤੇ ਔਰਤ ਗੰਭੀਰ ਰੂਪ 'ਚ ਜਖਮੀ ਹੋ ਗਏ, ਜਿਨ੍ਹਾਂ ਨੂੰ ਫਗਵਾੜਾ ਹਸਪਤਾਲ 'ਚ ਦਾਖਲ ਕਰਵਾਇਆ ਗਿਆ।

ਬੱਸ ਡਰਾਈਵਰ ਭੁਪਿੰਦਰ ਸਿੰਘ ਵਾਸੀ ਮੋਗਾ ਨੇ ਦੱਸਿਆ ਕਿ ਉਹ ਹੁਸ਼ਿਆਰਪੁਰ ਤੋਂ ਲੁਧਿਆਣਾ ਆ ਰਹੇ ਸਨ ਕਿ ਗੁਰਾਇਆ ਬੱਸ ਸਟੈਂਡ ਤੋਂ ਹੁੰਦੇ ਹੋਏ ਕਮਾਲਪੁਰ ਪਿੰਡ ਦੇ ਗੇਟ ਕੋਲ ਪਹੁੰਚੇ ਤਾਂ ਸਾਹਮਣੇ ਗਲਤ ਸਾਈਡ ਤੋਂ ਆ ਰਹੀ ਫੀਗੋ ਕਾਰ ਨੇ ਬੱਸ ਵੱਲ ਕਾਰ ਮੋੜ ਦਿੱਤੀ ਉਨ੍ਹਾਂ ਨੇ ਬ੍ਰੇਕ ਲਗਾਉਣ ਦੀ ਕਾਫੀ ਕੋਸ਼ਿਸ਼ ਕੀਤੀ ਪਰ ਦੋਵੇਂ ਇਕ-ਦੂਜੇ ਨਾਲ ਟਕਰਾ ਗਏ, ਜਿਸ ਕਾਰਨ ਇਹ ਹਾਦਸਾ ਵਾਪਰ ਗਿਆ। ਬੱਸ ਦੇ ਡਰਾਈਵਰ ਨੇ ਦੱਸਿਆ ਕਿ ਉਸ ਨੇ ਸਵਾਰੀਆਂ ਦੀ ਮਦਦ ਨਾਲ ਕਿਸੇ ਤਰ੍ਹਾਂ ਕਾਰ 'ਚੋਂ ਜਖਮੀਆਂ ਨੂੰ ਬਾਹਰ ਕੱਢਿਆ। ਰਾਹਗੀਰਾਂ ਦੀ ਮਦਦ ਨਾਲ ਉਨ੍ਹਾਂ ਨੂੰ ਸਿਵਲ ਹਸਪਤਾਲ ਫਗਵਾੜਾ 'ਚ ਦਾਖਲ ਕਰਵਾਇਆ ਗਿਆ।

ਜਿੱਥੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਜਖਮੀ ਵਿਅਕਤੀ ਗੁਰਮੁੱਖ ਸਿੰਘ ਵਾਸੀ ਜਲੰਧਰ ਨੇ ਦੱਸਿਆ ਕਿ ਉਹ ਆਪਣੇ ਘਰ ਕੰਮ ਕਰਨ ਵਾਲੀ ਔਰਤ ਪੂਜਾ ਨੂੰ ਫਿਲੌਰ ਦੇ ਪਿੰਡ ਨਗਰ ਵਿਖੇ ਡਾਕਟਰ ਕੋਲ ਲੈ ਕੇ ਵਾਪਸ ਆ ਰਿਹਾ ਸੀ ਤਾਂ ਸਰਵਿਸ ਲਾਈਨ 'ਤੇ ਉਸ ਦੀ ਕਾਰ ਅਤੇ ਬੱਸ ਦਾ ਹਾਦਸਾ ਹੋ ਗਿਆ, ਜਿਸ 'ਚ ਉਹ ਖੁਦ ਵੀ. ਅਤੇ ਉਸ ਦੇ ਘਰ ਕੰਮ ਕਰਨ ਵਾਲੀ ਮਹਿਲਾ ਜਖਮੀ ਹੋ ਗਏ। ਮੌਕੇ 'ਤੇ ਪਹੁੰਚੇ ਏ.ਐਸ.ਆਈ ਸੁਰਿੰਦਰ ਮੋਹਨ ਨੇ ਦੱਸਿਆ ਕਿ ਹਾਦਸਾ ਕਾਰ ਗਲਤ ਸਾਈਡ ਤੋਂ ਆਉਣ ਕਾਰਨ ਵਾਪਰਿਆ ਜਾਪਦਾ ਹੈ, ਬਾਕੀ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਜਾਂਚ ਉਪਰੰਤ ਬਣਦੀ ਕਾਰਵਾਈ ਕੀਤੀ ਜਾਵੇਗੀ।

# 'ਨਿਊਜ਼ ਕਲਿੱਕ' ਦੇ ਪੱਤਰਕਾਰਾਂ ਨੂੰ ਗ੍ਰਿਫ਼ਤਾਰ ਕਰਨ ਦੇ ਵਿਰੋਧ 'ਚ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ



**ਫਿਲੌਰ (ਨਿਰਮਲ)**: ਇੱਥੇ ਜਮਹੂਰੀ ਕਿਸਾਨ ਸਭਾ, ਦਿਹਾਤੀ ਮਜਦੂਰ ਸਭਾ, ਔਰਤ ਮੁਕਤੀ ਮੋਰਚਾ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵਲੋਂ ਨਿਊਜ ਕਲਿੱਕ ਦੇ ਪੱਤਰਕਾਰਾਂ ਨੂੰ ਗ੍ਰਿਫਤਾਰ ਕਰਨ ਦੇ ਵਿਰੋਧ 'ਚ ਪੁਤਲਾ ਫੂਕਿਆ ਗਿਆ। ਦਿੱਲੀ ਮੋਰਚੇ ਦੇ ਸ਼ਹੀਦਾਂ ਦੀ ਯਾਦਗਾਰ ਵਿਖੇ ਇੱਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਸੰਤੋਖ ਸਿੰਘ ਬਿਲਗਾ ਨੇ ਕਿਹਾ ਕਿ ਕੇਂਦਰ ਸਰਕਾਰ ਵਿਰੋਧੀ ਅਵਾਜ ਨੂੰ ਦਬਾਉਣ ਲਈ ਹਰ ਹਰਬਾ ਵਰਤ ਰਹੀ ਹੈ, ਜਿਸ ਕਾਰਨ ਦੇਸ਼ ਅੰਦਰ ਲੋਕਤੰਤਰੀ ਢਾਂਚਾ ਖਤਰੇ 'ਚ ਖੜ ਗਿਆ ਹੈ। ਉਨ੍ਹਾ ਕਿਹਾ ਕਿ ਕੇਂਦਰ ਵਲੋਂ ਐਸਵਾਈਐਲ ਦਾ ਮੁੱਦਾ ਜਾਣਬੁੱਝ ਕੇ ਉਲਝਾਇਆ ਜਾ ਰਿਹਾ ਹੈ, ਜਦੋਂ ਕਿ ਪਾਣੀ ਨਾਲ ਸਬੰਧਤ ਅੰਤਰਰਾਸ਼ਟਰੀ ਕਾਨੂੰਨਾਂ ਰਾਹੀਂ ਇਸ ਦਾ ਹੱਲ ਕੀਤਾ ਜਾ ਸਕਦਾ ਹੈ। ਇਸ ਉਪਰੰਤ ਮਾਰਚ ਕਰਦੇ ਹੋਏ ਕਚਿਹਿਰੀ ਚੌਂਕ 'ਚ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ। ਇਸ ਮੌਕੇ ਸਭਾ ਦੇ ਸੂਬਾ ਕਮੇਟੀ ਮੈਂਬਰ ਜਸਵਿੰਦਰ ਢੇਸੀ, ਕੁਲਦੀਪ ਫਿਲੌਰ, ਸੁਨੀਤਾ ਫਿਲੌਰ, ਜਰਨੈਲ ਫਿਲੌਰ, ਮੇਜਰ ਫਿਲੌਰ, ਗੁਰਦੀਪ ਗੋਗੀ, ਮੱਖਣ ਸੰਗਰਾਮੀ ਆਦਿ ਹਾਜਰ ਸਨ।

# 20 ਦੀ ਰੈਲੀ 'ਚ ਸਮੂਹ ਵਿਭਾਗਾਂ ਦੇ ਐੱਨ ਪੀ ਐੱਸ ਮੁਲਾਜ਼ਮ ਹੋਣਗੇ ਸ਼ਾਮਲ : ਜਰਮਨਜੀਤ ਸਿੰਘ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਪੰਜਾਬ ਸਰਕਾਰ ਵਲੋਂ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੇ ਐਲਾਨ ਦੇ ਬਾਵਜੂਦ ਵੀ ਸੂਬੇ ਅੰਦਰ ਪੁਰਾਣੀ ਪੈਨਸ਼ਨ ਸਕੀਮ ਅਮਲੀ ਰੂਪ ਵਿੱਚ ਲਾਗੂ ਨਾ ਹੋਣ ਦੇ ਖ਼ਿਲਾਫ਼ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ.ਪੀ.ਪੀ.ਐੱਫ.) ਵਲੋਂ 20 ਅਕਤੂਬਰ ਨੂੰ ਮਿੰਨੀ ਸਕੱਤਰੇਤ ਹੁਸ਼ਿਆਰਪੁਰ ਵਿਖੇ ਕੀਤੀ ਜਾ ਰਹੀ ਜ਼ਿਲ੍ਹਾ ਪੱਧਰੀ ਪੁਰਾਣੀ ਪੈਨਸ਼ਨ ਪ੍ਰਾਪਤੀ ਰੈਲੀ ਵਿੱਚ ਸਮੂਹ ਵਿਭਾਗਾਂ ਦੇ ਨਵੀਂ ਪੈਨਸ਼ਨ ਸਕੀਮ ਦੇ ਘੇਰੇ ਵਿੱਚ ਆਉਣ ਵਾਲੇ ਐੱਨ.ਪੀ.ਐੱਸ. ਕਾਮੇ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡੈਮੋਕਰੈਟਿਕ ਮੁਲਾਜ਼ਮ ਫੈਡਰੇਸ਼ਨ (ਡੀ.ਐੱਮ.ਐੱਫ.) ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ, ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ (ਪੀ.ਪੀ.ਪੀ.ਐੱਫ.) ਦੇ ਦੋਆਬਾ ਜ਼ੋਨ ਦੇ ਕਨਵੀਨਰ ਇੰਦਰ ਸੁਖਦੀਪ ਸਿੰਘ ਓਢਰਾ, ਸੂਬਾ ਜਨਰਲ ਸਕੱਤਰ ਮੁਕੇਸ਼ ਗੁਜਰਾਤੀ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਜ਼ਿਲ੍ਹਾ ਜਨਰਲ ਸਕੱਤਰ ਮਨਜੀਤ ਸਿੰਘ ਦਸੂਹਾ ਆਦਿ ਆਗੂਆਂ ਨੇ ਦੱਸਿਆ ਕਿ ਸਾਰੇ ਵਿਭਾਗਾਂ ਵਿੱਚ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮ ਨਿਊ ਪੈਨਸ਼ਨ ਸਕੀਮ (ਐੱਨ.ਪੀ.ਐੱਸ) ਦੇ ਅਧੀਨ ਆਉਂਦੇ ਹਨ ਜਿਨ੍ਹਾਂ ਨੂੰ ਕਿ ਪੁਰਾਣੀ ਪੈਨਸ਼ਨ ਸਮੇਤ ਕੋਈ ਵੀ ਸਮਾਜਿਕ ਸੁਰੱਖਿਆ ਸਰਕਾਰ ਵਲੋਂ ਨਹੀਂ ਦਿੱਤੀ ਜਾਂਦੀ। ਉਨ੍ਹਾਂ ਪੰਜਾਬ ਸਰਕਾਰ ਨਾਲ ਨਾਰਾਜ਼ਗੀ ਜ਼ਾਹਿਰ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਲੱਗਭਗ ਇੱਕ ਸਾਲ ਪਹਿਲਾਂ ਸੂਬੇ ਵਿੱਚ ਪੁਰਾਣੀ ਪੈਨਸ਼ਨ ਨੂੰ ਲਾਗੂ ਕਰਨ ਦਾ ਐਲਾਨ ਕੀਤਾ ਗਿਆ ਸੀ, ਪਰ ਇੱਕ ਸਾਲ ਬੀਤਣ ਦੇ ਬਾਵਜੂਦ ਵੀ ਪੰਜਾਬ ਸਰਕਾਰ ਨੇ ਅਜੇ ਤੱਕ ਨਾ ਤਾਂ ਨਵੀਂ ਪੈਨਸ਼ਨ ਸਕੀਮ ਅਧੀਨ ਆਉਣ ਵਾਲੇ ਮੁਲਾਜ਼ਮਾਂ ਦਾ ਜਨਰਲ ਪ੍ਰਾਵੀਡੈਂਟ ਫ਼ੰਡ (ਜੀ.ਪੀ.ਐੱਫ.) ਕੱਟਣਾ ਹੀ ਸ਼ੁਰੂ ਕੀਤਾ ਹੈ ਅਤੇ ਨਾ ਹੀ ਕੇਂਦਰੀ ਪੈਨਸ਼ਨ ਏਜੰਸੀ ਕੋਲ਼ ਜਮ੍ਹਾਂ ਪੰਜਾਬ ਦੇ ਮੁਲਾਜ਼ਮਾਂ ਦਾ ਕਰੋੜਾਂ ਰੁਪਇਆ ਹੀ ਮੁਲਾਜ਼ਮਾਂ ਨੂੰ ਵਾਪਿਸ ਲੈ ਕੇ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਢਿੱਲ-ਮੱਠ ਵਾਲ਼ੇ ਰਵੱਈਏ ਦੇ ਖ਼ਿਲਾਫ਼ ਪੁਰਾਣੀ ਪੈਨਸ਼ਨ ਪ੍ਰਾਪਤੀ ਫ਼ਰੰਟ ਪੰਜਾਬ ਵਲੋਂ 20 ਅਕਤੂਬਰ ਨੂੰ ਮਿੰਨੀ ਸਕੱਤਰੇਤ ਹੁਸ਼ਿਆਰਪੁਰ ਵਿਖੇ ਕੀਤੀ ਜਾ ਰਹੀ ਜ਼ਿਲ੍ਹਾ ਪੱਧਰੀ ਪੈਨਸ਼ਨ ਪ੍ਰਾਪਤੀ ਰੈਲੀ ਵਿੱਚ ਸਮੂਹ ਵਿਭਾਗਾਂ ਦੇ ਇਹ ਐੱਨ.ਪੀ.ਐੱਸ. ਕਾਮੇ ਆਪਣੇ ਪਰਿਵਾਰਾਂ ਸਮੇਤ ਸ਼ਾਮਿਲ ਹੋਣਗੇ ਅਤੇ ਸਰਕਾਰ ਤੋਂ ਹਕੀਕੀ ਰੂਪ ਵਿੱਚ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕਰਨ ਦੀ ਮੰਗ ਕਰਨਗੇ। ਇਸ ਮੌਕੇ ਹੰਸ ਰਾਜ, ਸਤਪਾਲ ਕਲੇਰ, ਪਰਵੀਨ ਸ਼ੇਰਪੁਰ, ਸੋਮ ਪਾਲ, ਬਲਦੇਵ ਸਿੰਘ, ਰਾਕੇਸ਼ ਕੁਮਾਰ, ਵਰਿੰਦਰ ਸੈਣੀ, ਬਲਜੀਤ ਸਿੰਘ ਮਹਿਮੋਵਾਲ, ਰੇਸ਼ਮ ਸਿੰਘ ਧੁੱਗਾ, ਨੰਦ ਰਾਮ, ਰਜਿੰਦਰ ਹੇਜਮਾਂ ਆਦਿ ਆਗੂ ਵੀ ਹਾਜ਼ਰ ਸਨ।

## ਕਾਰ ਖੇਤਾਂ 'ਚ ਪਲਟਣ ਨਾਲ ਦੋ ਜ਼ਖ਼ਮੀ

**ਫਿਲੌਰ (ਨਿਰਮਲ)**-ਫਿਲੌਰ-ਗੁਰਾਇਆ ਵਿਚਕਾਰ ਵਾਪਰੇ ਸੜਕ ਹਾਦਸੇ ਦੌਰਾਨ ਦੋ ਵਿਅਕਤੀ ਜਖਮੀ ਹੋ ਗਏ ਜਦਕਿ ਉਨ੍ਹਾਂ ਦੀ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਜਲੰਧਰ ਤੋਂ ਲੁਧਿਆਣਾ ਵੱਲ ਜਾ ਰਹੀ ਲੁਧਿਆਣਾ ਨੰਬਰ ਦੀ ਚਿੱਟੇ ਰੰਗ ਦੀ ਕ੍ਰੇਟਾ ਕਾਰ ਜਦੋਂ ਫਿਲੌਰ ਗੁਰਾਇਆ ਦੇ ਵਿਚਕਾਰ ਪਿੰਡ ਖਹਿਰਾ ਨੇੜੇ ਪੁੱਜੀ ਤਾਂ ਮੀਂਹ ਦਾ ਪਾਣੀ ਸੜਕ 'ਤੇ ਖੜ੍ਹਾ ਹੋਣ ਕਾਰਨ ਗੱਡੀ ਬੇਕਾਬੂ ਹੋ ਕੇ ਹਾਈਵੇ 44 ਤੋਂ ਗਰਿੱਲ ਦੀ ਰੇਲਿੰਗ ਤੋੜ ਕੇ ਸਰਵਿਸ ਰੋਡ ਤੋਂ ਖੇਤਾਂ ਵਿਚ ਜਾ ਡਿੱਗੀ। ਜਦਕਿ ਗੱਡੀ ਬੁਰੀ ਤਰ੍ਹਾਂ ਨੁਕਸਾਨੀ ਗਈ, ਗੱਡੀ 'ਚ ਦੋ ਵਿਅਕਤੀ ਸਵਾਰ ਦੱਸੇ ਜਾਂਦੇ ਹਨ, ਜਿਨ੍ਹਾਂ 'ਚੋਂ ਇਕ ਦੀ ਪਛਾਣ ਕਰਨੈਲ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਲੁਧਿਆਣਾ ਵਜੋਂ ਹੋਈ ਹੈ। ਜਖਮੀਆਂ ਨੂੰ ਫਿਲੌਰ ਦੇ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ।

## ਡੀ ਵਾਈ ਐੱਫ ਆਈ ਦੇ ਸਾਬਕਾ ਆਗੂ ਕਰਨੈਲ ਸਿੰਘ ਮੰਢਾਲੀ ਨਹੀਂ ਰਹੇ

**ਬਹਿਰਾਮ (ਅਵਤਾਰ ਕਲੇਰ)** ਭਾਰਤ ਦੀ ਜਨਵਾਦੀ ਨੌਜਵਾਨ ਸਭਾ ਦੇ ਆਗੂ ਸਾਥੀ ਕਰਨੈਲ ਸਿੰਘ ਮੰਢਾਲੀ ਦੀ ਪਿਛਲੇ ਦਿਨੀਂ ਮਾਮੂਲੀ ਐਕਸੀਡੈਂਟ ਕਾਰਨ ਮੌਤ ਹੋ ਗਈ। ਉਹ 55 ਵਰ੍ਹਿਆਂ ਦੇ ਸਨ। ਸਾਥੀ ਕਰਨੈਲ ਸਿੰਘ ਨੇ ਡੀ ਵਾਈ ਐਫ ਆਈ ਦੀ ਮੈਂਬਰਸ਼ਿਪ ਉਸ ਵੇਲੇ ਲਈ ਜਦੋਂ ਪੰਜਾਬ ਅੰਦਰ ਕਾਲਾ ਦੌਰ ਸੀ। ਡੀ ਵਾਈ ਐਫ ਆਈ ਨੇ ਅੱਤਵਾਦ -ਵੱਖਵਾਦ ਨਾਲ ਲੜਦਿਆਂ ਸੂਬਾਈ ਪ੍ਰਧਾਨ ਸੂਬਾਈ ਸਕੱਤਰ ਤੇ ਖਜਾਨਚੀ ਸਮੇਤ 26 ਸਾਥੀ ਸ਼ਹੀਦ ਕਰਵਾਏ ਉਸ ਸਮੇਂ ਸਾਥੀ ਦੀ ਡਿਊਟੀ ਪਾਰਟੀ ਦੇ ਵੱਡੇ ਆਗੂਆਂ ਦੀ ਰਾਖੀ ਲਈ ਲਗਾਈ ਗਈ ਜੋਕਿ ਸਾਥੀ ਨੇ ਪੂਰੀ ਜ਼ਿੰਮੇਵਾਰੀ ਨਾਲ ਨਿਭਾਈ। ਮੌਜੂਦਾ ਸਮੇਂ ਸਾਥੀ ਸਰਕਾਰੀ ਨੌਕਰੀ 'ਤੇ ਸਨ। ਇਸ ਦੁੱਖ ਦੀ ਘੜੀ ਵਿੱਚ ਸੀ ਪੀ ਆਈ ਐਮ ਦੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਰਾਮ ਸਿੰਘ ਨੂਰਪੁਰੀ ਨੇ ਉਨ੍ਹਾਂ ਦੇ ਪਰਿਵਾਰ ਕੋਲ ਜਾ ਕੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਸਾਥੀ ਕਰਨੈਲ ਸਿੰਘ ਦੀਆਂ ਡੀ ਵਾਈ ਐਫ ਆਈ ਨੂੰ ਦਿੱਤੀਆਂ ਸੇਵਾਵਾਂ ਨੂੰ ਯਾਦ ਕੀਤਾ। ਇਸ ਮੌਕੇ ਤੇ ਉਨ੍ਹਾਂ ਦੇ ਨਾਲ ਤਹਿਸੀਲ ਸਕੱਤਰ ਕੁਲਦੀਪ ਝਿੰਗੜ, ਪ੍ਰੇਮ ਸਿੰਘ ਮੰਢਾਲੀ,ਨਾਜਰ ਸਿੰਘ, ਡੀ ਵਾਈ ਐਫ ਆਈ ਦੇ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਕੁਮਾਰ ਮੰਢਾਲੀ ਵੀ ਮੌਜੂਦ ਸਨ।

## ਸਤਨਾਮ ਸਿੰਘ ਲੋਹਗੜ੍ਹ ਦੂਸਰੀ ਵਾਰ ਬਲਾਕ ਪ੍ਰਧਾਨ ਨਿਯੁਕਤ



**ਮਹਿਤਪੁਰ (ਰਾਜਾ)** ਆਮ ਆਦਮੀ ਪਾਰਟੀ ਵੱਲੋਂ ਬੀਤੇ ਦਿਨੀ ਐਲਾਨੇ ਗਏ ਬਲਾਕ ਪ੍ਰਧਾਨਾਂ ਦੀ ਸੂਚੀ ਵਿੱਚ ਸਤਨਾਮ ਸਿੰਘ ਲੋਹਗੜ ਨੂੰ ਦੂਸਰੀ ਵਾਰ ਬਲਾਕ ਪ੍ਰਧਾਨ ਨਿਯੁਕਤ ਕਰਨ 'ਤੇ ਪਾਰਟੀ ਵਰਕਰਾਂ ਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਛਾ ਗਈ, ਵਧਾਈਆਂ ਦੇਣ ਵਾਲਿਆਂ ਦੀ ਸਵੇਰ ਤੋਂ ਹੀ ਘਰ ਭੀੜ ਲੱਗਣੀ ਸ਼ੁਰੂ ਹੋ ਗਈ। ਵਿਸ਼ੇਸ਼ ਵਾਰਤਾ ਵਿੱਚ ਸਤਨਾਮ ਸਿੰਘ ਲੋਹਗੜ ਨੇ ਆਪਣੇ ਦਿਲ ਦੇ ਹਾਵ ਭਾਵ ਪ੍ਰਗਟ ਕਰਦਿਆਂ ਕਿਹਾ ਕਿ ਪਾਰਟੀ ਹਾਈ ਕਮਾਂਡ ਨੇ ਜੋ ਦੂਸਰੀ ਵਾਰ ਉਹਨਾਂ ਤੇ ਭਰੋਸਾ ਜਤਾਇਆ ਹੈ ਤਹਿ ਦਿਲੋਂ ਧੰਨਵਾਦ ਪ੍ਰਗਟ ਕਰਦਾ ਹਾਂ ਅਤੇ ਵਿਸ਼ਵਾਸ ਦਵਾਉਂਦਾ ਹਾਂ ਕਿ ਪਹਿਲਾਂ ਵਾਂਗ ਦਿੱਤੀ ਜਿੰਮੇਵਾਰੀ ਅਨੁਸਾਰ ਦਰਜਾ ਬਦਰਜਾ ਮੈਂ ਪਾਰਟੀ ਦੇ ਵਰਕਰਾਂ ਨੂੰ ਲਾਮਬੰਦ ਕਰਕੇ ਮੋਢੇ ਨਾਲ ਮੋਢਾ ਲਾ ਕੇ ਨਾਲ ਲੈ ਕੇ ਤੁਰਾਂਗਾ। ਲੋਹਗੜ ਨੇ ਹਲਕਾ ਸ਼ਾਹਕੋਟ ਦੇ ਇੰਚਾਰਜ ਰਤਨ ਸਿੰਘ ਕਾਕੜ ਕਲਾਂ ਦਾ ਵਿਸ਼ੇਸ਼ ਧੰਨਵਾਦ ਕੀਤਾ।

## ਸਿਵਲ ਹਸਪਤਾਲ 'ਚ ਅਣਪਛਾਤੇ ਦੀ ਮੌਤ

**ਫਿਲੌਰ (ਨਿਰਮਲ)**-ਇਥੇ ਸਿਵਲ ਹਸਪਤਾਲ ਵਿਖੇ ਇਲਾਜ ਕਰਵਾਉਣ ਆਏ ਵਿਅਕਤੀ ਦੀ ਮੌਤ ਹੋ ਗਈ। ਐਮਰਜੈਂਸੀ ਵਿਭਾਗ ਦੇ ਡਿਊਟੀ ਅਫਸਰ ਡਾ:ਸਾਹਿਲ ਕੋਂਡਲ ਨੇ ਦੱਸਿਆ ਕਿ ਇੱਕ 50 ਸਾਲ ਤੋਂ ਵੱਧ ਉਮਰ ਦਾ ਵਿਅਕਤੀ ਸਵੇਰੇ ਇਕੱਲਾ ਹੀ ਆਪਣਾ ਇਲਾਜ ਕਰਵਾਉਣ ਲਈ ਸਿਵਲ ਹਸਪਤਾਲ ਵਿਖੇ ਆਇਆ ਸੀ, ਜਿਸ ਨੇ ਆਪਣਾ ਨਾਮ ਨੱਟੂ ਯਾਦਵ ਹੀ ਦੱਸਿਆ ਅਤੇ ਖੁਦ ਨੂੰ ਸਾਹ ਅਤੇ ਪੇਟ 'ਚ ਦਰਦ ਦੀ ਤਕਲੀਫ ਦੱਸੀ। ਜਿਸ ਦਾ ਤੁਰੰਤ ਇਲਾਜ ਸ਼ੁਰੂ ਕਰ ਦਿੱਤਾ ਗਿਆ ਪਰ ਕੁੱਝ ਸਮੇਂ ਵਿੱਚ ਹੀ ਉਸਦੀ ਮੌਤ ਹੋ ਗਈ। ਥਾਣਾ ਫਿਲੌਰ ਦੇ ਏ.ਐਸ.ਆਈ. ਧਰਮਿੰਦਰ ਸਿੰਘ ਨੇ ਦੱਸਿਆ ਕਿ ਉਕਤ ਵਿਅਕਤੀ ਦੇਖਣ ਨੂੰ ਪ੍ਰਵਾਸੀ ਮਜਦੂਰ ਜਾਪਦਾ ਹੈ ਅਤੇ ਉਸ ਨੇ ਗਰੇ ਅਤੇ ਕਾਲੇ ਰੰਗ ਦੀ ਕੋਟੀ ਪਹਿਨੀ ਹੋਈ ਹੈ ਤੇ ਸਿਰ ਤੋਂ ਮੋਨਾ ਹੈ। ਲਾਸ਼ ਦੀ ਸਨਾਖਤ ਲਈ 72 ਘੰਟਿਆਂ ਵਾਸਤੇ ਸਿਵਲ ਹਸਪਤਾਲ ਫਿਲੌਰ ਦੀ ਮਾਉਰਚੀ ਵਿੱਚ ਰੱਖਿਆ ਗਿਆ ਹੈ।

## ਔਰਤ ਮੁਕਤੀ ਮੋਰਚਾ ਵੱਲੋਂ ਰਾਜ ਪੱਧਰੀ ਸੈਮੀਨਾਰ ਭਲਕੇ

**ਜਲੰਧਰ** -ਔਰਤ ਮੁਕਤੀ ਮੋਰਚਾ ਪੰਜਾਬ ਵੱਲੋਂ 18 ਅਕਤੂਬਰ ਨੂੰ 'ਦੇਸ਼ ਭਗਤ ਯਾਦਗਾਰ ਜਲੰਧਰ' ਦੇ 'ਗਦਰੀ ਵਿਸ਼ਨੂੰ ਗਣੇਸ਼ ਪਿੰਗਲੇ ਹਾਲ' ਵਿਖੇ ਇੱਕ ਰਾਜ ਪੱਧਰੀ ਸੈਮੀਨਾਰ ਆਯੋਜਿਤ ਕੀਤਾ ਜਾਵੇਗਾ। ਉਕਤ ਜਾਣਕਾਰੀ ਅੱਜ ਇੱਥੋਂ ਜਾਰੀ ਇੱਕ ਬਿਆਨ ਰਾਹੀਂ ਮੋਰਚੇ ਦੀ ਸਰਪ੍ਰਸਤ ਡਾਕਟਰ ਰਘਬੀਰ ਕੌਰ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਮਰਹੂਮ ਬੀਬੀ ਤ੍ਰਿਪਤਾ ਦੇਵੀ ਗੌਤਮ ਦੀ ਯਾਦ ਵਿੱਚ ਕੀਤੇ ਜਾ ਰਹੇ ਇਸ ਸੈਮੀਨਾਰ ਵਿੱਚ "ਫਿਰਕੂ-ਫਾਸ਼ੀ ਦੌਰ ਵਿੱਚ ਇਸਤਰੀਆਂ ਖਿਲਾਫ਼ ਵਧ ਰਹੇ ਜਿਨਸੀ ਹਮਲੇ- ਇੱਕ ਵੰਗਾ" ਵਿਸ਼ੇ 'ਤੇ ਲਾਇਲਪੁਰ ਖਾਲਸਾ ਕਾਲਜ ਫਾਰ ਵੂਮੈਨ ਦੀ ਪ੍ਰਿੰਸੀਪਲ, ਡਾਕਟਰ ਨਵਜੋਤ ਦਾ ਕੁੰਜੀਵਤ ਭਾਸ਼ਣ ਹੋਵੇਗਾ। ਡਾਕਟਰ ਰਘਬੀਰ ਕੌਰ ਨੇ ਅੱਗੇ ਦੱਸਿਆ ਕਿ ਔਰਤ ਮੁਕਤੀ ਮੋਰਚਾ ਦੇ ਪ੍ਰਧਾਨ ਪ੍ਰੋਫੈਸਰ ਸੁਰਿੰਦਰ ਪਾਲ ਜੈਪਾਲ ਤੋਂ ਇਲਾਵਾ ਜਮਹੂਰੀ ਲਹਿਰ ਦੇ ਨਾਮਵਰ ਆਗੂ ਤੇ ਹੋਰ ਉੱਘੇ ਵਿਦਵਾਨ ਵੀ ਸੰਬੋਧਨ ਕਰਨਗੇ।

## ਹਰਵਿੰਦਰ ਸਿੰਘ ਮਠਾੜੂ ਬਲਾਕ ਪ੍ਰਧਾਨ ਨਿਯੁਕਤ

**ਮਹਿਤਪੁਰ (ਰਾਜਾ)** ਆਮ ਆਦਮੀ ਪਾਰਟੀ ਵਿੱਚ 2017 ਤੋਂ ਬਿਨਾਂ ਕਿਸੇ ਅਹੁਦੇ ਤੋਂ ਨਿਰਸਵਾਰਥ ਸੇਵਾਵਾਂ ਨਿਭਾਅ ਰਹੇ ਹਰਵਿੰਦਰ ਸਿੰਘ ਮਠਾੜੂ ਦੀ ਇਮਾਨਦਾਰੀ ਅਤੇ ਲਗਨ ਨੂੰ ਦੇਖਦਿਆਂ ਹੋਇਆ ਆਮ ਆਦਮੀ ਪਾਰਟੀ ਹਾਈਕਮਾਂਡ ਵੱਲੋਂ ਬੀਤੇ ਦਿਨੀ ਐਲਾਨੇ ਗਏ ਬਲਾਕ ਪ੍ਰਧਾਨਾਂ ਦੀ ਸੂਚੀ ਵਿੱਚ ਪਾਰਟੀ ਹਾਈ ਕਮਾਂਡ ਨੇ ਬਲਾਕ ਪ੍ਰਧਾਨ ਦਾ ਮਾਣਮੱਤਾ ਅਹੁਦਾ ਪ੍ਰਦਾਨ ਕੀਤਾ। ਮਠਾੜੂ ਨੇ ਕਿਹਾ ਕਿ ਮੈਨੂੰ ਕੋਈ ਚਿੱਤ ਚੇਤਾ ਵੀ ਨਹੀਂ ਸੀ ਕਿ ਪਾਰਟੀ ਹਾਈ ਕਮਾਂਡ ਮੈਨੂੰ ਇੰਨਾ ਵੱਡਾ ਮਾਣ ਪ੍ਰਦਾਨ ਕਰੇਗੀ।. ਮੈਂ ਪਾਰਟੀ ਹਾਈ ਕਮਾਂਡ ਦਾ ਅਤੇ ਰਤਨ ਸਿੰਘ ਕਾਕੜ ਕਲਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਅਤੇ ਵਿਸ਼ਵਾਸ ਦਵਾਉਂਦਾ ਹਾਂ, ਕਿ ਜਿੰਮੇਵਾਰੀਆਂ ਨੂੰ ਤਨਦੇਹੀ ਨਾਲ ਨਿਭਾਵਾਂਗਾ।

# ਜਥੇਬੰਦੀਆਂ ਨੇ ਵਿਧਾਇਕਾ ਦੇ ਘਰ 'ਤੇ ਚਿਪਕਾਇਆ ਮੰਗ ਪੱਤਰ



**ਨੂਰਮਹਿਲ( ਬਾਲ ਕ੍ਰਿਸ਼ਨ ਬਾਲੀ)**-ਨੂਰਮਹਿਲ ਦੇ ਨਿਰਮਾਣ ਅਧੀਨ ਸਰਕਾਰੀ ਸਕੂਲ ਦੇ ਮਸਲੇ ਨੂੰ ਹਲਕਾ ਵਿਧਾਇਕ ਜਾਣ ਬੁੱਝ ਕੇ ਉਲਝਾ ਰਹੀ ਹੈ। ਵਿਧਾਇਕ ਜਿੱਥੇ ਆਪਣੀ ਸਾਖ ਨੂੰ ਲੋਕਾਂ ਦੀਆਂ ਨਜਰਾਂ ਵਿੱਚ ਗਿਰਾ ਰਹੀ ਹੈ ਉੱਥੇ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਅਕਸ ਵੀ ਆਮ ਲੋਕਾਂ ਵਿੱਚ ਵਿਗਾੜ ਰਹੀ ਹੈ। ਉਸ ਵਕਤ ਹਲਕਾ ਵਿਧਾਇਕ ਨਕੋਦਰ ਇੰਦਰਜੀਤ ਕੌਰ ਮਾਨ ਨੂੰ ਹੱਥਾਂ ਪੈਰਾਂ ਦੀ ਪੈ ਗਈ ਜਦੋਂ ਵੱਖ ਵੱਖ ਜਥੇਬੰਦੀਆਂ ਨੇ ਨੂਰਮਹਿਲ ਵਿੱਚ ਰੋਸ ਮਾਰਚ ਕਰਨ ਤੋਂ ਬਾਅਦ ਆਪਣੀਆਂ ਗੱਡੀਆਂ ਅਤੇ ਮੋਟਰਸਾਈਕਲਾਂ ਦੇ ਕਾਫਲੇ ਦਾ ਰੁਖ ਹਲਕਾ ਵਿਧਾਇਕ ਦੇ ਪਿੰਡ ਬੀਰ ਵੱਲ ਨੂੰ ਕਰ ਲਿਆ। ਗੱਡੀ 'ਤੇ ਲੱਗੇ ਸਪੀਕਰ ਦੀ ਜੋਰਦਾਰ ਆਵਾਜ "ਸਰਕਾਰੀ ਸਕੂਲ ਬਚਾਓ ਮੋਰਚਾ ਜ਼ਿੰਦਾਬਾਦ" ਅਤੇ "ਹਲਕਾ ਵਿਧਾਇਕ,ਪੰਜਾਬ ਸਰਕਾਰ ਮੁਰਦਾਬਾਦ" ਦੇ ਨਾਅਰਿਆਂ ਨਾਲ ਨਕੋਦਰ ਹਲਕੇ ਨੂੰ ਹਿਲਾ ਰਹੀ ਸੀ। ਬੁਲਾਰਿਆਂ ਨੇ ਹਲਕਾ ਵਿਧਾਇਕ ਦੇ ਘਰ ਅੱਗੇ ਪਹੁੰਚਕੇ ਸਕੂਲ ਬਣਾਉਣ ਦੀਆਂ ਦਮਦਾਰ ਦਲੀਲਾਂ ਅਪੀਲਾਂ ਰੱਖੀਆਂ। ਪੇਂਡੂ ਮਜਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪਬਵਾਂ, ਨੰਬਰਦਾਰ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਲਾਇਨ ਅਸ਼ੋਕ ਸੰਧੂ ਨੰਬਰਦਾਰ ਨੂਰਮਹਿਲ, ਸੰਯੁਕਤ ਮੋਰਚਾ ਪੰਜਾਬ ਦੇ ਆਗੂ ਸੰਤੋਖ ਸਿੰਘ ਸੰਧੂ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਗੁਰਕਮਲ ਸਿੰਘ ਅਤੇ ਗੁਰਮੇਲ ਸਿੰਘ ਬੈਨਾਪੁਰੀ, ਭਾਰਤੀ ਕਿਸਾਨ ਯੂਨੀਅਨ ਦੁਆਬਾ ਨੂਰਮਹਿਲ ਦੇ ਸਰਕਲ ਪ੍ਰਧਾਨ ਰਛਪਾਲ ਸਿੰਘ ਗਰਚਾ ਸ਼ਾਦੀਪੁਰ, ਸੀਨੀਅਰ ਮੀਤ ਪ੍ਰਧਾਨ ਪ੍ਰਦੀਪ ਸਿੰਘ ਤਲਵਣ, ਭਾਰਤੀ ਕਿਸਾਨ ਯੂਨੀਅਨ ਪੰਜਾਬ ਨੂਰਮਹਿਲ ਦੇ ਆਗੂ ਪੂਰਨ ਸਿੰਘ ਬੁਰਜ ਹਸਨ, ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਨੂਰਮਹਿਲ ਬਲਾਕ ਪ੍ਰਧਾਨ ਮਨੋਜ ਕੁਮਾਰ ਸਰੋਏ, ਅਤੇ ਮਨਜੀਤ ਸਿੰਘ, ਨੰਬਰਦਾਰ ਯੂਨੀਅਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਤਰਸੇਮ ਲਾਲ ਉੱਪਲ ਖਾਲਸਾ, ਪੀ.ਆਰ.ਓ ਜਗਨ ਨਾਥ ਚਾਹਲ, ਸਲਾਹਕਾਰ ਮਹਿੰਦਰ ਸਿੰਘ ਨਾਹਲ, ਸਰਕਾਰੀ ਸਕੂਲ ਬਚਾਓ ਮੋਰਚਾ ਨੂਰਮਹਿਲ ਦੇ ਕਨਵੀਨਰ ਕਾਮਰੇਡ ਬਾਲ ਕ੍ਰਿਸ਼ਨ ਬਾਲੀ, ਨੂਰਮਹਿਲ ਤੋਂ ਨਿਧੜਕ ਸਮਾਜ ਸੇਵੀ ਰਵਿੰਦਰ ਭਾਰਦਵਾਜ ਪੱਪੀ, ਪ੍ਰੇਮ ਲਾਲ ਜੋਸੀ, ਰਾਮ ਕ੍ਰਿਸ਼ਨ ਸਰਹਾਲੀ, ਗੁਰਨਾਮ ਸਿੰਘ ਤੱਗੜ, ਸੀਤਾ ਰਾਮ ਸੋਖਲ, ਦਿਨਕਰ ਸੰਧੂ, ਸੰਦੀਪ ਕੁਮਾਰ ਦੀਪਾ ਤੋਂ ਇਲਾਵਾ ਨਿਰਮਲ ਸਿੰਘ ਸਿੱਧਮ, ਚੰਨਣ ਸਿੰਘ ਬੁੱਟਰ, ਨੰਬਰਦਾਰ ਅਜੀਤ ਰਾਮ ਸਮੇਤ ਹੋਰ ਯੋਧਿਆਂ ਨੇ ਹਲਕਾ ਵਿਧਾਇਕ ਨੂੰ ਸਰਕਾਰੀ ਸਕੂਲ ਨੂੰ ਤੁਰੰਤ ਪ੍ਰਭਾਵ ਨਾਲ ਬਣਾਉਣ ਵਾਸਤੇ ਮੰਗ ਪੱਤਰ ਸੌਂਪਣਾ ਚਾਹਿਆ ਸੀ ਪਰ ਵਿਧਾਇਕ ਨੇ ਸਕੂਲ ਦੇ ਮਸਲੇ 'ਤੇ ਹੋਣ ਵਾਲੇ ਜਥੇਬੰਦੀਆਂ ਦੇ ਸਵਾਲਾਂ ਤੋਂ ਡਰਦਿਆਂ ਘਰੋਂ ਨਿਕਲਣਾ ਹੀ ਵਾਜਿਬ ਸਮਝਿਆ। ਮੰਗ ਪੱਤਰ ਲੈਣ ਵਾਸਤੇ ਵਿਧਾਇਕ ਨੇ ਆਪਣੇ ਦੇਵਰ ਨੂੰ ਭੇਜਿਆ। ਜਥੇਬੰਦੀ ਆਗੂਆਂ ਨੇ ਵਿਧਾਇਕ ਦੀ ਇਸ ਬੇਰੁਖੀ ਅਤੇ ਗੈਰ ਜਿੰਮੇਵਾਰਾਨਾ ਹਰਕਤ ਤੋਂ ਦੁੱਖੀ ਹੋ ਕੇ ਉਸਦੇ ਘਰ 'ਤੇ ਮੰਗ ਪੱਤਰ ਚਿਪਕਾਉਣਾ ਉੱਤਮ ਸਮਝਿਆ।

# ਖੱਟਰ ਨੇ ਅੰਬਾਲਾ 'ਚ ਘਰੇਲੂ ਏਅਰਪੋਰਟ ਦਾ ਰੱਖਿਆ ਨੀਂਹ ਪੱਥਰ

**ਚੰਡੀਗੜ੍ਹ, (ਕ੍ਰਿਸ਼ਨ ਗਰਗ )** - ਨਰਾਤਿਆਂ ਦੇ ਦਿਨ ਮਾਂ ਅੰਬਾ ਦੇ ਨਾਂਅ ਨਾਲ ਵਸੇ ਅੰਬਾਲਾ ਦੇ ਨਿਵਾਸੀਆਂ ਨੂੰ ਮਨੋਹਰ ਸੌਗਾਤ ਮਿਲੀ ਜਦੋਂ ਮੁੱਖ ਮੰਤਰੀ ਮਨੋਹਰ ਲਾਲ ਨੇ ਅੰਬਾਲਾ ਦੇ ਪਹਿਲੇ ਘਰੇਲੂ ਏਅਰਪੋਰਟ ਦਾ ਭੂਮੀ ਪੂਜਨ ਕਰ ਨੀਂਹ ਪੱਥਰ ਰੱਖਿਆ। ਇਸ ਮੌਕੇ 'ਤੇ ਵਧਾਈ ਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਅੰਬਾਲਾ ਵਿਚ ਅਵਾਈ ਅੱਡਾ ਬਨਣ ਨਾਲ ਇਸ ਖੇਤਰ ਵਿਚ ਨਿਵੇਸ਼ ਅਤੇ ਉਦਯੋਗ ਵਧੇਗਾ, ਜਿਸ ਨਾਲ ਰੁਜਗਾਰ ਦੇ ਵੱਧ ਮੌਕੇ ਪੈਦਾ ਹੋਣਗੇ। ਇਸ ਮੌਕੇ 'ਤੇ ਡਿਪਟੀ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ, ਗ੍ਰਹਿ ਅਤੇ ਸਿਹਤ ਮੰਤਰੀ ਅਨਿਲ ਵਿਜ ਅਤੇ ਸਾਂਸਦ ਕਾਰਤੀਕੇਯ ਸ਼ਰਮਾ ਵੀ ਮੌਜੂਦਾ ਰਹੇ। ਨੋਹਰ ਲਾਲ ਨੇ ਕਿਹਾ ਕਿ 20 ਏਕੜ ਜਮੀਨ 'ਤੇ ਟਰਮੀਨਲ ਬਣਾਇਆ ਜਾਵੇਗਾ ਜਿਸ 'ਤੇ ਲਗਭਗ ਸਾਢੇ 20 ਕਰੋੜ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਨੇ ਕਿਹਾ ਕਿ ਹੁਣ ਤਕ ਅੰਬਾਲਾ ਦਾ ਏਅਰਫੋਰਸ ਦਾ ਇਹ ਸਟੇਸ਼ਨ ਸਿਵਲ ਏਅਰਪੋਰਟ ਨਹੀਂ ਸੀ। ਪਰ ਹੁਣ ਇਹ ਵਿਚਾਰ ਆਇਆ ਕਿ ਇੱਥੇ ਸਿਵਲ ਏਅਰਪੋਰਟ ਬਣੇਗਾ ਤਾਂ ਇਸ ਦਾ ਲਾਭ ਸ਼ਾਇਦ ਬਾਕੀ ਜਿੰਨ੍ਹੇ ਵੀ ਛੋਟੇ ਹਵਾਈ ਅੱਡੇ ਹਨ ਉਨ੍ਹਾਂ ਤੋਂ ਕਈ ਵੱਧ ਹੋ ਜਾਏਗਾ। ਮੁੱਖ ਮੰਤਰੀ ਨੇ ਮਹਾਰਾਜਾ ਅਗਰਸੇਨ ਦੀ ਜੈਯੰਤੀ ਦੀ ਵਧਾਈ ਅਤੇ ਸ਼ੁੱਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਹਿਸਾਰ ਵਿਚ ਵੀ ਮਹਾਰਾਜ ਅਗਰਸੇਨ ਇੰਟਰਨੈਸ਼ਨਲ ਏਅਰਪੋਰਟ ਨੂੰ ਵਿਕਸਿਤ ਕੀਤਾ ਜਾ ਰਿਹਾ ਹੈ। ਲਗਾਤਾਰ 3 ਸਾਲ ਤੋਂ ਕੰਮ ਚੱਲ ਰਿਹਾ ਹੈ ਅਤੇ ਜਲਦੀ ਹੀ ਇਸ ਸਾਲ ਦੇ ਅੰਤ ਤਕ ਜਾਂ ਅਗਲੇ ਸਾਲ ਦੀ ਸ਼ੁਰੂ ਵਿਚ ਉਸ ਨੂੰ ਹਵਾਈ ਅੱਡੇ ਤੋਂ ਕੋਈ ਨਾ ਕੋਈ ਗਤੀਵਿਧੀ ਜ਼ਰੂਰੀ ਸ਼ੁਰੂ ਹੋ ਜਾਵੇਗੀ। ਇਸ ਮੌਕੇ 'ਤੇ ਡਿਪਟੀ ਮੁੱਖ ਮੰਤਰੀ ਦੁਸ਼ਯੰਤ ਚੌਟਾਲਾ ਨੇ ਕਿਹਾ ਕਿ ਅੱਜ ਦਾ ਦਿਲ ਬਹੁਤ ਖੁਸ਼ੀ ਦਾ ਦਿਨ ਹੈ। ਅੱਜ ਚੰਡੀਗੜ੍ਹ ਦੇ ਬਾਅਦ ਹਿਸਾਰ ਵਿਚ ਮਹਾਰਾਜ ਅਗਰਸੇਨ ਕੌਮਾਂਤਰੀ ਏਅਰਪੋਰਟਲ ਦੇ ਬਾਅਦ ਅੰਬਾਲਾ ਦਾ ਇਹ ਘਰੇਲੂ ਏਅਰਪੋਰਟ ਤੀਜਾ ਏਅਰਪੋਰਟ ਹੈ। ਦੁਸ਼ਯੰਤ ਚੌਟਾਲਾ ਨੇ ਕਿਹਾ ਕਿ ਜਦੋਂ ਸਾਡੀ ਸਰਕਾਰ ਬਣੀ ਤਾਂ ਸਿਵਲ ਏਵੀਏਸ਼ਨ ਦਾ ਬਜਟ 38 ਕਰੋੜ ਰੁਪਏ ਸਨ। ਪਰ ਅੱਜ ਇਹ 957 ਕਰੋੜ ਰੁਪਏ 'ਤੇ ਪਹੁੰਚ ਗਈ ਹੈ।

# ਸੰਤ ਓਮ ਪ੍ਰਕਾਸ਼ ਦੀ ਯਾਦ 'ਚ ਧਾਰਮਿਕ ਸਮਾਗਮ ਕਰਵਾਇਆ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**—ਡੇਰਾ ਜੋਤ ਮਾਰਗੀਏ ਢਾਂਗੂ ਵਾਲੇ ਸੰਤ ਭਵਨ ਜੇਜੋ ਦੋਆਬਾ ਵਿਖੇ ਸਤਿਗੁਰੂ ਸੰਤ ਓਮ ਪ੍ਰਕਾਸ਼ ਦੀ ਯਾਦ ਦੇ ਸਬੰਧ ਵਿੱਚ ਸਾਲਾਨਾ ਭੰਡਾਰਾ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸੰਤ ਬਾਬਾ ਰਤਨ ਪ੍ਰਕਾਸ਼ ਦੀ ਯੋਗ ਅਗਵਾਈ ਹੇਠ ਹੋਇਆ।

ਸਭ ਤੋਂ ਪਹਿਲਾਂ ਪਾਠ ਦੇ ਭੋਗ ਪਾਏ ਗਏ, ਉਪਰੰਤ ਸੰਤ ਬਾਬਾ ਜੋਤ ਪ੍ਰਕਾਸ਼ ਅਤੇ ਸਮਾਗਮ ਵਿੱਚ ਪਹੁੰਚੇ ਸੰਤਾਂ ਮਹਾਂਪੁਰਸ਼ਾਂ ਨੇ ਕਥਾ ਕੀਰਤਨ ਅਤੇ ਧਾਰਮਿਕ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਉਸ ਅਕਾਲ ਪੁਰਖ ਨਾਲ ਜੋੜਿਆ, ਜੋ ਇਸ ਬ੍ਰਹਿਮੰਡ ਦੇ ਕਣ ਕਣ ਵਿੱਚ ਮੌਜੂਦ ਹੈ । ਇਸ ਮੌਕੇ ਬੀਬੀ ਰਾਮਪ੍ਰੀਤ, ਪ੍ਰੇਮ ਪ੍ਰਕਾਸ਼, ਹਰਪ੍ਰੀਤ ਸਿੰਘ, ਰਣਜੀਤ ਕੌਰ, ਰਵਿੰਦਰ ਕੌਰ, ਕੇਵਲ ਸਿੰਘ, ਸੁਰਿੰਦਰ ਕੌਰ, ਸੰਤ ਲਖਵੀਰ ਸਿੰਘ, ਬਾਬਾ ਵਡਭਾਗੀ, ਸੰਤ ਅਜਮੇਰ ਸਿੰਘ ਬਾੜੀਆਂ, ਸੰਤ ਪ੍ਰਕਾਸ਼ ਸਿੰਘ ਬਿੰਜੋ, ਸੰਤ ਦਿਆਲ ਨਾਥ, ਸੰਤ ਸਤਨਾਮ ਦਾਸ,ਸੰਤ ਧਿਆਨ ਪ੍ਰਕਾਸ਼, ਸੰਤ ਬੀਬੀ ਨਿਰਮਲ ਪ੍ਰੀਤ, ਲੱਡੂ ਬਾਬਾ ਮੰਨਣਹਾਨਾ, ਜਸਵੰਤ ਸਿੰਘ, ਲੰਬੜਦਾਰ ਪਰਵੀਨ ਸੋਨੀ ਜੇਜੋਂ ਦੁਆਬਾ, ਸਾਈ ਬੂਟਾ ਮੁਹੰਮਦ ਸਮੇਤ ਇਲਾਕੇ ਦੀਆਂ ਸੰਗਤਾਂ ਅਤੇ ਸੰਤ ਮਹਾਂਪੁਰਸ ਹਾਜਰ ਸਨ। ਗੁਰੂ ਦੇ ਲੰਗਰ ਅਟੁੱਟ ਚੱਲੇ।

# ਐੱਸ ਡੀ ਐੱਮ ਖੇਤਾਂ 'ਚ ਜਾ ਕੇ ਕਰਨ ਲੱਗੇ ਕਿਸਾਨਾਂ ਨੂੰ ਸਨਮਾਨਤ

**ਡੇਰਾਬੱਸੀ, (ਕ੍ਰਿਸ਼ਨ ਗਰਗ, ਗੁਰਜੀਤ ਬਿੱਲਾ)**-ਝੋਨੇ ਦੀ ਫਸਲ ਦੀ ਕਟਾਈ ਹੋਣ ਉਪਰੰਤ ਪਰਾਲੀ ਨੂੰ ਅੱਗ ਨਾ ਲਗਾ ਕੇ ਵਾਤਾਵਰਣ ਸਾਫ਼ ਰੱਖਣ ਵਿੱਚ ਸਹਿਯੋਗ ਦੇਣ ਵਾਲੇ ਕਿਸਾਨਾਂ ਨੂੰ ਉਤਸ਼ਾਹਿਤ ਕਰਨ ਲਈ ਡੇਰਾਬੱਸੀ ਦੇ ਸਬ ਡਵੀਜ਼ਨ ਪ੍ਰਸ਼ਾਸਨ ਨੇ ਨਵੀਂ ਪਹਿਲ ਕਦਮੀ ਕੀਤੀ ਹੈ। ਐਸ ਡੀ ਐਮ ਹਿਮਾਂਸ਼ੂ ਗੁਪਤਾ ਖੁਦ ਅਜਿਹੇ ਕਿਸਾਨਾਂ ਦੇ ਖੇਤਾਂ ਵਿੱਚ ਜਾ ਕੇ ਉਨ੍ਹਾਂ ਨੂੰ ਵਾਤਾਵਰਨ ਦੇ ਰਾਖਿਆਂ ਵਜੋਂ ਸਨਮਾਨਤ ਕਰ ਰਹੇ ਹਨ। ਡੇਰਾਬੱਸੀ ਦੇ ਪਿੰਡ ਖੇੜੀ ਜੱਟਾਂ ਵਿਖੇ ਕਿਸਾਨ ਅਤੇ ਸਰਪੰਚ ਹਰਚੰਦ ਸਿੰਘ ਨੂੰ ਉਸ ਵਲੋਂ ਪਰਾਲੀ ਨੂੰ ਅੱਗ ਨਾ ਲਗਾ ਕੇ ਗੱਠਾਂ ਬਣਾਉਣ ਲਈ, ਖੇਤ ਵਿੱਚ ਹੀ ਜਾ ਕੇ ਪ੍ਰਸ਼ੰਸਾ ਪੱਤਰ ਦੇਣ ਬਾਅਦ ਡੇਰਾਬੱਸੀ ਦੇ ਐੱਸ ਡੀ ਐਮ ਡਾ. ਹਿਮਾਂਸ਼ੂ ਗੁਪਤਾ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਡੇਰਾਬੱਸੀ ਵਿੱਚ ਇਸ ਸਾਲ ਪਹਿਲੀ ਵਾਰ ਹੁਣ ਤੱਕ ਲਗਭਗ 900 ਏਕੜ ਦੇ ਕਰੀਬ ਪਰਾਲੀ ਦੀਆਂ ਗੱਠਾਂ ਬਣ ਚੁੱਕੀਆਂ ਹਨ। ਇਨ੍ਹਾਂ ਵਿੱਚੋਂ ਵੀ ਆਲੂ ਲਗਾਉਣ ਵਾਲਿਆਂ ਕਿਸਾਨਾਂ ਦੀਆਂ ਗੱਠਾਂ ਪਹਿਲ ਦੇ ਆਧਾਰ 'ਤੇ ਬਣੀਆਂ ਹਨ ਤਾਂ ਜੋ ਉਨ੍ਹਾਂ ਨੂੰ ਅਗਲੀ ਫਸਲ ਦੀ ਬਿਜਾਈ ਵਾਸਤੇ ਪਰਾਲੀ ਦੇ ਨਿਪਟਾਰੇ ਲਈ ਉਡੀਕ ਨਾ ਕਰਨੀ ਪਵੇ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀਆਂ ਹਦਾਇਤਾਂ ਤੇ ਪਰਾਲੀ ਨੂੰ ਬਿਨਾਂ ਅੱਗ ਲਾਏ ਨਿਪਟਾਰਾ ਕਰਨ ਵਾਲੇ ਕਿਸਾਨਾਂ ਨੂੰ ਵਿਸ਼ੇਸ਼ ਤੌਰ 'ਤੇ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਇਸ ਵਾਰ ਪਿਛਲੇ ਸਾਲ ਦੇ ਮੁਕਾਬਲੇ ਪਰਾਲੀ ਪ੍ਰਬੰਧਨ ਮਸ਼ੀਨਰੀ ਵਿੱਚ ਜ਼ਿਕਰਯੋਗ ਵਾਧਾ ਹੋਇਆ ਹੈ। ਇਸ ਤੋਂ ਇਲਾਵਾ ਪਰਾਲੀ ਪ੍ਰਬੰਧਨ ਮਸ਼ੀਨਰੀ ਪ੍ਰਾਪਤ ਕਰਨ ਲਈ ਜ਼ਿਲ੍ਹਾ ਪੱਧਰ 'ਤੇ ਕੰਟਰੋਲ ਰੂਮ ਕਾਇਮ ਕੀਤਾ ਗਿਆ ਹੈ, ਜਿੱਥੇ ਕਿਸਾਨ ਫੋਨ ਨੰਬਰ 0172-2219505 ਅਤੇ 2219506 'ਤੇ ਫੋਨ ਕਰਕੇ ਆਪਣੇ ਨੇੜੇ ਉਪਲਬਧ ਮਸ਼ੀਨਰੀ ਬਾਰੇ ਜਾਣਕਾਰੀ ਲੈ ਸਕਦਾ ਹੈ। ਇਸ ਮੌਕੇ ਖੇਤੀਬਾੜੀ ਵਿਕਾਸ ਅਫਸਰ ਡੇਰਾਬੱਸੀ ਡਾ. ਦਨਿਸ਼ ਕੁਮਾਰ ਨੇ ਦੱਸਿਆ ਕਿ ਜਿਹੜੇ ਕਿਸਾਨ ਪਰਾਲੀ ਨਾ ਸਾੜ ਕੇ ਗੱਠਾਂ ਬਣਾਉਣਗੇ ਜਾਂ ਹੋਰ ਵਸੀਲਿਆਂ ਨਾਲ ਪਰਾਲੀ ਦਾ ਪ੍ਰਬੰਧਨ ਕਰਨਗੇ, ਉਨ੍ਹਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜ਼ਿਲ੍ਹਾ ਪੱਧਰ 'ਤੇ ਵਿਸ਼ੇਸ਼ ਸਨਮਾਨ ਵੀ ਦਿੱਤਾ ਜਾਵੇਗਾ।

# ਸਰਕਾਰੀ ਹਸਪਤਾਲ ਸਵੇਰੇ 9 ਵਜੇ ਖੁੱਲ੍ਹਣਗੇ

**ਐਸ ਏ ਐਸ ਨਗਰ, (ਕ੍ਰਿਸ਼ਨ ਗਰਗ )** ਜ਼ਿਲ੍ਹੇ ਦੀਆਂ ਸਾਰੀਆਂ ਸਰਕਾਰੀ ਸਿਹਤ ਸੰਸਥਾਵਾਂ ਦੇ ਸਮੇਂ ਵਿਚ 16 ਅਕਤੂਬਰ ਤੋਂ ਤਬਦੀਲੀ ਹੋ ਜਾਵੇਗੀ । ਸਿਵਲ ਸਰਜਨ ਡਾ. ਮਹੇਸ਼ ਕੁਮਾਰ ਆਹੂਜਾ ਨੇ ਦੱਸਿਆ ਕਿ ਸਿਹਤ ਸੰਸਥਾਵਾਂ ਹੁਣ ਸਵੇਰੇ 9 ਵਜੇ ਖੁੱਲ੍ਹਣਗੀਆਂ ਤੇ 3 ਵਜੇ ਬੰਦ ਹੋਣਗੀਆਂ। ਇਨ੍ਹਾਂ ਸੰਸਥਾਵਾਂ ਵਿਚ ਜ਼ਿਲ੍ਹਾ ਹਸਪਤਾਲ ਮੋਹਾਲੀ, ਸਬ-ਡਵੀਜ਼ਨਲ ਹਸਪਤਾਲ ਖਰੜ ਅਤੇ ਡੇਰਾਬੱਸੀ ਅਤੇ ਜ਼ਿਲ੍ਹੇ ਦੇ ਸਾਰੇ ਪ੍ਰਾਇਮਰੀ ਹੈਲਥ ਸੈਂਟਰ, ਕਮਿਊਨਿਟੀ ਹੈਲਥ ਸੈਂਟਰ, ਸਬ-ਸੈਂਟਰ, ਆਮ ਆਦਮੀ ਕਲੀਨਿਕ, ਈ.ਐਸ.ਆਈ. ਹਸਪਤਾਲ ਆਦਿ ਸ਼ਾਮਲ ਹਨ, ਜਿਨ੍ਹਾਂ ਦਾ ਸਮਾਂ ਹੁਣ ਸਵੇਰੇ 9 ਤੋਂ 3 ਵਜੇ ਤਕ ਹੋਵੇਗਾ। ਡਾ. ਮਹੇਸ਼ ਕੁਮਾਰ ਨੇ ਸਪੱਸ਼ਟ ਕੀਤਾ ਕਿ ਸਿਵਲ ਸਰਜਨ ਦਫ਼ਤਰ ਮੋਹਾਲੀ ਅਤੇ ਹਸਪਤਾਲਾਂ ਅੰਦਰਲੇ ਦਫ਼ਤਰਾਂ ਦਾ ਸਮਾਂ ਪਹਿਲਾਂ ਵਾਂਗ ਸਵੇਰੇ 9 ਤੋਂ ਸ਼ਾਮ 5 ਵਜੇ ਤਕ ਰਹੇਗਾ, ਇਸ ਵਿਚ ਕੋਈ ਤਬਦੀਲੀ ਨਹੀਂ ਕੀਤੀ ਗਈ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਹਸਪਤਾਲਾਂ ਵਿਚ ਐਮਰਜੈਂਸੀ ਸੇਵਾਵਾਂ ਪਹਿਲਾਂ ਵਾਂਗ 24 ਘੰਟੇ ਜਾਰੀ ਰਹਿਣਗੀਆਂ। ਜ਼ਿਕਰਯੋਗ ਹੈ ਕਿ ਸਰਕਾਰੀ ਹਸਪਤਾਲਾਂ ਦਾ ਗਰਮੀਆਂ ਦਾ ਸਮਾਂ (15 ਅਪ੍ਰੈਲ ਤੋਂ 15 ਅਕਤੂਬਰ) ਸਵੇਰੇ 8 ਤੋਂ ਦੁਪਹਿਰ 2 ਵਜੇ ਹੁੰਦਾ ਹੈ ਜਦਕਿ ਸਰਦੀਆਂ ਦਾ ਸਮਾਂ (15 ਅਕਤੂਬਰ ਤੋਂ 15 ਅਪ੍ਰੈਲ) ਸਵੇਰੇ 9 ਵਜੇ ਤੋਂ ਦੁਪਹਿਰ 3 ਵਜੇ ਤਕ ਹੁੰਦਾ ਹੈ ਜਦਕਿ ਦਫ਼ਤਰਾਂ ਦਾ ਸਮਾਂ ਸਵੇਰੇ 9 ਤੋਂ 5 ਵਜੇ ਤਕ ਹੁੰਦਾ ਹੈ।

# ਕੰਗ ਅਰਾਈਆਂ 'ਚ ਨਾਟਕ ਮੇਲਾ ਕਰਵਾਇਆ



**ਫਿਲੌਰ (ਨਿਰਮਲ)** - ਪਿੰਡ ਕੰਗ ਅਰਾਈਆਂ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਸਟੇਡੀਅਮ ਕਮੇਟੀ ਵਲੋਂ ਨਾਟਕ ਮੇਲਾ ਕਰਵਾਇਆ ਗਿਆ, ਜਿਸ ਨੂੰ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੂਬਾ ਜਨਰਲ ਸਕੱਤਰ ਧਰਮਿੰਦਰ ਮੁਕੇਰੀਆਂ ਨੇ ਸੰਬੋਧਨ ਕਰਦਿਆ ਕਿਹਾ ਕਿ ਨੌਜਵਾਨਾਂ ਨੂੰ ਨਸ਼ੇ ਤੋਂ ਮੁਕਤ ਕਰਵਾਉਣ ਲਈ ਕੋਈ ਬੱਝਵਾਂ ਪ੍ਰੋਗਰਾਮ ਨਹੀਂ ਬਣਾਇਆ ਜਾ ਰਿਹਾ।

ਜਿਸ ਲਈ ਸਿਰਫ ਨਸ਼ੇ ਨੂੰ ਬਰਾਮਦ ਕਰਨਾ ਹੀ ਨਹੀਂ ਹੁੰਦਾ ਸਗੋਂ ਨੌਜਵਾਨਾਂ ਨੂੰ ਨਸ਼ਾ ਛੁਡਵਾਉਣ ਵੱਲ ਕਦਮ ਵਧਾਉਣੇ ਚਾਹੀਦੇ ਹਨ। ਧਰਮਿੰਦਰ ਨੇ ਕਿਹਾ ਕਿ ਬੇਰੁਜ਼ਗਾਰੀ ਕਾਰਨ ਨਸ਼ੇ ਦਾ ਹਮਲਾ ਹੋਰ ਤੇਜ਼ ਹੋ ਰਿਹਾ ਹੈ। ਇਸ ਮੌਕੇ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਸੰਤੋਖ ਸਿੰਘ ਬਿਲਗਾ ਨੇ ਵੀ ਸੰਬੋਧਨ ਕੀਤਾ।

ਲੋਕ ਕਲਾ ਮੰਚ ਮੰਡੀ ਮੁਲਾਪੁਰ ਵਲੋਂ ਸੁਰਿੰਦਰ ਸ਼ਰਮਾ ਦੀ ਨਿਰਦੇਸ਼ਨਾ ਹੇਠ ਇਨ੍ਹਾਂ ਜ਼ਖਮਾਂ ਦਾ ਕੀ ਕਰੀਏ ਅਤੇ ਛਿਪਣ ਤੋਂ ਪਹਿਲਾ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ। ਇਸ ਮੌਕੇ ਬਲਬੀਰ ਸਿੰਘ ਠਾਣੀ, ਕਮਲ ਢੇਸੀ, ਕੁਲਵੰਤ ਸਿੰਘ ਸਪਰਾ, ਗੁਰਦੀਪ ਗੋਗੀ, ਐਡਵੋਕੇਟ ਅਜੈ ਫਿਲੌਰ, ਮੱਖਣ ਸੰਗਰਾਮੀ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਬੁਲੰਦ ਆਵਾਜ਼ ਪ੍ਰੈੱਸ ਕਲੱਬ ਨੇ ਸਥਾਪਨਾ ਦਿਵਸ ਮਨਾਇਆ



**ਮੋਰਿੰਡਾ ( ਜੈਜੀ ਸਰਦਾਰ )** ਬੁਲੰਦ ਆਵਾਜ਼ ਪ੍ਰੈੱਸ ਕਲੱਬ ਦੀ ਸਥਾਪਨਾ ਦਿਵਸ 'ਤੇ ਇਕ ਵਿਸ਼ੇਸ਼ ਮੀਟਿੰਗ ਸੱਦੀ ਗਈ, ਜਿਸ ਵਿੱਚ ਕਲੱਬ ਨੂੰ ਆ ਰਹੀਆਂ ਮੁਸ਼ਕਿਲਾਂ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਕਿਹਾ ਗਿਆ ਕਿ ਪ੍ਰਸ਼ਾਸਨ ਵੱਲੋਂ ਕੋਈ ਵੀ ਜਾਣਕਾਰੀ ਬੁਲੰਦ ਆਵਾਜ ਪ੍ਰੈਸ ਕਲੱਬ ਨੂੰ ਨਹੀਂ ਭੇਜੀ ਜਾਂਦੀ ਜਦੋਂ ਕਿ ਸ਼ਹਿਰ ਦੇ ਬਾਕੀ ਸਾਰੇ ਪ੍ਰੈਸ ਕਲੱਬਾਂ ਨੂੰ ਜਾਣਕਾਰੀ ਭੇਜੀ ਜਾਂਦੀ ਹੈ। ਇਸ ਤੋਂ ਇਲਾਵਾ ਹੋਰ ਵੀ ਮੁੱਦਿਆਂ 'ਤੇ ਚਰਚਾ ਕੀਤੀ ਗਈ। ਕਲੱਬ ਵੱਲੋਂ ਸਾਰੇ ਹੀ ਪ੍ਰਸ਼ਾਸਨਿਕ ਅਦਾਰਿਆਂ ਨੂੰ ਅਪੀਲ ਕੀਤੀ ਗਈ ਹੈ ਕਿ ਬੁਲੰਦ ਆਵਾਜ ਪ੍ਰੈਸ ਕਲੱਬ (ਰਜਿ) ਨੂੰ ਵੀ ਬਿਨਾਂ ਕਿਸੇ ਭੇਦ-ਭਾਵ ਪ੍ਰੈਸ ਮੀਟਿੰਗ ਵਿੱਚ ਸੱਦਾ ਪੱਤਰ ਦਿੱਤਾ ਜਾਵੇ ਅਤੇ ਪ੍ਰੈਸ ਨੋਟ ਵੀ ਭੇਜਿਆ ਜਾਵੇ। ਕਲੱਬ ਵੱਲੋਂ ਵਟਸਐੱਪ ਗਰੁੱਪ ਬਣਾਉਣ ਦਾ ਫੈਸਲਾ ਕੀਤਾ ਗਿਆ। ਕਲੱਬ ਦੇ ਪ੍ਰਧਾਨ ਨੇ ਕਿਹਾ ਕਿ ਬੁਲੰਦ ਆਵਾਜ ਪ੍ਰੈਸ ਕਲੱਬ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਜਾਗਰ ਕਰਦਾ ਰਹੇਗਾ। ਮੀਟਿੰਗ ਵਿੱਚ ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ (ਲੋਕ ਮਸਲੇ),ਮੀਤ ਪ੍ਰਧਾਨ ਨਰਿੰਦਰ ਸ਼ਰਮਾ (ਆਵਾਜ ਪੰਜਾਬ ਦੀ), ਕੁਲਦੀਪ ਰਸੂਲਪੁਰ (ਸ਼ਾਨ-ਏ-ਵਿਰਾਸਤ) ,ਸੀਨੀਅਰ ਪੱਤਰਕਾਰ ਰਾਜਿੰਦਰ ਗੁੰਬਰ, ਦਿਲਬਾਗ ਸਿੰਘ ਲੋਕ ਆਵਾਜ਼, ਡਾ. ਹਰਜੀਤ ਸਿੰਘ ਅਤੇ ਅੰਮ੍ਰਿਤਪਾਲ ਹਾਜਰ ਸਨ।

# ਵਿਸ਼ਵ ਧਰੋਹਰ ਵਜੋਂ ਵਿਕਸਤ ਹੋਵੇਗਾ ਪ੍ਰਸਿੱਧ ਇਤਿਹਾਸਕ ਸ਼ਹਿਰ ਅਗਰੋਹਾ : ਮਨੋਹਰ ਲਾਲ

**ਪੰਚਕੂਲਾ ,ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਹਰਿਆਣਾ ਵਿਚ ਅਗਰੋਹਾ ਧਾਮ ਦੇ ਇਤਿਹਾਸਕ ਪੁਰਾਤੱਤਵ ਸਥਾਨ 'ਤੇ ਇਕ ਪ੍ਰਤਿਸ਼ਠਤ ਮਿਊਜ਼ੀਅਮ ਦੀ ਸਥਾਪਨਾ ਕੀਤੀ ਜਾਵੇਗੀ। ਨਾਲ ਹੀ ਰਾਖੀਗੜੀ ਦੀ ਤਰਜ਼ 'ਤੇ ਜਲਦੀ ਹੀ ਸਰਕਾਰ ਹੁਣ ਇਤਿਹਾਸਕ ਸਥਾਨ ਅਗਰੋਹਾ ਨੂੰ ਵਿਕਸਤ ਕਰਨ ਜਾ ਰਹੀ ਹੈ।

ਮੁੱਖ ਮੰਤਰੀ ਸ੍ਰੀ ਮਨੋਹਰ ਲਾਲ ਨੇ ਅੱਜ ਇੱਥੇ ਪੰਚਕੂਲਾ ਵਿਚ ਪਹਿਲੇ ਨਰਾਤੇ ਦੇ ਮੌਕੇ ਮਾਤਾ ਮਨਸਾ ਦੇਵੀ ਮੰਦਿਰ ਪਰਿਸਰ ਵਿਚ ਪੂਜਾ ਕਰਨ ਬਾਅਦ ਪ੍ਰੈਸ ਕਾਨਫ੍ਰੰਸ ਨੂੰ ਸੰਬੋਧਿਤ ਕਰਦੇ ਹੋਏ ਇਹ ਜਾਣਕਾਰੀ ਦਿੱਤੀ। ਇਸ ਮੌਕੇ ਮੁੱਖ ਮੰਤਰੀ ਨੇ ਸੂਬਾ ਵਾਸੀਆਂ ਨੂੰ ਸ਼ੁੱਭਕਾਮਨਾਵਾਂ ਦਿੰਦੇ ਹੋਏ ਸਾਰਿਆਂ ਦੇ ਸੁਖਦ ਭਵਿੱਖ ਦੀ ਕਾਮਨਾ ਕੀਤੀ। ਮਹਾਰਾਜਾ ਅਗਰਸੇਨ ਜੈਯੰਤੀ ਦੀ ਵਧਾਈ ਦਿੰਦੇ ਹੋਏ ਮਨੋਹਰ ਲਾਲ ਨੇ ਕਿਹਾ ਕਿ ਅਗਰੋਹਾ ਦੇ ਪੁਰਾਤੱਤਵਿਕ ਸਥਾਨ ਨੂੰ ਮਹਾਰਾਜਾ ਅਗਰਸੇਨ ਦੀ ਰਾਜਧਾਨੀ ਮੰਨਿਆ ਜਾਂਦਾ ਹੈ। ਇਸ ਸਥਾਨ ਦੇ ਵਿਕਸਤ ਹੋਣ ਨਾਲ ਨਾ ਸਿਰਫ ਆਸਥਾ ਦਾ ਇਹ ਕੇਂਦਰ ਵਿਸ਼ਵ ਵਿਚ ਆਪਣੀ ਪਹਿਚਾਣ ਬਣਾਏਗਾ ਸਗੋਂ ਇਹ ਸਥਾਨ ਸੈਰ-ਸਪਾਟਾ ਵਜੋਂ ਵੀ ਪ੍ਰਸਿੱਧ ਹੋਵੇਗਾ। ਇਸ ਤੋਂ ਇਲਾਵਾ, ਸੰਤ-ਮਹਾਪੁਰਸ਼ ਵਿਚਾਰ ਸਨਮਾਨ ਅਤੇ ਪ੍ਰਸਾਰ ਯੋਜਨਾ ਤਹਿਤ ਸੰਤਾਂ ਤੇ ਮਹਾਪੁਰਸ਼ਾਂ ਦੇ ਸੰਦੇਸ਼ ਨੂੰ ਵੀ ਸਰਕਾਰ ਵੱਲੋਂ ਜਨ-ਜਨ ਤਕ ਪਹੁੰਚਾਉਣ ਦਾ ਕੰਮ ਕੀਤਾ ਜਾ ਰਿਹਾ ਹੈ। ਸਰਕਾਰ ਵੱਲੋਂ ਮਹਾਪੁਰਸ਼ਾਂ ਦੀ ਜੈਯੰਤੀ ਨੂੰ ਸੂਬਾ ਪੱਧਰ 'ਤੇ ਮਨਾਇਆ ਜਾਂਦਾ ਹੈ। ਸਰਕਾਰ ਨੇ ਮਹਾਪੁਰਸ਼ਾਂ ਨੂੰ ਸਨਮਾਨ ਦੇਣ ਲਈ ਰਾਜ ਵਿਚ ਅਨੇਕ ਵਿੱਦਿਅਕ ਸੰਸਥਾਨਾਂ ਦਾ ਨਾਂਅਕਰਣ ਵੀ ਕੀਤਾ ਹੈ। ਮਹਾਰਾਜ ਅਗਰਰਸੇਨ ਦੀ ਜੀਵਨ ਨੂੰ ਕੋਰਸ ਵਿਚ ਸ਼ਾਮਿਲ ਕੀਤਾ ਜਾ ਰਿਹਾ ਹੈ। ਅਸੀਂ ਸੁਨਹਿਰੇ ਅਤੀਤ 'ਤੇ ਭਵਿੱਖ ਦੀ ਨੀਂਹ ਨੂੰ ਖੜ੍ਹਾ ਕਰਨ ਲਈ ਲਗਾਤਾਰ ਕੰਮ ਕਰ ਰਹੇ ਹਾਂ।

# ਕਿੱਕ ਬਾਕਸਿੰਗ, ਤੈਰਾਕੀ ਤੇ ਜਿਮਨਾਸਟਿਕ ਦੇ ਸੂਬਾਈ ਮੁਕਾਬਲੇ ਸੰਪੂਰਨ

**ਐਸ ਏ ਐਸ ਨਗਰ, (ਕ੍ਰਿਸ਼ਨ ਗਰਗ)**- ਮੋਹਾਲੀ ਵਿਖੇ ਕਰਵਾਏ ਜਾ ਰਹੇ ਖੇਡਾਂ ਵਤਨ ਪੰਜਾਬ ਦੀਆਂ 2023 ਦੇ ਕਿੱਕ ਬਾਕਸਿੰਗ, ਤੈਰਾਕੀ ਅਤੇ ਜਿਮਨਾਸਟਿਕ ਦੇ ਸੂਬਾ ਪੱਧਰੀ ਮੁਕਾਬਲਿਆਂ ਦੇਛੇਵੇਂ ਅਤੇ ਅੰਤਿਮ ਦਿਨ ਦੇ ਨਤੀਜੇ ਇਸ ਪ੍ਰਕਾਰ ਰਹੇ। ਕਿੱਕ ਬਾਕਸਿੰਗ - ਕਿੱਕ ਲਾਈਟ - ( ਲੜਕੇ ) ਅੰਡਰ 21 -4 0 ( - 57 ਕਿਲੋ) ਪਹਿਲਾ ਸਥਾਨ ਮਨਪ੍ਰੀਤ ਸਿੰਘ - (ਜ਼ਿਲ੍ਹਾ ਫਰੀਦਕੋਟ ), ਦੂਜਾ ਸਥਾਨ - ਰਮਨੀਸ਼ - (ਜ਼ਿਲ੍ਹਾ ਸੰਗਰੂਰ) , ਤੀਜਾ ਸਥਾਨ - ਅੰਕੁਸ਼ -(ਜ਼ਿਲ੍ਹਾ - ਜਲੰਧਰ), ਤੀਜਾ ਸਥਾਨ ਸੁਖਅਸ਼ਪ੍ਰੀਤ- ( ਜ਼ਿਲ੍ਹਾ ਤਰਨ ਤਾਰਨ ) ਦਾ ਰਿਹਾ। ਅੰਡਰ - 21 40 ( - 69 ਕਿਲੋ) ਪਹਿਲਾ ਸਥਾਨ ਦਲੀਪ ਕੁਮਾਰ - (ਜ਼ਿਲ੍ਹਾ - ਸੰਗਰੂਰ), ਦੂਜਾ ਸਥਾਨ - ਰਾਜ ਗੁਪਤਾ - (ਜ਼ਿਲ੍ਹਾ ਰੂਪਨਗਰ), ਤੀਜਾ ਸਥਾਨ ਕਿਸ਼ਾਨ ਕੁਮਾਰ- (ਜ਼ਿਲ੍ਹਾ - ਸ਼੍ਰੀ ਮੁਕਤਸਰ ਸਾਹਿਬ), ਤੀਜਾ ਸਥਾਨ ਪ੍ਰਕਾਸ਼ ਮਸੀ ( ਜ਼ਿਲ੍ਹਾ ਗੁਰਦਾਸਪੁਰ) ਦਾ ਰਿਹਾ। ਅੰਡਰ 21 40 ( -79 ਕਿਲੋ) ਪਹਿਲਾ ਸਥਾਨ ਹਰਨੀਤ ਸਿੰਘ - (ਜ਼ਿਲ੍ਹਾ - ਗੁਰਦਾਸਪੁਰ), ਦੂਜਾ ਸਥਾਨ - ਵਰਿਪਾਲ ਸਿੰਘ - (ਜ਼ਿਲ੍ਹਾ ਫਰੀਦਕੋਟ ), ਤੀਜਾ ਸਥਾਨ ਮਹੁੰਮਦ ਇਲਧਾਸ (ਜ਼ਿਲ੍ਹਾ - ਮਲੇਰਕੋਟਲਾ), ਤੀਜਾ ਸਥਾਨ - ਅਰਮਾਨਦੀਪ ਸਿੰਘ - ( ਜ਼ਿਲ੍ਹਾ ਬਠਿੰਡਾ) ਦਾ ਰਿਹਾ। ਤੈਰਾਕੀ ਮੁੰਡੇ ਅੰਡਰ 21 - 50 ਮੀਟਰ ਬਟਰ ਫਲਾਈ ਪਹਿਲਾ ਸਥਾਨ ਅੰਸਵ ਜਿੰਦਲ (ਜ਼ਿਲ੍ਹਾ - ਫਿਰੋਜ਼ਪੁਰ) ( ਟਾਇਮਿੰਗ 0:26:79 ), *ਦੂਜਾ ਸਥਾਨ - ਇਸ਼ਾਨ ਪਵਾਰ - (ਜ਼ਿਲ੍ਹਾ ਲੁਧਿਆਣਾ ) - (ਟਾਇਮਿੰਗ 0:26:99),* ਤੀਜਾ ਸਥਾਨ ਸੁਮੇਰ ਸਿੰਘ - (ਜ਼ਿਲ੍ਹਾ - ਪਟਿਆਲਾ) ( ਟਾਇਮਿੰਗ 0:28:00) ਦਾ ਰਿਹਾ। ਅੰਡਰ - 17 - 50 ਮੀਟਰ ਬਟਰ ਫਲਾਈ ਪਹਿਲਾ ਸਥਾਨ ਆਰਵ ਸ਼ਰਮਾ - (ਜ਼ਿਲ੍ਹਾ - ਮੋਹਾਲੀ ) ( ਟਾਇਮਿੰਗ 0:28:12), ਦੂਜਾ ਸਥਾਨ - ਰਣਵਿਜੇ ਸਿੰਘ - (ਜ਼ਿਲ੍ਹਾ ਪਟਿਆਲਾ ) - ( ਟਾਇਮਿੰਗ 0:29:94), ਤੀਜਾ ਸਥਾਨ ਆਦਿਤਆ ਤ੍ਰੇਹਨ - (ਜ਼ਿਲ੍ਹਾ - ਲੁਧਿਆਣਾ) ( ਟਾਇਮਿੰਗ 0:30:90) ਦਾ ਰਿਹਾ। ਅੰਡਰ - 21-30 - 50 ਮੀਟਰ ਬਟਰ ਫਲਾਈ ਪਹਿਲਾ ਸਥਾਨ ਅਮਨ ਘਈ - (ਜ਼ਿਲ੍ਹਾ - ਜਲੰਧਰ) ( ਟਾਇਮਿੰਗ 0:26:28), ਦੂਜਾ ਸਥਾਨ - ਗੋਰਵ ਕੁਮਾਰ - (ਜ਼ਿਲ੍ਹਾ ਹੁਸ਼ਿਆਰਪੁਰ) - ( ਟਾਇਮਿੰਗ 0:27:80), ਤੀਜਾ ਸਥਾਨ ਨੀਤੀਸ਼ ਕੁਮਾਰ - (ਜ਼ਿਲ੍ਹਾ - ਜਲੰਧਰ) ( ਟਾਇਮਿੰਗ 0:30:11) ਦਾ ਰਿਹਾ। ਜਿਮਨਾਸਟਿਕਸ ਅੰਡਰ 21 -30 - ਆਲ ਰਾਊਂਡ ਬੇਸਟ ਜਿਮਨਾਸਟ ਪਹਿਲਾ ਸਥਾਨ ਸਾਹਿਤਪ੍ਰੀਤ (ਜ਼ਿਲ੍ਹਾ - ਸੰਗਰੂਰ) ( ਪੁਆਇੰਟਸ 64.55 ), ਦੂਜਾ ਸਥਾਨ - ਪ੍ਰੇਮ - (ਜ਼ਿਲ੍ਹਾ ਅੰਮ੍ਰਿਤਸਰ ) - (ਪੁਆਇੰਟ 59.90 ), ਤੀਜਾ ਸਥਾਨ ਅਮਨ ਸ਼ਰਮਾ - (ਜ਼ਿਲ੍ਹਾ - ਜਲੰਧਰ) ( ਪੁਆਇੰਟਸ 59.45) ਦਾ ਰਿਹਾ। ਅੰਡਰ 21-30 - ਫਲੋਰ ਐਕਸਰਸਾਈਜ ਪਹਿਲਾ ਸਥਾਨ ਸਾਹਿਤਪ੍ਰੀਤ (ਜ਼ਿਲ੍ਹਾ - ਸੰਗਰੂਰ) (ਪੁਆਇੰਟਸ 11.50), ਦੂਜਾ ਸਥਾਨ - ਵਿੱਕੀ - (ਜ਼ਿਲ੍ਹਾ ਅੰਮ੍ਰਿਤਸਰ) - (ਪੁਆਇੰਟਸ 10.20 ), ਤੀਜਾ ਸਥਾਨ ਅਮਨ ਸ਼ਰਮਾ - (ਜ਼ਿਲ੍ਹਾ - ਜਲੰਧਰ) ( ਪੁਆਇੰਟਸ 10.20) ਦਾ ਰਿਹਾ। ਅੰਡਰ 21 30 ਪੋਮੈਲ ਹੋਰਸ ਪਹਿਲਾ ਸਥਾਨ - ਸਾਹਿਤਪ੍ਰੀਤ (ਜ਼ਿਲ੍ਹਾ - ਸੰਗਰੂਰ) ( ਪੁਆਇੰਟਸ 10.30 ), ਦੂਜਾ ਸਥਾਨ - ਅਮਰੀਕ- (ਜ਼ਿਲ੍ਹਾ ਜਲੰਧਰ) - ( ਪੁਆਇੰਟਸ 10.00 ), ਤੀਜਾ ਸਥਾਨ ਅਦਿਤਿਆ - (ਜ਼ਿਲ੍ਹਾ - ਪਟਿਆਲਾ) ( ਪੁਆਇੰਟਸ- 9.80 ), ਤੀਜਾ ਸਥਾਨ ਪ੍ਰੇਮ - (ਜ਼ਿਲ੍ਹਾ - ਅੰਮ੍ਰਿਤਸਰ ) ( ਪੁਆਇੰਟਸ 9.80 ) ਦਾ ਰਿਹਾ।

# ਐੱਸ ਡੀ ਐੱਮ ਹੋਣਗੇ ਆਪੋ ਆਪਣੇ ਖੇਤਰ 'ਚ ਪੈਂਦੇ ਚੋਣ ਹਲਕੇ ਦੇ ਰਿਵਾਇਜ਼ਿੰਗ ਅਥਾਰਟੀ ਅਫ਼ਸਰ

**ਡੇਰਾਬੱਸੀ ,ਐਸ.ਏ.ਐਸ.ਨਗਰ, (ਕ੍ਰਿਸ਼ਨ ਗਰਗ, ਗੁਰਜੀਤ ਬਿੱਲਾ )**- ਚੀਫ ਕਮਿਸ਼ਨਰ, ਗੁਰਦੁਆਰਾ ਚੋਣਾਂ, ਪੰਜਾਬ ਵੱਲੋਂ ਸ਼੍ਰੋਮਣੀ ਕਮੇਟੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਦੇ ਮੌਜੂਦਾ ਮੈਂਬਰਾਂ ਦੀ ਟਰਮ ਖਤਮ ਹੋਣ ਬਾਅਦ ਚੋਣ ਪ੍ਰਕਿਰਿਆ ਲਈ ਮੁਢਲੇ ਪੜਾਅ ਵਜੋਂ ਸਿੱਖ ਗੁਰਦੁਆਰਾ ਬੋਰਡ ਚੋਣ ਨਿਯਮ, 1959 ਦੇ ਨਿਯਮ 6 ਤੋਂ 12 ਅਨੁਸਾਰ ਵੋਟਰ ਸੂਚੀ ਦੀ ਤਿਆਰੀ ਸਬੰਧੀ ਵੋਟਰ ਰਜਿਸਟ੍ਰੇਸ਼ਨ ਪ੍ਰੋਗਰਾਮ 21 ਅਕਤੂਬਰ ਤੋਂ ਸ਼ੁਰੂ ਹੋ ਰਿਹਾ ਹੈ, ਜਿਸ ਦੌਰਾਨ ਮਿਤੀ 21 ਅਕਤੂਬਰ ਤੋਂ 15 ਨਵੰਬਰ ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ, ਐਸ.ਏ.ਐਸ. ਨਗਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਚੋਣ ਬੋਰਡ ਹਲਕਾ 58-ਡੇਰਾਬੱਸੀ, 119-ਖਰੜ, ਅਤੇ 120-ਮੋਹਾਲੀ ਪੈਂਦੇ ਹਨ, ਇਨ੍ਹਾਂ ਹਲਕਿਆਂ ਦੇ ਉਪ ਮੰਡਲ ਮੈਜਿਸਟਰੇਟ ਡੇਰਾਬੱਸੀ, ਖਰੜ ਅਤੇ ਮੋਹਾਲੀ ਨੂੰ ਰਿਵਾਇਜ਼ਿੰਗ ਅਥਾਰਟੀ ਅਫਸਰ ਨਿਯੁਕਤ ਕੀਤਾ ਗਿਆ ਹੈ। ਇਨ੍ਹਾਂ ਨਾਲ ਲਾਏ ਹੋਰਨਾਂ ਅਧਿਕਾਰੀਆਂ 'ਚ ਡੇਰਾਬੱਸੀ ਬੋਰਡ ਚੋਣ ਹਲਕੇ ਲਈ ਤਹਿਸੀਲਦਾਰ ਡੇਰਾਬੱਸੀ ਅਤੇ ਨਾਇਬ ਤਹਿਸੀਲਦਾਰ ਜੀਰਕਪੁਰ, ਬਨੂੰੜ ਅਤੇ ਰਾਜਪੁਰਾ ਸ਼ਾਮਲ ਹਨ। ਬੋਰਡ ਚੋਣ ਹਲਕਾ ਖਰੜ ਚ ਤਹਿਸੀਲਦਾਰ ਖਰੜ ਅਤੇ ਨਾਇਬ ਤਹਿਸੀਲਦਾਰ ਮਾਜਰੀ ਅਤੇ ਘੜੂੰਆਂ ਨੂੰ ਲਾਇਆ ਗਿਆ ਹੈ। ਬੋਰਡ ਚੋਣ ਹਲਕਾ ਮੋਹਾਲੀ 'ਚ ਤਹਿਸੀਲਦਾਰ ਮੋਹਾਲੀ ਅਤੇ ਨਾਇਬ ਤਹਿਸੀਲਦਾਰ ਮੋਹਾਲੀ ਨੂੰ ਰਿਵਾਇਜ਼ਿੰਗ ਅਥਾਰਟੀ ਅਫਸਰ ਨਾਲ ਲਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਰਿਵਾਇਜ਼ਿੰਗ ਅਥਾਰਟੀ ਅਫਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਡੇਰਾਬੱਸੀ ਅਧੀਨ ਪੈਂਦੇ ਬੋਰਡ ਚੋਣ ਹਲਕਾ 58-ਡੇਰਾਬੱਸੀ 'ਚ ਐਮ ਸੀ ਡੇਰਾਬੱਸੀ, ਐਮ ਸੀ ਬਨੂੰੜ ਅਤੇ ਕਾਨੂੰਗੋ ਸਰਕਲ ਡੇਰਾਬੱਸੀ (ਕਾਨੂੰਗੋ ਸਰਕਲ ਡੇਰਾਬੱਸੀ ਵਿੱਚ ਕੇਵਲ ਪਟਵਾਰ ਸਰਕਲ ਭਵਨ ਦੇ ਐਮ ਸੀ ਜ਼ੀਰਕਪੁਰ ਵਿੱਚ ਪਿੰਡ ਜ਼ੀਰਕਪੁਰ ਦੇ ਖੇਤਰ ਨੂੰ ਛੱਡ ਕੇ) ਡੇਰਾਬੱਸੀ ਤਹਿਸੀਲ ਜ਼ਿਲ੍ਹਾ ਐਸ ਏ ਐਸ ਨਗਰ ਵਿਚ ਕਾਨੂੰਗੋ ਸਰਕਲ, ਸਮਗੌਲੀ ਅਤੇ ਲਾਲੜੂ, ਕਾਨੂੰਗੋ ਸਰਕਲ ਬਨੂੰੜ ਅਤੇ ਪਟਵਾਰ ਸਰਕਲ ਤੇਪਲਾ, ਖੇੜੀ ਗੁਰਨਾ, ਨਨਹੇੜਾ ਦੇ ਕਾਨੂੰਗੋ ਸਰਕਲ ਜਾਂਸਲਾ ਰਾਜਪੁਰਾ ਤਹਿਸੀਲ ਜ਼ਿਲ੍ਹਾ ਪਟਿਆਲਾ ਸ਼ਾਮਲ ਹਨ। ਇਸੇ ਤਰ੍ਹਾਂ ਰਿਵਾਇਜ਼ਿੰਗ ਅਥਾਰਟੀ ਅਫਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਖਰੜ ਅਧੀਨ ਪੈਂਦੇ ਬੋਰਡ ਚੋਣ ਹਲਕਾ 119-ਖਰੜ 'ਚ ਖਰੜ ਤਹਿਸੀਲ ਜ਼ਿਲ੍ਹਾ ਐਸ ਏ ਐਸ ਨਗਰ (ਕਾਨੂੰਗੋ ਸਰਕਲ ਖਿਜਰਾਬਾਦ ਅਤੇ ਮਾਜਰੀ ਦੇ ਖੇਤਰਾਂ ਨੂੰ ਛੱਡ ਕੇ), ਪਟਵਾਰ ਸਰਕਲ ਝਾਮਪੁਰ, ਦਾਊਂ ਅਤੇ ਬਲੌਂਗੀ, ਕਾਨੂੰਗੋ ਸਰਕਲ ਲੁਧਿਆਣਾ ਮੋਹਾਲੀ ਤਹਿਸੀਲ ਜ਼ਿਲ੍ਹਾ ਐਸ ਏ ਐਸ ਨਗਰ ਸਾਮਿਲ ਹਨ। ਰਿਵਾਇਜ਼ਿੰਗ ਅਥਾਰਟੀ ਅਫਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਮੋਹਾਲੀ ਅਧੀਨ ਪੈਂਦੇ ਬੋਰਡ ਚੋਣ ਹਲਕਾ 120-ਐਸ ਏ ਐਸ ਨਗਰ 'ਚ ਮੋਹਾਲੀ ਤਹਿਸੀਲ (ਪਟਵਾਰ ਸਰਕਲ ਝਾਮਪੁਰ, ਦਾਊਂ ਅਤੇ ਬਲੌਂਗੀ ਦੇ ਖੇਤਰਾਂ ਨੂੰ ਛੱਡ ਕੇ) ਕਾਨੂੰਗੋ ਸਰਕਲ ਲਾਂਡਰਾ ਜ਼ਿਲ੍ਹਾ ਐਸ ਏ ਐਸ ਨਗਰ ਸ਼ਾਮਲ ਹਨ। ਡਿਪਟੀ ਕਮਿਸ਼ਨਰ,ਐਸ.ਏ.ਐਸ.ਨਗਰ ਵੱਲੋਂ ਦੱਸਿਆ ਗਿਆ ਕਿ ਵੋਟ ਬਣਾਉਣ ਲਈ ਫਾਰਮ ਨੰ.1 ਭਰਿਆ ਜਾਵੇ ਅਤੇ ਵੋਟਰ ਦੀ ਉਮਰ 21 ਸਾਲ ਤੋਂ ਘੱਟ ਨਾ ਹੋਵੇ। ਫਾਰਮ ਨੰ. 1 ਜ਼ਿਲ੍ਹਾ ਪ੍ਰਸ਼ਾਸਨ ਦੀ ਵੈਬਸਾਈਟ 'ਤੇ ਉਪਲਬਧ ਹੈ। ਬਿਨੈਕਾਰ ਵੱਲੋਂ ਫਾਰਮ ਨਿੱਜੀ ਤੌਰ 'ਤੇ ਹੀ ਜਮ੍ਹਾਂ ਕਰਵਾਏ ਜਾਣ। ਬੰਡਲਾਂ ਦੇ ਰੂਪ ਵਿੱਚ ਫਾਰਮ ਪ੍ਰਾਪਤ ਨਹੀਂ ਕੀਤੇ ਜਾਣਗੇ।

# ਨਹਿਰ ਦੇ ਮੁੱਦੇ 'ਤੇ ਸਿਆਸੀ ਪਾਰਟੀਆਂ ਵੱਲੋਂ ਸਾਂਝੀ ਲੜਾਈ ਲੜਨ ਦੀ ਲੋੜ : ਸੇਖੋਂ

**ਨਵਾਂਸ਼ਹਿਰ (ਮਨੋਜ ਲਾਡੀ)**-ਸਤਲੁਜ-ਯਮੁਨਾ ਲਿੰਕ ਨਹਿਰ ਦੇ ਸਰਵੇਖਣ ਲਈ ਆਏ ਸੁਪਰੀਮ ਕੋਰਟ ਦੇ ਫੈਸਲੇ ਨਾਲ ਪੰਜਾਬ ਦੇ ਲੋਕਾਂ ਵਿੱਚ ਸਹਿਮ ਹੈ, ਪਰ ਸੱਤਾ ਭੋਗਣ ਵਾਲੀਆਂ ਸਿਆਸੀ ਪਾਰਟੀਆਂ ਇਸ ਅਤੀ ਮਹੱਤਵਪੂਰਨ ਮੁੱਦੇ ਨੂੰ ਵੋਟਾਂ ਹਾਸਲ ਕਰਨ ਦਾ ਸਾਧਨ ਸਮਝ ਕੇ ਇੱਕ-ਦੂਜੇ ਤੇ ਦੂਸ਼ਣਬਾਜੀ ਕਰ ਰਹੀਆਂ ਹਨ। ਸ਼੍ਰੋਮਣੀ ਅਕਾਲੀ ਦਲ ਵੱਲੋਂ ਮੋਰਚਾ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ, ਜੋ ਇਸ ਮੁੱਦੇ ਲਈ ਪੂਰੀ ਤਰ੍ਹਾਂ ਜ਼ਿੰਮੇਵਾਰ ਹੈ। ਇਹ ਦੋਸ਼ ਲਾਉਂਦਿਆਂ ਸੀਪੀਆਈ (ਐਮ) ਪੰਜਾਬ ਦੇ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਪੰਜਾਬ ਦੇ ਪਾਣੀ ਨੂੰ ਬਚਾਉਣ ਲਈ ਪੰਜਾਬ ਦੀਆਂ ਸਾਰੀਆਂ ਸਿਆਸੀ ਪਾਰਟੀਆਂ ਨੂੰ ਸਿਆਸਤ ਤੋਂ ਉੱਪਰ ਉੱਠ ਕੇ ਕੇਂਦਰ ਸਰਕਾਰ 'ਤੇ ਦਬਾਅ ਬਣਾਉਣਾ ਚਾਹੀਦਾ ਹੈ ਅਤੇ ਕਾਨੂੰਨੀ ਲੜਾਈ ਵੀ ਲੜਨੀ ਚਾਹੀਦੀ ਹੈ। ਕਾਮਰੇਡ ਸੇਖੋਂ ਨੇ ਕਿਹਾ ਕਿ 8 ਅਪ੍ਰੈਲ, 1982 ਨੂੰ ਜਦੋਂ ਦੇਸ਼ ਦੀ ਪ੍ਰਧਾਨ ਮੰਤਰੀ ਸ੍ਰੀਮਤੀ ਇੰਦਰਾ ਗਾਂਧੀ ਨੇ ਸਤਿਲੁਜ ਤੇ ਯਮੁਨਾ ਨਹਿਰਾਂ ਨੂੰ ਜੋੜਨ ਲਈ ਪੰਜਾਬ ਹਰਿਆਣਾ ਸਰਹੱਦ 'ਤੇ ਸਥਿਤ ਪਿੰਡ ਕਪੂਰੀ ਵਿਖੇ ਨਹਿਰ ਦੀ ਉਸਾਰੀ ਦਾ ਟੱਕ ਲਾਇਆ ਸੀ ਤਾਂ ਸਭ ਤੋਂ ਪਹਿਲਾਂ ਸੀਪੀਆਈ (ਐਮ) ਦੀ ਪੰਜਾਬ ਇਕਾਈ ਨੇ ਇਸ ਦਾ ਵਿਰੋਧ ਕੀਤਾ ਸੀ ਅਤੇ ਇਸ ਨਹਿਰ ਨੂੰ ਪੰਜਾਬ ਦਾ ਪਾਣੀ ਖੋਹਣ ਵਾਲੀ ਸਾਜ਼ਿਸ਼ ਕਰਾਰ ਦਿੱਤਾ ਸੀ। ਦੱਸਣਾ ਬਣਦਾ ਹੈ ਕਿ ਇਸ ਮੌਕੇ ਕੈਪਟਨ ਅਮਰਿੰਦਰ ਸਿੰਘ ਨੇ ਚਾਂਦੀ ਦੀ ਕਹੀ ਪੇਸ਼ ਕੀਤੀ ਸੀ। ਉਸ ਸਮੇਂ ਤੋਂ ਅੱਜ ਤੱਕ ਸੀਪੀਆਈ (ਐਮ) ਇਸ ਨਹਿਰ ਦਾ ਵਿਰੋਧ ਕਰਕੇ ਪੰਜਾਬ ਦੇ ਹੱਕ ਵਿੱਚ ਡਟ ਕੇ ਖੜ੍ਹੀ ਹੈ। ਸੀਪੀਆਈ (ਐਮ) ਦੇ ਵਿਰੋਧ ਤੋਂ ਬਾਅਦ ਹੀ ਅਕਾਲੀ ਦਲ ਨੇ ਕਪੂਰੀ ਤੋਂ ਮੋਰਚਾ ਸ਼ੁਰੂ ਕੀਤਾ ਸੀ, ਜੋ ਬਾਅਦ ਵਿੱਚ ਧਰਮ ਯੁੱਧ ਮੋਰਚੇ ਵਿੱਚ ਤਬਦੀਲ ਹੋ ਗਿਆ। ਇਸ ਮੋਰਚੇ ਦੇ ਕਾਰਨ ਪੰਜਾਬ ਦਾ ਕਦੇ ਵੀ ਨਾ ਪੂਰਾ ਹੋਣ ਵਾਲਾ ਨੁਕਸਾਨ ਹੋਇਆ, ਚਾਲੀ ਸਾਲ ਲੰਘ ਜਾਣ ਦੇ ਬਾਵਜੂਦ ਅੱਜ ਵੀ ਇਹ ਮੁੱਦਾ ਪੰਜਾਬ ਦੇ ਲੋਕਾਂ ਦੇ ਸਿਰਾਂ 'ਤੇ ਤਲਵਾਰ ਵਾਂਗ ਲਟਕ ਰਿਹਾ ਹੈ। ਸੂਬਾ ਸਕੱਤਰ ਨੇ ਕਿਹਾ ਕਿ ਭਾਵੇਂ ਇਸ ਨਹਿਰ ਦਾ ਉਦਘਾਟਨ ਸ੍ਰੀਮਤੀ ਇੰਦਰਾ ਗਾਂਧੀ ਵੱਲੋਂ ਟੱਕ ਲਾ ਕੇ ਕੀਤਾ ਗਿਆ ਸੀ, ਪਰ ਉਸ ਤੋਂ ਬਾਅਦ ਪੰਜਾਬ ਦੀ ਪਰਕਾਸ਼ ਸਿੰਘ ਬਾਦਲ ਦੀ ਅਗਵਾਈ ਵਾਲੀ ਅਕਾਲੀ ਸਰਕਾਰ ਨੇ ਹੀ ਨਹਿਰ ਲਈ ਜ਼ਮੀਨ ਇਕੁਆਇਰ ਕੀਤੀ ਸੀ। ਬਾਅਦ ਵਿੱਚ ਸੱਚੇ ਹੋਣ ਲਈ ਪਾਣੀ ਨਾ ਦੇਣ ਬਾਰੇ ਸੁਪਰੀਮ ਕੋਰਟ ਵਿੱਚ ਅਪੀਲ ਦਾਇਰ ਕਰ ਦਿੱਤੀ। ਇਸ ਤੋਂ ਬਾਅਦ ਅਕਾਲੀ ਦਲ ਤਿੰਨ ਵਾਰ ਕੇਂਦਰ ਦੀ ਅਟੱਲ ਬਿਹਾਰੀ ਵਾਜਪਾਈ ਦੀ ਸਰਕਾਰ ਵਿੱਚ ਅਤੇ ਦੋ ਵਾਰ ਨਰਿੰਦਰ ਮੋਦੀ ਦੀ ਸਰਕਾਰ ਵਿੱਚ ਭਾਈਵਾਲ ਰਿਹਾ, ਪਰ ਇਸ ਮੁੱਦੇ ਦੇ ਹੱਲ ਲਈ ਕਦੇ ਵੀ ਠੋਸ ਯਤਨ ਨਾ ਕੀਤਾ। ਹੁਣ ਸੁਪਰੀਮ ਕੋਰਟ ਵੱਲੋਂ ਸਰਵੇਖਣ ਕਰਾਮਵਾਉਣ ਦਾ ਫੈਸਲਾ ਆਉਣ 'ਤੇ ਅਕਾਲੀ ਦਲ ਫਿਰ ਮੋਰਚਾ ਲਾਉਣ ਦੇ ਦਮਗਜੇ ਮਾਰ ਰਿਹਾ ਹੈ। ਅਜਿਹਾ ਕਰਕੇ ਉਹ ਲੋਕਾਂ ਸਾਹਮਣੇ ਦੁੱਧ ਧੋਤਾ ਨਹੀਂ ਬਣ ਸਕਦਾ, ਅਕਾਲੀ ਦਲ ਇਸ ਨਹਿਰ ਦੀ ਉਸਾਰੀ ਲਈ ਖ਼ੁਦ ਜ਼ਿੰਮੇਵਾਰ ਹੈ, ਪੰਜਾਬ ਦੇ ਲੋਕ ਜਾਣਦੇ ਹਨ। ਸੇਖੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਮੌਜੂਦਾ ਪੰਜਾਬ ਸਰਕਾਰ ਵੀ ਸੁਪਰੀਮ ਕੋਰਟ ਵਿੱਚ ਸਹੀ ਢੰਗ ਨਾਲ ਪੰਜਾਬ ਦਾ ਪੱਖ ਰੱਖਣ ਵਿੱਚ ਫੇਲ੍ਹ ਰਹੀ ਹੈ, ਜਿਸ ਕਾਰਨ ਅੱਜ ਇਹ ਹਾਲਾਤ ਬਣ ਗਏ ਹਨ। ਸੱਤਾ ਹਾਸਲ ਕਰਨ ਲਈ ਸਿਆਸੀ ਪਾਰਟੀਆਂ ਦੇ ਆਗੂ ਸਤਲੁਜ-ਯਮੁਨਾ ਲਿੰਕ ਨਹਿਰ ਦੇ ਇਸ ਸਰਵੇਖਣ ਮਾਮਲੇ ਨੂੰ ਵੋਟਾਂ ਹਾਸਲ ਕਰਨ ਲਈ ਇੱਕ ਸਾਧਨ ਸਮਝ ਕੇ ਇੱਕ-ਦੂਜੇ ਤੇ ਦੂਸ਼ਣਬਾਜੀ ਕਰਨ ਲੱਗ ਪਏ ਹਨ। ਪੰਜਾਬ ਦੇ ਲੋਕ ਸਹਿਮੇ ਹੋਏ ਹਨ, ਪੰਜਾਬ ਦੀ ਧਰਤੀ ਬੰਜਰ ਹੋਣ ਦਾ ਡਰ ਸਤਾ ਰਿਹਾ ਹੈ। ਅਜਿਹੇ ਸਮੇਂ ਆਪਣੇ ਆਪ ਨੂੰ ਪਾਣੀਆਂ ਦੇ ਰਾਖੇ ਬਣਨ ਦੇ ਯਤਨ ਕਰਨ ਤੇ ਦੂਸ਼ਣਬਾਜੀ ਕਰਨ ਦੀ ਥਾਂ ਸਾਰੀਆਂ ਸਿਆਸੀ ਪਾਰਟੀਆਂ ਦੇ ਆਗੂ ਪੰਜਾਬ ਦਾ ਪਾਣੀ ਬਚਾਉਣ ਲਈ ਸਾਂਝੇ ਯਤਨ ਕਰਨ। ਲੋੜ ਹੈ ਇਸ ਮੁੱਦੇ ਦੇ ਹੱਲ ਲਈ ਕੇਂਦਰ ਸਰਕਾਰ 'ਤੇ ਦਬਾਅ ਬਣਾਇਆ ਜਾਵੇ ਅਤੇ ਕਾਨੂੰਨੀ ਲੜਾਈ ਵੀ ਸੁਹਿਰਦਤਾ ਨਾਲ ਲੜੀ ਜਾਵੇ।

17-OCT-PAGE-10.qxd 10/16/2023 10:23 PM Page 1



# ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਪ੍ਰਫੁੱਲਤ ਕੀਤਾ ਜਾ ਰਿਹੈ : ਗੈਰੀ ਬੜਿੰਗ

### ਅਮਲੋਹ ਹਾਕੀ ਮਹਾਂਕੁੰਭ 'ਤੇ ਈ ਐੱਮ ਈ ਜਲੰਧਰ ਦੀ ਟੀਮ ਦਾ ਕਬਜ਼ਾ



**ਅਮਲੋਹ (ਲਖਵੀਰ ਸਿੰਘ, ਹਰਚਰਨ ਉੱਪਲ)**
ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਅਮਲੋਹ ਦੇ ਗਰਾਊਂਡ ਵਿੱਚ ਸਵ: ਸਰਦਾਰ ਹਰਜੀਤ ਸਿੰਘ ਹੁੰਦਲ ਮੈਮੋਰੀਅਲ ਹਾਕੀ ਕਲੱਬ ਅਮਲੋਹ ਦਾ ਤੀਸਰਾ ਹਾਕੀ ਮਹਾਂਕੁੰਭ ਸਮਾਪਤ ਹੋ ਗਿਆ। ਇਸ ਮੌਕੇ ਈ ਐੱਮ ਈ ਜਲੰਧਰ ਹਾਕੀ ਟੀਮ ਪਹਿਲੇ ਤੇ ਰਿਵਾੜੀ ਯੂਨੀਵਰਸਿਟੀ ਹਰਿਆਣਾ ਦੀ ਟੀਮ ਦੂਸਰੇ ਸਥਾਨ ਉੱਤੇ ਰਹੀ, ਜਿਨ੍ਹਾਂ ਨੂੰ ਮੁੱਖ ਮਹਿਮਾਨ ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਵੱਲੋਂ ਇਨਾਮੀ ਰਾਸ਼ੀ ਤੇ ਹਾਕੀ ਕੱਪ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਧਾਇਕ ਗੈਰੀ ਬੜਿੰਗ ਨੇ ਕਿਹਾ ਕਿ ਹਰਜੀਤ ਸਿੰਘ ਹੁੰਦਲ ਮੈਮੋਰੀਅਲ ਹਾਕੀ ਕਲੱਬ ਅਮਲੋਹ ਵੱਲੋਂ ਕੀਤਾ ਗਿਆ ਉਪਰਾਲਾ ਸ਼ਲਾਘਾਯੋਗ ਹੈ ਤੇ ਨੌਜਵਾਨ ਖੇਡਾਂ ਨਾਲ ਜੁੜ ਕੇ ਪੰਜਾਬ ਦਾ ਨਾਮ ਰੌਸ਼ਨ ਕਰਨ ਤੇ ਹਰ ਨੌਜਵਾਨ ਨੂੰ ਖੇਡਾਂ ਨਾਲ ਜੁੜਨਾ ਚਾਹੀਦਾ ਹੈ ਅਤੇ ਕੀਤੀ ਗਈ ਮਿਹਨਤ ਸਦਕਾ ਖਿਡਾਰੀ ਨੂੰ ਉਸ ਦੇ ਮੁਕਾਮ 'ਤੇ ਪਹੁੰਚਾ ਦਿੰਦੀ ਹੈ, ਉੱਥੇ ਹੀ ਪੰਜਾਬ ਸਰਕਾਰ ਵੱਲੋਂ ਵੀ ਖੇਡਾਂ ਨੂੰ ਪ੍ਰਫੁੱਲਤ ਕੀਤਾ ਜਾ ਰਿਹਾ ਹੈ ਅਤੇ ਖਿਡਾਰੀਆਂ ਨੂੰ ਬਣਦਾ ਮਾਣ ਸਨਮਾਨ ਵੀ ਦਿੱਤਾ ਜਾ ਰਿਹਾ। ਇਸ ਮੌਕੇ ਚੰਗੀ ਖੇਡ ਦਾ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਤਿੰਨ ਖਿਡਾਰੀਆਂ ਨੂੰ ਸਾਈਕਲਾਂ ਨਾਲ ਸਨਮਾਨਤ ਕੀਤਾ ਜਾਵੇਗਾ।

ਇਸ ਮੌਕੇ ਓਲੰਪਿਅਨ ਦਿਲਪ੍ਰੀਤ ਸਿੰਘ ਬਰਾਊਂਜ਼ ਮੈਡਲਿਸਟ, ਏਸ਼ੀਅਨ ਗੇਮ ਗੋਲਡ ਮੈਡਲਿਸਟ ਸੰਜੇ ਨੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ। ਇਸ ਮੌਕੇ ਬਲਾਕ ਪ੍ਰਧਾਨ ਸਿਕੰਦਰ ਸਿੰਘ ਗੋਗੀ, ਸ਼ਿੰਗਾਰਾ ਸਿੰਘ ਸਲਾਣਾ, ਰਣਜੀਤ ਸਿੰਘ ਪਨਾਗ, ਬਲਾਕ ਪ੍ਰਧਾਨ ਮਨਿੰਦਰ ਸਿੰਘ ਭੱਟੋ, ਗੁਰਮੀਤ ਸਿੰਘ ਛੰਨਾ, ਦਰਸ਼ਨ ਸਿੰਘ ਭੱਦਲਥੂਹਾ, ਅੰਮ੍ਰਿਤਪਾਲ ਸਿੰਘ ਬੁੱਗਾ, ਹਰਜੀਤ ਸਿੰਘ ਬੈਣਾ, ਹਰਪ੍ਰੀਤ ਸਿੰਘ ਹੁੰਦਲ ਸਰਪੰਚ, ਕਲੱਬ ਪ੍ਰਧਾਨ ਪਰਮਜੀਤ ਸਿੰਘ ਵਿਰਕ, ਉੱਪ-ਪ੍ਰਧਾਨ ਹਰਜੋਤ ਸਿੰਘ ਸਬ ਇੰਸਪੈਕਟਰ, ਤਰਨਦੀਪ ਬਦੇਸ਼ਾ, ਗੁਰਪ੍ਰੀਤ ਹੁੰਦਲ, ਹਰਬੰਸ ਸਿੰਘ, ਗਗਨ ਖੁੱਲਰ, ਮਨਜੀਤ ਕੈਂਥ, ਅਵਤਾਰ ਮੁਹੰਮਦ ਟੈਣੀ, ਦਵਿੰਦਰ ਸਿੰਘ ਭੱਦਲਥੂਹਾ, ਗਗਨਦੀਪ ਗੱਗੀ, ਟਿੰਕੂ ਖੁੱਲਰ, ਡਾ. ਅਵਤਾਰ ਸਿੰਘ ਵਿਰਕ, ਪਰਮਿੰਦਰ ਕੁਮਾਰ ਤੇ ਵੱਡੀ ਗਿਣਤੀ ਖੇਡ ਪ੍ਰੇਮੀ ਮੌਜੂਦ ਸਨ।

# ਝੋਨੇ ਦੀ ਲਿਫਟਿੰਗ ਨਾ ਹੋਣ 'ਤੇ ਆੜ੍ਹਤੀਆਂ ਵੱਲੋਂ ਖਰੀਦ ਨਾ ਕਰਨ ਦਾ ਐਲਾਨ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਦਾਣਾ ਮੰਡੀ ਵਿਖੇ ਆੜ੍ਹਤੀ ਐਸੋਸੀਏਸ਼ਨ ਦੀ ਇੱਕ ਮੀਟਿੰਗ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸ਼ੈਲਰ ਮਾਲਕਾਂ ਦੀ ਹੜਤਾਲ ਕਾਰਨ ਦਾਣਾ ਮੰਡੀਆਂ ਵਿੱਚ ਬੋਰੀਆਂ ਦੇ ਅੰਬਾਰ ਲੱਗਣ ਕਾਰਨ ਕਿਸਾਨਾਂ ਤੇ ਆੜ੍ਹਤੀਆਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਪੱਤਰਕਾਰਾਂ ਨਾਲ ਮੀਟਿੰਗ ਉਪਰੰਤ ਗੱਲਬਾਤ ਕਰਦਿਆਂ ਪ੍ਰਧਾਨ ਖੇੜਾ ਨੇ ਦੱਸਿਆ ਕਿ ਜੇਕਰ ਅੱਜ ਅਕਤੂਬਰ ਨੂੰ ਸਵੇਰੇ ਝੋਨੇ ਦੀ ਲਿਫਟਿੰਗ ਮੰਡੀਆਂ 'ਚੋਂ ਸ਼ੁਰੂ ਨਾ ਹੋਈ ਤਾਂ ਆੜ੍ਹਤੀ ਵੀ ਫਸਲ ਖਰੀਦ ਦਾ ਮੁਕੰਮਲ ਬਾਈਕਾਟ ਕਰ ਦੇਣਗੇ।

ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਵਿਕਣ ਆਈ ਫਸਲ ਦੀ ਬੋਰੀਆਂ ਵਿੱਚ ਭਰਾਈ ਨਹੀਂ ਕੀਤੀ ਜਾਵੇਗੀ। ਪ੍ਰਧਾਨ ਖੇੜਾ ਨੇ ਦੱਸਿਆ ਕਿ ਮੰਡੀਆਂ ਵਿੱਚ ਝੋਨੇ ਦੀ ਲਿਫਟਿੰਗ ਨਾ ਹੋਣ ਕਾਰਨ ਫੜ੍ਹਾਂ ਦੀ ਘਾਟ ਪੈਦਾ ਹੋ ਗਈ ਹੈ ਤੇ ਵੱਡੀ ਸਮੱਸਿਆ ਆ ਰਹੀ ਹੈ। ਉਨ੍ਹਾਂ ਕਿਹਾ ਕਿ ਆੜ੍ਹਤੀ ਆਪਣਾ ਰੋਸ ਪ੍ਰਗਟ ਕਰਨ ਲਈ ਕਿਸਾਨਾਂ ਤੇ ਮਜ਼ਦੂਰਾਂ ਨੂੰ ਲੈ ਕੇ ਸੜਕਾਂ 'ਤੇ ਧਰਨੇ ਵੀ ਦੇਣਗੇ, ਜਿਸ ਲਈ ਲੋਕਾਂ ਨੂੰ ਆਉਣ ਵਾਲੀ ਪ੍ਰੇਸ਼ਾਨੀ ਲਈ ਜ਼ਿੰਮੇਵਾਰ ਸਰਕਾਰ ਤੇ ਪ੍ਰਸ਼ਾਸਨ ਹੋਵੇਗਾ। ਇਸ ਮੌਕੇ ਟਹਿਲ ਸਿੰਘ ਔਜਲਾ, ਅਰਵਿੰਦਰਪਾਲ ਸਿੰਘ ਵਿੱਕੀ, ਕਪਿਲ ਆਨੰਦ, ਪਰਮਿੰਦਰ ਸਿੰਘ ਗੁਲਿਆਣੀ, ਰਾਜਵਿੰਦਰ ਸਿੰਘ ਸੈਣੀ, ਸੁਰਜੀਤ ਸਿੰਘ ਕਾਹਲੋਂ, ਅਮਰੀਕ ਸਿੰਘ ਔਜਲਾ, ਪਰਮਿੰਦਰ ਤਿਵਾੜੀ, ਸਨੀ ਸੂਦ, ਸਰਪੰਚ ਹਰਵਿੰਦਰ ਸਿੰਘ, ਜਤਿਨ ਚੌਰਾਇਆ, ਵਿਨੀਤ ਜੈਨ, ਹੈਪੀ ਬਾਂਸਲ, ਭੁਪਿੰਦਰ ਕਪੂਰ, ਹਰਕੇਸ਼ ਨਹਿਰਾ, ਅਮਿਤ ਭਾਟੀਆ, ਸੁਰਿੰਦਰ ਅਗਰਵਾਲ, ਸੁਰਜੀਤ ਸਿੰਘ ਕਾਹਲੋਂ ਮੌਜੂਦ ਸਨ।

# ਮਾਲਵਾ ਵੈੱਲਫੇਅਰ ਕਲੱਬ ਵੱਲੋਂ ਨਸ਼ਿਆਂ ਵਿਰੁੱਧ ਨਾਟਕ ਮੇਲਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਥਾਨਕ ਸਮਾਜ ਸੇਵੀ ਸੰਸਥਾ ਮਾਲਵਾ ਵੈੱਲਫੇਅਰ ਕਲੱਬ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਬਠਿੰਡਾ ਤੇ ਯੁਵਕ ਸੇਵਾਵਾਂ ਵਿਭਾਗ ਦੇ ਸਹਿਯੋਗ ਨਾਲ ਸਥਾਨਕ ਖਾਲਸਾ ਸਕੂਲ ਲੜਕੀਆਂ ਵਿਖੇ ਨਸ਼ਿਆਂ ਵਿਰੁੱਧ ਨਾਟਕ ਮੇਲਾ ਕਰਵਾਇਆ ਗਿਆ। ਕਲੱਬ ਦੇ ਪ੍ਰੈੱਸ ਸਕੱਤਰ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਸੁਚੇਤਕ ਰੰਗ ਮੰਚ ਟੀਮ ਮੁਹਾਲੀ ਵੱਲੋਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਦਾ ਹੋਇਆ ਨਾਟਕ 'ਘਰ ਵਾਪਸੀ' ਅਤੇ ਜ਼ਿੰਦਗੀ ਵਿੱਚ ਚੰਗੇ ਕੰਮ ਦੀ ਪ੍ਰੇਰਨਾ ਦਿੰਦਾ ਹੋਇਆ ਪਾਲੀ ਭੁਪਿੰਦਰ ਦਾ ਲਿਖਿਆ ਨਾਟਕ 'ਕੁਝ ਤਾਂ ਕਰੋ ਯਾਰੋ' ਖੇਡੇ ਗਏ। ਕਲੱਬ ਪ੍ਰਧਾਨ ਵਿਕਾਸ ਸਿੰਗਲਾ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਸ੍. ਗੁਲਨੀਤ ਸਿੰਘ ਐੱਸ ਐੱਸ ਪੀ ਬਠਿੰਡਾ, ਗਗਨਦੀਪ ਸਿੰਘ ਐੱਸ ਡੀ ਐੱਮ ਤਲਵੰਡੀ ਸਾਬੋ, ਰਘਵੀਰ ਸਿੰਘ ਮਾਨ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪਹੁੰਚੇ। ਸ੍. ਗੁਲਨੀਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਆਮ ਲੋਕਾਂ ਨੂੰ ਨਸ਼ਿਆਂ ਵਿਰੁੱਧ ਇੱਕਜੁੱਟ ਹੋਣ ਦਾ ਸੱਦਾ ਦਿੱਤਾ। ਗਗਨਦੀਪ ਸਿੰਘ ਐੱਸ ਡੀ ਐੱਮ ਤਲਵੰਡੀ ਸਾਬੋ ਨੇ ਲੋਕਾਂ ਨੂੰ ਨਸ਼ਿਆਂ ਤੋਂ ਜਾਗਰੂਕ ਕਰਦੇ ਹੋਏ ਕਲੱਬ ਦੇ ਕਰਵਾਏ ਹੋਏ ਪ੍ਰੋਗਰਾਮ ਦੀ ਸਲਾਹਨਾ ਕੀਤੀ। ਕਲੱਬ ਸਰਪ੍ਰਸਤ ਅੰਮ੍ਰਿਤਪਾਲ ਸਿੰਘ ਬਰਾੜ ਨੇ ਆਏ ਹੋਏ ਮਹਿਮਾਨਾਂ ਤੇ ਨਾਟਕ ਦੇਖਣ ਪਹੁੰਚੇ ਹੋਏ ਲੋਕਾਂ ਨੂੰ ਜੀ ਆਇਆਂ ਆਖਿਆ ਅਤੇ ਕਲੱਬ ਦੀਆਂ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਦੱਸਿਆ। ਚੇਅਰਮੈਨ ਸੇਖਰ ਤਲਵੰਡੀ ਦੁਆਰਾ ਅੰਤ ਵਿੱਚ ਸਾਰਿਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਥਾਨਕ ਗਾਇਕ ਦਿਲਸ਼ਾਦ ਅਲੀ ਦੁਆਰਾ ਆਪਣੇ ਗੀਤਾਂ ਰਾਹੀਂ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਗਿਆ। ਇਸ ਨਾਟਕ ਮੇਲੇ ਵਿੱਚ ਮੰਚ ਸੰਚਾਲਨ ਦੀ ਭੂਮਿਕਾ ਮਾਸਟਰ ਬੂਟਾ ਸਿੰਘ ਤੇ ਗਗਨਦੀਪ ਸਿੰਘ ਹੈਪੀ ਨੇ ਬਾਖੂਬੀ ਨਿਭਾਈ। ਇਸ ਮੌਕੇ ਡੀ ਐੱਸ ਪੀ ਰਾਜੇਸ਼ ਸਨੇਹੀ, ਐੱਸ ਐੱਚ ਓ ਗੁਰਮੀਤ ਸਿੰਘ, ਖਾਲਸਾ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਛੋਟਾ ਸਿੰਘ, ਮੈਨੇਜਰ ਰਣਜੀਤ ਸਿੰਘ ਮਲਕਾਣਾ, ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ ਤੇ ਗੁਰਮੀਤ ਕੌਰ, ਸਹਾਰਾ ਕਲੱਬ ਸਰਪ੍ਰਸਤ ਡਾਕਟਰ ਸੁਖਦੇਵ ਸਿੰਘ, ਤਰਸੇਮ ਸਿੰਗਲਾ, ਰਾਜਵੀਰ ਸਿੰਘ, ਹਰਬੰਸ ਸਿੰਘ ਤੇ ਕਲੱਬ ਅਹੁਦੇਦਾਰ ਮਨਦੀਪ ਸਿੰਘ ਖਜ਼ਾਨਚੀ, ਬਲਵਿੰਦਰ ਸਿੰਘ ਬੱਡੂ, ਰਣਜੀਤ ਸਿੰਘ ਬਰਾੜ, ਰਾਜਦੀਪ ਸਿੰਘ, ਹਰਬੰਸ ਸਿੰਘ ਮਾਨ, ਚਮਨ ਲਾਲ, ਸੁਖਪਾਲ ਸੋਨੂੰ, ਬਲਕਰਨ ਸਿੰਘ, ਸ਼ੁਭਦੀਪ ਸਿੰਘ, ਰਜਤ ਕੁਮਾਰ, ਜਗਨਦੀਪ ਸਿੰਘ, ਰਾਜੀਵ ਕੁਮਾਰ, ਅਮਨਦੀਪ ਸਿੰਘ, ਚੌਧਰੀ ਵਿਜੇਪਾਲ ਹਾਜ਼ਰ ਸਨ।

## ਕਾਤਰਾਂ

### ਭਾਕਿਯੂ ਨੇ ਚੰਡੀਗੜ੍ਹ ਧਰਨੇ ਦੀ ਵਿਉਂਤਬੰਦੀ ਉਲੀਕੀ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਅੱਜ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਜ਼ਿਲ੍ਹਾ ਸੰਗਰੂਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਘਨੌਰ ਦੀ ਪ੍ਰਧਾਨਗੀ ਹੇਠ ਸਥਾਨਕ ਰਾਮ ਬਾਗ ਵਿਖੇ ਹੋਈ, ਜਿਸ ਵਿੱਚ ਵੱਖ ਵੱਖ ਬਲਾਕਾਂ ਤੇ ਪਿੰਡਾਂ ਦੇ ਅਹੁਦੇਦਾਰ ਸ਼ਾਮਲ ਹੋਏ। ਇਸ ਮੀਟਿੰਗ ਵਿੱਚ 26,27,28 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਕੇਂਦਰ ਸਰਕਾਰ, ਰਾਜਪਾਲ ਤੇ ਪੰਜਾਬ ਸਰਕਾਰ ਖਿਲਾਫ਼ ਦਿੱਤੇ ਜਾ ਰਹੇ ਧਰਨੇ ਦੀ ਵਿਉਂਤਬੰਦੀ ਕਰਦਿਆਂ ਪਿੰਡਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਬੁਲਾਰਿਆਂ ਨੇ ਕਿਹਾ ਕਿ ਨਾ ਹੀ ਕੇਂਦਰ ਸਰਕਾਰ ਤੇ ਨਾ ਹੀ ਪੰਜਾਬ ਸਰਕਾਰ ਨੇ ਨੁਕਸਾਨੀਆਂ ਫ਼ਸਲਾਂ ਦਾ ਮੁਆਵਜ਼ਾ ਦਿੱਤਾ ਹੈ। ਉਨ੍ਹਾ ਕਿਹਾ ਕਿ ਇਸ ਧਰਨੇ ਵਿੱਚ ਐੱਮ. ਐੱਸ. ਪੀ. ਦੀ ਮੰਗ ਵੀ ਕੀਤੀ ਜਾਵੇਗੀ। ਝੋਨੇ ਦੀ ਚੱਲ ਰਹੀ ਸੁਸਤ ਰਫ਼ਤਾਰ ਨੂੰ ਤੇਜ਼ ਕਰਨ ਦੀ ਮੰਗ ਕਰਦਿਆਂ ਬੁਲਾਰਿਆਂ ਨੇ ਕਿਸਾਨਾਂ ਦੀ ਖੱਜਲ ਖੁਆਰੀ ਰੋਕਣ ਦੀ ਮੰਗ ਕੀਤੀ। ਇਸ ਮੌਕੇ ਸਤਵੰਤ ਸਿੰਘ ਢਢੋਗਲ, ਸਰਬਜੀਤ ਸਿੰਘ ਜਹਾਂਗੀਰ, ਮਹਿੰਦਰ ਸਿੰਘ ਸਲੇਮਪੁਰ, ਚਰਲਜੀਤ ਸਿੰਘ ਸਰਬਰਪੁਰ, ਕਿਰਪਾਲ ਸਿੰਘ ਪੁੰਨਾਵਾਲ, ਗੁਰਮੁੱਖ ਸਿੰਘ, ਬਰਿੰਦਰਪਾਲ ਸਿੰਘ ਬਰੜਵਾਲ, ਦੀਦਾਰ ਸਿੰਘ ਆਦਿ ਹਾਜ਼ਰ ਸਨ।

### ਸੰਤ ਜਸਵੀਰ ਸਿੰਘ ਖਾਲਸਾ ਦੇ ਜੀਵਨ ਬਾਰੇ ਕਿਤਾਬ ਛਾਪੀ ਜਾਵੇਗੀ : ਭਾਈ ਖਾਲਸਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਆਖਰੀ ਸਮੇਂ ਤੱਕ ਧਰਮ ਪ੍ਰਚਾਰ ਤੇ ਸਮਾਜ ਸੇਵਾ ਲਈ ਸਮਰਪਤ ਰਹੇ ਸੱਚਖੰਡ ਵਾਸੀ ਸੰਤ ਬਾਬਾ ਜਸਵੀਰ ਸਿੰਘ ਖਾਲਸਾ ਕਾਲਾਮਲ੍ਹਾ ਸਾਹਿਬ ਵਾਲਿਆਂ ਦੇ ਜੀਵਨ 'ਤੇ ਅਧਾਰਤ ਪੁਸਤਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਡਾ: ਪਰਮਜੀਤ ਸਿੰਘ ਸਰੋਆ ਵੱਲੋਂ ਲਿਖੀ ਜਾ ਰਹੀ ਹੈ, ਜਿਸ ਨੂੰ ਛੇਤੀ ਹੀ ਅੰਤਿਮ ਰੂਪ ਦਿੱਤਾ ਜਾਵੇਗਾ। ਇਹ ਜਾਣਕਾਰੀ ਸੰਤ ਬਾਬਾ ਜਸਵੀਰ ਸਿੰਘ ਖਾਲਸਾ ਦੇ ਚਰਨ ਸੇਵਕ ਰਹੇ ਭਾਈ ਆਗਿਆਪਾਲ ਸਿੰਘ ਖਾਲਸਾ ਨੇ ਗੱਲਬਾਤ ਦੌਰਾਨ ਦਿੱਤੀ। ਉਨ੍ਹਾ ਡਾ: ਸਰੋਆ ਵੱਲੋਂ ਕੀਤੇ ਜਾ ਰਹੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ ਸੰਗਤਾਂ ਨੂੰ ਸੰਤ ਜਸਵੀਰ ਸਿੰਘ ਖਾਲਸਾ ਦੇ ਜੀਵਨ ਨਾਲ ਸੰਬੰਧਤ ਕੋਈ ਵੀ ਅਹਿਮ ਜਾਣਕਾਰੀ ਹੋਵੇ ਤਾਂ ਉਨ੍ਹਾਂ ਨਾਲ ਸਾਂਝੀ ਕਰਨ ਦੀ ਅਪੀਲ ਕੀਤੀ। ਇਸ ਮੌਕੇ ਭਾਈ ਆਗਿਆਪਾਲ ਸਿੰਘ ਖਾਲਸਾ, ਬਾਬਾ ਧਰਮ ਸਿੰਘ, ਰਾਜਵਿੰਦਰ ਸਿੰਘ ਬਦੇਸ਼ੇ, ਸਮਸ਼ੇਰ ਸਿੰਘ ਬਦੇਸ਼ੇ ਆਦਿ ਦੀ ਅਗਵਾਈ ਹੇਠ ਸਕੱਤਰ ਡਾ: ਪਰਮਜੀਤ ਸਿੰਘ ਸਰੋਆ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

### 12 ਬੋਤਲਾਂ ਸ਼ਰਾਬ ਸਮੇਤ ਕਾਬੂ

**ਮੁਕਤਸਰ (ਸ਼ਮਿੰਦਰਪਾਲ/ਪੂਜਾ)**-ਸ੍ਰੀ ਮੁਕਤਸਰ ਸਾਹਿਬ ਪੁਲਸ ਨੇ ਬਾਹਰੀ ਰਾਜ ਤੋਂ ਲਿਆਂਦੀ 12 ਬੋਤਲਾਂ ਸ਼ਰਾਬ ਸਮੇਤ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਜਾਣਕਾਰੀ ਅਨੁਸਾਰ ਮੁਖਬਰ ਨੇ ਪੁਲਸ ਨੂੰ ਸੂਚਨਾ ਦਿੱਤੀ ਕਿ ਆਦਰਸ਼ ਨਗਰ ਗਲੀ ਨੰਬਰ 4 'ਚ ਇੱਕ ਵਿਅਕਤੀ ਬਾਹਰਲੇ ਰਾਜ ਤੋਂ ਸ਼ਰਾਬ ਲਿਆ ਕੇ ਘਰ 'ਚ ਵੇਚਦਾ ਹੈ। ਪੁਲਸ ਨੇ ਜਦੋਂ ਇਸ ਸੂਚਨਾ 'ਤੇ ਕਾਰਵਾਈ ਕਰਦਿਆਂ ਛਾਪਾ ਮਾਰਿਆ ਤਾਂ 12 ਬੋਤਲਾਂ ਸ਼ਰਾਬ ਸਮੇਤ ਈਬ ਖਾਨ ਪੁੱਤਰ ਰਸੀਦ ਖਾਨ ਨੂੰ ਗ੍ਰਿਫਤਾਰ ਕਰ ਲਿਆ। ਸ਼ਰਾਬ ਸਮੇਤ ਫੜੇ ਗਏ ਵਿਅਕਤੀ ਖਿਲਾਫ ਥਾਣਾ ਸਿਟੀ ਵਿਖੇ ਐਕਸਾਈਜ਼ ਐਕਟ ਅਧੀਨ ਕੇਸ ਦਰਜ ਕਰਦਿਆਂ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

### ਸ੍ਰੀ ਰਾਮ ਸੇਵਾ ਸੰਮਤੀ ਨੇ ਕੀਤੀ ਡੀ ਸੀ ਨਾਲ ਮੁਲਾਕਾਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸ੍ਰੀ ਰਾਮ ਸੇਵਾ ਸੰਮਤੀ ਵੱਲੋਂ ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਨਾਲ ਮੁਲਾਕਾਤ ਕੀਤੀ ਗਈ ਤੇ ਦੁਸਹਿਰਾ ਉਤਸਵ 'ਚ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਣ ਤੇ ਦੁਸਹਿਰਾ ਉਤਸਵ ਮਨਾਉਣ ਸਬੰਧੀ ਚਰਚਾ ਕੀਤੀ ਗਈ। ਇਹ ਜਾਣਕਾਰੀ ਦਿੰਦਿਆਂ ਸੰਜੀਵ ਖੇੜਾ ਨੇ ਦੱਸਿਆ ਕਿ ਦੁਸਹਿਰਾ ਕਮੇਟੀ ਵੱਲੋਂ ਦੁਸਹਿਰਾ ਉਤਸਵ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਰਮਨ ਗਿਰਧਰ, ਸੰਜੀਵ ਗਾਵੜੀ, ਸੰਜੀਵ ਗੁਪਤਾ, ਅਸ਼ਵਨੀ ਆਰੀਆ, ਅਸ਼ਵਨੀ ਗੁੰਬਰ, ਸੁਰਿੰਦਰ ਧਵਨ ਆਦਿ ਮੌਜੂਦ ਸਨ।

# ਬਰਾਸ ਵਿਖੇ ਡਾ. ਭੀਮ ਰਾਓ ਅੰਬੇਡਕਰ ਲਾਇਬ੍ਰੇਰੀ ਦੀ ਸਥਾਪਨਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਹਲਕਾ ਸ਼ੁਤਰਾਣਾ ਅਧੀਨ ਪੈਂਦੇ ਪਿੰਡ ਬਰਾਸ ਵਿਖੇ ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਦੇ ਨੌਜਵਾਨ ਸਾਥੀਆਂ ਵੱਲੋਂ ਪਿੰਡ ਵਿੱਚ ਗਰੀਬ ਵਿਦਿਆਰਥੀਆਂ ਲਈ ਡਾ. ਭੀਮ ਰਾਓ ਅੰਬੇਡਕਰ ਲਾਇਬ੍ਰੇਰੀ ਦੀ ਸਥਾਪਨਾ ਕੀਤੀ ਗਈ। ਲਾਇਬ੍ਰੇਰੀ ਦਾ ਦੌਰਾ ਕਰਨ ਪਹੁੰਚੇ ਹਲਕਾ ਸ਼ੁਤਰਾਣਾ ਦੇ ਨੌਜਵਾਨ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ ਨੇ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਪਬਲਿਕ ਲਾਇਬ੍ਰੇਰੀ ਐਂਡ ਇਨਫਰਮੇਸ਼ਨ ਸਰਵਿਸਜ਼ ਬਿੱਲ ਨੂੰ ਐਕਟ ਵਜੋਂ ਮਾਨਤਾ ਦੇ ਕੇ ਸੂਬੇ ਵਿੱਚ ਲਾਗੂ ਕਰੇ ਤਾਂ ਜੋ ਹਰ ਪਿੰਡ ਵਿੱਚ ਲਾਇਬ੍ਰੇਰੀਆਂ ਖੋਲ੍ਹੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਿੰਡਾਂ ਦੇ ਗਰੀਬ ਬੱਚਿਆਂ ਦਾ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਈ ਲਾਇਬ੍ਰੇਰੀਆਂ ਬਹੁਤ ਸਾਰਥਕ ਸਿੱਧ ਹੋ ਸਕਦੀਆਂ ਹਨ। ਪਿੰਡਾਂ ਵਿੱਚ ਬਹੁਤ ਸਾਰੇ ਗਰੀਬ ਵਰਗਾਂ ਦੇ ਵਿਦਿਆਰਥੀਆਂ ਸਹੀ ਦਿਸ਼ਾ ਤੇ ਕਿਤਾਬਾਂ ਦੀ ਘਾਟ ਕਾਰਨ ਆਪਣੀ ਮੰਜ਼ਲ 'ਤੇ ਨਹੀਂ ਪਹੁੰਚ ਪਾਉਂਦੇ। ਉਨ੍ਹਾਂ ਕਿਹਾ ਕਿ ਹਲਕਾ ਸ਼ੁਤਰਾਣਾ ਅੰਦਰ ਅਸੀਂ ਗਰੀਬ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਹਾਸਲ ਕਰਨ ਲਈ ਲਗਾਤਾਰ ਜਾਗਰੂਕ ਕਰ ਰਹੇ ਹਾਂ ਅਤੇ ਪੜ੍ਹੇ ਲਿਖੇ ਨੌਜਵਾਨਾਂ ਨੂੰ ਆਪਣੇ ਪੱਧਰ 'ਤੇ ਅਜਿਹੀਆਂ ਲਾਇਬ੍ਰੇਰੀਆਂ ਖੋਲ੍ਹਣ ਲਈ ਪ੍ਰੇਰਿਤ ਕਰ ਰਹੇ ਹਾਂ। ਇਸ ਮੌਕੇ ਹਲਕੇ ਦੇ ਲੋਕ ਆਗੂ ਡਾ. ਜਤਿੰਦਰ ਸਿੰਘ ਮੱਟੂ ਨੇ ਲਾਇਬ੍ਰੇਰੀ ਲਈ ਪੰਜਾਬ ਦੇ ਇਤਿਹਾਸ ਤੇ ਭਖਦੇ ਮਸਲਿਆਂ ਨਾਲ ਸਬੰਧਤ ਕਿਤਾਬਾਂ ਵੀ ਵਿਦਿਆਰਥੀਆਂ ਲਈ ਦਿੱਤੀਆਂ। ਇਸ ਮੌਕੇ ਪ੍ਰਭੂ ਸਿੰਘ, ਨਿਰਭੈ ਸਿੰਘ, ਮਨਪ੍ਰੀਤ ਸਿੰਘ ਹਾਮਝੜੀ, ਸਤਨਾਮ ਸਿੰਘ, ਖੁਸ਼ੀ ਸ਼ੇਰਗੜ੍ਹ, ਸਤਿਗੁਰੂ ਸਿੰਘ, ਸੁਖਦੇਵ ਸਿੰਘ, ਚਰਨਜੀਤ ਸਿੰਘ, ਗੁਰਲਾਲ ਬਰਾਸ, ਗੁਰਦਾਸ ਸਿੰਘ, ਲਖਵਿੰਦਰ ਸਿੰਘ, ਗੁਰਵਿੰਦਰ ਸਿੰਘ, ਬਲਜੀਤ ਕਾਹਨਗੜ੍ਹ ਆਦਿ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਪੰਚਾਇਤ ਮੈਂਬਰ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

### ਪਾਰਟੀ 'ਚ ਬਣਦਾ ਮਾਨ ਸਨਮਾਨ ਦਿੱਤਾ ਜਾਵੇਗਾ : ਡਾ. ਅਰੋੜਾ



**ਮੋਗਾ (ਅਮਰਜੀਤ ਬੱਬਰੀ)**-ਪਿੰਡ ਨਾਹਲ ਖੋਟੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਮੌਜੂਦਾ ਪੰਚਾਇਤ ਮੈਂਬਰ ਹਰਜਿੰਦਰ ਸਿੰਘ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ, ਜਿਨ੍ਹਾਂ ਨੂੰ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ ਨੇ ਪਾਰਟੀ ਦਾ ਸਿਰੋਪਾ ਪਾ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਲੰਟੀਅਰ ਤੇ ਪਿੰਡ ਵਾਸੀ ਹਾਜ਼ਰ ਸਨ। ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਬਣਦਾ ਮਾਨ ਸਨਮਾਨ ਦਿੱਤਾ ਜਾਵੇਗਾ। ?ਇਸ ਮੌਕੇ ਪੰਚਾਇਤ ਮੈਂਬਰ ਹਰਜਿੰਦਰ ਸਿੰਘ ਨੇ ਕਿਹਾ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਪਾਟਰੀ ਦੇ ਹੁਕਮਾਂ ਦੀ ਇੰਨ ਬਿੰਨ ਪਾਲਣਾ ਕਰਨਗੇ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਇਆ ਜਾਵੇਗਾ।

# ਅਮਨ ਅਰੋੜਾ ਵੱਲੋਂ ਪੰਜਾਬ ਨੂੰ ਖੇਡਾਂ 'ਚ ਦੇਸ਼ ਦਾ ਨੰਬਰ ਇੱਕ ਸੂਬਾ ਬਣਾਉਣ ਦਾ ਸੱਦਾ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਦੇਸ਼ ਦਾ ਨੰਬਰ ਇੱਕ ਸੂਬਾ ਬਣਾਉਣ ਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਤ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਰੰਭੀ ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆਉਣ ਲੱਗ ਪਏ ਹਨ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੁਨਾਮ ਸ਼ਹਿਰ ਦੀ ਗੁਰੂ ਹਰਿਗੋਬਿੰਦ ਸਾਹਿਬ ਧਰਮਸ਼ਾਲਾ ਵਿੱਚ ਚੱਲ ਰਹੇ ਰਾਜ ਪੱਧਰੀ ਵੇਟ ਲਿਫਟਿੰਗ ਮੁਕਾਬਲਿਆਂ ਦੇ ਅੰਤਿਮ ਦਿਨ ਖਿਡਾਰੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਕੀਤਾ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਪੰਜਾਬ ਦੇ ਪਿੰਡਾਂ ਤੇ ਸ਼ਹਿਰਾਂ ਵਿੱਚੋਂ ਪ੍ਰਤਿਭਾਸ਼ਾਲੀ ਖਿਡਾਰੀਆਂ ਦਾ ਹੁਨਰ ਸਭ ਦੇ ਸਾਹਮਣੇ ਆਇਆ ਹੈ ਅਤੇ ਹਾਲ ਹੀ ਵਿੱਚ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀ ਗਈ ਨਵੀਂ ਖੇਡ ਨੀਤੀ ਭਵਿੱਖ ਵਿੱਚ ਇਨ੍ਹਾਂ ਖੇਡ ਹੀਰਿਆਂ ਲਈ ਲਾਹੇਵੰਦ ਸਾਬਿਤ ਹੋਵੇਗੀ। ਇਸ ਮੌਕੇ ਜ਼ਿਲ੍ਹਾ ਖੇਡ ਅਫਸਰ ਨਵਦੀਪ ਸਿੰਘ ਵੱਲੋਂ ਖੇਡ ਵਿਭਾਗ ਦੀ ਤਰਫੋਂ ਕੈਬਨਿਟ ਮੰਤਰੀ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਦੌਰਾਨ ਮਾਰਕਿਟ ਕਮੇਟੀ ਦੇ ਚੇਅਰਮੈਨ ਮੁਕੇਸ਼ ਜੁਨੇਜਾ, ਹਰਮੀਤ ਵਿਰਕ, ਸਾਹਿਬ ਸਿੰਘ, ਐੱਮ ਸੀ ਹਰਪਾਲ ਹਾਂਡਾ, ਮਨਪ੍ਰੀਤ ਬਾਂਸਲ, ਖੇਡ ਵਿਭਾਗ ਦੇ ਮੁੱਖ ਦਫਤਰ ਤੋਂ ਮਨਿੰਦਰ ਸਿੰਘ ਦੇ ਨਾਲ ਰਾਜਵੀਰ ਸਿੰਘ, ਜਸਪਾਲ ਸਿੰਘ ਵੇਟ ਲਿਫਟਿੰਗ ਕੋਚ, ਗੁਰਪ੍ਰੀਤ ਸਿੰਘ ਹਾਕੀ ਕੋਚ, ਸਚਿਨ ਸ਼ਰਮਾ ਵੇਟ ਲਿਫਟਿੰਗ ਕੋਚ ਹਾਜ਼ਰ ਸਨ।

# ਖੇਡਾਂ ਦੀ ਪ੍ਰਤਿਭਾ ਸਮੇਂ ਦਾ ਹਾਣੀ ਬਣਨ 'ਚ ਸਹਾਇਕ : ਰਿਸ਼ਵ ਸਿੰਗਲਾ

### ਸਕੂਲ ਪੱਧਰੀ ਖੇਡਾਂ 'ਚ ਸਿਲਵਰ ਵਾਟਿਕਾ ਸਕੂਲ ਸਮਾਓਂ ਦਾ ਸ਼ਾਨਦਾਰ ਪ੍ਰਦਰਸ਼ਨ

**ਭੀਖੀ (ਧਰਮਵੀਰ ਸ਼ਰਮਾ)**-67ਵੀਆਂ ਸਕੂਲ ਪੱਧਰੀ ਖੇਡਾਂ ਵਿੱਚ ਸਿਲਵਰ ਵਾਟਿਕਾ ਸਕੂਲ ਸਮਾਓਂ ਦੇ ਚੇਅਰਮੈਨ ਰਿਸ਼ਵ ਸਿੰਗਲਾ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਨੇ ਜ਼ਬਰਦਸਤ ਪ੍ਰਦਰਸ਼ਨ ਕਰਦਿਆਂ ਵਰਗ ਅੰਡਰ-11 ਦੇ ਰੱਸਾਕਸ਼ੀ ਮੁਕਾਬਲੇ ਵਿੱਚ ਮੁੰਡਿਆਂ ਨੇ ਸੋਨ ਤਮਗਾ ਤੇ ਰਿਲੇਅ ਰੇਸ ਵਿੱਚ ਸੋਨ ਤਮਗਾ ਜਿੱਤਿਆ। ਸ਼ਾਟਪੁੱਟ 66 ਫੁੱਟ ਵਰਗ ਅੰਡਰ-11 ਵਿੱਚ ਹਰਬੰਸ ਸਿੰਘ ਨੇ ਸੋਨ ਤਮਗਾ ਤੇ ਮੁਹੰਮਦ ਅਲੀ ਨੇ ਕਾਂਸੇ ਦਾ ਤਮਗਾ ਜਿੱਤ ਕੇ ਜ਼ਿਲ੍ਹਾ ਪੱਧਰੀ ਖੇਡਾਂ ਲਈ ਆਪਣਾ ਸਥਾਨ ਬਣਾ ਲਿਆ ਹੈ ਅਤੇ ਵਰਗ ਅੰਡਰ-11 ਦੇ ਰੀਲੇਅ ਰੇਸ ਵਿੱਚ ਮੁੰਡਿਆਂ ਨੇ ਸੋਨ ਤਮਗਾ ਜਿੱਤਿਆ। ਉਥੇ ਹੀ ਕੁੜੀਆਂ ਵੱਲੋਂ ਵਰਗ ਅੰਡਰ ਲੈਵਲ ਦੇ ਸ਼ਾਟਪੁੱਟ ਮੁਕਾਬਲੇ 'ਚ ਤਨਵੀਰ ਕੌਰ ਨੇ ਸੋਨ ਤਮਗਾ, ਹੁਸਨਪ੍ਰੀਤ ਕੌਰ ਨੇ ਚਾਂਦੀ ਦਾ ਤਮਗਾ ਤੇ 400 ਮੀਟਰ ਦੌੜ 'ਚ ਸੀਰਤ ਕੌਰ, 600 ਮੀਟਰ ਦੌੜ 'ਚ ਮਨਰੀਤ ਕੌਰ ਨੇ ਸੋਨ ਤਮਗਾ ਜਿੱਤ ਕੇ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਆਪਣਾ ਸਥਾਨ ਬਣਾਇਆ। ਵਰਗ ਅੰਡਰ-17 ਵਿੱਚ ਰਿਲੇਅ ਰੇਸ 'ਚ ਭਵਨਪ੍ਰੀਤ ਕੌਰ, ਪਵਨਦੀਪ ਕੌਰ, ਗੁਰਵਿੰਦਰ ਕੌਰ ਤੇ ਕੋਮਲਪ੍ਰੀਤ ਕੌਰ ਨੇ ਸੋਨ ਤਮਗਾ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਵਰਗ ਅੰਡਰ-19 ਦੇ ਲੰਬੀ ਛਾਲ 'ਚ ਅਰਸ਼ਦੀਪ ਕੌਰ ਨੇ ਕਾਂਸੇ ਤਮਗਾ, ਵੀਰਪਾਲ ਕੌਰ ਨੇ 100 ਮੀਟਰ ਰੇਸ ਵਿੱਚ ਕਾਂਸੀ ਤਮਗਾ, ਅੰਡਰ-19 ਵਰਗ 'ਚ ਸੁਖਵਿੰਦਰ ਸਿੰਘ ਨੇ 200 ਮੀਟਰ ਰੇਸ ਤੇ ਹਰਡਲ 'ਚ ਚਾਂਦੀ ਦਾ ਤਮਗਾ ਜਿੱਤਿਆ। ਸਨਪ੍ਰੀਤ ਸਿੰਘ ਨੇ ਸ਼ਾਟਪੁੱਟ ਤੇ ਡਿਸਕਸ ਥਰੋਅ 'ਚ ਸੋਨ ਤਮਗਾ ਜਿੱਤ ਕੇ ਸਕੂਲ ਦਾ ਮਾਣ ਵਧਾਇਆ। ਅੰਡਰ-17 ਵਰਗ ਦੇ ਰਸ਼ਵੀਰ ਸਿੰਘ ਨੇ ਸ਼ਾਟਪੁੱਟ 'ਚ ਕਾਂਸੀ, ਸ਼ਮਸੇਰ ਸਿੰਘ ਨੇ ਉੱਚੀ ਛਾਲ 'ਚ ਚਾਂਦੀ ਤੇ ਹਰਡਲ 'ਚ ਕਾਂਸੀ ਦਾ ਤਮਗਾ ਜਿੱਤਿਆ। ਅੰਡਰ-14 ਵਰਗ ਦੇ ਮੁੰਡੇ ਪ੍ਰਭਜੋਤ ਸਿੰਘ, ਗੋਬਿੰਦ ਸਿੰਘ, ਨਵਦੀਪ ਸਿੰਘ, ਜਸਕਰਨ ਸਿੰਘ ਨੇ ਰਿਲੇਅ ਰੇਸ 'ਚ ਚਾਂਦੀ ਦਾ ਤਮਗਾ ਜਿੱਤਿਆ। ਅੰਡਰ-14 ਵਰਗ ਦੇ ਗੋਬਿੰਦ ਸਿੰਘ ਨੇ ਹਰਡਲ 'ਚ ਚਾਂਦੀ ਦਾ ਤਮਗਾ ਤੇ 100 ਮੀਟਰ ਰੇਸ 'ਚ ਕਾਂਸੀ ਦਾ ਤਮਗਾ ਜਿੱਤਿਆ। ਅੰਡਰ-17 ਵਰਗ ਦੇ ਹਰਮਨਪ੍ਰੀਤ ਸਿੰਘ ਨੇ ਸ਼ਾਟਪੁੱਟ ਵਿੱਚ ਸੋਨ ਤਮਗਾ, ਅੰਡਰ-19 ਵਰਗ ਦੇ ਮੁੰਡੇ ਸੁਖਵਿੰਦਰ ਸਿੰਘ, ਗੁਰਵਿੰਦਰ ਸਿੰਘ, ਪ੍ਰਦੀਪ ਸਿੰਘ ਨੇ ਰਿਲੇਅ ਰੇਸ 'ਚ ਕਾਂਸੀ ਤਮਗਾ ਜਿੱਤਿਆ ਤੇ ਗੁਰਵਿੰਦਰ ਸਿੰਘ ਨੇ 200 ਮੀਟਰ ਰੇਸ 'ਚ ਕਾਂਸੀ ਦਾ ਤਮਗਾ ਜਿੱਤਿਆ। ਅੰਡਰ-19 ਵਰਗ 'ਚ ਅਰਸ਼ਦੀਪ ਕੌਰ ਨੇ 100 ਮੀਟਰ ਰੇਸ 'ਚ ਸੋਨ ਤਮਗਾ ਜਿੱਤ ਕੇ ਜ਼ਿਲ੍ਹਾ ਪੱਧਰੀ ਖੇਡਾਂ ਲਈ ਆਪਣਾ ਸਥਾਨ ਪੱਕਾ ਕੀਤਾ।

ਇਸ ਮੌਕੇ ਚੇਅਰਮੈਨ ਰਿਸ਼ਵ ਸਿੰਗਲਾ ਨੇ ਬੱਚਿਆਂ ਨੂੰ ਮੈਡਲ ਪਾ ਕੇ ਸਨਮਾਨਤ ਕੀਤਾ। ਉਨ੍ਹਾ ਕਿਹਾ ਕਿ ਬੱਚਿਆਂ ਵੱਲੋਂ ਖੇਡਾਂ ਵਿੱਚ ਦਿਖਾਈ ਪ੍ਰਤਿਭਾ ਉਨ੍ਹਾਂ ਲਈ ਭਵਿੱਖ ਵਿੱਚ ਸਮੇਂ ਦੇ ਹਾਣੀ ਬਨਣ ਵਿੱਚ ਸਹਾਇਕ ਸਿੱਧ ਹੋਵੇਗੀ। ਪ੍ਰਿੰਸੀਪਲ ਕਿਰਨ ਰਤਨ ਨੇ ਕਿਹਾ ਕਿ ਬੱਚਿਆਂ ਦਾ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਭਾਗ ਲੈਣਾ ਇੱਕ ਚੰਗਾ ਕਦਮ ਹੈ ਤੇ ਖੇਡਾਂ ਵਿੱਚ ਸਥਾਨ ਹਾਸਲ ਕਰਨਾ ਉਨ੍ਹਾਂ ਲਈ ਰਾਹ ਦਸੇਰਾ ਹੈ। ਇਸ ਮੌਕੇ ਨਮਨ ਸਿੰਗਲਾ ਤੋਂ ਇਲਾਵਾ ਹਰਿੰਦਰ ਸਿੰਘ, ਅਰਸ਼ਦੀਪ ਸਿੰਘ, ਨਵਜੋਤ ਸਿੰਘ, ਬੱਗਾ ਸਿੰਘ ਤੇ ਸਮੂਹ ਸਟਾਫ ਮੌਜੂਦ ਸੀ।

# ਸੇਫ ਸਕੂਲ ਵਾਹਨ ਪਾਲਿਸੀ ਅਧੀਨ ਸਕੂਲੀ ਬੱਸਾਂ ਦੀ ਚੈਕਿੰਗ




**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਸਕੂਲੀ ਬੱਚਿਆਂ ਨੂੰ ਸੁਰੱਖਿਅਤ ਸਫਰ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਡਿਪਟੀ ਕਮਿਸ਼ਨਰ ਸ਼੍ਰੀਮਤੀ ਪਰਨੀਤ ਸ਼ੇਰਗਿੱਲ ਵੱਲੋਂ ਗਠਿਤ ਕੀਤੀ ਗਈ ਜ਼ਿਲ੍ਹਾ ਪੱਧਰੀ ਸੇਫ ਸਕੂਲ ਵਾਹਨ ਕਮੇਟੀ ਵੱਲੋਂ ਸਕੂਲੀ ਬੱਸਾਂ ਦੀ ਚੈਕਿੰਗ ਕੀਤੀ ਗਈ ਤੇ ਪਾਲਿਸੀ ਦੀ ਉਲੰਘਣਾ ਕਰਨ ਵਾਲੀਆਂ 2 ਸਕੂਲੀ ਬੱਸਾਂ ਦੇ ਚਲਾਨ ਕੀਤੇ ਗਏ ਅਤੇ 18 ਸਾਲ ਤੋਂ ਘੱਟ ਉਮਰ ਦੇ ਸਕੂਲੀ ਬੱਚਿਆਂ ਵੱਲੋਂ ਬੁਲਿਟ 'ਤੇ ਪਟਾਕੇ ਪਾਉਣ ਦਾ ਗੰਭੀਰ ਨੋਟਿਸ ਲੈਂਦਿਆਂ ਟ੍ਰੈਫਿਕ ਇੰਚਾਰਜ ਕਪਿਲ ਸ਼ਰਮਾ ਨੇ ਚਲਾਨ ਵੀ ਕੀਤੇ। ਇਸ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਹਰਭਜਨ ਸਿੰਘ ਮਹਿਮੀ ਨੇ ਕਿਹਾ ਕਿ ਸੜਕ ਸੁਰੱਖਿਆ ਅੱਜ ਸਭ ਤੋਂ ਅਹਿਮ ਵਿਸ਼ਾ ਬਣਿਆ ਹੋਇਆ ਹੈ, ਕਿਉਂਕਿ ਸੜਕ ਦੁਰਘਟਨਾਵਾਂ ਨਾਲ ਹੋਣ ਵਾਲੀਆਂ ਮੌਤਾਂ ਵਿੱਚ ਲਗਾਤਾਰ ਵਾਧਾ ਹੁੰਦਾ ਜਾ ਰਿਹਾ ਹੈ, ਜੋ ਕਿ ਬਹੁਤ ਅਫਸੋਸਨਾਕ ਹੈ।

ਉਨ੍ਹਾ ਕਿਹਾ ਕਿ ਬਾਲ ਸੁਰੱਖਿਆ ਨੂੰ ਧਿਆਨ 'ਚ ਰੱਖਦੇ ਹੋਏ ਇਹ ਬਹੁਤ ਜ਼ਰੂਰੀ ਹੋ ਜਾਂਦਾ ਹੈ ਕਿ ਬੱਚਿਆਂ ਦੇ ਮਾਪੇ ਉਨ੍ਹਾਂ ਨੂੰ ਛੋਟੀ ਉਮਰ 'ਚ ਵਾਹਨ ਚਲਾਉਣ ਦੀ ਆਗਿਆ ਨਾ ਦੇਣ ਤੇ ਜਿਹੜੀਆਂ ਸਕੂਲੀ ਬੱਸਾਂ 'ਚ ਬੱਚੇ ਸਫਰ ਕਰ ਰਹੇ ਹਨ, ਉਹ ਸੇਫ ਸਕੂਲ ਵਾਹਨ ਪਾਲਿਸੀ ਮੁਤਾਬਿਕ ਨਿਯਮਾਂ ਨੂੰ ਪੂਰਾ ਕਰਦੀਆਂ ਹੋਣ। ਇਸ ਮੌਕੇ ਏ.ਐੱਸ.ਆਈ. ਟ੍ਰੈਫਿਕ ਪੁਲਸ ਇੰਚਾਰਜ ਕਪਿਲ ਸ਼ਰਮਾ, ਵਰਿੰਦਰ ਸਿੰਘ ਪੁਲਸ ਵਿਭਾਗ, ਵਿਕਰਮ ਮਾਨਸੀ ਸਿੱਖਿਆ ਵਿਭਾਗ, ਹਰਪ੍ਰੀਤ ਕੌਰ ਸੁਰੱਖਿਆ ਅਫਸਰ (ਆਈ ਸੀ), ਅਨਿਲ ਕੁਮਾਰ ਕਾਊਂਸਲਰ ਤੇ ਹਰਿੰਦਰ ਸਿੰਘ ਅਕਾਊਂਟੈਂਟ ਮੌਜੂਦ ਸਨ।

# ਲਿਬਰੇਸ਼ਨ ਵੱਲੋਂ ਸ਼ਹੀਦ ਅਗਨੀਵੀਰ ਨੂੰ ਸੈਨਿਕ ਸਨਮਾਨ ਨਾ ਦੇਣ ਦੀ ਆਲੋਚਨਾ

### ਪਰਵਾਰ ਨੂੰ ਇੱਕ ਕਰੋੜ ਰੁਪਏ ਆਰਥਿਕ ਸਹਾਇਤਾ ਤੇ ਪੈਨਸ਼ਨ ਦੇਣ ਦੀ ਮੰਗ

**ਮਾਨਸਾ, (ਆਤਮ ਸਿੰਘ ਪਮਾਰ)**-ਅਗਨੀਵੀਰ ਸਕੀਮ ਤਹਿਤ ਫੌਜ 'ਚ ਭਰਤੀ ਹੋਏ ਪਿੰਡ ਕੋਟਲੀ ਕਲਾਂ ਦੇ ਨੌਜਵਾਨ ਅੰਮ੍ਰਿਤਪਾਲ ਸਿੰਘ ਦੇ ਜੰਮੂ ਕਸ਼ਮੀਰ ਵਿੱਚ ਸ਼ਹੀਦ ਹੋ ਜਾਣ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸੀਪੀਆਈ (ਐੱਮ ਐੱਲ) ਲਿਬਰੇਸ਼ਨ ਨੇ ਕਿਹਾ ਕਿ ਇਸ ਸ਼ਹੀਦ ਸੈਨਿਕ ਨੂੰ ਫੌਜ ਵੱਲੋਂ ਅੰਤਮ ਸੰਸਕਾਰ ਮੌਕੇ ਸਲਾਮੀ ਤੱਕ ਨਾ ਦੇਣ ਤੋਂ ਅਗਨੀਵੀਰ ਸੈਨਿਕਾਂ ਪ੍ਰਤੀ ਕੇਂਦਰ ਸਰਕਾਰ ਦਾ ਮਤਰੇਈ ਮਾਂ ਵਾਲਾ ਰਵੱਈਆ ਜੱਗ ਜ਼ਾਹਰ ਹੋ ਗਿਆ ਹੈ। ਪਾਰਟੀ ਬੁਲਾਰੇ ਵੱਲੋਂ ਇਥੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਕਿ ਇਸ ਸਕੀਮ ਤਹਿਤ ਸਿਰਫ ਚਾਰ ਸਾਲ ਲਈ ਬਗੈਰ ਪੈਨਸ਼ਨ ਤੇ ਫੌਜੀਆਂ ਨੂੰ ਮਿਲਦੀਆਂ ਹੋਰ ਸਹੂਲਤਾਂ ਦੇ ਥੋੜ੍ਹੀ ਜਿਹੀ ਉੱਕੀ-ਪੁੱਕੀ ਤਨਖਾਹ 'ਤੇ ਭਰਤੀ ਦੀਆਂ ਸ਼ਰਤਾਂ ਤੋਂ ਹੀ ਜ਼ਾਹਰ ਸੀ ਕਿ ਮੋਦੀ ਸਰਕਾਰ ਦੇਸ਼ ਦੇ ਨੌਜਵਾਨਾਂ ਨੂੰ 'ਭਾੜੇ ਦੇ ਫੌਜੀਆਂ' ਵਜੋਂ ਵਰਤੇਗੀ।

ਹੁਣ ਦਸੰਬਰ 2022 ਵਿੱਚ ਭਰਤੀ ਹੋਏ ਮਾਪਿਆਂ ਦੇ ਇਸ ਨੌਜਵਾਨ ਇਕਲੌਤੇ ਪੁੱਤ ਦੇ ਸ਼ਹੀਦ ਹੋ ਜਾਣ 'ਤੇ ਜਿਵੇਂ ਸਰਕਾਰ ਨੇ ਸਿਰਫ ਉਸ ਦੀ ਲਾਸ਼ ਨੂੰ ਘਰ ਪਹੁੰਚਾਉਣ ਨਾਲ ਹੀ ਅਪਣਾ ਫਰਜ਼ ਪੂਰਾ ਹੋਇਆ ਮੰਨ ਲਿਆ, ਤੋਂ ਜ਼ਾਹਰ ਹੈ ਕਿ ਇਸ ਸਕੀਮ ਬਾਰੇ ਦੇਸ਼ ਦੀ ਜਨਤਾ ਦੇ ਮਨਾਂ ਵਿੱਚ ਜੋ ਖਦਸ਼ੇ ਸਨ, ਉਨ੍ਹਾਂ ਦੀ ਬਕਾਇਦਾ ਤੌਰ 'ਤੇ ਪੁਸ਼ਟੀ ਹੋ ਗਈ ਹੈ। ਬਿਆਨ ਵਿੱਚ ਪਾਰਟੀ ਨੇ ਫੌਜ ਤੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਸ਼ਹੀਦ ਅੰਮ੍ਰਿਤਪਾਲ ਸਿੰਘ ਦੇ ਪਰਵਾਰ ਨੂੰ ਦੇਸ਼ ਲਈ ਜਾਨ ਦੇਣ ਵਾਲੇ ਹੋਰਨਾਂ ਸੈਨਿਕਾਂ ਵਾਂਗ ਸੈਨਿਕ ਸਨਮਾਨ, ਇੱਕ ਕਰੋੜ ਰੁਪਏ ਆਰਥਿਕ ਮਦਦ, ਫੈਮਲੀ ਪੈਨਸ਼ਨ ਤੇ ਬਾਕੀ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਜਾਣ।

# ਜ਼ੋਨ ਪੱਧਰੀ ਐਥਲੈਟਿਕਸ ਮੁਕਾਬਲਿਆਂ 'ਚ ਤਾਜ ਪਬਲਿਕ ਸਕੂਲ ਮੋਹਰੀ



**ਕੋਟਕਪੂਰਾ (ਰਛਪਾਲ ਭੁੱਲਰ)**
ਤਾਜ ਪਬਲਿਕ ਸਕੂਲ ਜੰਡ ਸਾਹਿਬ ਦੇ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਖੇਡਾਂ 'ਚ ਵਿਸ਼ੇਸ਼ ਸਥਾਨ ਬਣਾ ਰਹੇ ਹਨ। ਜ਼ੋਨ ਪੱਧਰੀ ਐਥਲੈਟਿਕਸ ਮੁਕਾਬਲਿਆਂ 'ਚ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਮੁਕਾਬਲਿਆਂ 'ਚ 47 ਤਮਗੇ ਪ੍ਰਾਪਤ ਕੀਤੇ, ਜਿਸ 'ਚ ਲੜਕੀਆਂ ਦੇ ਵਰਗ 'ਚ ਜੈਵਲਿਨ ਮੁਕਾਬਲਿਆਂ 'ਚ ਚੈਰੀ ਸੇਖੋਂ (ਅੰਡਰ-19) ਨੇ ਪਹਿਲਾ, ਮਨਰੂਪ ਕੌਰ ਸਿੱਧੂ (ਅੰਡਰ-17) ਪਹਿਲਾ, ਰੌਬਿਨਪ੍ਰੀਤ ਸਿੰਘ (ਅੰਡਰ-17) ਪਹਿਲਾ, (ਅੰਡਰ-19) ਲੜਕੀਆਂ 'ਚ 800 ਮੀਟਰ ਤੇ 400 ਮੀਟਰ ਦੌੜ 'ਚ ਖੁਸ਼ਵਿੰਦਰ ਕੌਰ ਨੇ ਪਹਿਲਾ, (ਅੰਡਰ-19) ਲੜਕਿਆਂ 'ਚ 800 ਮੀਟਰ ਦੌੜ 'ਚ ਦਿਲਜੀਤ ਸਿੰਘ ਨੇ ਪਹਿਲਾ, ਅਰਪਨਦੀਪ ਸਿੰਘ (ਅੰਡਰ-17) ਨੇ 400 ਮੀਟਰ ਦੌੜ 'ਚ ਪਹਿਲਾ, ਰੌਬਿਨਪ੍ਰੀਤ ਸਿੰਘ (ਅੰਡਰ-17) ਨੇ ਹਰਡਲ ਦੌੜ 110 ਮੀਟਰ 'ਚ ਪਹਿਲਾ, ਹਰਮਨਦੀਪ ਸਿੰਘ (ਅੰਡਰ-17) ਨੇ 400 ਮੀਟਰ ਹਰਡਲ ਦੌੜ 'ਚ ਪਹਿਲਾ, ਹਰਨੂਰ ਸਿੰਘ ਨੇ 200 ਮੀਟਰ ਦੌੜ 'ਚ ਪਹਿਲਾ, 1600 ਮੀਟਰ ਰਿਲੇਅ ਦੌੜ (ਅੰਡਰ-19) ਲੜਕਿਆਂ 'ਚ ਦਿਲਜੀਤ ਸਿੰਘ, ਗੁਰਕੀਰਤ ਸਿੰਘ, ਅਰਮਾਨਪ੍ਰੀਤ ਸਿੰਘ, ਗੁਰਮਨ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ 29 ਖਿਡਾਰੀਆਂ ਨੇ ਦੂਜਾ ਤੇ 5 ਖਿਡਾਰੀਆਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਖਿਡਾਰੀਆਂ ਦੇ ਸਕੂਲ ਪਹੁੰਚਣ 'ਤੇ ਚੇਅਰਮੈਨ ਹਰਪ੍ਰੀਤ ਸਿੰਘ ਸੰਧੂ, ਜਗਮੀਤ ਸਿੰਘ ਸੰਧੂ, ਚੇਅਰਪਰਸਨ ਮੈਡਮ ਰਮਨਦੀਪ ਕੌਰ ਸੰਧੂ, ਮੈਡਮ ਸ਼ਮਨਪ੍ਰੀਤ ਕੌਰ ਸੰਧੂ ਤੇ ਪ੍ਰਿੰਸੀਪਲ ਡਾ. ਰਜਿੰਦਰ ਕਸ਼ਯਪ ਨੇ ਸਨਮਾਨਤ ਕਰਨ ਉਪਰੰਤ ਜੇਤੂ ਖਿਡਾਰੀਆਂ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਬੱਚਿਆਂ ਨੂੰ ਭਵਿੱਖ 'ਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕ੍ਰਿਕਟ ਕੋਚ ਪ੍ਰਦੀਪ ਕੁਮਾਰ, ਫੁੱਟਬਾਲ ਕੋਚ ਕਰਨਵੀਰ ਸਿੰਘ, ਐਥਲੈਟਿਕ ਕੋਚ ਹਰਕੀਰਤ ਸਿੰਘ ਸਮੇਤ ਸਕੂਲ ਦਾ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਜੱਜ ਬਣੀਆਂ ਧੀਆਂ ਦਾ ਭਾਰਤੀਯ ਅੰਬੇਡਕਰ ਮਿਸ਼ਨ ਕਰੇਗਾ ਸਨਮਾਨ : ਕਾਂਗੜਾ

**ਸੰਗਰੂਰ (ਪ੍ਰਵੀਨ ਸਿੰਘ)**-ਪਿਛਲੇ ਦਿਨੀਂ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਵੱਲੋਂ ਐਲਾਨੇ ਪੀ ਸੀ ਐੱਸ (ਜੁਡੀਸ਼ਲ) ਦੇ ਨਤੀਜਿਆਂ 'ਚ ਵੱਡੀ ਗਿਣਤੀ ਕੁੜੀਆਂ ਨੇ ਝੰਡੇ ਗੱਡ ਦਿੱਤੇ ਹਨ। ਇਸ ਦੌਰਾਨ ਜੱਜ ਬਣਨ ਵਾਲੀਆਂ ਸਾਰੀਆਂ ਧੀਆਂ ਦਾ ਭਾਰਤੀਯ ਅੰਬੇਡਕਰ ਮਿਸ਼ਨ ਦੀ ਟੀਮ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਇਸ ਸਬੰਧੀ ਮਿਸ਼ਨ ਦੇ ਮੁੱਖ ਦਫਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਦਰਸ਼ਨ ਸਿੰਘ ਕਾਂਗੜਾ ਕੌਮੀ ਪ੍ਰਧਾਨ ਭਾਰਤੀਯ ਅੰਬੇਡਕਰ ਮਿਸ਼ਨ ਨੇ ਕਿਹਾ ਕਿ ਧੀਆਂ ਦਾ ਵੱਡੀ ਗਿਣਤੀ ਜੱਜ ਬਣਨਾ ਖਾਸ ਕਰਕੇ ਗਰੀਬ ਤੇ ਆਮ ਘਰਾਂ ਦੀਆਂ ਕੁੜੀਆਂ ਦਾ ਇਹ ਮੁਕਾਮ ਹਾਸਲ ਕਰਨਾ, ਜਿੱਥੇ ਸਮਾਜ ਲਈ ਮਾਣ ਵਾਲੀ ਗੱਲ ਹੈ, ਉੱਥੇ ਹੀ ਲੜਕਾ-ਲੜਕੀ 'ਚ ਅੰਤਰ ਸਮਝਣ ਵਾਲੇ ਤੇ ਧੀਆਂ ਨੂੰ ਬੋਝ ਸਮਝਣ ਵਾਲੇ ਉਨ੍ਹਾਂ ਲੋਕਾਂ ਦੇ ਮੂੰਹ 'ਤੇ ਜ਼ੋਰਦਾਰ ਤਮਾਚਾ ਹੈ। ਜੱਜ ਬਣੀਆਂ ਸਾਰੀਆਂ ਧੀਆਂ ਤੇ ਉਨ੍ਹਾਂ ਦੇ ਪਰਿਵਾਰ ਵਧਾਈ ਦੇ ਪਾਤਰ ਹਨ। ਸ੍ਰੀ ਕਾਂਗੜਾ ਨੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀ ਬਦੌਲਤ ਅੱਜ ਮਹਿਲਾਵਾਂ ਹਰ ਖੇਤਰ 'ਚ ਮੱਲਾਂ ਮਾਰ ਰਹੀਆਂ ਹਨ, ਕਿਉਂਕਿ ਬਾਬਾ ਸਾਹਿਬ ਨੇ ਅੱਧੀ ਅਬਾਦੀ ਪੂਰਾ ਹੱਕ ਮਹਿਲਾਵਾਂ ਦੀਆਂ ਗੁਲਾਮੀ ਦੀਆਂ ਜ਼ੰਜੀਰਾਂ ਤੋੜ ਕੇ ਉਨ੍ਹਾਂ ਨੂੰ ਸੰਵਿਧਾਨਕ ਤੌਰ 'ਤੇ ਬਰਾਬਰਤਾ ਦੇ ਹੱਕ ਲੈ ਕੇ ਦਿੱਤੇ ਹਨ, ਜਿਸ ਸਦਕਾ ਅੱਜ ਦੇਸ਼ ਦੀ ਹਰ ਪੱਧਰ ਦੀ ਕੁਰਸੀ 'ਤੇ ਮਹਿਲਾਵਾਂ ਬਿਰਾਜਮਾਨ ਹਨ। ਇਸ ਮੌਕੇ ਉਨ੍ਹਾਂ ਧੀਆਂ ਦੇ ਨਾਲ-ਨਾਲ ਜੱਜ ਬਣਨ ਵਾਲੇ ਨੌਜਵਾਨਾਂ ਨੂੰ ਵੀ ਵਧਾਈ ਦਿੱਤੀ।

# ਸੁਖਰਾਜ ਬਰਾੜ ਵੱਲੋਂ ਤੇਰ੍ਹਵੀਂ ਵਾਰ ਪਲੇਟਲੈਟ ਡੋਨੇਟ



**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)** : ਬਲੱਡ ਸੇਵਾ ਵੈੱਲਫੇਅਰ ਸੁਸਾਇਟੀ 30 ਸ੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਸੁਖਰਾਜ ਬਰਾੜ ਵੱਲੋਂ ਤੇਰਵੀਂ ਵਾਰ ਸਿੰਗਲ ਡੋਨੋਰ ਪਲੇਟਲੈਟ ਡੋਨੇਟ ਕੀਤੇ ਗਏ। ਇਸ ਮੌਕੇ ਉਨ੍ਹਾ ਪ੍ਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਪ੍ਰਮਾਤਮਾ ਨੇ ਸਾਨੂੰ ਇਸ ਕਾਬਲ ਬਣਾਇਆ ਕਿ ਅਸੀਂ ਕਿਸੇ ਦੀ ਸੇਵਾ ਕਰ ਸਕੀਏ। ਸਿੰਗਲ ਡੋਨੋਰ ਪਲੇਟਲੈਟ ਡੋਨੇਟ ਕਰਨਾ ਸਿਹਤ ਸੰਭਾਲ ਦਾ ਅਹਿਮ ਹਿੱਸਾ ਹੈ। ਬਹੁਤ ਸਾਰੇ ਲੋਕ ਮਦਦ ਕਰਨ ਤੇ ਦੂਜਿਆਂ ਦੀਆਂ ਜਾਨਾਂ ਬਚਾਉਣ ਲਈ ਨੇਕ ਕੰਮ ਲਈ ਆਪਣੇ ਸਿੰਗਲ ਡੋਨੋਰ ਪਲੇਟਲੈਟ ਡੋਨੇਟ ਕਰਦੇ ਹਨ। ਮਨੁੱਖੀ ਸੈੱਲਾਂ ਦੀ ਕੀਮਤ ਦੇ ਬਰਾਬਰ ਕੁਝ ਵੀ ਨਹੀਂ ਹੈ। ਡਾਕਟਰੀ ਵਿਗਿਆਨ ਵਿੱਚ ਇੰਨੀਆਂ ਕਾਢਾਂ ਤੇ ਖੋਜਾਂ ਦੇ ਬਾਵਜੂਦ ਸੈੱਲ ਬਣਾਉਣ ਵਾਲੀ ਕੋਈ ਪ੍ਰਯੋਗਸ਼ਾਲਾ ਨਹੀਂ ਹੈ। ਇਹ ਸਿਰਫ ਮਨੁੱਖੀ ਸਰੀਰ 'ਚ ਪਾਇਆ ਜਾ ਸਕਦਾ ਹੈ। ਇਸ ਲਈ, ਸਿੰਗਲ ਡੋਨੋਰ ਪਲੇਟਲੈਟ ਡੋਨੇਟ ਦਾ ਇੱਕੋ ਇੱਕ ਤਰੀਕਾ ਹੈ, ਜਿਸ ਰਾਹੀਂ ਜੀਵਨ ਬਚਾਉਣ ਲਈ ਵਰਤਿਆ ਜਾ ਸਕਦਾ ਸਵੈਇੱਛਤ ਦਾਨ ਹੈ।

ਸੁਸਾਇਟੀ ਦੇ ਜਨਰਲ ਸਕੱਤਰ ਸੰਜੀਵ ਜਿੰਦਲ ਨੇ ਕਿਹਾ ਕਿ ਹੁਣ ਤੱਕ ਅਸੀਂ ਆਪਣੀ ਸੁਸਾਇਟੀ ਵੱਲੋਂ 168 ਵਾਰ ਸਿੰਗਲ ਡੋਨੋਰ ਪਲੇਟਲੈਟ ਡੋਨੇਟ ਕਰਵਾ ਚੁੱਕੇ ਹਾਂ। ਇਸ ਮੌਕੇ ਸੁਸਾਇਟੀ ਦੇ ਉਪ ਪ੍ਰਧਾਨ ਤੀਰਥ ਜਿੰਦਲ ਨੇ ਆਮ ਲੋਕਾਂ ਨੂੰ ਡੇਂਗੂ ਤੋਂ ਬਚਾਅ ਰੱਖਣ ਦੀ ਅਪੀਲ ਕੀਤੀ ਤੇ ਕਿਹਾ ਕਿ ਸਾਨੂੰ ਆਪਣਾ ਆਲਾ ਦੁਆਲਾ ਸਾਫ ਰੱਖਣ ਦੀ ਬਹੁਤ ਜ਼ਰੂਰਤ ਹੈ। ਇਸ ਮੌਕੇ ਸੁਸਾਇਟੀ ਦੇ ਸਾਰੇ ਅਹੁਦੇਦਾਰ ਤੇ ਮੈਂਬਰ ਸਾਹਿਬਾਨ ਹਾਜ਼ਰ ਸਨ ਤੇ ਉਨ੍ਹਾਂ ਨੇ ਆਮ ਲੋਕਾਂ ਨੂੰ ਇਸ ਸਮਾਜ ਸੇਵਾ ਦੇ ਕੰਮਾਂ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।

# ਕਿਸਾਨਾਂ ਤੇ ਆੜ੍ਹਤੀਆਂ ਨੂੰ ਕੋਈ ਵੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ : ਮਾਣੂਕੇ



**ਜਗਰਾਉਂ (ਅਮਿਤ ਖੰਨਾ)**-ਪੰਜਾਬ ਵਿੱਚ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬੀਤੀ 1 ਅਕਤੂਬਰ ਤੋਂ ਹੀ ਪੰਜਾਬ ਭਰ ਦੀਆਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਖਰੀਦ ਸ਼ੁਰੂ ਕਰਵਾਉਣ ਦਾ ਐਲਾਨ ਕਰ ਦਿੱਤਾ ਗਿਆ ਸੀ, ਜਿਸ ਦੇ ਚਲਦਿਆਂ ਏਸ਼ੀਆ ਦੀ ਦੂਸਰੀ ਸਭ ਤੋਂ ਵੱਡੀ ਅਨਾਜ ਮੰਡੀ ਜਗਰਾਉਂ ਵਿਖੇ ਵੀ ਝੋਨੇ ਦੀ ਬੀਤੇ ਦਿਨੀਂ ਸ਼ੁਰੂ ਹੋ ਚੁੱਕੀ ਹੈ ਤੇ ਇਸੇ ਲੜੀ ਨੂੰ ਅੱਗੇ ਵਧਾਉਂਦਿਆਂ ਹਲਕਾ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂਕੇ ਵੱਲੋਂ ਮਾਰਕੀਟ ਕਮੇਟੀ ਜਗਰਾਉਂ ਅਧੀਨ ਅਨਾਜ ਮੰਡੀ ਲੋਧੀਵਾਲ ਤੇ ਅਨਾਜ ਮੰਡੀ ਪੱਤੀ ਮੁਲਤਾਨੀ ਵਿਖੇ ਝੋਨੇ ਦੀ ਖਰੀਦ ਸ਼ੁਰੂ ਕਰਵਾਈ ਗਈ। ਜ਼ਿਕਰਯੋਗ ਹੈ ਕਿ ਮਾਰਕੀਟ ਕਮੇਟੀ ਅਧੀਨ ਪੈਂਦੀਆਂ ਅਨਾਜ ਮੰਡੀਆਂ ਦਾ ਦੌਰਾ ਕਰਦਿਆਂ ਜਿੱਥੇ ਵਿਧਾਇਕਾ ਸਰਬਜੀਤ ਕੌਰ ਮਾਣੂਕੇ ਵੱਲੋਂ ਝੋਨੇ ਦੀ ਖਰੀਦ ਸ਼ੁਰੂ ਕਰਵਾਈ ਜਾ ਰਹੀ ਹੈ, ਬਲਕਿ ਅਨਾਜ ਮੰਡੀ ਵਿੱਚ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਰਾਬਤਾ ਕਾਇਮ ਕਰਦਿਆਂ ਉਨ੍ਹਾਂ ਨੂੰ ਪੇਸ਼ ਆਉਣ ਵਾਲੀਆਂ ਸਮੱਸਿਆਵਾਂ ਬਾਰੇ ਪੁੱਛਿਆ ਅਤੇ ਉਨ੍ਹਾਂ ਦਾ ਹੱਲ ਪਹਿਲ ਦੇ ਅਧਾਰ 'ਤੇ ਕਰਨ ਲਈ ਮੌਕੇ 'ਤੇ ਮੌਜੂਦ ਅਧਿਕਾਰੀਆਂ ਨੂੰ ਸਖਤ ਹਦਾਇਤਾਂ ਵੀ ਜਾਰੀ ਕੀਤੀਆਂ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂਕੇ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਝੋਨੇ ਦੇ ਸੀਜ਼ਨ ਨੂੰ ਮੁੱਖ ਰੱਖਦਿਆਂ ਆਪਣੀ ਪਾਰਟੀ ਦੇ ਸਾਰੇ ਵਿਧਾਇਕਾਂ ਤੇ ਮੰਡੀ ਬੋਰਡ ਨਾਲ ਸੰਬੰਧਤ ਅਧਿਕਾਰੀਆਂ ਨੂੰ ਸਖਤ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਮੰਡੀ ਵਿੱਚ ਆਪਣੀ ਫਸਲ ਵੇਚਣ ਆਏ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਕਿਸਾਨਾਂ ਵੱਲੋਂ ਮੰਡੀ 'ਚ ਲੈ ਕੇ ਆਈ ਫਸਲ ਦਾ ਦਾਣਾ ਖ਼ੀਦਿਆ ਜਾਵੇਗਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸਰਕਲ ਪ੍ਰਧਾਨ ਜਗਦੇਵ ਸਿੰਘ, ਪਿੰਡ ਲੋਧੀਵਾਲ ਦੇ ਸਰਪੰਚ ਵਰਿੰਦਰ ਸਿੰਘ ਟੂਸਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੇ ਕਿਸਾਨਾਂ ਨਾਲ, ਜੋ ਵਾਅਦਾ ਕੀਤਾ ਸੀ, ਉਹ ਪੂਰਾ ਕਰਕੇ ਵਿਖਾਇਆ ਹੈ। ਇਸ ਮੌਕੇ ਗੁਰਸੇਵਕ ਸਿੰਘ, ਸਰਪੰਚ ਅਵਤਾਰ ਸਿੰਘ, ਸਰਪੰਚ ਜਗਜੀਤ ਸਿੰਘ, ਨੰਬਰਦਾਰ ਮਲਕੀਤ ਸਿੰਘ, ਜਸਵੰਤ ਸਿੰਘ, ਗਗਨਦੀਪ, ਬਲਜੀਤ ਸਿੰਘ, ਦਵਿੰਦਰ ਸਿੰਘ ਜਨੇਤਪੁਰਾ ਆਦਿ ਤੋਂ ਇਲਾਵਾ ਆੜ੍ਹਤੀ ਸਵਰਨਜੀਤ ਸਿੰਘ, ਪ੍ਰਹਿਲਾਦ ਸਿੰਗਲਾ, ਸੁਰੇਸ਼ ਗਰਗ, ਧਰਮਿੰਦਰ ਕੁਮਾਰ, ਮਨੀ ਗਰਗ ਆਦਿ ਹਾਜ਼ਰ ਸਨ।

# ਪਰਾਲੀ ਦੇ ਪ੍ਰਬੰਧ ਸੰਬੰਧੀ ਜਾਗਰੂਕਤਾ ਕੈਂਪ ਲਗਾਇਆ



**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)** : ਜ਼ੀਰੋ ਬਰਨਿੰਗ ਦੇ ਟੀਚੇ ਨੂੰ ਪੂਰਾ ਕਰਨ ਲਈ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਝੋਨੇ ਦੀ ਪਰਾਲੀ ਨਾ ਸਾੜਨ ਸਬੰਧੀ ਚਲਾਈ ਗਈ ਮੁਹਿੰਮ ਤਹਿਤ ਪਿੰਡ ਫਤਹਿਪੁਰ ਮਨੀਆਂ ਵਾਲਾ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਸ਼੍ਰੀ ਨਵਦੀਪ ਸਿੰਘ (ਖੇਤੀਬਾੜੀ ਵਿਕਾਸ ਅਫਸਰ, ਸਰਕਲ ਮਾਹੂਆਣਾ) ਨੇ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਹੋਣ ਵਾਲੇ ਨੁਕਸਾਨ ਤੇ ਇਸ ਨੂੰ ਖੇਤ ਵਿੱਚ ਮਿਲਾਉਣ ਤੋਂ ਹੋਣ ਵਾਲੇ ਫਾਇਦਿਆਂ ਸਬੰਧੀ ਜਾਗਰੂਕ ਕਰਵਾਇਆ ਤੇ ਕਿਸਾਨਾਂ ਨੂੰ ਪਰਾਲੀ ਸਾੜਨ ਨਾਲ ਮਿੱਟੀ ਵਿੱਚ ਮੌਜੂਦ ਬਹੁਤ ਸਾਰੇ ਸੂਖਮ ਜੀਵ ਤੇ ਖੁਰਾਕੀ ਤੱਤ ਵੀ ਨਸ਼ਟ ਹੋ ਜਾਂਦੇ ਹਨ। ਉਨ੍ਹਾ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ ਐੱਸ.ਐੱਮ.ਐੱਸ. ਵਾਲੀ ਕੰਬਾਈਨ ਨਾਲ ਝੋਨੇ ਦੀ ਵਾਢੀ ਕਰਵਾ ਕੇ, ਇਨ ਸੀਟੂ ਅਧੀਨ ਹੈਪੀ ਸੀਡਰ, ਸਮਾਰਟ ਸੀਡਰ, ਸਰਫੇਸ ਸੀਡਰ, ਸੁਪਰ ਸੀਡਰ, ਐੱਮ.ਬੀ. ਪਲੋਅ ਦੀ ਵਰਤੋਂ ਕਰਕੇ ਕਣਕ ਬੀਜਣ ਲਈ ਪ੍ਰੇਰਿਤ ਕੀਤਾ ਅਤੇ ਕਿਸਾਨਾਂ ਨੂੰ ਦੱਸਿਆ ਕਿ ਕਸਟਮ ਹਾਇਰਿੰਗ ਸੈਂਟਰਾਂ ਵਿੱਚੋਂ ਸਬਸਿਡੀ ਵਾਲੇ ਸੰਦਾਂ ਦੀ ਵਰਤੋਂ ਕਰਨ ਤਾਂ ਜੋ ਵਾਤਾਵਰਣ ਨੂੰ ਪ੍ਰਦੂਸ਼ਤ ਹੋਣ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਸਾਨਾਂ ਨੂੰ ਬਲਾਕ ਖੇਤੀਬਾੜੀ ਦਫ਼ਤਰ ਵਿਖੇ ਖੇਤੀਬਾੜੀ ਮਹਿਕਮੇ ਕੋਲ ਉਪਲੱਬਧ ਸਮਾਰਟ ਸੀਡਰ ਤੇ ਸੁਪਰ ਸੀਡਰ ਨੂੰ ਵਰਤਣ ਲਈ ਵੀ ਕਿਹਾ। ਸ਼੍ਰੀ ਅਮਨਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ, ਸਰਕਲ ਭਾਈਕਾ ਕੇਰਾ ਵੱਲੋਂ ਹਾੜ੍ਹੀ ਸੀਜ਼ਨ ਦੌਰਾਨ ਕਣਕ ਬੀਜ ਸਬਸਿਡੀ ਸੰਬੰਧੀ, ਬੀਜੀਆਂ ਜਾਣ ਵਾਲੀਆਂ ਕਣਕ ਦੀਆਂ ਕਿਸਮਾਂ, ਕਣਕ ਦੀ ਫ਼ਸਲ ਵਿੱਚ ਨਦੀਨਾਂ ਦੀ ਰੋਕਥਾਮ ਲਈ ਵੱਖ-ਵੱਖ ਨਦੀਨ ਨਾਸ਼ਕਾਂ ਆਦਿ ਬਾਰੇ ਕਿਸਾਨਾਂ ਨੂੰ ਦੱਸਿਆ ਗਿਆ। ਕੈਂਪ ਦੌਰਾਨ ਖੇਤੀਬਾੜੀ ਸਬ ਇੰਸਪੈਕਟਰ ਸ਼੍ਰੀ ਅਮਰੀਕ ਸਿੰਘ, ਕਿਸਾਨ ਮਿੱਤਰ ਪ੍ਰਕਾਸ਼ ਸਿੰਘ, ਬਲਵੀਰ ਸਿੰਘ ਤੇ ਨੇੜੇ ਦੇ ਪਿੰਡਾਂ ਦੇ ਕਿਸਾਨਾਂ ਨੇ ਭਾਗ ਲਿਆ।

CMYK

# ਮਜ਼ਦੂਰ ਜਥੇਬੰਦੀਆਂ ਵੱਲੋਂ 23 ਦੀ ਬਟਾਲਾ ਰੈਲੀ 'ਚ ਸ਼ਾਮਲ ਹੋਣ ਦਾ ਸੱਦਾ



ਬਟਾਲਾ (ਤਰਲੋਕ ਬੱਗਾ)-ਮਜ਼ਦੂਰ ਮਿਡ ਡੇ ਮੀਲ ਤੇ ਸਫਾਈ ਵਰਕਰ ਯੂਨੀਅਨ ਪੰਜਾਬ, ਮਜ਼ਦੂਰ ਟਰੇਡ ਯੂਨੀਅਨ ਆਫ ਪੰਜਾਬ, ਜੁਗਾੜੂ ਮੋਟਰਸਾਈਕਲ ਮਜ਼ਦੂਰ ਯੂਨੀਅਨ ਪੰਜਾਬ ਅਤੇ ਮਨਰੇਗਾ ਵਰਕਰ ਮਜ਼ਦੂਰ ਯੂਨੀਅਨ ਪੰਜਾਬ ਅਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਵਰਕਰਾਂ ਨੇ ਇਕ ਰੋਸ ਪ੍ਰਦਰਸ਼ਨ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਯਾਦਗਾਰੀ ਪਾਰਕ ਵਿਖੇ ਕੀਤਾ ਜਿਸ ਦੀ ਪ੍ਰਧਾਨਗੀ ਮਿਡ ਡੇ ਮੀਲ ਵਰਕਰ ਯੂਨੀਅਨ ਵੱਲੋਂ ਜ਼ਿਲਾ ਜਨਰਲ ਸਕੱਤਰ ਸਤਿੰਦਰ ਕੌਰ ਸੱਤੀ ਬਟਾਲਾ, ਵਿਜੇ ਮਸੀਹ, ਕਪਤਾਨ ਸਿੰਘ ਬਾਸਰਪੁਰਾ ਅਤੇ ਕੁਲਵਿੰਦਰ ਕੌਰ ਨੇ ਕੀਤੀ। ਬਟਾਲਾ ਵਿਖੇ 23 ਅਕਤੂਬਰ ਨੂੰ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੀ ਅਗਵਾਈ ਹੇਠ ਹੋਣ ਜਾ ਰਹੀ ਰੈਲੀ ਵਿਚ ਲੋਕਾਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ। ਇਕੱਤਰ ਆਗੂਆਂ ਨੇ ਮਜ਼ਦੂਰ ਮੰਗਾਂ/ਮਸਲਿਆਂ ਦੀ ਅਣਦੇਖੀ ਕਰਨ ਦਾ ਪੰਜਾਬ ਦੀ ਮਾਨ ਸਰਕਾਰ 'ਤੇ ਦੋਸ਼ ਲਾਇਆ। ਉਨ੍ਹਾਂ ਕਿਹਾ ਕਿ ਜਦੋਂ ਦੀ ਸੂਬੇ ਵਿਚ ਆਪ ਦੀ ਸਰਕਾਰ ਬਣੀ ਹੈ ਲੋਕ ਆਪਣੇ ਆਪ ਨੂੰ ਠੱਗਿਆ-ਠੱਗਿਆ ਮਹਿਸੂਸ ਕਰ ਰਹੇ ਹਨ। ਮਜ਼ਦੂਰਾਂ ਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਪਿੰਡਾਂ ਦੇ ਮਜ਼ਦੂਰ ਪਰਿਵਾਰਾਂ ਦੀ 23 ਤਰੀਕ ਨੂੰ ਵੱਡੀ ਗਿਣਤੀ ਵਿਚ ਆਗੂਆਂ ਵਲੋਂ ਬਟਾਲਾ ਵਿਖੇ ਰੈਲੀ ਕੀਤੀ ਜਾ ਰਹੀ ਹੈ।

ਇਸ ਮੌਕੇ ਜੀਵਨ ਮਸੀਹ, ਪਰਮਜੀਤ ਕੌਰ, ਜਸਬੀਰ ਕੌਰ, ਕੁਲਵਿੰਦਰ ਸਿੰਘ, ਪ੍ਰਭਜੋਤ ਸਿੰਘ, ਡੇਵਿਡ ਮਸੀਹ, ਬਲਕਾਰ ਸਿੰਘ, ਸੱਤਪਾਲ ਗੀਤੂ, ਮਲਕੀਤ ਸਿੰਘ, ਰਛਪਾਲ ਸਿੰਘ, ਮੁੱਸਾ ਸਿੰਘ, ਹਰਜਿੰਦਰ ਸਿੰਘ, ਚੰਨਣ ਸਿੰਘ ਟੀਟੂ, ਸਵਿੰਦਰ ਸਿੰਘ, ਸਰਬਜੀਤ ਕੌਰ, ਸੁਖਦੇਵ ਸਿੰਘ, ਗੁਰਦੇਵ ਸਿੰਘ, ਸਵਿੰਦਰ ਸਿੰਘ ਅਦਿ ਹਾਜ਼ਰ ਸਨ।

# ਕਟਾਰੂਚੱਕ ਵੱਲੋਂ ਦੀਨਾਨਗਰ ਦੀ ਦਾਣਾ ਮੰਡੀ ਦਾ ਦੌਰਾ, ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅਨਾਜ ਮੰਡੀ ਦਾ ਦੌਰਾ ਕਰਦਿਆਂ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਇਸ ਖਰੀਦ ਸੀਜ਼ਨ ਦੌਰਾਨ ਸੂਬੇ ਦੀਆਂ ਮੰਡੀਆਂ ਵਿਚ ਲਗਭਗ 8 ਲੱਖ ਕਿਸਾਨਾਂ ਦੀ ਹੋਣ ਵਾਲੀ ਸੰਭਾਵਿਤ ਆਮਦ ਦੇ ਮੱਦੇਨਜ਼ਰ ਸਰਕਾਰ ਵਲੋਂ 1854 ਖਰੀਦ ਕੇਂਦਰ ਬਣਾਏ ਗਏ ਹਨ ਅਤੇ ਸਮੁੱਚੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਮੰਡੀਆਂ ਵਿਚ ਆਪਣੀ ਜਿਣਸ ਵੇਚਣ ਲਈ ਲਿਆ ਰਹੇ ਕਿਸਾਨਾਂ ਦੀ ਹਰ ਸਹੂਲਤ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ ਅਤੇ ਖਾਸ ਗੱਲ ਇਹ ਹੈ ਕਿ ਜਿਥੇ ਕਿਸਾਨਾਂ ਦੁਆਰਾ ਲਿਆਂਦੀ ਫਸਲ ਦੀ ਨਾਲੋਂ-ਨਾਲ ਖਰੀਦ ਕਰਕੇ ਮੰਡੀਆਂ ਵਿਚੋਂ ਚੁਕਾਈ ਕੀਤੀ ਜਾ ਰਹੀ ਹੈ ਉਥੇ ਹੀ ਖਰੀਦੀ ਫਸਲ ਦੀ ਅਦਾਇਗੀ ਵੀ ਤੇਜ਼ੀ ਨਾਲ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੁਣ ਤੱਕ ਕਿਸਾਨਾਂ ਨੂੰ ਖਰੀਦੀ ਫਸਲ ਦੀ ਲਗਭਗ 1500 ਕਰੋੜ ਰੁਪਏ ਤੋਂ ਵੱਧ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ ਅਤੇ ਕੀਤੇ ਗਏ ਐਲਾਨ ਮੁਤਾਬਕ ਕਿਸਾਨਾਂ ਨੂੰ ਖਰੀਦੀ ਫਸਲ ਦੀ 24 ਘੰਟਿਆਂ ਦੇ ਅੰਦਰ ਹੀ ਅਦਾਇਗੀ ਹੋ ਰਹੀ ਹੈ। ਇਸ ਮੌਕੇ ਉਨ੍ਹਾਂ ਨਾਲ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ (ਸ਼ਹਿਰੀ) ਸ਼ਮਸ਼ੇਰ ਸਿੰਘ, ਸੈਕਟਰੀ ਮਾਰਕੀਟ ਕਮੇਟੀ ਬਾਜਵਾ, ਤਹਿਸੀਲਦਾਰ ਮਨਜੀਤ ਸਿੰਘ, ਡੀਐੱਫਐੱਸਓ ਨਵਨੀਤ ਕੌਰ, ਇੰਸਪੈਕਟਰ ਕਿਰਨ ਕੁਮਾਰ, ਵਰਿੰਦਰ ਕੁਮਾਰ, ਐੱਸਡੀਓ ਮੰਡੀ ਬੋਰਡ ਅਸ਼ੋਕ ਕੁਮਾਰ, ਮਨਮੋਹਨ ਸਿੰਘ, ਪਰਦੀਪ ਠਾਕੁਰ, ਰਾਜਿੰਦਰ ਕੁਮਾਰ, ਬਲਦੇਵ ਸਿੰਘ, ਵਤਨ ਸਿੰਘ, ਰਾਜੇਸ ਕੁਮਾਰ, ਗੁਰਨਾਮ ਸਿੰਘ, ਰਾਜ ਕੁਮਾਰ ਆਦਿ ਹਾਜ਼ਰ ਸਨ।

# 18 ਕਿਸਾਨ ਜਥੇਬੰਦੀਆਂ ਦੇ ਸੱਦੇ 'ਤੇ 23 ਨੂੰ ਮੋਦੀ/ਕਾਰਪੋਰੇਟਾਂ ਦੇ ਪੁਤਲੇ ਸਾੜੇ ਜਾਣ ਦਾ ਐਲਾਨ



ਕਾਦੀਆਂ ( ਯਾਦਵਿੰਦਰ ਸਿੰਘ ਮਲਹੋਤਰਾ)-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੀ ਮੀਟਿੰਗ ਬਟਾਲਾ ਦੇ ਗੁਰਦੁਆਰਾ ਮੜੀਆਂ ਵਾਲਾ ਵਿਚ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਦਾਦੂਜੋਧ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਜਿੱਥੇ ਕੇਂਦਰ ਸਰਕਾਰ ਕਿਸਾਨ ਮੋਰਚੇ ਦੀਆਂ ਰਹਿੰਦੀਆਂ ਮੰਗਾਂ ਪ੍ਰਤੀ ਬੇਲਾਗਤਾ ਵਾਲਾ ਰਵੱਈਆ ਧਾਰਨ ਕਰਕੇ ਅਤੇ ਲਖੀਮਪੁਰ ਖੀਰੀ ਦੇ ਕਤਲੇਆਮ ਦੇ ਦੋਸ਼ੀਆਂ ਦੀ ਪੁਸ਼ਤਪਨਾਹੀ ਕਰਕੇ ਅਤੇ ਕਿਸਾਨ ਮੋਰਚੇ ਵਲੋਂ ਰੱਦ ਕਰਵਾਏ ਕਾਲੇ ਖੇਤੀ ਅਤੇ ਕਿਸਾਨਾਂ ਮਜ਼ਦੂਰਾਂ ਵਿਰੋਧੀ ਕਾਨੂੰਨਾਂ ਨੂੰ ਨਵੇਂ ਢੰਗ/ਤਰੀਕਿਆਂ ਨਾਲ ਲਾਗੂ ਕਰ ਰਹੀ ਹੈ ਉਥੇ ਦੂਜੇ ਪਾਸੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਹੜ੍ਹ ਪ੍ਰਭਾਵਿਤ ਲੋਕਾਂ ਦੀ ਬਾਂਹ ਫੜਨ ਦੀ ਬਜਾਏ ਸ਼ਬਦੀ ਲਾਰਿਆਂ ਨਾਲ ਡੰਗ ਟਪਾਈ ਕਰ ਰਹੀ ਹੈ। ਸਤਲੁਜ ਯਮੁਨਾ ਲਿੰਕ ਨਹਿਰ ਦਾ ਗੰਭੀਰ ਮਾਮਲਾ ਮੁੱਖ ਮੰਤਰੀ ਪੰਜਾਬ ਹਲਕੇ 'ਚ ਲੈ ਰਹੇ ਹਨ। ਮੀਟਿੰਗ ਵਿਚ ਫੈਸਲਾ ਕੀਤਾ ਗਿਆ ਕਿ 18 ਕਿਸਾਨ ਜਥੇਬੰਦੀਆਂ ਦੇ ਸੱਦੇ 'ਤੇ 23 ਅਕਤੂਬਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕਾਰਪੋਰੇਟਾਂ ਦੇ ਪੁਤਲੇ ਬਟਾਲਾ ਹਰਚੋਵਾਲ ਰੋਡ ਤੇ ਸਥਿਤ ਪਿੰਡ ਬਸਰਾਵਾਂ (ਨੇੜੇ) ਕਾਦੀਆਂ ਦੇ ਅੱਡੇ 'ਤੇ ਸਾੜੇ ਜਾਣਗੇ।

ਇਸ ਵਿਚ ਜ਼ਿਲ੍ਹਾ ਗੁਰਦਾਸਪੁਰ ਦੇ ਸਾਰੇ ਬਲਾਕ ਸ਼ਾਮਲ ਹੋਣਗੇ। ਇਸ ਮੌਕੇ ਬਲਾਕ ਸ਼੍ਰੀ ਹਰਗੋਬਿੰਦਪੁਰ ਪ੍ਰਧਾਨ ਕੈਪਟਨ ਅਜੀਤ ਸਿੰਘ ਸੈਰੋਵਾਲ, ਬਲਾਕ ਫਤਿਹਗੜ੍ਹ ਚੂੜੀਆਂ ਪ੍ਰਧਾਨ ਹਰਜੰਤ ਸਿੰਘ ਪੰਨਵਾਂ, ਬਲਾਕ ਡੇਰਾ ਬਾਬਾ ਨਾਨਕ ਪ੍ਰਧਾਨ ਦਿਲਬਾਗ ਸਿੰਘ ਪੱਬਾਂਰਾਲੀ ਕੁਲਵਿੰਦਰ ਸਿੰਘ ਬਸਰਾਵਾਂ, ਹਰਜੀਤ ਸਿੰਘ ਮਠੋਲਾ, ਪਾਲ ਸਿੰਘ ਚੀਮਾ ਖੁੱਡੀ, ਮਾਸਟਰ ਜਗੀਰ ਸਿੰਘ ਅਤੇਪੁਰ, ਬੀਬੀ ਜਸਬੀਰ ਕੌਰ ਸੇਰੋਵਾਲ ਆਦਿ ਹਾਜ਼ਰ ਸਨ।

## 'ਆਪ' ਵੱਲੋਂ ਬਲਰਾਜ ਸਿੰਘ ਗੁਰਾਇਆ ਬਲਾਕ ਪ੍ਰਧਾਨ ਨਿਯੁਕਤ



ਕਲਾਨੌਰ (ਮਨਦੀਪ ਕੁਮਾਰ ਕੋਹਲੀ)-ਬੀਤੇ ਦਿਨ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੂਰੇ ਪੰਜਾਬ ਵਿੱਚ ਬਲਾਕ ਪ੍ਰਧਾਨ ਪ੍ਰਧਾਨ, ਸਰਕਲ ਪ੍ਰਧਾਨ ਅਤੇ ਸਰਕਲ ਇੰਚਾਰਜਾਂ ਨੂੰ ਭੰਗ ਕਰਕੇ ਨਵੇਂ ਬਲਾਕ ਪ੍ਰਧਾਨ ਨਿਯੁਕਤ ਕੀਤੇ ਗਏ ਜਿਸ ਦੇ ਤਹਿਤ ਬਲਾਕ ਕਲਾਨੌਰ ਵਿੱਚ ਬਲਰਾਜ ਸਿੰਘ ਗੁਰਾਇਆ ਨੂੰ ਬਲਾਕ ਪ੍ਰਧਾਨ ਬਣਾਇਆ ਗਿਆ ਜਿਸ 'ਤੇ ਪਰਿਵਾਰਿਕ ਮੈਂਬਰਾਂ ਅਤੇ ਨਵੇਂ ਪੁਰਾਣੇ ਸਾਥੀਆਂ ਵੱਲੋਂ ਖੁਸ਼ੀਆਂ ਮਨਾਈਆਂ ਜਾ ਰਹੀਆਂ ਹਨ। ਗੌਰਤਲਬ ਹੈ ਕਿ ਜਿਸ ਵਿਅਕਤੀ ਨੂੰ ਆਮ ਆਦਮੀ ਪਾਰਟੀ ਵੱਲੋਂ ਬਲਾਕ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ ਉਹ ਇਸ ਤੋਂ ਪਹਿਲਾਂ ਤਿੰਨ ਵਾਰ ਕਲਾਨੌਰ ਦੇ ਮੈਂਬਰ ਪੰਚਾਇਤ ਵੀ ਰਹਿ ਚੁੱਕੇ ਹਨ, ਇਸ ਤੋਂ ਇਲਾਵਾ ਕਲਾਨੌਰ ਮਾਰਕੀਟ ਕਮੇਟੀ ਦੇ ਵਾਈਸ ਪ੍ਰਧਾਨ ਅਤੇ ਮੌਜੂਦਾ ਨੰਬਰਦਾਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਨ, ਅਤੇ ਹਲਕਾ ਇੰਚਾਰਜ ਡੇਰਾ ਬਾਬਾ ਨਾਨਕ ਗੁਰਦੀਪ ਸਿੰਘ ਰੰਧਾਵਾ ਦੇ ਖਾਸ ਮੰਨੇ ਜਾ ਰਹੇ ਹਨ। ਵਧਾਈਆਂ ਦੇਣ ਵਾਲਿਆਂ ਵਿੱਚ ਹਰਪ੍ਰੀਤ ਸਿੰਘ ਡੇਹਰੀਵਾਲ ਕਿਰਨ, ਪਲਵਿੰਦਰ ਸਿੰਘ ਮੱਲ੍ਹੀ, ਇੰਦਰਜੀਤ, ਹੈਪੀ ਪਨਸੋਤਰਾ, ਰਾਜੂ ਮੈਡੀਕਲ, ਚੰਚਲ ਕੁਮਾਰ, ਕਾਲਾ ਸਪਰਾ ਕੋਠੀ, ਰਜਿੰਦਰ ਸਿੰਘ, ਸੁਬੇਕ ਸਿੰਘ ਜੀਓ ਜਲਾਈ, ਜਗਪ੍ਰੀਤ ਸਿੰਘ ਲੋਪਾ, ਜਗਦੀਪ ਸਿੰਘ, ਨਿਰਮਲ ਸਿੰਘ, ਹੀਰਾ ਮੰਜ, ਗੁਰਦੀਪ ਸਿੰਘ ਬੋਹੜ ਵਡਾਲਾ ਆਦਿ ਹਾਜ਼ਰ ਸਨ।

## ਪੰਜਾਬੀ ਸੱਭਿਆਚਾਰ ਸਾਹਿਤਕ ਸਮਾਗਮ 'ਚ ਜੱਜ ਮੀਨਾਕਸ਼ੀ ਦਾ ਸਨਮਾਨ



ਝਬਾਲ (ਹਰਜਿੰਦਰ ਸਿੰਘ ਸੋਨੀ)-ਪੰਜਾਬੀ ਸੱਭਿਆਚਾਰ ਸਾਹਿਤਕ ਸਮਾਗਮ ਵਿੱਚ ਝਬਾਲ ਦੀ ਜੱਜ ਬਣੀ ਧੀ ਮੀਨਾਕਸ਼ੀ ਨੂੰ ਸਨਮਾਨਿਤ ਕਰਦੇ ਹੋਏ ਸਭਾ ਦੇ ਪ੍ਰਧਾਨ ਜਸਬੀਰ ਸਿੰਘ ਝਬਾਲ ਅਤੇ ਜਨਵਾਦੀ ਇਸਤਰੀ ਸਭਾ ਪੰਜਾਬ ਦੀ ਜਰਨਲ ਸੈਕਟਰੀ ਹਰਪ੍ਰੀਤ ਕੌਰ ਝਬਾਲ ਨੇ ਕਿਹਾ ਕਿ ਸਾਡੇ ਲਈ ਕਿੰਨੇ ਮਾਣ ਵਾਲੀ ਗੱਲ ਹੈ ਕਿ ਝਬਾਲ ਦੀ ਜੰਮਪਲ ਮੀਨਾਕਸ਼ੀ ਨੇ ਜੱਜ ਬਣ ਕੇ ਸਾਡੀ ਝਬਾਲ ਦੀ ਧਰਤੀ ਦਾ ਨਾਂਅ ਰੌਸ਼ਨ ਕੀਤਾ ਹੈ। ਅਸੀਂ ਮੰਗ ਕਰਦੇ ਹਾਂ ਕਿ ਕੇਂਦਰ ਦੀ ਸਰਕਾਰ ਅਤੇ ਪੰਜਾਬ ਦੀ ਮਾਨ ਸਰਕਾਰ ਵੀ ਇਨ੍ਹਾਂ ਧੀਆਂ ਦਾ ਸਨਮਾਨ ਕਰੇ। ਇਸ ਸਮੇਂ ਲੇਖਕ ਜਸਵਿੰਦਰ ਸਿੰਘ ਢਿੱਲੋਂ ਝਬਾਲ ਦੀ ਕਿਤਾਬ 'ਸਾਂਝ ਰੂਹਾਂ ਦੀ' ਦਾ ਲੋਕ ਅਰਪਣ ਕੀਤਾ ਗਿਆ। ਇਸ ਸਮੇਂ ਹੋਰਨਾਂ ਤੋਂ ਇਲਾਵਾ ਜਸਬੀਰ ਸਿੰਘ ਝਬਾਲ, ਦਵਿੰਦਰ ਕੁਮਾਰ ਸੋਹਲ, ਹਰਪ੍ਰੀਤ ਕੌਰ ਝਬਾਲ, ਸਰਪੰਚ ਅਮਰਜੀਤ ਸਿੰਘ ਬਘੇਲ ਸਿੰਘ ਵਾਲਾ, ਸੁਭਾਸ਼ ਚੰਦਰ, ਸਬ ਇੰਸ ਨਰੇਸ਼ ਕੁਮਾਰ ਝਬਾਲ, ਬਲਜੀਤ ਸਿੰਘ, ਜਸਵਿੰਦਰ ਕੌਰ, ਗੁਰਜਿੰਦਰ ਸਿੰਘ ਬਘਿਆੜੀ, ਜਸਵਿੰਦਰ ਸਿੰਘ ਢਿੱਲੋਂ ਤਰਨ ਤਾਰਨ ਆਦਿ ਹਾਜ਼ਰ ਸਨ।

## ਅਕਾਲੀ ਦਲ ਨੂੰ ਝਟਕਾ, ਠੱਕਰਵਾਲ ਤੋਂ ਸੈਂਕੜੇ ਪਰਿਵਾਰ 'ਆਪ' 'ਚ ਸ਼ਾਮਲ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਝੱਟਕਾ ਲੱਗਾ ਜਦੋਂ ਵਿਧਾਨ ਸਭਾ ਹਲਕਾ ਕਾਦੀਆਂ ਦੇ ਪਿੰਡ ਠੱਕਰਵਾਲ ਤੋਂ ਸੰਦੀਪ ਸਿੰਘ ਠੱਕਰਵਾਲ ਸਮੇਤ ਸੈਂਕੜੇ ਪਰਿਵਾਰ ਸੂਬਾ ਜਨਰਲ ਸਕੱਤਰ ਅਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੀ ਅਗਵਾਈ ਹੇਠ ਅਕਾਲੀ ਦਲ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਮੌਕੇ ਪਾਰਟੀ ਵਿੱਚ ਸ਼ਾਮਿਲ ਹੋਣ ਵਾਲਿਆਂ ਨੂੰ ਐਡਵੋਕੇਟ ਸੇਖਵਾਂ ਨੇ ਸਿਰੋਪੇ ਪਾ ਕੇ ਸਵਾਗਤ ਕੀਤਾ। ਇਸ ਮੌਕੇ ਸੇਖਵਾਂ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਵਰਕਰਾਂ ਦਾ ਪਾਰਟੀ ਅੰਦਰ ਪੂਰਾ ਮਾਣ-ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਸੀਨੀਅਰ ਆਗੂ ਬਲਵਿੰਦਰ ਸਿੰਘ ਸੋਨਾ ਬਾਜਵਾ, ਚੇਅਰਮੈਨ ਮਾਰਕੀਟ ਕਮੇਟੀ ਕਾਹਨੂੰਵਾਨ, ਡਾ. ਜਸਪਾਲ ਸਿੰਘ ਪੰਧੇਰ, ਮਨਿੰਦਰਪਾਲ ਸਿੰਘ ਘੁੰਮਣ, ਚਰਨਜੀਤ ਸਿੰਘ ਸਰਪੰਚ ਰਾਏ ਚੱਕ, ਸੁਖਦੇਵ ਸਿੰਘ ਗੋਲਡੀ, ਸਤਿੰਦਰ ਸਿੰਘ ਸਰਪੰਚ ਛੀਨਾ ਰੇਤਲਾ, ਸੈਲੀ ਚੱਕ ਸਰੀਫ, ਸ਼ਿੰਗਾਰਾ ਸਿੰਘ ਦਰਦੀ, ਸੰਦੀਪ ਸਿੰਘ ਠੱਕਰਵਾਲ, ਮੈਂਬਰ ਸਲਵਿੰਦਰ ਸਿੰਘ, ਜਥੇਦਾਰ ਬਲਵਿੰਦਰ ਸਿੰਘ, ਕਵਲਜੀਤ ਸਿੰਘ, ਸ਼ਿੰਗਾਰਾ ਸਿੰਘ ਠੱਕਰ ਸੰਧੂ, ਸਾਬਕਾ ਮੈਂਬਰ ਹਰਦੀਪ ਸਿੰਘ, ਸੁਖਰਾਜ ਸਿੰਘ, ਸਾਬਕਾ ਮੈਂਬਰ ਸੁਖਵਿੰਦਰ ਸਿਘ ਆਦਿ ਮੌਜੂਦ ਸਨ।

## ਮਾਨ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ: ਸੇਖਵਾਂ



ਗੁਰਦਾਸਪੁਰ (ਦਿਨੇਸ਼ ਕੁਮਾਰ)-ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਅੱਜ ਵਿਧਾਨ ਸਭਾ ਹਲਕਾ ਕਾਦੀਆਂ ਦੇ ਪਿੰਡ ਕੱਲੂ ਸੋਹਲ ਵਿਖੇ ਗਲੀਆਂ-ਨਾਲੀਆਂ ਅਤੇ ਹੋਰ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਗਿਆ। ਇਨ੍ਹਾਂ ਵਿਕਾਸ ਕਾਰਜਾਂ ਉੱਪਰ 25 ਲੱਖ ਰੁਪਏ ਖ਼ਰਚ ਕੀਤੇ ਜਾਣਗੇ। ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਦਿਆਂ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਪਿੰਡਾਂ ਦਾ ਸਰਬਪੱਖੀ ਵਿਕਾਸ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸਾਰੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਆਪਣੀਆਂ ਗਰੰਟੀਆਂ ਨੂੰ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਦੀ ਸਹੂਲਤ ਦਾ ਖਿਆਲ ਰੱਖਦੇ ਹੋਏ ਸਿੱਖਿਆ ਤੇ ਸਿਹਤ ਖੇਤਰ ਵਿੱਚ ਕ੍ਰਾਂਤੀਕਾਰੀ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਲਈ ਵੱਡੇ ਯਤਨ ਕੀਤੇ ਹਨ ਅਤੇ 37000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਂਕਰੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਸਹੂਲਤ ਰਾਜ ਸਰਕਾਰ ਦੀ ਇਕ ਹੋਰ ਵੱਡੀ ਪ੍ਰਾਪਤੀ ਹੈ। ਉਨ੍ਹਾਂ ਕਿਹਾ ਕਿ ਰਾਜ ਦੇ ਲੋਕ ਮਾਨ ਸਰਕਾਰ ਦੀ ਕਾਰਗੁਜ਼ਾਰੀ ਤੋਂ ਸੰਤੁਸ਼ਟ ਹਨ।



*ਮਜੀਠਾ-ਸਬ ਇੰਸਪੈਕਟਰ ਮਨਮੀਤਪਾਲ ਸਿੰਘ ਨੂੰ ਵਧੀਆ ਸੇਵਾਵਾਂ ਨਿਭਾਉਣ ਬਦਲੇ ਪੱਦ ਉਨਤ ਹੋਣ 'ਤੇ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਸੀਨੀਅਰ ਪੁਲਸ ਕਪਤਾਨ ਸਤਿੰਦਰ ਸਿੰਘ ਸਟਾਰ ਲਾਉਂਦੇ ਹੋਏ। (ਫੋਟੋ ਤੇ ਵੇਰਵਾ: ਸੋਇਮ ਆਨੰਦ, ਮਜੀਠਾ)*

# ਭਾਕਿਯੂ ਏਕਤਾ ਸਿੱਧੂਪੁਰ ਵੱਲੋਂ ਵਾਂ ਤਾਰਾ ਸਿੰਘ ਦੀ ਨਵੀਂ ਕਮੇਟੀ ਗਠਿਤ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਹੰਗਾਮੀ ਮੀਟਿੰਗ ਬਲਾਕ ਪ੍ਰਧਾਨ ਗੁਰਸਾਹਿਬ ਸਿੰਘ ਨਾਰਲਾ ਦੀ ਅਗਵਾਈ ਹੇਠ ਪਿੰਡ ਵਾਂ ਤਾਰਾ ਸਿੰਘ ਵਿਖੇ ਹੋਈ, ਜਿਸ ਵਿੱਚ ਜਥੇਬੰਦੀ ਦੇ ਸੀਨੀਅਰ ਆਗੂਆਂ ਵੱਲੋਂ ਵਿਚਾਰ-ਵਟਾਂਦਰਾ ਕਰਨ ਮਗਰੋਂ ਪਿੰਡ ਵਾਂ ਤਾਰਾ ਸਿੰਘ ਦੀ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ। ਇਸ ਮੌਕੇ ਆਪਣੇ ਸੰਬੋਧਨ ਵਿੱਚ ਜ਼ਿਲ੍ਹਾ ਜਨਰਲ ਸਕੱਤਰ ਦਿਲਬਾਗ ਸਿੰਘ ਦਰਾਜਕੇ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਕਿਸਾਨਾਂ ਦੇ ਹੱਕਾਂ ਦੀ ਲੜਾਈ ਲੜਦੀ ਆ ਰਹੀ ਹੈ। ਉਨ੍ਹਾਂ ਕਿਹਾ ਕਿ ਜਥੇਬੰਦੀ ਵੱਲੋਂ ਬੇਇਨਸਾਫੀਆਂ ਖਿਲਾਫ ਲੜੀ ਜਾ ਰਹੀ ਲੜਾਈ ਸਦਕਾ ਹੀ ਲੋਕ ਯੂਨੀਅਨ ਨਾਲ ਜੁੜ ਰਹੇ ਹਨ।

ਉਨ੍ਹਾਂ ਕਿਹਾ ਕਿ ਅੱਜ ਪਿੰਡ ਵਾਂ ਤਾਰਾ ਸਿੰਘ ਵਿੱਚ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ ਹੈ, ਜਿਸ ਵਿੱਚ ਲਖਵਿੰਦਰ ਸਿੰਘ ਪੁੱਤਰ ਗੇਜਾ ਸਿੰਘ ਨੂੰ ਇਕਾਈ ਪ੍ਰਧਾਨ, ਗੁਰਨਾਮ ਸਿੰਘ ਪੁੱਤਰ ਮੁਖਤਾਰ ਸਿੰਘ ਨੂੰ ਜਨਰਲ ਸਕੱਤਰ, ਰਸਪਾਲ ਸਿੰਘ ਪੁੱਤਰ ਮੁਖਤਾਰ ਸਿੰਘ ਖਜ਼ਾਨਚੀ, ਬਲਬੀਰ ਸਿੰਘ ਪੁੱਤਰ ਸੁੱਚਾ ਸਿੰਘ ਨੂੰ ਸਕੱਤਰ, ਦਿਲਬਾਗ ਸਿੰਘ ਪੁੱਤਰ ਸੁੱਚਾ ਸਿੰਘ ਨੂੰ ਮੈਂਬਰ, ਅੰਗਰੇਜ ਸਿੰਘ, ਦਵਿੰਦਰ ਸਿੰਘ, ਜੋਬਨ ਸਿੰਘ, ਮਨਪ੍ਰੀਤ ਸਿੰਘ ਅਤੇ ਹਰਜਿੰਦਰ ਸਿੰਘ ਨੂੰ ਮੈਂਬਰ ਨਿਯੁਕਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਜਥੇਬੰਦੀ ਵੱਲੋਂ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਸ ਨੂੰ ਉਹ ਇਮਾਨਦਾਰੀ ਨਾਲ ਨਿਭਾਉਣਗੇ।

ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਦਿਲਬਾਗ ਸਿੰਘ ਦਰਾਜਕੇ, ਬਲਾਕ ਜਨਰਲ ਸਕੱਤਰ ਹਰਵਿੰਦਰ ਸਿੰਘ ਭਿੱਖੀਵਿੰਡ, ਬਲਾਕ ਸਕੱਤਰ ਅਵਤਾਰ ਸਿੰਘ, ਇਕਾਈ ਪ੍ਰਧਾਨ ਹਰਦੇਵ ਸਿੰਘ ਨਾਰਲਾ, ਬਖਸ਼ੀਸ਼ ਸਿੰਘ ਮੈਂਬਰ ਨਾਰਲਾ ਆਦਿ ਹਾਜ਼ਰ ਸਨ।

# ਲੱਖਾਂ ਰੁਪਏ ਦੀ ਲਾਗਤ ਨਾਲ ਦੋ ਸਾਲ ਪਹਿਲਾਂ ਬਣੇ ਬਾਥਰੂਮਾਂ ਦੀ ਹਾਲਤ ਬੇਹੱਦ ਖਸਤਾ





ਗੁਰਦਾਸਪੁਰ (ਜਨਕ ਮਹਾਜਨ)-ਨਗਰ ਕੌਂਸਲ ਗੁਰਦਾਸਪੁਰ ਵਲੋਂ ਲੱਖਾਂ ਰੁਪਏ ਖਰਚ ਕਰਕੇ ਲੋਕਾਂ ਦੀ ਸਹੂਲਤ ਲਈ ਜਹਾਜ ਚੌਂਕ ਗੁਰਦਾਸਪੁਰ ਵਿਖੇ ਬਣਾਏ ਗਏ ਪਬਲਿਕ ਬਾਥਰੂਮ ਦੀ ਹਾਲਤ ਬੇਹੱਦ ਖਸਤਾ ਹੋਣ ਕਰਕੇ ਲੋਕਾਂ ਦਾ ਪ੍ਰਸ਼ਾਸਨ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਬਾਥਰੂਮ ਦੇ ਦਰਵਾਜ਼ੇ ਉਤੇ ਬਹੁਤ ਵੱਡਾ ਇਸ਼ਤਿਹਾਰੀ ਬੋਰਡ ਲਗਾਇਆ ਗਿਆ ਹੈ ਜਿਸ ਕਰਕੇ ਲੋਕਾਂ ਨੂੰ ਇਸ ਬਾਥਰੂਮ ਦਾ ਪਤਾ ਨਹੀਂ ਚੱਲਦਾ। ਪੁੱਛਣ 'ਤੇ ਬਹੁਤ ਸਾਰੇ ਲੋਕਾਂ ਨੇ ਇਸ ਬਾਥਰੂਮ ਬਾਰੇ ਜਾਣਕਾਰੀ ਨਾ ਹੋਣਾ ਦੱਸਿਆ। ਨਗਰ ਕੌਂਸਲ ਵਲੋਂ ਇਸ ਬਾਥਰੂਮ ਦੀ ਸਾਂਭ-ਸੰਭਾਲ ਨਾ ਹੋਣ ਕਰਕੇ ਇਸ ਅੰਦਰ ਭਾਰੀ ਗੰਦਗੀ ਭਰ ਚੁੱਕੀ ਹੈ ਜਿਸ ਕਾਰਨ ਬਾਥਰੂਮ ਦੇ ਅੰਦਰ ਜਾਣਾ ਤਾਂ ਦੂਰ ਦੀ ਗੱਲ, ਇਸ ਬਦਬੂ ਨਾਲ ਇਸ ਦੇ ਨਜ਼ਦੀਕ ਤੋਂ ਲੰਘਣਾ ਵੀ ਮੁਸ਼ਕਿਲ ਹੋ ਚੁੱਕਾ ਹੈ। ਬਾਥਰੂਮ ਅੰਦਰ ਪਾਣੀ ਆਦਿ ਦਾ ਵੀ ਕੋਈ ਪ੍ਰਬੰਧ ਨਹੀਂ ਰਿਹਾ। ਇਸ ਬਾਥਰੂਮ ਤੋਂ ਆਉਂਦੀ ਭੈੜੀ ਬਦਬੂ ਕਾਰਨ ਨਜ਼ਦੀਕ ਟੈਕਸੀ ਸਟੈਂਡ ਅਤੇ ਸਕੂਲ ਹੋਣ ਕਰਕੇ ਬੱਚਿਆਂ ਆਦਿ ਵੀ ਬਿਮਾਰ ਹੋ ਸਕਦੇ ਹਨ। ਲੋਕਾਂ ਨੇ ਨਗਰ ਕੌਂਸਲ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਜਹਾਜ਼ ਚੌਂਕ ਵਿਚ ਬਣਾਏ ਗਏ ਬਾਥਰੂਮ ਦੀ ਮੁਰੰਮਤ ਕਰਵਾ ਕੇ ਇਸ ਵਿਚ ਲੱਗੀਆਂ ਸੀਟਾਂ, ਟੂਟੀਆਂ ਅਤੇ ਪਾਣੀ ਦਾ ਪ੍ਰਬੰਧ ਕਰਨ ਤੋਂ ਇਲਾਵਾ ਸਾਫ਼ ਸਫ਼ਾਈ ਦੇ ਵਿਸ਼ੇਸ਼ ਪ੍ਰਬੰਧ ਲਈ ਕਿਸੇ ਕਰਮਚਾਰੀ ਦੀ ਪੱਕੀ ਡਿਊਟੀ ਲਗਾਈ ਜਾਵੇ। ਉਨ੍ਹਾਂ ਕਿਹਾ ਬਾਥਰੂਮ ਦੀ ਕੰਧ ਉਪਰ ਲੱਗੇ ਇਸ਼ਤਿਹਾਰੀ ਬੋਰਡ ਵੀ ਹਟਾਏ ਜਾਣ ਅਤੇ ਬਾਥਰੂਮ ਸਬੰਧੀ ਵੱਡਾ ਬੋਰਡ ਲਗਾਇਆ ਜਾਵੇ ਤਾਂ ਜੋ ਲੋਕਾਂ ਨੂੰ ਇਨ੍ਹਾਂ ਬਾਥਰੂਮਾਂ ਦਾ ਪਤਾ ਲੱਗ ਸਕੇ। ਜਦ ਇਸ ਸਬੰਧੀ ਨਗਰ ਕੌਂਸਲ ਦੇ ਕਾਰਜਕਾਰੀ ਅਧਿਕਾਰੀ ਭੁਪਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਇਸ ਬਾਥਰੂਮ ਨੂੰ ਲੈ ਕੇ ਸਾਰੀਆਂ ਸ਼ਿਕਾਇਤਾਂ ਜਲਦ ਦੂਰ ਕੀਤੀਆਂ ਜਾਣਗੀਆਂ ਤਾਂ ਜੋ ਲੋਕਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

# ਜ਼ਿਲ੍ਹਾ ਪੱਧਰੀ ਕ੍ਰਿਕਟ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਬੀਤੇ ਦਿਨੀਂ 67ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਸੈਸ਼ਨ 2023-2024 ਏਈਓ ਮਨਿੰਦਰ ਸਿੰਘ ਅਤੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਯੁਗਰਾਜ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਕਰਵਾਈਆਂ ਗਈਆਂ, ਜਿਨ੍ਹਾਂ ਦਾ ਮਕਸਦ ਵਿਦਿਆਰਥੀਆਂ ਵਿੱਚ ਆਤਮਵਿਸ਼ਵਾਸ ਅਤੇ ਸਰੀਰਕ ਬਲ ਦਾ ਵਾਧਾ ਕਰਨਾ ਸੀ। ਇਸ ਦੇ ਚੱਲਦਿਆਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਕ੍ਰਿਕਟ ਮੁਕਾਬਲੇ ਵਿੱਚ ਗੋਇੰਦਵਾਲ ਸਾਹਿਬ ਜ਼ੋਨ ਵੱਲੋਂ ਹਿੱਸਾ ਲਿਆ ਅਤੇ ਇਹ ਜ਼ਿਲ੍ਹਾ ਪੱਧਰੀ ਕ੍ਰਿਕਟ ਮੈਚ ਮਹਾਰਾਜਾ ਰਣਜੀਤ ਸਿੰਘ ਸਕੂਲ ਤਰਨ ਤਾਰਨ ਵਿਖੇ ਕਰਵਾਏ ਗਏ, ਜਿਸ ਵਿੱਚ ਤਰਨ ਤਾਰਨ ਜ਼ਿਲ੍ਹੇ ਦੇ ਕਈ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਮੁਕਾਬਲੇ ਕਠਿਨ ਹੋਣ ਦੇ ਬਾਵਜੂਦ ਵੀ ਵਿਦਿਆਰਥੀਆਂ ਨੇ ਆਪਣੀ ਮਿਹਨਤ ਅਤੇ ਕੋਚ ਸੁਖਵਿੰਦਰ ਸਿੰਘ ਦੀ ਸਹੀ ਸੇਧ ਸਦਕਾ ਕ੍ਰਿਕਟ (ਅੰਡਰ-17) ਵਿੱਚੋਂ ਦੂਸਰਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਜੇਤੂ ਰਹੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦਿਆਂ ਸੰਸਥਾ ਦੇ ਡਾਇਰੈਕਟਰ ਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰ. ਮਨੀਸ਼ਾ ਸੂਦ ਨੇ ਵਧਾਈ ਦਿੱਤੀ ਅਤੇ ਅਗਲੇਰੇ ਪੜਾਅ ਦੀ ਤਿਆਰੀ ਕਰਨ ਲਈ ਉਤਸ਼ਾਹਿਤ ਕੀਤਾ।

# ਵਪਾਰੀ ਆਪਣੀ ਵਿਕਰੀ ਵਧਾਉਣ ਤੇ ਵੱਧ ਤੋਂ ਵੱਧ ਟੈਕਸ ਦੇਣ: ਅੰਜਲੀ ਸਿੰਘ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਸਟੇਟ ਜੀਐੱਸਟੀ ਜ਼ਿਲ੍ਹਾ ਕਮਿਸ਼ਨਰ ਮੈਡਮ ਅੰਜਲੀ ਸਿੰਘ ਨੇ ਬਿਜਲੀ ਅਤੇ ਕਰਿਆਨੇ ਦੇ ਵਪਾਰੀਆਂ ਨਾਲ ਆਪਣੇ ਦਫਤਰ ਵਿੱਚ ਮੀਟਿੰਗ ਕਰਕੇ ਉਨ੍ਹਾਂ ਨੂੰ ਹਦਾਇਤ ਕੀਤੀ ਕਿ ਆਪਣੀ ਵਿਕਰੀ ਵਧਾਉਣ ਅਤੇ ਵੱਧ ਤੋਂ ਵੱਧ ਟੈਕਸ ਸਰਕਾਰ ਨੂੰ ਅਦਾ ਕਰਨ। ਉਨ੍ਹਾਂ ਕਿਹਾ ਕਿ ਸਾਨੂੰ ਮਜਬੂਰ ਨਾ ਕੀਤਾ ਜਾਵੇ ਕਿ ਕਿਸੇ ਦੇ ਵਪਾਰਕ ਸੰਸਥਾਨਾਂ ਤੇ ਜਾ ਕੇ ਚੈਕਿੰਗ ਕੀਤੀ ਜਾਵੇ। ਇਸ ਲਈ ਆਪਣਾ ਫਰਜ਼ ਸਮਝਦੇ ਹੋਏ ਟੈਕਸ ਅਦਾ ਕਰਕੇ ਚੰਗਾ ਨਾਗਰਿਕ ਹੋਣ ਦਾ ਫਰਜ਼ ਨਿਭਾਈਏ। ਮੈਡਮ ਅੰਜਲੀ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਦਾ ਟੈਕਸ ਪਿਛਲੇ ਸਾਲ ਨਾਲੋਂ ਘੱਟ ਗਿਆ ਹੈ, ਜਿਸ ਨੂੰ ਵਧਾਉਣ ਲਈ ਲਗਾਤਾਰ ਮੀਟਿੰਗਾਂ ਦਾ ਦੌਰ ਜਾਰੀ ਹੈ। ਵਪਾਰੀ ਵਰਗ ਪਾਸੋ ਟੈਕਸ ਅਦਾ ਕਰਨ ਸਬੰਧੀ ਹਾਂ-ਪੱਖੀ ਜਵਾਬ ਮਿਲਿਆ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਵਪਾਰਿਕ ਜਥੇਬੰਦੀਆ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਟੈਕਸ ਅਦਾ ਕਰਨ ਲਈ ਪ੍ਰੇਰਿਆ ਜਾਵੇਗਾ। ਇਸ ਮੌਕੇ ਸਟੇਟ ਅਫਸਰ ਹੀਰਾ ਲਾਲ, ਸਟੇਟ ਅਫਸਰ ਰਜਨੀ, ਇੰਸਪੈਕਟਰ ਅੰਗਰੇਜ਼ ਸਿੰਘ, ਨਵਦੀਪ ਸਿੰਘ, ਹਰਪ੍ਰੀਤ ਸਿੰਘ, ਮਨਜੀਤ ਸਿੰਘ, ਪ੍ਰਭਜੋਤ ਕੌਰ, ਐਡਵੋਕੇਟ ਆਦੇਸ਼ ਅਗਨੀਹੋਤਰੀ, ਬੱਬਲ ਬਿਜਲੀ ਵਾਲੇ, ਸਤਨਾਮ ਬਿਜਲੀ ਵਾਲੇ, ਚਾਵਲਾ ਬਿਜਲੀ ਵਾਲੇ, ਸੁੱਖ ਕਰਿਆਨਾ ਸਟੋਰ, ਸੇਵਾਦਾਰਾਂ ਦਾ ਹੱਟੀ ਅਤੇ ਗੁਲਾਟੀ ਕਲਾਥ ਮੌਜੂਦ ਸਨ।

# 'ਸਾਂਝ ਰੂਹਾਂ ਦੀ' ਲੋਕ ਅਰਪਣ



ਝਬਾਲ (ਹਰਜਿੰਦਰ ਸਿੰਘ ਸੋਨੀ)-ਜਸਵਿੰਦਰ ਸਿੰਘ ਝਬਾਲ ਦੀ ਕਿਤਾਬ "ਸਾਂਝ ਰੂਹਾਂ ਦੀ" ਕਰਮ ਸਿੰਘ ਹਿਸਟੋਰੀਅਨ ਲਾਇਬਰੇਰੀ ਝਬਾਲ ਵਿਖੇ ਪੰਜਾਬ ਸਾਹਿਤ ਸੱਥ ਅਤੇ ਸੱਭਿਆਚਾਰਕ ਅੰਮ੍ਰਿਤਸਰ ਵੱਲੋਂ ਲੋਕ ਅਰਪਣ ਕੀਤੀ ਗਈ।

ਬਾਅਦ ਵਿੱਚ ਕਵੀ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਜਸਬੀਰ ਸਿੰਘ ਝਬਾਲ, ਬਲਜੀਤ ਸਿੰਘ ਅਕਲੀਆ, ਕਰਨ ਭਿੱਖੀ, ਨਰਿੰਦਰ ਸਿੰਘ ਪੰਨੂੰ, ਅਮਰਜੀਤ ਸਿੰਘ ਸਰਪੰਚ, ਕਾਮਰੇਡ ਦਵਿੰਦਰ ਸੋਹਲ, ਦਵਿੰਦਰ ਕੌਰ ਝਬਾਲ, ਹਰਪ੍ਰੀਤ ਕੌਰ ਝਬਾਲ, ਕੀਰਤ ਪ੍ਰਤਾਪ ਪੰਨੂੰ, ਹਰਦਰਸਨ ਕਮਲ, ਨਿਸ਼ਾਨ ਸਿੰਘ, ਬਲਜਿੰਦਰ ਸਿੰਘ ਬਘਿਆੜੀ, ਬਲਬੀਰ ਲਹਿਰੀ, ਜਤਿੰਦਰ ਸਿੰਘ, ਕੰਵਲਜੀਤ ਸਿੰਘ ਢਿੱਲੋਂ, ਹਰਭਜਨ ਸਿੰਘ ਭੱਗਰੱਥ, ਗੁਰਮੀਤ ਸਿੰਘ ਨੂਰਦੀ, ਸਤਨਾਮ ਸਿੰਘ, ਗੁਰਪਿੰਦਰ ਸਿੰਘ, ਵੱਸਣ ਸਿੰਘ, ਭੁਪਿੰਦਰ ਸਿੰਘ, ਹਰਬੰਸ ਸਿੰਘ ਚਾਹਲ, ਜਸਵਿੰਦਰ ਸਿੰਘ ਚਾਹਲ, ਮਨਦੀਪ ਕੌਰ, ਮੰਗਲ ਸਿੰਘ (ਪਿਤਾ) ਸਰਬਜੀਤ ਕੌਰ (ਮਾਤਾ) ਮਲਕੀਤ ਸਿੰਘ ਰਾਸੀ, ਨਰਿੰਦਰ ਸਿੰਘ, ਬਿਕਰਮ ਸਿੰਘ, ਨਰਿੰਦਰ ਕੁਮਾਰ ਸਰਪੰਚ, ਗੁਰਪ੍ਰੀਤ ਸਿੰਘ ਹਾਜ਼ਰ ਸਨ। ਸਟੇਜ ਦੀ ਸੇਵਾ ਜਸਵਿੰਦਰ ਸਿੰਘ ਢਿੱਲੋਂ ਤਰਨਤਾਰਨ ਨੇ ਨਿਭਾਈ।

# ਚੌਥੇ ਪਾਤਸ਼ਾਹ ਦੇ ਪ੍ਰਕਾਸ਼ ਪੁਰਬ ਸਬੰਧੀ ਦੁਕਾਨਦਾਰਾਂ ਨੂੰ ਦਿੱਤੇ ਸੱਦਾ ਪੱਤਰ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮਨਾਉਣ ਸਬੰਧੀ ਸ੍ਰੀ ਦਰਬਾਰ ਸਾਹਿਬ ਦੇ ਆਲੇ-ਦੁਆਲੇ ਦੇ ਦੁਕਾਨਦਾਰਾਂ ਨੂੰ ਸੱਦਾ ਪੱਤਰ ਦਿੱਤੇ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ, ਅੰਤ੍ਰਿੰਗ ਮੈਂਬਰ ਬਾਵਾ ਸਿੰਘ ਗੁਮਾਨਪੁਰਾ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸੁਰਜੀਤ ਸਿੰਘ ਭਿੱਟੇਵੱਡ, ਭਾਈ ਅਜਾਇਬ ਸਿੰਘ ਅਭਿਆਸੀ, ਸੁਖਵਿੰਦਰ ਸਿੰਘ ਭਾਟੀਆ, ਸਕੱਤਰ ਪ੍ਰਤਾਪ ਸਿੰਘ ਤੇ ਸ੍ਰੀ ਦਰਬਾਰ ਸਾਹਿਬ ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਦੁਕਾਨਦਾਰਾਂ ਨੂੰ ਪ੍ਰਕਾਸ਼ ਗੁਰਪੁਰਬ ਮਨਾਉਣ ਸਬੰਧੀ ਸੱਦਾ ਪੱਤਰ ਅਤੇ ਲੱਡੂਆਂ ਦਾ ਪ੍ਰਸ਼ਾਦ ਦਿੱਤਾ। ਭਾਈ ਗੁਰਚਰਨ ਸਿੰਘ ਗਰੇਵਾਲ ਨੇ ਦੁਕਾਨਦਾਰਾਂ ਨੂੰ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਮੁਬਾਰਕਬਾਦ ਦਿੰਦਿਆਂ ਪ੍ਰੇਰਨਾ ਕੀਤੀ ਕਿ ਇਸ ਮਹਾਨ ਗੁਰਪੁਰਬ ਮੌਕੇ ਸਾਡਾ ਸਭ ਦਾ ਸਾਂਝਾ ਫਰਜ਼ ਬਣਦਾ ਹੈ ਕਿ ਅਸੀਂ ਇਸ ਮੌਕੇ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਨੂੰ ਯਾਦਗਾਰੀ ਬਣਾਉਣ ਲਈ ਆਪੋ ਆਪਣਾ ਯੋਗਦਾਨ ਪਾਈਏ ਤਾਂ ਜੋ ਦੇਸ਼ ਵਿਦੇਸ਼ ਤੋਂ ਪੁੱਜਦੀਆਂ ਸੰਗਤਾਂ ਚੰਗਾ ਪ੍ਰਭਾਵ ਲੈ ਕੇ ਜਾਣ। ਇਸ ਲਈ ਆਪੋ ਆਪਣੀਆਂ ਦੁਕਾਨਾਂ ਦੀ ਸਜਾਵਟ ਕੀਤੀ ਜਾਵੇ ਅਤੇ ਸਾਫ ਸਫਾਈ ਦਾ ਵੀ ਖਾਸ ਤੌਰ 'ਤੇ ਖਿਆਲ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਵਰੋਸਾਈ ਨਗਰੀ ਦੇ ਵਸਨੀਕ ਹੋਣਾ ਸਾਡੀ ਖੁਸ਼ਕਿਸਮਤੀ ਹੈ।

ਇਸ ਲਈ ਸ਼ਹਿਰ ਦੇ ਬਾਨੀ ਗੁਰੂ ਸਾਹਿਬ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕਰਨਾ ਸਾਡਾ ਫਰਜ਼ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ, ਮੈਨੇਜਰ ਸਤਿੰਦਰ ਸਿੰਘ, ਵਧੀਕ ਮੈਨੇਜਰ ਗੁਰਪ੍ਰੀਤ ਸਿੰਘ, ਮੀਤ ਮੈਨੇਜਰ ਰਵਿੰਦਰਜੀਤ ਸਿੰਘ ਵੀ ਮੌਜੂਦ ਸਨ।

# ਆਕਾਸ਼ਜੀਤ ਸਿੰਘ ਦੀ ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀ



ਅੰਮ੍ਰਿਤਸਰ, ਜੰਡਿਆਲਾ ਗੁਰੂ (ਨਰਿੰਦਰਜੀਤ ਸਿੰਘ/ਹਰਿੰਦਰਪਾਲ ਸਿੰਘ)-ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਨੌਜਵਾਨ ਭਣੇਵੇਂ ਆਕਾਸ਼ਜੀਤ ਸਿੰਘ, ਵਾਸੀ ਜਹਾਂਗੀਰ ਜੋ ਬੀਤੇ ਦਿਨ ਇਕ ਸੜਕ ਹਾਦਸੇ ਵਿੱਚ ਅਕਾਲ ਚਲਾਣਾ ਕਰ ਗਿਆ ਸੀ, ਨਮਿਤ ਸ਼ਰਧਾਂਜਲੀ ਸਮਾਗਮ ਅਤੇ ਪਾਠ ਦਾ ਭੋਗ ਪਿੰਡ ਜਹਾਂਗੀਰ ਵਿਖੇ ਪਾਇਆ ਗਿਆ।

ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀਆਂ, ਮੁੱਖ ਮੰਤਰੀ ਪੰਜਾਬ ਦੇ ਭੈਣਜੀ ਮਨਪ੍ਰੀਤ ਕੌਰ ਤੇ ਵਿਧਾਇਕ ਸਹਿਬਾਨ ਨੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ ਆਕਾਸ਼ਜੀਤ ਨੂੰ ਸ਼ਰਧਾਂਜਲੀ ਭੇਟ ਕੀਤੀ। ਮੁੱਖ ਮੰਤਰੀ ਮਾਨ ਨੇ ਫੋਨ ਕਰਕੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਬ੍ਰਹਮ ਸ਼ੰਕਰ ਜਿੰਪਾ, ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ, ਦਲਬੀਰ ਸਿੰਘ ਟੌਂਗ, ਜਸਵੀਰ ਸਿੰਘ ਟਾਂਡਾ, ਨਰੇਸ਼ ਕਟਾਰੀਆ, ਕਸ਼ਮੀਰ ਸਿੰਘ ਸੋਹਲ, ਮੁੱਖ ਮੰਤਰੀ ਦੇ ਓਐੱਸਡੀ ਪ੍ਰੋਫੈਸਰ ਉਂਕਾਰ ਸਿੰਘ, ਡਿਪਟੀਟੀ ਕਮਿਸ਼ਨਰ ਤਰਨਤਾਰਨ ਸੰਦੀਪ ਕੁਮਾਰ, ਚੇਅਰਮੈਨ ਬਲਦੇਵ ਸਿੰਘ ਮਿਆਦੀਆਂ ਸਮੇਤ ਹੋਰ ਹਸਤੀਆਂ ਨੇ ਵੀ ਸ਼ਰਧਾਂਜਲੀ ਭੇਟ ਕੀਤੀ।

# ਗੁਲਸ਼ਨ ਅਲਗੋਂ 'ਆਪ' ਵੱਲੋਂ ਬਲਾਕ ਪ੍ਰਧਾਨ ਨਿਯੁਕਤ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਕਸਬਾ ਅਲਗੋਂ ਕੋਠੀ ਤੋਂ ਨੌਜਵਾਨ ਆਗੂ ਗੁਲਸ਼ਨ ਕੁਮਾਰ ਨੂੰ ਆਮ ਆਦਮੀ ਪਾਰਟੀ ਵੱਲੋਂ ਬਲਾਕ ਭਿੱਖੀਵਿੰਡ ਤੋਂ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਹਲਕਾ ਖੇਮਕਰਨ ਤੋਂ ਵਿਧਾਇਕ ਸਰਵਨ ਸਿੰਘ ਧੁੰਨ ਦਾ ਧੰਨਵਾਦ ਕਰਦਿਆਂ ਗੁਲਸ਼ਨ ਕੁਮਾਰ ਅਲਗੋਂ ਨੇ ਕਿਹਾ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਪਾਰਟੀ ਵੱਲੋਂ ਸੌਂਪੀ ਗਈ ਹੈ, ਉਸ ਨੂੰ ਉਹ ਤਨਦੇਹੀ ਨਾਲ ਨਿਭਾਉਣਗੇ।

ਮੌਕੇ ਚੇਅਰਮੈਨ ਭਗਵੰਤ ਸਿੰਘ ਕੰਬੋਕੇ, ਪੀਏ ਹਰਜਿੰਦਰ ਸਿੰਘ ਬੁਰਜ, ਗੁਰਜੰਟ ਸਿੰਘ ਕਲਸੀ, ਗੁਰਸੇਵਕ ਬੂੜਚੰਦ, ਬਿੱਟੂ ਦਿਆਲਪੁਰਾ, ਹਰਿੰਦਰ ਕਲਸੀ ਅਤੇ ਪਹਿਲਵਾਨ ਹਰਦੀਪ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਨੇ ਇਸ ਅਹੁਦੇ ਲਈ ਗੁਲਸਨ ਅਲਗੋਂ ਨੂੰ ਚੁਣ ਕੇ ਬਿਲਕੁਲ ਸਹੀ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਗੁਲਸਨ ਅਲਗੋਂ ਬੀਤੇ ਲੰਮੇਂ ਸਮੇਂ ਤੋਂ ਪਾਰਟੀ ਦੀ ਸੇਵਾ ਕਰਦੇ ਆ ਰਹੇ ਹਨ। ਇਸ ਮੌਕੇ ਉਨ੍ਹਾਂ ਆਸ ਪ੍ਰਗਟਾਈ ਕਿ ਗੁਲਸ਼ਨ ਅਲਗੋਂ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਪਾਰਟੀ ਦੀ ਤਰੱਕੀ ਲਈ ਕੰਮ ਕਰਦੇ ਰਹਿਣਗੇ। ਇਸ ਮੌਕੇ ਜੱਸ ਚੂੰਘ, ਬਾਜ ਵੀਰਮ, ਸਰਪੰਚ ਬਲਜੀਤ ਸਿੰਘ ਫਰੰਦੀਪੁਰ, ਜਗਮੀਤ ਸਿੰਘ, ਸਰਪੰਚ ਨਿੰਦਰ ਸਿੰਘ ਕਲਸੀਆਂ ਆਦਿ ਹਾਜ਼ਰ ਸਨ।

# 'ਆਪ' ਵਲੰਟੀਅਰਾਂ ਵੱਲੋਂ ਬਲਾਕ ਤੇ ਸਰਕਲ ਪੱਧਰੀ ਨਵੀਆਂ ਨਿਯੁਕਤੀਆਂ ਦਾ ਵਿਰੋਧ



ਕਲਾਨੌਰ, (ਮਨਦੀਪ ਕੁਮਾਰ ਕੋਹਲੀ)-ਆਮ ਆਦਮੀ ਪਾਰਟੀ ਹਾਈਕਮਾਂਡ ਵੱਲੋਂ ਬਲਾਕ ਅਤੇ ਸਰਕਲ ਪੱਧਰ 'ਤੇ ਨਵੀਆਂ ਨਿਯੁਕਤੀਆਂ ਕਰਨ ਲਈ ਜਾਰੀ ਕੀਤੀ ਗਈ ਸੂਚੀ ਦਾ 'ਆਪ' ਦੇ ਵਲੰਟੀਅਰਾਂ ਨੇ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ ਹੈ। ਕਲਾਨੌਰ ਵਿਖੇ ਬਲਾਕ ਅਤੇ ਸਰਕਲ ਪੱਧਰ 'ਤੇ ਨਵੀਆਂ ਨਿਯੁਕਤੀਆਂ ਸਬੰਧੀ ਵਲੰਟੀਅਰਾਂ ਦੀ ਭਰਵੀਂ ਮੀਟਿੰਗ ਹੋਈ, ਜਿਸ 'ਚ ਡੇਰਾ ਬਾਬਾ ਨਾਨਕ ਦੇ ਬਲਾਕ ਪ੍ਰਧਾਨ ਨਵਪ੍ਰੀਤ ਸਿੰਘ ਰੋਮੀ ਸਮੇਤ ਵੱਡੀ ਗਿਣਤੀ 'ਚ ਵਲੰਟੀਅਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਲਾਕ ਪ੍ਰਧਾਨ ਨਵਪ੍ਰੀਤ ਸਿੰਘ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਜੋ ਬਲਾਕ ਤੇ ਸਰਕਲ ਪੱਧਰ 'ਤੇ ਨਵੀਆਂ ਨਿਯੁਕਤੀਆਂ ਦੀ ਸੂਚੀ ਜਾਰੀ ਕੀਤੀ ਗਈ ਹੈ ਉਹ ਪੂਰੀ ਤਰ੍ਹਾਂ ਭਾਈ-ਭਤੀਜਾਵਾਦ ਤੋਂ ਪ੍ਰੇਰਿਤ ਹੈ। ਉਨ੍ਹਾਂ ਕਿਹਾ ਕਿ ਇਸ ਸੂਚੀ ਵਿੱਚ ਪੁਰਾਣੇ ਵਲੰਟੀਅਰਾਂ ਨੂੰ ਨਜ਼ਰਅੰਦਾਜ਼ ਕਰਕੇ ਉਨ੍ਹਾਂ ਨੂੰ ਅਹੁਦੇ ਦਿੱਤੇ ਗਏ ਹਨ, ਜਿਨ੍ਹਾਂ ਨੂੰ ਦੂਜੀਆਂ ਪਾਰਟੀਆਂ ਵੱਲੋਂ ਨਕਾਰਿਆ ਗਿਆ ਸੀ।

ਇਸ ਮੌਕੇ ਵਲੰਟੀਅਰ ਮਹਿਕਪ੍ਰੀਤ ਸਿੰਘ ਨੇ ਕਿਹਾ ਕਿ ਅਸੀਂ ਕਦੇ ਵੀ ਕੋਈ ਅਹੁਦਾ ਲੈਣ ਲਈ 'ਆਪ' ਪਾਰਟੀ ਵਿੱਚ ਕੰਮ ਨਹੀਂ ਕੀਤਾ। ਸਾਡਾ ਮਕਸਦ ਸਿਰਫ ਇਲਾਕੇ ਦਾ ਵਿਕਾਸ ਸੀ ਪਰ ਅਫਸੋਸ ਨਾਲ ਕਹਿਣਾ ਪੈਂਦਾ ਹੈ ਕਿ ਸਾਡੇ ਇਲਾਕੇ ਦਾ ਨਾਮਾਤਰ ਵੀ ਵਿਕਾਸ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਜਦੋਂ ਵਿਕਾਸ ਕਾਰਜਾਂ ਸਬੰਧੀ ਆਰਟੀਆਈ ਰਾਹੀਂ ਜਵਾਬ ਮੰਗੇ ਜਾਂਦੇ ਹਨ ਤਾਂ ਸਬੰਧਤ ਅਧਿਕਾਰੀ ਵੱਲੋਂ ਜਵਾਬ ਨਹੀਂ ਦਿੱਤਾ ਜਾ ਰਿਹਾ।

ਡੇਰਾ ਬਾਬਾ ਨਾਨਕ ਬਲਾਕ ਦੇ ਬਲਾਕ ਪ੍ਰਧਾਨ ਨੇ ਪੂਰੀ ਮਿਹਨਤ ਕੀਤੀ ਹੈ ਪਰ ਉਸ ਨੂੰ ਟਾਲਿਆ ਜਾ ਰਿਹਾ ਹੈ, ਉਨ੍ਹਾਂ ਦਾ ਮਜ਼ਾਕ ਬਣਾਇਆ ਜਾ ਰਿਹਾ ਜਿਸ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ 25-30 ਪਿੰਡਾਂ ਦੇ ਵਲੰਟੀਅਰ ਸਾਥੀ ਹਾਜ਼ਰ ਸਨ।

# 20 ਨੂੰ ਚੰਡੀਗੜ੍ਹ ਧਰਨੇ ਦੀਆਂ ਤਿਆਰੀਆਂ ਜ਼ੋਰਾਂ 'ਤੇ : ਕੋਟ ਬੁੱਢਾ



ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)-ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਦੇ ਸੱਦੇ 'ਤੇ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਵੱਲੋਂ ਸੂਬਾ ਕਮੇਟੀ ਆਗੂਆਂ ਦੀ ਮੀਟਿੰਗ ਕੀਤੀ ਗਈ ਜਿਸ ਦੀ ਪ੍ਰਧਾਨਗੀ ਸੁਖਦੇਵ ਸਿੰਘ ਮੰਡ ਫਿਰੋਜ਼ਪੁਰ ਬਾਬਾ ਪਰਗਟ ਸਿੰਘ ਪਰਿੰਗੜੀ ਤਰਨ ਤਾਰਨ ਨੇ ਕੀਤੀ। ਇਸ ਮੌਕੇ ਜਥੇਬੰਦੀ ਦੇ ਸੂਬਾ ਪ੍ਰਧਾਨ ਇੰਦਰਜੀਤ ਸਿੰਘ ਕੋਟ ਬੁੱਢਾ ਸੁਖਵੰਤ ਸਿੰਘ ਦੁਬਲੀ ਗੁਰਸਾਹਿਬ ਸਿੰਘ ਚਾਟੀ ਵਿੰਡ ਪਰਮਜੀਤ ਸਿੰਘ ਬਾਊਪੁਰ ਨੇ ਕਿਹਾ ਕਿ ਪਿਛਲੇ ਸਮੇਂ ਵਿੱਚ ਹੜ੍ਹਾਂ ਨੇ ਪੂਰੇ ਪੰਜਾਬ ਨੂੰ ਬਰਬਾਦ ਕਰਕੇ ਰੱਖ ਦਿੱਤਾ ਜਿੱਥੇ ਕਿਸਾਨ ਬਰਬਾਦ ਹੋਏ ਝੋਨੇ ਦੀ ਮਾਰ ਝੱਲ ਰਹੇ ਨੇ ਉੱਥੇ ਘਰਾਂ ਦਾ ਬਹੁਤ ਜ਼ਿਆਦਾ ਨੁਕਸਾਨ ਝੱਲਣਾ ਪੈ ਰਿਹਾ ਹੈ ਪਰ ਸਰਕਾਰ ਵੱਲੋਂ ਅੱਜ ਤੱਕ ਕੋਈ ਵੀ ਮੁਆਵਜ਼ੇ ਦਾ ਪੈਸਾ ਕਿਸਾਨਾਂ ਤੱਕ ਪਹੁੰਚਦਾ ਨਹੀਂ ਕੀਤਾ ? ਇਸ ਮੌਕੇ ਜਥੇਬੰਦੀ ਦੇ ਸੂਬਾ ਕਮੇਟੀ ਮੈਂਬਰ ਕਰਨੈਲ ਸਿੰਘ ਫਿਰੋਜਪੁਰ ਸਾਹਿਬ ਸਿੰਘ ਸਭਰਾ, ਸੁਖਵਿੰਦਰ ਸਿੰਘ ਰੂੜੀਵਾਲਾ ਨੇ ਕਿਹਾ ਕਿ ਸਰਕਾਰ ਨਸ਼ੇ 'ਤੇ ਅੱਜ ਤੱਕ ਕੋਈ ਕੰਟਰੋਲ ਨਹੀਂ ਕਰ ਸਕੀ। ਇਸ ਮੌਕੇ ਕਿਸਾਨਾਂ ਨੇ ਬੋਲਦਿਆਂ ਕਿਹਾ ਕਿ ਰਹਿੰਦੀਆਂ ਫਸਲਾਂ ਤੇ ਸਰਕਾਰ ਵੱਲੋਂ ਅੱਜ ਤੱਕ ਕੋਈ ਵੀ ਐੱਮਐੱਸਪੀ ਦੀ ਗਰੰਟੀ ਨਹੀਂ ਦਿੱਤੀ ਗਈ, ਆਬਾਦਕਾਰ ਕਿਸਾਨਾਂ ਨੂੰ ਮਾਲਕੀ ਹੱਕ ਦਿਵਾਉਣ ਦੇ ਮੁੱਦੇ ਅਤੇ ਹੋਰ ਕਈ ਮੁੱਦਿਆਂ ਨੂੰ ਲੈ ਕੇ 20 ਅਕਤੂਬਰ ਨੂੰ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਦੇ ਝੰਡੇ ਹੇਠ ਵੱਡਾ ਇਕੱਠ ਕੀਤਾ ਜਾਵੇਗਾ ਜਿਸ ਨੂੰ ਲੈ ਕੇ ਅੱਜ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਵੱਲੋਂ ਮੀਟਿੰਗ ਕੀਤੀ ਗਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬੁੱਧ ਸਿੰਘ ਰੂੜੀ ਵਾਲਾ, ਹਰਜੀਤ ਸਿੰਘ ਜੌਹਲ, ਬਲੀ ਸਿੰਘ ਸੀਤੋ, ਰੁਪਿੰਦਰਜੀਤ ਸਿੰਘ ਸੁਲਤਾਨਵਿੰਡ, ਸੰਦੀਪ ਸਿੰਘ, ਅੰਗਰੇਜ ਸਿੰਘ ਚਾਟੀਵਿੰਡ, ਫਤਿਹ ਸਿੰਘ ਫਿਰੋਜ਼ਪੁਰ, ਦਿਲਬਾਗ ਸਿੰਘ ਵਰਿਆਂ, ਲਖਵਿੰਦਰ ਸਿੰਘ ਭੰਗਾਲਾ ਅਤੇ ਵਿਰਸਾ ਸਿੰਘ ਆਦਿ ਆਗੂ ਹਾਜ਼ਰ ਸਨ।

17-Oct-PAGE-12.qxd 10/16/2023 10:31 PM Page 1



# ਤਨਖਾਹ ਕਟੌਤੀ ਬੰਦ ਤੇ ਰੈਗੂਲਰ ਨਾ ਕਰਨ ਦਾ ਰੋਸ ਜਤਾ ਰਹੇ ਨੇ ਸਿੱਖਿਆ ਵਿਭਾਗ ਦੇ ਦਫਤਰੀ ਕਾਮੇ




**ਜਲੰਧਰ ( ਸ਼ੈਲੀ ਐਲਬਰਟ)**- ਆਮ ਆਦਮੀ ਪਾਰਟੀ ਦੀ ਸਰਕਾਰ ਦੇ 18 ਮਹੀਨਿਆਂ ਦੇ ਕਾਰਜਕਾਲ ਦੌਰਾਨ ਸਰਕਾਰ ਵੱਲੋਂ ਸਿੱਖਿਆ ਵਿਭਾਗ ਦੇ ਦਫਤਰੀ ਮੁਲਾਜਮਾਂ ਨੂੰ ਲਗਾਏ ਜਾ ਰਹੇ ਲਾਰਿਆਂ ਦਾ ਲੋਲੀਪਾਪ ਪ੍ਰੈਸ ਕਲੱਬ ਚੋਕ ਚ ਫੂਕ ਕੇ ਆਪਣਾ ਰੋਸ ਪ੍ਰਗਟ ਕੀਤਾ ਕਿ ਸੂਬਾ ਸਰਕਾਰ ਨੇ 18 ਮਹੀਨਿਆਂ ਤੋਂ ਦਫਤਰੀ ਕਾਮਿਆਂ ਦੀ ਤਨਖਾਹ ਪੂਰੀ ਨਹੀ ਕੀਤੀ। ਆਗੂਆ ਨੇ ਕਿਹਾ ਕਿ ਵਿਭਾਗ ਕੱਚੇ ਮੁਲਾਜਮਾਂ ਦੇ ਕੰਮ 'ਚ ਤਾਂ ਵਾਧਾ ਕਰ ਰਿਹਾ ਪਰ ਤਨਖਾਹ ਪੂਰੀ ਨਹੀ ਕੀਤੀ ਜਾ ਰਹੀ। ਸੂਬੇ, ਸਰਕਾਰ ਅਤੇ ਵਿਭਾਗ ਨੂੰ ਚਲਾਉਣ ਲਈ ਦਫਤਰੀ ਮੁਲਾਜ਼ਮ ਸਰਕਾਰਾਂ ਦੀ ਰੀੜ ਦੀ ਹੱਡੀ ਮੰਨੇ ਜਾਦੇ ਹਨ ਪ੍ਰੰਤੂ ਪੰਜਾਬ ਦਾ ਸਿੱਖਿਆ ਵਿਭਾਗ ਕਿਸੇ ਵੀ ਪਾਰਟੀ ਦੀ ਸਰਕਾਰ ਆਈ ਹੋਵੇ ਦਫਤਰੀ ਮੁਲਾਜ਼ਮਾਂ ਨਾਲ ਵਿਤਕਰਾ ਹੀ ਕਰਦਾ ਰਿਹਾ ਹੈ। ਸਿੱਖਿਆ ਵਿਭਾਗ ਵੱਲੋਂ ਹਰ ਵਾਰ ਦਫਤਰੀ ਮੁਲਾਜ਼ਮਾਂ ਅਤੇ ਆਈ ਈ ਆਰ ਟੀ ਨੂੰ ਬਣਦੇ ਹੱਕ ਦੇਣ ਦੀ ਬਜਾਏ ਹਰ ਵਾਰ ਵਿਸਾਰਿਆ ਜਾ ਰਿਹਾ ਹੈ। ਹੋਰ ਤਾਂ ਹੋਰ ਹੁਣ ਦਫਤਰੀ ਮੁਲਾਜ਼ਮਾਂ ਅਤੇ ਆਈ ਈ ਆਰ ਟੀ ਨੂੰ ਸਤੰਬਰ 2023 ਦੀ ਤਨਖਾਹ ਵੀ ਨਸੀਬ ਨਹੀ ਹੋਈ। ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਵ ਸਿੱਖਿਆ ਅਭਿਆਨ ਦਫਤਰੀ ਕਰਮਚਾਰੀ ਯੂਨੀਅਨ ਅਤੇ ਆਈ ਈ ਆਰ ਟੀ ਯੂਨੀਅਨ ਦੇ ਆਗੂ ਸ਼ੋਭਿਤ ਭਗਤ, ਗਗਨਦੀਪ ਸ਼ਰਮਾ, ਲਲਿਤ ਮਿਸ਼ਰਾ, ਰਜੀਵ, ਆਸ਼ੀਸ਼, ਸੁਖਰਾਜ, ਗਗਨ ਸਿਆਲ ਨੇ ਕਿਹਾ ਕਿ ਦਫਤਰੀ ਮੁਲਾਜ਼ਮਾਂ ਦੀ ਤਕਰੀਬਨ 5000 ਰੁਪਏ ਮਹੀਨਾ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ ਜੋ ਕਿ ਬਾਰ ਬਾਰ ਮੰਤਰੀਆ ਵੱਲੋਂ ਵਾਅਦੇ ਕਰਨ ਦੇ ਬਾਵਜੂਦ ਪੂਰੀ ਨਹੀਂ ਹੋਈ। ਆਗੂਆਂ ਨੇ ਕਿਹਾ ਕਿ ਦਫਤਰੀ ਮੁਲਜ਼ਮ ਅਤੇ ਆਈ ਈ ਆਰ ਟੀ ਮੁਲਾਜਮਾਂ ਨੇ ਰੋਸ ਜ਼ਾਹਰ ਕਰਨ ਲਈ ਜ਼ਿਲਾਂ ਦਫਤਰ ਵਿਖੇ ਇਕੱਤਰ ਹੋ ਕੇ ਰੋਸ ਪ੍ਰਦਰਸ਼ਨ ਕੀਤਾ ਅਤੇ ਡਿਪਟੀ ਕਮਿਸ਼ਨਰ ਤੇ ਜ਼ਿਲ੍ਹਾ ਸਿੱਖਿਆ ਅਫਸਰ ਨੂੰ 17 ਤੋਂ 18 ਅਕਤੂਬਰ ਤੱਕ ਸੂਬੇ ਭਰ ਵਿਚ ਕਾਲੇ ਬਿੱਲੇ ਲਾ ਕੇ ਕੰਮ ਕਰਨ ਤੇ 19 ਅਕਤੂਬਰ ਨੂੰ ਸਿੱਖਿਆ ਮੰਤਰੀ ਦੇ ਹਲਕੇ ਸ਼੍ਰੀ ਆਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਇਕੱਠ ਕਰਕੇ ਰੋਸ ਪਰਦਰਸ਼ਨ ਕਰਨ ਸਬੰਧੀ ਅਲਟੀਮੇਟਮ ਦਿੱਤਾ। ਆਗੂਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਪਹਿਲੀਆਂ ਸਰਕਾਰਾਂ ਵਾਂਗੂੰ ਲਾਰੇ ਲਗਾ ਰਹੀ ਹੈ ਇਸ ਲਈ ਮੁਲਾਜਮ ਸੜਕਾਂ ਤੇ ਆ ਕੇ ਰੋਸ ਪ੍ਰਦਰਸ਼ਨ ਕਰਨ ਨੂੰ ਮਜਬੂਰ ਹੋ ਰਹੇ ਹਨ ਅਤੇ 19 ਅਕਤੂਬਰ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਵੱਡਾ ਇਕੱਠ ਕਰਕੇ ਰੋਸ ਮਾਰਚ ਕਰਨਗੇ।

# ਮੁਲਾਜ਼ਮਾਂ ਦੀ ਦਿੱਲੀ 'ਚ ਕੌਮੀ ਰੈਲੀ 3 ਨੂੰ, ਪ ਸ ਸ ਫ ਕਰੇਗੀ ਸ਼ਮੂਲੀਅਤ



**ਜਲੰਧਰ :** ਦੇਸ਼ ਦੇ ਮੁਲਾਜ਼ਮਾਂ ਦੀ ਕੌਮੀਂ ਜੱਥੇਬੰਦੀ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਅਤੇ ਕਨਫੈਡਰੇਸ਼ਨ ਆਫ ਸੈਂਟਰਲ ਗੌਰਮਿੰਟ ਇੰਪਲਾਈਜ਼ ਅਤੇ ਵਰਕਰਜ਼ ਵਲੋਂ ਕੀਤੇ ਜਾ ਰਹੇ ਦੇਸ਼ ਵਿਆਪੀ ਸੰਘਰਸ਼ ਨੂੰ ਹੋਰ ਵੀ ਤਿੱਖਾ ਕਰਦਿਆਂ ਮਿਤੀ 3 ਨਵੰਬਰ ਨੂੰ ਰਾਮਲੀਲਾ ਮੈਦਾਨ ਦਿੱਲੀ ਵਿਖੇ ਇੱਕ ਵਿਸ਼ਾਲ ਕੌਮੀ ਰੈਲੀ ਕੀਤੀ ਜਾ ਰਹੀ ਹੈ ਜਿਸ ਵਿੱਚ ਸੂਬੇ ਭਰ ਵਿੱਚੋਂ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਝੰਡੇ ਹੇਠ ਸੈਂਕੜਿਆਂ ਦੀ ਗਿਣਤੀ ਵੱਚ ਮੁਲਾਜ਼ਮਾਂ ਵਲੋਂ ਸ਼ਮੂਲੀਅਤ ਕੀਤੀ ਜਾਵੇਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਪ.ਸ.ਸ.ਫ. ਦੇ ਸੂਬਾ ਵਿੱਤ ਸਕੱਤਰ ਸਾਥੀ ਗੁਰਦੀਪ ਸਿੰਘ ਬਾਜਵਾ ਨੇ ਕਿਹਾ ਕਿ 3 ਨਵੰਬਰ ਨੂੰ ਰਾਮਲੀਲਾ ਮੈਦਾਨ ਦਿੱਲੀ ਵਿਖੇ ਕੀਤੀ ਜਾਣ ਵਾਲੀ ਕੌਮੀਂ ਰੈਲੀ ਵਿੱਚ ਸਰਕਾਰ ਤੋਂ ਮੰਗ ਕੀਤੀ ਜਾਵੇਗੀ ਕਿ ਪੀ.ਐਫ.ਆਰ.ਡੀ.ਏ. ਬਿੱਲ ਨੂੰ ਰੱਦ ਕਰਕੇ 31 ਦਸੰਬਰ 2003 ਤੋਂ ਬਾਅਦ ਭਰਤੀ ਮੁਲਾਜ਼ਮਾਂ ਤੇ ਪੁਰਾਣੀ ਪੈਨਸ਼ਨ ਲਾਗੂ ਕੀਤਾ ਜਾਵੇ, ਹਰ ਪ੍ਰਕਾਰ ਦੇ ਕੱਚੇ ਮੁਲਾਜ਼ਮਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕੀਤਾ ਜਾਵੇ, ਮਿਡ ਡੇ ਮੀਲ, ਆਗਣਵਾੜੀ, ਆਸ਼ਾ ਵਰਕਰਾਂ ਦੀਆਂ ਸੇਵਾਵਾਂ ਦਾ ਸਰਕਾਰੀਕਰਣ ਕੀਤਾ ਜਾਵੇ, ਲੋਕਾਂ ਨੂੰ ਸਹੂਲਤਾਂ ਪ੍ਰਦਾਨ ਕਰਦੇ ਜਨਤਕ ਅਦਾਰਿਆਂ ਦਾ ਕੀਤਾ ਜਾ ਰਿਹਾ ਨਿੱਜੀਕਰਣ ਬੰਦ ਕੀਤਾ ਜਾਵ, ਕੇਂਦਰੀ ਮੁਲਾਜ਼ਮਾਂ ਲਈ ਅੱਠਵੇਂ ਅਤੇ ਪੰਜਾਬ ਦੇ ਮੁਲਾਜ਼ਮਾਂ ਲਈ ਸੱਤਵੇਂ ਤਨਖਾਹ ਕਮਿਸ਼ਨ ਦਾ ਗਠਨ ਕੀਤਾ ਜਾਵੇ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਪਿਛਲਾ ਬਕਾਇਆ ਯਕ-ਮੁਸ਼ਤ ਜਾਰੀ ਕੀਤਾ ਜਾਵੇ, ਲੋਕਤੰਤਰ ਅਧਿਕਾਰਾਂ ਨੂੰ ਬਰਕਰਾਰ ਰੱਖਿਆ ਜਾਵੇ। ਇਸ ਮੌਕੇ ਜੱਥੇਬੰਦੀ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੀਨੀਅਰ ਮੀਤ ਪ੍ਰਧਾਨ ਕਰਮਜੀਤ ਸਿੰਘ ਬੀਹਲਾ, ਮੱਖਣ ਸਿੰਘ ਵਾਹਿਦਪੁਰੀ, ਸੁਖਵਿੰਦਰ ਸਿੰਘ ਚਾਹਲ, ਹਰਮਨਪ੍ਰੀਤ ਕੌਰ ਗਿੱਲ ਵੀ ਹਾਜਰ ਸਨ।

# ਬੀਬੀ ਸ਼ਰਨ ਕੌਰ ਖ਼ਾਲਸਾ ਕਾਲਜ ਵਿਖੇ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਦੀ ਸ਼ੁਰੂਆਤ




**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਸਥਾਪਿਤ ਬੀਬੀ ਸ਼ਰਨ ਕੌਰ ਖ਼ਾਲਸਾ ਕਾਲਜ, ਸ੍ਰੀ ਚਮਕੌਰ ਸਾਹਿਬ ਦੇ ਐਨ. ਐਸ. ਐਸ. ਯੂਨਿਟ ਜੋ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਐੱਨ.ਐੱਸ.ਐੱਸ. ਵਿਭਾਗ ਅਧੀਨ ਕਾਰਜਸ਼ੀਲ ਹੈ ਵੱਲੋਂ ਲਗਾਏ ਜਾ ਰਹੇ ਸੱਤ ਰੋਜ਼ਾ ਐੱਨ.ਐੱਸ.ਐੱਸ. ਕੈਂਪ ਦੇ ਉਦਘਾਟਨੀ ਸਮਾਰੋਹ ਦੀ ਪ੍ਰਧਾਨਗੀ ਕਰਨ ਪਹੁੰਚੇ ਜਥੇਦਾਰ ਅਜਮੇਰ ਸਿੰਘ ਖੇੜਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵਲੰਟੀਅਰਾਂ ਖ਼ਾਸ ਤੌਰ 'ਤੇ ਲੜਕੀਆਂ ਨੂੰ ਦੇਸ਼ ਕੌਮ ਅਤੇ ਧਰਮ ਦੀ ਸੇਵਾ ਲਈ ਅੱਗੇ ਆਉਣ ਲਈ ਪ੍ਰੇਰਿਤ ਕੀਤਾ। ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਜਥੇਦਾਰ ਪਰਮਜੀਤ ਸਿੰਘ ਲੱਖੇਵਾਲ ਨੇ ਕੈਂਪ ਦਾ ਆਯੋਜਨ ਕਰਨ ਲਈ ਕਾਲਜ ਪ੍ਰਬੰਧਕਾਂ ਨੂੰ ਮੁਬਾਰਕਬਾਦ ਦਿੰਦਿਆਂ ਵਲੰਟੀਅਰਾਂ ਨੂੰ ਇਸ ਕੈਂਪ ਤੋਂ ਅਨੁਸ਼ਾਸ਼ਨ, ਸਰਬ ਸਾਂਝੀਵਾਲਤਾ ਅਤੇ ਸੇਵਾ ਭਾਵਨਾ ਸਿੱਖਣ ਦਾ ਸੁਨੇਹਾ ਦਿੱਤਾ। ਕੈਂਪ ਵਿੱਚ ਉਚੇਚੇ ਤੌਰ 'ਤੇ ਪਹੁੰਚੇ ਪ੍ਰਸਿੱਧ ਲੇਖਕ, ਪੱਤਰਕਾਰ, ਸਮਾਜ ਸੇਵੀ ਬੁਲਾਰੇ ਦੀਪਕ ਚਨਾਰਥਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਦਿਆਰਥੀਆਂ ਨੂੰ ਅਜੋਕੇ ਤੇਜ਼ ਰਫ਼ਤਾਰ ਪੂੰਜੀਵਾਦੀ ਤੇ ਸੋਸ਼ਲ ਮੀਡੀਆ ਦੇ ਯੁੱਗ ਵਿੱਚ ਆਪਣੀ ਪਛਾਣ ਬਣਾਉਣ ਤੇ ਬਰਕਰਾਰ ਰੱਖਣ ਲਈ ਸਾਹਿਤ, ਵਿਰਸੇ ਅਤੇ ਸ਼ਾਨਾ ਮੱਤੇ ਇਤਿਹਾਸ ਨਾਲ ਜੁੜਨਾ ਜਰੂਰੀ ਹੈ। ਉਨ੍ਹਾਂ ਵਿਸ਼ੇਸ਼ ਰੂਪ ਵਿੱਚ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਵਿੱਦਿਅਕ ਸੰਸਥਾਵਾਂ ਵਿਦਿਆਰਥੀਆਂ ਦੀ ਰਹਿਨੁਮਾਈ ਕਰਨ ਲਈ ਜਾਣੀਆਂ ਜਾਂਦੀਆਂ ਹਨ। ਇਨ੍ਹਾਂ ਸੰਸਥਾਵਾਂ ਵਿੱਚ ਵਿੱਦਿਆ ਹਾਸਿਲ ਕਰਨ ਵਾਲੇ ਵਿਦਿਆਰਥੀ ਉੱਚ ਅਹੁਦਿਆਂ ਤੇ ਪਹੁੰਚ ਕੇ ਵੀ ਨਿਮਰਤਾ, ਸਹਿਣਸ਼ੀਲ਼ਤਾ ਅਤੇ ਸੇਵਾ ਭਾਵਨਾ ਲਈ ਤਤਪਰ ਰਹਿੰਦੇ ਹਨ। ਸਮਾਰੋਹ ਦੀ ਸ਼ੁਰੂਆਤ ਵਿੱਚ ਕਾਲਜ ਪ੍ਰਿੰਸੀਪਲ ਪ੍ਰੋ. ਜਗਰੂਪ ਸਿੰਘ ਨੇ ਆਏ ਮਹਿਮਨਾਂ ਨੂੰ ਜੀ ਆਇਆਂ ਆਖਦਿਆਂ ਕਾਲਜ ਦੀਆਂ ਪ੍ਰਾਪਤੀਆਂ ਅਤੇ ਗਤੀਵਿਧੀਆਂ ਤੇ ਚਾਨਣਾ ਪਾਇਆ। ਉਪਰੰਤ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਪ੍ਰੋ. ਸੁਖਵੀਰ ਕੌਰ ਨੇ ਐੱਨ.ਐੱਸ. ਐੱਸ. ਦੀ ਰਿਪੋਰਟ ਪੜ੍ਹੀ। ਇਸ ਮੌਕੇ ਪ੍ਰੋ. ਸੁਖਵਿੰਦਰ ਕੌਰ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ। ਪ੍ਰਬੰਧਕਾਂ ਵੱਲੋਂ ਦੀਪਕ ਚਨਾਰਥਲ, ਜਥੇਦਾਰ ਅਜਮੇਰ ਸਿੰਘ ਖੇੜਾ, ਜਥੇਦਾਰ ਪਰਮਜੀਤ ਸਿੰਘ ਲੱਖੇਵਾਲ, ਨੱਥਾ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ, ਡਾਕਟਰ ਹਰਨਰਾਇਣ ਸਿੰਘ, ਜਸਪਾਲ ਸਿੰਘ ਸਰਪੰਚ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਕਾਲਜ ਦਾ ਸਮੂਹ ਟੀਚਿੰਗ, ਨਾਨ-ਟੀਚਿੰਗ ਸਟਾਫ਼ ਅਤੇ ਵਲੰਟੀਅਰ ਹਾਜ਼ਰ ਸਨ।

# ਹਾਫਿਜਾਬਾਦ ਸਕੂਲ ਵਿਖੇ ਪੋਸਟਰ ਮੁਕਾਬਲੇ ਕਰਵਾਏ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਭਾਰਤੀ ਮਾਨਕ ਬਿਊਰੋ ਸਮੁੱਚੇ ਭਾਰਤ ਵਿੱਚ ਗੁਣਵੱਤਾ ਭਰਪੂਰ ਢਾਂਚਾ ਵਿਕਸਤ ਕਰਨ ਲਈ ਨਿਰੰਤਰ ਗਤੀਸ਼ੀਲ ਹੈ । ਇਸ ਸੰਸਥਾ ਵੱਲੋ ਅਨੇਕਾਂ ਗਤੀਵਿਧੀਆਂ ਕੀਤੀਆਂ ਜਾਂਦੀਆਂ ਹਨ। ਇਸ ਲੜੀ ਅਧੀਨ ਹੀ ਭਾਰਤੀ ਮਾਨਕ ਬਿਊਰੋ ਵੱਲੋਂ ਵਿਦਿਅਕ ਅਦਾਰਿਆਂ ਵਿੱਚ ਸਟੈਂਡਰਡ ਕਲੱਬ ਸਥਾਪਿਤ ਕੀਤੇ ਗਏ ਹਨ । ਸਟੈਂਡਰਡ ਕਲੱਬ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਾਫਿਜਾਬਾਦ ਵੱਲੋਂ ਪ੍ਰਿੰਸੀਪਲ ਸਤਿੰਦਰ ਸਿੰਘ ਗਰਚਾ ਦੀ ਅਗਵਾਈ ਹੇਠ ਵਿਸ਼ਵ ਸਟੈਂਡਰਡ ਦਿਵਸ ਨੂੰ ਸਮਰਪਿਤ ਪੋਸਟਰ ਬਨਾਉਣ ਸਬੰਧੀ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ । ਇਸ ਮੁਕਾਬਲੇ ਵਿੱਚ ਸਕੂਲ ਦੇ 50 ਵਿਦਿਆਰਥੀਆਂ ਨੇ ਭਾਗ ਲਿਆ । ਕਲੱਬ ਮੈਂਟਰ ਲੈਕਚਰਾਰ ਸੁਖਦੇਵ ਸਿੰਘ ਵੱਲੋਂ ਸਵੇਰ ਦੀ ਸਭਾ ਵਿੱਚ ਭਾਰਤੀ ਮਾਨਕ ਬਿਊਰੋ ਵੱਲੋਂ ਨਿਰਧਾਰਿਤ ਸਟੈਂਡਰਡ ਕੀ ਹਨ, ਸਟੈਂਡਰਡ ਕਿਵੇਂ ਨਿਰਧਾਰਿਤ ਕੀਤੇ ਜਾਂਦੇ ਹਨ ਅਤੇ ਸਟੈਂਡਰਡ ਦੀ ਸਾਡੇ ਰੋਜਾਨਾ ਜੀਵਨ ਵਿੱਚ ਕੀ ਮਹੱਤਤਾ ਹੈ, ਸੰਬੰਧੀ ਵਿਚਾਰ ਪ੍ਰਗਟ ਕੀਤੇ ਗਏ । ਜੇਤੂ ਰਹੇ ਵਿਦਿਆਰਥੀਆਂ ਨੂੰ ਅਧਿਆਪਕਾਂ ਵੱਲੋਂ ਸਨਮਾਨਿਤ ਕੀਤਾ ਗਿਆ । ਇਸ ਮੌਕੇ 'ਤੇ ਲੈਕਚਰਾਰ ਪਰਮਜੀਤ ਕੌਰ , ਲੈਕਚਰਾਰ ਇੰਦਰਜੀਤ ਸਿੰਘ , ਰਾਬਿੰਦਰ ਸਿੰਘ ਰੱਬੀ , ਰਮਨਦੀਪ ਕੌਰ , ਅਨੁਪਮ ਵਰਮਾ , ਹਰਸਿਮਰਤ ਸਿੰਘ ਭਟੋਆ, ਕਿਰਨ ਬਾਲਾ , ਅਮਰਦੀਪ ਕੌਰ ਅਤੇ ਹਰਪ੍ਰੀਤ ਸਿੰਘ ਆਦਿ ਹਾਜਰ ਸਨ ।




# ਸਕੀਆਂ ਭੈਣਾਂ ਨੇ ਵੇਟ ਲਿਫਟਿੰਗ 'ਚ ਪੰਜਾਬ 'ਚੋਂ ਤੀਜਾ ਦਰਜਾ ਕੀਤਾ ਹਾਸਲ



**ਫਿਲੌਰ (ਹਰਜਿੰਦਰ ਕੌਰ ਚਾਹਲ)**-ਇਲਾਕੇ ਦੀਆਂ ਦੋ ਸਕੀਆਂ ਭੈਣਾਂ ਸਾਹਿਬ ਕੌਰ ਨੇ 76 ਕਿਲੋ ਕੈਟਾਗਿਰੀ ਅਤੇ ਸਿਮਰਨਜੀਤ ਕੌਰ ਨੇ 55 ਕਿਲੋ ਕੈਟਾਗਿਰੀ ਵਿੱਚ ਦੋਵਾਂ ਨੇ ਪੰਜਾਬ ਸਰਕਾਰ ਦੁਆਰਾ ਕਰਾਈਆਂ ਗਈਆਂ "ਖੇਡਾਂ ਵਤਨ ਪੰਜਾਬ ਦੀਆਂ" ਵਿੱਚ ਤੀਜਾ ਦਰਜਾ ਹਾਸਲ ਕਰਕੇ ਆਪਣੇ ਮਾਤਾ ਦਲਜੀਤ ਕੌਰ ਰੰਗੀ, ਪਿਤਾ ਗੁਰਮੁੱਖ ਸਿੰਘ ਰੰਗੀ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ।

ਸਾਹਿਬ ਕੌਰ ਅਕਾਲ ਅਕੈਡਮੀ ਬਿਲਗਾ ਵਿਖੇ ਦਸਵੀਂ ਅਤੇ ਸਿਮਰਨਜੀਤ ਕੌਰ ਅੱਠਵੀਂ ਦੀਆਂ ਵਿਧਿਆਰਥਣਾਂ ਹਨ। ਇਸ ਮੌਕੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਲੜਕੀਆਂ ਦੇ ਪਿਤਾ ਗੁਰਮੁੱਖ ਸਿੰਘ ਨੇ ਕਿਹਾ ਕਿ ਉਹਨਾਂ ਦੀਆਂ ਬੱਚੀਆਂ ਬਹੁਤ ਮਿਹਨਤੀ ਹਨ। ਉਹਨਾਂ ਨੇ ਦਿਨ ਰਾਤ ਮਿਹਨਤ ਕੀਤੀ ਅਤੇ ਅਪਣੀ ਮਿਹਨਤ ਦਾ ਸਦਕਾ ਪੰਜਾਬ ਵਿੱਚ ਤੀਜਾ ਦਰਜਾ ਹਾਸਲ ਕੀਤਾ। ਇਸ ਮੌਕੇ ਲੜਕੀਆਂ ਦੇ ਕੋਚ ਲਖਵੀਰ ਸਿੰਘ ਨੱਥੇਵਾਲ ਨੇ ਮੁਬਾਰਕਬਾਦ ਦਿੱਤੀ।

# ਦਿਹਾਤੀ ਮਜ਼ਦੂਰ ਸਭਾ ਵੱਲੋਂ ਮਜ਼ਦੂਰਾਂ ਦੇ ਮਸਲਿਆਂ ਦੇ ਹੱਲ ਲਈ ਤਿੱਖੇ ਸੰਘਰਸ਼ ਦਾ ਐਲਾਨ



**ਜਲੰਧਰ :** ਦਿਹਾਤੀ ਮਜਦੂਰ ਸਭਾ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਦਰਸ਼ਨ ਨਾਹਰ ਦੀ ਪ੍ਰਧਾਨਗੀ ਹੇਠ ਜਲੰਧਰ ਹੋਈ। ਸਭਾ ਦੇ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਨੇ ਮੀਟਿੰਗ 'ਚ ਮਜਦੂਰਾਂ ਦੇ ਮਸਲਿਆਂ ਦੇ ਹਲ ਲਈ ਗੰਭੀਰਤਾ ਨਾਲ ਵਿਚਾਰ ਚਰਚਾ ਕੀਤੀ । ਮੀਟਿੰਗ ਦੇ ਫੈਸਲਿਆਂ ਬਾਰੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਪ੍ਰੈਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਦੱਸਿਆ ਕਿ ਪਿੰਡਾਂ ਵਿਚ ਮੈਂਬਰਸ਼ਿਪ ਮੁਹਿੰਮ ਤੇਜ ਕਰਕੇ ਅਤੇ ਪਿੰਡ ਇਕਾਈਆਂ ਦੀਆਂ ਚੋਣਾਂ ਕਰਵਾ ਕੇ ਮਜਦੂਰਾਂ ਨੂੰ ਸੰਘਰਸ਼ ਵਿਚ ਕੁੱਦਣ ਦਾ ਸੱਦਾ ਦਿੱਤਾ ਜਾਵੇਗਾ। ਮੀਟਿੰਗ ਵਿੱਚ ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਤੈਅ ਕੀਤੇ ਪ੍ਰੋਗਰਾਮ ਨੂੰ ਕਾਮਯਾਬ ਕਰਨ ਲਈ ਰਾਤ ਦਿਨ ਇੱਕ ਕਰਨ ਦਾ ਫੈਸਲਾ ਕੀਤਾ। ਨੂਰਪੁਰੀ ਨੇ ਦੱਸਿਆ ਕਿ ਸਾਂਝੇ ਮੋਰਚੇ ਵਲੋਂ ਮਾਝਾ, ਦੁਆਬਾ ਅਤੇ ਮਾਲਵਾ ਵਿੱਚ ਤਿੰਨ ਕਨਵੈਨਸ਼ਨਾਂ ਕੀਤੀਆਂ ਜਾਣਗੀਆਂ। 18 ਨਵੰਬਰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ, 19 ਨਵੰਬਰ ਅੰਮ੍ਰਿਤਸਰ ਅਤੇ 20 ਨਵੰਬਰ ਟੀਚਰ ਹੋਮ ਬਠਿੰਡਾ ਵਿਖੇ ਹੋਵੇਗੀ। ਬਾਅਦ ਵਿੱਚ 28-29-30 ਨਵੰਬਰ ਨੂੰ ਸਰਕਾਰ ਦੇ ਐਮ ਐਲ ਏਜ ਨੂੰ ਮੰਗ ਪੱਤਰ ਦਿੱਤੇ ਜਾਣਗੇ। 9-10 - 11 ਦਸੰਬਰ ਨੂੰ ਪੰਜਾਬ ਸਰਕਾਰ ਦੇ ਚਾਰ ਮੰਤਰੀਆਂ ਹਰਭਜਨ ਸਿੰਘ ਈਟੀਓ ਦੇ ਘਰ ਜੰਡਿਆਲਾ ਗੁਰੂ, ਬਲਕਾਰ ਸਿੰਘ ਦੇ ਘਰ ਵਡਾਲਾ ਚੌਕ ਜਲੰਧਰ, ਹਰਪਾਲ ਸਿੰਘ ਚੀਮਾ ਦੇ ਘਰ ਦਿੜ੍ਹਬਾ (ਸੰਗਰੂਰ) , ਗੁਰਮੀਤ ਸਿੰਘ ਖੁੱਡੀਆਂ ਦੇ ਘਰ ਖੁੱਡੀਆਂ (ਜ਼ਿਲ੍ਹਾ ਮੁਕਤਸਰ ਸਾਹਿਬ) ਤਿੰਨ ਰੋਜਾ ਲਗਾਤਾਰ ਧਰਨੇ ਦਿੱਤੇ ਜਾਣਗੇ। ਇਨ੍ਹਾਂ ਪ੍ਰੋਗਰਾਮਾਂ ਦੀ ਤਿਆਰੀ ਲਈ 10 ਨਵੰਬਰ ਜ਼ਿਲ੍ਹਾ ਪੱਧਰੀ ਸਾਂਝੀਆਂ ਮੀਟਿੰਗਾਂ ਕੀਤੀਆ ਜਾਣਗੀਆਂ।

ਮੀਟਿੰਗ ਵਿੱਚ ਇੱਕ ਮਤਾ ਪਾਸ ਕਰਕੇ ਕਿਰਤੀਆਂ ਦੀ ਕੰਮ ਦਿਹਾੜੀ 8 ਤੋਂ ਵਧਾ ਕੇ 12 ਘੰਟੇ ਕਰਨ ਦੇ ਪੰਜਾਬ ਸਰਕਾਰ ਦੇ ਫੈਸਲੇ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਕਿਹਾ ਕਿ 20 ਸਤੰਬਰ ਨੂੰ ਜਾਰੀ ਕੀਤਾ ਗਿਆ ਨੋਟੀਫਿਕੇਸ਼ਨ ਫੌਰੀ ਰੱਦ ਕਰਨ ਦੀ ਮੰਗ ਕੀਤੀ ਹੈ। ਮਜਦੂਰ ਜਮਾਤ ਦੀ ਅਗਵਾਈ ਵਿੱਚ ਦੁਨੀਆਂ ਦਾ ਪਹਿਲਾ ਇਨਕਲਾਬ ਅਕਤੂਬਰ ਇਨਕਲਾਬ ਦਾ ਦਿਨ 7 ਨਵੰਬਰ ਨੂੰ ਪਬਲਿਕ ਮੀਟਿੰਗਾਂ, ਸੈਮੀਨਾਰ ਕਰਕੇ ਮਨਾਇਆ ਜਾਵੇਗਾ।

## ਵਰ੍ਹੇਗੰਢ ਮੁਬਾਰਕ



ਮਹਿੰਦਰ ਪਾਲ ਤੇ ਮਹਿੰਦਰ ਕੌਰ ਵਾਸੀ ਫਗਵਾੜਾ ਨੇ ਵਿਆਹ ਦੀ 51ਵੀਂ ਵਰ੍ਹੇਗੰਢ ਮਨਾਈ



ਸੂਬੇਦਾਰ ਦੀਦਾਰ ਸਿੰਘ ਸੋਖੀ ਤੇ ਪਰਮਜੀਤ ਕੌਰ ਵਾਸੀ ਪਿੰਡ ਖੁੰਡਾ ਨੇ ਵਿਆਹ ਦੀ 46ਵੀਂ ਵਰ੍ਹੇਗੰਢ ਮਨਾਈ



ਸੁਖਚੈਨ ਸਿੰਘ ਤੇ ਮਨਪ੍ਰੀਤ ਕੌਰ ਵਾਸੀ ਖਾਣ ਪਿਆਰਾ ਨੇ ਵਿਆਹ ਦੀ ਪਹਿਲੀ ਵਰ੍ਹੇਗੰਢ ਮਨਾਈ

# ਰਿਆਤ ਬਾਹਰਾ ਮੈਨੇਜਮੈਂਟ ਕਾਲਜ ਵਿਖੇ ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਸੈਮੀਨਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ )**-ਰਿਆਤ ਬਾਹਰਾ ਮੈਨੇਜਮੈਂਟ ਕਾਲਜ ਦੇ ਕੰਪਿਊਟਰ ਐਪਲੀਕੇਸ਼ਨ ਵਿਭਾਗ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਬਾਰੇ ਇੱਕ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਬੀਸੀਏ ਸਮੈਸਟਰ -1 ਅਤੇ ਵੈੱਬ-ਟੈਕਨਾਲੋਜੀ ਅਤੇ ਮਲਟੀਮੀਡੀਆ ਸਮੈਸਟਰ -1 ਦੇ ਵਿਦਿਆਰਥੀਆਂ ਨੇ ਭਾਗ ਲਿਆ। ਆਰਟੀਫੀਸ਼ੀਅਲ ਇੰਟੈਲੀਜੈਂਸ ਵਿਸੇ ਦੇ ਮਾਹਿਰ ਅਜੇ ਭਾਟੀਆ ਨੇ ਵਿਦਿਆਰਥੀਆਂ ਨੂੰ ਏ ਆਈ -ਆਰਟੀਫੀਸ਼ੀਅਲ ਇੰਟੈਲੀਜੈਂਸ ਵਿਸ਼ੇ 'ਤੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਸ ਬਾਰੇ ਜਾਗਰੂਕ ਕੀਤਾ ਕਿ ਏਆਈ (ਆਰਟੀਫੀਸ਼ੀਅਲ ਇੰਟੈਲੀਜੈਂਸ) ਐਪਲੀਕੇਸ਼ਨਾਂ ਨੂੰ ਕਿੱਥੇ ਅਤੇ ਕਿਵੇਂ ਵਰਤਿਆ ਜਾ ਸਕਦਾ ਹੈ। ਇਸ ਤੋਂ ਇਲਾਵਾ ਭਾਟੀਆ ਨੇ ਦੱਸਿਆ ਕਿ ਉਹਨਾਂ ਨੇ ਵਿਦਿਆਰਥੀਆਂ ਨੂੰ ਏ. ਆਈ. ਵਿਚ ਆਪਣਾ ਕੈਰੀਅਰ ਕਿਵੇਂ ਬਣਾ ਸਕਦੇ ਹਨ ਇਸ ਸਬੰਧੀ ਵੀ ਅਹਿਮ ਸੁਝਾਅ ਦਿੱਤੇ। ਇਸ ਮੌਕੇ ਪ੍ਰਿੰਸੀਪਲ ਡਾ: ਹਰਿੰਦਰ ਗਿੱਲ ਦੀ ਪ੍ਰਧਾਨਗੀ ਹੇਠ ਪ੍ਰੋ: ਸਤਿੰਦਰ ਪ੍ਰੀਤ ਕੌਰ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਮੌਕੇ ਅਜੈ ਭਾਟੀਆ ਨੇ ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਦਿੱਤੇ। ਇਸ ਮੌਕੇ ਪ੍ਰੋ: ਦਾਨਿਸ, ਪ੍ਰੋ: ਅੰਮ੍ਰਿਤ ਕੌਰ, ਪ੍ਰੋ: ਮਨਪ੍ਰੀਤ ਕੌਰ, ਪ੍ਰੋ: ਜਤਿੰਦਰ ਸਿੰਘ, ਪ੍ਰੋ: ਜੈਸਮੀਨ ਅਤੇ ਹੋਰ ਵਿਦਿਆਰਥੀ ਹਾਜਰ ਸਨ।



# ਬੰਦਾ ਸਿੰਘ ਬਹਾਦਰ ਦੇ ਜਨਮ ਦਿਵਸ ਨੂੰ ਸਮਰਪਤ ਪ੍ਰਸ਼ਨ-ਉਤਰ ਮੁਕਾਬਲੇ



**ਆਦਮਪੁਰ (ਪਰਮਜੀਤ ਸਿੰਘ )** ਪਿੰਡ ਕੋਟਲੀ ਅਰਾਈਆਂ ਵਿਖੇ ਭੁਪਿੰਦਰ ਸਿੰਘ ਹੁੰਦਲ ਯੂ ਐਸ ਏ ਵਲੋਂ ਸੰਸਥਾਪਕ ਮੇਰਾ ਪਿੰਡ 360 ਫਾਊਂਡੇਸਨ ਦੇ ਮੁੱਖ ਸੈਂਟਰ ਕੋਟਲੀ ਅਰਾਈਆਂ ਵਿਖੇ ਬੰਦਾ ਸਿੰਘ ਬਹਾਦਰ ਦੇ ਜਨਮ ਦਿਵਸ ਦੇ ਸਬੰਧ ਵਿੱਚ ਬੱਚਿਆਂ ਦਾ ਪ੍ਰਸ਼ਨ-ਉੱਤਰ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ 120 ਤੋਂ ਵੱਧ ਬੱਚਿਆਂ ਨੇ ਭਾਗ ਲਿਆ। ਮੈਰਿਟ ਵਿੱਚ ਆਉਣ ਵਾਲੇ ਬੱਚਿਆਂ ਨੂੰ ਖਾਸ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਬਾਕੀ ਬੱਚਿਆਂ ਦਾ ਵੀ ਹੌਸਲਾ ਵਧਾਇਆ ਗਿਆ। ਸੰਸਥਾ ਵਲੋਂ ਵੱਖ ਵੱਖ ਇਤਿਹਾਸਿਕ ਅਤੇ ਧਾਰਮਿਕ ਸ਼ਖਸੀਅਤਾਂ ਦੇ ਜੀਵਨ ਤੋਂ ਜਾਣੂ ਕਰਵਾਉਣ ਲਈ ਸਮੇਂ ਸਮੇਂ 'ਤੇ ਅਜਿਹੀਆਂ ਪ੍ਰਤੀਯੋਗਤਾਵਾਂ ਕਾਰਵਾਈਆਂ ਜਾਂਦੀਆਂ ਹਨ ਤਾਂ ਕਿ ਬੱਚਿਆਂ ਦਾ ਆਪਣੇ ਵਿਰਸੇ ਨਾਲ ਲਗਾਵ ਲੱਗਿਆ ਰਹੇ। ਇਸ ਮੌਕੇ 'ਤੇ ਸੰਸਥਾ ਦੇ ਮੈਨੇਜਰ ਪੀਊਸ਼ ਨਰ, ਮਨੀਸ਼ਾ ਨਰ, ਅਮਨਦੀਪ ਸਿੰਘ, ਭਾਰਤੀ ਆਦਿ ਹਾਜਰ ਸਨ। ਪੀਊਸ਼ ਨੇ ਬੱਚਿਆਂ ਨੂੰ ਬੰਦਾ ਬਹਾਦਰ ਦੇ ਜੀਵਨ ਅਤੇ ਬਹਾਦੁਰੀ ਤੋਂ ਪ੍ਰੇਰਿਤ ਕੀਤਾ ।

# ਢੰਡਾ ਜਠੇਰਿਆਂ ਦਾ ਸਾਲਾਨਾ ਮੇਲਾ ਮਨਾਇਆ



**ਬਹਿਰਾਮ (ਅਵਤਾਰ ਕਲੇਰ)** ਚਿੱਟੀ ਰੋੜੀ ਢੰਡਾ ਜਠੇਰਿਆਂ ਦਾ ਸਾਲਾਨਾ ਸਰਾਧ ਮੇਲਾ ਪ੍ਰਬੰਧਕ ਕਮੇਟੀ ਅਤੇ ਸਮੂਹ ਢੰਡਾ ਪਰਵਾਰ ਵਲੋਂ ਖਜੂਰਲਾ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ । ਦੇਸ਼ ਵਿਦੇਸ਼ ਤੋਂ ਹਜਾਰਾਂ ਸੰਗਤਾਂ ਦਰਬਾਰ 'ਤੇ ਨਤਮਸਤਕ ਹੋਈਆਂ । ਵੱਡੇ ਵਡੇਰਿਆਂ ਦੀ ਪੂਜਾ ਕੀਤੀ ਗਈ । ਚਿਰਾਗ ਰੌਸ਼ਨ ਕੀਤੇ ਗਏ । ਆਮ ਆਦਮੀ ਪਾਰਟੀ ਦੇ ਆਗੂ ਬੀਬੀ ਰਾਜਵਿੰਦਰ ਕੌਰ , ਤਵਿੰਦਰ ਰਾਮ ਚੇਅਰਮੈਨ ਮਾਰਕੀਟ ਕਮੇਟੀ ਫਗਵਾੜਾ , ਅੰਮ੍ਰਿਤ ਪਾਲ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਕਮੇਟੀ , ਅਸ਼ਵਨੀ ਕੁਮਾਰ ਇੰਚਾਰਜ ਲੋਕ ਸਭਾ , ਲੱਕੀ ਓਬਰਾਏ , ਮੰਟੂ ਸੱਭਰਵਾਲ ਵਿਸ਼ੇਸ਼ ਤੌਰ 'ਤੇ ਪਹੁੰਚੇ । ਬੀਬੀ ਰਾਜਵਿੰਦਰ ਕੌਰ , ਤਵਿੰਦਰ ਰਾਮ ਚੇਅਰਮੈਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਹਮੇਸ਼ਾ ਹੀ ਆਪਣੇ ਬਜੁਰਗਾਂ ਨੂੰ ਯਾਦ ਰੱਖਣਾ ਚਾਹੀਦਾ ਅਤੇ ਆਪਣੇ ਮਾਂ ਬਾਪ ਦੀ ਸੇਵਾ ਕਰਨੀ ਚਾਹੀਦੀ ਹੈ । ਸਾਨੂੰ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਉਣਾ ਚਾਹੀਦਾ ਹੈ । ਉਹਨਾਂ ਕਿਹਾ ਕਿ ਮੇਨ ਰੋਡ ਤੋਂ ਲੈ ਕੇ ਦਰਬਾਰ ਤੱਕ ਇਟਰਲੌਕ ਵਾਲੀ ਸੜਕ ਜਲਦੀ ਹੀ ਬਣਾ ਦਿੱਤੀ ਜਾਵੇਗੀ । ਕੀਰਤਨੀ ਜਥਾ ਮੰਗਤ ਰਾਮ ਮਹਿਮੀ ਕਲਾਕਾਰ ਕਮਲ ਤੱਲਣ ਤੋਂ ਇਲਾਵਾ ਹੋਰ ਵੀ ਕਲਾਕਾਰਾਂ ਨੇ ਹਾਜਰੀਆਂ ਭਰੀਆਂ । ਪ੍ਰਬੰਧਕਾਂ ਵਲੋਂ ਪਹੁੰਚੇ ਹੋਏ ਮਹਿਮਾਨਾਂ , ਪਤਵੰਤਿਆਂ ਸੱਜਣਾਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ । ਇਸ ਮੌਕੇ ਸੋਮ ਲਾਲ ਢੰਡਾ ਕੋਟ ਕਲਾਂ , ਕੈਪਟਨ ਗੁਰਬਖ਼ਸ਼ ਸਿੰਘ ਹਰੀਪੁਰ , ਓਮ ਪ੍ਰਕਾਸ਼ ਸਰਪੰਚ ਵਜੀਦੋਵਾਲ , ਬਲਵਿੰਦਰ ਢੰਡਾ , ਮੱਖਣ ਲਾਲ ਢੰਡਾ , ਜੋਗਾ ਰਾਮ ਮੰਢਾਲੀ , ਅਮਰਦੀਪ ਢੰਡਾ ਆਦਿ ਹਾਜਰ ਸਨ ।

# ਵੁਡਬਰੀ ਇੰਟਰਨੈਸ਼ਨਲ ਪਬਲਿਕ ਸਕੂਲ 'ਚ ਕਰਵਾਏ ਬੈਡਮਿੰਟਨ ਮੁਕਾਬਲੇ



**ਭੋਗਪੁਰ (ਕੁਲਵੀਰ ਸਿੰਘ ਕਾਹਲੋ)**-ਵੁਡਬਰੀ ਸਕੂਲ ਭੋਗਪੁਰ ਵਿਖੇ ਪ੍ਰਿੰਸੀਪਲ ਡਾਕਟਰ ਸੁਮਨ ਡਡਵਾਲ ਦੀ ਅਗਵਾਈ ਹੇਠ ਅਤੇ ਅਧਿਆਪਕ ਰੇਸ਼ਮਾ ਅਤਰੀ ਦੇ ਸਹਿਯੋਗ ਨਾਲ ਬੈਡਮਿੰਟਨ ਦੇ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਚਾਰ ਸਦਨਾਂ ਨੇ ਭਾਗ ਲਿਆ । ਮੈਚ ਦੌਰਾਨ ਕੁਲ ਤਿੰਨ ਰਾਊਂਡ ਖੇਲੇ ਗਏ ਅਤੇ ਅੰਤ ਵਿੱਚ ਗਰੀਨ ਅਤੇ ਬਲੂ ਸਦਨਾਂ ਨੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਦੂਜਾ ਸਥਾਨ ਜੈਲੋ ਹਾਊਸ ਅਤੇ ਤੀਸਰਾ ਸਥਾਨ ਰੈੱਡ ਹਾਊਸ ਨੇ ਲਿਆ। ਪ੍ਰਿੰਸੀਪਲ ਮੈਡਮ ਨੇ ਬੱਚਿਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਅੱਗੇ ਤੋਂ ਵੀ ਇਸ ਤਰ੍ਹਾਂ ਦੇ ਮੁਕਾਬਲੇ ਹੁੰਦੇ ਰਹਿਣਗੇ, ਜਿਸ ਨਾਲ ਬੱਚਿਆਂ ਦਾ ਮਾਨਸਿਕ ਅਤੇ ਸਰੀਰਕ ਵਿਕਾਸ ਹੁੰਦਾ ਹੈ। ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ।

# ਪੰਜਾਬ ਸਰਕਾਰ ਵੱਲੋਂ ਲੋੜਵੰਦ ਨੌਜਵਾਨਾਂ ਨੂੰ ਸਿਖਲਾਈ ਦੌਰਾਨ ਮਿਲੇਗੀ ਹਰ ਸਹੂਲਤ : ਬੈਂਸ



**ਨੰਗਲ (ਸੁਰਜੀਤ ਸਿੰਘ)**-ਪੰਜਾਬ ਦੇ ਨੌਜਵਾਨ ਅੱਜ ਦੇਸ਼ ਦੀ ਸੇਵਾ ਲਈ ਸੁਰੱਖਿਆ ਦਲਾਂ ਵਿੱਚ ਭਰਤੀ ਹੋਣ ਲਈ ਪੂਰੇ ਉਤਸ਼ਾਹ ਨਾਲ ਸਿਖਲਾਈ ਪ੍ਰਾਪਤ ਕਰ ਰਹੇ ਹਨ। ਜਿਹੜੇ ਨੌਜਵਾਨ ਸਿਖਲਾਈ ਦੌਰਾਨ ਲੋੜੀਦੀਆਂ ਸਹੂਲਤਾਂ ਪ੍ਰਾਪਤ ਕਰਨ ਤੋਂ ਸੱਖਣੇ ਹਨ, ਉਨ੍ਹਾਂ ਲਈ ਸਰਕਾਰ ਵੱਲੋਂ ਸਾਰੀਆ ਸਹੂਲਤਾਂ ਉਪਲੱਬਧ ਕਰਵਾਈਆਂ ਜਾ ਰਹੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇਸ਼ ਸੇਵਾ ਲਈ ਸੁਰੱਖਿਆ ਦਲਾਂ ਵਿੱਚ ਭਰਤੀ ਨੌਜਵਾਨਾਂ ਦਾ ਪੂਰਾ ਮਾਨ ਸਨਮਾਨ ਕਰਦੀ ਹੈ, ਕਿਉਂਕਿ ਅਸੀਂ ਜਿਸ ਸੁਖਾਵੇਂ ਵਾਤਾਵਰਣ ਵਿੱਚ ਰਹਿ ਰਹੇ ਹਾਂ, ਉਹ ਵੱਖ ਵੱਖ ਸੁਰੱਖਿਆ ਦਲਾਂ ਵੱਲੋਂ ਦਿਨ ਰਾਤ ਸਾਡੇ ਦੇਸ਼ ਦੀ ਅੰਦਰੂਨੀ ਅਤੇ ਬਾਹਰੀ ਸੁਰੱਖਿਆ ਉਤੇ ਤੈਨਾਤੀ ਨਾਲ ਹੀ ਸੰਭਵ ਹੈ। ਇਹ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ ਤੇ ਉਚੇਰੀ ਸਿੱਖਿਆ ਪੰਜਾਬ ਨੇ ਬੀਤੀ ਸ਼ਾਮ ਬ੍ਰਹਮਪੁਰ ਅੱਪਰ ਵਿਖੇ "ਦੀ ਮਰੂਨ ਬੈਰਿਟ ਸਰੀਰਕ ਫਿਟਨਸ ਅਕੈਡਮੀ" ਦਾ ਦੌਰਾ ਕਰਨ ਉਪਰੰਤ ਸਿਖਲਾਈ ਪ੍ਰਾਪਤ ਕਰ ਰਹੇ ਨੌਜਵਾਨਾਂ ਦਾ ਉਤਸ਼ਾਹ ਵਧਾਉਣ ਮੌਕੇ ਕੀਤਾ। ਉਨ੍ਹਾਂ ਨੇ ਭਾਰਤੀ ਫੌਜ ਦੇ ਰਿਟਾਇਰ ਹਵਲਦਾਰ (ਸਰੀਰਕ ਫਿਟਨਸ ਸਿਖਲਾਈ) ਪ੍ਰਮੋਦ ਕੁਮਾਰ ਸੈਣੀ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਨੌਜਵਾਨਾਂ ਨੂੰ ਸਿਖਲਾਈ ਦੇਣ ਦਾ ਉਪਰਾਲਾ ਬੇਹੱਦ ਸ਼ਲਾਘਾਯੋਗ ਹੈ, ਇਸ ਅਕੈਡਮੀ ਵੱਲੋਂ ਛੋਟੇ ਛੋਟੇ ਬੱਚਿਆ ਤੋ ਲੈ ਕੇ ਵੱਡੀ ਉਮਰ ਤੱਕ ਦੇ ਹਰ ਵਰਗ ਦੇ ਲੋਕਾਂ ਨੂੰ ਸਰੀਰਕ ਫਿਟਨਸ ਦੀ ਸਿਖਲਾਈ ਦਿੱਤੀ ਜਾ ਰਹੀ ਹੈ। ਉਨ੍ਹਾਂ ਵੱਲੋਂ ਸਿਖਲਾਈ ਪ੍ਰਾਪਤ ਕਰ ਚੁੱਕੇ 7 ਨੌਜਵਾਨ ਅਗਨੀਵੀਰ ਬਣੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਜਿਹੜੇ ਨੌਜਵਾਨ ਸਹੂਲਤਾਂ ਦੀ ਘਾਟ ਕਾਰਨ ਸਿਖਲਾਈ ਦੌਰਾਨ ਲੋੜੀਦੇ ਸਮਾਨ ਜਾਂ ਹੋਰ ਜਰੂਰੀ ਵਸਤੂਆਂ ਤੋਂ ਵਾਝੇ ਹਨ, ਉਨ੍ਹਾ ਨੂੰ ਹਰ ਸਹੂਲਤ ਉਪਲੱਬਧ ਕਰਵਾਈ ਜਾਵੇਗੀ। ਉਨ੍ਹਾਂ ਨੇ ਅਕੈਡਮੀ ਨੂੰ 1 ਲੱਖ ਰੁਪਏ ਨੌਜਵਾਨਾਂ ਦੀਆਂ ਕਿੱਟਾਂ ਲਈ ਦੇਣ ਦਾ ਐਲਾਨ ਕੀਤਾ ਅਤੇ ਕਿਹਾ ਕਿ ਸਿਖਲਾਈ ਦੌਰਾਨ ਨੌਜਵਾਨਾਂ ਨੂੰ ਕੋਈ ਮੁਸ਼ਕਿਲ ਪੇਸ਼ ਨਹੀ ਆਵੇਗੀ। ਇਸ ਮੌਕੇ ਡਾ.ਸੰਜੀਵ ਗੌਤਮ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਪੱਮੂ ਢਿੱਲੋਂ ਬਲਾਕ ਪ੍ਰਧਾਨ, ਜਸਪਾਲ ਸਿੰਘ ਢਾਹੇ ਬਲਾਕ ਪ੍ਰਧਾਨ, ਰੋਹਿਤ ਕਾਲੀਆ ਪ੍ਰਧਾਨ ਟਰੱਕ ਯੂਨੀਅਨ, ਜੱਗਾ ਕਲੇਰ, ਜੱਗਿਆ ਦੱਤ ਸੈਣੀ, ਰਾਮ ਗੋਪਾਲ ਸੈਣੀ, ਪਰਮਿੰਦਰ ਸਿੰਘ, ਹਰਿੰਦਰ ਸਿੰਘ, ਗਿਆਨ ਚੰਦ ਸੈਣੀ, ਹਰਪ੍ਰੀਤ ਪੰਚ, ਬੂਟਾ ਸਿੰਘ ਬੂਥ ਇੰਚਾਰਜ, ਸਰਪੰਚ ਛੱਬੀ, ਰਿੰਕਾ ਖਾਨ, ਸਾਹਿਲ ਅਨੰਦ, ਮਾਸਟਰ ਪਵਨ ਕੁਮਾਰ, ਨੰਬਰਦਾਰ ਅਸ਼ੋਕ, ਮਸਤ ਰਾਮ, ਬਲਵੀਰ ਸੈਣੀ ਹਾਜ਼ਰ ਸਨ।

# ਇਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਫਰੈਸ਼ਰਾਂ ਦਾ ਸਵਾਗਤ



**ਜਲੰਧਰ ( ਸ਼ੈਲੀ ਐਲਬਰਟ)**-ਇੰਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਲੋਹਾਰਾਂ ਨੇ ਰੰਗਾਂ ਦੇ ਕੈਲੀਡੋਸਕੋਪ ਵਿੱਚ, ਆਪਣੀ ਸਾਲਾਨਾ ਫਰੈਸ਼ਰ ਪਾਰਟੀ-ਪਿਰਚੈ 2023 ਦੀ ਮੇਜ਼ਬਾਨੀ ਕੀਤੀ,ਜਿਸ ਵਿੱਚ ਅਕਾਦਿਮਕ ਭਾਈਚਾਰੇ ਦੇ ਨਵੇਂ ਮੈਂਬਰਾਂ ਦਾ ਖੁੱਲ੍ਹੇਆਮ ਸਵਾਗਤ ਕੀਤਾ ਗਿਆ।ਸਮਾਗਮ ਦਾ ਉਦਘਾਟਨ ਸ੍ਰੀਮਤੀ ਸ਼ੈਲੀ ਬੌਰੀ (ਐਗਜ਼ੀਕਿਊਟਿਵ ਡਾਇਰੈਕਟਰ ਸਕੂਲਸ), ਸ੍ਰੀਮਤੀ ਅਰਾਧਨਾ ਬੌਰੀ (ਐਗਜ਼ੀਕਿਊਟਿਵ ਡਾਇਰੈਕਟਰ ਕਾਲਜ), ਡਾ. ਪਲਕ ਗੁਪਤਾ ਬੌਰੀ (ਡਾਇਰੈਕਟਰ ਸੀ.ਐੱਸ.ਆਰ.), ਸ੍ਰੀਮਤੀ ਸ਼ਰਮੀਲਾ ਨਾਕਰਾ (ਡਿਪਟੀ ਡਾਇਰੈਕਟਰ ਕਲਚਰਲ ਅਫੇਅਰਜ਼) ਅਤੇ ਡਾ: ਧੀਰਜ ਬਨਾਤੀ [(ਡਿਪਟੀ ਡਾਇਰੈਕਟਰ ਐਫੀਲੀਏਸ਼ਨ ਪਲੈਨਿੰਗ ਐਂਡ ਇੰਪਲੀਮੈਂਟੇਸ਼ਨ) ਦੇ ਸਵਾਗਤ ਨਾਲ ਹੋਇਆ । ਇਸ ਤੋਂ ਤੁਰੰਤ ਬਾਅਦ ਮਹਿਮਾਨਾਂ ਨੂੰ ਦੀਪ ਜਗਾਉਣ ਦੀ ਰਸਮ ਲਈ ਬੁਲਾਇਆ ਗਿਆ । ਵੱਖ-ਵੱਖ ਸਟਰੀਮ ਦੇ ਵਿਦਿਆਰਥੀਆਂ ਨੇ ਸੋਲੋ ਗੀਤ, ਸੋਲੋ ਡਾਂਸ, ਗਰੁੱਪ ਡਾਂਸ ਅਤੇ ਕੋਰੀਓਗ੍ਰਾਫੀ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਕੇ ਸਾਰਿਆਂ ਦਾ ਮਨ ਮੋਹ ਲਿਆ।ਸੱਭਿਆਚਾਰਕ ਪ੍ਰੋਗਰਾਮ ਦੀ ਸ਼ੁਰੂਆਤ ਸਰਸਵਤੀ ਵੰਦਨਾ ਨਾਲ ਹੋਈ, ਉਪਰੰਤ ਵਿਦਿਆਰਥੀ ਐਂਕਰਾਂ ਨੇ ਸਮੁੱਚੇ ਪ੍ਰੋਗਰਾਮ ਦਾ ਸੰਚਾਲਨ ਕੀਤਾ। ਫਰੈਸ਼ਰ ਵੱਲੋਂ ਕੀਤੀ ਗਈ ਰੈਂਪ ਵਾਕ ਨੇ ਸਾਰਿਆਂ ਦਾ ਦਿਲ ਜਿੱਤ ਲਿਆ।ਸਾਰੇ ਪ੍ਰਤੀਯੋਗੀਆਂ ਨੇ ਪੂਰੇ ਉਤਸ਼ਾਹ ਨਾਲ ਮੁਕਾਬਲਾ ਕੀਤਾ। ਜੱਜਾਂ ਦੀ ਭੂਮਿਕਾ ਆਈਐਚਐਸ, ਲੋਹਾਰਾਂ ਤੋਂ ਸ੍ਰੀਮਤੀ ਨੀਤੀ ਭਾਟੀਆ (ਪੀਜੀਟੀ ਮਨੋਵਿਗਿਆਨ ਅਤੇ ਸਮਾਜ ਸ਼ਾਸਤਰ) ਅਤੇ ਸ੍ਰੀਮਤੀ ਨੀਲੂ ਸਾਹੀ (ਟੀਜੀਟੀ ਅੰਗਰੇਜ਼ੀ) ਨੇ ਨਿਭਾਈ।ਜੇਤੂਆਂ ਨੂੰ ਆਏ ਹੋਏ ਮਹਿਮਾਨਾਂ ਵੱਲੋਂ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ। ਰਾਹੁਲ ਜੈਨ (ਡਿਪਟੀ ਡਾਇਰੈਕਟਰ ਸਕੂਲ ਅਤੇ ਕਾਲਜ) ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।

# ਬੇਲਾ ਕਾਲਜ ਵੱਲੋਂ ਖੇਤਰੀ ਯੁਵਕ ਤੇ ਲੋਕ ਮੇਲੇ 'ਚ ਸ਼ਾਨਦਾਰ ਪ੍ਰਦਰਸ਼ਨ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**-ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਰੂਪਨਗਰ - ਫ਼ਤਿਹਗੜ੍ਹ ਸਾਹਿਬ ਦੇ ਖੇਤਰੀ ਯੁਵਕ ਅਤੇ ਲੋਕ ਮੇਲੇ ਵਿੱਚ ਬਿਹਤਰੀਨ ਪੇਸ਼ਕਾਰੀਆਂ ਦਿੰਦਿਆਂ ਸ਼ਾਨਦਾਰ ਮੱਲਾਂ ਮਾਰੀਆਂ ਹਨ। ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਦੱਸਿਆ ਕਿ ਬੇਲਾ ਕਾਲਜ ਦੇ ਵਿਦਿਆਰਥੀ ਸਦਾ ਹੀ ਯੁਵਕ ਅਤੇ ਲੋਕ ਮੇਲਿਆਂ ਦੀ ਸ਼ਾਨ ਰਹੇ ਹਨ। ਇਸ ਮੇਲੇ ਵਿੱਚ ਇਸ ਸਾਲ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗਰੁੱਪ ਵੰਨਗੀ ਮਾਈਮ ਵਿੱਚ ਪਹਿਲਾ ਸਥਾਨ ਅਤੇ ਗਰੁੱਪ ਵੰਨਗੀਆਂ ਸਕਿੱਟ, ਨੁੱਕੜ ਨਾਟਕ ਅਤੇ ਭੰਡ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ, ਉੱਥੇ ਹੀ ਲੋਕ ਨਾਚ ਦੀਆਂ ਵੰਨਗੀਆਂ ਵਿੱਚ ਲੋਕ ਨਾਚ ਭੰਗੜਾ ਅਤੇ ਗਿੱਧੇ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ।ਇਸ ਤੋਂ ਇਲਾਵਾ ਲੋਕ ਕਲਾਵਾਂ ਦੀਆਂ ਵਿਅਕਤੀਗਤ ਵੰਨਗੀਆਂ ਵਿੱਚ ਕਰੋਸ਼ੀਆ ਬੁਨਣ ਵਿੱਚ ਦੂਜਾ, ਰੱਸਾ ਵੱਟਣਾ, ਨਾਲਾ ਬਣਾਉਣਾ ਅਤੇ ਇੰਨੂ ਬਣਾਉਣ ਵਿੱਚ ਤੀਜਾ ਸਥਾਨ ਹਾਸਿਲ ਕੀਤਾ।

ਇਸ ਦੇ ਨਾਲ ਹੀ ਕੋਮਲ ਕਲਾਵਾਂ ਦੀਆਂ ਵੰਨਗੀਆਂ ਵਿੱਚ ਕਾਰਟੂਨਿੰਗ ਵਿੱਚ ਬੀ.ਏ. ਭਾਗ ਦੂਜਾ ਦੇ ਵਿਦਿਆਰਥੀ ਨੂੰ ਪਹਿਲਾ ਹੌਸਲਾ ਵਧਾਊ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਕਿਉਂਕਿ ਉਕਤ ਵਿਦਿਆਰਥੀ ਦੀਆਂ ਦੋਵੇਂ ਬਾਹਵਾਂ ਨਾ ਹੋਣ ਕਾਰਨ ਉਸ ਨੇ ਇਹ ਕਲਾਕ੍ਰਿਤੀ ਆਪਣੇ ਪੈਰਾਂ ਨਾਲ ਸਿਰਜੀ ਸੀ। ਡਾ. ਮਮਤਾ ਅਰੋੜਾ ਨੇ ਦੱਸਿਆ ਕਿ ਇਸ ਖੇਤਰੀ ਮੇਲੇ ਵਿੱਚ 58 ਕਾਲਜਾਂ ਦੇ 2 ਹਜਾਰ ਦੇ ਕਰੀਬ ਵਿਦਿਆਰਥੀਆਂ ਨੇ ਪ੍ਰਤੀਭਾਗੀਆਂ ਵਜੋਂ ਸ਼ਿਰਕਤ ਕੀਤੀ, ਜਿਸ ਵਿੱਚ ਬੇਲਾ ਕਾਲਜ ਨੇ ਲਗਭਗ ਸਾਰੀਆਂ ਹੀ ਵੰਨਗੀਆਂ ਵਿੱਚ ਆਪਣੀ ਦਾਅਵੇਦਾਰੀ ਪੇਸ਼ ਕੀਤੀ । ਕਾਲਜ ਕਮੇਟੀ ਦੇ ਪ੍ਰਧਾਨ ਸੰਗਤ ਸਿੰਘ ਲੌਂਗੀਆ , ਮੈਨੇਜਰ ਸੁਖਵਿੰਦਰ ਸਿੰਘ ਵਿਸਕੀ ਅਤੇ ਸਕੱਤਰ ਜਗਵਿੰਦਰ ਸਿੰਘ ਪੰਮੀ ਨੇ ਕਿਹਾ ਕਿ ਯੁਵਕ ਅਤੇ ਲੋਕ ਮੇਲੇ ਪੰਜਾਬੀ ਨੌਜਵਾਨੀ ਨੂੰ ਵਿਰਸੇ ਨਾਲ ਜੋੜੀ ਰੱਖਣ ਅਤੇ ਪੀੜੀ ਦਰ ਪੀੜੀ ਇਸ ਦੀ ਹਿਫ਼ਾਜਤ ਕਰਨ ਦਾ ਇੱਕ ਬੇਮਿਸਾਲ ਜ਼ਰੀਆ ਬਣੇ ਹਨ ਅਤੇ ਵਿਦਿਆਰਥੀਆਂ ਦੀ ਇਨ੍ਹਾਂ ਵਿੱਚ ਭਾਗੀਦਾਰੀ ਜਿੱਥੇ ਉਨ੍ਹਾਂ ਨੂੰ ਵਿਰਾਸਤ ਨਾਲ ਜੋੜਦੀ ਹੈ, ਉੱਥੇ ਹੀ ਉਨ੍ਹਾਂ ਨੂੰ ਚੰਗੇ ਮੁਕਾਬਲੇਬਾਜ਼ੀ ਦੀ ਭਾਵਨਾ ਵੀ ਪੈਦਾ ਕਰਦੀ ਹੈ । ਉਨ੍ਹਾਂ ਸਾਰੇ ਹੀ ਪ੍ਰਤੀਭਾਗੀਆਂ ਅਤੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਅੰਤਰ ਖੇਤਰੀ ਮੁਕਾਬਲਿਆਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਪ੍ਰੋ. ਸੁਨੀਤਾ ਰਾਣੀ , ਪ੍ਰੋ. ਗੁਰਲਾਲ ਸਿੰਘ, ਪ੍ਰੋ. ਪ੍ਰਿਤਪਾਲ ਸਿੰਘ ਅਤੇ ਪ੍ਰੋ. ਅਮਰਜੀਤ ਸਿੰਘ ਆਦਿ ਹਾਜਰ ਸਨ ।

# ਟਿੰਕੂ ਨੇ ਰਾਮ ਲੀਲ੍ਹਾ ਦਾ ਕੀਤਾ ਉਦਘਾਟਨ



**ਮੋਰਿੰਡਾ ( ਜੈਜੀ ਸਰਦਾਰ)** ਸ਼੍ਰੀ ਰਾਮ ਲੀਲਾ ਕਮੇਟੀ ਦੇ ਪ੍ਰਧਾਨ ਵਿਜੇ ਸ਼ਰਮਾ ਟਿੰਕੂ ਨੇ ਸਥਾਨਕ ਰਾਮ ਲੀਲਾ ਗਰਾਊਂਡ ਵਿੱਚ 9 ਦਿਨ ਲਗਾਤਾਰ ਚਲਾਈ ਜਾ ਰਹੀ ਰਾਮ ਲੀਲਾ ਦਾ ਉਦਘਾਟਨ ਪੂਜਾ-ਪਾਠ ਕਰਨ ਉਪਰੰਤ ਕੀਤਾ। ਇਸ ਸਮੇਂ ਉਹਨਾਂ ਨਾਲ ਸਮੂਹ ਰਾਮ ਲੀਲਾ ਕਮੇਟੀ ਮੈਂਬਰ ਵੀ ਮੌਜੂਦ ਸਨ। ਪੰਡਿਤ ਜਤਿੰਦਰ ਕੁਮਾਰ ਦੁਆਰਾ ਪੂਜਾ ਕਰਵਾਈ ਗਈ। ਟਿੰਕੂ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਸਮੂਹ ਮੋਰਿੰਡਾ ਸ਼ਹਿਰ ਵਾਸੀਆਂ, ਕਮੇਟੀ ਮੈਂਬਰਾਂ ਇਸ ਧਾਰਮਿਕ ਸਮਾਗਮ ਨੂੰ ਕਰਵਾਉਣ ਲਈ ਸਹਿਯੋਗ ਮਿਲਦਾ ਹੈ ਅਤੇ ਸਮਾਗਮ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਕਰਵਾਉਣੇ ਚਾਹੀਦੇ ਹਨ ਤਾਂ ਜੋ ਸਾਡੀ ਆਪਸੀ ਭਾਈਚਾਰਕ ਸਾਂਝ ਕਾਇਮ ਰਹਿ ਸਕੇ। ਇਸ ਮੌਕੇ ਜਗਦੇਵ ਸਿੰਘ ਪ੍ਰਧਾਨ ਨਗਰ ਕੌਂਸਲ ਮੋਰਿੰਡਾ,ਰਜੇਸ਼ ਕੁਮਾਰ ਬੱਗਾ, ਰਾਜੇਸ਼ ਸਿਸੋਦੀਆ,ਧਰਮਪਾਲ ਥੰਮਣ, ਕੁਲਦੀਪ ਸਿੰਘ ਓਇੰਦ ਪੀ ਏ ਵਿਜੇ ਸ਼ਰਮਾ ਟਿੰਕੂ ਸੁਪਿੰਦਰ ਪਨੇਸਰ,ਚਰਨਜੀਤ ਚੰਨੀ,ਪਰਮਜੀਤ ਕੁਮਾਰ,ਰਾਜ ਕੁਮਾਰ ਰਾਜੀ,ਰਾਮ ਪਾਲ ਥੰਮਣ,ਰਕੇਸ਼ ਕੁਮਾਰ,ਮਹਿਤਾ,ਬੱਬੂ ਕੌੜਾ,ਸੁੱਚਾ ਰਾਮ, ਜੌਲੀ ਸੂਦ, ਡਾਕਟਰ ਸ਼ਾਮ ਲਾਲ ਵਰਮਾ ,ਰਕੇਸ਼ ਕੁਮਾਰ ਪੁਰੀ ਪ੍ਰਧਾਨ ਅਤੇ ਸਲੀਮ ਆਦਿ ਹਾਜ਼ਰ ਸਨ।

# ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਟਰੀ ਮੇਕਿੰਗ ਐਕਟੀਵਿਟੀ

**ਕਪੂਰਥਲਾ ( ਹਨੀ )**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਗਾ ਦੀ ਅਗਵਾਈ ਵਿਚ ਕੇ ਜੀ ਵਿੰਗ ਦੇ ਵਿਦਿਆਰਥੀਆਂ ਦਰਮਿਆਨ ਸੀਜਨ ਟਰੀ ਮੇਕਿੰਗ ਐਕਟੀਵਿਟੀ ਕਰਵਾਈ ਗਈ । ਜਿਸ ਵਿੱਚ ਬੱਚਿਆਂ ਨੇ ਆਪਣੀ ਕਲਾ ਦਾ ਮੁਜਾਹਰਾ ਕਰਦੇ ਹੋਏ ਵੱਖ ਵੱਖ ਟਰੀ ਬਨਾਏ ਅਤੇ ਬੜੇ ਹੀ ਉਤਸ਼ਾਹ ਨਾਲ ਇਸ ਐਕਟੀਵਿਟੀ ਵਿੱਚ ਹਿੱਸਾ ਲਿਆ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਵਿਦਿਆਰਥੀਆਂ ਵਲੋਂ ਦਿਖਾਈ ਪ੍ਰਤਿਭਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੱਚਿਆਂ ਦੇ ਸੰਪੂਰਨ ਵਿਕਾਸ ਵਾਸਤੇ ਅਜਿਹੀਆਂ ਐਕਟੀਵਿਟੀ ਕਰਵਾਉਣੀਆਂ ਬਹੁਤ ਜਰੂਰੀ ਹਨ ।

